ਵੀਰਵਾਰ, 18 ਸਤੰਬਰ, 2025
3 ਅੱਸੂ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 108

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 18 SEPTEMBER, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫੇ : 14

# 'ਮਿਸ਼ਨ ਚੜ੍ਹਦੀ ਕਲਾ' ਦੀ ਸ਼ੁਰੂਆਤ

## ਮਾਨ ਵੱਲੋਂ ਦੁਨੀਆ ਭਰ 'ਚ ਵਸਦੇ ਪੰਜਾਬੀਆਂ ਨੂੰ ਹੜ੍ਹ ਪੀੜਤਾਂ ਲਈ ਫੰਡ 'ਚ ਵੱਧ ਤੋਂ ਵੱਧ ਯੋਗਦਾਨ ਪਾਉਣ ਦਾ ਸੱਦਾ

**ਚੰਡੀਗੜ੍ਹ, (ਗੁਰਜੀਤ ਬਿੱਲਾ/ ਕ੍ਰਿਸ਼ਨ ਗਰਗ)**

ਪੰਜਾਬ ਦੇ ਹੜ੍ਹ ਪੀੜਤਾਂ ਦੇ ਮੁੜ ਵਸੇਬੇ ਲਈ ਯਤਨਾਂ ਨੂੰ ਤੇਜ਼ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ 'ਮਿਸ਼ਨ ਚੜ੍ਹਦੀ ਕਲਾ' ਦੀ ਸ਼ੁਰੂਆਤ ਕੀਤੀ। ਇਸ ਮਿਸ਼ਨ ਦੇ ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਹੜ੍ਹ ਪ੍ਰਭਾਵਤ ਲੋਕਾਂ ਨੂੰ ਮੁੜ ਆਪਣੇ ਪੈਰਾਂ 'ਤੇ ਖੜ੍ਹਾ ਕਰਨ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਵਾਸਤੇ ਫੰਡ ਜੁਟਾਉਣ ਲਈ ਆਲਮੀ ਪੱਧਰ 'ਤੇ ਮੁਹਿੰਮ ਚਲਾਈ ਜਾਵੇਗੀ।

ਇਕ ਵੀਡੀਓ ਸੰਦੇਸ਼ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਬੀਤੇ ਸਮੇਂ ਵਿੱਚ ਸੂਬਾ ਇਕ ਅਜਿਹੇ ਔਖੇ ਦੌਰ ਵਿੱਚੋਂ ਗੁਜ਼ਰਿਆ ਹੈ, ਜਿਸ ਨੂੰ ਸਾਡੀਆਂ ਪੀੜ੍ਹੀਆਂ ਕਦੇ ਵੀ ਭੁਲਾ ਨਹੀਂ ਸਕਣਗੀਆਂ। ਉਨ੍ਹਾ ਕਿਹਾ ਕਿ ਹੜ੍ਹਾਂ ਨੇ ਸਿਰਫ ਪਾਣੀ ਦਾ ਕਹਿਰ ਨਹੀਂ ਢਾਹਿਆ, ਸਗੋਂ ਲੱਖਾਂ ਸੁਪਨੇ ਵੀ ਇਸ ਦੇ ਪਾਣੀਆਂ ਵਿੱਚ ਵਹਿ ਗਏ। ਮਾਨ ਨੇ ਕਿਹਾ ਕਿ 2300 ਪਿੰਡ ਡੁੱਬ ਗਏ ਹਨ, 20 ਲੱਖ ਲੋਕ ਪ੍ਰਭਾਵਿਤ ਹੋਏ ਹਨ, ਪੰਜ ਲੱਖ ਏਕੜ ਫਸਲ ਤਬਾਹ ਹੋ ਗਈ ਹੈ, 56 ਕੀਮਤੀ ਜਾਨਾਂ ਚਲੀਆਂ ਅਤੇ 7 ਲੱਖ ਲੋਕ ਬੇਘਰ ਹੋ ਗਏ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ 3200 ਸਕੂਲ ਬਰਬਾਦ ਹੋ ਗਏ, 19 ਕਾਲਜ ਮਲਬੇ ਵਿੱਚ ਬਦਲ ਗਏ, 1400 ਕਲੀਨਿਕ ਤੇ ਹਸਪਤਾਲ ਖੰਡਰ ਬਣ ਗਏ ਹਨ, 8500 ਕਿਲੋਮੀਟਰ ਸੜਕਾਂ ਦੀ ਹਾਲਤ ਬਦਤਰ ਹੋ ਗਈ ਅਤੇ 2500 ਪੁਲ ਢਹਿ ਗਏ। ਉਨ੍ਹਾ ਕਿਹਾ ਕਿ ਮੁਢਲੇ ਅਨੁਮਾਨਾਂ ਮੁਤਾਬਕ 13,800 ਕਰੋੜ ਰੁਪਏ ਦਾ ਘਾਟਾ ਪਿਆ ਹੈ, ਜਦਕਿ ਨੁਕਸਾਨ ਇਸ ਤੋਂ ਵੀ ਕਿਤੇ ਵੱਧ ਹੋ ਸਕਦਾ ਹੈ। ਮਾਨ ਨੇ ਕਿਹਾ ਕਿ ਭਾਵੇਂ ਇਹ ਪੰਜਾਬ ਦੇ ਇਤਿਹਾਸ ਦਾ ਸਭ ਤੋਂ ਭਿਆਨਕ ਦੁਖਾਂਤ ਹੈ, ਪਰ ਇਸ ਦੇ ਨਾਲ ਇਹ ਪੰਜਾਬ ਲਈ ਸਭ ਤੋਂ ਵੱਡੀ ਇਮਤਿਹਾਨ ਦੀ ਘੜੀ ਹੈ। ਉਨ੍ਹਾਂ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਜਦੋਂ ਵੀ ਪੰਜਾਬ ਨੇ ਕਿਸੇ ਸੰਕਟ ਦਾ ਸਾਹਮਣਾ ਕੀਤਾ ਹੈ, ਪੰਜਾਬੀ ਕਦੇ ਸੰਕਟ ਦੇ ਸਾਹਮਣੇ ਝੁਕੇ ਨਹੀਂ ਸਗੋਂ ਹਮੇਸ਼ਾ ਚਟਾਨ ਵਾਂਗ ਹਿੱਕ ਤਾਣ ਕੇ ਖੜ੍ਹੇ ਹੋਏ ਹਾਂ।

ਉਹਨਾ ਕਿਹਾ ਕਿ ਹੜ੍ਹਾਂ ਦੇ ਦੌਰਾਨ ਵੀ ਨੌਜਵਾਨ ਆਪਣੀ ਜਾਨ ਜੋਖਮ ਵਿੱਚ ਪਾ ਕੇ ਲੋਕਾਂ ਨੂੰ ਬਚਾ ਰਹੇ ਸਨ। ਉਨ੍ਹਾ ਕਿਹਾ ਕਿ ਕਿਵੇਂ ਗੁਰਦੁਆਰੇ, ਮੰਦਰ ਅਤੇ ਹੋਰ ਧਾਰਮਿਕ ਅਸਥਾਨ ਮਦਦ ਲਈ ਆਪਣੇ ਦਰਵਾਜ਼ੇ ਖੋਲ੍ਹ ਰਹੇ ਸਨ ਅਤੇ ਲੰਗਰ ਚਲਾ ਰਹੇ ਸਨ, ਕਿਵੇਂ ਪੂਰਾ ਪੰਜਾਬ ਮਾਲਾ ਦੇ ਮਣਕਿਆਂ ਵਾਂਗ ਇਕਜੁੱਟ ਹੋ ਕੇ



ਪਰਿਵਾਰ ਵਾਂਗ ਖੜ੍ਹਾ ਹੋਇਆ। ਉਨ੍ਹਾਂ ਕਿਹਾ ਕਿ ਇਹੀ ਸਾਡੀ ਸਭ ਤੋਂ ਵੱਡੀ ਤਾਕਤ ਅਤੇ ਵਿਲੱਖਣਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹੁਣ ਸਮਾਂ ਰਾਹਤ ਅਤੇ ਪੁਨਰਵਾਸ ਤੋਂ ਅੱਗੇ ਵਧਣ ਦਾ ਆ ਗਿਆ ਹੈ, ਕਿਉਂਕਿ ਸਾਡੇ ਕਿਸਾਨਾਂ ਨੂੰ ਦੁਬਾਰਾ ਖੇਤੀ ਕਰਨ ਦੀ ਲੋੜ ਹੈ, ਬੱਚਿਆਂ ਨੂੰ ਮੁੜ ਸਕੂਲ ਜਾਣਾ ਹੋਵੇਗਾ ਅਤੇ ਹੜ੍ਹ ਪੀੜਤ ਪਰਵਾਰਾਂ ਨੇ ਮੁੜ ਆਪਣੇ ਘਰ ਵਸਾਉਣੇ ਹਨ। ਮਾਨ ਨੇ ਕਿਹਾ ਕਿ ਇਨ੍ਹਾਂ ਚੁਣੌਤੀਪੂਰਨ ਪ੍ਰਸਥਿਤੀਆਂ ਦੇ ਮੱਦੇਨਜ਼ਰ 'ਮਿਸ਼ਨ ਚੜ੍ਹਦੀ ਕਲਾ' ਦੀ ਸ਼ੁਰੂਆਤ ਕੀਤੀ ਗਈ ਹੈ। ਚੜ੍ਹਦੀ ਕਲਾ ਦਾ ਭਾਵ ਔਖੇ ਤੋਂ ਔਖੇ ਸਮੇਂ ਵਿੱਚ ਵੀ ਹੌਸਲੇ ਬੁਲੰਦ ਰੱਖਣਾ। ਹਰ ਦੁੱਖ ਵਿੱਚ ਵੀ ਮਜ਼ਬੂਤ ਰਹਿਣਾ। ਹਰ ਹਨੇਰੇ ਵਿੱਚ ਵੀ ਉਮੀਦਾਂ ਦੇ ਦੀਵੇ ਜਗਾਈ ਰੱਖਣਾ ਹੈ।

ਉਹਨਾ ਕਿਹਾ ਕਿ ਉਹ ਹਰ ਪੰਜਾਬੀ, ਭਾਰਤ ਦੇ ਹਰ ਨਾਗਰਿਕਾਂ, ਸਾਡੇ ਉਦਯੋਗਪਤੀਆਂ, ਕਲਾਕਾਰਾਂ, ਚੈਰੀਟੇਬਲ ਟਰੱਸਟਾਂ ਅਤੇ ਦੁਨੀਆ ਭਰ ਵਿੱਚ ਰਹਿੰਦੇ ਆਪਣੇ ਪੰਜਾਬੀ ਭਰਾਵਾਂ ਅਤੇ ਭੈਣਾਂ ਨੂੰ ਦਿਲੋਂ ਅਪੀਲ ਕਰਦੇ ਹਨ ਕਿ ਅੱਜ ਪੰਜਾਬ ਨੂੰ ਤੁਹਾਡੀ ਲੋੜ ਹੈ। ਉਨ੍ਹਾ ਕਿਹਾ ਕਿ ਆਓ, ਇਕਜੁੱਟ ਹੋ ਕੇ ਇਸ ਔਖੀ ਘੜੀ ਵਿੱਚ ਪੰਜਾਬ ਦੀ ਬਾਂਹ ਫੜੀਏ ਅਤੇ ਖੁੱਲ੍ਹੇ ਦਿਲ ਨਾਲ ਪੰਜਾਬ ਦੀ ਮਦਦ ਕਰੀਏ। ਮਾਨ ਨੇ ਵਾਅਦਾ ਕੀਤਾ ਕਿ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਆਇਆ ਇਕ-ਇਕ ਪੈਸਾ ਪੂਰੀ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਪੁਨਰਵਾਸ ਅਤੇ ਨਿਰਮਾਣ ਕਾਰਜਾਂ ਤੇ ਹੀ ਖਰਚ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ www.rangla.punjab.gov.in. ਰਾਹੀਂ ਹੜ੍ਹ ਪੀੜਤਾਂ ਲਈ ਯੋਗਦਾਨ ਪਾਇਆ ਜਾ ਸਕਦਾ ਹੈ। ਉਨ੍ਹਾਂ ਨੇ ਉਮੀਦ ਪ੍ਰਗਟ ਕੀਤੀ ਕਿ ਅਸੀਂ ਸਾਰੇ ਇਕੱਠੇ ਮਿਲ ਕੇ ਮੁੜ ਸਾਬਤ ਕਰਾਂਗੇ ਕਿ ਪੰਜਾਬ ਕਦੇ ਹਾਰ ਨਹੀਂ ਮੰਨਦਾ। ਪੰਜਾਬ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹਿੰਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੇ ਦਫ਼ਤਰ ਵਿੱਚ ਵਾਰ ਰੂਮ ਵੀ ਸਥਾਪਤ ਕੀਤਾ ਗਿਆ ਹੈ ਜੋ 'ਮਿਸ਼ਨ ਚੜ੍ਹਦੀ ਕਲਾ' ਨਾਲ ਸਬੰਧਤ ਸਾਰੀਆਂ ਗਤੀਵਿਧੀਆਂ ਦੀ ਸਿੱਧੇ ਤੌਰ 'ਤੇ ਨਿਗਰਾਨੀ ਕਰੇਗਾ। ਉਨ੍ਹਾਂ ਕਿਹਾ ਕਿ ਉਹ ਖੁਦ ਰੋਜ਼ਾਨਾ ਇਨ੍ਹਾਂ ਯਤਨਾਂ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰਨਗੇ।

ਇਸ ਦੌਰਾਨ ਮੁੱਖ ਮੰਤਰੀ ਨੇ ਹੜ੍ਹ ਰਾਹਤ ਕਾਰਜਾਂ ਦਾ ਜਾਇਜ਼ਾ ਲੈਣ ਲਈ ਵੀਡੀਓ ਕਾਨਫਰੰਸ ਰਾਹੀਂ ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨਾਲ ਮੀਟਿੰਗ ਕੀਤੀ। ਉਨ੍ਹਾਂ ਨੇ ਡਿਪਟੀ ਕਮਿਸ਼ਨਰਾਂ ਨੂੰ ਹੜ੍ਹ ਰਾਹਤ ਕੈਂਪਾਂ ਅਤੇ ਹੋਰ ਪ੍ਰਭਾਵਿਤ ਖੇਤਰਾਂ ਦਾ ਰੋਜ਼ਾਨਾ ਦੌਰਾ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਮਾਨ ਨੇ ਉਨ੍ਹਾਂ ਨੂੰ 'ਮਿਸ਼ਨ ਚੜ੍ਹਦੀ ਕਲਾ' ਬਾਰੇ ਜਾਣੂੰ ਕਰਵਾਉਂਦਿਆਂ ਕਿਹਾ ਕਿ ਇਸ ਮਿਸ਼ਨ ਤਹਿਤ ਇਕੱਠਾ ਕੀਤਾ ਗਿਆ ਇੱਕ-ਇੱਕ ਪੈਸਾ ਹੜ੍ਹ ਪ੍ਰਭਾਤਿ ਲੋਕਾਂ ਦੇ ਮੁੜ ਵਸੇਬੇ 'ਤੇ ਖਰਚ ਕੀਤਾ ਜਾਵੇਗਾ।ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਮੁੱਖ ਸਕੱਤਰ ਕੇ ਏ ਪੀ ਸਿਨਹਾ ਅਤੇ ਹੋਰ ਵੀ ਅਧਿਕਾਰੀ ਮੌਜੂਦ ਸਨ।

# 72 ਸਾਲਾ ਅਮਰੀਕੀ ਨਾਗਰਿਕ ਮਹਿਲਾ ਦੀ ਹੱਤਿਆ ਹੋਣ ਵਾਲੇ ਲਾੜੇ ਨੇ ਹੀ ਕਰਵਾਈ

## ਸੁਪਾਰੀ ਦੀ ਰਕਮ ਵੀ ਮ੍ਰਿਤਕਾ ਦੇ ਖਾਤੇ 'ਚੋਂ ਦਿੱਤੀ

**ਚੰਡੀਗੜ੍ਹ**—ਇੱਕ ਹੈਰਾਨੀਜਨਕ ਕਤਲ ਦੇ ਮਾਮਲੇ ਵਿੱਚ ਇੱਕ 72 ਸਾਲਾ ਅਮਰੀਕੀ ਨਾਗਰਿਕ ਰੁਪਿੰਦਰ ਕੌਰ ਪੰਧੇਰ ਨੂੰ ਕਥਿਤ ਤੌਰ 'ਤੇ ਪੰਜਾਬ ਦੇ ਲੁਧਿਆਣਾ ਨੇੜਲੇ ਕਿਲ੍ਹਾ ਰਾਏਪੁਰ ਪਿੰਡ ਵਿੱਚ ਕਤਲ ਕਰ ਦਿੱਤਾ ਗਿਆ। ਪੁਲਸ ਅਨੁਸਾਰ ਇਹ ਕਤਲ ਇੱਕ ਚੰਗੀ ਤਰ੍ਹਾਂ ਯੋਜਨਾਬੱਧ ਸਾਜ਼ਿਸ਼ ਦਾ ਹਿੱਸਾ ਸੀ, ਜਿਸ ਦਾ ਮੁੱਖ ਸਾਜ਼ਿਸ਼ਕਾਰ ਮਹਿਲਾ ਦਾ ਹੋਣ ਵਾਲਾ ਲਾੜਾ ਚਰਨਜੀਤ ਸਿੰਘ ਗਰੇਵਾਲ ਸੀ। ਉਹ ਅਸਲ ਵਿੱਚ ਮਹਿਮਾ ਸਿੰਘ ਵਾਲਾ ਪਿੰਡ ਨਾਲ ਸੰਬੰਧਤ ਹੈ, ਪਰ ਹੁਣ ਇੰਗਲੈਂਡ ਵਿੱਚ ਰਹਿੰਦਾ ਹੈ। ਗਰੇਵਾਲ ਨੇ ਕਥਿਤ ਤੌਰ 'ਤੇ ਆਪਣੇ ਸਾਥੀ ਸੁਖਜੀਤ ਸਿੰਘ ਸੋਨੂੰ ਨੂੰ ਇਸ ਕਤਲ ਨੂੰ ਅੰਜਾਮ ਦੇਣ ਲਈ 50 ਲੱਖ ਰੁਪਏ ਦੀ ਪੇਸ਼ਕਸ਼ ਕੀਤੀ ਸੀ, ਜਿਸ ਤੋਂ ਬਾਅਦ ਇਸ ਕਤਲ ਨੂੰ ਅੰਜਾਮ ਦੇਣ ਦੀ ਸਾਜ਼ਿਸ਼ ਰਚੀ ਗਈ । ਪੁਲਸ ਦਾ ਕਹਿਣਾ ਹੈ ਕਿ ਸੋਨੂੰ ਨੇ 12-13 ਜੁਲਾਈ ਦੀ ਰਾਤ ਨੂੰ ਰੁਪਿੰਦਰ ਕੌਰ ਨੂੰ ਮਾਰਨ ਅਤੇ ਉਸ ਦੇ ਸਰੀਰ ਨੂੰ ਆਪਣੇ ਘਰ ਦੇ ਸਟੋਰ ਰੂਮ ਵਿੱਚ ਡੀਜ਼ਲ ਨਾਲ ਸਾੜ ਕੇ ਸਬੂਤ ਮਿਟਾਉਣ ਦੀ ਕੋਸ਼ਿਸ਼ ਕਰਨ ਦੀ ਗੱਲ ਕਬੂਲੀ ਹੈ। ਉਸ ਨੇ ਕਥਿਤ ਤੌਰ 'ਤੇ ਅਸਥੀਆਂ (ਪਿੰਜਰ ਦੇ ਹਿੱਸੇ) ਨੂੰ ਪਾਣੀ ਨਾਲ ਠੰਢਾ ਕੀਤਾ ਅਤੇ ਨੇੜੇ ਦੇ ਲਹਿਰਾ ਪਿੰਡ ਦੇ ਇੱਕ ਨਾਲੇ ਵਿੱਚ ਸੁੱਟ ਦਿੱਤਾ। ਜਾਂਚਕਰਤਾਵਾਂ ਨੇ ਫੋਰੈਂਸਿਕ ਜਾਂਚ ਲਈ ਅੰਸ਼ਕ ਪਿੰਜਰ ਦੇ ਹਿੱਸੇ ਬਰਾਮਦ ਕੀਤੇ ਹਨ। ਇਹ ਅਪਰਾਧ ਬੀਤੀ 28 ਜੁਲਾਈ ਨੂੰ ਸਾਹਮਣੇ ਆਇਆ, ਜਦੋਂ ਰੁਪਿੰਦਰ ਕੌਰ ਦੀ ਭੈਣ ਕਮਲ ਕੌਰ ਖਹਿਰਾ ਨੇ ਉਸ ਨਾਲ ਸੰਪਰਕ ਟੁੱਟਣ ਤੋਂ ਬਾਅਦ ਲਾਪਤਾ ਹੋਣ ਦੀ ਰਿਪੋਰਟ ਦਰਜ ਕਰਵਾਈ। ਡੇਹਲੋਂ ਪੁਲਸ ਦੁਆਰਾ ਸੋਨੂੰ ਦੀ ਹਿਰਾਸਤ ਬਾਰੇ ਜਾਣਕਾਰੀ ਨਾਲ ਇਸ ਮਾਮਲੇ ਦੀ ਜਾਂਚ ਦਾ ਖੁਲਾਸਾ ਹੋਇਆ। ਪੁਲਸ ਸੂਤਰਾਂ ਅਨੁਸਾਰ ਰੁਪਿੰਦਰ ਕੌਰ ਨੂੰ ਵਿਆਹ ਦੇ ਝੂਠੇ ਵਾਅਦੇ ਤਹਿਤ ਭਾਰਤ ਬੁਲਾਇਆ ਗਿਆ ਸੀ। ਇਸ ਸਮੇਂ ਦੌਰਾਨ ਉਸ ਨੇ ਸੋਨੂੰ ਅਤੇ ਉਸ ਦੇ ਭਰਾ ਨਾਲ ਜੁੜੇ ਬੈਂਕ ਖਾਤਿਆਂ ਵਿੱਚ ਵੱਡੀਆਂ ਰਕਮਾਂ ਟਰਾਂਸਫਰ ਕੀਤੀਆਂ। ਹੁਣ ਮੰਨਿਆ ਜਾ ਰਿਹਾ ਹੈ ਕਿ ਪੈਸਾ ਹੀ ਕਤਲ ਦਾ ਮੁੱਖ ਮਕਸਦ ਹੋ ਸਕਦਾ ਹੈ। ਪੁਲਸ ਅਧਿਕਾਰੀਆਂ ਨੇ ਹੋਰ ਸਬੂਤ ਇਕੱਠੇ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ, ਜਿਸ ਵਿੱਚ ਵਿੱਤੀ ਰਿਕਾਰਡ ਅਤੇ ਫੋਰੈਂਸਿਕ ਨਮੂਨੇ ਸ਼ਾਮਲ ਹਨ। ਚਰਨਜੀਤ ਸਿੰਘ ਗਰੇਵਾਲ ਇਸ ਸਮੇਂ ਯੂ ਕੇ ਵਿਚ ਫਰਾਰ ਹੈ ਅਤੇ ਪੁਲਸ ਕੌਮਾਂਤਰੀ ਪੱਧਰ 'ਤੇ ਸਹਿਯੋਗ ਲੈਣ ਦੀ ਵੀ ਤਿਆਰੀ ਕਰ ਰਹੀ ਹੈ।

ਅਮਰੀਕਾ ਰਹਿੰਦੀ ਐੱਨ ਆਰ ਆਈ ਰੁਪਿੰਦਰ ਕੌਰ ਪੰਧੇਰ ਦੇ ਕਤਲ ਦੀ ਮੁੱਢਲੀ ਜਾਂਚ ਦੌਰਾਨ ਕਈ ਸਨਸਨੀਖੇਜ ਤੇ ਸ਼ਰਮਨਾਕ ਖੁਲਾਸੇ ਹੋਏ ਹਨ। ਮੁੱਖ ਮੁਲਜ਼ਮ ਸੁਖਜੀਤ ਸਿੰਘ ਸੋਨੂੰ ਨੇ ਮੰਨਿਆ ਹੈ ਕਿ ਰੁਪਿੰਦਰ ਕੌਰ ਦਾ ਕਤਲ ਉਸ ਨੇ 12 ਤੇ 13 ਜੁਲਾਈ ਦੀ ਦਰਮਿਆਨੀ ਰਾਤ ਨੂੰ ਕੀਤਾ ਸੀ ਅਤੇ ਲਾਸ਼ ਨੂੰ ਖੁਰਦ-ਬੁਰਦ ਕਰਨ ਦੇ ਇਰਾਦੇ ਨਾਲ ਵਾਰ-ਵਾਰ ਡੀਜ਼ਲ ਪਾ ਕੇ ਅੱਗ ਲਾਉਂਦਾ ਰਿਹਾ। ਜਦੋਂ ਲਾਸ਼ ਪੂਰੀ ਤਰ੍ਹਾਂ ਨਾਲ ਨਾ ਸੜੀ ਤਾਂ ਫੇਰ ਪਾਣੀ ਪਾ ਕੇ ਅੱਧਸੜੇ ਹਿੱਸਿਆਂ ਨੂੰ ਪਹਿਲਾਂ ਠੰਢਾ ਕੀਤਾ, ਤਾਂ ਕਿ ਸਵੇਰ



ਹੋਣ ਤੋਂ ਪਹਿਲਾਂ ਲਹਿਰਾ ਪਿੰਡ ਕੋਲ ਡਰੇਨ ਵਿੱਚ ਸੁੱਟ ਆਵੇ। ਇਸ ਕੰਮ ਲਈ ਉਸ ਨੇ ਥੈਲਿਆਂ ਦੀ ਵਰਤੋਂ ਕੀਤੀ ਤੇ 13 ਜੁਲਾਈ ਨੂੰ ਤੜਕਸਾਰ ਲਾਸ਼ ਦੇ ਹਿੱਸੇ ਡਰੇਨ ਵਿੱਚ ਸੁੱਟ ਦਿੱਤੇ। ਇਨ੍ਹਾਂ ਵਿੱਚੋਂ ਕੁਝ ਹਿੱਸੇ ਹੱਡੀਆਂ ਆਦਿ ਏ ਸੀ ਪੀ ਹਰਜਿੰਦਰ ਸਿੰਘ ਗਿੱਲ ਦੀ ਹਾਜ਼ਰੀ ਵਿੱਚ ਮਗਰੋਂ ਡੇਹਲੋਂ ਪੁਲਸ ਨੇ ਬਰਾਮਦ ਕੀਤੇ।

ਜਿਹੜੀ ਸੁਪਾਰੀ ਦੀ ਰਕਮ ਚਰਨਜੀਤ ਸਿੰਘ ਗਰੇਵਾਲ ਨੇ ਦੇਣ ਦਾ ਵਾਅਦਾ ਕੀਤਾ ਸੀ, ਉਸ ਦਾ ਇਕ ਵੱਡਾ ਹਿੱਸਾ ਕਰੀਬ 35 ਲੱਖ ਰੁਪਏ ਰੁਪਿੰਦਰ ਕੌਰ ਪੰਧੇਰ ਦੇ ਖਾਤੇ ਵਿੱਚੋਂ ਮੁਲਜ਼ਮ ਅਤੇ ਉਸ ਦੇ ਭਰਾ ਦੇ ਖਾਤੇ ਵਿੱਚ ਟਰਾਂਸਫਰ ਕੀਤੇ ਗਏ। ਐੱਨ ਆਰ ਆਈ ਰੁਪਿੰਦਰ ਕੌਰ ਨੇ ਆਪਣੀ ਲੁਧਿਆਣਾ ਸਥਿਤ ਜਾਇਦਾਦ ਦੇ ਕੇਸਾਂ ਦੇ ਸੰਬੰਧ ਵਿੱਚ ਪਾਵਰ ਆਫ਼ ਅਟਾਰਨੀ ਵੀ ਸੁਖਜੀਤ ਸਿੰਘ ਨੂੰ ਦਿੱਤੀ ਹੋਈ ਸੀ। ਕੁਝ ਰਸੂਖਦਾਰ ਵਿਅਕਤੀਆਂ ਨੇ ਪੁਲਸ ਨੂੰ ਦੱਸਿਆ ਕਿ ਰੁਪਿੰਦਰ ਕੌਰ ਨੇ ਉਨ੍ਹਾਂ ਕੋਲ ਖਦਸ਼ਾ ਜਤਾਇਆ ਸੀ ਕਿ ਸੁਖਜੀਤ ਸਿੰਘ ਉਸ ਨੂੰ ਕਤਲ ਕਰਨਾ ਚਾਹੁੰਦਾ ਹੈ। ਇਸ ਦਰਮਿਆਨ ਇਹ ਵੀ ਪਤਾ ਲੱਗਾ ਹੈ ਕਿ ਚਰਨਜੀਤ ਸਿੰਘ ਗਰੇਵਾਲ ਨੇ ਰੁਪਿੰਦਰ ਕੌਰ ਪੰਧੇਰ ਵੱਲੋਂ ਸ਼ਾਦੀ ਡਾਟ ਕਾਮ 'ਤੇ ਦਿੱਤੇ ਇਸ਼ਤਿਹਾਰ ਨੂੰ ਪੜ੍ਹ ਕੇ ਉਸ ਨਾਲ ਵਿਆਹ ਕਰਵਾਉਣ ਦੀ ਇੱਛਾ ਜਤਾਈ ਸੀ। ਭਾਵੇਂ ਵਿਆਹ ਦੀ ਰਸਮ ਲਈ ਰੁਪਿੰਦਰ ਕੌਰ ਨੂੰ ਜੂਨ ਮਹੀਨੇ ਵਿੱਚ ਕਿਲ੍ਹਾ ਰਾਏਪੁਰ ਆਉਣ ਲਈ ਸੱਦਾ ਦਿੱਤਾ ਗਿਆ ਸੀ, ਪਰ ਇਸ ਤੋਂ ਪਹਿਲਾਂ ਰੁਪਿੰਦਰ ਤੇ ਚਰਨਜੀਤ ਇਕੱਠੇ ਕਈ ਥਾਈਂ ਘੁੰਮਦੇ ਰਹੇ।

• ਬਾਕੀ ਸਫਾ 2 'ਤੇ

# ਸਿਲਟ ਹਟਾਉਣ ਲਈ ਕੇਂਦਰ 151 ਕਰੋੜ ਤੁਰੰਤ ਜਾਰੀ ਕਰੇ : ਖੁੱਡੀਆਂ



**ਚੰਡੀਗੜ੍ਹ (ਕ੍ਰਿਸ਼ਨ ਗਰਗ)**

ਹਾਲ ਹੀ ਵਿਚ ਆਏ ਹੜ੍ਹਾਂ ਕਾਰਨ ਪੰਜਾਬ ਦੇ 2185 ਪਿੰਡਾਂ ਵਿਚ 5 ਲੱਖ ਏਕੜ ਖੇਤਰ ਵਿਚ ਫਸਲਾਂ ਦੀ ਹੋਈ ਤਬਾਹੀ ਦਾ ਹਵਾਲਾ ਦਿੰਦਿਆਂ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਵਿਚ ਖੇਤੀਬਾੜੀ ਜ਼ਮੀਨ ਨੂੰ ਸਿਲਟ ਮੁਕਤ ਕਰਨ ਲਈ ਕੇਂਦਰ ਸਰਕਾਰ ਨੂੰ ਕੌਮੀ ਖੇਤੀ ਵਿਕਾਸ ਯੋਜਨਾ (ਆਰ ਕੇ ਵੀ ਵਾਈ) ਤਹਿਤ ਵਾਧੂ ਵਿੱਤੀ ਸਹਾਇਤਾ ਲਈ 151 ਕਰੋੜ ਤੁਰੰਤ ਜਾਰੀ ਕਰਨ ਦੀ ਅਪੀਲ ਕੀਤੀ ਹੈ।

ਬੁੱਧਵਾਰ ਦਿੱਲੀ 'ਚ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦੀ ਪ੍ਰਧਾਨਗੀ ਹੇਠ ਹੋਈ ਹਾੜ੍ਹੀ ਦੀਆਂ ਫਸਲਾਂ ਸੰਬੰਧੀ ਕੌਮੀ ਖੇਤੀਬਾੜੀ ਕਾਨਫਰੰਸ 2025 ਨੂੰ ਸੰਬੋਧਨ ਕਰਦਿਆਂ ਖੁੱਡੀਆਂ ਨੇ ਕਿਹਾ ਕਿ ਹਾਲੀਆ ਹੜ੍ਹਾਂ ਸਦਕਾ ਖੇਤੀਬਾੜੀ ਅਧੀਨ ਰਕਬੇ ਅਤੇ ਖੜੀਆਂ ਫਸਲਾਂ ਦੀ ਵੱਡੇ ਪੈਮਾਨੇ 'ਤੇ ਤਬਾਹੀ ਹੋਈ ਹੈ। ਸਰਹੱਦੀ ਜ਼ਿਲ੍ਹਿਆਂ ਅੰਮ੍ਰਿਤਸਰ, ਗੁਰਦਾਸਪੁਰ, ਤਰਨ ਤਾਰਨ, ਪਠਾਨਕੋਟ, ਕਪੂਰਥਲਾ, ਫਾਜ਼ਿਲਕਾ ਅਤੇ ਫਿਰੋਜ਼ਪੁਰ ਸਭ ਤੋਂ ਵਧੇਰੇ ਪ੍ਰਭਾਵਤ ਹੋਏ ਹਨ ਅਤੇ ਇਥੇ ਜ਼ਮੀਨਾਂ ਵਿਚ 5-5 ਫੁੱਟ ਤੱਕ ਸਿਲਟ/ਰੇਤ ਜਮ੍ਹਾਂ ਹੋ ਗਈ ਹੈ।ਖੁੱਡੀਆਂ ਨੇ ਜ਼ੋਰ ਦਿੱਤਾ ਕਿ ਹਾਲਾਤ ਦੀ ਤੀਬਰਤਾ ਨੂੰ ਵੇਖਦੇ ਹੋਏ ਆਰ ਕੇ ਵੀ ਵਾਈ ਦੇ ਡੀ ਪੀ ਆਰ ਭਾਗ ਤਹਿਤ ਇਹ ਫੰਡ ਜਲਦੀ ਜਾਰੀ ਕੀਤੇ ਜਾਣ ਨਾਲ ਨਾ ਕੇਵਲ ਕਿਸਾਨਾਂ ਦੀ ਮਦਦ ਹੋ ਸਕੇਗੀ, ਸਗੋਂ ਸੂਬੇ ਵਿਚ ਖੇਤੀਬਾੜੀ ਆਰਥਿਕਤਾ ਦੀ ਮੁੜ ਬਹਾਲੀ ਵੀ ਸੰਭਵ ਹੋ ਸਕੇਗੀ।

ਉਨ੍ਹਾ ਮੰਗ ਕੀਤੀ ਕਿ ਕੇਂਦਰ ਪ੍ਰਭਾਵਤ ਕਿਸਾਨਾਂ ਨੂੰ 2 ਲੱਖ ਕੁਇੰਟਲ ਕਣਕ ਦਾ ਸਰਟੀਫਾਈਡ ਬੀਜ ਮੁਹੱਈਆ ਕਰਵਾਉਣ ਲਈ ਸੀਡ ਵਿਲੇਜ ਪ੍ਰੋਗਰਾਮ ਤਹਿਤ 80 ਕਰੋੜ ਰੁਪਏ ਜਾਰੀ ਕਰੇ। ਇਸ ਤੋਂ ਇਲਾਵਾ ਕੌਮੀ ਖਾਧ ਮਿਸ਼ਨ ਤਹਿਤ ਕਣਕ ਦੇ ਬੀਜ ਲਈ ਵੱਖਰੇ 25 ਲੱਖ ਰੁਪਏ ਜਾਰੀ ਕੀਤੇ ਜਾਣ, ਤਾਂ ਜੋ ਕਿਸਾਨਾਂ ਦੀ ਮਦਦ ਸੰਭਵ ਹੋ ਸਕੇ। ਉਨ੍ਹਾ ਚੌਹਾਨ ਨੂੰ 637 ਕੁਇੰਟਲ ਸਰ੍ਹੋਂ ਦਾ ਸਰਟੀਫਾਈਡ ਬੀਜ ਅਤੇ 375 ਕੁਇੰਟਲ ਕਾਲੇ ਛੋਲਿਆਂ ਦਾ ਬੀਜ ਪਹਿਲ ਦੇ ਆਧਾਰ

• ਬਾਕੀ ਸਫਾ 2 'ਤੇ

# ਭਾਜਪਾ ਪੰਜਾਬ ਦੇ ਜ਼ਖ਼ਮਾਂ 'ਤੇ ਲੂਣ ਛਿੜਕਣਾ ਬੰਦ ਕਰੇ : ਨੀਲ ਗਰਗ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਪੰਜਾਬ ਭਾਜਪਾ ਵੱਲੋਂ ਐੱਸ ਡੀ ਆਰ ਐੱਫ ਫੰਡਾਂ ਬਾਰੇ ਦਿੱਤੇ ਬਿਆਨ 'ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਗਰਗ ਨੇ ਭਾਜਪਾ ਨੂੰ ਅਪੀਲ ਕੀਤੀ ਹੈ ਕਿ ਉਹ ਪੰਜਾਬ ਦੇ ਜ਼ਖ਼ਮਾਂ 'ਤੇ ਲੂਣ ਛਿੜਕਣਾ ਬੰਦ ਕਰੇ ਅਤੇ ਲੋਕਾਂ ਨੂੰ ਗੁੰਮਰਾਹ ਨਾ ਕਰੇ।



ਗਰਗ ਨੇ ਕਿਹਾ ਕਿ ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਹਜ਼ਾਰਾਂ ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ। ਇਸ ਦੇ ਬਾਵਜੂਦ ਭਾਜਪਾ ਆਗੂ ਸਿਰਫ਼ 240 ਕਰੋੜ ਰੁਪਏ ਦੀ ਗੱਲ ਕਰ ਰਹੇ ਹਨ। ਇਕ ਪਾਸੇ ਜਾਖੜ ਸਾਹਿਬ ਆਪਣੇ-ਆਪ ਨੂੰ ਪੰਜਾਬ ਦਾ ਮਸੀਹਾ ਅਤੇ ਕਿਸਾਨ ਦਾ ਪੁੱਤ ਕਹਾਉਂਦੇ ਹਨ, ਪਰ ਜਦੋਂ ਹੜ੍ਹਾਂ ਕਾਰਨ ਪੰਜਾਬ ਵਿੱਚ ਹਜ਼ਾਰਾਂ ਕਰੋੜਾਂ ਦਾ ਨੁਕਸਾਨ ਹੋਇਆ, ਲੱਖਾਂ ਪਸ਼ੂ ਮਾਰੇ ਗਏ ਅਤੇ ਲੱਖਾਂ ਏਕੜ ਫਸਲ ਬਰਬਾਦ ਹੋ ਗਈ ਅਤੇ ਪ੍ਰਧਾਨ ਮੰਤਰੀ ਨੇ ਪੰਜਾਬ ਆ ਕੇ ਸਿਰਫ਼ 1600 ਕਰੋੜ ਰੁਪਏ ਦੇ ਨਿਗੂਣੇ ਰਾਹਤ ਪੈਕੇਜ ਦਾ ਐਲਾਨ ਕੀਤਾ। ਉਦੋਂ ਜਾਖੜ ਸਾਹਿਬ ਨੇ ਦੱਬੀ ਜ਼ੁਬਾਨ ਵਿੱਚ ਵੀ ਇਸ ਦਾ ਵਿਰੋਧ ਕਿਉਂ ਨਹੀਂ ਕੀਤਾ। ਉਸ ਵੇਲੇ ਉਨ੍ਹਾ ਪ੍ਰਧਾਨ ਮੰਤਰੀ ਨੂੰ ਕਿਉਂ ਨਹੀਂ ਕਿਹਾ ਕਿ ਇਹ ਪੈਕੇਜ ਪੰਜਾਬ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਦੇ ਬਰਾਬਰ ਹੈ।ਗਰਗ ਨੇ ਭਾਜਪਾ ਦੇ ਇਸ ਦਾਅਵੇ ਨੂੰ ਵੀ ਝੂਠਾ ਕਰਾਰ ਦਿੱਤਾ ਕਿ ਪੰਜਾਬ ਕੋਲ ਐੱਸ ਡੀ ਆਰ ਐੱਫ ਫੰਡ ਵਿੱਚ 12,000 ਕਰੋੜ ਰੁਪਏ ਪਏ ਹਨ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਪਹਿਲਾਂ ਹੀ ਸਪੱਸ਼ਟ ਕਰ ਚੁੱਕੇ ਹਨ ਕਿ ਪਿਛਲੇ 15 ਸਾਲਾਂ ਵਿੱਚ ਕੇਂਦਰ ਵੱਲੋਂ ਪੰਜਾਬ ਨੂੰ ਐੱਸ ਡੀ ਆਰ ਐੱਫ ਹੇਠ ਸਿਰਫ਼ 5012 ਕਰੋੜ ਰੁਪਏ ਮਿਲੇ, ਜਿਸ ਵਿੱਚੋਂ 3820 ਕਰੋੜ ਰੁਪਏ ਖਰਚ ਕੀਤੇ ਜਾ ਚੁੱਕੇ ਹਨ ਅਤੇ ਕੇਵਲ 1200 ਕਰੋੜ ਰੁਪਏ ਹੀ ਬਾਕੀ ਹਨ।ਗਰਗ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਮੁੱਖ ਮੰਤਰੀ ਦੇ ਇਸ ਬਿਆਨ ਤੋਂ ਬਾਅਦ ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਸਣੇ ਕਿਸੇ ਵੀ ਭਾਜਪਾ ਆਗੂ ਦੀ ਹਿੰਮਤ ਨਹੀਂ ਹੋਈ ਕਿ ਉਹ ਇਸ ਚੁਣੌਤੀ ਦਾ ਜਵਾਬ ਦੇ ਸਕਣ। ਉਨ੍ਹਾ ਕਿਹਾ ਕਿ ਜੇਕਰ ਤੁਸੀਂ ਪੰਜਾਬ ਦੇ ਨਾਲ ਖੜ੍ਹੇ ਨਹੀਂ ਹੋ ਸਕਦੇ ਅਤੇ ਕੇਂਦਰ ਤੋਂ ਰਾਹਤ ਪੈਕੇਜ ਨਹੀਂ ਮੰਗ ਸਕਦੇ ਤਾਂ ਘੱਟੋ-ਘੱਟ ਲੋਕਾਂ ਨੂੰ ਗੁੰਮਰਾਹ ਕਰਨਾ ਬੰਦ ਕਰੋ।

# ਸਾਡੇ ਫੌਜੀਆਂ ਨੇ ਪਾਕਿ ਨੂੰ ਗੋਡਿਆਂ ਭਾਰ ਲਿਆਂਦਾ : ਮੋਦੀ

**ਧਾਰ (ਮੱਧ ਪ੍ਰਦੇਸ਼)** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੁੱਧਵਾਰ ਕਿਹਾ ਕਿ ਭਾਰਤੀ ਫੌਜ ਦੇ ਜਵਾਨਾਂ ਨੇ 'ਅਪਰੇਸ਼ਨ ਸਿੰਧੂਰ' ਦੌਰਾਨ 'ਅੱਖ ਦੇ ਇਕ ਫੋਰ 'ਚ ਪਾਕਿਸਤਾਨ ਨੂੰ ਉਸ ਦੇ ਗੋਡਿਆਂ ਭਾਰ ਲੈ ਆਂਦਾ ਸੀ। ਮੋਦੀ ਮੱਧ ਪ੍ਰਦੇਸ਼ ਦੇ ਧਾਰ ਜ਼ਿਲ੍ਹੇ ਵਿਚ ਪ੍ਰਧਾਨ ਮੰਤਰੀ ਮੈਗਾ ਇੰਟੈਗਰੇਟਿਡ ਟੈਕਸਟਾਈਲ ਰੀਜਨ ਤੇ ਐਪਰਲ (ਪੀ ਐੱਮ ਮਿੱਤਰਾ) ਪਾਰਕ ਦਾ ਨੀਂਹ ਪੱਥਰ ਰੱਖਣ ਮਗਰੋਂ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਮੋਦੀ ਨੇ 'ਸਵਸਥ ਨਾਰੀ ਸਸ਼ੱਕਤ ਪਰਵਾਰ' ਅਤੇ '8ਵੇਂ ਰਾਸ਼ਟਰੀ ਪੋਸ਼ਣ ਮਾਹ' ਮੁਹਿੰਮਾਂ ਦੀ ਵੀ ਸ਼ੁਰੂਆਤ ਕੀਤੀ, ਜਿਸ ਦਾ ਉਦੇਸ਼ ਔਰਤਾਂ ਦੀਆਂ ਸਿਹਤ ਸੇਵਾਵਾਂ ਨੂੰ ਵਧਾਉਣਾ ਅਤੇ ਪੋਸ਼ਣ ਨੂੰ ਉਤਸ਼ਾਹਤ ਕਰਨਾ ਸੀ।

# ਸ਼ਹੀਦ ਗੁਰਮੇਲ ਹੂੰਝਣ ਦੀ ਪਤਨੀ ਵੱਲੋਂ 43 ਹਜ਼ਾਰ ਦਾ ਯੋਗਦਾਨ



**ਲੁਧਿਆਣਾ (ਐੱਮ ਐੱਸ ਭਾਟੀਆ)**- ਭਾਰਤੀ ਕਮਿਊਨਿਸਟ ਪਾਰਟੀ ਦੇ 25ਵੇਂ ਮਹਾਂ-ਸੰਮੇਲਨ ਲਈ ਸ਼ਹੀਦ ਕਾਮਰੇਡ ਗੁਰਮੇਲ ਹੂੰਝਣ ਦੀ ਪਤਨੀ ਬੀਬੀ ਸ਼ਰਨਜੀਤ ਕੌਰ ਵੱਲੋਂ ਡਾਕਟਰ ਅਰੁਣ ਮਿੱਤਰਾ, ਪ੍ਰਿੰਸੀਪਲ ਜਗਜੀਤ ਸਿੰਘ ਅਤੇ ਬਲਾਕ ਸਕੱਤਰ ਭਗਵਾਨ ਸਿੰਘ ਸੋਮਲ ਖੇੜੀ ਰਾਹੀਂ 43000 ਰੁਪਏ ਦੀ ਰਾਸ਼ੀ ਲੁਧਿਆਣਾ ਜ਼ਿਲ੍ਹਾ ਪਾਰਟੀ ਨੂੰ ਭੇਜੀ ਹੈ। ਗੁਰਮੇਲ ਹੂੰਝਣ, ਜੋ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ, ਆਲ ਇੰਡੀਆ ਯੂਥ ਫੈਡਰੇਸ਼ਨ, ਕਿਸਾਨ ਸਭਾ ਅਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਲੁਧਿਆਣਾ ਦੇ ਸਹਾਇਕ ਸਕੱਤਰ ਅਤੇ ਪੰਜਾਬ ਦੇ ਸੂਬਾ ਕੌਂਸਲ ਮੈਂਬਰ ਦੇ ਤੌਰ 'ਤੇ ਪਾਰਟੀ ਦੀ ਸੇਵਾ ਕਰਦੇ ਰਹੇ ਹਨ, ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਰਾਖੀ ਕਰਦੇ ਹੋਏ 14 ਮਈ 1989 ਨੂੰ ਆਪਣੇ ਗੰਨਮੈਨ ਜੋਗਿੰਦਰ ਸਿੰਘ ਦੇ ਨਾਲ ਸ਼ਹੀਦ ਹੋ ਗਏ ਸਨ। ਜ਼ਿਲ੍ਹਾ ਪਾਰਟੀ ਉਹਨਾ ਦੇ ਪਰਵਾਰ ਦੇ ਇਸ ਹੌਸਲਾ-ਅਫਜ਼ਾਈ ਵਾਲੇ ਉੱਦਮ ਲਈ ਤਹਿ ਦਿਲੋਂ ਧੰਨਵਾਦੀ ਹੈ।

# 'ਆਪ' ਵੱਲੋਂ 4 ਨਵੇਂ ਸਟੇਟ ਆਬਜ਼ਰਵਰ ਨਿਯੁਕਤ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਆਪਣੇ ਸੰਗਠਨਾਤਮਕ ਆਧਾਰ ਨੂੰ ਹੋਰ ਮਜ਼ਬੂਤ ਕਰਨ ਅਤੇ ਪੂਰੇ ਪੰਜਾਬ ਵਿੱਚ ਮਜ਼ਬੂਤ ਅਗਵਾਈ ਨੂੰ ਯਕੀਨੀ ਬਣਾਉਣ ਦੇ ਮਿਸ਼ਨ ਨਾਲ ਆਮ ਆਦਮੀ ਪਾਰਟੀ ਪੰਜਾਬ ਨੇ ਬੁੱਧਵਾਰ ਪਾਰਟੀ ਦੇ ਵੱਖ-ਵੱਖ ਵਿੰਗਾਂ ਵਿੱਚ ਕਈ ਪ੍ਰਮੁੱਖ ਨਿਯੁਕਤੀਆਂ ਦਾ ਐਲਾਨ ਕੀਤਾ।ਰਣਜੋਧ ਸਿੰਘ ਹਡਾਣਾ ਨੂੰ ਸਨੌਰ ਹਲਕੇ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਪੂਰੇ ਸੂਬੇ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਦੀ ਨਿਗਰਾਨੀ ਅਤੇ ਅਗਵਾਈ ਕਰਨ ਲਈ ਪੰਜਾਬ ਲਈ ਚਾਰ ਨਵੇਂ ਸਟੇਟ ਆਬਜ਼ਰਵਰ ਨਿਯੁਕਤ ਕੀਤੇ ਹਨ। ਨਵੇਂ ਨਿਯੁਕਤ ਕੀਤੇ ਗਏ ਆਬਜ਼ਰਵਰਾਂ ਵਿੱਚ ਆਦਿਲ ਅਹਿਮਦ ਖਾਨ, ਗਾਇਤਰੀ ਬਿਸ਼ਨੋਈ, ਰਿਤੇਸ਼ ਖੰਡੇਲਵਾਲ ਅਤੇ ਅਸਿਤ ਕੁਮਾਰ ਦੇ ਨਾਂਅ ਸ਼ਾਮਲ ਹਨ।ਪਾਰਟੀ ਨੇ ਆਪਣੀ ਜ਼ਮੀਨੀ ਪੱਧਰ 'ਤੇ ਮੌਜੂਦਗੀ ਨੂੰ ਮਜ਼ਬੂਤ ਕਰਨ ਲਈ 27 ਹਲਕਿਆਂ ਲਈ ਹਲਕਾ ਸੰਗਠਨ ਇੰਚਾਰਜ ਅਤੇ ਖਰੜ ਹਲਕੇ ਲਈ ਇੱਕ ਟ੍ਰੇਡ ਵਿੰਗ ਹਲਕਾ ਕੋਆਰਡੀਨੇਟਰ ਵੀ ਨਿਯੁਕਤ ਕੀਤਾ ਹੈ। ਵਿਨੋਦ ਕਪੂਰ ਨੂੰ ਖਰੜ ਟ੍ਰੇਡ ਵਿੰਗ ਹਲਕਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ।'ਆਪ' ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਨੇ ਕਿਹਾ ਕਿ 'ਆਪ' ਦੀ ਤਾਕਤ ਇਸ ਦੇ ਮਜ਼ਬੂਤ ਅਤੇ ਵਚਨਬੱਧ ਸੰਗਠਨਾਤਮਕ ਨੈੱਟਵਰਕ ਵਿੱਚ ਹੈ। ਇਹ ਨਿਯੁਕਤੀਆਂ ਜ਼ਮੀਨੀ ਪੱਧਰ 'ਤੇ ਸਾਡੀ ਪਾਰਟੀ ਦੇ ਕੰਮ ਨੂੰ ਨਵਾਂ ਹੁਲਾਰਾ ਦੇਣਗੀਆਂ।

ਨਵੇਂ ਨਿਯੁਕਤ ਕੀਤੇ ਗਏ ਆਗੂਆਂ ਨੂੰ ਵਧਾਈ ਦਿੰਦੇ ਹੋਏ 'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਕਿਹਾ ਕਿ ਅੱਜ ਪੰਜਾਬ ਨੂੰ ਅਜਿਹੇ ਆਗੂਆਂ ਦੀ ਲੋੜ ਹੈ, ਜੋ ਲੋਕਾਂ ਲਈ ਨਿਰਸਵਾਰਥ ਕੰਮ ਕਰਨ।

# ਰਾਹੁਲ ਨੂੰ ਸਿਰੋਪਾ ਦੇਣਾ ਕਥਾਵਾਚਕ, ਸੇਵਾਦਾਰ, ਆਰਜ਼ੀ ਗ੍ਰੰਥੀ ਤੇ ਮੈਨੇਜਰ ਨੂੰ ਮਹਿੰਗਾ ਪਿਆ

**ਅੰਮ੍ਰਿਤਸਰ**— ਗੁਰਦੁਆਰਾ ਬਾਬਾ ਬੁੱਢਾ ਸਾਹਿਬ ਰਮਦਾਸ ਵਿਖੇ ਕਾਂਗਰਸ ਆਗੂ ਰਾਹੁਲ ਗਾਂਧੀ ਦੀ ਆਮਦ ਮੌਕੇ ਗੁਰਦੁਆਰਾ ਸਾਹਿਬ ਅੰਦਰ ਹੋਈ ਮਰਯਾਦਾ ਦੀ ਉਲੰਘਣਾ ਅਤੇ ਸਨਮਾਨ ਸਬੰਧੀ ਸ਼੍ਰੋਮਣੀ ਕਮੇਟੀ ਦੇ ਫੈਸਲੇ ਵਿਰੁੱਧ ਜਾਣ ਕਰਕੇ 4 ਦੋਸ਼ੀ ਮੁਲਾਜ਼ਮਾਂ ਖ਼ਿਲਾਫ਼ ਕਾਰਵਾਈ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ ਲੰਘੇ ਦਿਨੀਂ ਕਾਂਗਰਸ ਆਗੂ ਦੇ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਰਮਦਾਸ ਵਿਖੇ ਆਉਣ ਸਮੇਂ ਹੋਈ ਮਰਯਾਦਾ ਦੀ ਉਲੰਘਣਾ ਸੰਬੰਧੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ 'ਤੇ ਪੜਤਾਲ ਕਰਵਾਈ ਗਈ। ਪੜਤਾਲ ਰਿਪੋਰਟ ਬੁੱਧਵਾਰ ਮਿਲਣ ਮਗਰੋਂ ਮੁਲਾਜ਼ਮਾਂ ਖ਼ਿਲਾਫ਼ ਕਾਰਵਾਈ ਕੀਤੀ ਗਈ। ਇਸ ਵਿਚ ਕਥਾਵਾਚਕ ਭਾਈ ਪਲਵਿੰਦਰ ਸਿੰਘ ਤੇ ਸੇਵਾਦਾਰ ਭਾਈ ਹਰਵਿੰਦਰ ਸਿੰਘ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ, ਜਦ ਕਿ ਆਰਜ਼ੀ ਤੌਰ 'ਤੇ ਸੇਵਾ ਨਿਭਾਅ ਰਹੇ ਗ੍ਰੰਥੀ ਭਾਈ ਕੁਲਵਿੰਦਰ ਸਿੰਘ ਦੀਆਂ ਸੇਵਾਵਾਂ ਸਮਾਪਤ ਕਰ ਦਿੱਤੀਆਂ ਗਈਆਂ ਹਨ। ਮੈਨੇਜਰ ਪ੍ਰਗਟ ਸਿੰਘ ਨੂੰ ਚੇਤਾਵਨੀ ਦਿੰਦਿਆਂ ਉਸ ਦਾ ਤਬਾਦਲਾ ਕਰ ਦਿੱਤਾ ਗਿਆ ਹੈ। ਪੜਤਾਲੀਆ ਰਿਪੋਰਟ ਵਿਚ ਇਹ ਪੱਖ ਸਾਹਮਣੇ ਆਇਆ ਹੈ ਕਿ ਕਾਂਗਰਸ ਆਗੂ ਗੁਰਦੁਆਰਾ ਸਾਹਿਬ ਦੇ ਦਰਬਾਰ ਵਿਚ ਨਿਰਧਾਰਤ ਜੰਗਲੇ ਦੇ ਅੰਦਰ ਗਏ ਸਨ, ਜੋ ਮਰਯਾਦਾ ਦਾ ਸਿੱਧੇ ਤੌਰ 'ਤੇ ਉਲੰਘਣ ਹੈ। ਉਨ੍ਹਾ ਕਿਹਾ ਕਿ ਇਸ ਨਿਰਧਾਰਤ ਅਸਥਾਨ 'ਤੇ ਜਾਣ ਲਈ ਇਕ ਨੀਯਤ ਬਾਣਾ ਵੀ ਲਾਜ਼ਮੀ ਹੁੰਦਾ ਹੈ ਅਤੇ ਅੰਦਰ ਦੀ ਸੇਵਾ ਨਿਭਾਉਣ ਵਾਲੇ ਗ੍ਰੰਥੀ, ਸੇਵਾਦਾਰਾਂ ਅਤੇ ਸੰਬੰਧਤ ਮੁਲਾਜ਼ਮਾਂ ਤੋਂ ਇਲਾਵਾ ਕੋਈ ਵੀ ਬਾਹਰੀ ਵਿਅਕਤੀ ਜੰਗਲੇ ਦੇ ਅੰਦਰ ਨਹੀਂ ਜਾ ਸਕਦਾ। ਸ਼੍ਰੋਮਣੀ ਕਮੇਟੀ ਦੇ ਫੈਸਲੇ ਅਨੁਸਾਰ ਦਰਬਾਰ ਦੇ ਅੰਦਰ ਕਿਸੇ ਵੀ ਵੀ ਆਈ ਪੀ ਨੂੰ ਸਿਰੋਪਾਓ ਨਹੀਂ ਦਿੱਤਾ ਜਾ ਸਕਦਾ। ਇਨ੍ਹਾਂ ਦੋਹਾਂ ਕਾਰਨਾਂ ਦੇ ਮੱਦੇਨਜ਼ਰ ਪੜਤਾਲੀਆ ਰਿਪੋਰਟ ਦੇ ਆਧਾਰ 'ਤੇ ਮੁਲਾਜ਼ਮਾਂ 'ਤੇ ਕਾਰਵਾਈ ਨੂੰ ਅਮਲ ਵਿਚ ਲਿਆਂਦਾ ਗਿਆ ਹੈ।



# ਅਰਸ਼ੀ ਦੇ ਕਰੀਬੀ ਰਿਸ਼ਤੇਦਾਰ ਰਘਵੀਰ ਸਿੰਘ ਵੱਲੋਂ 20 ਹਜ਼ਾਰ ਦਾ ਸਹਿਯੋਗ



**ਮਾਨਸਾ (ਆਤਮਾ ਸਿੰਘ ਪਮਾਰ)** ਸੀ ਪੀ ਆਈ ਦੇ 25 ਵੇਂ ਮਹਾਂ-ਸੰਮੇਲਨ ਦੀ ਸਫ਼ਲਤਾ ਲਈ ਸਮੁੱਚੀ ਲੀਡਰਸ਼ਿਪ ਵੱਲੋਂ ਹਰ ਪੱਖੋਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ। ਹਰਦੇਵ ਸਿੰਘ ਅਰਸ਼ੀ ਦੇ ਨਜ਼ਦੀਕੀ ਰਿਸ਼ਤੇਦਾਰ ਰਘਵੀਰ ਸਿੰਘ ਦਲੇਲ ਸਿੰਘ ਵਾਲਾ ਨੇ ਮਹਾਂ-ਸੰਮੇਲਨ ਲਈ ਵੀਹ ਹਜ਼ਾਰ ਰੁਪਏ ਦਾ ਸਹਿਯੋਗ ਕੀਤਾ ਗਿਆ ਹੈ। ਮਾਨਸਾ ਜ਼ਿਲ੍ਹੇ ਦੀ ਲੀਡਰਸ਼ਿਪ ਕਾਮਰੇਡ ਅਰਸ਼ੀ ਦੀ ਯੋਗ ਅਗਵਾਈ ਹੇਠ ਇੱਕ ਹਜ਼ਾਰ ਤੋਂ ਵੱਧ ਸਾਥੀਆਂ ਦੀ 21 ਸਤੰਬਰ ਨੂੰ ਮੁਹਾਲੀ ਰੈਲੀ 'ਚ ਸ਼ਮੂਲੀਅਤ ਕਰਵਾਏਗੀ।ਉਕਤ ਜਾਣਕਾਰੀ ਸਾਂਝੀ ਕਰਦਿਆਂ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ ਨੇ ਰਘਵੀਰ ਸਿੰਘ ਦਾ ਇਸ ਯੋਗਦਾਨ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼ਹਿਰੀ ਸਕੱਤਰ ਰਤਨ ਭੋਲਾ, ਏਟਕ ਆਗੂ ਬੂਟਾ ਸਿੰਘ ਬਰਨਾਲਾ ਵੀ ਮੌਜੂਦ ਸਨ।

# ਅੱਜ-ਨਾਮਾ

ਕਿਸਾਨੀ ਬਾਰੇ ਹੀ ਚੱਲ ਪਈ ਫੇਰ ਚਰਚਾ,
ਮੁੱਦਾ ਪਰਾਲੀ ਦਾ ਫੇਰ ਲਿਆ ਚੁੱਕ ਬੇਲੀ।
ਕਈਆਂ ਧਿਰਾਂ ਨੂੰ ਲੱਗੀ ਆ ਇਹੀ ਚੇਟਕ,
ਕਿਸਾਨੀ ਚਰਚਾ ਨਾਲ ਬੱਝਦਾ ਠੁੱਕ ਬੇਲੀ।
ਕਦੀ ਨਹੀਂ ਪਿੰਡਾਂ ਦੇ ਵੱਲ ਨੂੰ ਗਏ ਜਿਹੜੇ,
ਬਘਿਆੜਾਂ ਵਾਂਗ ਉਹ ਰਹੇ ਨੇ ਬੁੱਕ ਬੇਲੀ।
ਕਰ-ਕਰ ਭੰਡੀ ਕਿਰਸਾਨਾਂ ਦੀ ਜਾਪਦਾ ਈ,
ਚੱਲਦਾ ਕਈਆਂ ਦਾ ਰੋਟੀ ਅਰ ਟੁੱਕ ਬੇਲੀ।
ਪੁੱਜਿਆ ਕੇਸ ਅਦਾਲਤ ਵਿੱਚ ਫੇਰ ਕਹਿੰਦੇ,
ਕਾਰਵਾਈ ਕਰਨ ਦੀ ਉੱਠੀ ਹੈ ਮੰਗ ਬੇਲੀ।
ਪੈਦਾ ਕੀਤਾ ਇਹ ਜੀਹਦਾ ਪਏ ਅੰਨ ਖਾਂਦੇ,
ਮੁੜ-ਮੁੜ ਓਸੇ ਨੂੰ ਕਰਨ ਪਏ ਤੰਗ ਬੇਲੀ।

-ਤੀਸ ਮਾਰ ਖਾਂ

# ਬੋਲਣ ਤੋਂ ਰੋਕ ਸਕਦੇ ਹੋ, ਪਰ ਵਿਚਾਰ ਨੂੰ ਸੁੰਨ ਨਹੀਂ ਕਰ ਸਕਦੇ : ਰੋਮਿਲਾ ਥਾਪਰ

**ਨਵੀਂ ਦਿੱਲੀ** : ਉੱਘੀ ਇਤਿਹਾਸਕਾਰ ਰੋਮਿਲਾ ਥਾਪਰ ਨੇ ਕਿਹਾ ਹੈ ਕਿ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ (ਜੇ ਐੱਨ ਯੂ) ਤੇ ਸਮਾਜ ਵਿਗਿਆਨ ਦੇ ਹੋਰਨਾਂ ਕੇਂਦਰਾਂ ਦਾ ਪਿਛਲੇ 10 ਸਾਲਾਂ ਵਿੱਚ ਘਾਣ ਕਰ ਦਿੱਤਾ ਗਿਆ ਹੈ ਅਤੇ ਇਨ੍ਹਾਂ ਨੂੰ ਕਾਇਮ ਕਰਨ ਵਿੱਚ ਸ਼ਾਮਲ ਰਹੇ ਲੋਕ ਇਸ ਤਬਾਹੀ ਤੋਂ ਦੁਖੀ ਹਨ।

ਮੰਗਲਵਾਰ ਇੱਥੇ ਇੰਡੀਆ ਇੰਟਰਨੈਸ਼ਨਲ ਸੈਂਟਰ ਵਿਖੇ ਤੀਜੇ ਕਪਿਲਾ ਵਾਤਸਾਯਨ ਯਾਦਗਾਰੀ ਲੈਕਚਰ ਦੌਰਾਨ ਬੋਲਦਿਆਂ ਉਨ੍ਹਾ ਕਿਹਾ ਕਿ ਜੇ ਐੱਨ ਯੂ ਵਿੱਚ ਅਕਾਦਮਿਕ ਮਿਆਰ ਕਾਇਮ ਰੱਖਣੇ ਇੱਕ ਦਹਾਕੇ ਤੋਂ ਬਹੁਤ ਹੀ ਔਖੇ ਹੋ ਗਏ ਹਨ। ਥਾਪਰ ਨੇ ਕਿਹਾ, 'ਸਾਡੇ ਵਰਗੇ ਕੁਝ ਲੋਕ, ਜਿਹੜੇ 1970ਵਿਆਂ ਵਿੱਚ ਜੇ ਐੱਨ ਯੂ ਕਾਇਮ ਕਰਨ ਵਿੱਚ ਸ਼ਾਮਲ ਰਹੇ, ਪਿਛਲੇ 10 ਸਾਲਾਂ 'ਚ ਇਸ ਦੇ ਨਿਘਾਰ ਨੂੰ ਦੇਖ ਕੇ ਦੁਖੀ ਹਨ। ਇਹ ਮਾਮਲਾ ਸਿਰਫ ਜੇ ਐੱਨ ਯੂ ਤੱਕ ਹੀ ਸੀਮਤ ਨਹੀਂ ਰਿਹਾ, ਸਮਾਜ ਵਿਗਿਆਨ ਦੇ ਹੋਰਨਾਂ ਤਕੜੇ ਕੇਂਦਰਾਂ ਦਾ ਵੀ ਕਾਫੀ ਘਾਣ ਕੀਤਾ ਗਿਆ ਹੈ।'

ਥਾਪਰ ਨੇ ਕਿਹਾ ਕਿ ਉਹ ਅਜਿਹੀ ਯੂਨੀਵਰਸਿਟੀ ਬਣਾਉਣ ਵਿੱਚ ਸਫਲ ਹੋਏ ਸਨ, ਜਿਸ ਨੂੰ ਦੇਸ਼ ਤੇ ਦੁਨੀਆ ਵਿੱਚ ਕਾਫੀ ਸਤਿਕਾਰ ਮਿਲਿਆ, ਪਰ ਇੱਕ ਦਹਾਕੇ ਤੋਂ ਉੱਥੇ ਅਕਾਦਮਿਕ ਮਿਆਰ ਕਾਇਮ ਰੱਖਣਾ ਬਹੁਤ ਹੀ ਮੁਸ਼ਕਲ ਹੋ ਗਿਆ ਹੈ। ਕੁਝ ਘਟੀਆ ਪ੍ਰੋਫੈਸਰ ਨਿਯੁਕਤ ਕਰ ਦਿੱਤੇ ਗਏ ਹਨ, ਗੈਰ-ਪੇਸ਼ੇਵਰ ਲੋਕ ਹੁਕਮ ਚਾੜ੍ਹ ਰਹੇ ਹਨ ਕਿ ਸਿਲੇਬਸ ਕਿਹੋ ਜਿਹਾ ਹੋਣਾ ਚਾਹੀਦਾ ਹੈ, ਪਹਿਲਾਂ ਨਿਯੁਕਤ ਕੀਤੇ ਪ੍ਰੋਫੈਸਰ ਅਮੈਰੀਟਸ ਨੂੰ ਹਟਾਉਣ ਦੇ ਜਤਨ ਹੋ ਰਹੇ ਹਨ, ਖੋਜ ਤੇ ਸਿਖਾਉਣ ਦੀ ਆਜ਼ਾਦੀ ਨੂੰ ਘਟਾਇਆ ਜਾ ਰਿਹਾ ਹੈ।

93 ਸਾਲਾ ਥਾਪਰ ਨੇ ਜੇ ਐੱਨ ਯੂ ਵਿੱਚ 2020 ਦੀ ਇੱਕ ਘਟਨਾ, ਜਿਸ ਵਿੱਚ ਹਥਿਆਰਬੰਦ ਭੀੜ ਨੇ ਕੈਂਪਸ 'ਚ ਵੜ ਕੇ ਵਿਦਿਆਰਥੀਆਂ ਤੇ ਪ੍ਰੋਫੈਸਰਾਂ ਨੂੰ ਜ਼ਖਮੀ ਕਰ ਦਿੱਤਾ ਸੀ, ਦਾ ਹਵਾਲਾ ਦਿੰਦਿਆਂ ਕਿਹਾ ਕਿ ਉਦੋਂ ਸਥਿਤੀ ਅਕਾਦਮਿਕ ਨਿਜ਼ਾਮ ਤੋਂ ਬਾਹਰ ਹੋ ਗਈ ਸੀ। ਪਿਛਲੇ ਪੰਜ ਸਾਲ ਤੋਂ ਵੱਧ ਸਮੇਂ ਤੋਂ ਬਿਨਾਂ ਜ਼ਮਾਨਤ ਜੇਲ੍ਹ ਵਿੱਚ ਸੜ ਰਹੇ ਜੇ ਐੱਨ ਯੂ ਦੇ ਵਿਦਿਆਰਥੀ ਉਮਰ ਖਾਲਿਦ ਦਾ ਨਾਂਅ ਲਏ ਬਿਨਾਂ ਥਾਪਰ ਨੇ ਕਿਹਾ, 'ਵਿਦਿਆ 'ਤੇ ਸਿਆਸੀ ਕੰਟਰੋਲ ਬੌਧਿਕ ਰਚਨਾਤਮਕਤਾ ਨੂੰ ਮਾਰ ਦਿੰਦਾ ਹੈ।' ਉਨ੍ਹਾ ਕਿਹਾ ਕਿ ਅਥਾਰਟੀ ਦੀ ਨੁਕਤਾਚੀਨੀ ਕਰਨ ਵਾਲੇ ਵਿਦਿਆਰਥੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਤੇ ਕੁਝ ਤਾਂ ਬਿਨਾਂ ਮੁਕੱਦਮਿਆਂ ਦੇ ਛੇ-ਛੇ ਸਾਲਾਂ ਤੋਂ ਜੇਲ੍ਹਾਂ ਵਿੱਚ ਬੰਦ ਹਨ। ਉਨ੍ਹਾ ਕਿਹਾ, 'ਕਿਸੇ ਨੂੰ ਬੋਲਣ ਤੋਂ ਰੋਕ ਸਕਦੇ ਹੋ, ਪਰ ਉਸ ਦੇ ਵਿਚਾਰ ਨੂੰ ਸੁੰਨ ਨਹੀਂ ਕਰ ਸਕਦੇ।'



ਥਾਪਰ ਨੇ ਭਾਰਤ ਵਿੱਚ ਇਤਿਹਾਸ ਨੂੰ ਪੜ੍ਹਾਉਣ ਦੇ ਚਲੰਤ ਢੰਗਾਂ ਦੀ ਨੁਕਤਾਚੀਨੀ ਕਰਦਿਆਂ ਕਿਹਾ ਕਿ ਇਤਿਹਾਸ ਛੇਤੀ ਹੀ ਸ਼ਿਕਾਰ ਹੋ ਜਾਂਦਾ ਹੈ, ਕਿਉਂਕਿ ਦੇਸ਼ ਵਿੱਚ ਇਤਿਹਾਸ ਦੀ ਜਾਣਕਾਰੀ ਆਮ ਤੌਰ 'ਤੇ ਬਹੁਤ ਘੱਟ ਹੈ। ਤੁਸੀਂ ਵਿਗਿਆਨ ਨੂੰ ਤੋੜ-ਮਰੋੜ ਨਹੀਂ ਸਕਦੇ, ਕਿਉਂਕਿ ਉਹ ਟੈਕਨੀਕਲ ਹੁੰਦਾ ਹੈ। ਸਮਾਜ ਵਿਗਿਆਨੀ ਇਹ ਵਿਸ਼ਲੇਸ਼ਣ ਕਰਦੇ ਹਨ ਕਿ ਸਮਾਜ ਕਿਵੇਂ ਵਿਚਰਦੇ ਹਨ ਅਤੇ ਇਹ ਘੱਟ ਟੈਕਨੀਕਲ ਤੇ ਵਧੇਰੇ ਸ਼ਿਕਾਰ ਹੋਣ ਵਾਲੇ ਹੁੰਦੇ ਹਨ। ਇਤਿਹਾਸ ਤਾਂ ਬਹੁਤ ਛੇਤੀ ਸ਼ਿਕਾਰ ਹੋ ਜਾਂਦਾ ਹੈ।

'ਸ਼ੁਰੂਆਤੀ ਭਾਰਤ : ਉਤਪਤੀ ਤੋਂ 1300 ਈਸਵੀ ਤੱਕ' ਦੀ ਲੇਖਕਾ ਰੋਮਿਲਾ ਥਾਪਰ ਨੇ ਕਿਹਾ, 'ਅੱਜਕੱਲ੍ਹ ਜਿਸ ਤਰ੍ਹਾਂ ਪੜ੍ਹਾਇਆ ਜਾ ਰਿਹਾ ਹੈ, ਉਹ ਛੰਡੀਆਂ ਗਈਆਂ ਬਸਤੀਵਾਦੀ ਥਿਊਰੀਆਂ ਦੀ ਵਾਪਸੀ ਹੈ। ਇਹ ਬਸਤੀਵਾਦ ਤੋਂ ਪਿੱਛਾ ਛੁਡਾਉਣ ਵਾਲੀ ਗੱਲ ਨਹੀਂ, ਜਿਵੇਂ ਕਿ ਦਾਅਵਾ ਕੀਤਾ ਜਾਂਦਾ ਹੈ, ਇਹ ਬਸਤੀਵਾਦੀ ਅਧਿਆਪਨ ਦੀ ਹਮਾਇਤ ਹੈ। ਨਵੇਂ ਇਤਿਹਾਸ ਦੇ ਸਿਰਜਕ ਬਸਤੀਵਾਦ ਤੋਂ ਬਾਅਦ ਦੇ ਸਮੇਂ ਵਿੱਚ ਪਿਛਲੇ 75 ਸਾਲ ਤੋਂ ਲਿਖੇ ਤੇ ਪੜ੍ਹਾਏ ਜਾਣ ਵਾਲੇ ਇਤਿਹਾਸ ਨੂੰ ਬਦਲਣ ਦਾ ਦਾਅਵਾ ਕਰਦੇ ਹਨ, ਜਿਸ ਇਤਿਹਾਸ ਵਿੱਚੋਂ ਬਹੁਤੇ ਨੂੰ ਮਾਰਕਸਵਾਦੀਆਂ ਵੱਲੋਂ ਲਿਖਿਆ ਦੱਸਿਆ ਜਾ ਰਿਹਾ ਹੈ। ਉਹ ਇਸ ਨੂੰ ਗਲਤ ਦੱਸ ਕੇ ਰੱਦ ਕਰ ਰਹੇ ਹਨ।

ਇਤਿਹਾਸ ਪੜ੍ਹਾਉਣ ਦੇ 'ਹਿੰਦੂਤਵੀ ਰੂਪਾਂਤਰ', ਜਿਹੜਾ ਆਰੀਅਨ ਨਸਲ ਦੀ ਸਰਬਉੱਚਤਾ ਤੇ ਦੋ-ਰਾਸ਼ਟਰਾਂ ਦੇ ਸਿਧਾਂਤ ਦੀ ਵਕਾਲਤ ਕਰਦਾ ਹੈ, ਬਾਰੇ ਬੋਲਦਿਆਂ ਥਾਪਰ ਨੇ ਕਿਹਾ ਕਿ ਇਹ ਦਲੀਲ ਦਿੱਤੀ ਜਾ ਰਹੀ ਹੈ ਕਿ ਭਾਰਤ ਦਾ ਭਵਿੱਖ ਹਿੰਦੂ ਰਾਜ ਵਿੱਚ ਨਿਹਿਤ ਹੈ। ਉਨ੍ਹਾ ਪੁੱਛਿਆ ਕਿ ਕੀ ਭਾਰਤ ਵਰਗੇ ਬਹੁਲਵਾਦੀ ਸਮਾਜ ਨੂੰ ਇੱਕ ਸਾਂਝੀ ਵਿਰਾਸਤ ਵਿੱਚ ਨੂੜਿਆ ਜਾ ਸਕਦਾ ਹੈ? ਇਕਹਿਰਾ ਬਹੁਗਿਣਤੀਵਾਦ ਜਮਹੂਰੀਅਤ ਵਿਰੋਧੀ ਹੈ ਅਤੇ ਇਹ ਜਾਤਵਾਦੀ ਪ੍ਰਥਾ ਦਾ ਹਾਮੀ ਹੈ। ਉਨ੍ਹਾ ਕਿਹਾ ਕਿ ਵਰਤਮਾਨ ਹਾਲਾਤ ਇਹ ਸੋਚਣ ਲਈ

• ਬਾਕੀ ਸਫਾ 2 'ਤੇ

18-SEP-PAGE-1.qxd 9/17/2025 10:52 PM Page 2



# ਸੜਕ ਹਾਦਸੇ 'ਚ ਦੋ ਨੌਜਵਾਨਾਂ ਦੀ ਮੌਤ, ਭੱਠਾ ਮਾਲਕ ਤੇ ਟਰੈਕਟਰ ਚਾਲਕ ਖ਼ਿਲਾਫ਼ ਮੁਕੱਦਮਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)** ਬਰਨਾਲਾ-ਲੁਧਿਆਣਾ ਮੁੱਖ ਮਾਰਗ 'ਤੇ ਪਿੰਡ ਨਿਹਾਲੂਵਾਲ ਦੇ ਨੇੜੇ ਪਿਛਲੇ ਦਿਨੀਂ ਹੋਏ ਸੜਕ ਹਾਦਸੇ ਵਿੱਚ ਮਾਰੇ ਗਏ ਦੋ ਨੌਜਵਾਨਾਂ ਦੀ ਮੌਤ ਦੇ ਮਾਮਲੇ 'ਚ ਪੁਲਸ ਨੇ ਭੱਠਾ ਮਾਲਕ ਤੇ ਟਰੈਕਟਰ ਚਾਲਕ ਖ਼ਿਲਾਫ਼ ਮੁਕੱਦਮਾ ਦਰਜ ਕਰ ਦਿੱਤਾ ਹੈ। ਇਹ ਹਾਦਸਾ ਸ਼ਨੀਵਾਰ ਤੇ ਐਤਵਾਰ ਦੀ ਦਰਮਿਆਨੀ ਰਾਤ ਵਾਪਰਿਆ, ਜਦੋਂ ਛਪਾਰ ਦੇ ਮੇਲੇ ਤੋਂ ਵਾਪਸ ਆ ਰਹੇ ਨੌਜਵਾਨਾਂ ਦੀ ਗੱਡੀ ਇੱਟਾਂ ਨਾਲ ਭਰੀ ਟਰੈਕਟਰ ਟਰਾਲੀ ਨਾਲ ਟਕਰਾ ਗਈ।ਇਸ ਵਿੱਚ ਮਹਿਲ ਕਲਾਂ ਦੇ ਲਖਵਿੰਦਰ ਸਿੰਘ ਤੇ ਦਿਨੇਸ਼ ਕੁਮਾਰ ਦੀ ਮੌਤ ਹੋ ਗਈ, ਜਦੋਂਕਿ ਇੱਕ ਹੋਰ ਨੌਜਵਾਨ ਗੌਰਵ ਸਿੰਗਲਾ ਗੰਭੀਰ ਜ਼ਖਮੀ ਹੋ ਗਿਆ। ਦੁਰਘਟਨਾ ਤੋਂ ਬਾਅਦ ਪਰਵਾਰਕ ਮੈਂਬਰਾਂ ਨੇ ਪੁਲਸ ਦੀ ਮੁੱਢਲੀ ਕਾਰਵਾਈ ਨਾਲ ਅਸੰਤੁਸ਼ਟੀ ਪ੍ਰਗਟਾਈ ਤੇ ਜਨਤਕ ਜਥੇਬੰਦੀਆਂ ਨੂੰ ਨਾਲ ਜੋੜ ਕੇ ਮੰਗਲਵਾਰ ਸਵੇਰੇ ਬੱਸ ਸਟੈਂਡ ਚੌਕ ਵਿੱਚ ਧਰਨਾ ਦੇ ਕੇ ਟ੍ਰੈਫ਼ਿਕ ਜਾਮ ਕਰ ਦਿੱਤਾ। ਪੀੜਤ ਪਰਵਾਰਾਂ ਨੇ ਮੰਗ ਕੀਤੀ ਕਿ ਕੇਵਲ ਟਰੈਕਟਰ ਚਾਲਕ ਹੀ ਨਹੀਂ, ਸਗੋਂ ਭੱਠਾ ਮਾਲਕ ਵਿਰੁੱਧ ਵੀ ਕਾਰਵਾਈ ਕੀਤੀ ਜਾਵੇ।ਐਸਐਚਓ ਸਰਬਜੀਤ ਸਿੰਘ ਨੇ ਲੋਕਾਂ ਨੂੰ ਵਿਸ਼ਵਾਸ ਦਵਾਇਆ ਕਿ ਬਣਦੀ ਕਾਰਵਾਈ ਜ਼ਰੂਰ ਹੋਵੇਗੀ, ਜਿਸ ਤੋਂ ਬਾਅਦ ਟ੍ਰੈਫ਼ਿਕ ਜਾਮ ਖੋਲ੍ਹ ਦਿੱਤਾ ਗਿਆ।ਉਨ੍ਹਾਂ ਦੱਸਿਆ ਕਿ ਜ਼ਖ਼ਮੀ ਗੌਰਵ ਸਿੰਗਲਾ ਦੇ ਬਿਆਨਾਂ ਦੇ ਆਧਾਰ 'ਤੇ ਟਰੈਕਟਰ ਚਾਲਕ ਸੋਹਣ ਕੁਮਾਰ ਰਿਸ਼ੀ ਵਾਸੀ ਬੇਗਮਪੁਰਾ, ਜ਼ਿਲ੍ਹਾ ਪੂਰਨੀਆ (ਬਿਹਾਰ) ਹਾਲ ਮੁਕਾਮ ਬੀਬੀਕੇ ਭੱਠਾ ਹਮੀਦੀ ਤੇ ਭੱਠਾ ਮਾਲਕ ਪ੍ਰਵੀਨ ਕੁਮਾਰ ਪੁੱਤਰ ਚਮਨ ਲਾਲ ਵਾਸੀ ਬਰਨਾਲਾ ਵਿਰੁੱਧ ਧਾਰਾਵਾਂ 281, 106 (1), 324(4), 125 (ਏ), 125 (ਬੀ), 341 (3) (4) ਭਾਰਤੀ ਨਿਆਂ ਸੰਹਿਤਾ ਤੇ ਭਾਰਤੀ ਵਾਹਨ ਕਾਨੂੰਨ ਅਧੀਨ ਮੁਕੱਦਮਾ ਦਰਜ ਕਰ ਲਿਆ ਗਿਆ ਹੈ।ਉਧਰ ਭੱਠਾ ਮਾਲਕ ਪ੍ਰਵੀਨ ਕੁਮਾਰ ਨੇ ਕਿਹਾ ਕਿ ਇਸ ਹਾਦਸੇ ਵਿੱਚ ਦੋ ਨੌਜਵਾਨਾਂ ਦੀ ਜਾਨ ਜਾਣਾ ਦੁਖਦਾਈ ਹੈ, ਪਰ ਇਸ ਵਿੱਚ ਉਨ੍ਹਾਂ ਦਾ ਕੋਈ ਕਸੂਰ ਨਹੀਂ, ਕਿਉਂਕਿ ਟਰਾਲੀ ਦੇ ਪਿੱਛੋਂ ਆ ਰਹੀ ਗੱਡੀ ਨੇ ਟੱਕਰ ਮਾਰੀ ਸੀ।



# ਥਾਣਾ ਮੁਖੀ ਵੱਲੋਂ ਕੈਮਿਸਟ ਐਸੋਸੀਏਸ਼ਨ ਨਾਲ ਅਹਿਮ ਮੀਟਿੰਗ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ, ਬਲਵਿੰਦਰ ਵਜੀਦਕੇ)** ਨਵੇਂ ਆਏ ਐੱਸ.ਐੱਚ.ਓ. ਸਰਬਜੀਤ ਸਿੰਘ ਵੱਲੋਂ ਕੈਮਿਸਟ ਐਸੋਸੀਏਸ਼ਨ ਨਾਲ ਅਹਿਮ ਮੀਟਿੰਗ ਕੀਤੀ ਗਈ।ਐਸ.ਐਚ.ਓ. ਸਰਬਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਲਾਕੇ ਅੰਦਰ ਕਿਸੇ ਵੀ ਕਿਸਮ ਦੇ ਨਸ਼ੇ ਨੂੰ ਪੈਰ ਨਹੀਂ ਪਸਾਰਨ ਦਿੱਤਾ ਜਾਵੇਗਾ।ਉਨ੍ਹਾਂ ਕੈਮਿਸਟ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਨੂੰ ਸਹਿਯੋਗ ਦੀ ਅਪੀਲ ਕਰਦਿਆਂ ਕਿਹਾ ਕਿ ਤੁਹਾਡੇ ਆਲੇ-ਦੁਆਲੇ ਕੋਈ ਵਿਅਕਤੀ ਨਸ਼ੇ ਵੇਚਦਾ ਜਾਂ ਕਿਸੇ ਹੋਰ ਸਮਾਜ ਵਿਰੋਧੀ ਗਤੀਵਿਧੀ 'ਚ ਸ਼ਾਮਲ ਹੈ, ਤਾਂ ਉਸ ਸਬੰਧੀ ਤੁਰੰਤ ਉਨ੍ਹਾਂ ਨੂੰ ਸੰਪਰਕ ਕੀਤਾ ਜਾਵੇ। ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਲਾਜਪਤ ਰਾਏ ਬਾਂਸਲ ਨੇ ਕਿਹਾ ਕਿ ਸਮੂਹ ਕੈਮਿਸਟ ਪੰਜਾਬ ਸਰਕਾਰ ਤੇ ਮਹਿਕਮੇ ਵਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪੂਰੀ ਤਰ੍ਹਾ ਨਾਲ ਪਾਲਣਾ ਕਰਦੇ ਆ ਰਹੇ ਹਨ।ਐਸੋਸੀਏਸ਼ਨ ਵੱਲੋਂ ਸਮੂਹ ਕੈਮਿਸਟਾਂ ਨੂੰ ਸਾਫ਼ ਸੁਥਰਾ ਕੰਮ ਕਰਨ ਸਬੰਧੀ ਸਮੇਂ-ਸਮੇਂ ਨਿਰਦੇਸ਼ ਜਾਰੀ ਕੀਤੀ ਜਾਂਦੇ ਹਨ।

# ਮਲੂਕਾ ਤੇ ਮਨਤਾਰ ਬਰਾੜ ਨੇ ਹੜ੍ਹ ਪੀੜਤ ਖੇਤਰ ਦਾ ਦੌਰਾ ਕੀਤਾ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹੜ੍ਹਾਂ ਦੀ ਮਾਰ ਹੇਠ ਆਏ ਪਿੰਡਾਂ 'ਚ ਲੋਕਾਂ ਦੇ ਮੁੜ ਵਸੇਬੇ ਲਈ ਵੱਧ ਤੋਂ ਵੱਧ ਮੱਦਦ ਕਰਨ ਦਾ ਐਲਾਨ ਕੀਤਾ ਹੈ।ਪਾਰਟੀ ਪ੍ਰਧਾਨ ਵੱਲੋਂ ਸੀਨੀਅਰ ਆਗੂਆਂ ਦੀ ਅਗਵਾਈ 'ਚ ਕਮੇਟੀਆਂ ਬਣਾਈਆਂ ਗਈਆਂ ਹਨ।ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਤੇ ਸਾਬਕਾ ਵਿਧਾਇਕ ਮਨਤਾਰ ਸਿੰਘ ਬਰਾੜ ਦੀ ਅਗਵਾਈ 'ਚ ਬਣਾਈ ਕਮੇਟੀ ਨੇ ਜ਼ਿਲ੍ਹਾ ਤਰਨਤਾਰਨ ਦੇ ਹਲਕਾ ਖਡੂਰ ਸਾਹਿਬ ਖੇਮਕਰਨ ਤੇ ਪੱਟੀ ਹਲਕੇ ਦੇ ਪਿੰਡਾਂ ਦਾ ਦੌਰਾ ਕੀਤਾ। ਮਲੂਕਾ ਨੇ ਕਿਹਾ ਕਿ ਪੰਜਾਬ ਦੇ ਮਾਝੇ ਤੇ ਦੁਆਬਾ ਖੇਤਰ 'ਚ ਹੜ੍ਹਾਂ ਨਾਲ ਭਾਰੀ ਨੁਕਸਾਨ ਹੋਇਆ ਹੈ।ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਲਗਾਤਾਰ ਹੜ੍ਹ ਪ੍ਰਭਾਵਤ ਪਿੰਡਾਂ ਦਾ ਦੌਰਾ ਕੀਤਾ ਤੇ ਮੌਕੇ 'ਤੇ ਲੱਖਾਂ ਰੁਪਏ ਨਕਦ ਤੇ ਡੀਜ਼ਲ ਤੋਂ ਇਲਾਵਾ ਲੋਕਾਂ ਦੀ ਮੰਗ ਅਨੁਸਾਰ ਹਰ ਤਰ੍ਹਾਂ ਦੀ ਮੱਦਦ ਕੀਤੀ। ਹੜ੍ਹਾਂ ਤੋਂ ਬਾਅਦ ਪਾਣੀ ਉਤਰਨ ਤੋਂ ਬਾਅਦ ਖੇਤਾਂ ਨੂੰ ਮੁੜ ਵਾਹੀ ਯੋਗ ਬਣਾਉਣਾ, ਘਰਾਂ ਦੀ ਮੁਰੰਮਤ ਜਾਂ ਮੁੜ ਉਸਾਰੀ ਤੋਂ ਇਲਾਵਾ ਪਸ਼ੂਆਂ ਲਈ ਚਾਰੇ ਦਾ ਪ੍ਰਬੰਧ ਕਰਨਾ ਵੱਡੀ ਚੁਣੌਤੀ ਹੁੰਦੀ ਹੈ, ਇਸ ਤੋਂ ਇਲਾਵਾ ਖੇਤਰ 'ਚ ਬਿਮਾਰੀਆਂ ਫੈਲਣ ਦਾ ਵੀ ਖਦਸ਼ਾ ਬਣਿਆ ਹੋਇਆ ਹੈ। ਅਕਾਲੀ ਦਲ ਵੱਲੋਂ ਇਨ੍ਹਾਂ ਮੁਸ਼ਕਲਾਂ ਨਾਲ ਨਜਿੱਠਣ ਲਈ ਲੋਕਾਂ ਦੀ ਹਰ



ਤਰ੍ਹਾਂ ਨਾਲ ਮੱਦਦ ਕਰਨ ਲਈ ਹੀ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ ਹੈ।ਇਨ੍ਹਾਂ ਪਿੰਡਾਂ 'ਚ ਪੰਚਾਇਤ ਤੇ ਨੌਜਵਾਨ ਵਰਗ ਤੇ ਅਕਾਲੀ ਵਰਕਰਾਂ ਨਾਲ ਮਿਲ ਕੇ ਹਰ ਪਿੰਡ 'ਚ ਹੋਏ ਨੁਕਸਾਨ ਦਾ ਆਕਲਣ ਕੀਤਾ ਜਾ ਰਿਹਾ ਹੈ। ਸਾਰੇ ਅੰਕੜੇ ਸਾਹਮਣੇ ਆਉਣ ਤੋਂ ਬਾਅਦ ਹਰ ਇੱਕ ਹੜ੍ਹ ਪੀੜਤ ਦੀ ਮੱਦਦ ਕੀਤੀ ਜਾਵੇਗੀ।ਅਕਾਲੀ ਦਲ ਨੇ ਲੱਖਾਂ ਟਨ ਚਾਰਾ, ਬੀਜ, ਰਾਸ਼ਨ, ਫੋਗਿੰਗ ਮਸ਼ੀਨਾਂ ਦਾ ਅਗਾਊਂ ਇੰਤਜ਼ਾਮ ਕਰ ਲਿਆ ਹੈ।ਖੇਤਾਂ ਨੂੰ ਵਾਹੀ ਯੋਗ ਬਣਾਉਣ ਲਈ ਅਕਾਲੀ ਦਲ ਦੇ ਵਰਕਰ ਆਪਣੇ ਨਿੱਜੀ ਟਰੈਕਟਰਾਂ ਅਤੇ ਡੀਜਲ ਦਾ ਇਸਤੇਮਾਲ ਕਰਨਗੇ। ਅਕਾਲੀ ਦਲ ਹਰ ਇੱਕ ਮੱਦਦ ਲਈ ਜ਼ਮੀਨੀ ਪੱਧਰ 'ਤੇ ਘਰ-ਘਰ ਤੱਕ ਪਹੁੰਚ ਕਰੇਗਾ।

# ਡਾ. ਮੱਟੂ ਨੇ ਸਿਊਨਾ ਦੇ ਲੋਕਾਂ ਦੀਆਂ ਦੁੱਖ-ਤਕਲੀਫਾਂ ਸੁਣੀਆਂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਸ਼ੁਤਰਾਣਾ ਦੇ ਪਿੰਡ-ਪਿੰਡ ਜਾ ਕੇ ਲੋਕਾਂ ਦੀਆਂ ਦੁੱਖ ਤਕਲੀਫ਼ਾਂ ਦੀ ਨਿਸ਼ਾਨਦੇਹੀ ਕਰਨ ਲਈ ਸ਼ੁਰੂ ਕੀਤੀ ਗਈ ਮੁਹਿੰਮ ਨੂੰ ਅੱਗੇ ਵਧਾਉਂਦਿਆਂ ਡਾ. ਜਤਿੰਦਰ ਸਿੰਘ ਮੱਟੂ ਨੇ ਪਿੰਡ ਸਿਊਨਾ ਵਿਖੇ ਬੇਰੁਜ਼ਗਾਰ ਨੌਜਵਾਨਾਂ ਅਤੇ ਆਮ ਲੋਕਾਂ ਦੀਆਂ ਦੁੱਖ ਤਕਲੀਫ਼ਾਂ ਸੁਣੀਆਂ। ਡਾ. ਮੱਟੂ ਨੇ ਕਿਹਾ ਕਿ ਹੜ੍ਹਾਂ ਨੇ ਪੰਜਾਬ ਦੇ ਮਾਝੇ, ਦੁਆਬੇ ਤੇ ਮਾਲਵੇ ਦੇ ਕੁਝ ਖੇਤਰ ਦਾ ਬਹੁਤ ਭਾਰੀ ਨੁਕਸਾਨ ਕੀਤਾ ਹੈ, ਜਿਸ ਕਾਰਨ ਕਿਸਾਨਾਂ ਦੀ ਲੱਖਾਂ ਏਕੜ ਫਸਲ ਤਬਾਹ ਹੋ ਗਈ, ਮਜ਼ਦੂਰਾਂ ਦੀ ਕਿਰਤ ਖਤਮ ਹੋ ਗਈ, ਲੋਕਾਂ ਦੇ ਮਕਾਨ ਮਲੀਆਮੇਟ ਹੋ ਗਏ।ਉਨ੍ਹਾਂ ਕਿਹਾ ਕਿ ਹਲਕਾ ਸ਼ੁਤਰਾਣਾ 'ਚ ਲੋਕਾਂ ਦੀ ਹਿੰਮਤ, ਆਪਸੀ ਸਾਂਝ ਤੇ ਚੌਕਸੀ ਨੇ ਇਲਾਕੇ ਦੇ ਦਰਜਨਾਂ ਪਿੰਡਾਂ ਨੂੰ ਤਬਾਹੀ ਤੋਂ ਬਚਾਇਆ ਹੈ।ਹਲਕੇ ਦੇ ਹਰਚੰਦਪੁਰਾ, ਤੇਈਪੁਰ, ਬਾਦਸ਼ਾਹਪੁਰ ਆਦਿ ਥਾਂਵਾਂ 'ਤੇ ਇਲਾਕੇ ਦੇ ਲੋਕਾਂ ਦੀ ਹਿੰਮਤ ਨੇ ਠਾਠਾਂ ਮਾਰਦੇ ਘੱਗਰ ਦੇ ਪਾਣੀ ਨੂੰ ਆਲੇ-ਦੁਆਲੇ ਫੈਲਣ ਤੋਂ ਰੋਕ ਲਿਆ। ਉਨ੍ਹਾਂ ਕਿਹਾ ਕਿ ਦਹਾਕਿਆਂ ਤੋਂ ਹਲਕਾ ਸ਼ੁਤਰਾਣਾ ਦੇ ਲੋਕ ਘੱਗਰ ਦੇ ਖੌਫ ਹੇਠ ਜੀਅ ਰਹੇ ਹਨ।ਪੰਜਾਬ ਦੀ ਬਦਲਾਅ ਵਾਲੀ ਸਰਕਾਰ ਜੇਕਰ ਸਮਾਂ ਰਹਿੰਦੇ ਘੱਗਰ ਦੇ ਬੰਨ੍ਹਾਂ ਨੂੰ ਮਜਬੂਤ ਕਰਦੀ ਤਾਂ ਲੋਕਾਂ ਵਿੱਚ ਘੱਗਰ ਨੂੰ ਲੈ ਕੇ ਏਨਾ ਖੌਫ ਨਾ ਬਣਦਾ।ਉਨ੍ਹਾਂ ਕਿਹਾ ਕਿ ਬਦਲਾਅ ਵਾਲੀ ਸਰਕਾਰ ਨੇ ਘੱਗਰ ਦੇ ਬੰਨ੍ਹਾਂ ਨੂੰ ਮਜਬੂਤ ਕਰਨ ਲਈ ਕੋਈ ਚਾਰਾਜੋਈ ਨਹੀਂ ਕੀਤੀ, ਜਿਸ ਕਾਰਨ ਘੱਗਰ ਵਿੱਚ ਨਾਜ਼ੁਕ ਥਾਂਵਾਂ 'ਤੇ ਆਮ ਲੋਕਾਂ ਨੂੰ ਮੋਰਚਾ ਸੰਭਾਲਣਾ ਪਿਆ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਹਲਕਾ ਸ਼ੁਤਰਾਣਾ 'ਚੋਂ ਲੰਘਦੇ ਘੱਗਰ ਦੇ ਬੰਨ੍ਹ ਮਜਬੂਤ ਕਰਕੇ ਦਹਾਕਿਆਂ ਤੋਂ ਘੱਗਰ ਦੇ ਖੌਫ ਵਿੱਚ ਜੀਅ ਰਹੇ ਲੋਕਾਂ ਨੂੰ ਇਸ ਖੌਫ਼ ਤੇ ਸੰਕਟ ਤੋਂ ਨਿਜ਼ਾਤ ਦਿਵਾਈ ਜਾਵੇ।

# ਬਾਦਲ ਦੀ ਵੀਡੀਓ ਨਾਲ ਛੇੜਛਾੜ, ਜ਼ਿਲ੍ਹਾ ਪ੍ਰਧਾਨ ਨੇ ਐਸ ਐਸ ਪੀ ਨੂੰ ਦਿੱਤਾ ਸ਼ਿਕਾਇਤ ਪੱਤਰ

**ਮੋਗਾ (ਇਕਬਾਲ ਸਿੰਘ ਖਹਿਰਾ)** ਪੰਜਾਬ ਵਿੱਚ ਇੱਕ ਪਾਸੇ ਲੋਕ ਹੜ੍ਹਾਂ ਦੀ ਮਾਰ ਹੇਠ ਆਪਣਾ ਸਮਾਜਿਕ ਅਤੇ ਆਰਥਿਕ ਨੁਕਸਾਨ ਝੱਲ ਰਹੇ ਹਨ, ਦੂਜੇ ਪਾਸੇ ਕਈ ਦਲ ਅਤੇ ਸੋਸ਼ਲ ਮੀਡੀਆ ਵਾਲੇ ਸੁਖਬੀਰ ਸਿੰਘ ਬਾਦਲ ਵਿਰੁੱਧ ਝੂਠਾ ਪ੍ਰਚਾਰ ਕਰਨ ਨੂੰ ਹੀ ਆਪਣਾ ਫਰਜ਼ ਸਮਝ ਰਹੇ ਹਨ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਹੜ੍ਹ ਪੀੜਤਾਂ ਦੀ ਲਗਾਤਾਰ ਆਪਣੇ ਕੋਲੋਂ ਖਰਚ ਕਰਕੇ ਹਰ ਸੰਭਵ ਮਦਦ ਕਰ ਰਹੇ ਹਨ। ਪਿਛਲੇ ਕਈ ਦਿਨਾਂ ਤੋਂ ਘਰ ਬਾਰ ਛੱਡ ਕੇ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੀ ਦਿਲ ਖੋਲ੍ਹ ਕੇ ਮਦਦ ਕਰ ਰਹੇ ਹਨ। ਜਿਸ ਵਿੱਚ ਉਨ੍ਹਾਂ ਨੇ ਕਰੋੜਾਂ ਰੁਪਏ ਖਰਚ ਕਰ ਦਿੱਤੇ ਹਨ। ਇਸ ਮੌਕੇ ਦੂਜੀਆਂ ਪਾਰਟੀਆਂ ਇਸ ਦੁੱਖ ਦੀ ਘੜੀ ਵਿੱਚ ਪੀੜਤਾਂ ਦੀ ਮਦਦ ਕਰਨ ਦੀ ਬਜਾਏ ਸੁਖਬੀਰ ਸਿੰਘ ਬਾਦਲ ਦੇ ਵਿਰੁੱਧ ਵੀਡੀਓ ਪਾਉਣ ਵਿੱਚ ਤੇ ਪ੍ਰਚਾਰ ਕਰਨ ਵਿੱਚ ਲੱਗੀਆਂ ਹੋਈਆਂ ਹਨ। ਜੋ ਨੈਤਿਕ ਦੇ ਆਧਾਰ ਤੇ ਗਲਤ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਨਿਹਾਲ ਸਿੰਘ ਨੇ ਕਿਹਾ ਕਿ ਪਿਛਲੇ ਦਿਨੀ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਅਤੇ ਫਰੀਦਕੋਟ ਲੋਕ ਸਭਾ ਦੇ ਓਬਜ਼ਰਵਰ ਰਾਜਵਿੰਦਰ ਸਿੰਘ ਧਰਮਕੋਟ ਨੇ ਸੋਸ਼ਲ ਮੀਡੀਆ 'ਤੇ ਗਿਆਨੀ ਹਰਪ੍ਰੀਤ ਸਿੰਘ ਨਵੇਂ ਮੁੜ ਸੁਰਜੀਤ ਅਕਾਲੀ ਦਲ ਦੇ ਪ੍ਰਧਾਨ ਵੱਲੋਂ ਸੁਖਬੀਰ ਸਿੰਘ ਬਾਦਲ ਵਿਰੁੱਧ ਤੇ ਝੂਠੇ ਅਤੇ ਗੈਰ ਮਿਆਰੀ ਬਿਆਨ ਦੀ ਇੱਕ ਵੀਡੀਓ ਪਾਈ ਸੀ। ਪਰ ਕੁਝ ਸ਼ਰਾਰਤੀ ਅਨਸਰਾਂ ਨੇ ਪੰਥਕ ਭਗੌੜੇ ਨਾਂ ਦੇ ਪੇਜ 'ਤੇ ਉਨ੍ਹਾਂ ਦੇ ਵੀਡੀਓ ਨੂੰ ਛੇੜਛਾੜ ਕਰਕੇ ਪਾਇਆ ਗਿਆ ਹੈ ਤੇ ਸਮਾਜ ਵਿਚ ਪਾਰਟੀ ਪ੍ਰਧਾਨ ਦੇ ਅਕਸ ਅਤੇ ਪਾਰਟੀ ਦੇ ਅਕਸ ਨੂੰ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਗਈ। ਜਿਸ ਨੂੰ ਬਰਦਾਸ਼ਤ ਨਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਦੀ ਅਗਵਾਈ ਹੇਠ ਅਬਜ਼ਰਵਰ ਰਾਜਵਿੰਦਰ ਸਿੰਘ ਧਰਮਕੋਟ, ਯੂਥ ਪ੍ਰਧਾਨ ਹਰਜੋਤ ਸਿੰਘ ਡੇਮਰੂ , ਸ਼ਹਿਰੀ ਪ੍ਰਧਾਨ ਯੂਥ ਵਿੰਗ ਸੁਖ ਗਿੱਲ, ਪਵਿੱਤਰ ਸਿੰਘ ਯੂਥ ਆਗੂ ਸੁਖਾਨੰਦ, ਖੁਸ਼ਹਾਲ ਸਿੰਘ, ਇੰਦਰਜੀਤ ਸਿੰਘ ਆਦਿ ਆਗੂਆਂ ਨੇ ਐਸ.ਐਸ.ਪੀ ਅਜੇ ਗਾਂਧੀ ਨੂੰ ਲਿਖਤੀ ਰੂਪ ਵਿੱਚ ਸ਼ਿਕਾਇਤ ਦਿੱਤੀ । ਐਸ.ਐਸ.ਪੀ ਅਜੇ ਗਾਂਧੀ ਨੇ ਭਰੋਸਾ ਦਵਾਇਆ ਕਿ ਉਹ ਸ਼ਰਾਰਤੀ ਅਨਸਰਾਂ ਵੱਲੋਂ ਸਮਾਜ ਵਿੱਚ ਗੜਬੜ ਕਰਨ ਦੀ ਬਿਲਕੁਲ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਵਿਸ਼ਵਾਸ ਦਵਾਇਆ ਕਿ ਉਹ ਜਲਦ ਇਸ ਸ਼ਿਕਾਇਤ ਦੀ ਡੀ.ਐਸ.ਪੀ ਰਿੰਕ ਦੇ ਇਮਾਨਦਾਰ ਅਫਸਰ ਤੋਂ ਇਨਕੁਆਇਰੀ ਕਰਵਾਉਣਗੇ ਅਤੇ ਸ਼ਰਾਰਤੀ ਅਨਸਰਾਂ ਵਿਰੁੱਧ ਕਾਰਵਾਈ ਕਰਨਗੇ।



# ਯੂਨੀਵਰਸਿਟੀ ਕਾਲਜ ਬੇਨੜਾ 'ਚ ਈ ਕਲਾਸ-ਰੂਮ ਦੀ ਸਥਾਪਨਾ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)** ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਵਰਧਮਾਨ ਸਪੈਸ਼ਲ ਸਟੀਲ ਲਿਮਟਿਡ ਲੁਧਿਆਣਾ ਵੱਲੋਂ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀ.ਐੱਸ.ਆਰ) ਗ੍ਰਾਂਟ ਵਿੱਚੋਂ ਦਿੱਤੇ ਕੰਪਿਊਟਰਾਂ ਨਾਲ ਸਥਾਪਤ ਈ ਕਲਾਸ-ਰੂਮ ਦਾ ਰਸਮੀ ਉਦਘਾਟਨ ਕੀਤਾ ਗਿਆ।ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਨੇ ਉਦਘਾਟਨੀ ਸਮਾਰੋਹ ਦੇ ਮੁੱਖ ਮਹਿਮਾਨ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੰਗਰੂਰ ਸੁਖਚੈਨ ਸਿੰਘ ਤੇ ਵਰਧਮਾਨ ਕੰਪਨੀ ਦੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਗ੍ਰਾਂਟ ਦੇ ਮੁੱਖ ਮੈਨੇਜਰ ਅਮਿੱਤ ਧਾਵਨ ਦਾ ਸਵਾਗਤ ਕੀਤਾ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੇ ਈ ਕਲਾਸ-ਰੂਮ ਦਾ ਰਸਮੀ ਉਦਘਾਟਨ ਕਰਨ ਉਪਰੰਤ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਕਿਹਾ ਕਿ ਵਿਦਿਆਰਥੀ ਪੜ੍ਹਾਈ ਲਗਨ ਨਾਲ ਕਰਨ ਤੇ ਅਸੀਂ ਕਾਲਜ ਦੇ ਵਿਕਾਸ ਤੇ ਵਿਦਿਆਰਥੀ ਲੋੜਾਂ ਦੀ ਪੂਰਤੀ ਲਈ ਯਤਨ ਕਰਦੇ ਰਹਾਂਗੇ। ਕਾਲਜ ਪ੍ਰਿੰਸੀਪਲ ਨੇ ਕਿਹਾ ਕਿ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੰਗਰੂਰ ਦੇ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ 10 ਕੰਪਿਊਟਰ ਮਿਲਣ ਨਾਲ ਵਿਦਿਆਰਥੀਆਂ ਦੀਆਂ ਲੋੜਾਂ ਦੀ ਪੂਰਤੀ ਹੋਣ ਦੇ ਨਾਲ ਨਾਲ ਉਹ ਕੰਪਿਊਟਰ ਦੇ ਪ੍ਰੈਕਟੀਕਲ ਕੰਮਾਂ ਤੋਂ ਜਾਣੂ ਹੋਣ ਦੇ ਵਧੇਰੇ ਸਮਰੱਥ ਹੋਣਗੇ।



# ਬਾਬਾ ਫ਼ਰੀਦ ਵਿੱਦਿਅਕ ਤੇ ਧਾਰਮਿਕ ਸੁਸਾਇਟੀਆਂ ਵੱਲੋਂ ਮੁੱਖ ਮੰਤਰੀ ਰਾਹਤ ਯੋਜਨਾ 'ਚ 51 ਲੱਖ ਦਾ ਯੋਗਦਾਨ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)** ਟਿੱਲਾ ਬਾਬਾ ਫ਼ਰੀਦ ਰਿਲੀਜ਼ੀਅਸ ਤੇ ਚੈਰੀਟੇਬਲ ਸੁਸਾਇਟੀ (ਰਜਿ.) ਤੇ ਗੁਰਦੁਆਰਾ ਗੋਦੜੀ ਸਾਹਿਬ ਬਾਬਾ ਫ਼ਰੀਦ ਸੁਸਾਇਟੀ ਵੱਲੋਂ ਬਾਬਾ ਫਰੀਦ ਆਗਮਨ ਪੁਰਬ ਮੌਕੇ ਮੁੱਖ ਮੰਤਰੀ ਰਾਹਤ ਕੋਸ਼ ਯੋਜਨਾ ਲਈ 51 ਲੱਖ ਦੀ ਰਾਸ਼ੀ ਨਾਲ ਆਪਣਾ ਪੂਰਾ ਸਹਿਯੋਗ ਦਿੱਤਾ ਗਿਆ। ਸਹਾਨਭੂਤੀ, ਸੇਵਾ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੇ ਸਿਧਾਂਤਾਂ 'ਤੇ ਚੱਲਦਿਆਂ ਸੰਸਥਾ ਵੱਲੋਂ ਇਸ ਪੁੰਨ ਦੇ ਕੰਮ ਲਈ ਉਚਿਤ ਯੋਗਦਾਨ ਦਿੱਤਾ ਗਿਆ ਹੈ ਤੇ 2 ਲੱਖ ਦੀ ਰਾਸ਼ੀ ਫਰੀਦਕੋਟ ਦੇ ਡੀ.ਸੀ. ਸ਼੍ਰੀਮਤੀ ਪੂਨਮਦੀਪ ਕੌਰ, ਆਈ.ਏ.ਐੱਸ ਨੂੰ ਰੈੱਡ ਕਰਾਸ ਸੁਸਾਇਟੀ ਲਈ ਦਿੱਤੀ ਗਈ ਹੈ। ਇਹ ਯੋਗਦਾਨ ਇਸ ਗੱਲ ਦਾ ਪ੍ਰਤੀਕ ਹੈ ਕਿ ਬਾਬਾ ਫ਼ਰੀਦ ਵਿੱਦਿਅਕ ਅਤੇ ਧਾਰਮਿਕ ਸੁਸਾਇਟੀਆਂ ਹਮੇਸ਼ਾਂ ਹੀ ਗਰੀਬਾਂ, ਪੀੜਤਾਂ ਤੇ ਲੋੜਵੰਦਾਂ ਦੇ ਨਾਲ ਖੜ੍ਹੀਆਂ ਹਨ।ਇਹ ਸੰਸਥਾਵਾਂ ਨਿਸ਼ਕਾਮ ਸੇਵਾ, ਮਨੁੱਖਤਾ ਦੀ ਭਲਾਈ ਅਤੇ ਚੰਗੇ ਕੰਮਾਂ ਰਾਹੀਂ ਪਰਮਾਤਮਾ ਦੀ ਸੇਵਾ ਨੂੰ ਅੱਗੇ ਵਧਾਉਣ ਲਈ ਵਚਨਬੱਧ ਹਨ।



# ਪੌਦਿਆਂ ਦੀ ਮਹੱਤਤਾ ਬਾਰੇ ਬੱਚਿਆਂ ਨੂੰ ਦਿੱਤੀ ਸਿੱਖਿਆ



**ਅਜੀਤਵਾਲ (ਨਛੱਤਰ ਸੰਧੂ)** ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਇੱਕ ਖਾਸ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਬੱਚਿਆਂ ਨੂੰ ਪੌਦਿਆਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ।ਅਧਿਆਪਕਾਂ ਨੇ ਬੱਚਿਆਂ ਨੂੰ ਸਮਝਾਇਆ ਕਿ ਪੌਦੇ ਸਾਡੀ ਧਰਤੀ ਦੇ ਜੀਵਨ ਦਾਤਾ ਹਨ, ਕਿਉਂਕਿ ਇਹ ਸਾਨੂੰ ਸਾਹ ਲੈਣ ਲਈ ਆਕਸੀਜਨ ਦਿੰਦੇ ਹਨ।ਜੇ ਪੌਦੇ ਨਾ ਹੋਣ ਤਾਂ ਇਨਸਾਨ, ਜਾਨਵਰ ਤੇ ਧਰਤੀ ਉੱਤੇ ਜੀਵਨ ਹੀ ਸੰਭਵ ਨਹੀਂ ਰਹੇਗਾ। ਸਮਾਗਮ ਦੌਰਾਨ ਇਹ ਵੀ ਸਮਝਾਇਆ ਗਿਆ ਕਿ ਪੌਦੇ ਪ੍ਰਕਿਰਤੀ ਦਾ ਸੰਤੁਲਨ ਬਣਾਈ ਰੱਖਦੇ ਹਨ।ਇਹ ਹਵਾ 'ਚੋਂ ਕਾਰਬਨ ਡਾਇਆਕਸਾਈਡ ਖਿੱਚ ਕੇ ਆਕਸੀਜਨ ਛੱਡਦੇ ਹਨ, ਜਿਸ ਨਾਲ ਸਾਡਾ ਵਾਤਾਵਰਣ ਸਾਫ਼ ਰਹਿੰਦਾ ਹੈ।ਰੁੱਖ ਮਿੱਟੀ ਨੂੰ ਕਟਾਅ ਤੋਂ ਬਚਾਉਂਦੇ ਹਨ ਤੇ ਮੀਂਹ ਪੈਣ 'ਚ ਵੀ ਸਹਾਇਕ ਹੁੰਦੇ ਹਨ। ਸਕੂਲ ਦੇ ਪ੍ਰਬੰਧਕਾਂ ਨੇ ਬੱਚਿਆਂ ਨੂੰ ਸੰਦੇਸ਼ ਦਿੱਤਾ ਕਿ ਹਰੇਕ ਵਿਅਕਤੀ ਨੂੰ ਆਪਣੇ ਜੀਵਨ ਵਿੱਚ ਘੱਟੋ-ਘੱਟ ਇੱਕ ਰੁੱਖ ਲਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਿਵੇਂ ਅਸੀਂ ਆਪਣੀ ਦੇਖਭਾਲ ਕਰਦੇ ਹਾਂ, ਉਸੇ ਤਰ੍ਹਾਂ ਪੌਦਿਆਂ ਦੀ ਸੰਭਾਲ ਕਰਨੀ ਬਹੁਤ ਜ਼ਰੂਰੀ ਹੈ। ਬੱਚਿਆਂ ਨੇ ਨਾ ਸਿਰਫ਼ ਧਿਆਨ ਨਾਲ ਜਾਣਕਾਰੀ ਸੁਣੀ, ਬਲਕਿ ਉਨ੍ਹਾਂ ਨੇ ਪੌਦਿਆਂ ਦੀਆਂ ਤਸਵੀਰਾਂ ਬਣਾਈਆਂ ਤੇ 'ਰੁੱਖ ਲਗਾਓ ਪ੍ਰਕਿਰਤੀ ਬਚਾਓ' ਜਿਹੇ ਨਾਅਰੇ ਵੀ ਲਿਖੇ।ਕਈ ਬੱਚਿਆਂ ਨੇ ਆਪਣੇ ਅਨੁਭਵ ਵੀ ਸਾਂਝੇ ਕੀਤੇ ਕਿ ਉਨ੍ਹਾਂ ਨੇ ਘਰਾਂ ਵਿੱਚ ਕਿਵੇਂ ਛੋਟੇ-ਛੋਟੇ ਗਮਲੇ ਲਾਏ ਹਨ।

# ਕਿਸਾਨੀ ਮੰਗਾਂ ਨੂੰ ਲੈ ਕੇ ਬੀ ਕੇ ਯੂ ਲੱਖੋਵਾਲ ਦਾ ਵਫਦ ਕੇਂਦਰੀ ਮੰਤਰੀ ਬਘੇਲ ਮਿਲਿਆ

**ਮੋਗਾ (ਇਕਬਾਲ ਸਿੰਘ ਖਹਿਰਾ)**- ਕਿਸਾਨੀ ਅਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਅਤੇ ਹੜ੍ਹ ਪ੍ਰਭਾਵਤ ਇਲਾਕਿਆਂ ਵਿੱਚ ਲੋੜੀਂਦੀ ਮਦਦ ਕਰਨ ਦੀ ਮੰਗ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦਾ ਇੱਕ ਵਫਦ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਦੀ ਅਗਵਾਈ ਹੇਠ ਪਿੰਡ ਸਾਫੂਵਾਲਾ ਵਿਖੇ ਸਾਬਕਾ ਸਰਪੰਚ ਲਖਵੰਤ ਸਿੰਘ ਪ੍ਰਧਾਨ ਦੇ ਗ੍ਰਹਿ ਵਿਖੇ ਕੇਂਦਰੀ ਮੰਤਰੀ ਐਸ ਪੀ ਸਿੰਘ ਬਘੇਲ ਨੂੰ ਮਿਲਿਆ। ਕੇਂਦਰ ਸਰਕਾਰ ਵੱਲੋਂ ਕੇਂਦਰੀ ਮੰਤਰੀ ਬਘੇਲ ਨੂੰ ਪੰਜਾਬ 'ਚ ਆਏ ਹੜ੍ਹਾਂ ਕਾਰਨ ਪੰਜਾਬ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਇੱਕ ਵਫਦ ਦੇ ਰੂਪ ਵਿੱਚ ਭੇਜਿਆ ਗਿਆ ਹੈ। ਇਸੇ ਲੜੀ ਤਹਿਤ ਭਾਰਤ ਸਰਕਾਰ ਦੇ ਮੰਤਰੀ ਬਘੇਲ ਪੰਜਾਬ ਫੇਰੀ 'ਤੇ ਆਏ ਹੋਏ ਹਨ। ਉਨ੍ਹਾਂ ਦੇ ਨਾਲ ਸਾਬਕਾ ਵਿਧਾਇਕ ਤੇ ਭਾਰਤੀ ਜਨਤਾ ਪਾਰਟੀ ਦੇ ਮੌਜੂਦਾ ਜ਼ਿਲ੍ਹਾ ਪ੍ਰਧਾਨ ਹਰਜੋਤ ਕਮਲ ਮੌਜੂਦ ਸਨ। ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਵਫਦ ਨੇ ਕੇਂਦਰੀ ਮੰਤਰੀ ਦੇ ਸਾਹਮਣੇ ਆਪਣੀਆਂ ਮੰਗਾਂ ਰਖੀਆਂ ਜਿਨ੍ਹਾਂ ਵਿਚ ਕੇਂਦਰ ਸਰਕਾਰ ਵੱਲੋਂ ਜੋ ਹੜ੍ਹ ਪੀੜਿਤ ਲੋਕਾਂ ਲਈ ਪਸ਼ੂਆਂ ਦਾ ਮੁਆਵਜ਼ਾ 37,500 ਰੱਖਿਆ ਗਿਆ ਹੈ ਉਹ ਬਹੁਤ ਘੱਟ ਹੈ ਉਸ ਨੂੰ ਇੱਕ ਲੱਖ ਰੁਪਿਆ ਪ੍ਰਤੀ ਪਸ਼ੂ ਵਧਾ ਕੇ ਕੀਤਾ ਜਾਵੇ। ਕਿਸਾਨੀ ਸੰਘਰਸ਼ ਦੌਰਾਨ ਕਿਸਾਨਾਂ ਉੱਪਰ ਹੋਏ ਪਰਚੇ ਬਿਨਾਂ ਸ਼ਰਤ ਬਿਨਾਂ ਦੇਰੀ ਕੀਤਿਆਂ ਰੱਦ ਕੀਤੇ ਜਾਣ । ਮੋਗਾ ਜ਼ਿਲ੍ਹੇ 'ਚ ਪ੍ਰਧਾਨ ਮੰਤਰੀ ਯੋਜਨਾ ਤਹਿਤ ਆਉਂਦੀਆਂ ਸੜਕਾਂ ਜਲਦ ਤੋਂ ਜਲਦ ਨਵੇਂ ਸਿਰੇ ਤੋਂ ਬਣਾਈਆਂ ਤੇ ਰਿਪੇਅਰ ਕੀਤੀਆਂ ਜਾਣ । ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀਆਂ ਰਿਹਾਈ ਜਲਦ ਤੋਂ ਜਲਦ ਕੀਤੀ ਜਾਵੇ, ਪੰਜਾਬ 'ਚ ਪਸ਼ੂ ਬੀਮਾ ਯੋਜਨਾ ਫੌਰੀ ਤੌਰ 'ਤੇ ਲਾਗੂ ਕੀਤੀ ਜਾਵੇ ਦਾ ਮੰਗ ਪੱਤਰ ਲਿਖਤੀ ਰੂਪ ਵਿੱਚ ਕੇਂਦਰੀ ਮੰਤਰੀ ਬਘੇਲ ਨੂੰ ਦਿੱਤਾ ਗਿਆ। ਇਸ ਸਮੇਂ ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ, ਜ਼ਿਲ੍ਹਾ ਆਗੂ ਸਾਬਕਾ ਸਰਪੰਚ ਲਖਬੀਰ ਸਿੰਘ ਸੰਧੂਆਣਾ, ਬਲਾਕ ਪ੍ਰਧਾਨ ਮੋਗਾ 2 ਗੁਰਮੇਲ ਸਿੰਘ ਡਰੋਲੀ ਭਾਈ, ਸਾਬਕਾ ਸਰਪੰਚ ਲਖਵੰਤ ਸਿੰਘ ਸਾਫੂਵਾਲਾ, ਜ਼ਿਲ੍ਹਾ ਮੀਤ ਪ੍ਰਧਾਨ ਡਾ. ਸਰਬਜੀਤ ਸਿੰਘ ਬਘੇਲੇ ਵਾਲਾ, ਹਰਪ੍ਰੀਤ ਸਿੰਘ ਸੋਸਣ, ਸੀਨੀਅਰ ਆਗੂ ਮੇਜਰ ਸਿੰਘ ਡਰੋਲੀ ਭਾਈ, ਦੇਸ਼ ਸਿੰਘ ਇਕਾਈ ਪ੍ਰਧਾਨ ਸੋਸਣ ਆਦਿ ਹਾਜ਼ਰ ਸਨ।



# ਸਰਾਂ ਇਮੀਗ੍ਰੇਸ਼ਨ ਨੇ ਯੂ ਕੇ ਦਾ ਵੀਜ਼ਾ ਲਵਾਇਆ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)** ਸਰਾਂ ਇਮੀਗ੍ਰੇਸ਼ਨ ਨੇ ਸੁਖਮੰਦਰ ਸਿੰਘ ਵਾਸੀ ਨਿਹਾਲ ਸਿੰਘ ਵਾਲਾ ਦਾ ਯੂ.ਕੇ ਦਾ ਵਿਜ਼ਟਰ ਵੀਜ਼ਾ ਲਵਾ ਕੇ ਉਨ੍ਹਾਂ ਦਾ ਯੂ.ਕੇ ਜਾਣ ਦਾ ਸੁਪਨਾ ਸਾਕਾਰ ਕੀਤਾ।ਸੰਸਥਾ ਦੇ ਐਮ.ਡੀ. ਹਰਸਿਮਰਨਜੀਤ ਸਿੰਘ ਸਰਾਂ ਨੇ ਦੱਸਿਆ ਕਿ ਸੁਖਮੰਦਰ ਸਿੰਘ ਦਾ ਵੀਜ਼ਾ ਸਿਰਫ਼ 10 ਦਿਨਾਂ 'ਚ ਪ੍ਰਾਪਤ ਕੀਤਾ ਗਿਆ ਤੇ ਆਪਣੀ ਸਾਰੀ ਪੈਮੇਂਟ ਵੀਜ਼ਾ ਲੱਗਣ ਤੋਂ ਬਾਅਦ ਲਈ ਗਈ। ਸਿਮਰਨ ਸਰਾਂ ਨੇ ਦੱਸਿਆ ਕਿ ਯੂ.ਕੇ ਤੇ ਆਸਟ੍ਰੇਲੀਆ ਦੇ ਸਟੱਡੀ ਵੀਜ਼ੇ ਲਈ ਉਨ੍ਹਾਂ ਕੋਲ ਬੱਚਿਆਂ ਲਈ ਬਹੁਤ ਪੈਕੇਜ ਹਨ, ਜਿਸ ਵਿੱਚ ਸੰਸਥਾ ਬੱਚਿਆਂ ਦੇ ਪਰਵਾਰ ਦੇ ਵਿੱਤੀ ਹਾਲਾਤ ਅਨੁਸਾਰ ਉਨ੍ਹਾਂ ਨੂੰ ਪੈਕੇਜ ਬਣਾ ਕੇ ਦਿੰਦੇ ਹਨ।

# ਕਿਸਾਨ 17 ਫੀਸਦੀ ਤੋਂ ਵੱਧ ਨਮੀ ਵਾਲੀ ਜੀਰੀ ਮੰਡੀਆਂ 'ਚ ਨਾ ਲੈ ਕੇ ਆਉਣ : ਸ਼ਾਮ ਲਾਲ ਦੱਤ

**ਸਮਾਣਾ (ਇਕਬਾਲ ਸਿੰਘ ਬੱਲ)**- ਪੰਜਾਬ ਮੰਡੀਕਰਨ ਬੋਰਡ ਦੇ ਮੈਂਬਰ ਅਤੇ ਵਪਾਰ ਮੰਡਲ ਸਮਾਣਾ ਦੇ ਪ੍ਰਧਾਨ ਸ਼ਾਮ ਲਾਲ ਦੱਤ ਨੇ ਸਮੂਹ ਕਿਸਾਨ ਭਰਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੀ ਜੀਰੀ ਦੀ ਫਸਲ 17 ਪ੍ਰਸੈਂਟ ਤੋਂ ਵੱਧ ਨਮੀ ਵਾਲੀ ਮੰਡੀ ਵਿੱਚ ਨਾ ਲੈ ਕੇ ਆਉਣ ਕਿਉਂਕਿ ਸਰਕਾਰ ਵੱਲੋਂ 17 ਪ੍ਰਸੈਂਟ ਤੋਂ ਵੱਧ ਨਵੀਂ ਵਾਲੀ ਜੀਰੀ ਦੀ ਫਸਲ ਨਹੀਂ ਖਰੀਦੀ ਜਾਣੀ ਤੇ ਉਹ 17% ਤੋਂ ਵੱਧ ਨਵੀਂ ਵਾਲੀ ਜੀਰੀ ਮੰਡੀ ਵਿਚ ਲਿਆ ਕੇ ਖੱਜਲ ਖੁਆਰ ਹੋਣ ਤੋਂ ਬਚਣ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਮੰਡੀਕਰਨ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਮੰਡੀਆਂ ਵਿੱਚ ਜੀਰੀ ਦੀ ਫਸਲ ਦੀ ਖਰੀਦ ਕਰਨ ਦੇ ਉਚਿਤ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਲਈ ਸਾਰੇ ਕਿਸਾਨ ਆਪਣੇ ਜੀਰੀ ਦੀ ਫਸਲ ਨੂੰ ਸੁਕਾ ਕੇ ਹੀ ਮੰਡੀਆਂ ਵਿੱਚ ਲੈ ਕੇ ਆਉਣ। ਸ਼ਾਮ ਲਾਲ ਦੱਤ ਨੇ ਕੰਬਾਈਨ ਮਾਲਕਾਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਉਹ ਜੀਰੀ ਦੀ ਫਸਲ ਦੀ ਕਟਾਈ ਸਵੇਰੇ 11 ਵਜੇ ਤੋਂ ਲੈ ਕੇ ਸ਼ਾਮ ਦੀ 6 ਵਜੇ ਤੱਕ ਹੀ ਕਰਨ, ਕਿਸਾਨ ਭਰਾ ਝੋਨੇ ਦੀ ਪਰਾਲੀ ਅਤੇ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਅਤੇ ਆਪਣੇ ਵਾਹਨ ਟਰੈਕਟਰ ਟਰਾਲੀਆਂ ਪਿੱਛੇ ਰਿਫਲੈਕਟਰ ਜ਼ਰੂਰ ਲਗਾਉਣ ।



# ਡੀ ਏ ਪੀ ਖਾਦ ਦੀ ਵਿਕਰੀ 'ਚ ਹੋ ਰਹੀ ਕਿਸਾਨਾਂ ਦੀ ਵੱਡੀ ਲੁੱਟ : ਬੂਟਾ ਸਿੰਘ ਸ਼ਾਦੀਪੁਰ



**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਵੱਲੋਂ ਇਥੇ ਇੱਕ ਮੀਟਿੰਗ ਕਰਕੇ ਕਿਸਾਨਾਂ ਨੂੰ ਅਪੀਲ ਕੀਤੀ ਗਈ ਹੈ ਕਿ ਡੀ ਏ ਪੀ ਖਾਦ ਦੀ ਕੋਈ ਕਮੀ ਨਹੀਂ ਹੈ ਪਰ ਇਹ ਕਮੀ ਜੋ ਕੀਤੀ ਜਾਂਦੀ ਹੈ ਇਹ ਆਰਜ਼ੀ ਕਮੀ ਕੁਝ ਖਾਦ ਡੀਲਰਾਂ ਵੱਲੋਂ ਕੀਤੀ ਜਾਂਦੀ ਹੈ। ਇਸ ਲਈ ਸਾਰੇ ਹੀ ਕਿਸਾਨਾਂ ਨੂੰ ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਵੱਲੋਂ ਅਪੀਲ ਕੀਤੀ ਜਾਂਦੀ ਹੈ ਕਿ ਕੋਈ ਵੀ ਕਿਸਾਨ 1360 ਰੁਪਏ ਦਾ ਜੋ ਰੇਟ ਹੈ ਜਿਸ ਵਿੱਚ ਲੇਬਰ ਵੀ ਸ਼ਾਮਲ ਹੈ। ਇਸ ਤੋਂ ਉੱਪਰ ਕਿਸੇ ਵੀ ਖਾਦ ਡੀਲਰ ਨੂੰ ਕੀਮਤ ਨਾ ਦਿੱਤੀ ਜਾਵੇ। ਸ਼ਾਦੀਪੁਰ ਨੇ ਕਿਹਾ ਜੇਕਰ ਕੋਈ ਵੀ ਖਾਦ ਵਿਕਰੇਤਾ ਇਸ ਤੋਂ ਵੱਧ ਪੈਸੇ ਮੰਗਦਾ ਹੈ ਤਾਂ ਅਸੀਂ ਕਿਸਾਨਾਂ ਦੇ ਨਾਲ ਖੜ੍ਹੇ ਹਾਂ।ਜੇਕਰ ਕੋਈ ਵੀ ਵੱਧ ਪੈਸੇ ਮੰਗਦਾ ਹੈ ਤਾਂ ਕਿਸਾਨ ਸਿੱਧਾ ਉਨ੍ਹਾਂ ਨਾਲ ਸੰਪਰਕ ਕਰਨ । ਇਸ ਮੌਕੇ ਚਰਨਜੀਤ ਸਿੰਘ ਬਾਜਵਾ, ਕੈਪਟਨ ਮੇਜਰ ਸਿੰਘ, ਹਰਬੰਸ ਸਿੰਘ ਦਦਹੇੜਾ, ਭੁਪਿੰਦਰ ਸਿੰਘ ਸ਼ੰਕਰਪੁਰ, ਗੁਰਚਰਨ ਸਿੰਘ ਹੰਜਰਾ, ਬਲਵਿੰਦਰ ਲਹੌਰੀਆ, ਦਲੇਰ ਸਿੰਘ ਅਲੀਪੁਰ, ਨਿਰਮਲ ਸਿੰਘ, ਸੁਖਵਿੰਦਰ ਸਿੰਘ ਮਗਰ ਸਾਹਿਬ, ਅਮਰੀਕ ਟਾਂਡਾ, ਯਾਦ ਬਾਜਵਾ, ਗੁਰਬਾਜ ਸਿੰਘ ਪਿਲਖਣੀ, ਸੰਸਾਰ ਸਿੰਘ, ਲੱਖਾ ਸਿੰਘ ਸ਼ਾਦੀਪੁਰ ਖੁੱਡਾ, ਬਲਕਾਰ ਸਿੰਘ ਟਾਈਮਜ਼ ਸੰਧਾਰਸੀ ਅਤੇ ਕਰਨੈਲ ਸਿੰਘ ਹਾਜ਼ਰ ਸਨ।

# ਕਾਂਗਰਸੀ ਕੌਂਸਲਰ 'ਤੇ ਮਾਮਲਾ ਦਰਜ

**ਬਠਿੰਡਾ (ਪਰਵਿੰਦਰ ਜੀਤ ਸਿੰਘ)**- ਸਥਾਨਕ ਮੰਡੀ ਦੇ ਇੱਕ ਕਾਂਗਰਸੀ ਕੌਂਸਲਰ ਦੀਪਕ ਮਿੱਤਲ ਵੱਲੋਂ ਨਿਸ਼ਾਂਤ ਕੁਮਾਰ ਨਾਂ ਦੇ ਇੱਕ ਵਿਅਕਤੀ ਨੂੰ ਜਾਨੋ ਮਾਰਨ ਦੀ ਨੀਅਤ ਨਾਲ ਹਮਲਾ ਕੀਤਾ ਗਿਆ। ਕਾਂਗਰਸੀ ਕੌਂਸਲਰ ਨਿਸ਼ਾਂਤ ਕੁਮਾਰ ਦੇ ਸਿਰ ਵਿੱਚ ਕੱਚ ਦੀ ਬੋਤਲ ਮਾਰ ਫਰਾਰ ਹੋ ਗਿਆ। ਹਮਲੇ ਦੌਰਾਨ ਜ਼ਖਮੀ ਹੋਏ ਨਿਸ਼ਾਂਤ ਕੁਮਾਰ ਨੂੰ ਉਸ ਦੇ ਪਰਵਾਰਕ ਮੈਂਬਰਾਂ ਵੱਲੋਂ ਪਹਿਲਾਂ ਮੌੜ ਮੰਡੀ ਦੇ ਇੱਕ ਪ੍ਰਾਈਵੇਟ ਹਸਪਤਾਲ ਦਾਖਲ ਕਰਵਾਇਆ ਗਿਆ ਜਿੱਥੇ ਉਸ ਦੀ ਹਾਲਤ ਨੂੰ ਗੰਭੀਰ ਦੇਖਦੇ ਹੋਏ ਡਾਕਟਰੀ ਟੀਮ ਵੱਲੋਂ ਉਹਨਾਂ ਨੂੰ ਬਠਿੰਡਾ ਰੈਫਰ ਕਰ ਦਿੱਤਾ ਗਿਆ। ਪੁਲਿਸ ਥਾਣਾ ਮੌੜ ਵੱਲੋਂ ਜ਼ਖਮੀ ਨਿਸ਼ਾਂਤ ਕੁਮਾਰ ਦੇ ਬਿਆਨਾਂ ਦੇ ਆਧਾਰ 'ਤੇ ਕਾਰਵਾਈ ਕਰਦੇ ਹੋਏ ਕਾਂਗਰਸੀ ਕੌਂਸਲਰ ਖਿਲਾਫ ਮਾਮਲਾ ਦਰਜ ਕਰਕੇ ਗਿਰਫਤਾਰੀ ਲਈ ਪੁਲਿਸ ਵੱਲੋਂ ਛਾਪੇਮਾਰੀ ਕੀਤੀ ਜਾ ਰਹੀ ਹੈ। ਨਿਸ਼ਾਂਤ ਕੁਮਾਰ ਵੱਲੋਂ ਪੁਲਸ ਕੋਲ ਦਰਜ ਕਰਵਾਏ ਬਿਆਨਾਂ ਮੁਤਾਬਕ ਕਾਂਗਰਸੀ ਕੌਂਸਲਰ ਦਾ ਮੰਡੀ ਅੰਦਰ ਚਾਲ ਚੱਲਣ ਠੀਕ ਨਹੀਂ ਅਤੇ ਉਸ ਨੂੰ ਅਸੀਂ ਆਪਣੇ ਕੋਲ ਬੈਠਣ ਤੋਂ ਰੋਕਦੇ ਸੀ। ਜਿਸ ਦੀ ਇਹ ਸਾਡੇ ਪ੍ਰਤੀ ਰੰਜਿਸ਼ ਰੱਖਦਾ ਸੀ। ਇਸੇ ਰੰਜਿਸ਼ ਵਿੱਚ ਆ ਕੇ ਉਸ ਨੇ ਮੇਰੇ ਉੱਪਰ ਜਾਨੋਂ ਮਾਰਨ ਦੀ ਨੀਅਤ ਨਾਲ ਹਮਲਾ ਕੀਤਾ ਅਤੇ ਸੱਟ ਮਾਰੀ। ਇਹ ਹਮਲਾ ਉਸ ਸਮੇਂ ਕੀਤਾ ਗਿਆ ਜਦ ਨਿਸ਼ਾਂਤ ਕੁਮਾਰ ਆਪਣੇ ਹੋਰ ਸਾਥੀਆਂ ਨਾਲ ਕਿਰਾਏ ਤੇ ਲਏ ਹੋਏ ਇੱਕ ਕਮਰੇ ਅੰਦਰ ਬੈਠੇ ਗੱਲਾਂ ਕਰ ਰਹੇ ਸਨ ਤਾਂ ਅਚਾਨਕ ਸ਼ਰਾਬੀ ਹਾਲਤ ਵਿੱਚ ਆਏ ਕਾਂਗਰਸੀ ਕੌਂਸਲਰ ਨੇ ਆਉਂਦੇ ਸਾਰ ਹੀ ਕੱਚ ਦੀ ਬੋਤਲ ਸਿਰ ਵਿੱਚ ਮਾਰ ਦਿੱਤੀ ਅਤੇ ਜ਼ਖਮੀ ਕਰ ਦਿੱਤਾ। ਜਦੋਂ ਇਸ ਮਾਮਲੇ ਨੂੰ ਲੈ ਕੇ ਫਰਾਰ ਹੋਏ ਕਾਂਗਰਸੀ ਕੌਂਸਲਰ ਨਾਲ ਉਹਨਾਂ ਦੇ ਮੋਬਾਈਲ ਫੋਨ 'ਤੇ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਹਨਾਂ ਦਾ ਮੋਬਾਈਲ ਫੋਨ ਬੰਦ ਆ ਰਿਹਾ ਸੀ। ਇਸ ਮਾਮਲੇ ਨੂੰ ਲੈ ਕੇ ਪੁਲਸ ਥਾਣਾ ਮੁਖੀ ਤਰਨਦੀਪ ਸਿੰਘ ਦਾ ਕਹਿਣਾ ਹੈ ਕਿ ਜਲਦ ਹੀ ਕਾਂਗਰਸੀ ਕੌਂਸਲਰ ਨੂੰ ਗ੍ਰਿਫਤਾਰ ਕੀਤਾ ਜਾਵੇਗਾ।

# ਸੀਵਰੇਜ ਦੇ ਪਾਣੀ ਕਾਰਨ ਭਿਆਨਕ ਬਿਮਾਰੀਆਂ ਦਾ ਡਰ ਬਣਿਆ : ਰਾਏਕੇ

**ਬੁਢਲਾਡਾ (ਅਸ਼ੋਕ ਲਾਕੜਾ)** ਬਾਰਿਸ਼ਾਂ ਕਾਰਨ ਲੰਘੇ ਭਿਆਨਕ ਸਮੇਂ ਤੋਂ ਬਾਅਦ ਲੋਕਾਂ ਨੇ ਕੁੱਝ ਰਾਹਤ ਮਹਿਸੂਸ ਕੀਤੀ ਹੈ, ਪ੍ਰੰਤੂ ਬਾਰਿਸ਼ਾਂ ਤੋਂ ਬਾਅਦ ਵਾਪਰਨ ਵਾਲੀਆਂ ਸਮੱਸਿਆਵਾਂ ਤੋਂ ਲੋਕ ਕਾਫ਼ੀ ਦੁਖੀ ਹਨ। ਸਰਕਾਰ ਤੇ ਪ੍ਰਸ਼ਾਸਨ ਬਿਆਨਬਾਜ਼ੀ ਨਾਲ ਹਰਮਨਪਿਆਰਤਾ ਹਾਸਲ ਕਰਨ ਲਈ ਲੱਗੇ ਹੋਏ ਹਨ, ਜਦੋਂਕਿ ਗਰਾਊਂਡ ਲੈਵਲ 'ਤੇ ਅਜਿਹਾ ਕੁਝ ਨਹੀਂ ਕਰ ਰਹੇ। ਜਿਨ੍ਹਾਂ ਲੋਕਾਂ ਦੇ ਘਰ ਡਿੱਗ ਪਏ ਹਨ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ। ਲਗਭਗ ਇੱਕ ਮਹੀਨਾ ਬੀਤਣ 'ਤੇ ਵੀ ਕੋਈ ਵੀ ਜ਼ਿੰਮੇਵਾਰ ਅਧਿਕਾਰੀ ਨੇ ਸਾਰ ਨਹੀਂ ਲਈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ.ਪੀ.ਆਈ ਆਗੂ ਕਾਮਰੇਡ ਜਗਸੀਰ ਰਾਏਕੇ ਨੇ ਕੀਤਾ। ਉਨ੍ਹਾਂ ਕਿਹਾ ਕਿ ਸੀਵਰੇਜ ਦੇ ਗੰਦੇ ਪਾਣੀ ਦਾ ਕੋਈ ਨਿਕਾਸ ਨਹੀਂ। ਗਲੀਆਂ 'ਚੋਂ ਲੰਘਣਾ ਮੁਸ਼ਕਲ ਹੈ। ਗੰਦੇ ਪਾਣੀ ਦੀ ਬੋਅ ਕਾਰਨ ਲੋਕਾਂ ਨੂੰ ਘਰਾਂ 'ਚ ਸਾਹ ਲੈਣਾ ਔਖਾ ਹੋਇਆ ਪਿਆ ਹੈ। ਮੱਛਰਾਂ ਦੇ ਕੱਟਣ ਨਾਲ ਬਹੁਤ ਸਾਰੀਆਂ ਬਿਮਾਰੀਆਂ ਦਾ ਡਰ ਬਣਿਆ ਹੋਇਆ ਹੈ। ਸਰਕਾਰ ਤੇ ਸਿਹਤ ਵਿਭਾਗ ਦਾਅਵੇ ਕਰਦੇ ਨਹੀਂ ਥੱਕਦੇ ਕਿ ਸਾਡੀਆਂ ਟੀਮਾਂ ਘਰ-ਘਰ ਜਾ ਕੇ ਲੋਕਾਂ ਨੂੰ ਇਲਾਜ ਦੇ ਰਹੇ ਹਨ।ਵਾਰਡ ਨੰਬਰ 17 'ਤੇ ਸੀਵਰੇਜ ਦੇ ਗੰਦੇ ਪਾਣੀ ਨੂੰ ਗਲੀਆਂ ਵਿੱਚ ਖੜੇ ਨੂੰ ਸਾਲਾਂਬੱਧੀ ਸਮਾਂ ਹੋ ਗਿਆ। ਗੰਦੇ ਪਾਣੀ 'ਚ ਜੋਕਾਂ ਪੈਦਾ ਹੋ ਕੇ ਲੋਕਾਂ ਦੇ ਘਰਾਂ ਵਿੱਚ ਵੜ ਰਹੀਆਂ ਹਨ। ਸੀਵਰੇਜ ਦਾ ਗੰਦਾ ਪਾਣੀ ਪੀਣ ਵਾਲੇ ਪਾਣੀ ਵਿੱਚ ਮਿਕਸ ਹੋ ਕੇ ਟੂਟੀਆਂ ਰਾਹੀਂ ਆ ਰਿਹਾ ਹੈ। ਲੋਕ ਗੰਦਾ ਪਾਣੀ ਪੀਣ ਲਈ ਮਜਬੂਰ ਹੋ ਰਹੇ ਹਨ, ਜਿਸ ਕਰਕੇ ਪੀਲੀਏ, ਡੇਂਗੂ ਤੇ ਹੋਰ ਭਿਆਨਕ ਬਿਮਾਰੀਆਂ ਦਾ ਡਰ ਬਣਿਆ ਹੋਇਆ ਹੈ।



# ਪ੍ਰਧਾਨ ਮੰਤਰੀ ਮੋਦੀ ਦੇ ਜਨਮ ਦਿਨ 'ਤੇ ਭਾਜਪਾ ਨੇ ਲਾਇਆ ਖੂਨਦਾਨ ਕੈਂਪ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮ ਦਿਨ ਮੌਕੇ ਭਾਜਪਾ ਵੱਲੋਂ ਮਸੀਤ ਵਾਲਾ ਚੌਕ ਵਿਖੇ ਖੂਨਦਾਨ ਕੈਂਪ ਲਾਇਆ ਗਿਆ। ਕੈਂਪ ਦੀ ਸ਼ੁਰੂਆਤ ਭਾਜਪਾ ਦੇ ਸੀਨੀਅਰ ਆਗੂ ਭਾਈ ਰਾਹੁਲ ਸਿੱਧੂ ਵੱਲੋਂ ਖੂਨਦਾਨ ਕਰਕੇ ਕੀਤੀ ਗਈ। ਇਸ ਮਗਰੋਂ ਹੋਰ ਭਾਜਪਾ ਆਗੂਆਂ ਤੇ ਵਰਕਰਾਂ ਨੇ ਵੀ ਵੱਧ-ਚੜ੍ਹ ਕੇ ਖੂਨਦਾਨ ਕੀਤਾ ਤੇ ਲੋਕਾਂ ਨੂੰ ਖੂਨਦਾਨ ਲਈ ਪ੍ਰੇਰਿਆ। ਕੈਂਪ ਮੌਕੇ ਮੰਡਲ 1 ਦੇ ਪ੍ਰਧਾਨ ਪੂਜਾ ਕੱਕੜ, ਮੰਡਲ 2 ਦੇ ਪ੍ਰਧਾਨ ਹਰੀਸ਼ ਵਾਟਸ, ਮੰਡਲ 3 ਦੇ ਪ੍ਰਧਾਨ ਰਾਜਿੰਦਰ ਕੁਮਾਰ ਭੁਜੀਆ ਵਾਲੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

## ...ਸਫ਼ਾ 1 ਦੇ ਬਾਕੀ

### ਸਿਲਟ ਹਟਾਉਣ ਲਈ ਕੇਂਦਰ...

'ਤੇ ਮੁਹੱਈਆ ਕਰਵਾਉਣ ਦੀ ਵੀ ਅਪੀਲ ਕੀਤੀ।

ਖੁੱਡੀਆਂ ਨੇ ਇਹ ਵੀ ਮੰਗ ਕੀਤੀ ਕਿ ਕੇਂਦਰ ਡੀ ਏ ਪੀ ਅਤੇ ਯੂਰੀਆ ਖਾਦਾਂ ਦੀ ਸੂਬੇ ਦੀ ਜ਼ਰੂਰਤ ਅਨੁਸਾਰ ਸਮੇਂ ਸਿਰ ਸਪਲਾਈ ਨੂੰ ਯਕੀਨੀ ਬਣਾਵੇ। ਉਨ੍ਹਾਂ ਕੇਂਦਰੀ ਖੇਤੀਬਾੜੀ ਮੰਤਰੀ ਨੂੰ ਕੇਂਦਰ ਵੱਲੋਂ ਪੰਜਾਬ ਦੇ ਰੋਕੇ ਹੋਏ ਪੇਂਡੂ ਵਿਕਾਸ ਫੰਡ ਦੇ 8 ਹਜ਼ਾਰ ਕਰੋੜ ਅਤੇ ਹੋਰ ਫੰਡ ਤੁਰੰਤ ਜਾਰੀ ਕਰਨ ਲਈ ਨਿੱਜੀ ਦਖਲ ਦੇਣ ਲਈ ਵੀ ਆਖਿਆ।

ਚੌਹਾਨ ਨੇ ਖੁੱਡੀਆਂ ਨੂੰ ਭਰੋਸਾ ਦਿਵਾਇਆ ਕਿ ਹੜ੍ਹਾਂ ਕਾਰਨ ਸੰਕਟ ਦਾ ਸਾਹਮਣਾ ਕਰ ਰਹੇ ਪੰਜਾਬ ਦੀ ਸਹਾਇਤਾ ਲਈ ਸਭ ਲੋੜੀਂਦੇ ਕਦਮ ਉਠਾਏ ਜਾਣਗੇ।

### ਰੋਮਿਲਾ ਥਾਪਰ...

ਮਜਬੂਰ ਕਰ ਰਹੇ ਹਨ ਕਿ ਕੀ ਅਸੀਂ ਆਪਣੇ ਸਮਾਜ ਨੂੰ ਇੱਕ ਤਰ੍ਹਾਂ ਰਹਿਣ ਤੇ ਸੋਚਣ ਤੱਕ ਸੀਮਤ ਕਰਨਾ ਚਾਹੁੰਦੇ ਹਾਂ ? ਕੀ ਬੀਤੇ ਦੀ ਸਿਰਫ ਇੱਕ ਵਿਆਖਿਆ ਹੋਵੇਗੀ ਤੇ ਹੋਰਨਾਂ ਨੂੰ ਰੱਦ ਕਰ ਦਿੱਤਾ ਜਾਵੇਗਾ ? ਕੀ ਸੱਭਿਆਚਾਰ ਨੂੰ ਭਾਰੂ ਭਾਈਚਾਰੇ ਦੀ ਸੱਭਿਆਚਰਕ ਸ਼ੈਲੀ ਹੀ ਪ੍ਰੀਭਾਸ਼ਤ ਕਰੇਗੀ ਤੇ ਵਖਰੇਵੇਂ ਨੂੰ ਰੱਦ ਕਰ ਦਿੱਤਾ ਜਾਵੇਗਾ ?

ਥਾਪਰ ਨੇ ਅੱਗੇ ਕਿਹਾ ਕਿ ਪੜ੍ਹਾਇਆ ਤੇ ਪੜ੍ਹਿਆ ਜਾਣ ਵਾਲਾ ਇਤਿਹਾਸ ਭਰੋਸੇਯੋਗ ਤੇ ਸਹੀ ਹੋਣਾ ਚਾਹੀਦਾ ਹੈ ਅਤੇ ਅੱਗੇ ਇਹ ਯਕੀਨੀ ਬਣਾਉਣ ਦੀ ਲੋੜ ਹੈ ਕਿ ਇਸ ਨੂੰ ਸਿਆਸੀ ਤੇ ਹੋਰਨਾਂ ਕਾਰਨਾਂ ਕਰਕੇ ਆਪਣੇ ਮੁਤਾਬਕ ਨਾ ਢਾਲਿਆ ਜਾ ਸਕੇ। ਇਸ ਪੜਾਅ 'ਤੇ ਵਿਦਿਆ ਫੈਸਲਾਕੁੰਨ ਬਣ ਜਾਂਦੀ ਹੈ, ਜਿਸ ਲਈ ਸਿਆਣੇ ਤੇ ਕਾਬਲ ਅਧਿਆਪਕ ਹੋਣ, ਜਿਹੜੇ ਵਿਦਿਆਰਥੀਆਂ ਨੂੰ ਸੁਆਲ ਪੁੱਛਣ ਲਈ ਉਤਸ਼ਾਹਤ ਕਰਨ। ਉਨ੍ਹਾ ਕਿਹਾ ਕਿ ਇੱਕ ਸਮਾਂ ਸੀ ਕਿ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਅਜਿਹੀ ਸਿੱਖਿਆ ਦਿੱਤੀ ਜਾਂਦੀ ਸੀ ਕਿ ਉਹ ਸੰਸਾਰ ਬਾਰੇ ਬੁਨਿਆਦੀ ਸਮਝ ਬਣਾ ਸਕਣ, ਪਰ ਅੱਜਕੱਲ੍ਹ ਇਹ ਬਹੁਤ ਘਟ ਗਿਆ ਹੈ।

### ਅਮਰੀਕਾ ਤੋਂ ਲਾੜੀ ਬਣਨ...

ਇਹ ਵੀ ਕ੍ਰਿਸ਼ਮਾ ਹੈ ਕਿ ਰੁਪਿੰਦਰ ਕੌਰ ਦਾ ਕਤਲ ਉਸ ਦੇ ਆਪਣੇ ਪੇਕੇ ਪਿੰਡ ਬੁਟਾਹਰੀ ਤੋਂ ਕੁਝ ਕਿਲੋਮੀਟਰ ਸਥਿਤ ਕਿਲ੍ਹਾ ਰਾਏਪੁਰ ਵਿਖੇ ਹੋਇਆ ਅਤੇ ਉਸ ਨੂੰ ਬੁਟਾਹਰੀ ਪਿੰਡ ਨਾਲ ਆਪਣੇ ਰਿਸ਼ਤੇ ਬਾਰੇ ਨਹੀਂ ਪਤਾ ਸੀ। ਲੁਧਿਆਣਾ ਅਧੀਨ ਪੈਂਦੇ ਥਾਣਾ ਡੇਹਲੋਂ ਵਿੱਚ 18 ਅਗਸਤ ਨੂੰ ਮੱਲ੍ਹਾ ਪੱਤੀ ਕਿਲ੍ਹਾ ਰਾਏਪੁਰ ਵਾਸੀ ਸੁਖਜੀਤ ਸਿੰਘ ਸੋਨੂੰ ਵੱਲੋਂ ਰੁਪਿੰਦਰ ਕੌਰ ਪੰਧੇਰ ਦੀ ਗੁੰਮਸ਼ੁਦਗੀ ਬਾਰੇ ਰਿਪੋਰਟ ਲਿਖਵਾਈ ਗਈ ਸੀ। ਏ ਸੀ ਪੀ ਹਰਜਿੰਦਰ ਸਿੰਘ ਗਿੱਲ ਅਨੁਸਾਰ ਇਸ ਸ਼ਿਕਾਇਤ ਦੀ ਤਫ਼ਤੀਸ਼ ਦੇ ਚੱਲਦਿਆਂ ਐੱਸ ਐੱਚ ਓ ਸੁਖਜਿੰਦਰ ਸਿੰਘ ਦੀ ਅਗਵਾਈ ਵਾਲੀ ਟੀਮ ਵੱਲੋਂ ਤਕਨੀਕੀ ਜਾਂਚ ਦੌਰਾਨ ਸ਼ਿਕਾਇਤਕਰਤਾ ਹੀ ਮੁੱਖ ਮੁਲਜ਼ਮ ਨਿਕਲਿਆ, ਜਿਸ ਨੇ ਬਾਅਦ ਵਿੱਚ ਕਬੂਲਿਆ ਕਿ ਉਸ ਨੇ ਇਹ ਕਤਲ ਮਹਿਮਾ ਸਿੰਘ ਵਾਲੇ ਤੋਂ ਇੰਗਲੈਂਡ ਰਹਿੰਦੇ ਐੱਨ ਆਰ ਆਈ ਚਰਨਜੀਤ ਸਿੰਘ ਦੇ ਕਹਿਣ 'ਤੇ ਕੀਤਾ ਸੀ, ਜਿਸ ਲਈ ਉਸ ਨੂੰ ਪੰਜਾਹ ਲੱਖ ਰੁਪਏ ਨਕਦ ਅਦਾ ਕੀਤੇ ਜਾਣੇ ਸਨ। ਮ੍ਰਿਤਕਾ ਦੀ ਭੈਣ ਕਮਲ ਕੌਰ ਖਹਿਰਾ ਨੇ ਰੁਪਿੰਦਰ ਦਾ ਫੋਨ ਬੰਦ ਮਿਲਣ ਤੋਂ ਚਾਰ ਦਿਨ ਬਾਅਦ 28 ਜੁਲਾਈ ਨੂੰ ਭਾਰਤ ਵਿੱਚ ਅਮਰੀਕੀ ਦੂਤਾਵਾਸ ਤੋਂ ਦਖਲ ਦੀ ਮੰਗ ਕੀਤੀ ਸੀ। ਕਮਲ ਕੌਰ ਖਹਿਰਾ ਨੇ ਦੱਸਿਆ ਕਿ ਚਰਨਜੀਤ ਸਿੰਘ ਗਰੇਵਾਲ ਨੇ ਰੁਪਿੰਦਰ ਕੌਰ ਪੰਧੇਰ ਨਾਲ ਵਿਆਹ ਕਰਨ ਦਾ ਵਾਅਦਾ ਕੀਤਾ ਸੀ ਅਤੇ ਉਸ ਨੂੰ ਕਿਲ੍ਹਾ ਰਾਏਪੁਰ ਪਹੁੰਚਣ ਲਈ ਕਿਹਾ ਸੀ।

# ਦਾਣਾ ਮੰਡੀ 'ਚ ਨਵੇਂ ਸ਼ੈੱਡ ਦਾ ਕੰਮ ਸ਼ੁਰੂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਜਗਦੀਪ ਸਿੰਘ (ਕਾਕਾ ਬਰਾੜ) ਐਮ.ਐਲ.ਏ ਦੀ ਰਹਿਨੁਮਾਈ ਹੇਠ ਮੁੱਖ ਦਾਣਾ ਮੰਡੀ ਵਿਖੇ ਨਵੇਂ ਸ਼ੈੱਡ ਦਾ ਨਿਰਮਾਣ ਕਾਰਜ ਸ਼ੁਰੂ ਕਰਾਇਆ ਗਿਆ।ਸੁਖਜਿੰਦਰ ਸਿੰਘ ਬਬਲੂ ਪ੍ਰਧਾਨ ਟਰੱਕ ਯੂਨੀਅਨ ਸ੍ਰੀ ਮੁਕਤਸਰ ਸਾਹਿਬ, ਵੀਨਸ ਗਰਗ ਕਾਰਜਕਾਰੀ ਇੰਜੀਨੀਅਰ ਪੰਜਾਬ ਮੰਡੀ ਬੋਰਡ, ਬਲਕਾਰ ਸਿੰਘ ਸਕੱਤਰ ਮਾਰਕੀਟ ਕਮੇਟੀ ਸੁਰਜੀਤ ਸਿੰਘ ਚੇਅਰਮੈਨ ਮਾਰਕੀਟ ਕਮੇਟੀ, ਇਕਬਾਲ ਸਿੰਘ ਵੜਿੰਗ ਪ੍ਰਧਾਨ ਆੜਤੀਆ ਯੂਨੀਅਨ, ਰਾਜੂ ਪੂਣੀਆਂ ਪ੍ਰਧਾਨ ਪੈਸਟੀਸਾਈਡ ਯੂਨੀਅਨ, ਪੱਪੂ ਯਾਦਵ ਤੇ ਮੰਡੀ ਨਾਲ ਸਬੰਧਤ ਹੋਰ ਨੁਮਾਇੰਦੇ ਹਾਜ਼ਰ ਰਹੇ।

# ਝੋਨੇ ਦੀ ਖਰੀਦ ਲਈ 27 ਹਜ਼ਾਰ ਕਰੋੜ ਦਾ ਪ੍ਰਬੰਧ : ਕਟਾਰੂ ਚੱਕ



ਭੋਗਪੁਰ : ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂ ਚੱਕ ਨੇ ਬੁੱਧਵਾਰ ਜਲੰਧਰ ਜ਼ਿਲ੍ਹੇ ਦੀ ਭੋਗਪੁਰ ਦਾਣਾ ਮੰਡੀ ਵਿਖੇ ਝੋਨੇ ਦੀ ਖਰੀਦ ਸੀਜ਼ਨ ਦੀ ਰਸਮੀ ਸ਼ੁਰੂਆਤ ਕਰਦਿਆਂ ਕਿਸਾਨਾਂ ਦੀ ਸਾਰੀ ਫ਼ਸਲ ਦੀ ਚੁਕਾਈ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ।ਮੀਡੀਆ ਨੂੰ ਸੰਬੋਧਨ ਕਰਦਿਆਂ ਕਟਾਰੂ ਚੱਕ ਨੇ ਉਨ੍ਹਾ ਦੱਸਿਆ ਕਿ ਝੋਨੇ ਦਾ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) 2,389 ਰੁਪਏ ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਗਿਆ ਹੈ ਅਤੇ ਸਰਕਾਰ ਨੇ ਪਹਿਲਾਂ ਹੀ ਸਤੰਬਰ ਲਈ 15,000 ਕਰੋੜ ਰੁਪਏ ਅਤੇ ਅਕਤੂਬਰ ਲਈ 27,000 ਕਰੋੜ ਰੁਪਏ ਦੀ ਨਕਦ ਕਰਜ਼ਾ ਹੱਦ ਹਾਸਿਲ ਕਰ ਲਈ ਹੈ। ਉਨ੍ਹਾ ਕਿਹਾ ਕਿ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਰਪੇਸ਼ ਨਾ ਆਵੇ, ਇਸ ਲਈ ਬਾਰਦਾਨੇ (ਗਨੀ ਬੈਗ) ਦੇ ਢੁਕਵੇਂ ਪ੍ਰਬੰਧ ਕੀਤੇ ਗਏ ਹਨ। ਮੰਤਰੀ ਨੇ ਭਰੋਸਾ ਦਿੱਤਾ ਕਿ ਫ਼ਸਲ ਦੀ ਚੁਕਾਈ ਅਤੇ ਭੁਗਤਾਨ ਨਾਲ-ਨਾਲ ਕੀਤਾ ਜਾਵੇਗਾ ਅਤੇ ਕਿਸਾਨਾਂ ਦੇ ਖਾਤਿਆਂ ਵਿੱਚ ਸਿੱਧੇ ਭੁਗਤਾਨ ਤੁਰੰਤ ਪਾ ਦਿੱਤੇ ਜਾਣਗੇ।ਇਸ ਮੌਕੇ ਸੀਨੀਅਰ ਆਪ ਨੇਤਾ ਪਵਨ ਕੁਮਾਰ ਟੀਨੂ, ਐੱਸ ਡੀ ਐੱਮ ਰਣਦੀਪ ਸਿੰਘ ਹੀਰ, ਡੀ ਐੱਫ ਐੱਸ ਸੀ ਹਰਵੀਨ ਕੌਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

rangla.punjab.gov.in

# ਮਿਸ਼ਨ ਚੜ੍ਹਦੀ ਕਲਾ

## ਆਓ ਇਕੱਠੇ ਹੋ ਕੇ ਪੰਜਾਬ ਦਾ ਪੁਨਰ-ਨਿਰਮਾਣ ਕਰੀਏ




- ਇੱਕ ਆਫ਼ਤ ਜਿਸਨੇ ਪੰਜਾਬ ਦੇ **ਸਾਰੇ 23 ਜ਼ਿਲ੍ਹਿਆਂ ਅਤੇ 2,300+ ਪਿੰਡਾਂ** ਨੂੰ ਪ੍ਰਭਾਵਿਤ ਕੀਤਾ
- **20 ਲੱਖ ਲੋਕ ਪ੍ਰਭਾਵਿਤ ਹੋਏ ਅਤੇ 56 ਜਾਨਾਂ ਗਈਆਂ**
- **5 ਲੱਖ ਏਕੜ** ਤੋਂ ਵੱਧ ਫ਼ਸਲਾਂ ਤਬਾਹ ਹੋਈਆਂ
- **3,200+ ਸਕੂਲ** ਅਤੇ **1,400+ ਸਿਹਤ ਕੇਂਦਰ** ਨੁਕਸਾਨੇ ਗਏ
- **8,500 ਕਿਲੋਮੀਟਰ ਤੋਂ ਵੱਧ ਸੜਕਾਂ** ਅਤੇ 2,500 ਪੁਲ/ਪੁਲੀਆਂ ਤਬਾਹ ਹੋਈਆਂ



ਜਿਵੇਂ "ਚੜ੍ਹਦੀ ਕਲਾ" ਹਮੇਸ਼ਾ ਤਾਕਤ ਅਤੇ ਆਸ਼ਾਵਾਦੀ ਭਾਵਨਾ ਨੂੰ ਦਰਸਾਉਂਦਾ ਹੈ, ਉਸੇ ਤਰ੍ਹਾਂ ਮਿਸ਼ਨ ਚੜ੍ਹਦੀ ਕਲਾ ਸਾਰੇ ਭਾਰਤੀਆਂ, ਖਾਸ ਕਰਕੇ ਸਾਰੇ ਮੁਲਕਾਂ ਵਿੱਚ ਵੱਸਦੇ ਪੰਜਾਬੀਆਂ ਨੂੰ, ਪੰਜਾਬ ਦੀ ਸਭ ਤੋਂ ਔਖੀ ਘੜੀ ਵਿੱਚ ਇੱਕ ਪਰਿਵਾਰ ਵਜੋਂ ਇਕੱਠੇ ਹੋਣ ਦਾ ਸੱਦਾ ਹੈ।

ਕਿਰਪਾ ਕਰਕੇ ਉਦਾਰਤਾ ਨਾਲ ਦਾਨ ਕਰੋ - ਤਾਂ ਜੋ ਇਕੱਠੇ ਹੋ ਕੇ, ਅਸੀਂ ਆਪਣੇ ਮਹਾਨ ਸੂਬੇ, ਪੰਜਾਬ, ਦਾ ਪੁਨਰ-ਨਿਰਮਾਣ ਕਰ ਸਕੀਏ।



## ਯੋਗਦਾਨ ਪਾਓ
## ਮੁੱਖ ਮੰਤਰੀ ਰੰਗਲਾ ਪੰਜਾਬ ਫੰਡ ਵਿੱਚ

**ਦਾਨ ਕਰਨ ਲਈ ਜਾਓ** rangla.punjab.gov.in

ਦਾਨ ਕਰਨ ਲਈ QR ਕੋਡ ਸਕੈਨ ਕਰੋ

**ਸੀ.ਐੱਸ.ਆਰ. ਦੇ ਨਾਲ-ਨਾਲ ਗੈਰ-ਸਰਕਾਰੀ ਸੰਗਠਨਾਂ, ਪਰਵਾਸੀ ਭਾਰਤੀਆਂ, ਓ.ਸੀ.ਆਈ. ਅਤੇ ਵਿਦੇਸ਼ੀ ਨਾਗਰਿਕਾਂ ਦੇ ਯੋਗਦਾਨ ਇਸ ਮਿਸ਼ਨ ਅਧੀਨ ਲਏ ਜਾ ਸਕਦੇ ਹਨ।**

18-Sep-PAGE-4.qxd 9/17/2025 11:08 PM Page 1

ਨਵਾਂ ਜ਼ਮਾਨਾ
ਵੀਰਵਾਰ 18 ਸਤੰਬਰ 2025

# ਫਰਜ਼ੀ ਮੁਕੱਦਮੇ

ਨਾਗਰਿਕਤਾ ਸੋਧ ਕਾਨੂੰਨ (ਸੀ ਏ ਏ) ਅਤੇ ਕੌਮੀ ਨਾਗਰਿਕ ਰਜਿਸਟਰ (ਐੱਨ ਆਰ ਸੀ) ਵਿਰੁੱਧ ਚੱਲੇ ਅੰਦੋਲਨ ਦੌਰਾਨ ਉੱਤਰ-ਪੂਰਬੀ ਦਿੱਲੀ 'ਚ ਹੋਈ ਹਿੰਸਾ ਨਾਲ ਜੁੜੇ ਮਾਮਲਿਆਂ 'ਚ ਅਦਾਲਤਾਂ ਨੇ ਪੁਲਸ ਜਾਂਚ ਦੀ ਭਰੋਸਯੋਗਤਾ ਨੂੰ ਲੈ ਕੇ ਗੰਭੀਰ ਸਵਾਲ ਉਠਾਏ ਹਨ। ਸਰਕਰਦਾ ਅੰਗਰੇਜ਼ੀ ਅਖਬਾਰ 'ਇੰਡੀਅਨ ਐੱਕਸਪ੍ਰੈੱਸ' ਦੀ ਖੋਜੀ ਰਿਪੋਰਟ ਮੁਤਾਬਕ ਹੁਣ ਤੱਕ ਚੱਲੇ 116 ਮਾਮਲਿਆਂ ਵਿੱਚੋਂ 97 ਦੇ ਮੁਲਜ਼ਮ ਬਰੀ ਹੋ ਚੁੱਕੇ ਹਨ ਅਤੇ 19 ਨੂੰ ਦੋਸ਼ੀ ਠਹਿਰਾਇਆ ਗਿਆ ਹੈ। ਬਰੀ ਕੀਤੇ ਗਏ 93 ਮਾਮਲਿਆਂ ਦੇ ਉਪਲੱਬਧ ਰਿਕਾਰਡ ਮੁਤਾਬਕ ਘੱਟੋ-ਘੱਟ 17 ਮਾਮਲਿਆਂ 'ਚ ਅਦਾਲਤਾਂ ਨੇ ਪੁਲਸ ਜਾਂਚ ਨੂੰ ਫਰਜ਼ੀ ਸਬੂਤਾਂ ਤੇ ਜਾਲ੍ਹੀ ਗਵਾਹਾਂ ਵਾਲੀ ਦੱਸਿਆ ਹੈ। ਘੱਟੋ-ਘੱਟ 12 ਮਾਮਲਿਆਂ 'ਚ ਅਦਾਲਤਾਂ ਨੇ ਕਿਹਾ ਕਿ ਗਵਾਹ ਅਸਲੀ ਨਹੀਂ ਸਨ। ਕੁਝ ਮਾਮਲਿਆਂ 'ਚ ਗਵਾਹਾਂ ਨੇ ਕਿਹਾ ਕਿ ਪੁਲਸ ਨੇ ਉਨ੍ਹਾਂ 'ਤੇ ਦਬਾਅ ਪਾ ਕੇ ਬਿਆਨ ਲਿਖਵਾਏ। ਕਈ ਮਾਮਲਿਆਂ ਵਿੱਚ ਪੁਲਸ ਨੇ ਗਵਾਹਾਂ ਅੱਗੇ ਮੁਲਜ਼ਮਾਂ ਦੀ ਪਰੇਡ ਨਹੀਂ ਕਰਵਾਈ, ਕਿਉਂਕਿ ਉਸ ਨੂੰ ਪਤਾ ਸੀ ਕਿ ਮਾਮਲੇ ਫਰਜ਼ੀ ਬਣਾਏ ਗਏ ਹਨ। ਕਈ ਮਾਮਲਿਆਂ ਵਿੱਚ ਸਿਰਫ ਇੱਕ ਸਿਪਾਹੀ ਨੇ ਕਿਹਾ ਕਿ ਉਸ ਨੇ ਮੁਲਜ਼ਮ ਨੂੰ ਘਟਨਾ ਵਾਲੀ ਥਾਂ 'ਤੇ ਦੇਖਿਆ, ਜਿਸ 'ਤੇ ਅਦਾਲਤ ਨੂੰ ਯਕੀਨ ਨਹੀਂ ਹੋਇਆ। ਕੁਝ ਮਾਮਲਿਆਂ ਵਿੱਚ ਅਦਾਲਤਾਂ ਨੇ ਕਿਹਾ ਕਿ ਸਿਰਫ ਇਹ ਦਿਖਾਉਣ ਲਈ ਮੁਕੱਦਮੇ ਕੀਤੇ ਗਏ ਕਿ ਪੁਲਸ ਨੇ ਕਾਰਵਾਈ ਕੀਤੀ ਹੈ, ਨਾ ਕਿ ਇਨ੍ਹਾਂ ਪਿੱਛੇ ਦੋਸ਼ ਸਾਬਤ ਕਰਨ ਦੀ ਪ੍ਰਬਲ ਇੱਛਾ ਸੀ।

ਦਿੱਲੀ ਪੁਲਸ ਦੀ ਜਾਂਚ ਦੱਸਦੀ ਹੈ ਕਿ ਉਸ ਨੇ ਹਾਕਮਾਂ ਦੇ ਕਹੇ ਮੁਤਾਬਕ ਬੇਦੋਸ਼ਿਆਂ ਨੂੰ ਫੜ-ਫੜ ਕੇ ਮੁਲਜ਼ਮ ਬਣਾ ਕੇ ਲੋਕਾਂ ਦੀਆਂ ਨਜ਼ਰਾਂ ਵਿੱਚ ਬਦਨਾਮ ਕੀਤਾ। ਹਾਲਾਂਕਿ ਅਦਾਲਤਾਂ ਨੇ ਕੁਝ ਮਾਮਲਿਆਂ ਵਿੱਚ ਪੁਲਸ ਵਾਲਿਆਂ ਖਿਲਾਫ ਕਾਰਵਾਈ ਦੀ ਸਿਫਾਰਸ਼ ਕੀਤੀ ਹੈ, ਪਰ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ। ਸੁਪਰੀਮ ਕੋਰਟ ਨੂੰ ਚਾਹੀਦਾ ਹੈ ਕਿ ਉਹ ਆਪਣੇ ਤੌਰ 'ਤੇ ਇੱਕ ਜਾਂਚ ਕਮਿਸ਼ਨ ਬਣਾਵੇ, ਜਿਹੜਾ ਉਨ੍ਹਾਂ ਪੁਲਸ ਅਫਸਰਾਂ ਦਾ ਪਤਾ ਲਾਏ, ਜਿਨ੍ਹਾਂ ਨੇ ਹਾਕਮਾਂ ਅੱਗੇ ਆਪਣੇ ਨੰਬਰ ਬਣਾਉਣ ਲਈ ਬੇਦੋਸ਼ਿਆਂ ਦੀਆਂ ਜ਼ਿੰਦਗੀਆਂ ਬਰਬਾਦ ਕੀਤੀਆਂ ਤੇ ਅਸਲ ਦੋਸ਼ੀਆਂ ਨੂੰ ਖੁੱਲ੍ਹੇ ਛੱਡ ਦਿੱਤਾ। ਜਦੋਂ ਤੱਕ ਅਜਿਹੇ ਪੁਲਸ ਅਫਸਰਾਂ ਦੀ ਜਵਾਬਦੇਹੀ ਤੈਅ ਨਹੀਂ ਹੋਵੇਗੀ, ਬੇਦੋਸ਼ੇ ਜੇਲ੍ਹਾਂ ਵਿੱਚ ਸੜਦੇ ਰਹਿਣਗੇ।

## ਧਰਤੀ 'ਤੇ ਸਿਰਫ 0.3 ਪ੍ਰਤੀਸ਼ਤ ਪਾਣੀ ਹੀ ਪੀਣਯੋਗ

ਪਾਣੀ ਇੱਕ ਅਜਿਹਾ ਯੋਗਿਕ ਹੈ, ਜਿਹੜਾ ਕਿ ਜਿਉਣ ਲਈ ਬਹੁਤ ਜ਼ਰੂਰੀ ਹੈ। ਇਸ ਤੋਂ ਬਿਨਾਂ ਜੀਵਨ ਸੰਭਵ ਨਹੀਂ ਹੈ। ਧਰਤੀ ਉੱਤੇ ਜੇਕਰ ਜੀਵਨ ਸੰਭਵ (ਹੋਰ ਹਾਲਾਤ ਤੋਂ ਬਿਨਾਂ) ਹੋਇਆ ਹੈ ਤਾਂ ਉਸ ਵਿੱਚ ਪਾਣੀ ਦਾ ਇੱਕ ਬਹੁਤ ਵੱਡਾ ਰੋਲ ਹੈ, ਪਰ ਅੱਜਕੱਲ੍ਹ ਪਿਛਲੇ ਲੰਬੇ ਸਮੇਂ ਤੋਂ ਇਹ ਸੁਣਦੇ ਆ ਰਹੇ ਹਾਂ ਕਿ ਧਰਤੀ ਹੇਠਲਾ ਪਾਣੀ, ਜਿਹੜਾ ਕਿ ਪੀਣਯੋਗ ਹੈ, ਲਗਾਤਾਰ ਘਟਦਾ ਜਾ ਰਿਹਾ ਹੈ। ਇਸ ਦਾ ਪੱਧਰ ਨੀਵਾਂ ਹੁੰਦਾ ਜਾ ਰਿਹਾ ਹੈ। ਹਾਲਾਂਕਿ ਵਿਗਿਆਨੀਆਂ ਨੇ ਧਰਤੀ ਦੀ ਸਤ੍ਹਾ ਤੋਂ ਲੱਗਭੱਗ 700 ਕਿਲੋਮੀਟਰ ਹੇਠਾਂ ਧਰਤੀ ਦੇ ਮੈਂਟਲ ਟ੍ਰਾਂਜ਼ੀਸ਼ਨ ਜ਼ੋਨ 'ਚ ਪਾਣੀ ਦਾ ਬਹੁਤ ਵੱਡਾ ਭੰਡਾਰ ਲੱਭਿਆ ਹੈ। ਇਹ ਭੰਡਾਰ ਏਨਾ ਵੱਡਾ ਹੈ ਕਿ ਧਰਤੀ ਦੇ ਸਮੁੰਦਰਾਂ ਤੋਂ ਵੀ ਇਸ ਵਿੱਚ ਪਾਣੀ ਜ਼ਿਆਦਾ ਹੈ, ਪਰ ਇਹ ਸਾਰਾ ਪਾਣੀ ਯੋਗੀਕਾਂ ਵਿੱਚ ਮੌਜੂਦ ਹੈ। ਦੂਜੀ ਸਭ ਤੋਂ ਵੱਡੀ ਗੱਲ ਇਹ ਹੈ ਕਿ ਇੰਨੀ ਹੇਠਾਂ ਤੋਂ ਪਾਣੀ ਕੱਢਣ ਦੀ ਸਾਡੇ ਕੋਲ ਹਾਲੇ ਤੱਕ ਕੋਈ ਵੀ ਯੁਕਤ-ਜੁਗਾੜ (ਤਕਨੀਕ) ਨਹੀਂ ਹੈ। ਧਰਤੀ ਦਾ ਅਰਧ ਵਿਆਸ 6371 ਕਿਲੋਮੀਟਰ (3959 ਮੀਲ) ਹੈ। ਭਾਵ ਧਰਤੀ ਦੇ ਆਰ-ਪਾਰ ਜੇ ਵਿਚਾਲੇ ਦੀ ਮੋਰਾ (ਸੁਰਾਖ) ਕੱਢਿਆ ਜਾਵੇ ਤਾਂ ਇਸ ਦੀ ਲੰਬਾਈ ਜਿਸ ਨੂੰ ਅਸੀਂ ਵਿਆਸ ਕਹਿੰਦੇ ਹਾਂ, 12756 ਕਿਲੋਮੀਟਰ (7926 ਮੀਲ) ਹੈ, ਪਰ ਮਨੁੱਖ ਹਾਲੇ ਤੱਕ ਸਿਰਫ 12.2 ਕਿਲੋਮੀਟਰ (40230 ਫੁੱਟ/ਕੋਲਾ ਸੁਪਰਡੀਪ ਬੋਰਹੋਲ), ਤੱਕ ਹੀ ਧਰਤੀ ਦੇ ਵਿੱਚ ਹੇਠਾਂ ਜਾ ਸਕਿਆ ਹੈ। ਦੂਜੇ ਸ਼ਬਦਾਂ ਵਿੱਚ ਅਸੀਂ ਕਹਿ ਸਕਦੇ ਹਾਂ ਕਿ ਫਿਲਹਾਲ ਦੀਆਂ ਤਕਨੀਕਾਂ ਦੇ ਅਨੁਸਾਰ ਅਸੀਂ ਧਰਤੀ ਦੇ 700-1000 ਕਿਲੋਮੀਟਰ ਹੇਠਾਂ ਲੱਭਿਆ ਪਾਣੀ ਨਹੀਂ ਵਰਤ ਸਕਦੇ। ਸਾਡੇ ਸੂਰਜ ਮੰਡਲ ਵਿੱਚ ਸਿਰਫ ਧਰਤੀ ਹੀ ਇੱਕ ਅਜਿਹਾ ਗ੍ਰਹਿ ਹੈ, ਜਿਸ 'ਤੇ ਜੀਵਨ ਸੰਭਵ ਹੈ ਅਤੇ ਜਿਸ 'ਤੇ ਪਾਣੀ ਹੈ। ਇਹ ਪਾਣੀ ਠੋਸ (ਬਰਫ) ਅਤੇ ਤਰਲ (ਪੀਣ ਯੋਗ ਤੇ ਦੂਜਾ ਸਮੁੰਦਰਾਂ-ਨਦੀਆਂ ਦਾ ਪਾਣੀ) ਅਤੇ ਗੈਸ (ਭਾਫ-ਬੱਦਲ) ਆਦਿ ਦੇ ਰੂਪ ਵਿੱਚ ਮੌਜੂਦ ਹੈ। ਧਰਤੀ ਦੀ ਕੁੱਲ ਸੱਤਾ ਦਾ 71 ਫੀਸਦੀ ਭਾਗ ਪਾਣੀ ਨਾਲ ਹੀ ਢਕਿਆ ਹੋਇਆ ਹੈ। ਇਹਨਾਂ ਵਿੱਚੋਂ ਲੱਗਭੱਗ ਸਾਰਾ ਹੀ ਪਾਣੀ ਸਮੁੰਦਰਾਂ ਵਿੱਚ ਹੈ। 97 ਫੀਸਦੀ ਅਤੇ ਪੀਣ ਯੋਗ ਪਾਣੀ, ਜਿਸ ਨੂੰ ਅਸੀਂ ਮਿੱਠਾ ਪਾਣੀ ਕਹਿ ਦਿੰਦੇ ਹਾਂ, ਉਹ ਸਿਰਫ 2.5 ਪ੍ਰਤੀਸ਼ਤ ਹੀ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਇਹਦੇ ਵਿੱਚੋਂ ਸਿਰਫ 0.3 ਪ੍ਰਤੀਸ਼ਤ ਪਾਣੀ ਹੀ ਪੀਣਯੋਗ ਹੈ। ਜਿਹੜਾ ਕਿ ਪਾਣੀ ਦੀ ਧਰਤੀ 'ਤੇ ਮਿਕਦਾਰ ਤੋਂ ਬਹੁਤ ਜ਼ਿਆਦਾ ਘੱਟ ਹੈ। ਮਨੁੱਖੀ ਕਾਰਵਾਈਆਂ ਕਾਰਨ ਹੁਣ ਇਸ ਦੇ ਭੰਡਾਰ ਵਿੱਚ ਹੋਰ ਕਮੀ ਆ ਰਹੀ ਹੈ। ਨਦੀਆਂ, ਝੀਲਾਂ, ਦਰਿਆ ਆਦਿ ਦੂਸ਼ਿਤ ਹੋ ਰਹੇ ਹਨ ਅਤੇ ਧਰਤੀ ਹੇਠਲਾ ਪਾਣੀ ਲਗਾਤਾਰ ਪਤਾਲ ਵੱਲ ਨੂੰ ਜਾ ਰਿਹਾ ਹੈ। ਇਸ ਲਈ ਸਾਨੂੰ ਆਪਣੇ ਭਵਿੱਖ ਨੂੰ ਬਚਾਉਣ ਲਈ ਪਾਣੀ ਦੀ ਸੰਜਮ ਨਾਲ ਵਰਤੋਂ ਕਰਨੀ ਚਾਹੀਦੀ ਹੈ। ਵਰਖਾ ਦੇ ਪਾਣੀ ਨੂੰ ਸੰਭਾਲ ਕੇ ਰੱਖਣ ਅਤੇ ਵਰਤੋਂ ਯੋਗ ਬਣਾਉਣ ਦੇ ਢੰਗ ਲੱਭਣੇ ਅਤੇ ਵਰਤਣੇ ਚਾਹੀਦੇ ਹਨ ਤਾਂ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਧਰਤੀ 'ਤੇ ਪੀਣ ਜੋਗਾ ਪਾਣੀ ਬਚਿਆ ਰਹਿ ਸਕੇ ਤੇ ਧਰਤੀ ਵੀਰਾਨ, ਬੰਜਰ, ਖੁਸ਼ਕ ਗ੍ਰਹਿ ਬਣਨ ਤੋਂ ਬਚੀ ਰਹਿ ਸਕੇ।

-ਸੰਜੀਵ ਝਾਂਜੀ
# ਸੰਪਰਕ : 80049-10000

# ਸੀ ਪੀ ਆਈ ਦੀਆਂ ਜਾਂਬਾਜ਼ ਔਰਤਾਂ

ਰਜਿੰਦਰਪਾਲ ਕੌਰ




ਅਨੇਕਾਂ ਹੀ ਔਰਤਾਂ, ਜਿਹੜੀਆਂ ਕਿ ਕ੍ਰਾਂਤੀਕਾਰੀ ਵਿਚਾਰਾਂ ਵਾਲੀਆਂ ਸਨ ਅਤੇ ਬਹੁਤ ਪੜ੍ਹੀਆਂ, ਲਿਖੀਆਂ ਅਤੇ ਸਾਧਨ ਸੰਪੰਨ ਪਰਵਾਰਾਂ ਵਿੱਚੋਂ ਆਈਆਂ ਸਨ। ਉਹਨਾਂ ਨੇ ਸਾਰੀਆਂ ਸੁੱਖ-ਸਹੂਲਤਾਂ ਤਿਆਗ ਕੇ ਆਪਣੀ ਜ਼ਿੰਦਗੀ ਦੱਬੇ-ਕੁਚਲੇ ਲੋਕਾਂ ਦੀ ਜ਼ਿੰਦਗੀ ਸੰਵਾਰਨ 'ਤੇ ਲਗਾ ਦਿੱਤੀ। ਇਹ ਸਾਰੀ ਉਮਰ ਕੰਡਿਆਂ 'ਤੇ ਤੁਰੀਆਂ ਤਾਂ ਕਿ ਦੂਜਿਆਂ ਦੇ ਰਾਹਾਂ ਵਿੱਚ ਫੁੱਲ ਵਿਛਾ ਸਕਣ। ਜ਼ਿੰਦਗੀ ਵਿੱਚ ਬੜੀਆਂ ਮੱਲਾਂ ਮਾਰੀਆਂ ਅਤੇ ਸੀ ਪੀ ਆਈ ਦੀਆਂ ਮੈਂਬਰ ਬਣ ਕੇ ਆਪਣੇ 'ਤੇ ਸਖਤ ਅਨੁਸ਼ਾਸਨ ਲਾਗੂ ਕੀਤਾ। ਆਪਣੀ ਜ਼ਿੰਦਗੀ ਦੀਆਂ ਸਾਰੀਆਂ ਖੁਸ਼ੀਆਂ ਸਾਰੇ ਅਰਮਾਨ ਲੋਕਾਂ ਦੀ ਸੋਹਣੀ ਜ਼ਿੰਦਗੀ ਬਣਾਉਣ ਵਾਸਤੇ ਕੁਰਬਾਨ ਕਰ ਦਿੱਤੇ।

ਆਜ਼ਾਦੀ ਵਾਸਤੇ ਮਰ ਮਿਟਣ ਅਤੇ ਆਜ਼ਾਦੀ ਤੋਂ ਬਾਅਦ ਲੋਕਾਂ ਦੀਆਂ ਸਮੱਸਿਆਵਾਂ ਵਾਸਤੇ ਲੜਨ ਵਾਲੀਆਂ ਅਨੇਕਾਂ ਹੀ ਔਰਤਾਂ ਮੈਦਾਨ ਵਿੱਚ ਆਈਆਂ। ਸਾਰੀਆਂ ਦੇ ਨਾਂਅ ਲੈਣੇ ਇੱਕ ਲੇਖ ਵਿੱਚ ਮੁਸ਼ਕਲ ਹਨ, ਪ੍ਰੰਤੂ ਕੁਝ ਕੁ ਨਾਂਅ ਸਾਰੇ ਭਾਰਤ ਵਿੱਚੋਂ ਹਵਾਲਾ ਦੇ ਕੇ ਦੱਸਿਆ ਜਾ ਸਕਦਾ ਹੈ ਕਿ ਕਿਵੇਂ ਔਰਤ ਜਾਤੀ ਸੀ ਪੀ ਆਈ ਦਾ ਇਕ ਮਹੱਤਵਪੂਰਨ ਹਿੱਸਾ ਬਣ ਕੇ ਰਹੀ।

ਆਜ਼ਾਦੀ ਤੋਂ ਪਹਿਲਾਂ ਔਰਤਾਂ ਦੀਆਂ ਕਈ ਜਥੇਬੰਦੀਆਂ ਕੰਮ ਕਰਦੀਆਂ ਸਨ, ਜਿਨ੍ਹਾਂ ਵਿੱਚੋਂ ਦੋ ਮੁੱਖ ਸਨ ਇਹ 19➟3 ਸੀ ਅਤੇ ਮਹਿਲਾ ਆਤਮ ਰੱਖਿਆ ਸੁਸਾਇਟੀ। ਗੀਤਾ ਮੁਖਰਜੀ, ਅਰੁਣਾ ਆਸਫ ਅਲੀ ਆਦਿ ਇਨ੍ਹਾਂ ਦੀਆਂ ਮੈਂਬਰ ਬਣੀਆਂ ਅਤੇ ਔਰਤਾਂ ਦੀ ਆਰਥਿਕ, ਸਮਾਜਿਕ ਅਤੇ ਰਾਜਨੀਤਕ ਅਜ਼ਾਦੀ ਵਾਸਤੇ ਲੜਦੀਆਂ ਰਹੀਆਂ। ਇਨ੍ਹਾਂ 'ਚ ਹਰ ਪਾਰਟੀ ਦੀਆਂ ਔਰਤਾਂ ਸ਼ਾਮਲ ਸਨ। ਕ੍ਰਾਂਤੀਕਾਰੀ ਔਰਤਾਂ ਨੇ ਮਹਿਸੂਸ ਕੀਤਾ ਕਿ ਇਹਨਾਂ ਜਥੇਬੰਦੀਆਂ ਵਿੱਚ ਉੱਚ ਵਰਗ ਦੀਆਂ ਔਰਤਾ ਹਨ ਅਤੇ ਉਹ ਸਿਰਫ ਮਿਡਲ ਕਲਾਸ ਦੀਆਂ ਔਰਤਾਂ ਦੀਆਂ ਸਮੱਸਿਆਵਾਂ ਤੱਕ ਹੀ ਸੀਮਤ ਸਨ।

ਇਸ ਕਰਕੇ ਕ੍ਰਾਂਤੀਕਾਰੀ ਔਰਤਾਂ ਨੇ ਫੈਸਲਾ ਕੀਤਾ ਕਿ ਇਹੋ ਜਿਹੀ ਜਥੇਬੰਦੀ ਬਣਾਈ ਜਾਵੇ, ਜਿਹੜੀ ਨਿਮਨ ਵਰਗ ਦੀਆਂ ਔਰਤਾਂ ਵਿੱਚ ਕੰਮ ਕਰੇ। ਵਿਚਾਰ ਕਰਕੇ ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੋਮੈਨ ਨਾਂਅ ਦੀ ਜਥੇਬੰਦੀ ਬਣਾਉਣ ਦਾ ਫੈਸਲਾ ਕੀਤਾ ਗਿਆ ਜਿਸ ਦੀ ਪਹਿਲੀ ਕਾਨਫਰੰਸ ਕਲਕੱਤੇ ਵਿੱਚ 4 ਜੂਨ 1954 ਨੂੰ ਹੋਈ। ਅਨੁਸੂਇਆ ਗਿਆਨ ਚੰਦ, ਪੁਸ਼ਪਾਮੋਇ ਬੋਸ, ਹਾਜਰਾ ਬੇਗਮ, ਗੀਤਾ ਮੁਖਰਜੀ, ਅਰੁਣਾ ਆਸਿਫ ਅਲੀ ਆਦਿ ਇਸ ਦੀਆਂ ਸੰਸਥਾਪਕ ਸਨ। ਅਨੁਸੂਇਆ ਗਿਆਨ ਚੰਦ ਪਹਿਲੀ ਜਨਰਲ ਸਕੱਤਰ ਅਤੇ ਪੁਸ਼ਪਾਮੋਇ ਬੋਸ ਪ੍ਰਧਾਨ ਚੁਣੇ ਗਏ।

ਗੀਤਾ ਮੁਖਰਜੀ ਅਜ਼ਾਦੀ ਦੀ ਜੰਗ ਤੋਂ ਬਾਅਦ ਫਿਰ ਲੋਕਾਂ ਦੇ ਅਧਿਕਾਰਾਂ ਦੀ ਲੜਾਈ ਵਾਸਤੇ ਮੈਦਾਨ ਵਿੱਚ ਸੀ। 1967, 1969 ਅਤੇ 72 ਵਿੱਚ ਅਸੈਂਬਲੀ ਮੈਂਬਰ ਚੁਣੇ ਗਏ। 1980 ਵਿੱਚ ਉਹ ਪਾਰਲੀਮੈਂਟ ਮੈਂਬਰ ਬਣੇ ਅਤੇ ਉਸ ਤੋਂ ਬਾਅਦ ਫਿਰ ਸੱਤ ਵਾਰੀ ਮੈਂਬਰ ਚੁਣੇ ਗਏ, ਇਹਨਾਂ ਨੇ ਔਰਤਾਂ ਵਾਸਤੇ 1995 'ਚ 33 ਫੀਸਦੀ ਰਿਜ਼ਰਵੇਸ਼ਨ ਦਾ ਬਿੱਲ ਪੇਸ਼ ਕੀਤਾ। ਅੱਤਵਾਦ ਦੌਰਾਨ ਪੰਜਾਬ ਦਾ ਦੌਰਾ ਕਰਨ ਵਾਲੇ ਜਥੇ ਵਿੱਚ ਸ਼ਾਮਲ ਸਨ।

ਅਰੁਣਾ ਆਸਿਫ਼ ਅਲੀ ਭਾਵੇਂ ਸੀ ਪੀ ਆਈ ਦੀ ਮੈਂਬਰ ਨਹੀਂ ਬਣੀ, ਪਰੰਤੂ ਇੱਕ ਕ੍ਰਾਂਤੀਕਾਰੀ ਔਰਤ ਸੀ ਅਤੇ ਪਾਰਟੀ ਹਮਦਰਦ ਸੀ, ਇੱਕ ਬਹੁਤ ਹੀ ਦਲੇਰ ਔਰਤ ਸੀ, ਜਿਸ ਨੇ ਭਾਰਤ ਛੱਡੋ ਅੰਦੋਲਨ ਵੇਲੇ ਗੋਵਿਲਾ ਟੈਂਕ ਮੈਦਾਨ ਬੰਬਈ ਵਿਖੇ ਤਿਰੰਗਾ ਝੰਡਾ ਫਹਿਰਾਇਆ, ਜੋ ਕਿ ਅੱਤ ਦਾ ਜੋਖਮ ਭਰਿਆ ਕੰਮ ਸੀ। ਉਹ ਦੋ ਵਾਰ ਦਿੱਲੀ ਦੀ ਮੇਅਰ ਬਣੀ ਅਤੇ ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੋਮੈਨ ਦੀ ਪ੍ਰਧਾਨ ਵੀ ਰਹੀ। ਪੰਜਾਬ ਵਿੱਚ ਅੱਤਵਾਦ ਦੇ ਦੌਰ ਵਿੱਚ ਉਸ ਨੇ 60 ਔਰਤਾਂ ਦਾ ਜਥਾ ਲੈ ਕੇ ਬਹੁਤ ਹੀ ਸੰਵੇਦਨਸ਼ੀਲ ਇਲਾਕਿਆਂ ਦਾ ਦੌਰਾ ਕੀਤਾ।

ਮਹਾਨ ਕ੍ਰਾਂਤੀਕਾਰੀ ਔਰਤਾਂ ਵਿੱਚ ਕਲਪਨਾ ਦੱਤ ਦਾ ਨਾਂਅ ਸੂਰਜ ਵਾਂਗ ਚਮਕਦਾ ਹੈ, ਜਿਸ ਨੇ ਕਿ ਅੰਗਰੇਜ਼ਾਂ ਵਿਰੁੱਧ ਲੜਾਈ ਵਿੱਚ ਬੜੀ ਦਲੇਰੀ ਨਾਲ ਹਿੱਸਾ ਲਿਆ। ਕਲਪਨਾ ਦੱਤ ਚਿੱਟਾਗਾਂਗ ਆਰਮਰੀ ਰੈੱਡ ਐਕਸ਼ਨ ਦਾ ਵੀ ਹਿੱਸਾ ਬਣੇ। ਕਲਪਨਾ ਦੱਤ ਬਾਅਦ ਵਿੱਚ ਪੀ ਸੀ ਜੋਸ਼ੀ ਨਾਲ ਵਿਆਹ ਕਰਕੇ ਕਲਪਨਾ ਜੋਸ਼ੀ ਹੋ ਗਈ, ਪ੍ਰੰਤੂ 1948 ਤੋਂ ਬਾਅਦ ਹਾਲਾਤ ਇਦਾਂ ਦੇ ਹੋ ਗਏ ਕਿ ਉਸ ਨੂੰ ਕੰਮ ਕਰਨ ਦਾ ਜ਼ਿਆਦਾ ਮੌਕਾ ਨਹੀਂ ਮਿਲਿਆ।

ਰੇਣੂ ਚੱਕਰਵਰਤੀ, ਜੋ ਕਿ ਬੰਗਾਲ ਦੇ ਇੱਕ ਅਮੀਰ ਖਾਨਦਾਨ ਦੀ ਲੜਕੀ ਸੀ ਅਤੇ ਪੜ੍ਹਨ ਵਾਸਤੇ ਇੰਗਲੈਂਡ ਗਈ ਸੀ, ਉੱਥੇ ਉਸ ਦਾ ਤਾਲਮੇਲ ਕ੍ਰਾਂਤੀਕਾਰੀਆਂ ਨਾਲ ਹੋ ਗਿਆ ਅਤੇ ਉਹ ਆਜ਼ਾਦੀ ਦੀ ਲੜਾਈ ਵਿੱਚ ਸ਼ਾਮਿਲ ਹੋ ਗਈ। 1948 ਤੋਂ 1951 ਤੱਕ ਉਹ ਰੂਪੋਸ਼ ਰਹੀ। 1951 ਅਤੇ 1957 ਵਿੱਚ ਵਿਧਾਇਕ ਚੁਣੀ ਗਈ। 1962 ਵਿੱਚ ਉਹ ਲੋਕ ਸਭਾ ਵਿੱਚ ਸਾਰੇ ਦੇਸ਼ ਵਿੱਚ ਵੱਧ ਵੋਟਾਂ ਲੈ ਕੇ ਜਿੱਤੀ। ਉਸ ਨੇ ਆਪਣੇ ਸਾਰੀ ਜ਼ਿੰਦਗੀ ਲੋਕਾਂ ਲੇਖੇ ਲਗਾਈ। ਜੇਲ੍ਹਾਂ ਕੱਟੀਆਂ, ਹੜਤਾਲਾਂ ਕੀਤੀਆਂ। ਪਾਰਵਤੀ ਕ੍ਰਿਸ਼ਨਨ, ਜੋ ਕਿ ਕੇਰਲਾ ਤੋਂ ਸੀ, ਉਹ ਵੀ ਇੱਕ ਸ਼ਾਹੀ ਖਾਨਦਾਨ ਤੋਂ ਸੀਂ ਅਤੇ ਇੰਗਲੈਂਡ ਵਿੱਚ ਪੜ੍ਹਨ ਗਈ ਸੀ। ਉਸ ਦਾ ਮੇਲ ਕ੍ਰਾਂਤੀਕਾਰੀਆਂ ਨਾਲ ਹੋਇਆ ਅਤੇ ਉਹ ਕ੍ਰਾਂਤੀਕਾਰੀ ਬਣ ਗਈ। ਉਹ ਕੇਰਲਾ ਵਿੱਚ 1955,1974 ਅਤੇ 1977 ਵਿੱਚ ਲੋਕ ਸਭਾ ਅਤੇ ਰਾਜ ਸਭਾ ਮੈਂਬਰ ਰਹੇ।

ਹਾਜਰਾ ਬੇਗਮ ਵੀ ਇੱਕ ਅਮੀਰ ਖਾਨਦਾਨ ਨਾਲ ਸੰਬੰਧ ਰੱਖਦੀ ਸੀ ਅਤੇ ਉਹ ਔਰਤਾਂ ਵਾਸਤੇ ਸਭ ਤਰ੍ਹਾਂ ਦੇ ਸਮਾਜਿਕ, ਕਾਨੂੰਨੀ ਅਤੇ ਰਾਜਨੀਤਕ ਹੱਕਾਂ ਦੀ ਬਰਾਬਰੀ ਦੀ ਪਹਿਰੇਦਾਰ ਸੀ। ਉਹ ਰੇਲਵੇ ਕੁੱਲੀ ਯੂਨੀਅਨ ਦੇ ਸੰਸਥਾਪਕਾਂ ਵਿੱਚੋਂ ਇੱਕ ਸੀ।

ਇਸ ਤੋਂ ਇਲਾਵਾ ਕਮਲਾ ਮੁਖਰਜੀ, ਕਪਲਾ ਖੰਡਵਾਲਾ, ਕੇ ਆਰ ਗੌਰੀ ਅੰਮਾ, ਬਾਣੀ ਦਾਸ ਗੁਪਤਾ, ਮਨੀ ਕੁੰਤਲਾ ਸੇਨ, ਮੰਜੂ ਗਾਂਧੀ, ਨਿਰੁਪਮਾ ਰਥ, ਰੰਜਨਾ ਰੇ, ਗੀਟਾ ਸੇਠ, ਸਰਲਾ ਸ਼ਰਮਾ, ਸੁਰਜੀਤ ਕੌਰ, ਤਾਰਾ ਰੈਡੀ, ਵਿਦਿਆ ਮੁਨਸ਼ੀ ਆਦਿ ਲਹਿਰ ਦੇ ਹੀਰੇ ਸਨ।

ਪਰਾਮਿਲਾ ਲੂੰਬਾ, ਜੋ ਕਿ ਕਾਮਰੇਡ ਸਤੀਸ਼ ਲੂੰਬਾ ਦੀ ਪਤਨੀ ਸੀ, ਉਸ ਨੇ ਵੀ ਆਜ਼ਾਦੀ ਦੀ ਲੜਾਈ ਤੋਂ ਸ਼ੁਰੂ ਕਰਕੇ ਸਾਰੀ ਜ਼ਿੰਦਗੀ ਨੂੰ ਲੋਕਾਂ ਵਾਸਤੇ ਇੱਕ ਲੜਾਈ ਵਜੋਂ ਜੀਵਿਆ।

ਵਿਮਲਾ ਫਾਰੂਕੀ, ਜੋ ਕਿ ਆਜ਼ਾਦੀ ਦੀ ਲੜਾਈ ਲੜਨ ਵਾਲੀ ਇੱਕ ਵੀਰਾਂਗਣਾ ਸੀ, ਨੇ ਆਜ਼ਾਦੀ ਤੋਂ ਬਾਅਦ ਵੀ ਔਰਤਾਂ ਅਤੇ ਦੱਬੇ-ਕੁਚਲੇ ਲੋਕਾਂ ਦੇ ਹੱਕਾਂ ਲਈ ਲੜਾਈ ਜਾਰੀ ਰੱਖੀ ਅਤੇ ਉਹ ਆਖਰੀ ਸਾਹ ਤੱਕ ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੋਮੈਨ ਅਤੇ ਸੀ ਪੀ ਆਈ ਦੀ ਬਹਾਦਰ ਸਿਪਾਹੀ ਰਹੀ।

ਇਸ ਵੇਲੇ ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੋਮੈਨ ਦੀ ਐਕਟਿੰਗ ਮੀਤ ਪ੍ਰਧਾਨ ਐਨੀ ਡੀ ਰਾਜਾ, ਜੋ ਕਿ ਲੰਮਾਂ ਸਮਾਂ ਨੈਸ਼ਨਲ ਜਨਰਲ ਸਕੱਤਰ ਰਹੇ ਹਨ, ਜਨਰਲ ਸਕੱਤਰ ਤੋਂ ਮੀਤ ਪ੍ਰਧਾਨ ਦੇ ਅਹੁਦੇ 'ਤੇ ਆਉਣਾ ਵੀ ਲਹਿਰ ਦੀ ਖਾਤਰ ਕੁਰਬਾਨੀ ਹੈ। ਐਨੀ ਰਾਜਾ ਬਹੁਤ ਹੀ ਬਹਾਦਰ ਔਰਤ ਹੈ, ਜੋ ਕਿ ਹਰ ਉਸ ਥਾਂ ਜਾ ਪਹੁੰਚਦੀ ਹੈ, ਜਿੱਥੇ ਅੱਗ ਬਲਦੀ ਹੁੰਦੀ ਹੈ। ਉਹ ਆਦਿਵਾਸੀਆਂ ਦੀ ਹਮਾਇਤ 'ਤੇ ਜਾਂਦੀ ਹੈ, ਜਿਸ ਕਰਕੇ ਉਸ 'ਤੇ ਕਈ ਕੇਸ ਦਰਜ ਹੋ ਚੁੱਕੇ ਹਨ। ਉਹ ਮਨੀਪੁਰ ਵਿੱਚ ਵੀ ਗਈ, ਜਦੋਂ ਕੁੱਕੀ ਅਤੇ ਮੈਤੇਈ ਕਬੀਲਿਆਂ ਵਿੱਚ ਘਮਸਾਨ ਚੱਲ ਰਿਹਾ ਸੀ। ਜਦੋਂ ਕਸ਼ਮੀਰ ਨੂੰ ਖੁਲ੍ਹੀ ਜੇਲ੍ਹ ਬਣਾਇਆ ਸੀ ਤਾਂ ਐਨੀ ਰਾਜਾ ਲੋਕਾਂ ਨੂੰ ਮਿਲਣ ਵਾਸਤੇ ਉੱਥੇ ਵੀ ਪਹੁੰਚੀ।

ਮਨੀਪੁਰ ਜਾਣ ਵਾਲਿਆਂ ਵਿੱਚ ਮੌਜੂਦਾ ਜਨਰਲ ਸਕੱਤਰ ਨਿਸ਼ਾ ਸਿੱਧੂ ਅਤੇ ਵਕੀਲ ਦਿਸ਼ਾ ਦਿਵੇਦੀ ਵੀ ਸੀ। ਇਸ ਡੈਲੀਗੇਸ਼ਨ ਨੇ ਖੁੱਲ੍ਹੇਆਮ ਕਿਹਾ ਕਿ ਇਸ ਹਿੰਸਾ ਦੇ ਪਿੱਛੇ ਸਰਕਾਰ ਦਾ ਹੱਥ ਹੈ। ਸਰਕਾਰ ਦੇ ਇਸ਼ਾਰੇ 'ਤੇ ਇਹਨਾਂ ਤਿੰਨਾਂ 'ਤੇ ਐੱਫ ਆਈ ਆਰ ਦਰਜ ਕੀਤੀ ਗਈ।

ਸਾਰੇ ਭਾਰਤ ਵਿੱਚ ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੋਮੈਨ ਅਤੇ ਸੀ ਪੀ ਆਈ ਦੇ ਮੈਂਬਰ ਵਜੋਂ ਕੰਮ ਕਰਨ ਵਾਲੀਆਂ ਔਰਤਾਂ ਦੀ ਗਿਣਤੀ ਬਹੁਤ ਜਿਆਦਾ ਹੈ। ਸਭ ਦਾ ਵਰਨਣ ਇਥੇ ਸ਼ਾਇਦ ਸੰਭਵ ਨਹੀਂ, ਪਰੰਤੂ ਸਾਰੀਆਂ ਹੀ ਜਾਂਬਾਜ਼ ਔਰਤਾਂ ਸਨ।

ਪੰਜਾਬ ਵਿੱਚ ਸਭ ਤੋਂ ਪਹਿਲਾਂ ਅਸੀਂ ਯਾਦ ਕਰਾਂਗੇ ਬੀਬੀ ਗੁਲਾਬ ਕੌਰ ਨੂੰ, ਜੋ ਕਿ ਗਦਰ ਪਾਰਟੀ ਦੀ ਮੈਂਬਰ ਸੀ ਅਤੇ ਬਹੁਤ ਹੀ ਸੂਝਵਾਨ, ਸਿਰੜੀ ਅਤੇ ਅਣਥੱਕ ਵਰਕਰ ਸੀ, ਜਿਸ ਦੀ ਮੌਤ ਸੀ ਪੀ ਆਈ ਦੇ ਜਨਮ ਤੋਂ ਪਹਿਲਾਂ ਹੋ ਗਈ ਸੀ।

ਬੀਬੀ ਰਘਬੀਰ ਕੌਰ, ਜਿਸ ਨੇ ਕਿ ਸੀ ਪੀ ਆਈ ਵਿੱਚ ਬਹੁਤ ਦਲੇਰੀ ਨਾਲ ਕੰਮ ਕੀਤਾ ਸੀ, ਦਾ ਨਾਂਅ ਲਗਭਗ ਧੂੜ ਵਿੱਚ ਹੀ ਮਿਲਾ ਦਿੱਤਾ ਗਿਆ ਸੀ। ਹੁਣ ਦੇਸ਼ ਭਗਤ ਲੋਕ ਉਸ ਦੀਆਂ ਯਾਦਾਂ ਤਾਜ਼ਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਰਘਬੀਰ ਕੌਰ ਦਾ ਜੀਵਨ ਸਾਥੀ ਭਗਵਾਨ ਸਿੰਘ, ਜੋ ਕਿ ਟਰੱਕ ਡਰਾਈਵਰ ਸੀ ਅਤੇ ਕਾਬਲ ਤੋਂ ਪੰਜਾਬ ਤੱਕ ਗਦਰੀਆਂ ਦੇ ਸੁਨੇਹੇ ਪਹੁੰਚਾਉਂਦਾ ਸੀ। ਬੀਬੀ ਰਘਬੀਰ ਕੌਰ, ਜੋ ਕਿ ਅੱਤ ਦੀਆਂ ਗਰੀਬ ਔਰਤਾਂ ਵਿੱਚ ਕੰਮ ਕਰਦੇ ਸਨ, ਦੇ ਕੰਮਾਂ ਨੂੰ ਸਲਾਮ ਕਰਦੇ ਹੋਏ ਲੋਕਾਂ ਨੇ ਉਹ ਨੂੰ ਆਜ਼ਾਦੀ ਤੋਂ ਪਹਿਲਾਂ 1937 ਵਿੱਚ ਐੱਮ.ਐੱਲ.ਏ ਚੁਣਿਆ।

ਭੈਣ ਜੀ ਵਿਮਲਾ ਡਾਂਗ ਵੀ ਆਜ਼ਾਦੀ ਦੀ ਲੜਾਈ ਦੇ ਸਿਪਾਹੀ ਸਨ ਅਤੇ ਆਜ਼ਾਦੀ ਤੋਂ ਬਾਅਦ ਔਰਤਾਂ ਦੀਆਂ ਮੁਸ਼ਕਲਾਂ ਨੂੰ ਵੇਖਦੇ ਹੋਏ ਪੰਜਾਬ ਇਸਤਰੀ ਸਭਾ ਦੇ ਸੰਸਥਾਪਕ ਮੈਂਬਰ ਬਣੇ। ਉਹਨਾ 1971 ਵਿੱਚ ਜਦੋਂ ਛੇਹਰਟਾ ਵਿੱਚ ਪਾਕਿਸਤਾਨ ਵੱਲੋਂ ਬੰਬ ਸੁੱਟ ਕੇ ਅਨੇਕਾਂ ਹੀ ਲੋਕਾਂ ਨੂੰ ਮਾਰ ਦਿੱਤਾ ਸੀ, ਤਾਂ ਵਿਮਲਾ ਜੀ ਅੱਧੀ ਰਾਤ ਘਟਨਾ ਵਾਲੀ ਥਾਂ 'ਤੇ ਪਹੁੰਚ ਗਏ। ਲੋਕਾਂ ਨੂੰ ਇਕੱਠਾ ਕੀਤਾ ਅਤੇ ਅਗਲੇ ਦਿਨ ਲੋਕਾਂ ਕੋਲੋਂ ਪੈਸੇ ਇਕੱਠੇ ਕਰਕੇ ਸਾਰੀਆਂ ਲਾਸ਼ਾਂ ਦਾ ਸਸਕਾਰ ਕੀਤਾ। ਪੰਜਾਬ ਦੇ ਕਾਲੇ ਦੌਰ ਵਿੱਚ ਵੀ ਉਹਨਾ ਡਟਵੀਂ ਲੜਾਈ ਲੜੀ, ਉਹਨਾ ਨੇ ਨਾਅਰਾ ਦਿੱਤਾ : 'ਨਾ ਹਿੰਦੂ ਰਾਜ ਨਾ ਖਾਲਿਸਤਾਨ, ਜੁਗ ਜੁਗ ਜੀਵੇ ਹਿੰਦੁਸਤਾਨ।' ਜਦੋਂ ਕਿ ਚਾਰ-ਚੁਫੇਰੇ ਹਨੇਰਾ ਹੀ ਹਨੇਰਾ ਸੀ। ਉਸ ਵੇਲੇ ਭੈਣ ਜੀ ਔਰਤਾਂ ਨੂੰ ਇਕੱਠੀਆਂ ਕਰਕੇ ਪ੍ਰੀਤੀ ਭੋਜ ਕਰਿਆ ਕਰਦੇ ਸਨ। ਅਸੀਂ ਆਪਣਾ ਆਪਣਾ ਖਾਣਾ ਲਿਆ ਕੇ ਇਕੱਠੇ ਬੈਠ ਕੇ ਖਾਂਦੇ। ਉਹਨਾਂ ਦਾ ਮਕਸਦ ਸੀ ਕਿ ਔਰਤਾਂ ਦਾ ਹੌਸਲਾ ਬੁਲੰਦ ਰੱਖਿਆ ਜਾਵੇ। ਅੱਤਵਾਦ ਖਤਮ ਹੋਣ ਤੋਂ ਬਾਅਦ ਉਨ੍ਹਾਂ 'ਪੰਜਾਬ ਇਸਤਰੀ ਸਭਾ ਰਿਲੀਫ ਟਰੱਸਟ' ਕਾਇਮ ਕੀਤਾ, ਜਿਸ ਵਿੱਚ ਬੜੀਆਂ ਉੱਚ ਹਸਤੀਆਂ ਦਾਨ ਦਿੰਦੀਆਂ ਸਨ ਅਤੇ ਅੱਤਵਾਦ ਤੋਂ ਪ੍ਰਭਾਵਤ ਬੱਚਿਆਂ ਦੀਆਂ ਦੀ ਪੜ੍ਹਾਈ ਦਾ ਖਰਚਾ ਭੈਣ ਜੀ ਦਿੰਦੇ ਸਨ। ਉਹ 1992 ਤੋਂ 1997 ਤੱਕ ਪੰਜਾਬ ਵਿਧਾਨ ਸਭਾ ਦੇ ਮੈਂਬਰ ਰਹੇ। ਉਹ ਲੋਕ ਮਸਲਿਆਂ 'ਤੇ ਤਿੱਖੇ ਸਵਾਲ ਕਰਦੇ ਸਨ। ਸੰਬੰਧਤ ਮਹਿਕਮੇ ਨੂੰ ਜਵਾਬ ਦੇਣਾ ਪੈਂਦਾ ਸੀ।

ਭੈਣ ਜੀ ਸੁਸ਼ੀਲਾ ਚੈਨ ਨੇ ਵੀ ਦੇਸ਼ ਦੀ ਆਜ਼ਾਦੀ ਵਿੱਚ ਤਕੜਾ ਹਿੱਸਾ ਪਾਇਆ, ਉਹ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਔਰਤਾਂ ਇਕੱਠਿਆਂ ਕਰਕੇ ਮੀਟਿੰਗਾਂ ਕਰਦੇ ਅਤੇ ਉਹਨਾਂ ਵਿੱਚ ਜਾਗਰਤੀ ਪੈਦਾ ਕਰਦੇ। ਉਨ੍ਹਾਂ ਖੁਸ਼ ਹੈਸੀਅਤੀ ਮੋਰਚੇ ਵਿੱਚ ਵੀ ਭਰਪੂਰ ਹਿੱਸਾ ਪਾਇਆ। ਸੁਸ਼ੀਲਾ ਚੈਨ ਲੜਕੀਆਂ ਦੀ ਪੜ੍ਹਾਈ ਬਾਰੇ ਬਹੁਤ ਚਿੰਤਤ ਸਨ। ਇਸੇ ਕਰਕੇ ਹੀ ਉਹ ਕਿਸੇ ਪਿੰਡ ਵਿੱਚ ਸਕੂਲ ਖੋਲ੍ਹਦੇ, ਜਦੋਂ ਸਕੂਲ ਚੱਲ ਜਾਂਦਾ ਤਾਂ ਕਿਸੇ ਨੂੰ ਉਹ ਸਕੂਲ ਦੇ ਕੇ ਕਿਸੇ ਹੋਰ ਪਿੰਡ ਵਿੱਚ ਜਾ ਕੇ ਸਕੂਲ ਖੋਲ੍ਹ ਲੈਂਦੇ। ਇਸ ਤਰ੍ਹਾਂ ਉਹਨਾ ਔਰਤਾਂ ਵਿੱਚ ਵਿੱਦਿਆ ਦੀ ਜੋਤ ਜਗਾਈ।

ਭੈਣ ਜੀ ਬੀਰ ਕਲਸੀ, ਜੋ ਸ਼ਹੀਦ ਗਹਿਲ ਸਿੰਘ ਛੱਜਲਵੱਡੀ ਦੀ ਬੇਟੀ ਸੀ, ਨੇ ਵੀ ਆਪਣੇ ਪਤੀ ਪ੍ਰੀਤਮ ਸਿੰਘ ਨਾਲ ਰਲ ਕੇ ਆਜ਼ਾਦੀ ਦੀ ਲੜਾਈ ਵਿੱਚ ਹਿੱਸਾ ਪਾਇਆ ਅਤੇ ਬਾਅਦ ਵਿੱਚ ਔਰਤਾਂ ਅਤੇ ਗਰੀਬਾਂ ਦੀ ਲੜਾਈ ਨੂੰ ਆਪਣਾ ਮਕਸਦ ਬਣਾਇਆ। ਔਰਤਾਂ ਨੂੰ ਜਾਗਰਤ ਕਰਨ ਲਈ ਉਹਨਾ ਨੇ ਟਾਂਗਰਾ ਵਿੱਚ ਸ਼ਹੀਦ ਗਹਿਲ ਸਿੰਘ ਛੱਜਲਵੱਡੀ ਸਕੂਲ ਖੋਲ੍ਹਿਆ। ਜਿੱਥੋਂ ਪੜ੍ਹ ਕੇ ਅਨੇਕਾਂ ਹੀ ਔਰਤਾਂ ਬਹੁਤ ਉੱਚੇ ਅਹੁਦਿਆਂ 'ਤੇ ਪਹੁੰਚੀਆਂ ਹਨ।

ਭੈਣ ਜੀ ਉਰਮਿਲਾ ਆਨੰਦ ਨੇ ਵੀ ਆਜ਼ਾਦੀ ਦੀ ਲੜਾਈ ਵਿੱਚ ਆਪਣੇ ਸਾਥੀ ਕਾਮਰੇਡ ਜਗਜੀਤ ਸਿੰਘ ਆਨੰਦ ਜੀ ਨਾਲ ਮਿਲ ਕੇ ਵੱਡਾ ਹਿੱਸਾ ਪਾਇਆ ਅਤੇ ਆਜ਼ਾਦੀ ਤੋਂ ਬਾਅਦ ਸਾਰੀ ਉਮਰ ਦੱਬੇ-ਕੁਚਲੇ ਲੋਕਾਂ ਦੇ ਹੱਕਾਂ ਲਈ ਲੜਦੇ ਰਹੇ।

ਆਸ਼ਿਮਾ ਰੇਖੀ ਜੋ ਕਿ ਸੀ ਪੀ ਆਈ ਵਿੱਚ ਸ਼ਾਮਲ ਤਾਂ ਨਹੀਂ ਹੋਏ, ਪ੍ਰੰਤੂ ਸੀ ਪੀ ਆਈ ਦੇ ਹਮਦਰਦ ਸਨ ਅਤੇ ਵੱਡੇ ਆਜ਼ਾਦੀ ਘੁਲਾਟੀਏ ਸਨ, ਜਿਨ੍ਹਾਂ ਆਜ਼ਾਦੀ ਦੀ ਖਾਤਰ ਬਹੁਤ ਕੁਰਬਾਨੀਆਂ ਦਿੱਤੀਆਂ, ਇਥੋਂ ਤੱਕ ਕਿ ਉਹਨਾਂ ਨੂੰ ਆਪਣਾ ਮਾਂ, ਬਾਪ ਵੀ ਛੱਡਣਾ ਪਿਆ। ਆਜ਼ਾਦੀ ਤੋਂ ਬਾਅਦ ਉਹ ਪੰਜਾਬ ਇਸਤਰੀ ਸਭਾ ਵਿੱਚ ਓਨੀ ਦੇਰ ਕੰਮ ਕਰਦੇ ਰਹੇ, ਜਦ ਤੱਕ ਉਹਨਾ ਦੀ ਸਿਹਤ ਨੇ ਸਾਥ ਦਿੱਤਾ।

ਐਡਵੋਕੇਟ ਸੁਸ਼ੀਲਾ ਦੀਦੀ ਨੇ ਵੀ ਆਪਣੀ ਜ਼ਿੰਦਗੀ ਸੀ ਪੀ ਆਈ ਵਿੱਚ ਰਹਿੰਦਿਆਂ ਲਹਿਰ ਦੇ ਲੇਖੇ ਲਾ ਦਿੱਤੀ। ਭੈਣ ਜੀ ਵੀਰਾਂ ਦਾ ਨਾਂਅ ਵੀ ਇਸ ਲਹਿਰ ਵਿੱਚ ਖਾਸ ਮਹੱਤਵ ਰੱਖਦਾ ਹੈ। ਭੈਣ ਜੀ ਕੈਲਾਸ਼ਵਤੀ ਅਤੇ ਭੈਣ ਜੀ ਹਾਕਮ ਦੇਵੀ ਨੇ ਵੀ ਪਾਰਟੀ ਅਤੇ ਪੰਜਾਬ ਇਸਤਰੀ ਸਭਾ ਲਈ ਬਹੁਤ ਕੰਮ ਕੀਤਾ। ਇਹ ਦੋਵੇਂ ਬਹੁਤ ਸਮਰਪਿਤ ਵਰਕਰ ਸਨ ਅਤੇ ਆਪਣੇ ਪਰਵਾਰ ਨੂੰ ਅਣਗੌਲਿਆ ਕਰਕੇ ਲੋਕਾਂ ਦੇ ਕੰਮ ਕਰਦੇ ਸਨ।

ਭੈਣ ਜੀ ਮਹਿੰਦਰ ਸਾਂਭਰ ਦਾ ਨਾਂਅ ਵੀ ਕਿਸੇ ਪਹਿਚਾਣ ਦਾ ਮੁਹਤਾਜ਼ ਨਹੀਂ, ਉਹਨਾਂ ਨੇ ਕੁਲਵਕਤੀ ਦੇ ਤੌਰ 'ਤੇ ਜ਼ਿੰਦਗੀ ਜੀਵੀ ਅਤੇ ਸਾਥੀਆਂ ਦੇ ਦੱਸਣ ਮੁਤਾਬਿਕ ਉਹਨਾ ਦੀ ਆਰਥਿਕ ਹਾਲਤ ਬਹੁਤ ਮਾੜੀ ਰਹਿੰਦੀ ਸੀ, ਇਸ ਦੇ ਬਾਵਜੂਦ ਉਹਨਾ ਨੇ ਆਪਣੇ ਕੰਮ ਵਿੱਚ ਕਦੇ ਕਮੀ ਨਹੀਂ ਆਉਣ ਦਿੱਤੀ, ਹਮੇਸ਼ਾ ਹਰ ਆਏ-ਗਏ ਨੂੰ ਖਿੜੇ ਮੱਥੇ ਮਿਲਦੇ ਅਤੇ ਸੇਵਾ ਕਰਦੇ।

ਭੈਣ ਜੀ ਕੁਸ਼ਲ ਭੌਰਾ ਨੇ ਵੀ ਆਪਣੀ ਜ਼ਿੰਦਗੀ ਲੋਕ ਲਹਿਰਾਂ ਦੇ ਲੇਖੇ ਲਾਈ। ਉਹਨਾ ਖੇਤ ਮਜ਼ਦੂਰ ਸਭਾ ਵਿੱਚ ਵੀ ਕੰਮ ਕੀਤਾ ਅਤੇ ਪੰਜਾਬ ਇਸਤਰੀ ਸਭਾ ਵਿੱਚ ਜਨਰਲ ਸਕੱਤਰ ਅਤੇ ਪ੍ਰਧਾਨ ਵੀ ਰਹੇ। ਭੈਣ ਜੀ ਨਰਿੰਦਰ ਪਾਲ ਪਾਲੀ ਨੇ ਵੀ ਪਾਰਟੀ ਦੀ ਖਾਤਰ ਆਪਣੀ ਸਾਰੀ ਜ਼ਿੰਦਗੀ ਅਰਪਨ ਕੀਤੀ। ਜਦੋਂ ਅੱਤਵਾਦ ਦਾ ਸਮਾਂ ਸੀ ਤਾਂ ਕਾਮਰੇਡ ਹਰਭਜਨ ਹਰ ਵੇਲੇ ਮੈਦਾਨ ਵਿੱਚ ਰਹਿੰਦੇ ਸਨ। ਉਸ ਵੇਲੇ ਵੀ ਭੈਣ ਜੀ ਕਦੇ ਨਹੀਂ ਡੋਲੇ, ਬਲਕਿ ਆਪਣੇ ਜੀਵਨ ਸਾਥੀ ਨਾਲੋਂ ਦੂਜੀ ਟੀਮ ਦਾ ਵੱਧ ਫਿਕਰ ਕਰਦੇ ਰਹੇ।

ਇਸ ਵੇਲੇ ਪੰਜਾਬ ਇਸਤਰੀ ਸਭਾ ਦੀ ਜਨਰਲ ਸਕੱਤਰ ਨਰਿੰਦਰ ਸੋਹਲ ਨੇ ਵੀ ਆਪਣੀ ਜ਼ਿੰਦਗੀ ਪਾਰਟੀ ਲੇਖੇ ਲਾਈ ਹੋਈ ਹੈ। ਨਰਿੰਦਰ ਸੋਹਲ ਦੇ ਪਰਵਾਰ ਨੇ ਪਾਰਟੀ ਸਿਧਾਂਤਾਂ 'ਤੇ ਚਲਦਿਆਂ ਬਹੁਤ ਵੱਡੀ ਕੁਰਬਾਨੀ ਦਿੱਤੀ। ਪਰਿਵਾਰ ਦੇ ਚਾਰ ਜੀਅ ਗਵਾਉਣ ਤੋਂ ਬਾਅਦ ਵੀ ਨਰਿੰਦਰ ਸੋਹਲ ਪੂਰੀ ਦ੍ਰਿੜ੍ਹਤਾ ਨਾਲ ਇਸ ਲਹਿਰ ਵਿੱਚ ਕੰਮ ਕਰ ਰਹੀ ਹੈ।

ਇਹ ਕੁਝ ਕੁ ਭੈਣਾਂ ਦੀ ਜ਼ਿੰਦਗੀ ਦੀ ਦਾਸਤਾਨ ਤਾਂ ਨਹੀਂ ਕਹਿ ਸਕਦੀ ਬਾਰੇ ਹਲਕਾ ਜਿਹਾ ਵੇਰਵਾ ਦਿੱਤਾ ਹੈ। ਅੰਤ ਵਿੱਚ ਕਹਿਣਾ ਚਾਹਾਂਗੀ ਕਿ ਸਾਰੇ ਭਾਰਤ ਵਿੱਚ ਪੰਜਾਬ ਸਮੇਤ ਔਰਤਾਂ ਸੀ ਪੀ ਆਈ ਵਿੱਚ ਡਟ ਕੇ ਕੰਮ ਕਰਦੀਆਂ ਰਹੀਆਂ ਅਤੇ ਹਰ ਕਿਸਮ ਦੀ ਕੁਰਬਾਨੀ ਉਹਨਾਂ ਨੇ ਕੀਤੀ, ਜਿਹਨਾਂ ਦਾ ਨਾਮਾਤਰ ਹੀ ਜ਼ਿਕਰ ਮੈਂ ਕਰ ਸਕੀ ਹਾਂ, ਪਰ ਉਹਨਾਂ ਸਾਰੀਆਂ ਔਰਤਾਂ ਨੂੰ ਵੀ ਜਿਹਨਾਂ ਦਾ ਜ਼ਿਕਰ ਮੈਂ ਨਹੀਂ ਕਰ ਸਕੀ, ਨੂੰ ਵੀ ਦਿਲੋਂ ਸਲਾਮ ਕਰਦੀ ਹਾਂ, ਕਿਉਂਕਿ ਉਹਨਾਂ ਸਾਰੀਆਂ ਨੇ ਆਪਣੀਆਂ ਪਰਿਵਾਰਕ ਜ਼ੁੰਮੇਵਾਰੀਆਂ ਤੋਂ ਵੱਧ ਦੱਬੇ-ਕੁਚਲੇ ਲੋਕਾਂ ਪ੍ਰਤੀ ਜ਼ੁੰਮੇਵਾਰੀ ਨਿਭਾਈ।

ਸੂਬਾ ਪ੍ਰਧਾਨ ਪੰਜਾਬ ਇਸਤਰੀ ਸਭਾ
# ਸੰਪਰਕ : 99881-76811

# ਸਿਹਤਮੰਦ ਜੀਵਨ ਲਈ ਕੂੜੇ ਖ਼ਿਲਾਫ਼ ਜੰਗ ਜ਼ਰੂਰੀ

ਸੁਖਜੀਤ ਸਿੰਘ ਚਹਿਲ

ਸ਼ਹਿਰਾਂ ਵਿੱਚ ਗੰਦਗੀ ਦੇ ਢੇਰ ਵਧ ਰਹੇ ਹਨ। ਜਿੱਧਰ ਦੇਖੋ ਜਿਹੜੇ ਮਰਜ਼ੀ ਸ਼ਹਿਰ ਚਲੇ ਜਾਵੋ, ਤੁਹਾਡਾ ਸਵਾਗਤ ਪਹਿਲਾਂ ਕੂੜੇ ਦੇ ਉੱਚੇ ਪਹਾੜਾਂ ਨਾਲ ਹੋਵੇਗਾ। ਕਈ ਵਾਰ ਤਾਂ ਇਹ ਸ਼ਹਿਰ ਦੇ ਬਿਲਕੁਲ ਅੰਦਰ ਮਿਲਦੇ ਹਨ। ਇਸ ਦੇ ਨੇੜੇ ਹੀ ਕੋਈ ਨਾ ਕੋਈ ਬਸਤੀ ਹੁੰਦੀ ਹੈ, ਉੱਥੇ ਲੋਕ ਰਹਿਣ ਲਈ ਮਜਬੂਰ ਹਨ। ਉਹ ਕੁਝ ਨਹੀਂ ਕਰ ਸਕਦੇ, ਬਸ ਇਸ ਗੰਦਗੀ ਵਿੱਚ ਜੀਵਨ ਬਸਰ ਕਰਨਾ ਉਹਨਾਂ ਦੇ ਜੀਵਨ ਦੀ ਮਜਬੂਰੀ ਬਣ ਗਈ ਹੈ। ਮੀਂਹ ਦੇ ਦਿਨਾਂ ਵਿੱਚ ਤਾਂ ਹਾਲਤ ਇਸ ਤੋਂ ਵੀ ਮਾੜੀ ਹੋ ਜਾਂਦੀ ਹੈ। ਇਹ ਗੰਦਗੀ ਸ਼ਹਿਰਾਂ ਨੂੰ ਪ੍ਰਦੂਸ਼ਤ ਕਰ ਰਹੀ ਹੈ। ਰੋਜ਼ਾਨਾ ਹਜ਼ਾਰਾਂ ਟਨ ਕੂੜਾ ਰੋਜ਼ ਪੈਦਾ ਕਰ ਦਿੱਤਾ ਜਾਂਦਾ ਹੈ, ਜਿਸ ਨਾਲ ਸਾਫ ਪਾਣੀ, ਹਵਾ ਵੱਡੀ ਪੱਧਰ 'ਤੇ ਪ੍ਰਦੂਸ਼ਤ ਹੋ ਰਹੇ ਹਨ। ਸ਼ਹਿਰੀ ਖੇਤਰਾਂ ਵਿੱਚ ਸਿਹਤ ਸਮੱਸਿਆਵਾਂ ਪੈਦਾ ਹੋ ਰਹੀਆਂ ਹਨ। ਹੁਣ ਇਹ ਸਮੱਸਿਆ ਪਿੰਡਾਂ ਵਿੱਚ ਵੀ ਆਉਣ ਲੱਗ ਪਈ ਹੈ। ਜੇਕਰ ਸਮਾਂ ਰਹਿੰਦੇ ਹਾਲਤ ਇਹੀ ਰਹੇ ਤਾਂ ਇਹ ਐਡਮ ਤੇ ਈਵ ਦਾ ਬਾਗ ਨਰਕ ਦਾ ਰੂਪ ਧਾਰਨ ਕਰ ਲਵੇਗਾ।

ਕੂੜੇ ਤੋਂ ਬਿਨਾਂ ਹੋਰ ਬਹੁਤ ਸਾਰੀ ਰਹਿੰਦ-ਖੂੰਹਦ ਵੱਖ-ਵੱਖ ਖੇਤਰਾਂ ਵਿੱਚ ਪੈਦਾ ਹੋ ਰਹੀ ਹੈ, ਜਿਸ ਦੇ ਢੇਰ ਸਾਨੂੰ ਅਜੇ ਦਿਸਦੇ ਨਹੀਂ, ਪਰ ਇਹ ਹੌਲ਼ੀ-ਹੌਲੀ ਵਧ ਰਹੇ ਹਨ। ਇਸ ਦੇ ਵੀ ਇੱਕ ਦਿਨ ਭਿਆਨਕ ਨਤੀਜੇ ਨਿਕਲਣਗੇ।

ਸਭ ਤੋਂ ਪਹਿਲਾਂ ਜੇਕਰ ਉਦਯੋਗਿਕ ਕੂੜ-ਕਬਾੜ ਦੀ ਗੱਲ ਕਰੀਏ ਤਾਂ ਇਸ ਵਿੱਚ ਹਾਊਸਕੀਪਿੰਗ ਵੇਸਟ, ਪੈਕਿੰਗ, ਫੂਡ ਵੇਸਟ, ਲੱਕੜ, ਸਟੀਲ, ਕੰਕਰੀਟ, ਇੱਟਾਂ, ਸੁਆਹ, ਖਤਰਨਾਕ ਰਹਿੰਦ-ਖੂੰਹਦ ਆਦਿ ਸ਼ਾਮਲ ਕੀਤਾ ਜਾ ਸਕਦਾ ਹੈ।

ਵਪਾਰਕ ਅਤੇ ਸੰਸਥਾਗਤ ਇਕਾਈਆਂ ਵੀ ਵੱਡੀ ਪੱਧਰ ਤੇ ਕੂੜ-ਕਬਾੜ ਪੈਦਾ ਕਰ ਰਹੀਆਂ ਹਨ। ਕਾਗਜ਼, ਗੱਤੇ, ਪਲਾਸਟਿਕ, ਲੱਕੜ, ਭੋਜਨ ਦੀ ਰਹਿੰਦ-ਖੂੰਹਦ, ਕੱਚ, ਧਾਤਾਂ, ਹੋਰ ਵਿਸ਼ੇਸ਼ ਰਹਿੰਦ-ਖੂੰਹਦ, ਜੋ ਕਿ ਬਹੁਤ ਖਤਰਨਾਕ ਹੈ। ਅਬਾਦੀ ਵਧਣ ਕਾਰਨ ਉਸਾਰੀ ਵਧ ਰਹੀ ਹੈ। ਲੱਕੜ, ਸਟੀਲ, ਕੰਕਰੀਟ, ਮਿੱਟੀ, ਇੱਟਾਂ, ਟਾਈਲਾਂ, ਕੱਚ, ਪਲਾਸਟਿਕ, ਇਨਸੂਲੇਸ਼ਨ ਆਦਿ। ਮਿਉਂਸਪਲ ਸੇਵਾਵਾਂ ਵਿੱਚ ਗਲ਼ੀਆਂ ਦਾ ਗੰਦ, ਸਲੱਜ, ਗਲ਼ੀਆਂ ਵਿੱਚ ਹੁੰਦੇ ਧਾਰਮਿਕ, ਮਨੋਰੰਜਨ ਪ੍ਰੋਗਰਾਮਾਂ ਦੇ ਖੇਤਰਾਂ ਤੋਂ ਕੂੜਾ। ਜਦ ਕੁਦਰਤ ਪ੍ਰਕਿਰਿਆ ਵਾਪਰਦੀ ਹੈ ਬਹੁਤ ਕੁਝ ਸਕ੍ਰੈਪ ਸਮੱਗਰੀ, ਹੋਰ ਬਾਹਰਲੇ ਉਤਪਾਦ, ਸਲੈਗ, ਟਾਇਲਾਂ, ਚਟਾਨਾਂ ਦੀ ਮਿੱਟੀ, ਪ੍ਰਕਿਰਿਆ ਪਾਣੀ ਅਤੇ ਰਸਾਇਣ ਆਦਿ ਵਧ ਜਾਂਦੇ ਹਨ।

ਮੈਡੀਕਲ ਖੇਤਰ ਵਿੱਚ ਵੀ ਵੱਡੀ ਪੱਧਰ 'ਤੇ ਰਹਿੰਦ-ਖੂੰਹਦ ਪੈਦਾ ਹੋ ਰਹੀ ਹੈ। ਛੂਤਕਾਰੀ ਰਹਿੰਦ-ਖੂੰਹਦ (ਪੱਟੀਆਂ, ਦਸਤਾਨੇ, ਕਲਚਰ, ਫੰਬੇ, ਖੂਨ ਅਤੇ ਸਰੀਰਕ ਤਰਲ); ਖਤਰਨਾਕ ਰਹਿੰਦ-ਖੂੰਹਦ (ਤਿੱਖੇ ਯੰਤਰ, ਰਸਾਇਣ, ਕੈਂਚੀਆਂ,ਬਲੇਡ ਸਰਿੰਜਾਂ), ਰੇਡੀਓ ਐਕਟਿਵ ਰਹਿੰਦ-ਖੂੰਹਦ ਅਤੇ ਫਾਰਮਾਸਿਊਟੀਕਲ ਰਹਿੰਦ-ਖੂੰਹਦ।

ਖੇਤੀਬਾੜੀ ਰਹਿੰਦ-ਖੂੰਹਦ ਵਿੱਚ ਘਰੇਲੂ ਵੇਸਟ ਖਰਾਬ ਹੋਇਆ ਭੋਜਨ, ਜਿਵੇਂ ਕਣਕ, ਚਾਵਲ ਤੇ ਹੋਰ ਫ਼ਸਲਾਂ ਆਦਿ। ਕੀਟਨਾਸ਼ਕ, ਪਸ਼ੂਆਂ ਦਾ ਗੋਹਾ, ਗੰਦਾ ਪਾਣੀ, ਸਿਲੇਜ ਦਾ ਗੰਦਾ ਪਾਣੀ, ਪਲਾਸਟਿਕ, ਸਕਰੈਪ ਮਸ਼ੀਨਰੀ, ਪਸ਼ੂ-ਦਵਾਈਆਂ ਆਦਿ।

ਜੰਗਲਾਤ ਰਹਿੰਦ ਖੂਹੰਦ ਵਿੱਚ ਆਰਾ ਚੱਕੀ ਦੀ ਰਹਿੰਦ-ਖੂੰਹਦ, ਫਲਾਂ ਦੀ ਰਹਿੰਦ-ਖੂੰਹਦ। ਇਹ ਕੁਝ ਖਾਸ ਖੇਤਰ ਹਨ, ਜਿਨ੍ਹਾਂ ਵਿੱਚ ਵੱਡੀ ਪੱਧਰ 'ਤੇ ਕੂੜ-ਕਬਾੜ ਪੈਦਾ ਹੋ ਰਿਹਾ ਹੈ, ਜੋ ਮਨੁੱਖੀ ਸਭਿਅਤਾ ਤੇ ਜੀਵ-ਜਨੌਰਾਂ ਲਈ ਖ਼ਤਰਨਾਕ ਹੈ। ਭਾਰਤ ਦੇ ਹਿਸਾਬ ਨਾਲ ਦੇਖੀਏ ਤਾਂ ਅਬਾਦੀ ਦੇ ਵਧਣ ਕਾਰਨ ਇੱਥੇ ਵੱਡੀ ਪੱਧਰ 'ਤੇ ਕੂੜਾ ਪੈਦਾ ਹੋ ਰਿਹਾ ਹੈ। ਜੇਕਰ ਅੰਕੜੇ ਦੇਖੀਏ ਤਾਂ ਭਾਰਤ ਹਰ ਸਾਲ ਲਗਭਗ 9.3 ਮਿਲੀਅਨ ਟਨ ਪਲਾਸਟਿਕ ਕੂੜਾ ਪੈਦਾ ਕਰਦਾ ਹੈ, ਜਿਸ ਨਾਲ ਇਹ ਦੁਨੀਆ ਦਾ ਸਭ ਤੋਂ ਵੱਡਾ ਪਲਾਸਟਿਕ ਪ੍ਰਦੂਸ਼ਕ ਬਣ ਜਾਂਦਾ ਹੈ, ਅੰਦਾਜ਼ੇ ਅਨੁਸਾਰ ਦੇਸ਼ ਵਿੱਚ ਰੋਜ਼ਾਨਾ ਲਗਭਗ 26 ਹਜਾਰ ਟਨ ਤੋਂ ਤੀਹ ਹਜ਼ਾਰ ਟਨ ਤੱਕ ਪਲਾਸਟਿਕ ਕੂੜਾ ਪੈਦਾ ਹੁੰਦਾ ਹੈ। ਫ਼ਿਕਰ ਵਾਲੀ ਗੱਲ ਇਹ ਹੈ ਕਿ ਸਿਰਫ ਇੱਕ ਛੋਟਾ ਜਿਹਾ ਪ੍ਰਤੀਸ਼ਤ (ਲਗਭਗ 8 ਫੀਸਦੀ) ਰੀਸਾਈਕਲ ਕੀਤਾ ਜਾਂਦਾ ਹੈ।

ਅੱਜਕੱਲ੍ਹ ਇਲੈਕਟ੍ਰਾਨਿਕ ਵਸਤਾਂ ਦੀ ਗਿਣਤੀ ਤੇ ਵਰਤੋਂ ਵਧਦੀ ਜਾ ਰਹੀ ਹੈ, ਜਿਸ ਤੋਂ ਹੋਈ ਰਹਿੰਦ-ਖੂੰਹਦ ਨੂੰ ਈ-ਕੂੜਾ ਕਿਹਾ ਜਾਂਦਾ ਜਾਂਦਾ ਹੈ। ਵਿਸ਼ਵਵਿਆਪੀ ਈ-ਕੂੜਾ ਉਤਪਾਦਨ 2022 ਵਿੱਚ 62 ਮਿਲੀਅਨ ਟਨ ਈ-ਕੂੜਾ ਪੈਦਾ ਹੋਇਆ, ਜੋ ਕਿ 2010 ਤੋਂ 82 ਫੀਸਦੀ ਵੱਧ ਹੈ। 2030 ਵਿੱਚ, ਈ-ਕੂੜਾ ਉਤਪਾਦਨ 82 ਮਿਲੀਅਨ ਟਨ ਤੱਕ ਵਧਣ ਦਾ ਅਨੁਮਾਨ ਹੈ। ਭਾਰਤ ਇਸ ਵਿੱਚ ਅਮਰੀਕਾ, ਚੀਨ ਤੋਂ ਬਾਅਦ ਤੀਜੇ ਨੰਬਰ 'ਤੇ ਆਉਂਦਾ ਹੈ। 2022 ਵਿੱਚ ਸਿਰਫ 22.3 ਫੀਸਦੀ ਈ-ਕੂੜਾ ਰੀਸਾਈਕਲ ਹੋਣ ਦੇ ਤੌਰ 'ਤੇ ਦਰਜ ਕੀਤਾ ਗਿਆ ਸੀ। 2030 ਤੱਕ ਰੀਸਾਈਕਲਿੰਗ ਦਰ ਘਟ ਕੇ 20 ਫੀਸਦੀ ਹੋ ਜਾਣ ਦਾ ਅਨੁਮਾਨ ਹੈ। ਭਾਰਤ ਨੇ 2023-2024 ਵਿੱਚ 1.751 ਮਿਲੀਅਨ ਮੀਟ੍ਰਿਕ ਟਨ ਈ-ਕੂੜਾ ਪੈਦਾ ਕੀਤਾ, ਜੋ ਕਿ 2019-2020 ਤੋਂ 72.54 ਫੀਸਦੀ ਵੱਧ ਹੈ। ਇਹ ਈ-ਕੂੜਾ ਸਿਹਤ ਅਤੇ ਵਾਤਾਵਰਣ ਲਈ ਖ਼ਤਰਾ ਹੈ, ਕਿਉਂਕਿ ਇਸ ਵਿੱਚ ਪਾਰਾ ਵਰਗੇ ਜ਼ਹਿਰੀਲੇ ਪਦਾਰਥ ਹੁੰਦੇ ਹਨ। ਈ-ਕੂੜੇ ਵਿੱਚ ਪਲੱਗ ਜਾਂ ਬੈਟਰੀਆਂ, ਮੋਬਾਇਲ,ਟੀ ਵੀ, ਕੰਪਿਊਟਰ ਸਕਰੀਨ ਤੇ ਹੋਰ ਬਹੁਤ ਵਰਤੇ ਤੇ ਖਰਾਬ ਹੋਏ ਉਤਪਾਦ ਸ਼ਾਮਲ ਹਨ। ਈ-ਕੂੜੇ ਦਾ ਸੰਗ੍ਰਹਿ ਅਤੇ ਰੀਸਾਈਕਲਿੰਗ ਦਰ ਈ-ਕੂੜੇ ਦੇ ਵਾਧੇ ਦੇ ਨਾਲ ਤਾਲਮੇਲ ਨਹੀਂ ਰੱਖ ਰਹੀ। ਇਸ ਵਿੱਚ ਵੱਡੀ ਪੱਧਰ 'ਤੇ ਅੰਤਰ ਹੈ। ਇਸ ਵਿੱਚੋਂ ਨਿਕਲੀਆਂ ਕਿਰਨਾਂ ਖਤਰਨਾਕ ਸਾਬਤ ਹੋਣਗੀਆਂ, ਜੇਕਰ ਇਸ ਵਾਰੇ ਕੋਈ ਠੋਸ ਉਪਰਾਲੇ ਨਾ ਕੀਤੇ ਗਏ। ਜੇਕਰ ਟੈਕਸਟਾਇਲ ਦੀ ਗੱਲ ਕਰੀਏ ਟੈਕਸਟਾਈਲ ਰਹਿੰਦ-ਖੂੰਹਦ ਵਿੱਚ ਦੁਨੀਆ ਹਰ ਸਾਲ ਲਗਭਗ 92 ਮਿਲੀਅਨ ਟਨ ਟੈਕਸਟਾਈਲ ਰਹਿੰਦ-ਖੂੰਹਦ ਪੈਦਾ ਕਰਦੀ ਹੈ। ਇਹ 2030 ਤੱਕ ਵਧ ਕੇ 134 ਮਿਲੀਅਨ ਟਨ ਹੋਣ ਦੀ ਉਮੀਦ ਹੈ।

### ਭਾਰਤ ਦਾ ਟੈਕਸਟਾਈਲ ਰਹਿੰਦ-ਖੂੰਹਦ

ਭਾਰਤ ਹਰ ਸਾਲ ਲਗਭਗ 7,793 ਕਿਲੋਟਨ ਟੈਕਸਟਾਈਲ ਰਹਿੰਦ-ਖੂੰਹਦ ਪੈਦਾ ਕਰਦਾ ਹੈ, ਜੋ ਕਿ ਵਿਸ਼ਵਵਿਆਪੀ ਕੁੱਲ ਦਾ 8.5 ਫੀਸਦੀ ਹੈ। ਜੇਕਰ ਇਸ ਦੀ ਰੀਸਾਈਕਲਿੰਗ ਦੀ ਗੱਲ ਕਰੀਏ ਤਾਂ ਉਪਭੋਗਤਾ ਤੋਂ ਬਾਅਦ ਦੇ ਟੈਕਸਟਾਈਲ ਦਾ ਸਿਰਫ਼ 1 ਫੀਸਦੀ ਹੀ ਨਵੇਂ ਕੱਪੜਿਆਂ ਵਿੱਚ ਰੀਸਾਈਕਲ ਕੀਤਾ ਜਾਂਦਾ ਹੈ। ਟੈਕਸਟਾਈਲ ਰਹਿੰਦ-ਖੂੰਹਦ ਦੀ ਰਚਨਾ ਭਾਰਤ 'ਚ ਟੈਕਸਟਾਈਲ ਰਹਿੰਦ-ਖੂੰਹਦ ਦਾ 61 ਫੀਸਦੀ ਕਪਾਹ ਨਾਲ ਭਰਪੂਰ ਹੁੰਦਾ ਹੈ, ਪਰ ਸਿੰਥੈਟਿਕ ਟੈਕਸਟਾਈਲ ਰਹਿੰਦ-ਖੂੰਹਦ ਦੀ ਮਾਤਰਾ ਵਧ ਰਹੀ ਹੈ। ਟੈਕਸਟਾਈਲ ਰਹਿੰਦ-ਖੂੰਹਦ ਪ੍ਰਬੰਧਨ ਭਾਰਤ ਵਿੱਚ ਟੈਕਸਟਾਈਲ ਰਹਿੰਦ-ਖੂੰਹਦ ਦਾ 59 ਫੀਸਦੀ ਦੁਬਾਰਾ ਵਰਤਿਆ ਜਾਂ ਰੀਸਾਈਕਲ ਕੀਤਾ ਜਾਂਦਾ ਹੈ। ਹਾਲਾਂਕਿ, ਇਸ ਵਿੱਚੋਂ ਸਿਰਫ਼ 10-40% ਹੀ ਗਲੋਬਲ ਸਪਲਾਈ ਚੇਨ ਵਿੱਚ ਵਾਪਸ ਆਉਂਦਾ ਹੈ। ਟੈਕਸਟਾਈਲ ਰਹਿੰਦ-ਖੂੰਹਦ ਦਾ ਪ੍ਰਭਾਵ ਫੈਸ਼ਨ ਉਦਯੋਗ ਹਰ ਸਾਲ ਗਲੋਬਲ ਕਾਰਬਨ ਨਿਕਾਸ ਦੇ 8% ਤੱਕ ਲਈ ਜ਼ਿੰਮੇਵਾਰ ਹੈ। ਰੱਦ ਕੀਤੇ ਟੈਕਸਟਾਈਲ ਨੂੰ ਸੜਨ ਵਿੱਚ 200 ਸਾਲ ਲੱਗ ਸਕਦੇ ਹਨ। ਖੇਤੀਬਾੜੀ ਰਹਿੰਦ-ਖੂੰਹਦ ਵਿੱਚ ਵੈਸੇ ਤਾਂ ਘਾਹ-ਫੂਸ-ਪੱਤੇ ਦੁਆਰਾ ਵਰਤੋਂ ਵਿੱਚ ਆ ਜਾਂਦੇ ਹਨ, ਪਰ ਖਾਧ ਪਦਾਰਥਾਂ ਦੀ ਹੁੰਦੀ ਬਰਬਾਦੀ ਵੀ ਬਹੁਤ ਜ਼ਿਆਦਾ ਹੈ। ਦੁਨੀਆ ਭਰ ਵਿੱਚ ਹਰ ਸਾਲ ਲਗਭਗ 1.3-2.1 ਬਿਲੀਅਨ ਟਨ ਖੇਤੀਬਾੜੀ ਰਹਿੰਦ-ਖੂੰਹਦ ਪੈਦਾ ਹੁੰਦੀ ਹੈ। ਭਾਰਤ ਸਾਲਾਨਾ ਲਗਭਗ 500 ਮਿਲੀਅਨ ਟਨ ਫਸਲਾਂ ਦੀ ਰਹਿੰਦ-ਖੂੰਹਦ ਪੈਦਾ ਕਰਦਾ ਹੈ। ਖੇਤੀਬਾੜੀ ਰਹਿੰਦ-ਖੂੰਹਦ ਵਿੱਚ ਜਾਨਵਰਾਂ ਦੀ ਖਾਦ ਵੀ ਸ਼ਾਮਲ ਹੈ, ਜੋ ਕਿ ਮੁੱਖ ਤੌਰ 'ਤੇ ਮਲ ਅਤੇ ਪਿਸ਼ਾਬ ਹੈ। ਖੇਤੀਬਾੜੀ ਰਹਿੰਦ-ਖੂੰਹਦ ਨੂੰ ਫੀਡ, ਬਾਲਣ ਅਤੇ ਹੋਰ ਉਦੇਸ਼ਾਂ ਲਈ ਵਰਤਿਆ ਜਾ ਸਕਦਾ ਹੈ। ਖੇਤੀਬਾੜੀ ਰਹਿੰਦ-ਖੂੰਹਦ ਪ੍ਰਬੰਧਨ ਥਰਮਲ ਪਰਿਵਰਤਨ ਤਕਨਾਲੋਜੀ ਰਹਿੰਦ-ਖੂੰਹਦ ਦੀ ਮਾਤਰਾ ਨੂੰ ਘਟਾ ਸਕਦੀ ਹੈ, ਪੌਸ਼ਟਿਕ ਤੱਤ ਛੱਡ ਸਕਦੀ ਹੈ ਅਤੇ ਇੱਕ ਵਧੇਰੇ ਸਥਿਰ ਸੰਰਚਿਤ ਪਦਾਰਥ ਪੈਦਾ ਕਰ ਸਕਦੀ ਹੈ। ਖਾਦ ਦੀ ਗਲਤ ਸੰਭਾਲ ਪਾਣੀ ਅਤੇ ਹਵਾ ਪ੍ਰਦੂਸ਼ਣ ਵਰਗੇ ਵਾਤਾਵਰਣ ਸੰਬੰਧੀ ਮੁੱਦਿਆਂ ਦਾ ਕਾਰਨ ਬਣ ਸਕਦੀ ਹੈ।

ਇਸ ਤੋਂ ਬਾਅਦ ਮੈਡੀਕਲ ਰਹਿੰਦ-ਖੂੰਹਦ ਬਾਰੇ ਜੇਕਰ ਗੱਲ ਕਰੀਏ ਤਾਂ 2018-2019 ਵਿੱਚ ਭਾਰਤ ਵਿੱਚ ਪ੍ਰਤੀ ਦਿਨ 619 ਟਨ ਬਾਇਓਮੈਡੀਕਲ ਰਹਿੰਦ-ਖੂੰਹਦ ਪੈਦਾ ਹੋਇਆ। 2024 ਵਿੱਚ ਕੇਂਦਰੀ ਵਾਤਾਵਰਣ ਅਤੇ ਜੰਗਲਾਤ ਮੰਤਰਾਲੇ ਨੇ ਰਿਪੋਰਟ ਦਿੱਤੀ ਕਿ ਪ੍ਰਤੀ ਦਿਨ 4,05,702 ਕਿਲੋਗ੍ਰਾਮ ਬਾਇਓ ਮੈਡੀਕਲ ਰਹਿੰਦ-ਖੂੰਹਦ ਪੈਦਾ ਹੋਇਆ। ਬੇਸ਼ੱਕ 2018-2019 ਵਿੱਚ ਪ੍ਰਤੀ ਦਿਨ 544 ਟਨ ਬਾਇਓ ਮੈਡੀਕਲ ਰਹਿੰਦ-ਖੂੰਹਦ ਦਾ ਇਲਾਜ ਅਤੇ ਨਿਪਟਾਰਾ ਕੀਤਾ ਗਿਆ। ਖ਼ਤਰਨਾਕ ਰਹਿੰਦ-ਖੂੰਹਦ ਲਗਭਗ 15 ਫੀਸਦੀ ਸਿਹਤ ਸੰਭਾਲ ਰਹਿੰਦ-ਖੂੰਹਦ ਖ਼ਤਰਨਾਕ ਸਮੱਗਰੀ ਹੈ, ਜੋ ਜ਼ਹਿਰੀਲੀ, ਜਲਣਸ਼ੀਲ, ਜਾਂ ਰੇਡੀਓਐਕਟਿਵ ਹੋ ਸਕਦੀ ਹੈ।

ਹੁਣ ਜੇਕਰ ਆਮ ਸ਼ਹਿਰੀ ਖੇਤਰਾਂ ਵਿੱਚ ਦੇਖੀਏ ਤਾਂ ਵੱਡੀ ਪੱਧਰ 'ਤੇ ਪਲਾਸਟਿਕ, ਜੋ ਕਿ ਸਿੰਗਲ ਯੂਜ਼ ਹੁੰਦਾ ਹੈ, ਵੱਡੀ ਸਮੱਸਿਆ ਬਣ ਗਿਆ ਹੈ। ਧਾਰਮਿਕ ਪ੍ਰੋਗਰਾਮ, ਵਿਆਹ, ਪਾਰਟੀਆਂ ਤੇ ਪਲਾਸਟਿਕ ਦੇ ਬਰਤਨ ਲਿਫਾਫੇ ਵਰਤੋਂ ਵਿੱਚ ਆਉਂਦੇ ਹਨ, ਜੋ ਸ਼ਹਿਰੀ ਸੀਵਰ ਸਿਸਟਮ ਨੂੰ ਵੀ ਪ੍ਰਭਾਵਤ ਕਰਦੇ ਹਨ। ਜੀਵ-ਜਨੌਰ ਦੀ ਮੌਤ ਦਾ ਕਾਰਨ ਬਣਦੇ ਹਨ। ਇਹਨਾਂ ਵਿਚੋਂ ਨਿਕਲੀਆਂ ਗੈਸਾਂ ਖਤਰਨਾਕ ਰੂਪ ਧਾਰਨ ਕਰਦੀਆਂ ਹਨ। ਇਹ ਛੇਤੀ ਖਤਮ ਵੀ ਨਹੀਂ ਹੁੰਦੇ। ਇਸ ਸੰਬੰਧੀ ਸਰਕਾਰ ਤੇ ਲੋਕਾਂ ਨੂੰ ਸੋਚਣ ਸਮਝਣ ਦੀ ਜ਼ਰੂਰਤ ਹੈ। ਧਰਤੀ ਨੂੰ ਬਚਾਉਣ ਲਈ ਵੱਡੀ ਪੱਧਰ ਉੱਤੇ ਇੱਕ ਲਹਿਰ ਦੀ ਜ਼ਰੂਰਤ ਹੈ, ਤਾਂ ਜੋ ਇਹ ਕੂੜੇ ਦੇ ਢੇਰ ਜੋ ਵਧਦੇ ਜਾ ਰਹੇ ਹਨ, ਇਹਨਾਂ ਨੂੰ ਖਤਮ ਕੀਤਾ ਜਾ ਸਕੇ। ਧਰਤੀ ਹਰ ਇੱਕ ਜੀਵ ਰਹਿਣ ਲਈ ਵਧੀਆ ਥਾਂ ਬਣ ਸਕੇ। ਆਉਣ ਵਾਲੀਆਂ ਪੀੜ੍ਹੀਆਂ ਦੇ ਲਈ ਇਹ ਬਚੀ ਰਹੇ। ਆਓ, ਸਾਰੇ ਇਸ ਲਈ ਕੋਸ਼ਿਸ਼ ਕਰੀਏ।

# ਸੰਪਰਕ : 98154-04611

18 Sep Page 5.qxd 9/17/2025 10:58 PM Page 1



# ਰਣਜੋਧ ਹਡਾਣਾ ਵਿਧਾਨ ਸਭਾ ਹਲਕਾ ਸਨੌਰ ਦੇ ਹਲਕਾ ਇੰਚਾਰਜ ਨਿਯੁਕਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਵਿਧਾਨ ਸਭਾ ਹਲਕਾ ਸਨੌਰ ਤੋਂ ਆਮ ਆਦਮੀ ਪਾਰਟੀ ਵਲੋਂ ਪਾਰਟੀ ਦੇ ਆਪਣੇ ਹੀ ਵਿਵਾਦਪੂਰਨ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਜੋ ਕਿ ਇਕ ਪੁਲਸ ਕੇਸ ਵਿੱਚ ਭਗੌੜੇ ਚਲ ਰਹੇ ਹਨ, ਦੀ ਥਾਂ ਹਲਕਾ ਸਨੌਰ ਨਾਲ ਸੰਬੰਧਤ ਇਕ ਇਮਾਨਦਾਰ ਅਤੇ ਪਾਰਟੀ ਦੇ ਵਫਾਦਾਰ ਆਗੂ ਵਜੋਂ ਜਾਣੇ ਜਾਂਦੇ ਪਾਰਟੀ ਦੇ ਸੂਬਾ ਸਕੱਤਰ ਅਤੇ ਪੀ ਆਰ ਟੀ ਸੀ ਦੇ ਚੇਅਰਮੈਨ ਰਣਯੋਧ ਸਿੰਘ ਹਡਾਣਾ ਨੂੰ ਵਿਧਾਨ ਸਭਾ ਹਲਕਾ ਸਨੌਰ ਦਾ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਹਡਾਨਾਂ ਨੇ ਉਹਨਾਂ ਨੂੰ ਪਾਰਟੀ ਵਲੋਂ ਦਿੱਤੀ ਅਹਿਮ ਜ਼ਿੰਮੇਵਾਰੀ ਲਈ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਪਾਰਟੀ ਦੇ ਪੰਜਾਬ ਮੁਖੀ ਮੁਨੀਸ਼ ਸਿਸੋਦੀਆ, ਪਾਰਟੀ ਦੇ ਸੀਨੀਅਰ ਆਗੂ ਸੰਦੀਪ ਪਾਠਕ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਅਤੇ ਪਾਰਟੀ ਦੇ ਹੋਰ ਆਗੂਆਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਪਾਰਟੀ ਵੱਲੋਂ ਪ੍ਰਗਟਾਏ ਵਿਸ਼ਵਾਸ 'ਤੇ ਪੂਰੀ ਤਰ੍ਹਾਂ ਖਰਾ ਉੱਤਰਨ ਦੀ ਕੋਸ਼ਿਸ਼ ਕਰਨਗੇ। ਆਪ ਦੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਵਲੋਂ ਆਪਣੀ ਹੀ ਪਾਰਟੀ ਅਤੇ ਸਰਕਾਰ ਵਿਰੁੱਧ ਬਗਾਵਤ ਕਰਕੇ ਪਾਰਟੀ ਦੇ ਕੇਂਦਰੀ ਲੀਡਰਾਂ ਅਤੇ ਪੰਜਾਬ ਸਰਕਾਰ ਦੇ ਉੱਚ ਅਧਿਕਾਰੀਆਂ ਵਿਰੁੱਧ ਸ਼ਰੇਆਮ ਦੋਸ਼ ਲਗਾਉਣ ਦੇ ਕਾਰਨ ਉਹਨਾਂ ਵਿਰੁਧ ਰੇਪ ਸਮੇਤ ਹੋਰ ਕਈ ਕੇਸ ਦਰਜ ਕੀਤੇ ਜਾ ਚੁੱਕੇ ਹਨ ਅਤੇ ਉਹਨਾਂ ਨੂੰ ਪੁਲਸ ਵੱਲੋਂ ਭਗੌੜਾ ਕਰਾਰ ਦਿੱਤਾ ਚੁੱਕਾ ਹੈ। ਪਠਾਨਮਾਜਰਾ ਵੱਲੋਂ ਸਰਕਾਰ ਅਤੇ ਪਾਰਟੀ ਵਿਰੁੱਧ ਦਿੱਤੇ ਗਏ ਵਿਵਾਦਪੂਰਨ ਬਿਆਨਾਂ ਕਾਰਨ ਪਾਰਟੀ ਨੂੰ ਰਾਜਸੀ ਤੌਰ 'ਤੇ ਵੱਡਾ ਨੁਕਸਾਨ ਉਠਾਉਣਾ ਪਿਆ ਹੈ ਜਿਸ ਦੀ ਪੂਰਤੀ ਅਤੇ 2027 'ਚ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਰਣਯੋਧ ਸਿੰਘ ਹਡਾਣਾ ਦੀ ਕੀਤੀ ਗਈ ਨਿਯੁਕਤੀ ਅਹਿਮ ਮੰਨੀ ਜਾ ਰਹੀ ਹੈ। ਪਾਰਟੀ ਪ੍ਰਤੀ ਨਿਭਾਈਆਂ ਆਪਣੀਆਂ ਸ਼ਾਨਦਾਰ ਸੇਵਾਵਾਂ ਬਦਲੇ ਪਾਰਟੀ ਵੱਲੋਂ ਉਹਨਾ ਨੂੰ ਜਿੱਥੇ ਸੂਬਾ ਸਕੱਤਰ ਦੀ ਜ਼ਿੰਮੇਵਾਰੀ ਦਿੱਤੀ ਅਤੇ ਪੀ ਆਰ ਟੀ ਸੀ ਦਾ ਬਤੌਰ ਚੇਅਰਮੇਨ ਨਿਯੁਕਤ ਕਰਨ ਤੋਂ ਬਾਅਦ ਹੁਣ ਹਡਾਣਾ ਨੂੰ ਵਿਧਾਨ ਸਭਾ ਹਲਕਾ ਸਨੌਰ ਦਾ ਇੰਚਾਰਜ ਲਗਾ ਕੇ ਉਹਨਾਂ ਨੂੰ ਪਾਰਟੀ ਨੇ ਅਹਿਮ ਜ਼ਿੰਮੇਵਾਰੀ ਦੇ ਕੇ ਨਿਵਾਜਿਆ ਹੈ। ਹਡਾਣਾ ਨੇ ਇਸ ਮੌਕੇ ਕਿਹਾ ਕਿ ਹਲਕੇ 'ਚ ਆਏ ਹੜ੍ਹਾਂ ਕਾਰਨ ਜਿਨ੍ਹਾਂ ਲੋਕਾਂ ਅਤੇ ਕਿਸਾਨਾਂ ਦਾ ਨੁਕਸਾਨ ਹੋਇਆ ਹੈ ਉਹਨਾਂ ਨੂੰ ਪਹਿਲ ਦੇ ਆਧਾਰ 'ਤੇ ਮੁਆਵਜ਼ਾ ਰਾਸ਼ੀ ਦਿਵਾਉਣ ਦੀ ਕੋਸ਼ਿਸ਼ ਕਰਨਗੇ ਅਤੇ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਹਲਕੇ ਦੇ ਸਰਵਪੱਖੀ ਵਿਕਾਸ ਕਾਰਜਾਂ ਨੂੰ ਆਪਣੀ ਪਹਿਲ ਦੇ ਲੋਕਾਂ ਨੂੰ ਪੇਸ਼ ਆ ਰਹੀਆਂ ਮੁਸਕਲਾਂ ਤੋਂ ਨਿਜਾਤ ਦਿਵਾਉਣ ਦੀ ਕੋਸ਼ਿਸ਼ ਕਰਨਗੇ।



# ਰਾਮ ਮੂਰਤੀ ਪੁਰੀ ਦੇ ਪਰਵਾਰ ਵੱਲੋਂ ਅੱਖਾਂ ਦਾ ਦਾਨ

**ਸਰਹੰਦ ਮੰਡੀ (ਪ੍ਰਮੋਦ ਭਾਰਦਵਾਜ)** ਗੁਰੂ ਕ੍ਰਿਪਾ ਸੇਵਾ ਸੰਸਥਾਨ ਅੱਖ ਦਾਨ ਦੇ ਮਹਾਨ ਕੰਮ 'ਚ ਨਿਰੰਤਰ ਸੇਵਾ ਕਰ ਰਿਹਾ ਹੈ।ਸ੍ਰੀ ਰਾਮ ਮੂਰਤੀ ਪੁਰੀ ਜੀ ਦੇ ਦੇਹਾਂਤ ਉਪਰੰਤ ਉਨ੍ਹਾਂ ਦੇ ਪਰਵਾਰ ਨੇ ਉਨ੍ਹਾਂ ਦੀਆਂ ਅੱਖਾਂ ਦਾਨ ਕਰਨ ਦਾ ਫ਼ੈਸਲਾ ਕੀਤਾ, ਜਿਸ ਨਾਲ ਦੋ ਲੋੜਵੰਦ ਲੋਕਾਂ ਨੂੰ ਰੌਸ਼ਨੀ ਮਿਲੇਗੀ। ਇਸ ਉਪਰਾਲੇ 'ਚ ਗੁਰੂ ਕ੍ਰਿਪਾ ਸੇਵਾ ਸੰਸਥਾਨ ਨੇ ਮਹੱਤਵਪੂਰਨ ਭੂਮਿਕਾ ਨਿਭਾਈ।ਸੰਸਥਾਨ ਨੇ ਪਰਵਾਰ ਨੂੰ ਅੱਖ ਦਾਨ ਲਈ ਪ੍ਰੇਰਤ ਕੀਤਾ ਤੇ ਤੁਰੰਤ ਪੀ.ਜੀ.ਆਈ. ਚੰਡੀਗੜ੍ਹ ਦੀ ਡਾਕਟਰਾਂ ਦੀ ਟੀਮ ਨੂੰ ਬੁਲਾਇਆ, ਜਿਸ ਨਾਲ ਇਹ ਸੇਵਾ ਸਫ਼ਲਤਾਪੂਰਵਕ ਸੰਪੰਨ ਹੋਈ। ਪਰਵਾਰ ਦੇ ਮੈਂਬਰ ਸ੍ਰੀਮਤੀ ਰਮਨ ਪੁਰੀ (ਪਤਨੀ), ਸ੍ਰੀ ਵਿਪਨ ਪੁਰੀ (ਪੁੱਤਰ), ਸ੍ਰੀ ਮਾਨਿਕ ਪੁਰੀ (ਪੁੱਤਰ), ਕੁਮਾਰੀ ਅਕ੍ਰਿਤੀ ਪੁਰੀ (ਧੀ), ਸ੍ਰੀ ਰਾਜੇਸ਼ ਪੁਰੀ, ਸ੍ਰੀ ਹਰਿਸ਼ ਪੁਰੀ ਤੇ ਸ੍ਰੀ ਮਹੇਸ਼ ਪੁਰੀ ਮੌਜੂਦ ਸਨ।



# ਆਕਸਫ਼ੋਰਡ ਵਿਦਿਆਰਥੀਆਂ ਪ੍ਰਾਪਤ ਕੀਤੀ ਪਹਿਲੀ ਪੁਜ਼ੀਸ਼ਨ ਤੇ ਨਕਦੀ ਇਨਾਮ

**ਬਠਿੰਡਾ (ਰਾਜੀਵ ਗੋਇਲ)** ਦ ਆਕਸਫ਼ੋਰਡ ਸਕੂਲ ਆਫ਼ ਐਜੂਕੇਸ਼ਨ ਦੇ ਲਗਭਗ ਸਤਾਰਾਂ ਵਿਦਿਆਰਥੀਆਂ ਨੇ ਦ ਇੰਸਟੀਚਿਊਟ ਆਫ਼ ਇੰਜੀਨੀਅਰ, ਬਠਿੰਡਾ ਲੋਕਲ ਸੈਂਟਰ ਵਿੱਚ ਹੋਈ ਪ੍ਰੋਜੈਕਟ ਤੇ ਟੈਕਨੀਕਲ ਪੇਸ਼ਕਾਰੀ ਵਿੱਚ ਹਿੱਸਾ ਲਿਆ। ਆਕਸਫੋਰਡ ਸਕੂਲ ਦੇ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀ ਦਿਵਾਂਸ਼ੀ, ਜੈਸਮੀਨ, ਗੁਰਨੂਰ, ਜਸਮੀਤ ਗਰੇਵਾਲ, ਪ੍ਰਾਂਜਲ ਸੁਖੀਜਾ, ਗੁਰਮਨ, ਹਰਕੀਰਤ ਕੌਰ, ਸੁਖਮਨਵੀਰ ਕੌਰ, ਮਹਿਕ ਗਰਗ, ਨਵਜਨਮਿਤ, ਸਿਮਰਨ, ਹਰਲੀਨ, ਹਰਸਿਮਰਨਦੀਪ, ਲਵਿਸ਼ਾ, ਗੁਰਕਮਲ, ਪ੍ਰਿਆਂਸ਼ ਬਾਂਸਲ ਅਤੇ ਮਨਪਿੰਦਰ ਵੱਲੋਂ ਫੁੱਟ ਸਟੈੱਪ ਪਾਵਰ ਜਨਰੇਸ਼ਨ, ਸਮਾਰਟ ਕੂਲੈਂਟ ਮਨੀਟਰ ਸਿਸਟਮ, ਥੈਫ਼ਟ ਸਕਊਰਿਟੀ ਸਿਸਟਮ, ਸਮਾਰਟ ਓਵਨ, ਯੂ-ਟਰਨਸਕਊਰਿਟੀ ਸਿਸਟਮ, 13 ਸਤੰਬਰ ਨੂੰ 'ਇੰਜੀਨੀਅਰ ਡੇਅ' ਦੀ 58ਵੀਂ ਵਰ੍ਹੇਗੰਢ ਤੇ ਬਠਿੰਡਾ ਲੋਕਲ ਸੈਂਟਰ ਵਿਖੇ ਪੇਸ਼ ਕਰਕੇ ਆਪਣੀ ਤੀਖਣ ਬੁੱਧੀ ਤੇ ਹੁਨਰ ਦਾ ਪ੍ਰਗਟਾਵਾ ਕੀਤਾ। ਇਨ੍ਹਾਂ ਵੱਖ-ਵੱਖ ਪ੍ਰੋਜੈਕਟਾਂ ਵਿੱਚ ਗੁਰਨੂਰ ਕੌਰ, ਗਿਆਰ੍ਹਵੀਂ ਦੇ ਪ੍ਰੋਜੈਕਟ 'ਵਾਟਰ ਕੰਨਜ਼ਰਵੇਸ਼ਨ' ਨੇ ਪਹਿਲਾ ਸਥਾਨ ਪ੍ਰਾਪਤ ਕਰਕੇ 600 ਰੁਪਏ ਦਾ ਨਗਦ ਇਨਾਮ ਪ੍ਰਾਪਤ ਕੀਤਾ। ਲਵਿਸ਼ਾ, ਜਮਾਤ ਸੱਤਵੀਂ ਦੇ ਪ੍ਰੋਜੈਕਟ 'ਥੈਫ਼ਟ ਸਕਊਰਿਟੀ ਸਿਸਟਮ' ਨੇ ਵੀ ਪਹਿਲਾ ਸਥਾਨ ਪ੍ਰਾਪਤ ਕਰਕੇ 500 ਰੁਪਏ ਦਾ ਨਕਦ ਇਨਾਮ ਪ੍ਰਾਪਤ ਕੀਤਾ। ਜਸਨੀਤ ਕੌਰ ਜਮਾਤ ਛੇਵੀਂ ਦੇ ਪ੍ਰੋਜੈਕਟ 'ਕੰਨਜ਼ਰਵੇਸ਼ਨ ਆਫ਼ ਪਲਾਂਟ ਅਤੇ ਬੈਨੀਫ਼ਿਟਸ' ਨੇ ਵੀ ਦੂਜੀ ਪੁਜ਼ੀਸ਼ਨ ਪ੍ਰਾਪਤ ਕਰਦੇ ਹੋਏ 500 ਰੁਪਏ ਦਾ ਇਨਾਮ ਹਾਸਲ ਕੀਤਾ। ਪ੍ਰਾਂਜਲ ਸੁਖੀਜਾ ਤੇ ਗੁਰਮਨਪ੍ਰੀਤ ਜਮਾਤ ਅੱਠਵੀਂ ਦੇ ਪ੍ਰੋਜੈਕਟ ਕੂਲੈਂਟ ਵਾਟਰ ਮਨੀਟਰ ਸਿਸਟਮ ਨੇ ਦੂਜਾ ਸਥਾਨ ਪ੍ਰਾਪਤ ਕਰਦੇ ਹੋਏ 400 ਰੁਪਏ ਦਾ ਇਨਾਮ ਹਾਸਲ ਕੀਤਾ। ਟੈਕਨੀਕਲ ਪ੍ਰੋਜੈਕਟ ਵਿੱਚ ਬਠਿੰਡੇ ਦੇ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ ਸੀ, ਜਿਸ ਵਿੱਚ 'ਦ ਆਕਸਫ਼ੋਰਡ ਸਕੂਲ ਆਫ਼ ਐਜੂਕੇਸ਼ਨ' ਦੇ ਵਿਦਿਆਰਥੀਆਂ ਨੇ ਪਹਿਲੀਆਂ ਪੁਜ਼ੀਸ਼ਨਾਂ ਪ੍ਰਾਪਤ ਕਰਕੇ ਆਪਣੇ ਸਕੂਲ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਤਰ੍ਹਾਂ ਡਾ. ਆਰ.ਕੇ.ਬਾਂਸਲ, ਡਾਇਰੈਕਟਰ ਪੰਜਾਬ ਇੰਸਟੀਚਿਊਟ ਆਫ਼ ਤਕਨਾਲੋਜੀ ਨੰਦਗੜ੍ਹ, ਇੰਜੀਨੀਅਰ ਸੁਖਜੋਤ ਸਿੰਘ ਸਿੱਧੂ (ਡਿਪਟੀ ਚੀਫ਼ ਇੰਜ. ਪੀ.ਐੱਸ.ਪੀ.ਸੀ.ਐੱਲ), ਇੰਜ. ਕਰਤਾਰ ਸਿੰਘ ਬਰਾੜ (ਚੇਅਰਮੈਨ ਆਈ. ਈ. ਆਈ), ਡਾ. ਹਰਸਿਮਰਨ ਸਿੰਘ, ਡਾ. ਜਗਤਾਰ ਸਿੰਘ ਸਿਵੀਆ ਨੇ ਆਕਸਫ਼ੋਰਡ ਦੇ ਵਿਦਿਆਰਥੀਆਂ ਨੂੰ ਇਸ ਪੇਸ਼ਕਾਰੀ ਵਿੱਚ ਕੁੱਲ ਦੋ ਹਜ਼ਾਰ ਰੁਪਏ ਦਾ ਨਕਦ ਇਨਾਮ ਪ੍ਰਦਾਨ ਕੀਤਾ। ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਨੇ ਸਮੁੱਚੀ ਟੀਮ ਤੇ ਅਟਲ ਲੈਬ ਦੇ ਇੰਚਾਰਜ ਇੰਜਨੀਅਰ ਅਧਿਆਪਕ ਹਰੀਸ਼ਰਨ ਅਗਰਵਾਲ ਨੂੰ ਵੀ ਇਸ ਸਫ਼ਲਤਾ ਦੀ ਵਧਾਈ ਦਿੱਤੀ। ਉਨ੍ਹਾਂ ਵਿਦਿਆਰਥੀਆਂ ਦੀ ਇਸ ਸਫ਼ਲਤਾ ਦੀ ਵਡਿਆਈ ਕਰਦੇ ਹੋਏ ਬਾਕੀ ਵਿਦਿਆਰਥੀਆਂ ਨੂੰ ਵੀ ਉਨ੍ਹਾਂ ਤੋਂ ਪ੍ਰੇਰਿਤ ਹੋਣ ਦੀ ਪ੍ਰੇਰਨਾ ਦਿੱਤੀ।



# ਰੁਜ਼ਗਾਰ ਯੋਗਤਾ ਹੁਨਰ ਸਿਖਲਾਈ ਪ੍ਰੋਗਰਾਮ ਸੰਪੰਨ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਮਾਤਾ ਗੁਜਰੀ ਕਾਲਜ ਦੇ ਟ੍ਰੇਨਿੰਗ ਤੇ ਪਲੇਸਮੈਂਟ ਸੈੱਲ ਵੱਲੋਂ ਮੈਨੇਜਮੈਂਟ ਸਟੱਡੀਜ਼ ਵਿਭਾਗ ਦੇ ਸਹਿਯੋਗ ਨਾਲ ਬੀ.ਬੀ.ਏ. ਭਾਗ ਦੂਜਾ ਦੇ ਵਿਦਿਆਰਥੀਆਂ ਲਈ ਆਯੋਜਤ ਇੱਕ ਹਫ਼ਤੇ ਦਾ ਰੁਜ਼ਗਾਰ ਯੋਗਤਾ ਹੁਨਰ ਸਿਖਲਾਈ ਪ੍ਰੋਗਰਾਮ ਸਫ਼ਲਤਾਪੂਰਵਕ ਸੰਪੰਨ ਹੋਇਆ।ਇਹ ਪ੍ਰੋਗਰਾਮ ਮਹਿੰਦਰਾ ਪ੍ਰਾਈਡ ਕਲਾਸ ਰੂਮ ਤੇ ਨੰਦੀ ਫਾਊਂਡੇਸ਼ਨ ਦੁਆਰਾ ਆਯੋਜਤ ਕੀਤਾ ਗਿਆ ਸੀ, ਜਿਸ ਵਿੱਚ ਕਾਰਪੋਰੇਟ ਟ੍ਰੇਨਰ ਸ੍ਰੀ ਈਸ਼ ਵੱਲੋਂ ਵਿਦਿਆਰਥੀਆਂ ਨੂੰ ਰੋਜ਼ਾਨਾ 6 ਘੰਟਿਆਂ ਦੇ ਇੰਟਰੈਕਟਿਵ ਸੈਸ਼ਨ ਪ੍ਰਦਾਨ ਕੀਤੇ ਗਏ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਰਿਜ਼ਿਊਮ ਲਿਖਣ, ਇੰਟਰਵਿਊ ਸਕਿੱਲ, ਕਾਰਜ ਸਥਾਨ ਦੇ ਸ਼ਿਸ਼ਟਾਚਾਰ ਤੇ ਕਾਰਪੋਰੇਟ ਸੈਕਟਰ ਵਿੱਚ ਵਰਤੇ ਜਾਣ ਵਾਲੇ ਹੁਨਰਾਂ ਬਾਰੇ ਵਿਸਥਾਰ ਨਾਲ ਸਿਖਲਾਈ ਦਿੱਤੀ ਤੇ ਨਾਲ ਹੀ ਮੌਜੂਦਾ ਉਦਯੋਗ ਹੁਨਰ ਦੇ ਪਾੜੇ ਅਤੇ ਉਨ੍ਹਾਂ ਨੂੰ ਦੂਰ ਕਰਨ ਦੇ ਤਰੀਕਿਆਂ 'ਤੇ ਵੀ ਚਾਨਣਾ ਪਾਇਆ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਿੱਖਿਆ ਭਰਪੂਰ ਪ੍ਰੋਗਰਾਮ ਵਿਦਿਆਰਥੀਆਂ ਨੂੰ ਉਦਯੋਗ ਸਬੰਧੀ ਹੁਨਰਾਂ ਨਾਲ ਲੈਸ ਕਰਨ ਵਿਚ ਅਹਿਮ ਭੂਮਿਕਾ ਨਿਭਾਉਂਦੇ ਹਨ। ਮੈਨੇਜਮੈਂਟ ਸਟੱਡੀਜ਼ ਵਿਭਾਗ ਦੇ ਮੁਖੀ ਡਾ. ਕਮਲਪ੍ਰੀਤ ਕੌਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਮਹੱਤਵਪੂਰਨ ਵਿਹਾਰਕ ਪਹਿਲੂ ਸਮਝਾਉਣਾ ਤੇ ਉਨ੍ਹਾਂ ਦੇ ਕਾਰੋਬਾਰ ਪ੍ਰਬੰਧਨ ਹੁਨਰ ਨੂੰ ਹੋਰ ਵਧਾਉਣਾ ਸੀ।ਪਲੇਸਮੈਂਟ ਅਫ਼ਸਰ ਡਾ. ਸੌਰਵ ਸ਼ਰਮਾ ਨੇ ਮਹਿੰਦਰਾ ਪ੍ਰਾਈਡ ਕਲਾਸਰੂਮ ਅਤੇ ਨੰਦੀ ਫਾਊਂਡੇਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਉਦਯੋਗ ਲਈ ਤਿਆਰ ਕਰਨ ਅਤੇ ਉਨ੍ਹਾਂ ਦੇ ਕਰੀਅਰ ਦੇ ਮੌਕਿਆਂ ਨੂੰ ਵਧਾਉਣ ਵਿਚ ਸਹਾਇਕ ਸਿੱਧ ਹੁੰਦੇ ਹਨ। ਪ੍ਰੋਗਰਾਮ ਦੇ ਅਖੀਰ ਵਿੱਚ ਕੰਪਨੀ ਨੇ ਸਿਖਲਾਈ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਤਿੰਨ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।

# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਹੜ੍ਹ ਪੀੜਤਾਂ ਲਈ ਵੱਖ-ਵੱਖ ਤਰ੍ਹਾਂ ਦੀ ਰਾਹਤ ਸਮੱਗਰੀ ਰਵਾਨਾ

**ਮੋਗਾ (ਇਕਬਾਲ ਸਿੰਘ ਖਹਿਰਾ)**- ਇੰਟਰਨੈਸ਼ਨਲ ਪੰਥਕ ਦਲ ਵੱਲੋਂ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਭਾਈ ਜਸਵੀਰ ਸਿੰਘ ਖਾਲਸਾ ਦੀ ਅਗਵਾਈ ਹੇਠ ਹੜ੍ਹ ਪੀੜਤਾਂ ਲਈ ਵੱਖ-ਵੱਖ ਤਰ੍ਹਾਂ ਦੀ ਰਾਹਤ ਸਮੱਗਰੀ ਹੜ੍ਹ ਪੀੜਤ ਖੇਤਰਾਂ ਲਈ ਰਵਾਨਾ ਕੀਤੀ ਗਈ। ਜ਼ਿਲ੍ਹਾ ਮੋਗਾ ਅਧੀਨ ਪੈਂਦੇ ਪਿੰਡ ਰੋਡੇ ਵਿਖੇ ਗੁਰਦੁਆਰਾ ਸੰਤ ਖਾਲਸਾ ਤੋਂ ਅੱਠ ਰਾਹਤ ਸਮੱਗਰੀ ਦੀਆਂ ਟਰਾਲੀਆਂ ਰਵਾਨਾ ਕੀਤੀਆਂ ਗਈਆਂ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਜਸਵੀਰ ਸਿੰਘ ਖਾਲਸਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਵੱਲੋਂ ਪੰਜਾਬ ਦੇ ਹੜ੍ਹ ਪੀੜਤਾਂ ਲਈ ਦਿੱਤੀ ਗਈ ਰਾਸ਼ੀ ਬਹੁਤ ਘੱਟ ਹੈ। ਉਨ੍ਹਾਂ ਇਸ ਗੱਲ ਉੱਪਰ ਰੋਸ ਪ੍ਰਗਟ ਕੀਤਾ ਕਿ ਉੱਤਰ ਪ੍ਰਦੇਸ਼ ਜਿੱਥੇ ਹੜ੍ਹਾਂ ਨਾਲ ਕੋਈ ਕਰੋਪੀ ਨਹੀਂ ਹੋਈ ਪ੍ਰਧਾਨ ਮੰਤਰੀ ਨੇ ਉੱਥੇ ਰਾਹਤ ਫੰਡ ਵਜੋਂ ਵਧੇਰੇ ਰਾਸ਼ੀ ਦਿੱਤੀ ਹੈ, ਜੋ ਕਿ ਪੰਜਾਬੀਆਂ ਨਾਲ ਅਤੇ ਹੜ੍ਹ ਪੀੜਤਾਂ ਨਾਲ ਸ਼ਰੇਆਮ ਧੱਕਾ ਹੈ। ਉਨ੍ਹਾਂ ਕਿਹਾ ਕਿ ਇੱਕ ਵੀਡੀਓ ਵਾਇਰਲ ਹੋ ਰਹੀ ਹੈ ਜਿਸ ਵਿੱਚ ਸ਼ਰੇਆਮ ਕਿਹਾ ਜਾ ਰਿਹਾ ਹੈ ਕਿ ਪੰਜਾਬ ਦੇ ਡੈਮਾਂ ਤੋਂ ਵੱਧ ਪਾਣੀ ਛੱਡ ਕੇ ਪੰਜਾਬ ਨੂੰ ਇੱਕੋ ਵਕਤ ਹੀ ਉਜਾੜ ਦਿੱਤਾ ਜਾਵੇ। ਭਾਈ ਖਾਲਸਾ ਨੇ ਕਿਹਾ ਕਿ ਇਸ ਵੀਡੀਓ ਦੇ ਵਾਇਰਲ ਹੋਣ ਤੋਂ ਬਾਅਦ ਜਿਹੜੇ ਅਧਿਕਾਰੀ ਇਸ ਸੰਬੰਧ ਵਿੱਚ ਗੱਲਬਾਤ ਕਰ ਰਹੇ ਹਨ, ਉਨਾਂ ਸਬੰਧੀ ਨਾ ਤਾਂ ਪੰਜਾਬ ਸਰਕਾਰ ਨਾ ਹੀ ਕੇਂਦਰ ਸਰਕਾਰ ਨੇ ਕੋਈ ਸਪੱਸ਼ਟੀਕਰਨ ਦਿੱਤਾ ਹੈ ਅਤੇ ਨਾ ਹੀ ਉਹਨਾਂ ਵਿਰੁੱਧ ਕੋਈ ਐਕਸ਼ਨ ਲਿਆ ਹੈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਜਗਤਾਰ ਸਿੰਘ ਰੋਡੇ ਨੇ ਕਿਹਾ ਕਿ ਆਸ-ਪਾਸ ਦੇ ਪਿੰਡਾਂ ਤੋਂ ਆਉਣ ਵਾਲੇ ਸਮੇਂ ਵਿੱਚ ਵੀ ਪਸ਼ੂਆਂ ਲਈ ਚਾਰਾ ਅਤੇ ਹੜ੍ਹ ਪੀੜਤਾਂ ਲਈ ਮਦਦ ਇਕੱਠੀ ਕਰਕੇ ਵੱਖ-ਵੱਖ ਖੇਤਰਾਂ ਵਿੱਚ ਭੇਜੇ ਜਾਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਇਸ ਮੌਕੇ ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੁਆਬਾ, ਭਾਈ ਜਗਸੀਰ ਸਿੰਘ ਰੋਡੇ ਮੀਤ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਬਲਜਿੰਦਰ ਸਿੰਘ, ਬਲਵਿੰਦਰ ਸਿੰਘ ਗਗੜਾ, ਸੁਖਚੈਨ ਸਿੰਘ ਰੋਡੇ, ਭਾਈ ਮੋਹਨ ਸਿੰਘ, ਭਾਈ ਗੁਰਪ੍ਰੀਤ ਸਿੰਘ ਸੋਨੀ, ਸਰਬਜੀਤ ਸਿੰਘ ਗੁਰਦੀਪ ਸਿੰਘ, ਸੁਖਮੰਦਰ ਸਿੰਘ ਉਰਫ ਮੰਦਰ ਸਿੰਘ, ਭਾਈ ਮਹਿਤਾਬ ਸਿੰਘ ਕੈਟਲ ਰੈਂਚ ਫੀਡ ਫੈਕਟਰੀ ਸਮਾਲਸਰ, ਕੇਵਲ ਸਿੰਘ ਸੰਧੂ, ਲਖਬੀਰ ਸਿੰਘ ਲੱਖੀ, ਸਤਿਨਾਮ ਸਿੰਘ ਸੋਨੂ, ਪਰਮਵੀਰ ਸਿੰਘ, ਅਮੀਰ ਸਿੰਘ, ਭਾਈ ਭੁਪਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ। ਇਸ ਮੌਕੇ ਮਹਿਤਾਬ ਸਿੰਘ ਅਤੇ ਭੁਪਿੰਦਰ ਸਿੰਘ ਵੱਲੋਂ 100 ਬੋਰੀ ਫੀਡ ਹੜ੍ਹ ਪੀੜਤਾਂ ਦੀ ਮਦਦ ਲਈ ਭੇਜੀ ਗਈ।



# 23 ਨੂੰ ਮਨਾਇਆ ਜਾਵੇਗਾ ਵਿਸ਼ਵ ਪੰਜਾਬੀ ਦਿਵਸ : ਭੁਪਿੰਦਰ ਸਿੰਘ

**ਚੰਡੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਮਾਂ ਬੋਲੀ ਦੀ ਅਹਿਮੀਅਤ ਨੂੰ ਦਰਸਾਉਣ ਲਈ ਯੂਨੈਸਕੋ ਵੱਲੋਂ ਅੰਤਰ ਰਾਸ਼ਟਰੀ ਮਾਂ ਬੋਲੀ ਦਿਵਸ 21 ਫਰਵਰੀ ਨੂੰ ਨਿਰਧਾਰਤ ਕੀਤਾ ਗਿਆ ਹੈ।ਵਿਸ਼ਵ ਦੇ ਵੱਖ-ਵੱਖ ਹਿੱਸਿਆਂ ਵਿੱਚ ਇਸ ਦਿਨ ਮਾਂ ਬੋਲੀ ਸਬੰਧੀ ਪ੍ਰੋਗਰਾਮ ਕੀਤੇ ਜਾਂਦੇ ਹਨ।ਆਪਣਾ ਪੰਜਾਬ ਫਾਊਂਡੇਸ਼ਨ ਦੇ ਡਾਇਰੈਕਟਰ ਭੁਪਿੰਦਰ ਸਿੰਘ ਮੁਤਾਬਕ ਸਾਡੇ ਦੇਸ਼ ਭਾਰਤ ਵਿੱਚ ਵੱਖ-ਵੱਖਰੀਆਂ ਮਾਂ ਬੋਲੀਆਂ ਅਤੇ ਭਾਸ਼ਾਵਾਂ ਲਈ ਵੀ ਦਿਨ ਨਿਰਧਾਰਤ ਕੀਤੇ ਗਏ ਹਨ, ਪ੍ਰੰਤੂ ਪੰਜਾਬੀ ਭਾਸ਼ਾ ਲਈ ਕੋਈ ਵੱਖਰਾ ਦਿਨ ਨਿਸ਼ਚਿਤ ਨਹੀਂ ਕੀਤਾ ਗਿਆ। ਪੰਜਾਬੀ ਬੋਲੀ ਦੀ ਵਿਸ਼ਵ ਪੱਧਰ 'ਤੇ ਮਨਾਉਣ ਲਈ ਨਿਸ਼ਚਿਤ ਕੀਤਾ ਜਾਣਾ ਬਣਦਾ ਸੀ।ਉਨ੍ਹਾਂ ਦੱਸਿਆ ਕਿ ਆਪਣਾ ਪੰਜਾਬ ਫਾਊਂਡੇਸ਼ਨ ਦੇ ਵਫ਼ਦ ਨੇ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਮੁਤਾਬਕ ਲੰਬਾ ਇਤਿਹਾਸ ਨੂੰ ਫਰੋਲੀਏ ਤਾਂ ਪੰਜਾਬੀ ਬੋਲੀ ਦੇ ਪਹਿਲੇ ਕਵੀ ਬਾਬਾ ਫ਼ਰੀਦ ਜੀ ਨੂੰ ਮੰਨਿਆ ਜਾਂਦਾ ਹੈ।ਬਾਬਾ ਫ਼ਰੀਦ ਜੀ ਦੀ ਰਚਨਾ ਦਾ ਕਾਵਿ ਰੂਪਾਂ ਕਰਕੇ, ਵਿਸ਼ੇ ਦੀ ਸ਼੍ਰੇਣਤਾ 'ਚ ਉੱਤਮ ਤੇ ਸਦੀਵੀ ਯੋਗਦਾਨ ਹੈ। ਪੰਜਾਬੀ ਸਾਹਿਤ ਵਿੱਚ ਬਾਬਾ ਫ਼ਰੀਦ ਜੀ ਦੀ ਪ੍ਰਾਪਤ ਹੋਈ ਰਚਨਾ ਕਰਕੇ ਉਹਨਾਂ ਨੂੰ ਪੰਜਾਬੀ ਦਾ ਪਹਿਲਾ ਕਵੀ ਜਾਂ ਸ਼ਾਇਰ ਮੰਨਿਆ ਜਾਂਦਾ ਹੈ। ਬਾਬਾ ਫ਼ਰੀਦ ਜੀ ਨੇ ਪੰਜਾਬੀ ਸਾਹਿਤ ਵਿੱਚ ਵੱਡਮੁੱਲਾ ਯੋਗਦਾਨ ਉਸ ਸਮੇਂ ਪੰਜਾਬੀ ਵਿੱਚ ਸਲੋਕਾਂ ਤੇ ਸ਼ਬਦਾਂ ਦੀ ਰਚਨਾ ਕਰਕੇ ਦਿੱਤਾ ਹੈ। ਬਾਬਾ ਫ਼ਰੀਦ ਜੀ ਦੀ ਬਾਣੀ ਦੀ ਉੱਚਤਾ ਹੋਣ ਕਾਰਨ ਹੀ ਗੁਰੂ ਅਰਜਨ ਦੇਵ ਜੀ ਨੇ ਉਨ੍ਹਾਂ ਦੀ ਬਾਣੀ ਨੂੰ ਇੱਕਤਰ ਕਰ ਕੇ ਆਦਿ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਕਰ ਕੇ ਇਸ ਬਾਣੀ ਨੂੰ ਅਹਿਮ ਸਥਾਨ ਦਿੱਤਾ ਤੇ ਇਸ ਦੀ ਸੰਭਾਲ ਕੀਤੀ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਬਾਬਾ ਫ਼ਰੀਦ ਜੀ ਦੇ ਕੁੱਲ 4 ਸ਼ਬਦ (ਦੋ ਸ਼ਬਦ ਆਸਾ ਰਾਗ ਵਿੱਚ ਦੋ ਸੂਹੀ ਰਾਗ 'ਚ) ਤੇ ਆਪ ਜੀ ਦੇ 112 ਸਲੋਕ ਵੀ ਆਦਿ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਕੀਤੇ। ਡਾ. ਜਗਜੀਤ ਸਿੰਘ ਧੂਰੀ ਵੱਲੋਂ ਇਤਿਹਾਸਕ ਫੈਸਲਾ ਲੈਂਦੇ ਹੋਏ ਬਾਬਾ ਫ਼ਰੀਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ 23 ਸਤੰਬਰ ਨੂੰ ਵਿਸ਼ਵ ਪੰਜਾਬੀ ਦਿਵਸ ਦੇ ਤੌਰ 'ਤੇ ਐਲਾਨਿਆ ਗਿਆ ਹੈ।ਇਸ ਅਹਿਮ ਫੈਸਲੇ ਦੀ ਆਪਣਾ ਪੰਜਾਬ ਫਾਊਂਡੇਸ਼ਨ ਦੇ ਸਮੂਹ ਡਾਇਰੈਕਟਰਾਂ ਵੱਲੋਂ ਸ਼ਲਾਘਾ ਕੀਤੀ ਗਈ।ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਸੋਸੀਏਸ਼ਨਜ਼ ਆਫ਼ ਪੰਜਾਬ ਵੱਲੋਂ ਇਸ ਫ਼ੈਸਲੇ ਦਾ ਸਵਾਗਤ ਕਰਦੇ ਹੋਏ ਇੱਕ ਨੋਟੀਫਿਕੇਸ਼ਨ ਰਾਹੀਂ ਪੰਜਾਬ ਦੇ ਸਮੂਹ ਸਕੂਲਾਂ ਨੂੰ ਹਰ ਸਾਲ ਇਸ ਦਿਵਸ ਨੂੰ ਵਿਸ਼ਵ ਪੰਜਾਬੀ ਦਿਵਸ ਵਜੋਂ ਮਨਾਉਣਾ ਲਾਜ਼ਮੀ ਕੀਤਾ ਹੈ।ਸਿੱਖਿਆ ਸੰਸਥਾਵਾਂ ਇਨ੍ਹਾਂ ਦਿਨਾਂ 'ਚ ਚੱਲ ਰਹੀਆਂ ਘਰੇਲੂ ਪ੍ਰੀਖਿਆਵਾਂ ਵਿੱਚ ਇਸ ਪੰਜਾਬੀ ਵਿਸ਼ਵ ਦਿਹਾੜੇ ਨੂੰ ਮਨਾਉਣ ਲਈ ਦਿਨ ਨਿਸਚਿਤ ਕਰਨਗੀਆਂ।

# ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਮੌਕੇ ਪ੍ਰਗਤੀਸ਼ੀਲ ਮੰਚ ਮੋਗਾ ਵਿਖੇ ਕਰਵਾਏਗਾ ਸੈਮੀਨਾਰ

**ਮੋਗਾ (ਇਕਬਾਲ ਸਿੰਘ ਖਹਿਰਾ)**- ਪ੍ਰਗਤੀਸ਼ੀਲ ਮੰਚ ਦੀ ਮੀਟਿੰਗ ਜਗਜੀਤ ਸਿੰਘ ਭੁੱਲਰ ਦੀ ਪ੍ਰਧਾਨਗੀ ਹੇਠ ਨੇਚਰ ਪਾਰਕ ਮੋਗਾ ਵਿਖੇ ਹੋਈ।ਮੀਟਿਗ ਨੂੰ ਸੰਬੋਧਨ ਕਰਦਿਆਂ ਮੰਚ ਦੇ ਸੂਬਾਈ ਪ੍ਰਧਾਨ ਬਲਕਰਨ ਮੋਗਾ ਨੇ ਕਿਹਾ ਕਿ ਪੰਜਾਬ ਵਿੱਚ ਲਗਾਤਾਰ ਹੋ ਰਹੀਆ ਅਪਰਾਧਕ ਘਟਨਾਵਾਂ ਦੇ ਬਹਾਨੇ ਫਿਰਕਾਪ੍ਰਸਤ ਤਾਕਤਾਂ ਪੰਜਾਬ ਨੂੰ ਅੱਗ ਲਾਉਣ ਲਈ ਮੁੜ ਸਰਗਰਮ ਹੋ ਗਈਆਂ ਹਨ। ਅਪਰਾਧਕ ਘਟਨਾਵਾਂ ਨੂੰ ਰੋਕਣ ਲਈ ਜਿੱਥੇ ਠੋਸ ਰੁਜ਼ਗਾਰ ਦੀ ਨੀਤੀ, ਕਾਨੂੰਨੀ ਨਿਆਇਕ ਤੇ ਪ੍ਰਸ਼ਾਸਨਿਕ ਢਾਂਚੇ ਨੂੰ ਮਜ਼ਬੂਤ ਕਰਨ ਦੀ ਲੋੜ ਹੈ ਉੱਥੇ ਪੰਜਾਬ ਵਾਸੀਆਂ ਦੀ ਸੁਰੱਖਿਆ ਲਈ ਨਵੇਂ ਕਾਨੂੰਨਾਂ ਦੀ ਵੀ ਵਿਵਸਥਾ ਕਰਨ ਦੀ ਲੋੜ ਹੈ।ਬਲਕਰਨ ਮੋਗਾ ਨੇ ਕਿਹਾ ਕਿ ਇਸ ਸਮੇਂ ਪੰਜਾਬ ਭਿਆਨਕ ਹੜ੍ਹਾਂ ਦੀ ਮਾਰ ਚਲ ਰਿਹਾ ਹੈ।ਵੱਖ ਵੱਖ ਸੂਬਿਆਂ ਤੋਂ ਵੱਖ ਵੱਖ ਫਿਰਕਿਆਂ ਦੇ ਲੋਕ ਪੰਜਾਬ ਦੀ ਮੱਦਦ ਲਈ ਸਰਗਰਮ ਹਨ। ਇਸ ਮੌਕੇ ਪ੍ਰਗਤੀਸ਼ੀਲ ਮੰਚ ਦੇ ਆਗੂ ਅਮਨਦੀਪ ਸਿੰਘ ਸਿੰਘਾਂਵਾਲਾ, ਨਵਜੋਤ ਸਿੰਘ ਜੋਗੇਵਾਲਾ ਤੇ ਬਲਵੰਤ ਸਿੰਘ ਨੇ ਕਿਹਾ ਕਿ ਇਸ ਵਾਰ 28 ਸਤੰਬਰ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਮੌਕੇ ਫਰੀਡਮ ਫਾਈਟਰ ਭਵਨ ਮੋਗਾ ਵਿਖੇ ਕੀਤੇ ਜਾ ਰਹੇ ਸੈਮੀਨਾਰ ਨੂੰ ਸੰਬੋਧਨ ਕਰਨ ਲਈ ਉੱਘੇ ਚਿੰਤਕ ਸੁਖਦਰਸ਼ਨ ਸਿੰਘ ਨੱਤ ਤੇ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਸੂਰਤ ਸਿੰਘ ਪਹੁੰਚ ਰਹੇ ਹਨ। ਇਸ ਸੈਮੀਨਾਰ ਲਈ ਸਭ ਨੂੰ ਖੁੱਲ੍ਹਾ ਸੱਦਾ ਹੈ।ਇਸ ਮੌਕੇ ਪ੍ਰਗਤੀਸ਼ੀਲ ਮੰਚ ਦੀ ਸ਼ਹਿਰੀ ਕਮੇਟੀ ਦੇ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਤੇ ਗੁਰਦੀਪ ਸਿੰਘ ਸੁੱਖੀ ਤੇ ਆਗੂ ਸੋਨੂੰ ਮੋਗਾ, ਅਜੇ ਕੁਮਾਰ,ਰਨਜੀਤ ਸਿੰਘ ਹਾਜ਼ਰ ਸਨ।

# ਜਿੰਮਖਾਨਾ ਕਲੱਬ ਦੀ ਸਿਆਸਤ 'ਚ ਭੁਚਾਲ, ਫਰੈਂਡਸ਼ਿਪ ਗਰੁੱਪ ਟੁੱਟਿਆ

## ● ਗੁੱਡਵਿਲ ਗਰੁੱਪ ਦੀ ਕਮਾਂਡ ਡਾ. ਸੁਖਦੀਪ ਸਿੰਘ ਬੋਪਾਰਾਏ ਨੂੰ ਸੌਂਪੀ

**ਪਟਿਆਲਾ (ਰਜਿੰਦਰ ਸਿੰਘ ਥਿੰਦ)** ਜਿੰਮਖਾਨਾ ਕਲੱਬ ਦੀ ਸਿਆਸਤ ਵਿੱਚ ਭੁਚਾਲ ਆ ਗਿਆ ਹੈ, ਕਿਉਂਕਿ ਪਿਛਲੇ ਸਾਲ ਦੋਹਾਂ ਪ੍ਰਮੁੱਖ ਗਰੁੱਪਾਂ ਵੱਲੋਂ ਬਣਾਇਆ ਗਿਆ ਫਰੈਂਡਸ਼ਿਪ ਗਰੁੱਪ ਟੁੱਟ ਗਿਆ ਹੈ ਤੇ ਦੂਜੇ ਪਾਸੇ ਮੁੜ ਤੋਂ ਸੁਰਜੀਤ ਹੋਏ ਗੁੱਡਵਿਲ ਗਰੁੱਪ ਦੀ ਕਮਾਂਡ ਡਾ. ਸੁਧੀਰ ਵਰਮਾ ਨੇ ਕਲੱਬ ਦੇ ਸਕੱਤਰ ਡਾ. ਸੁਖਦੀਪ ਸਿੰਘ ਸੁੱਖੀ ਬੋਪਾਰਾਏ ਤੇ ਵਿਨੋਦ ਸ਼ਰਮਾ ਨੂੰ ਸੌਂਪ ਦਿੱਤੀ ਹੈ। ਦੱਸਣਯੋਗ ਹੈ ਕਿ ਕਲੱਬ ਦੇ ਸੀ.ਏ. ਦੇ ਖਿਲਾਫ਼ ਕਰਾਈ ਗਈ ਕਾਰਵਾਈ ਤੋਂ ਕਲੱਬ ਦੇ ਜ਼ਿਆਦਾਤਰ ਮੈਂਬਰ ਨਰਾਜ਼ ਹਨ।ਨਰਾਜ਼ਗੀ ਇਸ ਪੱਧਰ 'ਤੇ ਪਹੁੰਚ ਗਈ ਕਿ ਫਰੈਂਡਸ਼ਿਪ ਗਰੁੱਪ ਟੁੱਟ ਗਿਆ।ਗੁੱਡਵਿਲ ਗਰੁੱਪ ਦੀ ਅਗਵਾਈ ਕਰਨ ਵਾਲੇ ਕਲੱਬ ਦੇ ਸਕੱਤਰ ਡਾ. ਸੁਖਦੀਪ ਸਿੰਘ ਸੁੱਖੀ ਬੋਪਾਰਾਏ ਤੇ ਵਿਨੋਦ ਸ਼ਰਮਾ ਨੇ ਕਿਹਾਕਿ ਗੁੱਡ ਵਿਲ ਗਰੁੱਪ ਦਾ ਨਿਰਮਾਣ ਹੀ ਇਮਾਨਦਾਰੀ ਨਾਲ ਕੰਮ ਕਰਨ ਅਤੇ ਕਲੱਬ ਦੀ ਬਿਹਤਰੀ ਲਈ ਕੀਤਾ ਗਿਆ ਸੀ।ਡਾ. ਸੁੱਖੀ ਬੋਪਾਰਾਏ ਨੇ ਕਿਹਾ ਕਿ ਸਾਡਾ ਉਦੇਸ਼ ਕਲੱਬ ਦੀਆਂ ਸਹੀ ਸਮੇਂ 'ਤੇ 12 ਮੈਂਬਰਾਂ ਦੀ ਟੀਮ ਦੀਆਂ ਚੋਣਾਂ ਸਮੇਂ ਸਿਰ ਕਰਾਉਣਾ ਹੈ ਉਨ੍ਹਾਂ ਦੱਸਿਆ ਕਿ ਗੁੱਡਵਿਲ ਗਰੁੱਪ ਦਾ ਇਲੈਕਸ਼ਨ ਮੈਨੀਫੈਸਟੋ ਵੀ ਇਹੀ ਸੀ ਕਿ ਸਮੇਂ ਸਿਰ ਚੋਣਾਂ ਕਰਾਈਆਂ ਜਾਣਗੀਆਂ ਤੇ ਕੋਈ ਵੀ ਪੁਰਾਣਾ ਉਮੀਦਵਾਰ ਮੁੜ ਚੋਣ ਮੈਦਾਨ ਵਿੱਚ ਨਹੀਂ ਉਤਰੇਗਾ ਤੇ ਗੁੱਡਵਿਲ ਗਰੁੱਪ ਆਪਣੇ ਇਸ ਸਟੈਂਡ 'ਤੇ ਕਾਇਮ ਹੈ। ਦੱਸਣਯੋਗ ਹੈ ਕਿ ਪਿਛਲੇ ਸਾਲ ਕਲੱਬ ਵਿੱਚ ਦੋਹਾਂ ਪ੍ਰਮੁੱਖ ਗਰੁੱਪਾਂ ਵੱਲੋਂ ਇੱਕ ਫਰੈਂਡਸ਼ਿਪ ਗਰੁੱਪ ਬਣਾ ਕੇ ਟੀਮ ਦੀ ਚੋਣ ਕੀਤੀ ਗਈ ਸੀ, ਪਰ ਪਿਛਲੇ ਕੁਝ ਸਮੇਂ ਦੌਰਾਨ ਕਲੱਬ ਵਿਚ ਵਾਪਰੇ ਘਟਨਾਕ੍ਰਮ ਤੋਂ ਬਾਅਦ ਇਹ ਗਰੁੱਪ ਟੁੱਟ ਗਿਆ ਹੈ।ਇਸ ਵਿਚ ਸਭ ਤੋਂ ਅਹਿਮ ਘਟਨਾ ਕਲੱਬ ਦੇ ਸੀ.ਏ. ਦੇ ਖਿਲਾਫ ਪੁਲਸ ਕੇਸ ਦਰਜ ਕਰਾਉਣ ਦਾ ਰਿਹਾ ਹੈ।ਕਲੱਬ ਵਿੱਚ ਇਸ ਤਰ੍ਹਾਂ ਦੀ ਰਾਜਨੀਤੀ ਤੋਂ ਕਲੱਬ ਦੇ ਜ਼ਿਆਦਾਤਰ ਮੈਂਬਰ ਸਖਤ ਨਰਾਜ਼ ਹਨ ਤੇ ਉਨ੍ਹਾਂ ਦੀ ਨਰਾਜ਼ਗੀ ਦਾ ਪਹਿਲਾ ਪ੍ਰਤੀਕ੍ਰਮ ਫਰੈਂਡਸ਼ਿਪ ਗਰੁੱਪ ਟੁੱਟਣ ਦੇ ਤੌਰ 'ਤੇ ਸਾਹਮਣੇ ਆਇਆ ਹੈ।



# ਜਰਮਨੀ ਤੇ ਪੰਜਾਬ ਸਰਕਾਰ ਮਿਲ ਕੇ ਸੁਨਾਮ ਵਿਖੇ ਸਥਾਪਤ ਕਰਨਗੇ ਵੱਡਾ ਵਿੱਦਿਅਕ ਅਦਾਰਾ : ਸੰਦੀਪ ਸਿੰਘ ਕੌੜਾ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**- ਸ਼ਹੀਦ ਊਧਮ ਸਿੰਘ ਦੀ ਜਨਮ ਭੂਮੀ ਸੁਨਾਮ ਵਿੱਖੇ ਰੱਖੇ ਗਏ ਇਕ ਵਿਸ਼ਾਲ ਸਮਾਗਮ ਦੌਰਾਨ ਪੰਜਾਬ ਸਰਕਾਰ ਅਤੇ ਜਰਮਨੀ ਦੇ ਸਾਂਝੇ ਉੱਦਮ ਨਾਲ ਇੱਕ ਮਹੱਤਵਾਕਾਂਕਸ਼ੀ ਵਿੱਦਿਅਕ ਪ੍ਰੋਜੈਕਟ ਸ਼ੁਰੂ ਕੀਤੇ ਜਾਣ ਦਾ ਐਲਾਨ ਕੀਤਾ ਗਿਆ।ਇਸ ਤੋਂ ਇਲਾਵਾ ਇੱਕ ਵਿਸ਼ਵ ਪੱਧਰੀ ਯੂਨੀਵਰਸਿਟੀ ਲੁਧਿਆਣਾ ਵਿੱਚ ਸਥਾਪਤ ਕੀਤੀ ਜਾ ਰਹੀ ਹੈ, ਜਿਸ ਦਾ ਨਾਂਅ ਹੋਵੇਗਾ ਸ਼ਹੀਦ ਊਧਮ ਸਿੰਘ ਹੁਨਰ ਵਿਕਾਸ ਅਤੇ ਉੱਦਮਤਾ ਯੂਨੀਵਰਸਿਟੀ ਅਤੇ ਇਸ ਉੱਤੇ 500 ਕਰੋੜ ਦੀ ਮੈਗਾ ਇਨਵੈਸਟਮੈਂਟ ਹੋਵੇਗੀ।ਡਾ. ਸੰਦੀਪ ਸਿੰਘ ਕੌੜਾ (ਸੰਸਥਾਪਕ ਚਾਂਸਲਰ) ਨੇ ਦੱਸਿਆ ਕਿ ਯੂਨੀਵਰਸਿਟੀ 'ਤੇ ਕੁੱਲ 500 ਕਰੋੜ ਰੁਪਏ ਦੀ ਲਾਗਤ ਆਵੇਗੀ ਜਿਸ ਵਿੱਚ 250 ਕਰੋੜ ਰੁਪਏ ਇੰਡਸਟਰੀ ਵੱਲੋਂ ਇਨਵੈਸਟ ਹੋਣਗੇ।ਵਿਦੇਸ਼ਾਂ ਵਿੱਚ ਵਸਦੇ ਉੱਦਮੀ ਵੀ ਵੱਡੇ ਪੱਧਰ 'ਤੇ ਫਾਈਨੈਂਸ ਕਰਨ ਲਈ ਤਿਆਰ ਹਨ ਅਤੇ ਸਰਕਾਰ ਵੱਲੋਂ ਵੀ ਪਾਲਿਸੀ ਲੈਵਲ ਸਹਿਯੋਗ ਦਿੱਤਾ ਜਾਵੇਗਾ।ਡਾ. ਕੌੜਾ ਨੇ ਦੱਸਿਆ ਕਿ ਛੇ ਵਿਦਵਾਨਾਂ ਦੀ ਟੀਮ ਯੂਨੀਵਰਸਿਟੀ ਦਾ ਸੰਵਿਧਾਨ ਤਿਆਰ ਕਰਨ 'ਚ ਲੱਗੀ ਹੋਈ ਹੈ।ਡਿਪਲੋਮਾ, ਡਿਗਰੀਆਂ ਅਤੇ ਪੀ ਐਚ.ਡੀ. ਤੱਕ ਦੇ ਕੋਰਸ ਸ਼ੁਰੂ ਕੀਤੇ ਜਾਣਗੇ ਅਤੇ ਕੋਰਸਾਂ ਦਾ ਫੋਕਸ ਹੁਨਰ ਵਿਕਾਸ ਸਕਿੱਲ ਡਿਵੈਲਪਮੈਂਟ, ਆਧੁਨਿਕ ਤਕਨਾਲੋਜੀ, ਇਨੋਵੇਸ਼ਨ ਤੇ ਉੱਦਮਤਾ ਉੱਤੇ ਹੋਵੇਗਾ।ਇੰਡਸਟਰੀ ਦੇ ਸਹਿਯੋਗ ਨਾਲ 70% ਪ੍ਰੈਕਟੀਕਲ + 30% ਕਲਾਸਰੂਮ ਮਾਡਲ ਅਪਣਾਇਆ ਜਾਵੇਗਾ।ਜਿਸ ਵਿੱਚ ਪੰਜ ਸਾਲ ਦੇ ਕੋਰਸ ਦੌਰਾਨ ਲਗਭਗ ਸਾਢੇ ਤਿੰਨ ਸਾਲ ਵਿਦਿਆਰਥੀ ਇੰਡਸਟਰੀ ਵਿੱਚ ਪ੍ਰੈਕਟੀਕਲ ਟ੍ਰੇਨਿੰਗ ਲੈਣਗੇ। ਜਿਸ ਨਾਲ ਇੱਥੇ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਦੇਸ਼ ਤੇ ਵਿਦੇਸ਼ਾਂ ਵਿੱਚ ਰੁਜ਼ਗਾਰ ਦੇ ਦਰਵਾਜ਼ੇ ਖੁੱਲਣਗੇ।ਇਸ ਮੌਕੇ ਮਲਕੀਤ ਸਿੰਘ ਥਿੰਦ, ਚੇਅਰਮੈਨ ਪੰਜਾਬ ਸਟੇਟ ਬੈਕਵਰਡ ਕਲਾਸਿਜ ਕਮਿਸ਼ਨ ਨੇ ਕਿਹਾ ਕਿ ਪੰਜਾਬ ਸਰਕਾਰ ਆਪਣੀ ਜਵਾਨੀ ਨੂੰ ਰੁਜ਼ਗਾਰ-ਮੁੱਖੀ ਸਿੱਖਿਆ ਨਾਲ ਜੋੜਨ ਲਈ ਗੰਭੀਰਤਾ ਨਾਲ ਕੰਮ ਕਰ ਰਹੀ ਹੈ। ਸ਼ਹੀਦ ਊਧਮ ਸਿੰਘ ਯਾਦਗਾਰੀ ਕਮੇਟੀ ਮੇਨ ਦੇ ਪ੍ਰਧਾਨ ਮਨਦੀਪ ਸਿੰਘ ਜੋਸਨ ਨੇ ਕਿਹਾ ਕਿ ਇਸ ਵਾਰ ਯੂਨੀਵਰਸਿਟੀ ਵੱਲੋਂ ਸੁਨਾਮ ਵਿੱਚ ਵੱਡਾ ਦਿਵਾਲੀ ਸਮਾਰੋਹ ਮਨਾਇਆ ਜਾਵੇਗਾ, ਜਿਸ ਦੌਰਾਨ ਕੰਬੋਜ ਬਾਂਡ ਜਾਰੀ ਕੀਤਾ ਜਾਵੇਗਾ। ਸਮਾਗਮ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਸੁਰੇਸ਼ ਕੰਬੋਜ ਉਤਰਾਖੰਡ, ਮਾਸਟਰ ਕੇਹਰ ਸਿੰਘ, ਮਨਦੀਪ ਸਿੰਘ ਜੋਸਨ, ਹਰਨੇਕ ਸਿੰਘ ਨੱਢੇ ਸ਼ਾਮਲ ਸਨ।ਮਹਿਮਾਨਾਂ ਦਾ ਸਨਮਾਨ ਮਨਦੀਪ ਸਿੰਘ ਜੋਸਨ ਨੇ ਕੀਤਾ।



# ਆਲ ਇੰਡੀਆ ਕਾਂਗਰਸ ਕਮੇਟੀ ਵੱਲੋਂ ਮੋਗਾ ਜ਼ਿਲ੍ਹੇ 'ਚ ਮੀਟਿੰਗਾਂ ਦਾ ਸਿਲਸਿਲਾ ਜਾਰੀ

**ਮੋਗਾ (ਇਕਬਾਲ ਸਿੰਘ ਖਹਿਰਾ)**- ਆਲ ਇੰਡੀਆ ਕਾਂਗਰਸ ਕਮੇਟੀ ਵੱਲੋਂ ਚਲਾਈ ਜਾ ਰਹੀ ਸੰਗਠਨ ਸਿਰਜਣ ਮੁਹਿੰਮ ਤਹਿਤ ਮੋਗਾ ਜ਼ਿਲ੍ਹੇ ਵਿੱਚ ਮੀਟਿੰਗਾਂ ਦਾ ਸਿਲਸਿਲਾ ਤੇਜ਼ੀ ਨਾਲ ਜਾਰੀ ਹੈ। ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਾਰਟੀ ਦੇ ਨਿਗਰਾਨ ਵੱਖ-ਵੱਖ ਹਲਕਿਆਂ ਵਿੱਚ ਪਹੁੰਚ ਕੇ ਸੰਗਠਨ ਮਜ਼ਬੂਤੀ ਅਤੇ ਆਉਣ ਵਾਲੀਆਂ ਚੋਣਾਂ ਲਈ ਪਾਰਟੀ ਦੇ ਰਣਨੀਤਕ ਤੌਰ-ਤਰੀਕਿਆਂ 'ਤੇ ਵਿਚਾਰ-ਵਟਾਂਦਰਾ ਕਰ ਰਹੇ ਹਨ। ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਦੀ ਅਗਵਾਈ ਹੇਠ ਇਹ ਮੁਹਿੰਮ ਮੋਗਾ ਜ਼ਿਲ੍ਹੇ ਵਿੱਚ ਜ਼ੋਰ-ਸ਼ੋਰ ਨਾਲ ਚੱਲ ਰਹੀ ਹੈ। ਇਸ ਲੜੀ ਤਹਿਤ ਅੱਜ ਹਲਕਾ ਧਰਮਕੋਟ ਵਿਖੇ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ, ਜਿਸ ਵਿੱਚ ਆਲ ਇੰਡੀਆ ਕਾਂਗਰਸ ਕਮੇਟੀ ਦੇ ਨਿਗਰਾਨ ਵੀ.ਪੀ. ਸਿੰਘ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਲਗਾਏ ਜ਼ਿਲ੍ਹਾ ਨਿਗਰਾਨ ਸੁਨੀਲ ਦੱਤੀ ਅਤੇ ਮਨਜੀਤ ਸਿੰਘ ਹੰਬੜਾਂ ਨੇ ਖਾਸ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਕਾਂਗਰਸ ਪਾਰਟੀ ਦੇ ਸੀਨੀਅਰ ਆਗੂਆਂ ਅਤੇ ਅਹੁਦੇਦਾਰਾਂ ਨੇ ਸ਼ਿਰਕਤ ਕਰਦੇ ਹੋਏ ਰਾਹੁਲ ਗਾਂਧੀ ਵੱਲੋਂ ਸ਼ੁਰੂ ਕੀਤੀ ਨਵੀਂ ਚੋਣ ਪ੍ਰਕਿਰਿਆ ਦੀ ਖ਼ੂਬ ਸ਼ਲਾਘਾ ਕੀਤੀ। ਸਭ ਨੇ ਇਕਸੁਰ ਹੋ ਕੇ ਇਹ ਨਿਸਚੇ ਕੀਤਾ ਕਿ ਪਾਰਟੀ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੂਰੀ ਤਾਕਤ ਨਾਲ ਮੈਦਾਨ ਵਿੱਚ ਉਤਰੇਗੀ ਅਤੇ ਲੋਕਾਂ ਦੇ ਹਿਤਾਂ ਦੀ ਲੜਾਈ ਨੂੰ ਹੋਰ ਮਜ਼ਬੂਤੀ ਨਾਲ ਲੜੇਗੀ। ਇਸ ਮਹੱਤਵਪੂਰਨ ਮੀਟਿੰਗ ਵਿੱਚ ਹਾਜ਼ਰੀ ਭਰਨ ਵਾਲਿਆਂ ਵਿੱਚ ਸਿਵਾਜ ਸਿੰਘ ਭੋਲਾ ਮਸਤੇਵਾਲ, ਸੀਨੀਅਰ ਯੂਥ ਕਾਂਗਰਸੀ ਆਗੂ ਧਰਮਪਾਲ ਸਿੰਘ ਨਿਹਾਲ ਸਿੰਘ ਵਾਲਾ, ਚੇਅਰਮੈਨ, ਹਰਪ੍ਰੀਤ ਸਿੰਘ ਸ਼ੇਰੇਵਾਲਾ ਨਿਰਦੇਸ਼ਕ, ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆ ਚੇਅਰਮੈਨ, ਦਰਸ਼ਨ ਸਿੰਘ ਲਲਿਹਾਦੀ ਚੇਅਰਮੈਨ, ਅਮਨਦੀਪ ਸਿੰਘ ਮਨਾਵਾਂ ਉਪ-ਚੇਅਰਮੈਨ, ਪ੍ਰਿਤਪਾਲ ਸਿੰਘ ਚਾਹਲ (ਸਾਬਕਾ ਚੇਅਰਮੈਨ, ਜੋਗਿੰਦਰ ਸਿੰਘ ਪੈਂਡਰੀ ਰਾਜਿੰਦਰਪਾਲ ਸਿੰਘ ਉਪ-ਚੇਅਰਮੈਨ, ਤੇਜ ਕੌਰ ਮਹਿਣਾ ਚੇਅਰਮੈਨ, ਇੰਦਰਪ੍ਰੀਤ ਬੰਟੀ ਸਾਬਕਾ ਪ੍ਰਧਾਨ ਨਗਰ ਕੌਂਸਲ ਧਰਮਕੋਟ, ਕਾਂਗਰਸ ਦੇ ਯੂਥ ਪ੍ਰਧਾਨ ਸੋਹਨ ਸਿੰਘ ਖੇਲਾ ਸਮੇਤ ਹੋਰ ਕਈ ਆਗੂ ਸ਼ਾਮਲ ਸਨ। ਇਸ ਤੋਂ ਇਲਾਵਾ ਗੁਰਪਿੰਦਰ ਸਿੰਘ ਚਾਹਲ, ਨਿਰਮਲ ਸਿੰਘ ਸਿੱਧੂ, ਸੰਦੀਪ ਸੰਧੂ, ਬਲਵਿੰਦਰ ਸਮਰਾ, ਕੁਲਦੀਪ ਸਿੰਘ ਰਾਜਪੂਤ, ਕਿਸ਼ਨ ਤਿਵਾੜੀ, ਸੰਜੀਵ ਕੋਛੜ ਅਤੇ ਯੂਥ ਕਾਂਗਰਸ ਦੇ ਆਗੂ ਵੀ ਮੌਜੂਦ ਸਨ। ਮੀਟਿੰਗ ਦੌਰਾਨ ਸਭ ਆਗੂਆਂ ਨੇ ਏਕਜੁੱਟ ਹੋ ਕੇ ਇਹ ਭਰੋਸਾ ਜਤਾਇਆ ਕਿ ਕਾਂਗਰਸ ਪਾਰਟੀ ਜਨਤਾ ਦੇ ਹੱਕਾਂ ਦੀ ਅਵਾਜ਼ ਬੁਲੰਦ ਕਰਦੀ ਰਹੇਗੀ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਹੋਰ ਮਜ਼ਬੂਤ ਹੋ ਕੇ ਸਾਹਮਣੇ ਆਵੇਗੀ।



# ਵਰਧਮਾਨ ਕੰਪਨੀ ਵੱਲੋਂ ਕਾਲਜ ਕੈਂਪਸ 'ਚ ਈ ਕਲਾਸ-ਰੂਮ ਦੀ ਸਥਾਪਨਾ

**ਧੂਰੀ (ਮਨੋਹਰ ਸਿੰਘ ਸੱਗੂ)** ਯੂਨੀਵਰਸਿਟੀ ਕਾਲਜ ਬੇਨੜਾ (ਵਿਖੇ ਵਰਧਮਾਨ ਸਪੈਸ਼ਲ ਸਟੀਲ ਲਿਮਟਿਡ ਲੁਧਿਆਣਾ ਵੱਲੋਂ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਗ੍ਰਾਂਟ ਵਿੱਚੋਂ ਦਿੱਤੇ ਕੰਪਿਊਟਰਾਂ ਨਾਲ ਸਥਾਪਤ ਈ ਕਲਾਸ-ਰੂਮ ਦਾ ਰਸਮੀ ਉਦਘਾਟਨ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਨੇ ਉਦਘਾਟਨੀ ਸਮਾਰੋਹ ਦੇ ਮੁੱਖ ਮਹਿਮਾਨ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੰਗਰੂਰ ਸੁਖਚੈਨ ਸਿੰਘ ਅਤੇ ਵਰਧਮਾਨ ਕੰਪਨੀ ਦੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਗ੍ਰਾਂਟ ਦੇ ਮੁੱਖ ਮੈਨੇਜਰ ਅਮਿਤ ਧਾਵਨ ਦਾ ਸਵਾਗਤ ਕੀਤਾ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੇ ਈ ਕਲਾਸ-ਰੂਮ ਦਾ ਰਸਮੀ ਉਦਘਾਟਨ ਕਰਨ ਉਪਰੰਤ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਕਿਹਾ ਕਿ ਵਿਦਿਆਰਥੀ ਪੜ੍ਹਾਈ ਲਗਨ ਨਾਲ ਕਰਨ ਤੇ ਅਸੀਂ ਕਾਲਜ ਦੇ ਵਿਕਾਸ ਤੇ ਵਿਦਿਆਰਥੀ ਲੋੜਾਂ ਦੀ ਪੂਰਤੀ ਲਈ ਯਤਨ ਕਰਦੇ ਰਹਾਂਗੇ। ਕਾਲਜ ਪ੍ਰਿੰਸੀਪਲ ਨੇ ਕਿਹਾ ਕਿ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੰਗਰੂਰ ਦੇ ਉੱਦਮ ਸਦਕਾ ਕਾਲਜ ਦੀ ਕੰਪਿਊਟਰ ਲੈਬ ਨੂੰ ਅਪੈਕਸ ਕੰਪਨੀ ਦੇ 512 ਜੀ.ਬੀ. ਹਾਰਡ ਡਿਸਕ ਅਤੇ 16 ਜੀ.ਬੀ. ਰੈਮ ਵਾਲੇ ਕੁੱਲ 10 ਕੰਪਿਊਟਰ ਮਿਲਣ ਨਾਲ ਵਿਦਿਆਰਥੀਆਂ ਦੀਆਂ ਲੋੜਾਂ ਦੀ ਪੂਰਤੀ ਹੋਣ ਦੇ ਨਾਲ-ਨਾਲ ਉਹ ਕੰਪਿਊਟਰ ਦੇ ਪ੍ਰੈਕਟੀਕਲ ਕੰਮਾਂ ਤੋਂ ਜਾਣੂ ਹੋਣ ਦੇ ਵਧੇਰੇ ਸਮਰੱਥ ਹੋਣਗੇ।ਉਨ੍ਹਾਂ ਕਿਹਾ ਕਿ ਮੁਖੀ ਅਪ੍ਰੇਸ਼ਨ ਪ੍ਰੋਜੈਕਟ, ਮੇਰਾ ਬਿੱਲਜ ਦੇ ਹਰਨੇਕ ਸਿੰਘ ਦੀ ਵੀ ਕੰਪਿਊਟਰਾਂ ਦੀ ਪਹੁੰਚ ਤੇ ਇੰਸਟਾਲੇਸ਼ਨ ਵਿੱਚ ਮਹੱਤਵਪੂਰਨ ਭੂਮਿਕਾ ਰਹੀ ਹੈ। ਉਦਘਾਟਨੀ ਸਮਾਰੋਹ ਦੇ ਅੰਤ ਵਿੱਚ ਇੰਜ: ਵਰਿੰਦਰ ਕੁਮਾਰ ਸਿੰਗਲਾ ਨੇ ਵਿਦਿਆਰਥੀਆਂ ਦੀਆਂ ਲੋੜਾਂ ਦੀ ਪੂਰਤੀ ਕਰਨ ਵਾਲੀ ਹਰ ਸ਼ਖ਼ਸੀਅਤ ਦਾ ਕਾਲਜ ਵੱਲੋਂ ਧੰਨਵਾਦ ਕੀਤਾ ਅਤੇ ਇਸ ਸਮਾਰੋਹ ਦਾ ਸੰਚਾਲਨ ਪ੍ਰੋ: ਗੁਰਬਖਸੀਸ ਸਿੰਘ ਦੁਆਰਾ ਕੀਤਾ ਗਿਆ।




# ਸਟੇਟ ਬੈਂਕ ਇੰਡੀਆ ਵੱਲੋਂ ਲਾਲ ਸਿੰਘ ਬਸਤੀ ਸਕੂਲ ਨੂੰ ਦਾਨ ਕੀਤਾ ਲੋੜੀਂਦਾ ਸਮਾਨ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)** ਸਟੇਟ ਬੈਂਕ ਆਫ਼ ਇੰਡੀਆ ਦੇ ਐਡਮਿਨ ਆਫਿਸ ਵੱਲੋਂ ਬੈਂਕ ਦੀ ਸੀ.ਐੱਸ.ਆਰ ਗਤੀਵਿਧੀ ਅਧੀਨ ਸਰਕਾਰੀ ਪ੍ਰਾਇਮਰੀ ਸਕੂਲ ਲਹਿਰਾ ਮੁਹੱਬਤ ਬ੍ਰਾਂਚ ਲਾਲ ਸਿੰਘ ਨੂੰ ਲੋੜੀਂਦਾ ਜ਼ਰੂਰੀ ਸਮਾਨ, ਜਿਸ ਵਿੱਚ ਤਿੰਨ ਸਪਲਿਟ ਏ ਸੀ, ਪੰਜ ਕੰਪਿਊਟਰ, ਇੱਕ ਪ੍ਰਿੰਟਰ, ਇੱਕ ਐਲ ਈ ਡੀ, ਪੰਜ ਕੰਪਿਊਟਰ ਟੇਬਲ, ਪੰਜ ਅਲਮਾਰੀਆਂ ਤੇ ਛੇ ਕੁਰਸੀਆਂ ਦਾਨ ਵਜੋਂ ਦਿੱਤੀਆਂ ਗਈਆਂ। ਸਮਾਰੋਹ ਦੀ ਅਗਵਾਈ ਡੀ ਜੀ ਐੱਮ ਅਭਿਸ਼ੇਕ ਸ਼ਰਮਾ ਨੇ ਕੀਤੀ। ਸਕੂਲ ਮੁਖੀ ਕਿਰਪਾਲ ਸਿੰਘ ਨੇ ਬੈਂਕ ਸਟਾਫ 'ਚੋਂ ਪੁੱਜੇ ਸੀ. ਐੱਮ.ਐੱਚ. ਆਰ ਅਰੁਣ ਗਰਗ, ਡਿਪਟੀ ਮੈਨੇਜਰ ਪਾਲ ਕੁਮਾਰ, ਦਇਆ ਰਾਮ ਸਹਾਰਨ ਤੇ ਬੈਂਕ ਬ੍ਰਾਂਚ ਥਰਮਲ ਲਹਿਰਾ ਮੁਹੱਬਤ ਦੇ ਮੈਨੇਜਰ ਅਸ਼ਵਨੀ ਕੁਮਾਰ ਨੂੰ ਜੀ ਆਇਆਂ ਆਖਿਆ ਗਿਆ ਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਤਹਿ ਦਿਲੋਂ ਧੰਨਵਾਦ ਕੀਤਾ। ਐੱਸ.ਐੱਮ.ਸੀ ਚੇਅਰਮੈਨ ਸੁਲੱਖਣ ਸਿੰਘ, ਈ.ਟੀ. ਟੀ.ਅਧਿਆਪਕ ਗੁਰਪ੍ਰੀਤ ਕੌਰ ਤੇ ਬੀ.ਆਰ.ਸੀ.ਟੀਚਰ ਸੁਖਜੀਤ ਸਿੰਘ ਨੇ ਸਕੂਲਦੀਆਂ ਲੋੜਾਂ ਤੇ ਪ੍ਰਾਪਤੀਆਂ ਉੱਤੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਬੈਂਕ ਵੱਲੋਂ ਕੀਤੇ ਇਸ ਉਪਰਾਲੇ ਨਾਲ ਸਮਾਜਿਕ ਸੇਵਾਵਾਂ ਦੇ ਨਾਲ-ਨਾਲ ਬੱਚਿਆਂ ਦੇ ਸਿੱਖਣ ਸਿਖਾਉਣ ਵਿੱਚ ਸਕਾਰਤਮਕ ਪ੍ਰਭਾਵ ਪਵੇਗਾ। ਇਸ ਉਪਰੰਤ ਸਕੂਲ ਸਟਾਫ਼ ਵੱਲੋਂ ਸਮੂਹ ਮੁੱਖ ਮਹਿਮਾਨਾਂ ਨੂੰ ਸਨਮਾਨ ਚਿੰਨ੍ਹਾਂ ਨਾਲ ਨਿਵਾਜਿਆ ਗਿਆ। ਦਾਨੀ ਸੱਜਣ ਰਿਟਾ. ਮੁੱਖ ਅਧਿਆਪਕ ਜਗਜੀਤ ਸਿੰਘ, ਕੌਂਸਲਰ ਜਸਪਾਲ ਕੌਰ, ਰਿਟਾ. ਹੋਮ ਗਾਰਡ ਸੱਤਪਾਲ ਸਿੰਘ, ਰਿਟਾ. ਅਧਿਆਪਕ ਲਾਭ ਸਿੰਘ ਸਮੇਤ ਕਮੇਟੀ ਮੈਂਬਰਜ਼, ਸਕੂਲ ਸਟਾਫ 'ਚੋਂ ਹਰਵਿੰਦਰ ਸਿੰਘ ਬਾਠ, ਮੈਡਮ ਮਨਜੀਤ ਕੌਰ, ਮੈਡਮ ਵੀਰਪਾਲ ਕੌਰ, ਮੈਡਮ ਗੁਰਪ੍ਰੀਤ ਕੌਰ ਐਸੋਸੀਏਟ ਟੀਚਰ ਤੇ ਮੈਡਮ ਕੁਲਦੀਪ ਕੌਰ ਪ੍ਰੀ-ਪ੍ਰਾਇਮਰੀ ਐਸੋਸੀਏਟ ਟੀਚਰ, ਸਫਾਈ ਸੇਵਕ ਤੇ ਮਿਡ ਡੇ ਮੀਲ ਦੇ ਕੁੱਕ ਹਾਜ਼ਰ ਸਨ।



# ਸੱਪ ਦੇ ਡੰਗਣ ਤੇ ਕੁੱਤੇ ਦੇ ਕੱਟਣ 'ਤੇ ਲਾਪ੍ਰਵਾਹੀ ਨਾ ਵਰਤਣ ਲੋਕ : ਸਹਾਇਕ ਸਿਵਲ ਸਰਜਨ

**ਮਾਲੇਰਕੋਟਲਾ (ਅਸਗਰ ਪਰਿਹਾਰ)** ਬਰਸਾਤਾਂ ਦਾ ਮੌਸਮ ਹੋਣ ਕਾਰਨ ਸੱਪਾਂ ਦਾ ਖੱਡਾਂ ਵਿੱਚੋਂ ਨਿਕਲ ਕੇ ਬਾਹਰ ਆਉਣਾ ਆਮ ਗੱਲ ਹੈ, ਜਿਸ ਕਾਰਨ ਇਸ ਮੌਸਮ ਵਿੱਚ ਸੱਪ ਦੇ ਡੰਗ ਦੇ ਕੇਸ ਵੱਧ ਜਾਂਦੇ ਹਨ।ਇਸ ਗੱਲ ਦਾ ਧਿਆਨ ਰੱਖਦੇ ਹੋਏ ਸਹਾਇਕ ਸਿਵਲ ਸਰਜਨ ਡਾ. ਸਜ਼ੀਲਾ ਖਾਨ ਵੱਲੋਂ ਸੱਪ ਦੇ ਸੱਪਾਂ ਦੇ ਡੰਗ ਤੇ ਕੁੱਤੇ ਦੇ ਕੱਟਣ ਤੋਂ ਬਚਾਅ ਅਤੇ ਇਲਾਜ ਸਬੰਧੀ ਸਲਾਹ ਦਿੰਦਿਆ ਕਿਹਾ ਕਿ ਸੱਪ ਦੇ ਡੰਗ ਤੋਂ ਬਚਾਅ ਲਈ ਖੜੇ ਬਰਸਾਤੀ ਪਾਣੀ ਵਿੱਚ ਜਾਣ ਤੋਂ ਗੁਰੇਜ਼ ਕੀਤਾ ਜਾਵੇ। ਹੜ੍ਹਾਂ ਦੇ ਪਾਣੀ, ਖੇਤਾਂ, ਜੰਗਲਾਂ ਅਤੇ ਘਾਹ ਵਾਲੀਆਂ ਥਾਂਵਾਂ ਤੇ ਬਾਹਰ ਜਾਣ ਵੇਲੇ ਬੰਦ ਜੁੱਤੀਆਂ, ਲੰਬੇ ਬੂਟ ਪਾਏ ਜਾਣ।ਉਨ੍ਹਾਂ ਕਿਹਾ ਕਿ ਜੇਕਰ ਸੱਪ ਡੰਗ ਜਾਵੇ ਤਾਂ ਤੁਰੰਤ ਮੁੱਢਲੀ ਸਹਾਇਤਾ ਦਿੱਤੀ ਜਾਵੇ।ਡੰਗ ਵਾਲੀ ਥਾਂ ਨੂੰ ਨਾ ਹੀ ਕੱਟਿਆ ਜਾਵੇ, ਨਾ ਹੀ ਕਿਸੇ ਰੱਸੀ ਨਾਲ ਬੰਨ੍ਹਿਆ ਜਾਵੇ ਤੇ ਨਾ ਹੀ ਮੂੰਹ ਨਾਲ ਜ਼ਹਿਰ ਬਾਹਰ ਕੱਢਣ ਦੀ ਕੋਸ਼ਿਸ਼ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਡਾਕਟਰੀ ਸਲਾਹ ਤੋਂ ਬਗੈਰ ਕਿਸੇ ਕਿਸਮ ਦੀ ਦਵਾਈ ਦੀ ਵਰਤੋਂ ਨਾ ਕੀਤੀ ਜਾਵੇ।ਸੱਪ ਦੇ ਡੰਗ ਮਾਰਨ ਉਤੇ ਘਬਰਾਉਣ ਦੀ ਲੋੜ ਨਹੀਂ, ਬਲਕਿ ਮਰੀਜ਼ ਨੂੰ ਤੁਰੰਤ ਸਰਕਾਰੀ ਹਸਪਤਾਲ ਵਿੱਚ ਪੁਚਾਇਆ ਜਾਵੇ।ਇਸ ਸਮੇਂ ਐਂਬੂਲੈਂਸ ਲਈ ਹੈਲਪਲਾਈਨ ਨੰਬਰ 104 ਉਤੇ ਸੰਪਰਕ ਕੀਤਾ ਜਾ ਸਕਦਾ ਹੈ।ਇਸ ਦਾ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਉਪਲੱਬਧ ਹੈ। ਸਹਾਇਕ ਸਿਵਲ ਸਰਜਨ ਡਾ. ਸਜ਼ੀਲਾ ਖਾਨ ਕਿਹਾ ਕਿ ਜੇਕਰ ਕੁੱਤਾ ਕੱਟ ਜਾਵੇ ਤਾਂ ਬਿਨਾਂ ਕਿਸੇ ਦੇਰੀ ਮਰੀਜ਼ ਨੂੰ ਹਸਪਤਾਲ ਵਿੱਚ ਲਿਆਂਦਾ ਜਾਵੇ।



# ਨਰਮੇ ਨੂੰ ਗੁਲਾਬੀ ਸੁੰਡੀ ਤੇ ਉੱਲੀ ਤੋਂ ਸੁਚੇਤ ਰਹਿਣ ਦੀ ਅਪੀਲ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** ਜਸਵੰਤ ਸਿੰਘ, ਡਾਇਰੈਕਟਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਰਮਾ ਪੱਟੀ ਜ਼ਿਲ੍ਹਿਆਂ ਵਿੱਚ ਨਰਮੇਂ/ਕਪਾਹ ਦੀ ਫ਼ਸਲ ਨੂੰ ਕਾਮਯਾਬ ਕਰਨ ਲਈ ਕੀਟ ਸਰਵੇਖਣ ਤੇ ਹੋਰ ਗਤੀਵਿਧੀਆਂ ਦੀ ਮੋਨੀਟਰਿੰਗ ਕਰਨ ਲਈ ਗਠਿਤ ਤਿੰਨ ਮੈਂਬਰੀ ਕਮੇਟੀ, ਜਿਸ ਵਿੱਚ ਡਾ. ਚਰਨਜੀਤ ਸਿੰਘ ਡਿਪਟੀ ਡਾਇਰੈਕਟਰ ਖੇਤੀਬਾੜੀ (ਕਪਾਹ), ਸ੍ਰੀ ਮੁਕਤਸਰ ਸਾਹਿਬ ਟੀਮ ਇੰਚਾਰਜ ਹਨ, ਡਾ. ਯਾਦਵਿੰਦਰ ਸਿੰਘ ਏ.ਐਮ.ਓ. ਫਰੀਦਕੋਟ ਤੇ ਡਾ. ਅਮਨ ਕੇਸ਼ਵ ਪੀ.ਡੀ. (ਆਤਮਾ) ਬਤੌਰ ਮੈਂਬਰ ਹਨ, ਵੱਲੋਂ ਪਿੰਡ ਕੋਟਭਾਈ, ਗਿੱਦੜਬਾਹਾ, ਦੌਲਾ, ਪਿਉਰੀ ਅਤੇ ਜੰਡਵਾਲਾ ਆਦਿ ਦੇ ਵੱਖ-ਵੱਖ ਖੇਤਾਂ ਵਿੱਚ ਨਰਮੇ ਦੀ ਫ਼ਸਲ ਦਾ ਸਰਵੇਖਣ ਕੀਤਾ ਗਿਆ।ਸਰਵੇਖਣ ਦੌਰਾਨ ਚਿੱਟੀ ਮੱਖੀ ਦਾ ਹਮਲਾ ਈ.ਟੀ.ਐਲ (ਵਿੱਤੀ ਨੁਕਸਾਨ ਦੇ ਪੱਧਰ) ਤੋਂ ਘੱਟ ਪਾਇਆ ਗਿਆ ਤੇ ਕਿਸੇ ਵੀ ਖੇਤ ਵਿੱਚ ਗੁਲਾਬੀ ਸੁੰਡੀ ਦਾ ਹਮਲਾ ਦੇਖਣ ਨੂੰ ਨਹੀਂ ਮਿਲਿਆ। ਡਾ. ਕਰਨਜੀਤ ਸਿੰਘ ਗਿੱਲ ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਦੱਸਿਆ ਕਿ ਫ਼ਿਲਹਾਲ ਨਰਮੇ ਦੀ ਫ਼ਸਲ ਉਪਰ ਕਿਸੇ ਵੀ ਕੀਟ ਜਾਂ ਬਿਮਾਰੀ ਦਾ ਹਮਲਾ ਆਰਥਿਕ ਕਗਾਰ ਤੋਂ ਘੱਟ ਦੇਖਣ ਨੂੰ ਮਿਲ ਰਿਹਾ ਹੈ, ਪ੍ਰੰਤੂ ਕਿਸਾਨ ਰੋਜ਼ਾਨਾ ਆਪਣੇ ਖੇਤਾਂ ਦਾ ਸਰਵੇਖਣ ਜ਼ਰੂਰ ਕਰਨ ਤੇ ਖੇਤੀਬਾੜੀ ਵਿਭਾਗ ਦੇ ਕਰਮਚਾਰੀਆਂ ਨਾਲ ਰਾਬਤਾ ਕਾਇਮ ਰੱਖਣ। ਇਸ ਉਪਰੰਤ ਖੇਤੀਬਾੜੀ ਅਧਿਕਾਰੀਆਂ ਨਾਲ ਨਰਮੇ ਦੀ ਫ਼ਸਲ ਸਬੰਧੀ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਸਬੰਧੀ ਮੀਟਿੰਗ ਕੀਤੀ ਗਈ। ਮੀਟਿੰਗ ਦੀ ਸ਼ੁਰੂਆਤ ਕਰਦਿਆਂ ਡਾ: ਗਿੱਲ ਵੱਲੋਂ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਅੰਦਰ ਚਿੱਟੀ ਮੱਖੀ ਤੇ ਗੁਲਾਬੀ ਸੁੰਡੀ ਦੀ ਰੋਕਥਾਮ ਲਈ ਕਿਸਾਨਾਂ ਨੂੰ ਪੀ.ਏ.ਯੂ ਲੁਧਿਆਣਾ ਦੀਆਂ ਸ਼ਿਫ਼ਾਰਸ਼ਾਂ ਅਨੁਸਾਰ ਕੀਟਨਾਸ਼ਕ ਦਵਾਈਆਂ ਦੀ ਸਿਫ਼ਾਰਸ਼ ਕੀਤੀ ਜਾ ਰਹੀ ਹੈ।



# ਹਰਚਰਨ ਸਿੰਘ ਵੈਰੜ ਦੀ ਅੰਤਮ ਯਾਤਰਾ 'ਚ ਵੱਡੀ ਗਿਣਤੀ ਲੋਕ ਹਾਜ਼ਰ ਹੋਏ

## ਸੇਜਲ ਅੱਖਾਂ ਨਾਲ ਦਿੱਤੀ ਅੰਤਮ ਵਿਦਾਈ

**ਮਮਦੋਟ (ਜਸਬੀਰ ਸਿੰਘ ਕੰਬੋਜ)** ਸੀਨੀਅਰ ਅਕਾਲੀ ਆਗੂ ਤੇ ਸਾਬਕਾ ਚੇਅਰਮੈਨ ਹਰਚਰਨ ਸਿੰਘ ਵੈਰੜ, ਜੋ ਅਕਾਲ ਚਲਾਣਾ ਕਰ ਗਏ ਸਨ, ਦਾ ਸਸਕਾਰ ਮਮਦੋਟ ਸਥਿਤ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ। ਉਨ੍ਹਾਂ ਦੀ ਅੰਤਮ ਯਾਤਰਾ ਵਿੱਚ ਸ਼ਾਮਲ ਹੋਣ ਲਈ ਸਾਬਕਾ ਮੰਤਰੀ ਜਨਮੇਜਾ ਸਿੰਘ ਸੇਖੋਂ, ਸਾਬਕਾ ਵਿਧਾਇਕ ਜੋਗਿੰਦਰ ਸਿੰਘ ਜਿੰਦੂ, ਸਾਬਕਾ ਆਈ.ਏ ਐਸ ਕੁਲਬੀਰ ਸਿੰਘ ਸਿੱਧੂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਜਥੇਦਾਰ ਪ੍ਰੀਤਮ ਸਿੰਘ ਮਲਸੀਆਂ, ਜਥੇਦਾਰ ਦਰਸਨ ਸਿੰਘ ਸੇਰਖਾਂ ਤੇ ਜਥੇਦਾਰ ਸਤਪਾਲ ਸਿੰਘ ਤਲਵੰਡੀ ਭਾਈ, ਰੋਹਿਤ ਕੁਮਾਰ ਮਾਂਟੂ ਵੋਹਰਾ, ਸਾਬਕਾ ਚੇਅਰਮੈਨ ਜੋਗਾ ਸਿੰਘ ਮੁਰਕਵਾਲਾ, ਜਥੇਦਾਰ ਚਮਕੌਰ ਸਿੰਘ ਟਿੱਬੀ, ਆੜ੍ਹਤੀ ਆਗੂ ਅਵਤਾਰ ਸਿੰਘ ਲੋਧਰਾਂ, ਸ਼ੈਲਰ, ਆੜ੍ਹਤੀਆ ਯੂਨੀਅਨ ਦੇ ਪ੍ਰਧਾਨ ਕੁਲਦੀਪ ਸਿੰਘ ਲਹੌਰੀਆ, ਕਾਂਗਰਸ ਦੇ ਹਲਕਾ ਇੰਚਾਰਜ ਅਮਰਦੀਪ ਸਿੰਘ ਆਸ਼ੂ ਬਾਂਗੜ, ਨਗਰ ਪੰਚਾਇਤ ਦੇ ਪ੍ਰਧਾਨ ਉਪਿੰਦਰ ਸਿੰਘ ਸਿੰਧੀ, ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, 'ਆਪ' ਆਗੂ ਨਿਰਵੈਰ ਸਿੰਘ ਸਿੰਧੀ, ਸਾਬਕਾ ਚੇਅਰਮੈਨ ਰਵੀ ਦੱਤ ਚਾਵਲਾ, ਸ਼ਹੀਦ ਭਗਤ ਸਿੰਘ ਰਾਜਗੁਰੂ, ਸੁਖਦੇਵ ਮੈਮੋਰੀਅਲ ਸਸਾਇਟੀ ਦੇ ਆਗੂ ਜਸਵਿੰਦਰ ਸਿੰਘ ਸੰਧੂ, ਗੁਰਮੀਤ ਸਿੰਘ ਮੱਲ੍ਹ ਵਾਲਾ, ਸਾਬਕਾ ਚੇਅਰਮੈਨ ਬਲਵਿੰਦਰ ਸਿੰਘ ਨੌਲ, ਆੜ੍ਹਤੀ ਪਰਦੀਪ ਬਿੰਦਰਾਂ, ਰਾਕੇਸ਼ ਬਿੰਦਰਾਂ, ਅਕਾਲੀ ਆਗੂ ਜੋਗਿੰਦਰ ਸਿੰਘ ਸਵਾਈ ਕੇ, ਸੰਪੂਰਨ ਸਿੰਘ ਮਲਸੀਆਂ, ਰਾਣਾ ਗੁਰਮੀਤ ਸਿੰਘ ਸੋਢੀ ਦੇ ਨਿੱਜੀ ਸਕੱਤਰ ਅਸ਼ੋਕ ਬਹਿਲ, ਮਾਰਕੀਟ ਕਮੇਟੀ ਦੇ ਸਕੱਤਰ ਬਿਕਰਮਜੀਤ ਸਿੰਘ ਸੰਧੂ, ਕਾਂਗਰਸੀ ਆਗੂ ਸਤਨਾਮ ਸਿੰਘ ਭੁੱਲਰ, ਹਰਪਾਲ ਸਿੰਘ ਨੀਟਾ ਸੋਢੀ, ਸਰਕਲ ਪ੍ਰਧਾਨ ਗੁਰਬਚਨ ਸਿੰਘ ਕਾਲਾ ਟਿੱਬੀ, ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਜਜਬੀਰ ਸਿੰਘ ਮੁਰਕਵਾਲਾ, ਅਸ਼ੋਕ ਨਾਰੰਗ, ਨਰੇਲਾ ਦਿੱਲੀ ਤੋਂ ਮਾਸਟਰ ਨਰਿੰਦਰ ਕਪੂਰ, ਸ਼ਾਮ ਲਾਲ ਭੋਲੇਵਾਸੀਆ ਸਮੇਤ ਵੱਡੀ ਗਿਣਤੀ ਵਿੱਚ ਨਾਮਵਰ ਸ਼ਖ਼ਸੀਅਤਾਂ ਤੇ ਇਲਾਕਾ ਨਿਵਾਸੀ ਪਹੁੰਚੇ ਹੋਏ ਸਨ, ਜਿਨ੍ਹਾਂ ਵੱਲੋਂ ਸਵ: ਹਰਚਰਨ ਸਿੰਘ ਵੈਰੜ ਦੇ ਸਪੁੱਤਰਾਂ ਭੁਪਿੰਦਰ ਸਿੰਘ ਵੈਰੜ, ਰੁਪਿੰਦਰ ਸਿੰਘ ਵੈਰੜ, ਭਤੀਜੇ ਨੰਬਰਦਾਰ ਵਰਿੰਦਰ ਸਿੰਘ ਵੈਰੜ, ਸਾਬਕਾ ਪ੍ਰਧਾਨ ਸੁਖਵਿੰਦਰ ਸਿੰਘ ਵੈਰੜ, ਪੋਤਰੇ ਹਰਸਿਮਰਨ ਸਿੰਘ ਬਾਵਾ ਵੈਰੜ, ਇਕਬੀਰ ਸਿੰਘ ਵੈਰੜ, ਅਮਰਿੰਦਰ ਸਿੰਘ ਵੈਰੜ ਤੇ ਸਮੂਹ ਵੈਰੜ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।



18 Sep Page 6.qxd 9/17/2025 10:56 PM Page 1



# ਮੋਬਾਇਲ ਟਾਵਰ ਤੋਂ ਲੱਖਾਂ ਦੇ ਬੀ ਟੀ ਐੱਸ ਕਾਰਡ ਤੇ ਹੋਰ ਸਮਾਨ ਚੋਰੀ ਕਰਨ ਵਾਲਾ ਗਰੋਹ ਕਾਬੂ



**ਮੋਗਾ (ਇਕਬਾਲ ਸਿੰਘ ਹਰਿਰਾ)**- ਅਜੇ ਗਾਂਧੀ ਐੱਸ.ਐੱਸ.ਪੀ ਮੋਗਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਬਾਲ ਕ੍ਰਿਸ਼ਨ ਸਿੰਗਲਾ ਐੱਸ.ਪੀ (ਆਈ) ਮੋਗਾ, ਜਸਵਿੰਦਰ ਸਿੰਘ ਡੀ ਐੱਸ ਪੀ ਧਰਮਕੋਟ ਦੀ ਸੁਪਰਵੀਜ਼ਨ ਹੇਠ ਥਾਣਾ ਫਤਿਹਗੜ੍ਹ ਪੰਜਤੂਰ ਦੀ ਪੁਲਸ ਵੱਲੋਂ ਬੀਤੇ ਦਿਨੀਂ ਮੋਬਾਇਲ ਟਾਵਰਾਂ ਤੋਂ ਹੋ ਰਹੀਆਂ ਚੋਰੀਆਂ ਦੇ ਸਬੰਧ ਵਿੱਚ ਚੋਰਾਂ ਦੇ ਵੱਡੇ ਗੈਂਗ ਨੂੰ ਕਾਬੂ ਕੀਤਾ ਹੈ। 16/17 ਅਗਸਤ ਨੂੰ ਬਲਬਿਆਲਾ ਗੁਰਮੇਲ ਸਿੰਘ ਸਕਿਉਰਿਟੀ ਸੁਪਰਵਾਈਜ਼ਰ ਇੰਡਸ ਕੰਪਨੀ ਦੇ ਮੋਬਾਇਲ ਟਾਵਰ ਏਅਰਟੈਲ ਪਿੰਡ ਮਦਾਰਪੁਰ ਅਤੇ ਮੋਬਾਇਲ ਟਾਵਰ ਜੀਓ ਪਿੰਡ ਖੰਬਾ ਤੋਂ ਬੀ.ਟੀ.ਐੱਸ ਕਾਰਡ ਤੇ ਹੋਰ ਸਮਾਨ ਚੋਰੀ ਹੋਣ ਸਬੰਧੀ ਮੁਕੱਦਮਾ ਥਾਣਾ ਫਤਿਹਗੜ੍ਹ ਪੰਜਤੂਰ ਦਰਜ ਰਜਿਸਟਰ ਕੀਤਾ ਗਿਆ ਸੀ। ਤਫਤੀਸ਼ ਦੌਰਾਨ ਮੁੱਦਈ ਨੂੰ ਪਤਾ ਲੱਗਾ ਕਿ ਟਾਵਰਾਂ ਤੋਂ ਇਹ ਚੋਰੀ ਜਸ਼ਨਪ੍ਰੀਤ ਸਿੰਘ ਪੁੱਤਰ ਚਰਨਜੀਤ ਸਿੰਘ ਵਾਸੀ ਫਤਿਹਗੜ੍ਹ ਪੰਜਤੂਰ ਅਤੇ ਸੁਖਦੀਪ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਸ਼ਾਹਵਾਲਾ ਤਹਿ: ਜ਼ੀਰਾ ਜ਼ਿਲ੍ਹਾ ਫਿਰੋਜ਼ਪੁਰ ਨੇ ਕੀਤੀ ਹੈ। ਜਿਨ੍ਹਾਂ ਨੂੰ ਮੁਕੱਦਮਾ ਵਿੱਚ ਨਾਮਜ਼ਦ ਕੀਤਾ ਗਿਆ। 14 ਸਤੰਬਰ ਨੂੰ ਜਸ਼ਨਪ੍ਰੀਤ ਸਿੰਘ ਪੁੱਤਰ ਚਰਨਜੀਤ ਸਿੰਘ ਵਾਸੀ ਫਤਿਹਗੜ੍ਹ ਪੰਜਤੂਰ ਨੂੰ ਗ੍ਰਿਫਤਾਰ ਕਰਕੇ ਪੁੱਛਗਿੱਛ ਦੌਰਾਨ ਪਤਾ ਲੱਗਾ ਕਿ ਜਸ਼ਨਪ੍ਰੀਤ ਸਿੰਘ ਉਰਫ ਫੌਜੀ ਪੁੱਤਰ ਸੁਰਜੀਤ ਸਿੰਘ ਵਾਸੀ ਫਤਿਹਗੜ੍ਹ ਪੰਜਤੂਰ ਦੇ ਜ਼ਰੀਏ ਇਹ ਚੋਰੀ ਕਰਕੇ ਕਾਰਡ ਅੱਗੇ ਦੀਪਕ ਸਿੰਘ ਪੁੱਤਰ ਕਰਨ ਸਿੰਘ ਵਾਸੀ ਬਾਬਾ ਦੀਪ ਸਿੰਘ ਨਗਰ ਬਠਿੰਡਾ ਨੂੰ ਵੇਚਦੇ ਸਨ। ਜਿਸ 'ਤੇ ਇਨ੍ਹਾਂ ਨੂੰ ਨਾਮਜ਼ਦ ਕੀਤਾ ਗਿਆ। ਮੁਕੱਦਮਾ ਉਕਤ ਵਿੱਚ ਛਾਪੇਮਾਰੀ ਦੌਰਾਨ ਜਸ਼ਨਪ੍ਰੀਤ ਸਿੰਘ ਉਰਫ ਫੌਜੀ ਪੁੱਤਰ ਸੁਰਜੀਤ ਸਿੰਘ ਵਾਸੀ ਫਤਿਹਗੜ੍ਹ ਪੰਜਤੂਰ ਅਤੇ ਦੀਪਕ ਸਿੰਘ ਪੁੱਤਰ ਕਰਨ ਸਿੰਘ ਵਾਸੀ ਬਾਬਾ ਦੀਪ ਸਿੰਘ ਨਗਰ ਬਠਿੰਡਾ ਨੂੰ 14 ਸਤੰਬਰ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਸੁਖਦੀਪ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਸ਼ਾਹਵਾਲਾ ਤਹਿ: ਜ਼ੀਰਾ ਜ਼ਿਲ੍ਹਾ ਫਿਰੋਜ਼ਪੁਰ ਦੀ ਗ੍ਰਿਫਤਾਰੀ ਅਜੇ ਬਾਕੀ ਹੈ।

# ਦਸਮੇਸ਼ ਸਕੂਲ ਦੇ ਰੱਸਾਕਸ਼ੀ 'ਚ ਲੜਕੇ-ਲੜਕੀਆਂ ਨੇ ਜ਼ਿਲ੍ਹੇ 'ਚੋਂ ਜਿੱਤੇ ਸੋਨ ਤਗਮੇ



**ਸਰਦੂਲਗੜ੍ਹ (ਅਵਤਾਰ ਜਟਾਣਾ)**- ਪੰਜਾਬ ਸਰਕਾਰ ਦੁਆਰਾ ਆਯੋਜਿਤ ਜ਼ਿਲ੍ਹਾ ਪੱਧਰੀ ਰੱਸਾਕਸ਼ੀ ਖੇਡਾਂ ਜ਼ਿਲ੍ਹਾ ਖੇਡ ਅਫ਼ਸਰ ਅਮ੍ਰਿਤਪਾਲ ਸਿੰਘ, ਜ਼ਿਲ੍ਹਾ ਕਨਵੀਨਰ ਦਰਸ਼ਨ ਸਿੰਘ ਅਤੇ ਕੁਲਵਿੰਦਰ ਸਿੰਘ ਅਤੇ ਡੀ.ਪੀ.ਈ. ਬਲਵੰਤ ਸਿੰਘ ਦੀ ਅਗਵਾਈ ਹੇਠ ਮਲਟੀਪਰਪਜ਼ ਖੇਡ ਸਟੇਡੀਅਮ ਮਾਨਸਾ ਵਿਖੇ ਹੋਈਆਂ। ਜਿਸ ਵਿੱਚ ਦਸਮੇਸ਼ ਕਾਨਵੈਂਟ ਸਕੂਲ ਸਰਦੂਲਗੜ੍ਹ ਦੇ ਅੰਡਰ-19 ਲੜਕੀਆਂ ਦੇ ਸ਼ਰਦਸਰ ਖੇਡ ਦਾ ਮੁਕਾਬਲਾ ਕਰਦਿਆਂ ਭੀਖੀ ਜ਼ੋਨ ਅਤੇ ਮਾਨਸਾ ਜ਼ੋਨ ਨੂੰ ਹਰਾ ਕੇ ਫਾਈਨਲ ਵਿੱਚ ਖਿਡਾਰੀਆਂ ਨੇ ਝੁਨੀਰ ਜ਼ੋਨ ਨੂੰ ਹਰਾਉਂਦਿਆਂ ਜ਼ਿਲ੍ਹੇ ਵਿੱਚੋਂ ਪਹਿਲੇ ਨੰਬਰ 'ਤੇ ਰਹਿੰਦਿਆਂ ਜ਼ਿਲ੍ਹਾ ਸੋਨ ਤਗਮਾ ਜਿੱਤਿਆ। ਇਸ ਤਰ੍ਹਾਂ ਦਸਮੇਸ਼ ਸਕੂਲ ਦੇ 10 ਰੱਸਾਕਸ਼ੀ ਖਿਡਾਰੀਆਂ ਹੁਸਨਦੀਪ ਸਿੰਘ, ਖੁਸ਼ਪ੍ਰੀਤ ਸਿੰਘ, ਜਸਪ੍ਰੀਤ ਸਿੰਘ, ਮਹਿਤ, ਅਸੀਸ ਕੁਮਾਰ, ਪ੍ਰਦੀਪ ਸਿੰਘ, ਗੁਰਪ੍ਰੀਤ ਸਿੰਘ, ਸ਼ਰਨਜੋਤ ਸਿੰਘ, ਹਰਮਨਦੀਪ ਸਿੰਘ, ਮਨਤਾਜ ਸਿੰਘ ਦੀ ਸਟੇਟ ਖੇਡਣ ਲਈ ਚੋਣ ਹੋਈ।ਇਸੇ ਤਰ੍ਹਾਂ ਸਰਦੂਲਗੜ੍ਹ ਜ਼ੋਨ ਵੱਲੋਂ ਖੇਡਦਿਆਂ ਰੱਸਾਕਸ਼ੀ ਅੰਡਰ-19 ਲੜਕੀਆਂ ਦੀ ਟੀਮ ਨੇ ਵੀ ਜ਼ਿਲ੍ਹੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਫਾਈਨਲ ਮੁਕਾਬਲੇ ਵਿੱਚ ਪਹਿਲੇ ਸਥਾਨ 'ਤੇ ਰਹਿੰਦਿਆ ਸੋਨ ਤਗਮਾ ਹਾਸਲ ਕੀਤਾ ਅਤੇ ਸਟੇਟ ਟੀਮ ਲਈ ਕਰਨਵੀਰ ਕੌਰ, ਨਿਸ਼ਾ ਰਾਣੀ ਤੇ ਮਨਵੀਰ ਕੌਰ ਦੀ ਸਟੇਟ ਖੇਡਣ ਲਈ ਚੋਣ ਹੋਈ।ਜ਼ਿਲ੍ਹਾ ਰੱਸਾਕਸ਼ੀ ਮੁਕਾਬਲਿਆਂ ਵਿੱਚ ਦਸਮੇਸ਼ ਕਾਨਵੈਂਟ ਸਕੂਲ ਵੱਲੋਂ ਜ਼ਿਲ੍ਹੇ ਵਿੱਚੋਂ 2 ਸੋਨ ਤਗਮੇ ਅਤੇ 13 ਰੱਸਾਕਸ਼ੀ ਖਿਡਾਰੀਆਂ ਦੀ ਸਟੇਟ ਖੇਡਣ ਲਈ ਚੋਣ ਹੋਣ 'ਤੇ ਬੇਹੱਦ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਪ੍ਰਿੰਸੀਪਲ ਭੁਪਿੰਦਰ ਸਿੰਘ ਸੰਧੂ ਨੇ ਜ਼ਿਲ੍ਹਾ ਜੇਤੂ ਖਿਡਾਰੀਆਂ ਅਤੇ ਕੋਚ ਮਨਦੀਪ ਸਿੰਘ, ਗੁਰਸੇਵਕ ਸਿੰਘ, ਅਮਨਦੀਪ ਸਿੰਘ ਨੂੰ ਵਧਾਈਆਂ ਦਿੰਦਿਆਂ ਸਟੇਟ ਵਿੱਚੋਂ ਵੀ ਵਧੀਆਂ ਖੇਡਣ ਲਈ ਪ੍ਰੇਰਿਤ ਕੀਤਾ।

# ਸਰਹੱਦੀ ਜ਼ਿਲ੍ਹਿਆਂ 'ਚ 2 ਲੱਖ ਏਕੜ ਦੇ ਕਰੀਬ ਰਕਬੇ 'ਚ ਰੇਤ ਚੜ੍ਹੀ

**ਪਟਿਆਲਾ (ਰਜਿੰਦਰ ਸਿੰਘ ਥਿੰਦ)** ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ 'ਚ ਕਰੀਬ 2.15 ਲੱਖ ਏਕੜ ਰਕਬੇ 'ਚ ਰੇਤ ਚੜ੍ਹ ਗਈ ਹੈ, ਜਿਸ ਨੂੰ ਹਟਾਉਣ ਲਈ 151.19 ਕਰੋੜ ਰੁਪਏ ਦਾ ਪ੍ਰਾਜੈਕਟ ਤਿਆਰ ਕੀਤਾ ਗਿਆ ਹੈ। ਪੰਜਾਬ ਸਰਕਾਰ ਨੇ ਖੇਤਾਂ 'ਚੋਂ ਰੇਤ ਹਟਾਉਣ ਲਈ ਕੌਮੀ ਕ੍ਰਿਸ਼ੀ ਵਿਕਾਸ ਯੋਜਨਾ ਤਹਿਤ ਕੇਂਦਰ ਸਰਕਾਰ ਤੋਂ 151.19 ਕਰੋੜ ਰੁਪਏ ਦੇ ਫ਼ੰਡਾਂ ਦੀ ਮੰਗ ਕੀਤੀ ਹੈ। ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆ ਨੇ ਹੜ੍ਹ ਪ੍ਰਭਾਵਤ ਖੇਤਾਂ ਵਾਸਤੇ 637 ਕੁਇੰਟਲ ਮਸਟਰਡ ਸੀਡ ਦੀ ਮੰਗ ਰੱਖੀ ਹੈ।ਕੇਂਦਰ ਨੂੰ ਲਿਖੇ ਪੱਤਰ 'ਚ ਪੰਜਾਬ ਸਰਕਾਰ ਨੇ ਕਿਹਾ ਕਿ ਨੈਸ਼ਨਲ ਫੂਡ ਸਕਿਊਰਿਟੀ ਨਿਊਟ੍ਰੀਸ਼ਨ ਮਿਸ਼ਨ ਸਕੀਮ ਤਹਿਤ ਪੰਜਾਬ ਨੂੰ ਬੀਜ ਵਾਸਤੇ ਸਾਲ 2019 ਤੋਂ ਕੋਈ ਫ਼ੰਡ ਨਹੀਂ ਦਿੱਤਾ ਗਿਆ ਹੈ।ਇਸ ਮਿਸ਼ਨ ਤਹਿਤ ਪੰਜਾਬ ਨੇ 642 ਕੁਇੰਟਲ ਕਣਕ ਦਾ ਤੇ 375 ਕੁਇੰਟਲ ਛੋਲਿਆਂ ਦੇ ਬੀਜ ਦੀਆਂ ਕਿੱਟਾਂ ਦਿੱਤੇ ਜਾਣ ਦੀ ਮੰਗ ਰੱਖੀ ਹੈ।ਇਸ ਲਈ 25 ਕਰੋੜ ਰੁਪਏ ਵੱਖਰੇ ਮੰਗੇ ਗਏ ਹਨ। ਸੂਬਾ ਸਰਕਾਰ ਨੇ ਕੇਂਦਰੀ ਖੇਤੀ ਮੰਤਰੀ ਤੋਂ ਸਰਹੱਦੀ ਜ਼ਿਲ੍ਹਿਆਂ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਕਿਸਾਨਾਂ ਲਈ ਕਣਕ ਦਾ ਮੁਫ਼ਤ ਬੀਜ ਦੇਣ ਵਾਸਤੇ 80 ਕਰੋੜ ਦੀ ਵਿੱਤੀ ਮਦਦ ਮੰਗੀ ਹੈ। ਕੇਂਦਰੀ ਨੇਮਾਂ ਅਨੁਸਾਰ ਹਰ ਵਰ੍ਹੇ ਬਦਲਾਓ ਲਈ 33 ਫ਼ੀਸਦੀ ਸਰਟੀਫਿਕੇਟ ਬੀਜਾਂ ਦੀ ਲੋੜ ਹੁੰਦੀ ਹੈ।ਇਹ ਮੰਗ ਵੀ ਕੀਤੀ ਗਈ ਹੈ ਕਿ ਪੰਜ ਲੱਖ ਏਕੜ ਰਕਬੇ ਲਈ ਦੋ ਲੱਖ ਕੁਇੰਟਲ ਮੁਫ਼ਤ 'ਚ ਸਰਟੀਫਾਈਡ ਬੀਜ ਦਿੱਤਾ ਜਾਵੇ।ਪ੍ਰਤੀ ਏਕੜ ਚਾਰ ਹਜ਼ਾਰ ਰੁਪਏ ਦਾ ਖਰਚਾ ਬੀਜ 'ਤੇ ਆਉਣ ਦੀ ਸੰਭਾਵਨਾ ਹੈ। ਖੁੱਡੀਆਂ ਨੇ ਕਿਹਾ ਕਿ ਕੇਂਦਰੀ ਖੇਤੀ ਮੰਤਰੀ ਤੋਂ ਵੱਖ-ਵੱਖ ਕੇਂਦਰੀ ਸਕੀਮਾਂ ਦੇ ਹਵਾਲੇ ਨਾਲ ਬੀਜਾਂ ਤੇ ਖੇਤਾਂ 'ਚੋਂ ਰੇਤ ਹਟਾਉਣ ਲਈ 250 ਕਰੋੜ ਦੀ ਵਿੱਤੀ ਮਦਦ ਮੰਗੀ ਹੈ।ਉਨ੍ਹਾਂ ਕਿਹਾ ਕਿ ਕੇਂਦਰੀ ਖੇਤੀ ਮੰਤਰੀ ਨੇ ਪੰਜਾਬ ਦੇ ਹੜ੍ਹ ਪ੍ਰਭਾਵਤ ਖੇਤਰ ਦੇ ਕਿਸਾਨਾਂ ਦੀ ਮਦਦ ਲਈ ਚੰਗਾ ਹੁੰਗਾਰਾ ਭਰਿਆ ਹੈ।


## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਕੰਮ ਕਰਨ ਵਾਲੇ ਸੀਨੀਅਰ ਡੀਐਸਟੀਈ/ਜੇਟੀਈ https://www.ireps.gov.in 'ਤੇ ਈ-ਨਿਵਿਦਾਵਾਂ ਦੀ ਮੰਗ ਕਰਦੇ ਹਨ। ਨਿਵਿਦਾ ਸੂਚਨਾ ਨੰਬਰ 433_Sig_JAT_14_25_26 ਦੇ ਵਿਰੁਧ ਅੰਤਮ ਮਿਤੀ/ਸਮਾਂ 08.10.2025 15:00 ਵਜੇ ਬੋਲੀਦਾਤਾ ਆਪਣੀ ਮੂਲ/ ਸੰਸ਼ੋਧਿਤ ਬੋਲੀਆਂ ਅੰਤਮ ਮਿਤੀ ਅਤੇ ਸਮੇਂ ਤਕ ਹੀ ਜਮ੍ਹਾ ਕਰ ਸਕਣਗੇ। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਆਫਰ ਦੀ ਇਜਾਜਤ ਨਹੀਂ ਹੈ, ਅਤੇ ਪ੍ਰਾਪਤ ਐਸੇ ਕਿਸੇ ਵੀ ਮੈਨੂੰਅਲ ਆਫਰ ਨੂੰ ਅਣਦੇਖਾ ਕਰ ਦਿਤਾ ਜਾਵੇਗਾ।
ਠੇਕੇਦਾਰਾਂ ਨੂੰ ਇਸ ਨਿਵਿਦਾ ਦੇ ਲਈ ਨਿਵਿਦਾ ਦਸਤਾਵੇਜ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟ ਤੇ ਉਪਲਬਧ ਆਨਲਾਈਨ ਭੁਗਤਾਨ ਮੋਡ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੇਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਦੀ ਇਜਾਜਤ ਨਹੀਂ ਹੈ।
ਐਨਆਈਟੀ ਹੇਡਰ

| ਕਰਾਰ ਦਾ ਪ੍ਰਕਾਰ | ਕੰਮ ਕਰਦਾ ਹੈ | | |
|---|---|---|---|
| ਕੰਮ ਦਾ ਨਾਮ | ਜੰਮੂ ਡਵੀਜਨ ਵਿਚ 7 ਨੰਬਰ L-xing ਗੇਟਸ ਦਾ ਇੰਟਰਲਾਕਿੰਗ ਜੋ TUV 20000 ਤੋਂ ਜਿਆਦਾ ਹੈ, ਯਾਨੀ PTK-JAT ਸੈਕਸ਼ਨ ਉਤੇ B2-2 ਅਤੇ C-9 ਅਤੇ PTKC-BPRS ਸੇਕਸ਼ਨ ਉਤੇ C-46A, C-51, C-97, C-134 ਅਤੇ C-142 | | |
| ਨਿਵਿਦਾ ਸਮਾਪਨ ਮਿਤੀ ਸਮਾਂ | 18.10.2025 15:00 | ਨਿਵਿਦਾ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 16.09.2025 17:41 |
| ਵਿਗਿਆਪਤ ਮੂਲ (ਰੁ.) | 11431977.29 | ਆਈਆਰਈਪੀਐਸ ਦੇ ਅਨੁਸਾਰ ਬੋਲੀ ਸ਼ੁਰੂ ਮਿਤੀ | 24.09.2025 |
| ਬਿਆਨਾ ਰਾਸ਼ੀ (ਰੁ.) | 207200.00 | ਸਮਾਪਨ ਦਾ ਸਮਾਂ | 6 ਮਹੀਨੇ |

ਨਿਵਿਦਾ ਸੂਚਨਾ ਨੰ. 433_Sig_JAT_14_25_26 ਮਿਤੀ:- 17.09.2025 ਸਮਾਪਤੀ ਮਿਤੀ/ਸਮਾਂ: 08.10.2025 15:00 2865/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਨੰਬਰ : 133 & 134-2025-26-ADEN-II-ASR ਤਾਰੀਕ : 17.09.2025

ਮੰਡਲ ਇੰਜੀਨੀਅਰ-ਤੀਜਾ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 10.10.2025 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਕਰੇਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 16.09.2025 | 26.09.2025 | 10.10.2025 15:00 ਵਜੇ |

ਲੜੀ ਨੰਬਰ:1 ਨਿਵਿਦਾ ਨੰਬਰ: 133-2025-26-ADEN-II-ASR

ਨਿਵਿਦਾ ਦਾ ਵੇਰਵਾ: ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਅੰਮ੍ਰਿਤਸਰ ਦੇ ਤਰਨਤਾਰਨ-ਖੇਮਕਰਨ ਅਨੁਭਾਗ ਵਿਚ ਰੇਲਵੇ ਜਮੀਨ ਵਿਚ ਵਖ-ਵਖ ਸੀਮਿਤ ਉਚਾਈ ਵਾਲੇ ਸਬਵੇ ਦੇ ਸੰਪਰਕ ਅਤੇ ਪਹੁੰਚ ਮਾਰਗਾਂ ਦੀ ਮੁਰੰਮਤ ਅਤੇ ਰਖਰਖਾਅ।

| ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|
| 84,99,914.98/- | 1,70,000.00/- | 60 ਦਿਨ | 06 ਮਹੀਨੇ |

ਸਮਾਨ ਨੇਚਰ ਦਾ ਕੰਮ : -ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।"

ਲੜੀ ਨੰਬਰ:2 ਨਿਵਿਦਾ ਨੰਬਰ: 134-2025-26-ADEN-II-ASR

ਨਿਵਿਦਾ ਦਾ ਵੇਰਵਾ: ਸੀਨੀਅਰ ਮੰਡਲ ਇੰਜੀਨੀਅਰ-ਤੀਜਾ/ਫਿਰੋਜਪੁਰ ਅਨੁਭਾਗ ਵਿਚ ਵਖ-ਵਖ ਏਆਰਐਫ ਦੀ ਮੁਰੰਮਤ।

| ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|
| 79,99,990.87/- | 1,60,000.00/- | 60 ਦਿਨ | 06 ਮਹੀਨੇ |

ਸਮਾਨ ਨੇਚਰ ਦਾ ਕੰਮ : -ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।"

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ। 2860/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## ਉੱਤਰ ਰੇਲਵੇ

### ਖੁਲੀ ਟੈਂਡਰ ਸੂਚਨਾ

2. Lajpat Rai Son of Behari Lal, resident of Rishi Chowk, Guruharsahai, Tehsil Guruharsahai, Distt. Ferozepur

In above titled case, the defendant(s)/respondent(s) could not be served. It is ordered that the defendant(s)/respondent(s) should appear in person or through counsel on 18-10-2025 at 10:00 a.m.

For details logon to https://high-courtchd.gov.in/?mod=district_notice&district=mogacourt

Additional Civil Judge (Senior Division) Guruharsahai
Dated, this day of 13-09-2025

## COURT NOTICE

(U/o 5 Rule 20 CPC)
In The Court of
**Sh. Gurinder Singh**
Civil Judge (Junior Division) Ludhiana
CNR No. PBLD02-009884-2024
Next Date:- 13-10-2025
Punjab State Power Corporation
Vs.
Kisa Devi
PUBLICATION ISSUED TO:
Kisa Devi
:- New Krishna Nagar Partap Singh Wala Dairy Complex Ludhiana

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 13-10-2025 at 10:00 am

For details logon to https://highcourtchd.gov.in/?mod=district_notice&district=mogacourt

Civil Judge (Junior Division) Ludhiana
Dated, this day of 15-09-2025

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਅਵਿਨਾਸ਼ ਚੰਦਰ, ਸਹਾਇਕ ਕੁਲੈਕਟਰ ਦਰਜਾ ਦੂਜਾ, ਮਮਦੋਟ

ਹਰਭਜਨ ਸਿੰਘ ਪੁੱਤਰ ਮੋਹਨ ਸਿੰਘ ਪੁੱਤਰ ਨਾਦਰ ਸਿੰਘ, ਵਾਸੀ ਪਿੰਡ ਚੱਕ ਘੁਬਾਈ ਉਰਫ ਟਾਂਗਨ, ਤਹਿਸੀਲ ਮਮਦੋਟ, ਜ਼ਿਲ੍ਹਾ ਫਿਰੋਜ਼ਪੁਰ। .....ਫਰੀਕ ਅਵਲ

ਬਨਾਮ

1) ਦਾਰਾ ਸਿੰਘ 2) ਉੱਤਮ ਸਿੰਘ ਪੁੱਤਰਾਨ ਵਾ 3) ਬੱਖੋ ਬਾਈ ਪੁੱਤਰੀ ਹਰਦਿੱਤ ਸਿੰਘ ਪੁੱਤਰ ਬੂਟਾ ਸਿੰਘ ਵਾ 4) ਪ੍ਰੀਤਮ ਸਿੰਘ ਪੁੱਤਰ ਵਾ 5) ਕਰਿਸ਼ਨਾ ਰਾਣੀ 6) ਅਮਰਜੀਤ ਕੌਰ 7) ਸੁਰਜੀਤ ਕੌਰ 8) ਕੱਕੋ ਰਾਣੀ ਪੁੱਤਰੀਆਂ ਵਾ 9) ਸੰਤੋ ਬੀਬੀ ਵਿਧਵਾ ਮੋਹਨ ਸਿੰਘ ਪੁੱਤਰ ਨਾਦਰ ਸਿੰਘ, ਵਾਸੀਆਨ ਪਿੰਡ ਚੱਕ ਘੁਬਾਈ ਉਰਫ ਟਾਂਗਨ, ਤਹਿਸੀਲ ਮਮਦੋਟ, ਜ਼ਿਲ੍ਹਾ ਫਿਰੋਜ਼ਪੁਰ ਵਾ ਲੈਂਡ ਮਾਰਟਗੇਜ ਬੈਂਕ ਫਿਰੋਜ਼ਪੁਰ ਸ਼ਹਿਰ।

........ ਫਰੀਕੈਨ ਦੋਇਮ

ਦਾਅਵਾ ਦਰੁਸਤੀ ਗਿਰਦਾਵਰੀ ਪਿੰਡ ਚੱਕ ਘੁਬਾਈ ਉਰਫ ਟਾਂਗਨ

ਫਰੀਕ ਅੱਵਲ ਸ੍ਰੀ ਹਰਭਜਨ ਸਿੰਘ ਪੁੱਤਰ ਮੋਹਨ ਸਿੰਘ ਨੇ 14 ਕਨਾਲ 0 ਮਰਲਾ ਖੇਵਟ ਨੰ: 224 ਖਤੌਨੀ-285 ਵਾਕਿਆ ਰਕਬਾ ਪਿੰਡ ਚੱਕ ਘੁਬਾਈ ਉਰਫ ਟਾਂਗਨ, ਤਹਿਸੀਲ ਮਮਦੋਟ, ਜ਼ਿਲ੍ਹਾ ਫਿਰੋਜ਼ਪੁਰ ਸੰਬੰਧੀ ਦਰੁਸਤੀ ਗਿਰਦਾਵਰੀ ਦਾਅਵਾ ਦਾਇਰ ਕੀਤਾ ਹੈ। ਇਸ ਸੰਬੰਧੀ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕਿਸੇ ਧਿਰ/ਵਿਅਕਤੀ ਨੂੰ ਉਕਤ ਤਕਸੀਮ ਸੰਬੰਧੀ ਇਤਰਾਜ਼ ਹੈ ਤਾਂ ਨਿਮਨਹਸਤਾਖਰ ਦੀ ਅਦਾਲਤ ਵਿੱਚ ਮਿਤੀ 30.09.25 ਨੂੰ ਅਸਾਲਤਨ/ਵਕਾਲਤਨ ਹਾਜ਼ਰ ਹੋ ਕੇ ਆਪਣੀ ਚਾਰਾਜੋਈ ਕਰ ਸਕਦਾ ਹੈ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਅਗਲੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਸਹਾਇਕ ਕੁਲੈਕਟਰ ਦਰਜਾ ਦੂਜਾ, ਮਮਦੋਟ
ਨੰ: 358/ਰੀਡਰ ਮਮਦੋਟ ਮਿਤੀ : 15.09.25

## COURT NOTICE

(U/o 5 Rule 20 CPC)
In The Court Of ]
**Sh. Arjun Singh Sandhu**
Civil Judge (Junior Division)-8 Jalandhar

Next Date, Purpose of case, Orders and Judgments as well as other case information is available on http://ecourts.gov.in

CS/916/2022
CNR No. PBJL02-001691-2022
Next Date:-10-10-2025
Bank Of India
Vs.
Amarjit Singh

Suit for grant of decree for recovery of Rs. 1600/-alongwith interest as prayed for.

PUBLICATION ISSUED TO:
1. AMARJIT SINGH
Father: :-S/O BALWANT SINGH
R/o H.No. 387, Nanaksar Nagar, Dhudianwala, Kapurthala
2. Smt. Mansimaranjit Kaur W/o S. Amarjit Singh R/o H. No. 387 Nanaksar Nagar Dhudianwala Kapurthala (Guarantor)

Whereas it has been proved to the satisfaction of the Court that the defendant(s)/respondent(s) above named cannot be served in the ordinary way of service. Hence, this proclamation under order 5 Rule 20 CPC is hereby issued against him/them and should appear personally or through their counsel on 10-10-2025 at 10:00 a.m.

Take notice that, in default of his/their appearance on the day before mentioned, the above said case will be heard and determined in his/their absence according to law.

Given under my hand and the seal of the Court, this 15.09.2025

Civil Judge (Junior Division)-8 Jalandhar

# ਕਾਂਗਰਸ ਪਾਰਟੀ ਮੇਰੇ ਪਰਵਾਰ ਵਾਂਗ : ਸ਼ੇਰੋਵਾਲੀਆ



**ਸ਼ਾਹਕੋਟ (ਗਿਆਨ ਸੈਦਪੁਰੀ)**-ਕਾਂਗਰਸ ਪ੍ਰਧਾਨ ਮਲਿਕ ਅਰਜਨ ਖੜਗੇ ਤੇ ਰਾਹੁਲ ਗਾਂਧੀ ਦੇ ਪਾਰਟੀ ਸੰਗਠਨ ਨੂੰ ਮਜਬੂਤ ਕਰਨ ਅਤੇ ਅਹੁਦੇਦਾਰਾਂ ਦੀ ਚੋਣ ਪ੍ਰਕਿਰਿਆ ਵਿੱਚ ਜਮਹੂਰੀ ਢੰਗ ਨੂੰ ਪਕੇਰਾ ਕਰਨ ਦੇ ਇਰਾਦੇ ਤਹਿਤ ਪੂਰੇ ਦੇਸ਼ ਅੰਦਰ ਕਾਂਗਰਸੀ ਕਾਰਕੁਨਾਂ ਦੀ ਰਾਇ ਜਾਣਨ ਲਈ ਇੱਕ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸੇ ਸਿਲਸਿਲੇ ਅਨੁਸਾਰ ਅਬਜ਼ਰਵਰਾਂ ਦੀ ਟੀਮ ਵਿਧਾਨ ਸਭਾ ਹਲਕਾ ਸ਼ਾਹਕੋਟ ਵਿੱਚ ਪਹੁੰਚੀ। ਮਲਸੀਆਂ ਦੇ ਇੱਕ ਰਿਜ਼ੋਰਟ ਵਿੱਚ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੀ ਅਗਵਾਈ ਵਿੱਚ ਕਾਂਗਰਸੀਆਂ ਦੀ ਭਰਵੀਂ ਇਕੱਤਰਤਾ ਹੋਈ। ਇਸ ਵਿੱਚ ਸੰਗਠਨ ਦੇ ਅਹੁਦੇਦਾਰ, ਪੰਚ, ਸਰਪੰਚ ਅਤੇ ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਤੇ ਮੈਂਬਰ ਪੰਚਾਇਤ ਅਤੇ ਹੋਰ ਵਰਕਰ ਸ਼ਾਮਿਲ ਹੋਏ।ਇਕੱਤਰਤਾ ਨੂੰ ਸੰਬੋਧਨ ਕਰਦਿਆਂ ਭੁਵਨ ਕਾਪਰੀ ਵਿਧਾਇਕ ਉੱਤਰਾਖੰਡ ਨੇ ਕਿਹਾ ਕਿ ਕਾਂਗਰਸ ਪਾਰਟੀ ਚਾਹੁੰਦੀ ਹੈ ਕਿ ਅਹੁਦੇਦਾਰਾਂ ਦੀ ਚੋਣ ਪ੍ਰਕਿਰਿਆ ਸ਼ੁਰੂ ਹੋਣ ਵੇਲੇ ਵਰਕਰਾਂ ਦੀ ਨਬਜ਼ ਟੋਹੀ ਜਾਵੇ। ਇਸ ਸਿਲਸਿਲੇ ਤਹਿਤ ਚਲਾਈ ਗਈ ਮੁਹਿੰਮ ਵਿੱਚ ਪਹਿਲਾਂ ਗੁਜਰਾਤ ਵਿੱਚੋ ਹੋ ਕੇ ਆਇਆ ਹਾਂ। ਹੁਣ ਪੰਜਾਬ ਵਿੱਚ ਇਸ ਸਿਲਸਿਲੇ ਤਹਿਤ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਬਾਕੀ ਸੂਬਿਆਂ ਵਿੱਚ ਵੀ ਇਸੇ ਤਰ੍ਹਾਂ ਕੀਤਾ ਜਾਵੇਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਕਿਹਾ ਕਿ ਹਲਕੇ ਅੰਦਰ ਕਾਂਗਰਸ ਪਾਰਟੀ ਇੱਕ ਪਰਵਾਰ ਵਾਂਗ ਕੰਮ ਕਰਦੀ ਹੈ। ਇਸੇ ਲਈ ਮਜਬੂਤ ਹੈ। ਸ਼ੇਰੋਵਾਲੀਆਂ ਨੇ 1992 ਤੋਂ ਲੈ ਕੇ ਹੁਣ ਤੱਕ ਹਲਕੇ ਦੇ ਸਿਆਸੀ ਉਤਰਾਅ ਚੜਾਅ ਬਾਰੇ ਜਾਣਕਾਰੀ ਦਿੱਤੀ। ਉਨਾਂ ਨੇ ਗਿੱਦੜਪਿੰਡੀ ਦੇ ਨੇੜੇ ਹੜ੍ਹਾਂ ਨਾਲ ਹੋਈ ਤਬਾਹੀ ਦਾ ਜ਼ਿਕਰ ਕੀਤਾ। ਮੀਟਿੰਗ ਨੂੰ ਕਾਂਗਰਸ ਹਲਕਾ ਨਕੋਦਰ ਦੇ ਇੰਚਾਰਜ ਡਾ.ਨਵਜੋਤ ਸਿੰਘ ਦਾਹੀਆ, ਮਾਰਕੀਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਤੇ ਬਲਾਕ ਸ਼ਾਹਕੋਟ ਦੇ ਪ੍ਰਧਾਨ ਸੁਰਿੰਦਰਜੀਤ ਸਿੰਘ ਚੱਠਾ, ਮੈਂਬਰ ਨਗਰ ਪੰਚਾਇਤ ਮਹਿਤਪੁਰ ਅਤੇ ਬਲਾਕ ਮਹਿਤਪੁਰ ਦੇ ਪ੍ਰਧਾਨ ਮਹਿੰਦਰ ਪਾਲ ਸਿੰਘ ਟੁਰਨਾ, ਬਲਾਕ ਪ੍ਰਧਾਨ ਲੋਹੀਆਂ ਗੁਰਦੀਪ ਸਿੰਘ ਜੱਕੋਪੁਰ, ਜੋਗਿੰਦਰ ਸਿੰਘ ਨੇਤਾ ਬਿੱਲੀ ਵੜੈਚ, ਜਗਤਾਰ ਸਿੰਘ ਖਾਲਸਾ ਪ੍ਰਧਾਨ ਕੋਆਪਰੇਟਿਵ ਸੁਸਾਇਟੀ ਢੰਡੋਵਾਲ ਨੇ ਵੀ ਸੰਬੋਧਨ ਕੀਤਾ। ਸਾਰੇ ਬੁਲਾਰਿਆਂ ਨੇ ਹਲਕਾ ਵਿਧਾਇਕ ਦੀ ਜ਼ਿਲ੍ਹਾ ਪ੍ਰਧਾਨ ਵਜੋਂ ਭਰਪੂਰ ਸ਼ਲਾਘਾ ਕੀਤੀ। ਸਭ ਨੇ ਇੱਕ ਆਵਾਜ਼ ਹੋ ਕੇ ਅਬਜਰਵਰਾਂ ਨੂੰ ਅਪੀਲ ਕੀਤੀ ਕਿ ਦੁਬਾਰਾ ਪ੍ਰਧਾਨਗੀ ਦਾ ਤਾਜ ਸ਼ੇਰੋਵਾਲੀਆ ਦੇ ਸਿਰ ਸਜਾਇਆ ਜਾਵੇ। ਸਟੇਜ ਸਕੱਤਰ ਦੇ ਫਰਜ਼ ਜ਼ਿਲ੍ਹਾ ਵਾਈਸ ਪ੍ਰਧਾਨ ਬੰਟੀ ਬਠੱਲਾ ਨੇ ਬਾਖੂਬੀ ਨਿਭਾਏ।

## COURT NOTICE

(U/o 5 Rule 20 CPC)
In The Court of
**Kamaldeep Kaur**
Civil Judge (Junior Division) Amritsar
CNR No. PBAS02-000146-2023
Next Date:- 15-10-2025
Canara Bank
Vs.
Nishan Singh
Cs Recovery
Publication Issued To:
Nishan Singh
Father: Virsa Singh, Resident of Village None, Tehsil And Distt. Tarn Taran, Punjab

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 15-10-2025 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division) Amritsar
Dated, this day of 16-09-2025

## COURT NOTICE

(U/o 5 Rule 20 CPC)
In The Court of
**Ms. Sumukhi**
Additional Civil Judge (Senior Division), Malout
CNR No. PBSMB0-000037-2025
Next Date:- 16-10-2025
Sukhmander Singh
Vs.
Gurjant Singh
Publication Issued To:
General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 16-10-2025 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Senior Division) Malout
Dated, this day of 11-09-2025

## COURT NOTICE

(U/o 5 Rule 20 CPC)
In The Court of
Sh. Bikramdeep Singh
Judicial Magistrate-Ist Class -2, Patiala
CNR No. :- PBPT03-003466-2021
Next Date :- 01-11-2025
Detail of offence: - 138 NI ACT
Tata Capital Financial Services Ltd.
Vs.
Luxmi Handloom
Notice To:
Luxmi Handloom
Through Its Prop. Ved Parkash R/O H.No. 813/7, Behind Ravi Dass Dharamshala, District Panipat, Haryana

In above titled case, the accused could not be served. It is ordered that accused should appear in person or through counsel on 01-11-2025 at 10.00 a.m.

For details logon to https://highcourtchd.gov.in/?mod=district_notice&district=patiala

Judicial Magistrate - Ist Class -2 Patiala
Dated, this day of 15-09-2025

## COURT NOTICE

(U/o 5 Rule 20 CPC)
In The Court Of
Sh. Deepak Kumar Choudhary
Principal Judge (FC), Barnala
CNR No. PBBR01-005088-2024
Next Date: 27-10-2025
Paramjit Kaur
Vs.
Harjinder Singh
Publication Issued To:
Harjinder Singh
Father: Gurcharan Singh
Near Govt High School Vill. Sahour, Teh. Mehal Kalan, Distt. Barnala 8437077195

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 27-10-2025 at 10:00 a.m.

For details logon to https://highcourtchd.gov.in/?mod=district_notice&district=barnala

Principal Judge (FC) Barnala
Dated, this day of 15-09-2025

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫਸਰ, ਜਲੰਧਰ V/S ਆਮ ਜਨਤਾ



**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

ਬਿਨੈਕਾਰ ਦਾ ਨਾਮ : **ਰੀਨਾ ਕੁਮਾਰੀ** ਪਿਤਾ/ਪਤੀ ਦਾ ਨਾਮ : **ਸੁਖਵੰਤ ਰਾਏ**
ਪਤਾ: Village Shahpur Tehsil Phillaur Distt. Jalandhar, Village - Shahpurn /Tehsil -Sub-Tehsil-Phillaur/ District - Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ : **ਅਕਾਸ਼ਦੀਪ** ਪੱਕਾ ਪਤਾ: Village Shahpur Tehsil Phillaur Distt. Jalandhar, Shahpur, Phillaur, Jalandhar, Punjab ਵਿਦੇਸ਼ੀ ਪਤਾ : Tafoi Twn vasilewn 106 Block 8015 Paphos Cyprus/ ਤਫੋਈ ਟਾਊਨ ਵੈਸੀਲੇਵਨ 106 ਬਲਾਕ 8015 ਪਾਫੋਸ ਸਾਈਪਰਸ
ਉਮਰ/ਜਨਮ ਮਿਤੀ : 25-(06/05/2000)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 08.09.2025 ਨੂੰ ਜਾਰੀ ਹੋਇਆ।
ਨੰਬਰ 77/ਨੰਬਰ/ਰੀਡਰ ਮਿਤੀ 08.09.2025 ਜ਼ਿਲਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ- ਦਰਜਾ ਪਹਿਲਾ, ਫਾਸਟ ਟਰੈਕ ਕੋਰਟ, ਸ਼ਹੀਦ ਭਗਤ ਸਿੰਘ ਨਗਰ
ਮਿਸਲ ਨੰਬਰ :-04 ਐਫ.ਟੀ.ਸੀ. ਦਾਇਰ ਮਿਤੀ 04.03.2024 ਪਿੰਡ ਰਕਬਾ : ਸਾਉਣਾ ਕੇਸ ਕਿਸਮ : ਤਕਸੀਮ
ਅਗਲੀ ਪੇਸ਼ੀ : 01.10.2025

ਪਬਲੀਕੇਸ਼ਨ

1 ਗੁਰਵਿੰਦਰ ਸਿੰਘ ਪੁੱਤਰ ਪ੍ਰੇਮ ਸਿੰਘ ਪਿੰਡ ਸਾਉਣਾ, ਤਹਿ. ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਰਾਹੀਂ ਅਟਾਰਨੀ ਗੁਰਪਾਲ ਸਿੰਘ ਐਪਲੀਕਾਂਟ ਨੰਬਰ 2. ਪੁੱਤਰ ਭਾਗ ਸਿੰਘ ਨੇ ਗੁਰਪਾਲ ਸਿੰਘ ਪੁੱਤਰ ਭਾਗ ਸਿੰਘ 3. ਬਲਕਾਰ ਸਿੰਘ ਪੁੱਤਰ ਪ੍ਰੇਮ ਸਿੰਘ 4. ਤਾਰਾ ਸਿੰਘ ਪੁੱਤਰ ਹਰੀ ਸਿੰਘ ਵਾਸੀ ਪਿੰਡ ਸਾਉਣਾ, ਤਹਿ. ਨਵਾਂਸ਼ਹਿਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। (ਧਿਰ ਅੱਵਲ)

ਬਨਾਮ

1. ਗੁਰਬਖ਼ਸ਼ ਸਿੰਘ ਪੁੱਤਰ ਅਮਰੀਕ ਸਿੰਘ 2. ਸੁਖਵਿੰਦਰ ਸਿੰਘ ਪੁੱਤਰ ਅਮਰੀਕ ਸਿੰਘ 3. ਅਮਰੀਕ ਸਿੰਘ ਪੁੱਤਰ ਹਰੀ ਸਿੰਘ 4. ਜਸਵੀਰ ਸਿੰਘ ਪੁੱਤਰ ਦਿਲਬਾਗ ਸਿੰਘ 5. ਬੁੱਧ ਸਿੰਘ ਪੁੱਤਰ ਮੰਗਲ ਸਿੰਘ 6. ਦਲਵੀਰ ਸਿੰਘ 7. ਸੋਹਣ ਸਿੰਘ 8. ਕੁਲਵਿੰਦਰ ਸਿੰਘ ਪੁੱਤਰ ਸਰਵਣ ਸਿੰਘ 9. ਬਲਵੀਰ ਸਿੰਘ ਪੁੱਤਰ ਲਾਲ ਸਿੰਘ 10. ਗੁਰਚਰਨ ਸਿੰਘ ਪੁੱਤਰ ਭਜਨ ਕੌਰ 11. ਜਸਵਿੰਦਰ ਸਿੰਘ ਪੁੱਤਰ ਮੇਜਰ ਸਿੰਘ 12. ਰੇਸ਼ਮ ਸਿੰਘ ਪੁੱਤਰ ਪਿਆਰਾ ਸਿੰਘ 13. ਗੁਰਬਖ਼ਸ਼ ਕੌਰ ਵਿਧਵਾ ਦਿਲਬਾਗ ਸਿੰਘ 14. ਗੁਰਮੁੱਖ ਸਿੰਘ ਪੁੱਤਰ ਦਿਲਬਾਗ ਸਿੰਘ 15. ਮੱਖਣ ਸਿੰਘ ਪੁੱਤਰ ਕਾਰਾ ਸਿੰਘ 16. ਜਸਵਿੰਦਰ ਕੌਰ 17. ਪਰਮਜੀਤ ਕੌਰ ਪੁੱਤਰੀਆਂ ਭਜਨ ਕੌਰ 18. ਗੁਰਬਖ਼ਸ਼ ਕੌਰ ਵਿਧਵਾ ਸੁਰਿੰਦਰ ਸਿੰਘ 19. ਇੰਦਰਜੀਤ ਸਿੰਘ ਪੁੱਤਰ ਸੁਰਿੰਦਰ ਸਿੰਘ 20. ਮਨਜੀਤ ਸਿੰਘ ਪੁੱਤਰ ਸੁਰਿੰਦਰ ਸਿੰਘ 21. ਸੁਰਜੀਤ ਸਿੰਘ ਪੁੱਤਰ ਪਿਆਰਾ ਸਿੰਘ 22. ਦਵਿੰਦਰ ਸਿੰਘ ਪੁੱਤਰ ਮੱਖਣ ਸਿੰਘ 23. ਇੰਜਤਵੀਰ ਸਿੰਘ 24. ਜਸ਼ਨਜੋਤ ਸਿੰਘ ਪੁੱਤਰ ਸਿੰਦਰਪਾਲ ਸਿੰਘ 25. ਜਸਵੀਰ ਸਿੰਘ ਪੁੱਤਰ ਪ੍ਰੇਮ ਸਿੰਘ 26. ਬਲਵੀਰ ਸਿੰਘ ਪੁੱਤਰ ਭਜਨ ਕੌਰ ਪਿੰਡ ਵਾਸੀ ਸਾਉਣਾ, ਤਹਿ. ਨਵਾਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ 27. ਕਰਨੈਲ ਸਿੰਘ ਪੁੱਤਰ ਰਤਨ ਸਿੰਘ 28. ਹਿੰਮਤ ਸਿੰਘ 29. ਠਾਕੁਰ ਸਿੰਘ ਪੁੱਤਰ ਤਾਰਾ ਸਿੰਘ 29. ਜਸਵੀਰ ਸਿੰਘ ਪੁੱਤਰ ਪ੍ਰੇਮ ਸਿੰਘ ਪਿੰਡ ਸਾਊਣਾ 30. ਪਰਮਜੀਤ ਕੌਰ ਪਤਨੀ ਰੇਸ਼ਮ ਸਿੰਘ 31. ਰਮੇਸ਼ ਕੁਮਾਰ 32. ਮੰਗਤ ਰਾਏ ਪੁੱਤਰ ਫੇਰੂ ਰਾਮ 33. ਸੁਰਜੀਤ ਸਿੰਘ ਪੁੱਤਰ ਬਲਵੀਰ ਸਿੰਘ 34. ਜੋਗਿੰਦਰ ਕੌਰ ਪਤਨੀ ਸੰਸਾਰ ਸਿੰਘ 35. ਗੁਰਨਾਮ ਸਿੰਘ ਪੁੱਤਰ ਦਾਇਆ ਸਿੰਘ 36. ਤਰਸੇਮ ਸਿੰਘ 37. ਸੀਤਲ ਸਿੰਘ 38. ਅਮਰਜੀਤ ਸਿੰਘ 39. ਪਵਿੱਤਰ ਸਿੰਘ ਪੁੱਤਰ ਕਰਮ ਸਿੰਘ 40. ਲੇਟ ਰੇਸ਼ਮ ਸਿੰਘ ਪੁੱਤਰ ਪਿਆਰਾ ਸਿੰਘ ਦੇ ਵਾਰਸ :- 1. ਮੋਹਿੰਦਰ ਕੌਰ ਮਾਤਾ 2. ਰਾਜਵਿੰਦਰ ਕੌਰ ਵਿਧਵਾ 3. ਰਣਦੀਪ ਸਿੰਘ ਪੁੱਤਰ 04 ਰਮਲਦੀਪ ਕੌਰ ਪੁੱਤਰੀ 05 ਰੂਬੀ ਗਿੱਲ ਪੁੱਤਰੀ 41. ਲੇਟ ਸ੍ਰੀਮਤੀ ਗੁਰਬਖ਼ਸ਼ ਕੌਰ ਦੇ ਵਾਰਸ :- 1. ਗੁਰਮੁੱਖ ਸਿੰਘ ਪੁੱਤਰ ਲੇਟ ਮੱਖਣ ਸਿੰਘ ਪੁੱਤਰ ਕਾਰਾ ਸਿੰਘ ਦੇ ਵਾਰਸ 1. ਸਿੰਦਰਪਾਲ ਸਿੰਘ ਪੁੱਤਰ 2. ਦਵਿੰਦਰ ਸਿੰਘ ਪੁੱਤਰ 3. ਇੰਜਤਵੀਰ ਸਿੰਘ ਪੋਤਾ 4. ਜਸ਼ਨਜੋਤ ਸਿੰਘ ਪੋਤਾ 42. ਸੁਰਜੀਤ ਪੁੱਤਰ ਪਿਆਰਾ ਸਿੰਘ ਦੇ ਵਾਰਸ :- 1. ਗੁਰਵਿੰਦਰ ਸਿੰਘ ਗਿੱਲ 02. ਹਰਪ੍ਰੀਤ ਸਿੰਘ ਪੁੱਤਰ 43. ਕਰਨੈਲ ਸਿੰਘ ਪੁੱਤਰ ਰਤਨ ਸਿੰਘ ਦੇ ਵਾਰਸ 01. ਅਮਰਦੀਪ ਸਿੰਘ ਪੁੱਤਰ 02 ਸੁਰਿੰਦਰ ਕੌਰ ਵਿਧਵਾ ਵਾਸੀ ਪਿੰਡ ਸਾਉਣਾ, ਤਹਿ. ਨਵਾਂਸ਼ਹਿਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ (ਧਿਰ ਉੱਤਰਵਾਦੀਆਨ)

ਉਕਤ ਮੁਕੱਦਮੇ ਵਿੱਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦਾਇਲ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ। ਇਸ ਲਈ ਮਿਤੀ 1.10.25 ਦੀ ਤਾਰੀਖ ਪੇਸ਼ੀ ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਉੱਤਰਵਦੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਤਾਰੀਖ ਪੇਸ਼ੀ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਉਣ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਯਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ

ਅੱਜ ਮਿਤੀ 16.09.25 ਨੂੰ ਮੇਰੇ ਦਸਤਖਤਾਂ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਜ਼ਿਲ੍ਹਾ ਮਾਲ ਅਫਸਰ-ਕਮ-ਏ.ਸੀ. ਫਸਟ ਗ੍ਰੇਡ, ਸ਼ਹੀਦ ਭਗਤ ਸਿੰਘ ਨਗਰ।
ਨੰਬਰ. 1968/ਰੀਡਰ/ਡੀ.ਆਰ.ਓ. ਮਿਤੀ : 16/9/2045

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕਲੈਕਟਰ- ਦਰਜਾ ਪਹਿਲਾ, ਫਾਸਟ ਟਰੈਕ ਕੋਰਟ, ਸ਼ਹੀਦ ਭਗਤ ਸਿੰਘ ਨਗਰ
ਮਿਸਲ ਨੰਬਰ :-157 ਐਫ.ਟੀ.ਸੀ. ਪਿੰਡ ਰਕਬਾ : ਸ਼ੇਖੂਪੁਰ ਕੇਸ ਕਿਸਮ :- ਤਕਸੀਮ ਦਾਇਰ ਮਿਤੀ 06.06.2025
ਪੇਸ਼ੀ ਮਿਤੀ : 13.10.2025

1. ਗੁਧਰਵ ਚੰਦ ਪੁੱਤਰ ਕਰਮ ਚੰਦ ਪੁੱਤਰ ਮਿਲਖੀ ਪਿੰਡ ਸ਼ੇਖੂਪੁਰ ਤਹਿ, ਔੜ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ 2. ਕਮਲਜੀਤ ਰਾਣਾ ਪੁੱਤਰ ਕਰਮ ਚੰਦ ਪੁੱਤਰ ਮਿਲਖੀ ਪਿੰਡ ਸੇਖੂਪੁਰ, ਤਹਿ. ਅੰੜ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ 3. ਨਿਰਮਲ ਚੰਦ ਪੁੱਤਰ ਕਰਮ ਚੰਦ ਪੁੱਤਰ ਮਿਲਖੀ ਹਾਲ ਵਾਸੀ ਇਟਲੀ ਰਾਹੀਂ ਅਟਾਰਨੀ ਦੀਪਕ ਕੁਮਾਰ ਪੁੱਤਰ ਪਿਆਰਾ ਸਿੰਘ ਪਿੰਡ ਸੇਖੂਪੁਰ, ਤਹਿ. ਔੜ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ (ਧਿਰ ਅੱਵਲ)

ਬਨਾਮ

1. ਦਿਲਦਾਰ ਸਿੰਘ ਪੁੱਤਰ ਰਾਜ ਮੱਲ ਪੁੱਤਰ ਸਾਮਾ 2. ਗੁਰਨੇਕ ਸਿੰਘ ਪੁੱਤਰ ਸ਼ਿਵ ਚੰਦ 3. ਟੇਕ ਚੰਦ ਪੁੱਤਰ ਬਚਨ ਸਿੰਘ ਪੁੱਤਰ ਮਿਲਖੀ 4. ਬਹਾਦਰ ਸਿੰਘ ਪੁੱਤਰ ਕਰਮ ਚੰਦ ਪੁੱਤਰ ਨੱਥੂ 5. ਰੇਵਲ ਸਿੰਘ ਪੁੱਤਰ ਕਰਮ ਚੰਦ ਪੁੱਤਰ ਨੱਥੂ 6. ਗੁਰਦਾਵਰ ਸਿੰਘ ਪੁੱਤਰ ਕਰਮ ਚੰਦ ਪੁੱਤਰ ਨੱਥੂ 7. ਗੁਰਦੀਪ ਸਿੰਘ ਪੁੱਤਰ ਬਚਨ ਸਿੰਘ ਪੁੱਤਰ ਮਿਲਖੀ 8. ਸਮਾ ਕੁਮਾਰੀ ਪਤਨੀ ਦਿਲਦਾਰ ਸਿੰਘ ਪੁੱਤਰ ਰਾਜ ਮੱਲ 9 ਮਨੋਜ ਕੁਮਾਰ ਪੁੱਤਰ ਜਗਦੀਸ ਰਾਮ ਪੁੱਤਰ ਰਾਜ ਮੱਲ 10. ਪਵਨ ਦੇਵੀ ਪਤਨੀ ਪ੍ਰੇਮ ਕੁਮਾਰ ਪੁੱਤਰ ਰਾਜ ਮੱਲ 11. ਨਵਾਂਸ਼ਹਿਰ ਸੈਂਟਰਲ ਕੋ ਆਪਰੇਟਿਵ ਬੈਂਕ ਬਰਾਂਚ ਲੜੋਆ ਸ਼ਹੀਦ ਭਗਤ ਸਿੰਘ ਨਗਰ 12. ਕੇਨਰਾ ਬੈਂਕ ਬਰਾਂਚ ਮੁਕੰਦਪੁਰ ਤਹਿ. ਬੰਗਾ ਜਿਲਾ ਸ਼ਹੀਦ ਭਗਤ ਸਿੰਘ ਨਗਰ 13. ਪੰਜਾਬ ਨੈਸ਼ਨਲ ਬੈਂਕ ਬਰਾਂਚ ਚੱਕਦਾਨਾ ਤਹਿ ਔੜ ਜਿਲਾ ਸ਼ਹੀਦ ਭਗਤ ਸਿੰਘ ਨਗਰ 14. ਗੁਰਦੀਪ ਸਿੰਘ ਪੁੱਤਰ ਬਚਨ ਸਿੰਘ 15. ਟੇਕ ਚੰਦ ਪੁੱਤਰ ਬਚਨ ਸਿੰਘ 16. ਕਿਰਸ਼ਨਾ ਦੇਵੀ ਵਿਧਵਾ ਜਸਵੰਤ ਸਿੰਘ ਪੁੱਤਰ ਰਾਜ 17. ਜੋਗਿੰਦਰ ਸਿੰਘ ਪੁੱਤਰ ਜਸਵੰਤ ਸਿੰਘ 18. ਸੋਮਾ ਪੁੱਤਰ ਰਾਲਾ ਰਾਮ 19. ਚੰਨਣ ਰਾਮ ਪੁੱਤਰ ਰਾਲਾ ਰਾਮ 20. ਬੂਟਾ ਸਿੰਘ ਪਿੰਕਾ ਕੌਂਸਲ ਰਿਕੂ ਸਿੰਘ ਪੁੱਤਰ ਸਕਤੀ ਸਿੰਘ ਪੁੱਤਰ ਨਸੀਬ ਸਿੰਘ 21. ਕੁਲਦੀਪ ਸਿੰਘ ਪੁੱਤਰ ਬੁੱਜਾ ਸਿੰਘ ਪੁੱਤਰ ਨਸੀਬ ਸਿੰਘ 22. ਅਸ਼ੋਕ ਕੁਮਾਰ ਪੁੱਤਰ ਫਕਰੀਆ ਪੁੱਤਰ ਰਾਮ ਲੋਕ 23. ਜੋਗ ਰਾਜ, ਸੁਭਾਸ਼ ਚੰਦਰ ਸੁਰਜੀਤ ਸਿੰਘ ਪੁੱਤਰ ਕੌਰਾ ਸਿੰਘ ਪੁੱਤਰ ਨਸੀਬ ਸਿੰਘ 24. ਜਸਵੀਰ ਸਿੰਘ ਪੁੱਤਰ ਜਸਵੰਤ ਸਿੰਘ ਪੁੱਤਰ ਰਾਜ 25. ਅਸ਼ੋਕ ਕੁਮਾਰ ਪੁੱਤਰ ਫਕਰੀਆ 26. ਹੁਕਮਾ ਦੇਵੀ ਵਿਧਵਾ ਗੰਧਾ ਰਾਮ ਪੁੱਤਰ ਨਿਸਾ ਰਾਮ ਸਾਰੇ ਵਾਸੀ ਪਿੰਡ ਸ਼ੇਖੂਪੁਰ, ਤਹਿ. ਔੜ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ 27. ਗੁਰਬਖਸ਼ ਕੌਰ ਪਤਨੀ ਸੀਤਲ ਪੁੱਤਰ ਕਰਮਾ 28. ਸੁਰਜੀਤ ਰਾਮ ਪੁੱਤਰ ਹਰਭਜਨ ਰਾਮ ਪੁੱਤਰ ਭੁੱਜਾ ਰਾਮ 28. ਸਕੁੰਤਲਾ ਪਤਨੀ ਹਰਭਜਨ ਰਾਮ ਪੁੱਤਰ ਭੁੱਜਾ ਰਾਮ 29. ਮਨੋਜ ਕੁਮਾਰ ਪੁੱਤਰ ਜਗਦੀਸ ਰਾਮ ਪੁੱਤਰ ਰਾਜ ਮੱਲ 30. ਪਵਨ ਦੇਵੀ ਪਤਨੀ 31. ਪਵਿੱਤਰ ਸਿੰਘ ਪੁੱਤਰ ਤਰਸੇਮ ਸਿੰਘ ਪੁੱਤਰ ਸੇਰ ਸਿੰਘ 32. ਹਰਪਾਲ ਸਿੰਘ ਓਰਫ ਹਰੀ ਸਿੰਘ ਪੁੱਤਰ ਤਰਸੇਮ ਸਿੰਘ ਪੁੱਤਰ ਸ਼ੇਰ ਸਿੰਘ 33. ਕੇਵਲ ਸਿੰਘ ਉਰਫ ਬੀਰ ਸਿੰਘ ਪੁੱਤਰ ਸ਼ਿਵ ਸਿੰਘ ਪੁੱਤਰ ਨੱਥੂ। (ਧਿਰ ਉੱਤਰਵਾਦੀਆਨ)

ਉਕਤ ਮੁਕੱਦਮੇ ਵਿੱਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦਾਇਲਾ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਮਿਤੀ 13/10/2025 ਦੀ ਤਾਰੀਖ ਪੇਸ਼ੀ ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਉੱਤਰਵਾਦੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਤਾਰੀਖ ਪੇਸ਼ੀ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਉਣ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਯਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 12-09-2025 ਨੂੰ ਮੇਰੇ ਦਸਤਖਤਾਂ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਜ਼ਿਲ੍ਹਾ ਮਾਲ ਅ.ਫਸਰ-ਕਮ- ਏ.ਸੀ. ਫਸਟ ਗ੍ਰੇਡ, ਸ਼ਹੀਦ ਭਗਤ ਸਿੰਘ ਨਗਰ।

# ਪੱਤਰਕਾਰ ਇੰਦਰਜੀਤ ਸਿੰਘ ਮਠਾੜੂ ਦਾ ਦੇਹਾਂਤ



**ਫਗਵਾੜਾ** (ਪੱਤਰ ਪ੍ਰੇਰਕ)- ਨਵਾਂ ਜ਼ਮਾਨਾ ਦੇ ਫਗਵਾੜਾ ਤੋਂ ਪੱਤਰਕਾਰ ਇੰਦਰਜੀਤ ਸਿੰਘ ਮਠਾੜੂ (64) ਜੋ ਪਿਛਲੇ ਕੁਝ ਦਿਨਾਂ ਤੋਂ ਚੰਡੀਗੜ੍ਹ ਵਿਖੇ ਬਿਮਾਰੀ ਕਾਰਨ ਦਾਖ਼ਲ ਸਨ, ਅੱਜ ਉਨ੍ਹਾਂ ਦਾ ਸ਼ਾਮੀਂ ਦੇਹਾਂਤ ਹੋ ਗਿਆ। ਉਨ੍ਹਾਂ ਦਾ ਅੰਤਿਮ ਸੰਸਕਾਰ 18 ਸਤੰਬਰ ਦਿਨ ਵੀਰਵਾਰ ਨੂੰ ਸਵੇਰੇ 11 ਵਜੇ ਭੂਆ ਧਮੜੀ ਹੁਸ਼ਿਆਰਪੁਰ ਰੋਡ ਵਿਖੇ ਹੋਵੇਗਾ।

## COURT NOTICE

(U/o 5 Rule 20 CPC)
In The Court of Simran
Civil Judge (Junior Division) Amritsar
CNR No. PRAS02-001172-2025)
Next Date:- 03-10-2025
CS RECOVERY
Canara Bank Having Branch office at Majitha Tehsil and District Amritsar through Its Manager Ankush Bhagat
Vs.
Gurbir Singh S/o Pooran Singh R/o Village Raipur Khurd, Tehsil Ajnala, District Amritsar
Publication Issued To:
Gurbir Singh
:- S/O Pooran Singh R/o Village Raipur, Khurd Tehsil Ajnala, District Amritsar.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 03-10-2025 at 10:00 a.m.

For details logon to https://high-courtchd.gov.in/?trs=district_notice &district Amritsar

Civil Judge (Junior Division) Amritsar
Dated, this day of 16-09-2025

## CIVIL COURTS, LUDHIANA

In the Court of
**Ms. Dazy Bangarh**
Civil Judge (Senior Division) Ludhiana
CNR No: PBLD02-000254-2025
Peshi: 30.10.2025
Publication Notice Under Order 5 Rule 20 Cpc
Punjab National Bank
Vs
Rajiv Kumar Mandal
Notice To:
Rajiv Kumar Mandal S/o Ramjit Mandal, R/o H.No. 9294, St. No. 1, Joshi Nagar, Haibowal Kalan, Ludhiana-141001.

In the above titled petition it has been proved to the satisfaction of the Court that the defendant(s)/respondent(s) above named cannot be served in the ordinary way of service Hence this proclamation under order 5 Rule 20 CPC is hereby issued against him/them and should appear personally or through their counsel on 30.10.2025 at 9.30 a.m.

Take notice that, in default of his/their appearance on the day before mentioned, the above said case will be heard and determined in his/their absence.

Given under my hand and the seal of the Court, this 12.9.2025

For Details logon to https://high-courtchd.gov.in/trs=district_notice &district=ludhiana

Civil Judge (Senior Division) Ludhiana

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ-2, ਅੰਮ੍ਰਿਤਸਰ-2
ਕਿਸਮ ਕੇਸ : ਦਰੁਸਤੀ ਗਿਰਦਾਵਰੀ
ਪਿੰਡ : ਗੁਰੂਵਾਲੀ ਤਾਰੀਖ ਪੇਸ਼ੀ 24.09.2025
ਭਗਵੰਤ ਸਿੰਘ ਪੁੱਤਰ ਦਿਆਲ ਸਿੰਘ, ਵਾਸੀ ਪਿੰਡ ਗੁਰੂਵਾਲੀ, ਤਹਿਸੀਲ ਅੰਮ੍ਰਿਤਸਰ-2, ਜ਼ਿਲ੍ਹਾ ਅੰਮ੍ਰਿਤਸਰ।
...ਸਾਇਲ ਧਿਰ

ਬਨਾਮ

ਕੁਲਵੰਤ ਸਿੰਘ ਪੁੱਤਰ ਅਰਜਨ ਸਿੰਘ ਅਤੇ ਹੋਰ, ਵਾਸੀਆਨ ਪਿੰਡ ਗੁਰੂਵਾਲੀ, ਤਹਿਸੀਲ ਅੰਮ੍ਰਿਤਸਰ-2, ਜ਼ਿਲ੍ਹਾ ਅੰਮ੍ਰਿਤਸਰ।
...ਉੱਤਰਵਾਦੀਅਨ

ਦਰਖਾਸਤ ਦਰੁਸਤੀ ਗਿਰਦਾਵਰੀ ਸਾਉਣੀ 2023 ਤੋਂ ਤਾ ਹਾਲ ਰਕਬਾ 8 ਕਨਾਲ 6 ਮਰਲੇ, ਖਾਤਾ ਖਤੌਨੀ ਨੰਬਰ : 344/564 ਮੁਤਾਬਿਕ ਜਮ੍ਹਾਂਬੰਦੀ ਸਾਲ 2021-22 ਵਾਕਿਆ ਰਕਬਾ ਪਿੰਡ ਗੁਰੂਵਾਲੀ, ਹੱਦਬਸਤ ਨੰਬਰ : 277, ਤਹਿਸੀਲ ਅੰਮ੍ਰਿਤਸਰ-2, ਜ਼ਿਲ੍ਹਾ ਅੰਮ੍ਰਿਤਸਰ

ਉਪਰੋਕਤ ਅਨੁਵਾਨ ਕੇਸ ਵਿੱਚ ਤਾਰੀਖ ਪੇਸ਼ੀ 24.09.2025 ਨਿਸ਼ਚਿਤ ਹੋਈ ਹੈ।ਹੇਠ ਲਿਖੇ ਉੱਤਰਵਾਦੀ ਧਿਰਾਂ ਨੂੰ ਇਸ ਅਖਬਾਰੀ ਨੋਟਿਸ/ਅਦਾਲਤੀ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਉਕਤ ਕੇਸ ਦੀ ਪੈਰਵੀ ਲਈ ਮਿਤੀ 24.09.2025 ਨੂੰ ਸਵੇਰੇ 10:00 ਵਜੇ ਇਸ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਹਾਜ਼ਰ ਆਉਣ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇੱਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ।ਇਹ ਅਦਾਲਤੀ ਇਸ਼ਤਿਹਾਰ ਨਿਮਨਹਸਤਾਖਰ ਦੀ ਅਦਾਲਤੀ ਮੋਹਰ/ਹਸਤਾਖਰਾਂ ਹੇਠ ਜਾਰੀ ਕੀਤਾ ਗਿਆ।

ਸਹੀ/- ਸਹਾਇਕ ਕੁਲੈਕਟਰ ਦਰਜਾ-2 ਅੰਮ੍ਰਿਤਸਰ 2

ਉੱਤਰਵਾਦੀ ਨੰ:
1-17. ਕੁਲਵੰਤ ਸਿੰਘ ਪੁੱਤਰ ਅਰਜਨ ਸਿੰਘ,
2-15. ਲਛਕਰ ਸਿੰਘ ਮ੍ਰਿਤਕ ਰਾਹੀਂ ਵਾਰਸ:
(ੳ) ਖੁਸ਼ਬੀਰ ਸਿੰਘ ਪੁੱਤਰ ਲਛਕਰ ਸਿੰਘ (ਅ) ਮਨਦੀਪ ਕੌਰ (ੲ) ਕੁਲਬੀਰ ਕੌਰ (ਸ) ਅਰਸਦੀਪ ਕੌਰ ਪੁੱਤਰੀਆਂ ਲਛਕਰ ਸਿੰਘ (ਹ) ਮਨਜੀਤ ਕੌਰ ਵਿਧਵਾ ਲਛਕਰ ਸਿੰਘ, 5. ਨਰਿੰਦਰ ਕੌਰ ਵਿਧਵਾ ਜਗੀਰ ਸਿੰਘ, 6. ਕਰਤਾਰ ਕੌਰ ਵਿਧਵਾ ਜੋਗਿੰਦਰ ਸਿੰਘ, 7. ਸੰਤੋਖ ਸਿੰਘ ਪੁੱਤਰ ਜੋਗਿੰਦਰ ਸਿੰਘ, 9. ਸੁਰਮੇਲ ਸਿੰਘ ਮ੍ਰਿਤਕ ਪੁੱਤਰ ਜੋਗਿੰਦਰ ਸਿੰਘ ਰਾਹੀਂ ਵਾਰਸ (ੳ) ਕੁਲਵਿੰਦਰ ਕੌਰ ਵਿਧਵਾ ਸੁਰਮੇਲ ਸਿੰਘ, (ਅ) ਗੁਰਜੰਟ ਸਿੰਘ, (ੲ) ਗੁਰਕੀਰਤ ਸਿੰਘ ਪੁੱਤਰਾਨ ਸੁਰਮੇਲ ਸਿੰਘ, 10. ਤਰਜੀਤ ਕੌਰ ਪਤਨੀ ਗੁਰਸੇਵਕ ਸਿੰਘ, 11. ਹੀਰਾ ਸਿੰਘ ਪੁੱਤਰ ਜੋਗਿੰਦਰ ਸਿੰਘ, 3-14. ਸੁਰਜੀਤ ਕੌਰ ਮ੍ਰਿਤਕ ਪੁੱਤਰ ਅਰਜਨ ਸਿੰਘ ਰਾਹੀਂ ਵਾਰਸ (ੳ) ਜਸਪਾਲ ਸਿੰਘ, (ਅ) ਅਰਜਨ ਸਿੰਘ, ਪੁੱਤਰਾਨ ਸੁਰਜੀਤ ਸਿੰਘ (ਸ) ਬੀਰੋ ਵਿਧਵਾ ਸੁਰਜੀਤ ਸਿੰਘ, 16. ਮਲਕੀਤ ਸਿੰਘ ਪੁੱਤਰ ਗੁਰਮੁੱਖ ਸਿੰਘ, ਸਾਰੇ ਵਾਸੀਆਨ ਪਿੰਡ ਗੁਰੂਵਾਲੀ, ਤਹਿਸੀਲ ਅੰਮ੍ਰਿਤਸਰ-2, ਜ਼ਿਲ੍ਹਾ ਅੰਮ੍ਰਿਤਸਰ
ਨੰਬਰ ਰੀਡਰ /1800 ਮਿਤੀ : 15-9-25

# ਹੜ੍ਹ ਪ੍ਰਭਾਵਿਤ ਇਲਾਕਿਆਂ 'ਚ 'ਆਪ' ਦੇ 29 ਹਜ਼ਾਰ ਤੋਂ ਵੱਧ ਵਲੰਟੀਅਰ ਸੇਵਾ ਨਿਭਾ ਰਹੇ : ਅਮਨ ਅਰੋੜਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਅਮਨ ਅਰੋੜਾ ਦੀ ਪ੍ਰਧਾਨਗੀ ਹੇਠ ਪੰਜਾਬ ਦੀ ਆਮ ਆਦਮੀ ਪਾਰਟੀ (ਆਪ) ਸੂਬੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਵੱਡੇ ਪੱਧਰ 'ਤੇ ਰਾਹਤ ਕਾਰਜ ਚਲਾ ਰਹੀ ਹੈ, ਜਦੋਂ ਕਿ ਹੋਰ ਰਾਜਨੀਤਿਕ ਪਾਰਟੀਆਂ ਨੀਵੇਂ ਦਰਜੇ ਦੀ ਰਾਜਨੀਤੀ ਅਤੇ ਆਪਣੀ ਮਸ਼ਹੂਰੀ ਲਈ ਫੋਟੋਆਂ ਖਿਚਵਾਉਣ ਵਿੱਚ ਰੁੱਝੀਆਂ ਹੋਈਆਂ ਹਨ।ਪੰਜਾਬ ਦੇ ਲੋਕਾਂ ਨੂੰ ਡਰਾਮੇਬਾਜ਼ੀ ਦੀ ਨਹੀਂ ਸਗੋਂ ਠੋਸ ਕਾਰਵਾਈ ਦੀ ਲੋੜ ਹੈ। ਸ੍ਰੀ ਅਮਨ ਅਰੋੜਾ ਨੇ ਸਵਾਲ ਕੀਤਾ ਕਿ ਹੁਣ ਜਦੋਂ ਪੰਜਾਬ ਦੇ ਲੋਕਾਂ ਨੂੰ ਜ਼ਮੀਨੀ ਪੱਧਰ 'ਤੇ ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਦੇ ਆਗੂਆਂ ਅਤੇ ਕਾਰਕੁਨਾਂ ਦੀ ਲੋੜ ਹੈ ਤਾਂ ਇਹ ਲੋਕ ਕਿਹੜੀ ਖੱਡ ਵਿੱਚ ਜਾ ਲੁਕੇ ਹਨ? ਉਨ੍ਹਾਂ ਕਿਹਾ ਕਿ ਅਸਲ ਵਿੱਚ ਇਹ ਆਗੂ ਇਸ ਮੌਕੇ ਆਪਣੀ ਮਸ਼ਹੂਰੀ ਲਈ ਫੋਟੋਆਂ ਖਿਚਵਾਉਣ ਅਤੇ ਆਪਣੀਆਂ ਲਗਜ਼ਰੀ ਗੱਡੀਆਂ 'ਚ ਬੈਠੇ ਹੀ ਸਰਵੇਖਣ ਦਾ ਦਿਖਾਵਾ ਕਰਨ ਵਿੱਚ ਵਿਅਸਤ ਹਨ। ਉਨ੍ਹਾਂ ਕਿਹਾ ਕਿ ਇਸ ਦੇ ਉਲਟ 'ਆਪ' ਦੇ 29,560 ਵਲੰਟੀਅਰ ਹੜ੍ਹਾਂ ਦੇ ਪਾਣੀ ਵਿੱਚ ਜਾ ਕੇ ਸਰਕਾਰੀ ਮਸ਼ੀਨਰੀ ਅਤੇ ਸਮਾਜਿਕ-ਧਾਰਮਿਕ ਸੰਗਠਨਾਂ ਦੇ ਸਹਿਯੋਗ ਨਾਲ ਅਣਥੱਕ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ, 'ਆਮ ਆਦਮੀ' ਪਾਰਟੀ ਤੇ 'ਖਾਸ ਆਦਮੀਆਂ' ਦੀਆਂ ਪਾਰਟੀਆਂ ਵਿੱਚ ਇਹੀ ਅੰਤਰ ਹੈ।

ਅਮਨ ਅਰੋੜਾ ਨੇ ਕਿਹਾ ਕਿ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੇ 'ਆਪ' ਦੇ ਵਲੰਟੀਅਰ ਪਾਰਟੀ ਦੀ ਅਟੁੱਟ ਵਚਨਬੱਧਤਾ ਅਤੇ ਵਿਆਪਕ ਪਹੁੰਚ ਦਾ ਪ੍ਰਮਾਣ ਹਨ। 'ਆਪ' ਵਲੰਟੀਅਰਾਂ ਦੀ ਆਰਮੀ ਵਿੱਚ ਪਾਰਟੀ ਦੇ ਮੁੱਖ ਵਿੰਗ ਦੇ 24,000 ਵਲੰਟੀਅਰ, ਮਹਿਲਾ ਵਿੰਗ ਦੇ 2,000 ਵਲੰਟੀਅਰ, ਕਿਸਾਨ ਵਿੰਗ ਦੇ 1,200 ਸਮਰਪਿਤ ਕਿਸਾਨ, ਯੂਥ ਵਿੰਗ ਦੇ 1,560 ਨੌਜਵਾਨ ਆਗੂ ਅਤੇ ਕਾਰੋਬਾਰੀ ਵਿੰਗ ਦੇ 800 ਵਲੰਟੀਅਰ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਗਰਾਊਂਡ ਜ਼ੀਰੋ 'ਤੇ ਕੰਮ ਕਰ ਰਿਹਾ 'ਆਪ' ਦਾ ਸਮੁੱਚਾ ਨੈੱਟਵਰਕ ਵੱਡੇ ਪੱਧਰ 'ਤੇ ਰਾਹਤ ਕਾਰਜਾਂ ਨੂੰ ਯਕੀਨੀ ਬਣਾ ਰਿਹਾ ਹੈ।

# ਲਾਇਨਜ਼ ਕਲੱਬ ਤੇ ਇੰਡਸਟਰੀ ਐਸੋਸੀਏਸ਼ਨ ਮਿਲ ਕੇ ਕਰਨਗੇ ਸਮਾਜ ਸੇਵਾ ਦੇ ਕਾਰਜ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਲਾਇਨਜ਼ ਕਲੱਬ ਡੇਰਾਬੱਸੀ ਸਮਾਜ ਸੇਵਾ ਦੇ ਕਾਰਜ ਇੰਡਸਟਰੀ ਐਸੋਸੀਏਸ਼ਨ ਡੇਰਾਬੱਸੀ ਨਾਲ ਮਿਲ ਕੇ ਕਰੇਗਾ। ਇਹ ਅਹਿਮ ਫ਼ੈਸਲਾ ਅੱਜ ਲਾਇਨਜ਼ ਕਲੱਬ ਡੇਰਾਬੱਸੀ ਦੀ ਕਾਰਜਕਾਰੀ ਕਮੇਟੀ ਅਤੇ ਇੰਡਸਟਰੀ ਐਸੋਸ਼ਿਏਸ਼ਨ ਦੇ ਅਹੁਦੇਦਾਰਾਂ ਦੀ ਸਾਂਝੀ ਮੀਟਿੰਗ ਦੌਰਾਨ ਲਿਆ ਗਿਆ । ਲਾਇਨਜ਼ ਕਲੱਬ ਦੇ ਪ੍ਰਧਾਨ ਲਾਇਨ ਬਲਕਾਰ ਸਿੰਘ ਨੇ ਦੱਸਿਆ ਕਿ ਕਲੱਬ ਦੀ ਮੀਟਿੰਗ ਦੌਰਾਨ ਦੋਵਾਂ ਸੰਸਥਾਵਾਂ ਵੱਲੋਂ ਇੱਕ ਦੂਜੇ ਨੂੰ ਸਹਿਯੋਗ ਕਰਨ ਦਾ ਭਰੋਸਾ ਦਿੱਤਾ ਗਿਆ । ਕਲੱਬ ਦੀ ਮੀਟਿੰਗ ਦੌਰਾਨ ਹੀ ਪਿੰਡ ਭਾਂਖਰਪੁਰ ਦੇ ਵਸਨੀਕ ਪ੍ਰਧਾਨ ਸਿੰਘ ਵੱਲੋਂ ਮੌਤ ਉਪਰੰਤ ਆਪਣੀ ਮ੍ਰਿਤਕ ਦੇਹ ਖੋਜ ਕਾਰਜਾਂ ਲਈ ਦਿੱਤੇ ਜਾਣ ਦਾ ਐਲਾਨ ਕਰਦਿਆਂ ਇਸ ਸਬੰਧੀ ਸਹਿਮਤੀ ਪੱਤਰ ਕਲੱਬ ਪ੍ਰਧਾਨ ਨੂੰ ਸੌਂਪਿਆ ਗਿਆ । ਇਸ ਮਹਾਨ ਕਾਰਜ ਲਈ ਲਾਇਨ ਕਲੱਬ ਡੇਰਾਬੱਸੀ ਦੇ ਪ੍ਰਧਾਨ ਬਲਕਾਰ ਸਿੰਘ, ਐਮ.ਜੇ.ਐਫ. ਲਾਇਨ ਕ੍ਰਿਸ਼ਨਪਾਲ ਸ਼ਰਮਾ ਅਤੇ ਉਦਯੋਗਪਤੀ ਵਿਜੇ ਮਿੱਤਲ ਦੀ ਅਗਵਾਈ ਹੇਠ ਸਮਾਜਸੇਵੀ ਪ੍ਰਧਾਨ ਸਿੰਘ ਨੂੰ ਸਨਮਾਨਤ ਵੀ ਕੀਤਾ ਗਿਆ ।ਇਸ ਮੌਕੇ ਕੇ.ਪੀ. ਸ਼ਰਮਾ ਨੇ ਕਿਹਾ ਕਿ ਲਾਇਨਜ਼ ਕਲੱਬਾਂ ਦੀ ਪ੍ਰੇਰਨਾ ਸਦਕਾ ਅੱਖਾਂ ਅਤੇ ਅੰਗ ਦਾਨ ਕਰਵਾਉਣ ਵਿਚ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਨੇ ਪ੍ਰਧਾਨ ਸਿੰਘ ਭਾਂਖਰਪੁਰ ਵੱਲੋਂ ਲਏ ਗਏ ਫੈਸਲੇ ਦੀ ਭਰਪੂਰ ਸ਼ਲਾਘਾ ਕੀਤੀ।ਮੀਟਿੰਗ ਦੌਰਾਨ ਇਹ ਫ਼ੈਸਲਾ ਕੀਤਾ ਗਿਆ ਕਿ ਕਲੱਬ ਦੇ ਮੈਂਬਰ ਸਥਾਨਕ ਪ੍ਰਸ਼ਾਸਨ ਨਾਲ ਮਿਲ ਕੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਹੜ੍ਹ ਉਪਰੰਤ ਹੋਣ ਵਾਲੇ ਸੇਵਾ ਕਾਰਜਾਂ ਵਿੱਚ ਵੀ ਸਹਿਯੋਗ ਕਰਨਗੇ । ਮੀਟਿੰਗ ਵਿੱਚ ਐਮ.ਜੇ.ਐਫ ਲਾਇਨ ਕ੍ਰਿਸ਼ਨ ਪਾਲ ਸ਼ਰਮਾ, ਇੰਡਸਟਰੀ ਐਸੋਸੀਏਸ਼ਨ ਡੇਰਾਬੱਸੀ ਦੇ ਪ੍ਰਧਾਨ ਵਿਜੈ ਮਿੱਤਲ, ਸਕੱਤਰ ਆਰ ਅਗਰਵਾਲ , ਡਾਕਟਰ ਬਰਖਾ ਰਾਮ, ਕੇਵਲ ਗੋਇਲ, ਹਰਦੀਪ ਸਿੰਘ, ਪਰਮ ਸਿੰਘ, ਸੁਰਜੀਤ ਸਿੰਘ, ਦੇਵ ਰਾਜ ਸਿੰਘ, ਡਾਕਟਰ ਕਿਰਪਾਲ ਸਿੰਘ ਸਮੇਤ ਹੋਰ ਅਹੁਦੇਦਾਰਾਂ ਨੇ ਭਾਗ ਲਿਆ ।



# ਜੀ ਐੱਮ ਆਰ ਐੱਲ ਜਲਦੀ ਸੰਭਾਲੇਗਾ ਰੈਪਿਡ ਮੈਟਰੋ ਸੰਚਾਲਨ

## ਯਾਤਰੀਆਂ ਦੀ ਗਿਣਤੀ ਵਿੱਚ 13.59 ਫੀਸਦੀ ਵਾਧਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਮਾਸ ਰੈਪਿਡ ਟ੍ਰਾਂਸਪੋਰਟ ਕਾਰਪੋਰੇਸ਼ਨ ਲਿਮੀਟੇਡ (ਐਚਐਮਆਰਟੀਸੀ) ਨੇ ਗੁਰੂਗ੍ਰਾਮ ਮੈਟਰੋ ਰੇਲ ਪ੍ਰਣਾਲੀ ਨੂੰ ਦਿੱਤੀ ਮੈਟਰੋ ਰੇਲ ਕਾਰਪੋਰੇਸ਼ਨ (ਡੀ ਐਮ ਆਰ ਸੀ) ਤੋਂ ਗੁਰੂਗ੍ਰਾਮ ਮੈਟਰੋ ਰੇਲ ਲਿਮਿਟੇਡ (ਜੀ ਐਮ ਆਰ ਐਲ) ਨੂੰ ਟ੍ਰਾਂਸਫਰ ਕਰਨ ਦੀ ਪ੍ਰਕ੍ਰਿਆ ਸ਼ੁਰੂ ਕਰ ਦਿੱਤੀ ਹੈ। ਜਦੋਂ ਤੱਕ ਗੁਰੂਗ੍ਰਾਮ ਰੈਪਿਡ ਮੈਟਰੋ ਦੀ ਪੂਰੀ ਜ਼ਿੰਮੇਵਾਰੀ ਜੀ ਐਮ ਆਰ ਐਲ ਨੂੰ ਨਹੀਂ ਸੌਂਪ ਦਿੱਤੀ ਜਾਂਦੀ, ਉਦੋਂ ਤੱਕ ਇਸ ਦਾ ਸੰਚਾਲਨ ਅਤੇ ਰੱਖਰਖਾਵ ਡੀ ਐਮ ਆ ਰਸੀ ਅਤੇ ਜੀ ਐਮ ਆਰ ਐਲ ਵੱਲੋਂ ਸੰਯੁਕਤ ਰੂਪ ਨਾਲ ਕੀਤਾ ਜਾਵੇਗਾ। ਇਸ ਟ੍ਰਾਂਸਫਰ ਨੂੰ ਸੁਚਾਰੂ ਬਨਾਉਣ ਲਈ ਸੰਯੁਕਤ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਅਤੇ ਸੰਦਰਭ ਦੀ ਸ਼ਰਤਾਂ (ਟੀ ਓ ਆਰ) ਤੈਅ ਕਰ ਦਿੱਤੀਆਂ ਗਈਆਂ ਹਨ। ਇਸ ਦੇ ਲਈ ਇੱਕ ਵਿਆਪਕ ਕਾਰਜਪ੍ਰਣਾਲੀ ਅਤੇ ਯਕੀਨੀ ਸਮੇਂਸੀਮਾ ਨੂੰ ਵੀ ਆਖੀਰੀ ਰੂਪ ਦਿੱਤਾ ਜਾ ਰਿਹਾ ਹੈ, ਤਾਂ ਜੋ ਸੰਚਾਲਨ ਦਾ ਟ੍ਰਾਂਸਫਰ ਸੁਚਾਰੂ ਰੂਪ ਨਾਲ ਹੋ ਸਕੇ ਅਤੇ ਯਾਤਰੀਆਂ ਦੀ ਸੇਵਾਵਾਂ ਵਿੱਚ ਵੀ ਕੋਈ ਵਿਘਨ ਨਾ ਆਵੇ। ਇਹ ਫੈਸਲਾ ਇੱਥੇ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ, ਜੋ ਕਿ ਕਾਰਪੋਰੇਸ਼ਨ ਦੇ ਚੇਅਰਮੈਨ ਵੀ ਹਨ, ਦੀ ਅਗਵਾਈ ਹੇਠ ਹੋਈ ਹਰਿਆਣਾ ਮਾਸ ਰੈਪਿਡ ਟ੍ਰਾਂਸਪੋਰਟ ਕਾਰਪੋਰੇਸ਼ਨ ਦੀ 62ਵੀਂ ਬੋਰਡ ਮੀਟਿੰਗ ਵਿੱਚ ਕੀਤਾ ਗਿਆ।

# ਹੈਰੋਇਨ ਸਹਿਤ ਇੱਕ ਕਾਬੂ



**ਫਿਲੌਰ (ਨਿਰਮਲ)**- ਪੁਲਸ ਚੌਂਕੀ ਗੰਨਾ ਪਿੰਡ ਫਿਲੌਰ ਦੇ ਇੰਚਾਰਜ ਥਾਣੇਦਾਰ ਨਿਰਮਲ ਸਿੰਘ ਨੇ ਦੱਸਿਆ ਕਿ ਗਸ਼ਤ ਦੌਰਾਨ ਇੱਕ ਵਿਅਕਤੀ ਨੂੰ ਸ਼ੱਕੀ ਹਾਲਤ ਵਿੱਚ ਰੋਕ ਕੇ ਪੁੱਛਗਿੱਛ ਕੀਤੀ ਤੇ ਤਲਾਸ਼ੀ ਲੈਣ 'ਤੇ ਉਸ ਕੋਲੋਂ 7 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਫੜੇ ਗਏ ਵਿਅਕਤੀ ਦਾ ਨਾਂ ਜਤਿੰਦਰ ਪੁੱਤਰ ਸੁਖਦੇਵ ਰਾਮ ਵਾਸੀ ਗੰਨਾ ਪਿੰਡ ਫਿਲੌਰ ਵਿਰੁੱਧ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਗੜ੍ਹਸ਼ੰਕਰ 'ਚ ਬਲਾਕ ਕੋਆਰਡੀਨੇਟਰ ਲਗਾਏ

**ਮਾਹਿਲਪੁਰ (ਸ਼ਫ਼ਰੀ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅੱਜ ਆਮ ਆਦਮੀ ਪਾਰਟੀ ਵਲੋਂ ਬਲਾਕ ਗੜ੍ਹਸ਼ੰਕਰ ਤੋਂ ਪੰਜ ਕੋਆਰਡੀਨੇਟਰ ਲਗਾਏ ਗਏ ।ਜਿਨ੍ਹਾਂ ਦਾ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵਲੋਂ ਸਨਮਾਨ ਕੀਤਾ ਗਿਆ । ਇਸ ਮੌਕੇ ਗੱਲਬਾਤ ਕਰਦਿਆਂ ਡਿਪਟੀ ਸਪੀਕਰ ਨੇ ਕਿਹਾ ਕਿ ਹੁਣ ਸਾਡਾ ਟੀਚਾ ਹੈ ਕਿ ਨਸ਼ਿਆਂ ਵਿਰੁੱਧ ਇਹ ਮੁਹਿੰਮ ਹਰ ਘਰ ਤੱਕ ਪਹੁੰਚੇ। ਉਨ੍ਹਾਂ ਪਿਛਲੀਆਂ ਸਰਕਾਰਾਂ 'ਤੇ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਵੱਲ ਧੱਕਣ ਦਾ ਦੋਸ਼ ਲਾਉਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਸਰਕਾਰ ਇਸ ਦਾਗ ਨੂੰ ਮਿਟਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਨਸ਼ਿਆਂ ਦੇ ਖਾਤਮੇ ਲਈ ਵੱਡੇ ਪੱਧਰ 'ਤੇ ਕਾਰਵਾਈ ਚੱਲ ਰਹੀ ਹੈ ਅਤੇ ਅੱਜ ਸਾਡੀ ਸਭ ਦੀ ਨੈਤਿਕ ਜ਼ਿੰਮੇਵਾਰੀ ਹੈ ਕਿ ਪਿੰਡ-ਪਿੰਡ ਤੱਕ ਇਹ ਸੁਨੇਹਾ ਪਹੁੰਚਾਈਏ। ਇਸ ਮੌਕੇ ਬਲਵਿੰਦਰ ਕੁਮਾਰ ਢਿੱਲੋਂ, ਵਰਿੰਦਰ ਕੁਮਾਰ ਨੈਨਵਾਂ, ਅਮਰਿੰਦਰ ਕੁਮਾਰ, ਗੁਰਚਰਨ, ਹਰਜੋਤ, ਪਿੰਦਰ, ਸਰਪੰਚ ਸੰਜੀਵ ਸਿੰਘ ਭਵਾਨੀਪੁਰ, ਸਰਪੰਚ ਰਜਿੰਦਰ ਕੌਰ ਸਰਦੁੱਲਾਪੁਰ, ਹਰਜੋਤ ਹੈਬੋਵਾਲ, ਸੁਰਿੰਦਰ ਕੁਮਾਰ, ਡਾ. ਗੁਰਨਾਮ ਰਾਮ, ਸਰਪੰਚ ਕਮਲਜੀਤ ਬੱਡੋਆਣ, ਗੁਰਨਾਮ ਸਿੰਘ ਬੱਡੋਆਣ, ਤਰੁਣ ਅਰੋੜਾ, ਸਾਬਕਾ ਸਰਪੰਚ ਵਿਜੇ ਕੁਮਾਰ ਬੱਡੋਆਣ, ਸੱਬਾ ਲੱਲੀਆ, ਸਾਬਕਾ ਸਰਪੰਚ ਧਰਮਿੰਦਰ ਸਿੰਘ ਭਰੋਵਾਲ, ਸਾਬਕਾ ਸਰਪੰਚ ਮਲਕੀਤ ਸਿੰਘ ਭਰੋਵਾਲ, ਸਰਪੰਚ ਰਵਿੰਦਰ ਕੁਮਾਰ ਆਦਰਸ਼ ਨਗਰ ਅਤੇ ਸਮੂਹ ਪਾਰਟੀ ਵਰਕਰ ਹਾਜ਼ਰ ਸਨ।



# ਪੈਨਸ਼ਨਰਾਂ ਨੇ ਮੀਂਹ ਨਾਲ ਡਿੱਗੀਆਂ ਛੱਤਾਂ ਦੀ ਮੁਰੰਮਤ ਲਈ ਕੀਤੀ ਆਰਥਿਕ ਮਦਦ

**ਜਲੰਧਰ (ਰਾਜੇਸ਼ ਥਾਪਾ)**

ਹੜ੍ਹਾਂ ਅਤੇ ਭਾਰੀ ਮੀਂਹ ਕਾਰਨ ਹੋਏ ਨੁਕਸਾਨ ਨਾਲ ਸੰਬੰਧਿਤ ਵਰਗਾਂ ਦੇ ਲੋਕਾਂ ਨੂੰ ਕੁੱਝ ਆਰਥਿਕ ਰਾਹਤ ਦੇਣ ਲਈ ਪੈਨਸ਼ਨਰ ਭੈਣਾਂ ਭਰਾਵਾਂ ਨੂੰ ਰਾਹਤ ਫੰਡ ਵਿੱਚ ਯੋਗਦਾਨ ਪਾਉਣ ਲਈ ਕੀਤੀ ਗਈ ਬੇਨਤੀ ਨੂੰ ਸਵੀਕਾਰ ਕਰਦੇ ਹੋਏ ਪੈਨਸ਼ਨਰਾਂ ਨੇ,ਰਾਹਤ ਫੰਡ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾ ਕੇ ਸਮਾਜ ਵਿੱਚ ਐਸੋਸੀਏਸ਼ਨ ਦਾ ਮਾਣ ਵਧਾਇਆ ਹੈ। ਇਕੱਠੇ ਹੋਏ ਰਾਹਤ ਫੰਡ ਵਿੱਚੋਂ ਪਹਿਲੀ ਕਿਸ਼ਤ ਵਿੱਚ ਸੁਲਤਾਨਪੁਰ ਲੋਧੀ ਹਲਕੇ ਵਿੱਚ ਆਰਥੀ ਬੰਨ੍ਹ ਦੀ ਮਜ਼ਬੂਤੀ ਕਰਨ ਲਈ ਚੱਲ ਰਹੇ ਕੰਮ ਵਿੱਚ 53200/- ਰੁਪਏ ਦਾ ਯੋਗਦਾਨ ਪਾਇਆ ਗਿਆ ਸੀ। ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਰਾਹਤ ਫੰਡ ਦੀ ਦੂਜੀ ਕਿਸ਼ਤ ਵਿੱਚ ਇਕੱਠੇ ਹੋਏ ਫੰਡ ਵਿੱਚੋਂ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫਗਵਾੜਾ ਦੇ ਪ੍ਰਧਾਨ ਮੋਹਨ ਸਿੰਘ ਭੱਟੀ ਦੀ ਅਗਵਾਈ ਵਿੱਚ ਅਤੇ ਨਾਲ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ, ਬਲਾਕ ਫਗਵਾੜਾ ਦੇ ਉੱਘੇ ਆਗੂ ਦਲਜੀਤ ਸਿੰਘ ਸੈਣੀ ਨੂੰ ਨਾਲ ਲੈ ਕੇ ਪਿੰਡ ਮੀਰਾਪੁਰ ਦੇ ਰਾਮ ਕ੍ਰਿਸ਼ਨ ਪੁੱਤਰ ਗੁਰਦਾਸ ਰਾਮ, ਪਿੰਡ ਗੁਜਰਾਤਾਂ ਦੇ ਸਰਬਜੀਤ ਪੁੱਤਰ ਗੁਰਬਖਸ਼ ਰਾਮ ਦੇ ਗ਼ਰੀਬ ਮਜ਼ਦੂਰ ਪਰਿਵਾਰਾਂ ਨੂੰ ਮੀਹਾਂ ਨਾਲ ਡਿੱਗੀਆਂ ਛੱਤਾਂ ਨੂੰ ਦੋਬਾਰਾ ਬਣਾਉਣ ਲਈ 15000-15000 ਰੁਪਏ ਦੀ ਨਗਦ ਸਹਾਇਤਾ ਸਰਪੰਚ ਮੀਰਾਪੁਰ ਦੇਸ ਰਾਜ ਤੇ ਸਰਪੰਚ ਗੁਜਰਾਤਾਂ ਜਸਵੀਰ ਕੌਰ ਦੀ ਮੌਜੂਦਗੀ ਵਿੱਚ ਦਿੱਤੀ ਗਈ। ਸਹਾਇਤਾ ਦਿੰਦੇ ਹੋਏ ਦੋਨੋਂ ਪਿੰਡਾਂ ਦੇ ਸਰਪੰਚਾਂ ਸਮੇਤ ਮੌਜੂਦ ਮਜ਼ਦੂਰ ਪਰਿਵਾਰਾਂ ਨੂੰ ਨਿਮਰਤਾ ਸਹਿਤ ਬੇਨਤੀ ਵੀ ਕੀਤੀ ਕਿ ਆਪਣੀ ਨਿਗਰਾਨੀ ਹੇਠ ਡਿੱਗੀਆਂ ਛੱਤਾਂ ਨੂੰ ਦੋਬਾਰਾ ਬਣਾਉਣ ਲਈ ਯਤਨ ਪੂਰੀ ਗੰਭੀਰਤਾ ਨਾਲ ਕੀਤੇ ਜਾਣ ਤਾਂ ਜੋ ਗ਼ਰੀਬ ਮਜ਼ਦੂਰ ਪਰਵਾਰਾਂ ਦਾ ਸਿਰ ਢੱਕਿਆ ਜਾਵੇ। ਪਿੰਡ ਭੁਲਾਰਾਈ ਦੇ ਗ਼ਰੀਬ ਮਜ਼ਦੂਰ ਪਰਿਵਾਰ ਦੇ ਲਖਵੀਰ ਸਿੰਘ ਪੁੱਤਰ ਮੋਹਣ ਸਿੰਘ ਮਜ਼ਦੂਰ ਨੂੰ ਵੀ ਡਿੱਗੀ ਛੱਤ ਦੀ ਮੁਰੰਮਤ ਕਰਵਾਉਣ ਲਈ 10000/- ਰੁਪਏ ਦੀ ਨਗਦ ਸਹਾਇਤਾ ਦਿੱਤੀ ਗਈ। ਗ਼ਰੀਬ ਮਜ਼ਦੂਰ ਪਰਿਵਾਰਾਂ ਦੀ ਆਰਥਿਕ ਮਦਦ ਕਰਨ ਸਮੇਂ ਐਸੋਸੀਏਸ਼ਨ ਦੇ ਪ੍ਰਧਾਨ ਮੋਹਨ ਸਿੰਘ ਭੱਟੀ, ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ, ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ,ਰਤਨ ਸਿੰਘ ਗੁਰਾਇਆ, ਕੇ ਕੇ ਪਾਂਡੇ, ਮਾਸਟਰ ਜੋਗਿੰਦਰ, ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ, ਬਲਾਕ ਫਗਵਾੜਾ ਦੇ ਉੱਘੇ ਆਗੂ ਦਲਜੀਤ ਸਿੰਘ ਸੈਣੀ, ਅਧਿਆਪਕ ਰਾਮ ਲਾਲ ਤੇ ਮਨਪ੍ਰੀਤ ਕੌਰ ਵੀ ਹਾਜ਼ਰ ਹੋਏ।



# ਈ ਸੀ ਸੀ ਈ ਦਿਵਸ ਮੌਕੇ ਬੱਚਿਆਂ ਨੂੰ ਚੰਗੀਆਂ ਆਦਤਾਂ ਦੀ ਮਹੱਤਤਾ ਤੋਂ ਜਾਣੂ ਕਰਵਾਇਆ

**ਸ਼ਹੀਦ ਭਗਤ ਸਿੰਘ ਨਗਰ (ਮਨੋਜ ਲਾਡੀ)**- ਬੱਚਿਆਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਅਰਲੀ ਚਾਈਲਡਹੁੱਡ ਕੇਅਰ ਐਂਡ ਐਜੂਕੇਸ਼ਨ (ਈ.ਸੀ.ਸੀ.ਈ.) ਦਿਵਸ ਮਨਾਇਆ ਗਿਆ।ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਜਗਰੂਪ ਸਿੰਘ ਦੀ ਅਗਵਾਈ ਹੇਠ ਇਸ ਮੌਕੇ ਕਰਵਾਏ ਗਏ ਸਮਾਗਮ ਵਿੱਚ ਆਈ.ਸੀ.ਡੀ.ਐੱਸ. ਵਿਭਾਗ ਦੇ ਅਧਿਕਾਰੀਆਂ, ਆਂਗਣਵਾੜੀ ਵਰਕਰਾਂ ਅਤੇ ਬੱਚਿਆਂ ਦੇ ਮਾਪਿਆਂ ਨੇ ਹਿੱਸਾ ਲਿਆ।ਇਸ ਦੌਰਾਨ ਬੱਚਿਆਂ ਨੂੰ ਸਾਬਣ ਨਾਲ ਹੱਥ ਧੋਣ, ਦੰਦਾਂ ਦੀ ਸਫ਼ਾਈ, ਸਰੀਰਕ ਕਸਰਤ ਆਦਿ ਵਰਗੀਆਂ ਸਿਹਤ ਲਈ ਸਧਾਰਨ ਪਰ ਚੰਗੀਆਂ ਆਦਤਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ। ਪ੍ਰੋਗਰਾਮ ਵਿੱਚ ਸ਼ਾਮਲ ਮਾਪਿਆਂ ਨੂੰ ਬੱਚਿਆਂ ਦੀ ਸਰੀਰਿਕ ਅਤੇ ਮਾਨਸਿਕ ਤੰਦਰੁਸਤੀ ਲਈ ਖੁਰਾਕ ਵਿੱਚ ਸਬਜ਼ੀਆਂ, ਪੌਸ਼ਟਿਕ ਤੱਤਾਂ ਵਾਲੀਆਂ ਚੀਜ਼ਾਂ ਸ਼ਾਮਲ ਕਰਨ ਅਤੇ ਨਾਲ-ਨਾਲ ਸਾਫ਼-ਸੁਥਰੇ ਢੰਗ ਨਾਲ ਤਿਆਰ ਕੀਤੇ ਭੋਜਨ ਤੇ ਸਮੱਗਰੀਆਂ ਸ਼ਾਮਿਲ ਕਰਨ ਕਰਨ 'ਤੇ ਜ਼ੋਰ ਦਿੱਤਾ ਗਿਆ। ਇਸ ਤੋਂ ਇਲਾਵਾ ਆਂਗਣਵਾੜੀ ਕੇਂਦਰਾਂ 'ਤੇ ਖਾਣਾ ਬਣਾਉਣ ਵਾਲੀ ਥਾਵਾਂ ਦੀ ਸਫਾਈ ਦੇ ਨਾਲ-ਨਾਲ ਬੱਚਿਆਂ ਦੇ ਖੇਡਣ ਵਾਲੇ ਸਥਾਨਾਂ ਨੂੰ ਸਾਫ-ਸੁਥਰਾ ਰੱਖਣ ਦੀ ਪ੍ਰਕਿਰਿਆ ਨੂੰ ਨਿਯਮਿਤ ਬਣਾਉਣ ਦੀ ਅਹਿਮੀਅਤ 'ਤੇ ਵੀ ਚਾਨਣਾ ਪਾਇਆ ਗਿਆ।

# ਸਰ ਮਾਰਸ਼ਲ ਸਕੂਲ ਬੈਂਸ ਆਵਾਨ ਦੇ ਖਿਡਾਰੀਆਂ ਦਾ ਐਥਲੈਟਿਕਸ 'ਚ ਸ਼ਾਨਦਾਰ ਪ੍ਰਦਰਸ਼ਨ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਟਾਂਡਾ ਵਿਖੇ ਆਯੋਜਿਤ ਜ਼ੋਨਲ ਪੱਧਰੀ ਐਥਲੈਟਿਕਸ ਮੁਕਾਬਲਿਆਂ ਵਿੱਚ ਸਰ ਮਾਰਸ਼ਲ ਸਕੂਲ, ਬੈਂਸ ਆਵਾਨ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਅਤੇ ਪਿੰਡ ਦਾ ਨਾਂ ਰੌਸ਼ਨ ਕੀਤਾ। ਅਲੱਗ ਅਲੱਗ ਈਵੈਂਟਸ ਵਿੱਚ ਵਿਦਿਆਰਥੀਆਂ ਨੇ ਇਨਾਮ ਹਾਸਲ ਕੀਤੇ। ਸਕੂਲ ਪ੍ਰਿੰਸੀਪਲ ਨੇ ਦੱਸਿਆ ਕਿ ਸਕੂਲ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਜਿਸ ਵਿੱਚ ਅੰਡਰ-14 (ਲੜਕੀਆਂ) ਪ੍ਰਭਲੀਨ ਕੌਰ ਨੇ ਡਿਸਕਸ ਥਰੋ ਵਿੱਚ ਪਹਿਲਾ ਸਥਾਨ, ਨਵਰੂਪ ਕੌਰ ਨੇ ਲੰਮੀ ਛਲਾਂਗ ਵਿੱਚ ਪਹਿਲਾ ਸਥਾਨ, ਅੰਡਰ 14 (ਲੜਕੇ) ਵਿੱਚ ਸੁਖਮਨਪ੍ਰੀਤ ਸਿੰਘ ਨੇ ਡਿਸਕਸ ਥਰੋ ਵਿੱਚ ਦੂਜਾ ਸਥਾਨ, ਅੰਡਰ 17 (ਲੜਕੇ) ਗੁਰਵੀਰ ਸਿੰਘਨੇ ਲੰਮੀ ਛਲਾਂਗ ਵਿੱਚ ਦੂਜਾ ਸਥਾਨ ਹਾਸਲ ਕੀਤਾ । ਉਨ੍ਹਾਂ ਦੱਸਿਆ ਕਿ ਸਿਮਰਨਪ੍ਰੀਤ ਸਿੰਘ ਨੇ 100 ਮੀਟਰ ਦੌੜ ਵਿੱਚ ਦੂਜਾ ਸਥਾਨ ਹਾਸਿਲ ਕੀਤਾ। ਇਹਨਾਂ ਮੁਕਾਬਲਿਆਂ ਵਿੱਚ ਸ਼ਾਨਦਾਰ ਜਿੱਤਾਂ ਪ੍ਰਾਪਤ ਕਰਨ 'ਤੇ ਸਰ ਮਾਰਸ਼ਲ ਸਕੂਲ ਸਿੱਖਿਆ ਸੰਸਥਾਵਾਂ ਦੇ ਚੇਅਰਮੈਨ ਸਰ ਰਜਿੰਦਰ ਸਿੰਘ ਮਾਰਸ਼ਲ, ਪ੍ਰਿੰਸੀਪਲ ਮੈਡਮ ਗਾਇਤਰੀ ਅਤੇ ਡੀ.ਪੀ. ਸੁਖਲਿੰਦਰਪਾਲ ਸਿੰਘ ਨੇ ਸਾਰੇ ਵਿਦਿਆਰਥੀਆਂ ਨੂੰ ਇਸ ਉਪਲਬਧੀ ਲਈ ਮੁਬਾਰਕਬਾਦ ਦਿੱਤੀ। ਸਕੂਲ ਦੇ ਸਟਾਫ ਮੈਂਬਰਾਂ ਨੇ ਵੀ ਵਿਦਿਆਰਥੀਆਂ ਦੀ ਇਸ ਸਫਲਤਾ 'ਤੇ ਖ਼ੁਸ਼ੀ ਜਤਾਈ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ।



# ਐੱਸ ਬੀ ਆਈ ਪੈਨਸ਼ਨਰਜ਼ ਤੇ ਬੈਂਕ ਕਰਮਚਾਰੀ ਸੋਸਾਇਟੀ ਨੇ ਖੜਕਾਂ ਸਕੂਲ 'ਚ ਰੁੱਖ ਲਗਾਏ

**ਹੁਸ਼ਿਆਰਪੁਰ (ਓ ਪੀ ਰਾਣਾ)**-ਪਰਿਆਵਰਨ ਸੰਰੱਖਣ ਅਤੇ ਹਰਿਆਵਲੀ ਵਧਾਉਣ ਵੱਲ ਇੱਕ ਸਰਾਹੁਣਯੋਗ ਕਦਮ ਚੁੱਕਦਿਆਂ ਸਟੇਟ ਬੈਂਕ ਆਫ਼ ਇੰਡੀਆ ਰਿਟਾਇਰਡ ਪੈਨਸ਼ਨਰਜ਼ ਅਤੇ ਨੌਰਥ ਜੋਨ ਬੈਂਕ ਐਂਪਲਾਈਜ਼ ਕਰੈਡਿਟ ਐਂਡ ਥ੍ਰਿਫਟ ਸੋਸਾਇਟੀ, ਹੁਸ਼ਿਆਰਪੁਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਖੜਕਾਂ (ਹੁਸ਼ਿਆਰਪੁਰ) ਵਿੱਚ ਰੁੱਖ ਲਗਾਉਣ ਦਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ।ਇਸ ਮੌਕੇ ਸੋਸਾਇਟੀ ਦੇ ਚੀਫ਼ ਐਗਜ਼ੀਕਿਊਟਿਵ ਪੀ.ਸੀ. ਸ਼ਰਮਾ ਸਮੇਤ ਕਈ ਮਾਣਯੋਗ ਮੈਂਬਰ ਹਾਜ਼ਰ ਸਨ, ਜਿਨ੍ਹਾਂ ਵਿੱਚ ਰਿਟਾਇਰਡ ਮੈਨੇਜਰ ਹਰੀਸ਼ ਮਨੋਚਾ, ਰਿਟਾਇਰਡ ਮੈਨੇਜਰ ਪ੍ਰੀਤਮ ਦਾਸ, ਮਮਤਾ ਸੰਘੀ, ਰਾਕੇਸ਼ ਹੀਰਾ ਨੇ ਵੀ ਭਾਗ ਲਿਆ। ਸਕੂਲ ਵੱਲੋਂ ਪ੍ਰਿੰਸੀਪਲ ਤ੍ਰਿਲੋਚਨ ਸਿੰਘ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਇਹ ਮੁਹਿੰਮ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਬਣੇਗੀ। ਇਸ ਦੌਰਾਨ ਪਰਮਿੰਦਰ ਸਿੰਘ, ਰਮਨਿਕ ਸਿੰਘ, ਸੁਸ਼ਮਾ ਦੇਵੀ, ਨਿਧੀ ਸ਼ਰਮਾ ਅਤੇ ਅਮਨਪ੍ਰੀਤ ਕੌਰ ਸਮੇਤ ਸਟਾਫ ਮੈਂਬਰ ਵੀ ਹਾਜ਼ਰ ਰਹੇ।ਪ੍ਰੋਗਰਾਮ ਦੌਰਾਨ ਸਕੂਲ ਪ੍ਰਾਂਗਣ ਵਿੱਚ ਵੱਖ-ਵੱਖ ਕਿਸਮ ਦੇ ਪੌਦੇ ਲਗਾਏ ਗਏ। ਰਿਟਾਇਰਡ ਬੈਂਕ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਭਰੋਸਾ ਦਿਵਾਇਆ ਕਿ ਇਸ ਤਰ੍ਹਾਂ ਦੇ ਪਰਿਆਵਰਨ-ਹਿਤੈਸ਼ੀ ਯਤਨ ਅੱਗੇ ਵੀ ਜਾਰੀ ਰਹਿਣਗੇ।ਸਕੂਲ ਦੇ ਪ੍ਰਿੰਸੀਪਲ ਤ੍ਰਿਲੋਚਨ ਸਿੰਘ ਨੇ ਐਸ ਬੀ ਆਈ ਰਿਟਾਇਰਡ ਪੈਨਸ਼ਨਰਜ਼ ਅਤੇ ਬੈਂਕ ਐਮਪਲਾਈਜ਼ ਸੋਸਾਇਟੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸਕੂਲ ਪਰਵਾਰ ਪੌਦਿਆਂ ਦੀ ਸੰਭਾਲ ਪੂਰੀ ਜ਼ਿੰਮੇਵਾਰੀ ਨਾਲ ਕਰੇਗਾ ।



# ਸੁਰਜੀਤ ਸਿੰਘ ਢੇਰ ਤੇ ਉਨ੍ਹਾਂ ਦੇ ਸਾਥੀ 'ਤੇ ਦਰਜ ਮੁਕੱਦਮੇ 'ਤੇ ਅਦਾਲਤ ਨੇ ਦਿੱਤਾ ਇਨਸਾਫ, ਦੋਵੇਂ ਬਰੀ

**ਨੰਗਲ (ਪੱਤਰ ਪ੍ਰੇਰਕ)**- ਸਾਲ 2020 ਵਿੱਚ ਲੌਕਡਾਊਨ ਸਮੇਂ ਇਲਾਕੇ ਦੇ ਇੱਕ ਪ੍ਰਭਾਵਸ਼ਾਲੀ ਵਿਅਕਤੀ ਵੱਲੋਂ ਅਫਸਰਸ਼ਾਹੀ ਦੇ ਪ੍ਰਭਾਵ ਥੱਲੇ ਜ਼ਬਰੀ ਫੀਸਾਂ ਵਸੂਲਣ ਖਿਲਾਫ ਲੜ ਰਹੇ ਸਾਥੀ ਸੁਰਜੀਤ ਸਿੰਘ ਢੇਰ ਅਤੇ ਜਸਵਿੰਦਰ ਸਿੰਘ ਬੜਿਆਲ ਤੇ ਫੌਜਦਾਰੀ ਦਾ ਪਰਚਾ ਦਰਜ ਕਰਵਾ ਕੇ ਹੱਕ ਸੱਚ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰਦਿਆਂ ਪਰਚਾ ਦਰਜ ਕਰਵਾ ਦਿੱਤਾ ਸੀ। ਪਰ ਅੱਜ ਮਾਨਯੋਗ ਅਦਾਲਤ ਨੇ ਦੋਵੇਂ ਸਾਥੀਆਂ ਨੂੰ ਬਾ-ਇੱਜ਼ਤ ਬਰੀ ਕਰ ਦਿੱਤਾ ਗਿਆ। ਪੰਜਾਬ ਸਰਕਾਰ ਨੇ ਲੌਕਡਾਊਨ 'ਚ ਪ੍ਰਾਈਵੇਟ ਸਕੂਲਾਂ ਵਾਲਿਆਂ ਨੂੰ ਫੀਸਾਂ ਨਾ ਲੈਣ ਦੀਆਂ ਲਿਖਤੀ ਹਦਾਇਤਾਂ ਕੀਤੀਆਂ ਸਨ। ਪਰ ਰੈਨਸੰਨ ਸਕੂਲ ਭਨੁਪਲੀ ਦੀ ਮੈਨੇਜਮੈਂਟ ਜਬਰੀ ਫੀਸਾਂ ਵਸੂਲ ਰਹੇ ਸਨ। ਇਸ ਦੇ ਵਿਰੋਧ ਕਰਨ ਲਈ ਮਾਪੇ ਸਕੂਲ ਦੇ ਅੱਗੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਸਨ। ਜਿਸ ਵਿੱਚ ਸੁਰਜੀਤ ਸਿੰਘ ਢੇਰ ਤੇ ਜਸਵਿੰਦਰ ਸਿੰਘ ਬੜਿਆਲ ਮਾਪਿਆਂ ਦੀ ਹਮਾਇਤ ਵਿੱਚ ਸ਼ਾਮਿਲ ਹੋਏ। ਪਰ ਮਨੇਜਮੈਂਟ ਨੇ ਆਵਾਜ਼ ਨੂੰ ਦਬਾਉਂਦੇ ਹੋਏ 21 ਜੁਲਾਈ 2020 ਨੂੰ ਜ਼ਿਲ੍ਹਾ ਪੁਲਸ ਅਫਸਰ ਦੇ ਨਾਲ ਮਿੱਤਰਤਾ ਹੋਣ ਦੇ ਕਾਰਨ ਕਾਮਰੇਡ ਸੁਰਜੀਤ ਸਿੰਘ ਢੇਰ, ਜਸਵਿੰਦਰ ਸਿੰਘ ਬੜਿਆਲ 'ਤੇ ਧਾਰਾ 451,294,427 506 ਆਈ ਪੀ ਸੀ ਦੀ ਧਾਰਾ ਤਹਿਤ ਥਾਣਾ ਨੰਗਲ ਵਿਖੇ ਪਰਚਾ ਦਰਜ ਕਰਵਾ ਦਿੱਤਾ ਗਿਆ ਸੀ। ਜਿਸ ਤੇ ਅੱਜ ਚੱਲਦਿਆਂ ਪੰਜ ਸਾਲ ਬਾਅਦ ਉਕਤ ਸਾਥੀਆਂ ਨੂੰ ਮਾਨਯੋਗ ਕੋਰਟ ਨੇ ਬਾ-ਇੱਜ਼ਤ ਬਰੀ ਕਰ ਦਿੱਤਾ।ਅੱਜ ਇਸ ਮੌਕੇ ਤੇ ਸੀ ਪੀ ਆਈ ਐਮ ਦੇ ਤਹਿਸੀਲ ਸਕੱਤਰ ਸਤਨਾਮ ਸਿੰਘ ਸ਼ੇਰਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਐਡਵੋਕੇਟ ਅਨੁਜ ਠਾਕੁਰ ਅਤੇ ਉਨ੍ਹਾਂ ਦੀ ਟੀਮ ਮਨੀਸ਼ ਮਹਿਰਾ ਅਤੇ ਅਨਮੋਲ ਰਾਣਾ ਨੇ ਇਹ ਕੇਸ ਫਰੀ ਵਿੱਚ ਲੜਿਆ ਅਤੇ ਅੱਗੇ ਤੋਂ ਵੀ ਵਿਸ਼ਵਾਸ ਦਿਵਾਇਆ ਕਿ ਕਾਮਰੇਡ ਉਤੇ ਜਿੰਨੇ ਵੀ ਪਰਚੇ ਦਰਜ ਹੁੰਦੇ ਤਾਂ ਉਹ ਕੇਸ ਦੀ ਕੋਈ ਫੀਸ ਨਹੀਂ ਲੈਣਗੇ।



# ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ 'ਚ ਇੰਜੀਨੀਅਰਜ਼ ਡੇ ਸਮਾਰੋਹ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ਼ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਵਿੱਚ ਭਾਰਤ ਰਤਨ ਸਰ ਮੋਖਸ਼ਗੁੰਡਮ ਵਿਸ਼ਵੇਸ਼ਵਰੈਆ ਦੀ ਜਨਮ ਜਯੰਤੀ ਮੌਕੇ ਇੰਜੀਨੀਅਰਜ਼ ਡੇ ਮਨਾਇਆ ਗਿਆ। ਪ੍ਰੋਗਰਾਮ ਦਾ ਮਕਸਦ ਸਮਾਜ ਵਿੱਚ ਇੰਜੀਨੀਅਰਾਂ ਦੇ ਯੋਗਦਾਨ ਨੂੰ ਸਨਮਾਨ ਦੇਣਾ ਤੇ ਵਿਦਿਆਰਥੀਆਂ ਵਿੱਚ ਨਵੀਂ ਸੋਚ ਤੇ ਰਚਨਾਤਮਕਤਾ ਦੀ ਭਾਵਨਾ ਨੂੰ ਪ੍ਰੋਤਸਾਹਿਤ ਕਰਨਾ ਸੀ। ਇਸ ਮੌਕੇ ਡਾਇਰੈਕਟਰ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਇੰਜੀਨੀਅਰਜ਼ ਡੇ ਦੀ ਮਹੱਤਤਾ ਤੇ ਰਾਸ਼ਟਰ ਨਿਰਮਾਣ ਵਿੱਚ ਇੰਜੀਨੀਅਰਾਂ ਦੀ ਭੂਮਿਕਾ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਇਸ ਦੌਰਾਨ ਭਾਸ਼ਣ, ਵਾਦ-ਵਿਵਾਦ ਅਤੇ ਕਵਿਜ਼ ਮੁਕਾਬਲੇ ਕਰਵਾਏ ਗਏ। ਭਾਸ਼ਣ ਮੁਕਾਬਲੇ ਵਿੱਚ ਗੁਰਲੀਨ ਕੌਰ (ਪਹਿਲਾ ਸਮੈਸਟਰ), ਅੰਕਿਤਾ (ਡੀ.ਐੱਸ.) ਤੇ ਸਾਕਸ਼ੀ (ਸੀ.ਐੱਸ.) ਨੇ ਜਿੱਤ ਪ੍ਰਾਪਤ ਕੀਤੀ। ਵਾਦ-ਵਿਵਾਦ ਮੁਕਾਬਲੇ ਵਿੱਚ ਗੁਰਕਨਵਰ ਸਿੰਘ (ਸੀ.ਐੱਸ.ਈ.), ਹਰਪ੍ਰੀਤ ਸਿੰਘ (ਆਈ.ਟੀ.) ਤੇ ਅਰਮਾਨ (ਆਈ.ਟੀ.) ਸਫਲ ਰਹੇ। ਕਵਿਜ਼ ਮੁਕਾਬਲੇ ਵਿੱਚ ਪਹਿਲਾ ਸਥਾਨ ਹਿਤਾਕਸ਼ੀ ਰਾਣਾ, ਹੀਨਾ ਰਾਣੀ, ਜਸਮੀਨ ਕੌਰ ਤੇ ਹਰਪ੍ਰੀਤ (ਸੀ.ਐੱਸ.ਈ.) ਦੀ ਟੀਮ ਨੂੰ ਮਿਲਿਆ। ਦੂਜਾ ਸਥਾਨ ਅਨਮੋਲ ਧੀਮਾਨ, ਆਨੰਦ, ਇਰਫਾਨ ਖਾਨ ਤੇ ਆਯੂਸ਼ (ਸੀ.ਐੱਸ.ਈ.) ਦੀ ਟੀਮ ਨੇ ਹਾਸਲ ਕੀਤਾ। ਤੀਜਾ ਸਥਾਨ ਸਮੀਰ ਜਸਵਾਲ, ਕਾਰਤਿਕ, ਜਸਦੀਪ ਤੇ ਮਨਜਿੰਦਰ (ਏ.ਆਈ. ਐਂਡ ਐੱਮ.ਐੱਲ.) ਦੀ ਟੀਮ ਨੂੰ ਮਿਲਿਆ।ਅੰਤ ਵਿੱਚ ਪ੍ਰਿੰਸੀਪਲ ਨੇ ਸਾਰੇ ਜੇਤੂਆਂ ਤੇ ਭਾਗ ਲੈਣ ਵਾਲਿਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਵਿਦਿਆਰਥੀਆਂ ਦੇ ਨਾਲ ਸਾਰੇ ਵਿਭਾਗਾਂ ਦੇ ਇੰਚਾਰਜ ਵੀ ਹਾਜ਼ਰ ਸਨ।



# ਸੈਂਕੜੇ ਨੌਜਵਾਨਾਂ ਨੇ ਫੜਿਆ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ



**ਮੁਹਾਲੀ (ਗੁਰਜੀਤ ਬਿੱਲਾ)**-ਹਲਕਾ ਮੁਹਾਲੀ ਦੇ ਸੈਂਕੜੇ ਨੌਜਵਾਨਾਂ ਨੇ ਸੁਖਬੀਰ ਸਿੰਘ ਬਾਦਲ ਦੀ ਪੰਜਾਬ ਪੱਖੀ ਸੋਚ ਤੋਂ ਪ੍ਰਭਾਵਿਤ ਹੋ ਕੇ ਜ਼ਿਲ੍ਹਾ ਜਥੇਦਾਰ ਪਰਵਿੰਦਰ ਸਿੰਘ ਸੋਹਾਣਾ ਦੀ ਅਗਵਾਈ ਵਿੱਚ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੇ ਪਰਵਾਰ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਜਥੇਦਾਰ ਸੋਹਾਣਾ ਨੇ ਕਿਹਾ ਕਿ ਪੰਜਾਬ ਦੀ ਬਾਂਹ ਹਮੇਸ਼ਾ ਪੰਜਾਬੀਆਂ ਨੇ ਹੀ ਫੜੀ ਹੈ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਨੇ ਲੋਕਾਂ ਦਾ ਦਰਦ ਮਹਿਸੂਸ ਕਰਕੇ ਅੱਜ ਹੜ੍ਹ ਪ੍ਰਭਾਵਤ ਪਰਵਾਰਾਂ ਦੀ ਬਾਂਹ ਫੜ ਕੇ ਉਨ੍ਹਾਂ ਲਈ ਸਹਾਰਾ ਬਣੇ ਹਨ। ਜਥੇਦਾਰ ਸੋਹਾਣਾ ਨੇ ਕਿਹਾ ਕਿ ਜੋ ਕੰਮ ਸਰਕਾਰਾਂ ਦਾ ਸੀ ਉਸ ਤੋਂ ਵਧੇਰੇ ਕੰਮ ਇਕੱਲੇ ਸ਼੍ਰੋਮਣੀ ਅਕਾਲੀ ਦਲ ਨੇ ਕਰਕੇ ਪੰਜਾਬੀਆਂ ਨੂੰ ਖੇਤਰੀ ਪਾਰਟੀ ਦੀ ਪ੍ਰੀਭਾਸ਼ਾ ਸਮਝਾ ਦਿੱਤੀ ਹੈ। ਜਥੇਦਾਰ ਸੋਹਾਣਾ ਨੇ ਪਾਰਟੀ ਵਿੱਚ ਸ਼ਾਮਲ ਹੋਏ ਨੌਜਵਾਨਾਂ ਦਾ ਭਰਵਾਂ ਸਵਾਗਤ ਕਰਦਿਆਂ ਸਿਰੋਪਾਓ ਦੇ ਕੇ ਉਨ੍ਹਾਂ ਨੂੰ ਸਨਮਾਨਿਤ ਕੀਤਾ ਅਤੇ ਭਰੋਸਾ ਦਿਵਾਇਆ ਕਿ ਸਮਾਂ ਆਉਣ 'ਤੇ ਉਨ੍ਹਾਂ ਨੂੰ ਸਨਮਾਨ ਅਤੇ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਜਾਣਗੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦੇ ਸੀ.ਆਗੂ ਸੁਖਵਿੰਦਰ ਸਿੰਘ ਸ਼ਿੰਦੀ, ਨੰਬਰਦਾਰ ਹਰਵਿੰਦਰ ਸਿੰਘ ਸੁੱਖਗੜ੍ਹ, ਕੈਪਟਨ ਰਮਨਦੀਪ ਸਿੰਘ ਬਾਵਾ ਰਮਨ ਅਰੋੜਾ , ਅਭੀ ਅਤੇ ਗੁਰਦੀਪ ਸਿੰਘ ਚੁੱਘ ਸਮੇਤ ਅਨੇਕਾਂ ਆਗੂ ਮੌਜੂਦ ਸਨ।

# ਹੜ੍ਹ ਪ੍ਰਭਾਵਤ ਖੇਤਰਾਂ 'ਚ ਪਸ਼ੂ ਧਨ ਦੀ ਸੰਭਾਲ ਲਈ ਉਪਰਾਲੇ ਜੰਗੀ ਪੱਧਰ 'ਤੇ ਜਾਰੀ : ਡਿਪਟੀ ਕਮਿਸ਼ਨਰ



**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**- ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਪ੍ਰਸ਼ਾਸਨ ਵਲੋਂ ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਪਸ਼ੂ ਧਨ ਦੀ ਸਿਹਤ ਸੰਭਾਲ ਲਈ ਜੰਗੀ ਪੱਧਰ 'ਤੇ ਯਤਨ ਜਾਰੀ ਹਨ । ਮੰਗਲਵਾਰ ਪਿੰਡ ਪੱਸਣ ਕਦੀਮ ਅਤੇ ਸਰਦੁੱਲਾਪੁਰ ਵਿਖੇ 101 ਬੋਰੇ ਫੀਡ ਦੇ ਵੰਡੇ ਗਏ। ਇਸ ਤੋਂ ਇਲਾਵਾ ਪਸ਼ੂ ਪਾਲਣ ਵਿਭਾਗ ਦੇ ਵੈਟਰਨਰੀ ਡਾਕਟਰਾਂ ਵਲੋਂ ਕੰਟੋਨਮੈਂਟ ਬੋਰਡ ਜਲੰਧਰ ਦੇ ਸਹਿਯੋਗ ਨਾਲ ਪਸ਼ੂ ਧਨ ਦੀ ਸਿਹਤ ਜਾਂਚ ਲਈ ਕੈਂਪ ਵੀ ਲਗਾਏ ਗਏ। ਡਾ. ਆਰ ਪੀ ਸਿੰਘ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਨੇ ਇਹ ਵੀ ਦੱਸਿਆ ਕਿ ਵੈਟਰਨਰੀ ਡਾਕਟਰਾਂ ਦੀਆਂ ਟੀਮਾਂ ਵੱਲੋਂ 600 ਦੇ ਕਰੀਬ ਪਸ਼ੂਆਂ ਦਾ ਇਲਾਜ ਕੀਤਾ ਜਾ ਚੁੱਕਾ ਹੈ। ਇਸ ਤੋਂ ਇਲਾਵਾ ਟੀਮਾਂ ਵੱਲੋਂ ਘਰ ਘਰ ਜਾ ਕੇ ਪਸ਼ੂ ਧਨ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਲੋੜ ਅਨੁਸਾਰ ਟੀਕਾਕਰਨ ਵੀ ਕੀਤਾ ਜਾ ਰਿਹਾ ਹੈ।

# ਮਾਤਾ ਜਨਕ ਰਾਣੀ ਜੈਨ ਦੀਆਂ ਅੱਖਾਂ ਨਾਲ ਦੋ ਨੂੰ ਮਿਲੇਗੀ ਰੌਸ਼ਨੀ : ਸੰਜੀਵ ਅਰੋੜਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਕੋਟਲਾ ਗੌਂਸਪੁਰ ਵਾਸੀ ਮਾਤਾ ਜਨਕ ਰਾਣੀ ਜੈਨ ਦੇ ਦੇਹਾਂਤ ਤੋਂ ਬਾਅਦ ਉਨ੍ਹਾਂ ਦੇ ਪਰਵਾਰਕ ਮੈਂਬਰ ਪ੍ਰਦੀਪ ਜੈਨ, ਮੋਹਿੰਦਰ ਪਾਲ ਜੈਨ, ਜਯੋਤੀ ਜੈਨ, ਮੀਨਾ ਜੈਨ ਅਤੇ ਨਰੇਸ਼ ਜੈਨ ਨੇ ਆਪਣੀ ਮਾਤਾ ਦੀਆਂ ਅੱਖਾਂ ਰੋਟਰੀ ਆਈ ਬੈਂਕ ਅਤੇ ਕਾਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਰਾਹੀਂ ਸ਼ੰਕਾਰਾ ਆਈ ਹਸਪਤਾਲ, ਲੁਧਿਆਣਾ ਨੂੰ ਦਾਨ ਕਰ ਦਿੱਤੀਆਂ।ਦਾਨ ਲੈਣ ਦੀ ਪ੍ਰਕਿਰਿਆ ਡਾ. ਜਸਲੀਨ ਕੌਰ ਅਤੇ ਉਨ੍ਹਾਂ ਦੀ ਟੀਮ ਚਰਨਪ੍ਰੀਤ ਅਤੇ ਰਘੁਵੀਰ ਸਿੰਘ ਨੇ ਪੂਰੀ ਕੀਤੀ। ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਨੇ ਪਰਵਾਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਮਾਤਾ ਜਨਕ ਰਾਣੀ ਜੈਨ ਦੀਆਂ ਅੱਖਾਂ ਨਾਲ ਦੋ ਵਿਅਕਤੀਆਂ ਦੀ ਹਨੇਰੀ ਜ਼ਿੰਦਗੀ ਵਿੱਚ ਰੌਸ਼ਨੀ ਆਵੇਗੀ। ਉਨ੍ਹਾਂ ਕਿਹਾ ਕਿ ਇੱਕ ਵਿਅਕਤੀ ਦੁਆਰਾ ਦਾਨ ਕੀਤੀਆਂ ਅੱਖਾਂ ਦੋ ਵਿਅਕਤੀਆਂ ਨੂੰ ਲਗਾਈਆਂ ਜਾਂਦੀਆਂ ਹਨ।ਸੰਜੀਵ ਅਰੋੜਾ ਨੇ ਦੱਸਿਆ ਕਿ ਕਾਰਨੀਅਲ ਬਲਾਈਂਡਨੈੱਸ ਨਾਲ ਪੀੜਤਾਂ ਦੀ ਗਿਣਤੀ ਬਹੁਤ ਜ਼ਿਆਦਾ ਹੈ ਪਰ ਕਾਰਨੀਆ ਦੀ ਕੁਲੈਕਸ਼ਨ ਬਹੁਤ ਘੱਟ ਹੈ। ਫਿਰ ਵੀ ਸੋਸਾਇਟੀ ਦੁਆਰਾ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ ਨਾਲ ਲੋਕ ਹੁਣ ਨੇਤਰਦਾਨ ਵਿੱਚ ਵੱਧ ਚੜ੍ਹ ਕੇ ਹਿੱਸਾ ਲੈ ਰਹੇ ਹਨ ਅਤੇ ਚਾਹੁੰਦੇ ਹਨ ਕਿ ਉਹਨਾਂ ਦੇ ਆਪਣੇ ਜਿਹੜੇ ਸੰਸਾਰ ਛੱਡ ਜਾਣ, ਉਹਨਾਂ ਦੀਆਂ ਅੱਖਾਂ ਇਸ ਦੁਨੀਆ ਨੂੰ ਦੇਖਦੀਆਂ ਰਹਿਣ। ਚੇਅਰਮੈਨ ਜੇ.ਬੀ. ਬਹਲ ਨੇ ਦੱਸਿਆ ਕਿ ਮਰਨ ਉਪਰੰਤ ਅੱਖਾਂ 6 ਤੋਂ 8 ਘੰਟਿਆਂ ਤੱਕ ਜੀਵਿਤ ਰਹਿੰਦੀਆਂ ਹਨ ਅਤੇ ਜੇ ਉਹਨਾਂ ਨੂੰ ਸਮੇਂ ਸਿਰ ਦਾਨ ਕਰ ਦਿੱਤਾ ਜਾਵੇ ਤਾਂ ਕਾਰਨੀਆਲ ਅੰਨ੍ਹੇਪਣ ਨਾਲ ਪੀੜਤ ਦੀ ਜ਼ਿੰਦਗੀ ਵਿੱਚ ਦੁਬਾਰਾ ਰੌਸ਼ਨੀ ਭਰੀ ਜਾ ਸਕਦੀ ਹੈ। ਇਸ ਮੌਕੇ ਚੇਅਰਮੈਨ ਜੇ.ਬੀ. ਬਹਲ, ਪ੍ਰੋ. ਦਲਜੀਤ ਸਿੰਘ, ਮਦਨ ਲਾਲ ਮਹਾਜਨ, ਕ੍ਰਿਸ਼ਨ ਕਿਸ਼ੋਰ, ਜਸਵੀਰ ਕੰਵਰ ਅਤੇ ਹੋਰ ਹਾਜ਼ਰ ਸਨ।



# ਨਰਿੰਦਰ ਬੀਬਾ ਯਾਦਗਾਰੀ ਮੇਲੇ ਸੰਬੰਧੀ ਕਲਾਕਾਰਾਂ ਤੇ ਸੰਗੀਤਕਾਰਾਂ ਦੀ ਮੀਟਿੰਗ

**ਨਕੋਦਰ (ਮਨਜੀਤ ਮਾਨ)**- ਪਿੰਡ ਸਾਦਿਕਪੁਰ ਵਿਖੇ ਕਰਵਾਏ ਜਾ ਰਹੇ 27 ਵੇ ਸਵਰਗਵਾਸੀ ਨਰਿੰਦਰ ਬੀਬਾ ਯਾਦਗਾਰੀ ਅੰਤਰਰਾਸ਼ਟਰੀ ਸੱਭਿਆਚਾਰਕ ਮੇਲੇ ਦੀਆਂ ਤਿਆਰੀਆਂ ਸਬੰਧੀ ਸ਼ਾਹਕੋਟ ਹਲਕੇ ਦੇ ਕਲਾਕਾਰਾ ਤੇ ਸੰਗੀਤਕਾਰਾ ਦੀ ਅਹਿਮ ਮੀਟਿੰਗ ਸੁਰਤਾਲ ਸੰਗੀਤ ਵਿਦਿਆਲਿਆ ਸ਼ਾਹਕੋਟ ਵਿਖੇ ਸਭਿਆਚਾਰਕ ਮੇਲਿਆ ਦੇ ਬਾਦਸ਼ਾਹ ਤੇ, ਗੀਤਕਾਰ ਗੁਰਨਾਮ ਸਿੰਘ ਨਿਧੜਕ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਇਸ ਮੇਲੇ ਨੂੰ ਧੂਮਧਾਮ ਕਰਵਾਉਣ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਸ਼ਾਹਕੋਟ ਹਲਕੇ ਦੇ ਗਾਇਕਾ ਤੇ ਸੰਗੀਤ ਪ੍ਰੇਮੀਆਂ ਵੱਲੋਂ ਇਸ ਮੇਲੇ ਨੂੰ ਸ਼ਾਨੋ ਸ਼ੌਕਤ ਨਾਲ ਨੇਪਰੇ ਚੜ੍ਹਾਉਣ ਲਈ ਹਰ ਸਹਿਯੋਗ ਦੇਣ ਐਲਾਨ ਕੀਤਾ ਗਿਆ। ਇਸ ਮੀਟਿੰਗ ਵਿੱਚ ਮੇਲੇ ਦੇ ਮੁੱਖ ਸੰਚਾਲਕ ਗੁਰਨਾਮ ਸਿੰਘ ਨਿਧੜਕ, ਚਰਚਿਤ ਗਾਇਕ ਅਸ਼ੋਕ ਗਿੱਲ , ਸੂਫੀ ਗਾਇਕ ਕੁਲਵਿੰਦਰ ਸਾਹਕੋਟੀ, ਪ੍ਰੀਤ ਕੰਠ, ਸੰਗੀਤਕਾਰ ਸੁਖਪਾਲ ਸਿੰਘ ਦੇਵਗੁਣ, ਮੈਡਮ ਸੁਰਿੰਦਰ ਕੌਰ ਦੇਵਗੁਣ,ਫਾਰਮੇਸੀ ਸ਼ਾਹਕੋਟ ਦੇ ਸੀਨੀਅਰ ਅਫਸਰ ਤਰਨਦੀਪ ਸਿੰਘ ਰੂਬੀ , ਮਾ ਕੁਲਜੀਤ ਸਿੰਘ ਕਲਸੀ ਸ਼ਾਹਕੋਟ, ਨਮਰਤਾ ਸਾਦਿਕਪੁਰੀ ਤੋ ਹੋਰ ਸੰਗੀਤ ਪ੍ਰੇਮੀ ਹਾਜ਼ਰ ਸਨ। ਇਸ ਮੌਕੇ ਗੀਤਕਾਰ ਗੁਰਨਾਮ ਸਿੰਘ ਨਿਧੜਕ ਦੱਸਿਆ ਕਿ ਇਸ ਮੇਲੇ ਬਠਿੰਡੇ ਦੇ ਨਾਮਵਰ ਦੋਗਾਣਾ ਜੋੜੀ ਬਲਬੀਰ ਚੋਟੀਆ, ਜੈਸਮੀਨ ਚੋਟੀਆ, ਦਲਵਿੰਦਰ ਦਿਆਲਪੁਰੀ, ਗਾਮਾ ਫਕੀਰ ਨੀਲੂ ਬੇਗਮ, ਅਸ਼ੋਕ ਗਿੱਲ, ਰਾਣਾ ਲਹਿਰੀ, ਕਮੇਡੀਅਨ ਬੂਟਾ ਖਹਿਰਾ, ਬਾਈ ਕੁਲਜੀਤ, ਸੂਫੀ ਕਲਾਮ ਦੇ ਬਾਦਸ਼ਾਹ ਕੁਲਵਿੰਦਰ ਸ਼ਾਹਕੋਟੀ, ਸੁਰਪ੍ਰੀਆ ਸਹੋਤਾ ਆਦਿ ਕਲਾਕਾਰ ਆਪਣੇ ਸੱਭਿਆਚਾਰਕ ਗੀਤਾ ਰਾਹੀਂ 28 ਸਤੰਬਰ ਨੂੰ ਕਰਵਾਏ ਜਾ ਰਹੇ ਨਰਿੰਦਰ ਬੀਬਾ ਯਾਦਗਾਰੀ ਸੱਭਿਆਚਾਰਕ ਮੇਲੇ ਵਿੱਚ ਪੰਜਾਬ ਦੀ ਮਰਹੂਮ ਲੋਕ ਗਾਇਕਾ ਨਰਿੰਦਰ ਬੀਬਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ।



# ਹਲਕਾ ਕੋਆਰਡੀਨੇਟਰ ਨਿਯੁਕਤ ਹੋਣ 'ਤੇ ਵਿਸ਼ੂ ਰਾਣਾ ਵੱਲੋਂ ਕਰਨਵੀਰ ਕਟਾਰੀਆ ਨੂੰ ਵਧਾਈ

**ਬਲਾਚੌਰ (ਜਸਵਿੰਦਰ ਬੈਂਸ)**-ਆਮ ਆਦਮੀ ਪਾਰਟੀ ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਅਤੇ ਪਾਰਟੀ ਪ੍ਰਧਾਨ ਅਮਨ ਅਰੋੜਾ ਨੇ ਕੱਲ੍ਹ ਸੰਗਠਨਾਤਮਕ ਢਾਂਚੇ ਦਾ ਵਿਸਥਾਰ ਕੀਤਾ, ਜਿਸ ਵਿੱਚ ਆਮ ਆਦਮੀ ਪਾਰਟੀ ਦੇ ਬਲਾਚੌਰ ਹਲਕੇ ਤੋਂ ਯੂਥ ਆਗੂ ਕਰਨਵੀਰ ਕਟਾਰੀਆ ਨੂੰ ਪਾਰਟੀ ਸੰਗਠਨ ਵੱਲੋਂ ਹਲਕਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ। ਇਸ ਮੌਕੇ ਕਰਨਵੀਰ ਕਟਾਰੀਆ ਨੂੰ ਵਧਾਈ ਦਿੰਦੇ ਹੋਏ ਆਪ ਆਗੂ ਵਿਸ਼ੂ ਰਾਣਾ ਨੇ ਕਿਹਾ ਕਿ ਕਰਨਵੀਰ ਕਟਾਰੀਆ ਇੱਕ ਬਹੁਤ ਵਧੀਆ ਨੌਜਵਾਨ ਆਗੂ ਹੈ ਜੋ ਹਲਕੇ ਦੇ ਲੋਕਾਂ ਦੇ ਸੁੱਖ-ਦੁੱਖ ਵਿੱਚ ਉਨ੍ਹਾਂ ਦੇ ਨਾਲ ਖੜ੍ਹਾ ਹੁੰਦਾ ਹੈ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਸਭ ਤੋਂ ਅੱਗੇ ਰਹਿੰਦਾ ਹੈ। ਵਿਸ਼ੂ ਰਾਣਾ ਨੇ ਕਿਹਾ ਕਿ ਪਾਰਟੀ ਵੱਲੋਂ ਕਰਨ ਕਟਾਰੀਆ ਨੂੰ ਜੋ ਵੀ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਉਸਨੂੰ ਪੂਰੀ ਮਿਹਨਤ ਨਾਲ ਨਿਭਾਉਣਗੇ। ਇਸ ਮੌਕੇ ਵਿਸ਼ੂ ਰਾਣਾ ਨੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ, ਪੰਜਾਬ ਪ੍ਰਧਾਨ ਅਮਨ ਅਰੋੜਾ, ਹਲਕਾ ਵਿਧਾਇਕ ਸੰਤੋਸ਼ ਕਟਾਰੀਆ, ਪਰਮਿੰਦਰ ਗੋਲਡੀ ਦਾ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਦੇਣ ਲਈ ਧੰਨਵਾਦ ਕੀਤਾ।



# ਭਗਵਾਨ ਵਾਲਮੀਕਿ ਦਾ ਪ੍ਰਕਾਸ਼ ਉਤਸਵ ਧੂਮਧਾਮ ਨਾਲ ਮਨਾਇਆ ਜਾਵੇਗਾ : ਰਵੀ ਹੰਸ



**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਸ੍ਰੀ ਅਨੰਦਪੁਰ ਸਾਹਿਬ ਭਗਵਾਨ ਵਾਲਮੀਕਿ ਮੰਦਿਰ ਚੋਈ ਬਾਜ਼ਾਰ ਵਿਖੇ ਰਵੀ ਹੰਸ ਪ੍ਰਧਾਨ ਵਾਲਮੀਕਿ ਸਭਾ ਅਤੇ ਅਮਰਨਾਥ ਨਾਥੀ ਚੇਅਰਮੈਨ ਵਾਲਮੀਕਿ ਸਭਾ ਦੀ ਅਗਵਾਈ ਵਿੱਚ ਅਹਿਮ ਮੀਟਿੰਗ ਹੋਈ ਜਿਸ ਵਿੱਚ ਸ੍ਰਿਸ਼ਟੀ ਕਰਤਾ ਵਾਲਮੀਕਿ ਜੀ ਦਾ ਪਾਵਨ ਪਵਿੱਤਰ ਪ੍ਰਗਟ ਦਿਵਸ ਨੂੰ ਮਨਾਉਣ ਸਬੰਧੀ ਅਹਿਮ ਮੀਟਿੰਗ ਹੋਈ ਜਿਸ ਵਿੱਚ ਸਰਬ ਸੰਮਤੀ ਦੇ ਨਾਲ ਫੈਸਲੇ ਲਏ ਗਏ ਜਿਸ ਵਿੱਚ ਰਮਾਇਣ ਅਤੇ ਯੋਗ ਵਸ਼ਿਸ਼ਟ ਦਾ ਪਾਠ ਕੀਤਾ ਅਤੇ ਭੋਗ ਪਾਏ ਜਾਣਗੇ। 6 ਅਕਤੂਬਰ ਨੂੰ ਵਿਸ਼ਾਲ ਸ਼ੋਭਾ ਯਾਤਰਾ ਸਾਰੇ ਸਾਰੇ ਸ਼ਹਿਰ ਵਿੱਚ ਹੁੰਦੇ ਹੋਏ ਭਗਵਾਨ ਵਾਲਮੀਕਿ ਮੰਦਿਰ ਚੋਈ ਬਾਜ਼ਾਰ ਵਿਖੇ ਸੰਪੂਰਨ ਹੋਵੇਗੀ, 7 ਅਕਤੂਬਰ ਨੂੰ ਭਗਵਾਨ ਵਾਲਮੀਕਿ ਜੀ ਦਾ ਦਿਨ ਵਿਚ ਗੁਣਗਾਨ ਤੇ ਲੰਗਰ ਹੋਵੇਗਾ। ਇਸ ਤੋਂ ਇਲਾਵਾ ਪੂਰਾ ਹਫਤਾ ਅਲੱਗ ਅਲੱਗ ਮੁਹਲਿਆਂ ਵਿੱਚ ਭਗਵਾਨ ਵਾਲਮੀਕਿ ਯੋਗ ਵਸ਼ਿਸ਼ਟ ਅਤੇ ਨਿਤਨੇਮ ਦੇ ਪਾਠ ਕੀਤੇ ਜਾਣਗੇ। ਇਸ ਮੌਕੇ ਰਾਜਦੀਪ ਥੱਪਲ ਸਾਬਕਾ ਸਰਪੰਚ, ਰਾਜ ਘਈ, ਸੁਨੀਲ ਅਡਵਾਲ, ਵਿਕਾਸ ਅਡਵਾਲ, ਰਾਹੁਲ ਕਨੋਜੀਆ, ਸੰਜੇ ਭਲਵਾਨ,ਰਜੀਵ ਕੁਮਾਰ, ਮਾਸਟਰ ਰਾਜ ਕੁਮਾਰ, ਵਿਜੇ ਕੁਮਾਰ,ਅਮਨ ਹੰਸ, ਵਿਨੋਦ ਕੁਮਾਰ, ਮੈਨੂੰ, ਤੇਗਵੀਰ ਸਿੰਘ, ਜਸਦੀਪ ਆਲਮ, ਸੁਨੀਲ ਰੈਡ, ਰੋਹਿਤ ਘਈ ਮੌਜੂਦ ਸਨ।

# ਸਰਬੱਤ ਦੇ ਭਲੇ ਦੀ ਅਰਦਾਸ ਨਾਲ ਇਕੋਤਰੀ ਸਮਾਗਮ ਦੀ ਹੋਈ ਅਰੰਭਤਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)** -ਦੇਸ਼-ਵਿਦੇਸ਼ ਅੰਦਰ ਅੰਮ੍ਰਿਤ ਰੂਪੀ ਕੁੰਭ ਦੇ ਨਾਂ ਨਾਲ ਜਾਣੇ ਜਾਂਦੇ ਮਹਾਨ ਸਲਾਨਾ ਇਕੋਤਰੀ ਸਮਾਗਮ ਅੱਜ ਟਾਂਡਾ ਵਿਖੇ 101 ਸ੍ਰੀ ਅਖੰਡ ਪਾਠ ਸਾਹਿਬ ਦੀ ਪਾਵਨ ਅਤੇ ਪਵਿੱਤਰ ਲੜੀ ਨਾਲ ਆਰੰਭ ਹੋਏ। ਖਾਲਸਾਈ ਜਾਹੋ ਜਲਾਲ ਅਤੇ ਸੰਗਤਾਂ ਦੇ ਭਾਰੀ ਉਤਸ਼ਾਹ ਹੇਠ ਅੰਮ੍ਰਿਤ ਵੇਲੇ ਸੰਤ ਬਾਬਾ ਗੁਰਦਿਆਲ ਸਿੰਘ ਤੋਂ ਇਲਾਵਾ ਹੋਰ ਸੰਤ ਮਹਾਂਪੁਰਸ਼ਾਂ ਅਤੇ ਪੰਥ ਪ੍ਰਸਿੱਧ ਸ਼ਖਸੀਅਤਾਂ ਦੀ ਹਾਜ਼ਰੀ ਵਿੱਚ ਇਨ੍ਹਾਂ ਸਮਾਗਮਾਂ ਦੀ ਆਰੰਭਤਾ ਹੋਈ ਉੱਥੇ ਸੰਤ ਬਾਬਾ ਗੁਰਦਿਆਲ ਸਿੰਘ ਨੇ ਵੱਡੀ ਗਿਣਤੀ ਵਿੱਚ ਹਾਜ਼ਰ ਸੰਗਤਾਂ ਨੂੰ ਸਦਾ-ਸਦਾ ਲਈ ਗੁਰੂ ਵਾਲੇ ਬਣਨ ਲਈ ਪ੍ਰੇਰਿਆ ਅਤੇ ਇਸ ਸਮਾਗਮ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਤ ਦੱਸਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਸਚਖੰਡ ਵਾਸੀ ਸ੍ਰੀਮਾਨ ਬਾਬਾ ਬਲਵੰਤ ਸਿੰਘ ਵੱਲੋਂ ਚਲਾਈ ਗਈ ਇਹ ਪਰੰਪਰਾ ਨਿਰੰਤਰ ਚੱਲੀ ਆ ਰਹੀ ਹੈ ਜੋ ਇਸ ਵੇਲੇ ਗੁਰਮਤਿ ਦੇ ਪ੍ਰਚਾਰ ਅਤੇ ਪ੍ਰਸਾਰ ਹਿਤੁ ਸਿੱਖ ਜਗਤ ਅੰਦਰ ਇੱਕ ਵਿਲਖਣ ਪਹਿਚਾਣ ਬਣ ਚੁੱਕੀ ਹੈ।



# ਜ਼ਿਲ੍ਹੇ 'ਚ ਝੋਨੇ ਦੀ ਸਰਕਾਰੀ ਖ਼ਰੀਦ ਸ਼ੁਰੂ, 8.20 ਲੱਖ ਮੀਟਰਿਕ ਝੋਨੇ ਦੀ ਖ਼ਰੀਦ ਦਾ ਟੀਚਾ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**-ਪੰਜਾਬ ਸਰਕਾਰ ਵਲੋਂ ਜ਼ਿਲ੍ਹਾ ਕਪੂਰਥਲਾ ਦੀਆਂ ਮੰਡੀਆਂ ਵਿੱਚ 16 ਸਤੰਬਰ ਤੋਂ ਸ਼ੁਰੂ ਕੀਤੀ ਜਾ ਰਹੀ ਝੋਨੇ ਦੀ ਖ਼ਰੀਦ ਪ੍ਰਕਿਰਿਆ ਤਹਿਤ ਮੰਗਲਵਾਰ ਦਾਣਾ ਮੰਡੀ ਸੁਲਤਾਨਪੁਰ ਲੋਧੀ ਵਿਖੇ ਨਗਰ ਸੁਧਾਰ ਟਰੱਸਟ ਕਪੂਰਥਲਾ ਦੇ ਚੇਅਰਮੈਨ ਸੱਜਣ ਸਿੰਘ ਚੀਮਾ ਵਲੋਂ ਝੋਨੇ ਦੀ ਸਰਕਾਰੀ ਖਰੀਦ ਦੀ ਸ਼ੁਰੂਆਤ ਕਰਵਾਈ ਗਈ। ਦਾਣਾ ਮੰਡੀ ਸੁਲਤਾਨਪੁਰ ਲੋਧੀ ਵਿਖੇ ਝੋਨੇ ਦੀ ਪਹਿਲੀ ਫ਼ਸਲ ਲੈ ਕੇ ਆਏ ਪਿੰਡ ਝੰਡੂਵਾਲਾ ਦੇ ਸੁਰਜੀਤ ਸਿੰਘ ਪੁੱਤਰ ਭਜਨ ਸਿੰਘ ਦੇ 100 ਕੁਇੰਟਲ ਝੋਨੇ ਨੂੰ ਪਨਗਰੇਨ ਖ਼ਰੀਦ ਏਜੰਸੀ ਵਲੋਂ ਖ਼ਰੀਦ ਕੀਤਾ ਗਿਆ। ਇਸ ਮੌਕੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਨਗਰ ਸੁਧਾਰ ਟਰੱਸਟ ਕਪੂਰਥਲਾ ਸੱਜਣ ਸਿੰਘ ਚੀਮਾ ਨੇ ਦੱਸਿਆ ਕਿ ਇਸ ਵਾਰ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 8 ਲੱਖ 20 ਹਜ਼ਾਰ ਮੀਟਰਿਕ ਟਨ ਝੋਨੇ ਦੀ ਖ਼ਰੀਦ ਦਾ ਟੀਚਾ ਮਿੱਥਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਮੰਡੀਆਂ ਵਿੱਚ ਕਿਸਾਨਾਂ ਨੂੰ ਝੋਨੇ ਦੀ ਫ਼ਸਲ ਵੇਚਣ ਵਿੱਚ ਕੋਈ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਨਿਰਧਾਰਤ ਮਾਪਦੰਡਾਂ ਅਨੁਸਾਰ ਹੀ ਝੋਨਾ ਮੰਡੀਆਂ ਵਿੱਚ ਲਿਆਂਦਾ ਜਾਵੇ ਤਾਂ ਜੋ ਖ਼ਰੀਦ ਏਜੰਸੀਆਂ ਨੂੰ ਝੋਨਾ ਖ਼ਰੀਦਣ ਵਿੱਚ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

# ਹੜ੍ਹ ਪੀੜਤਾਂ ਲਈ ਪਾਥ ਫਾਊਂਡੇਸ਼ਨ ਵੱਲੋਂ ਕੰਬਲ, ਮੈਡੀਸਨ ਤੇ ਹੋਰ ਜ਼ਰੂਰੀ ਸਾਮਾਨ ਰਵਾਨਾ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ)**- ਹੜ੍ਹ ਦੌਰਾਨ ਜਿਹੜੇ ਪਰਵਾਰਾਂ ਦੇ ਘਰ ਡਿੱਗ ਪਏ ਸਨ ਅਤੇ ਉਹ ਖੁੱਲ੍ਹੇ ਅਸਮਾਨ ਹੇਠਾਂ ਡੇਰਾ ਲਾ ਕੇ ਗੁਜ਼ਾਰਾ ਕਰ ਰਹੇ ਹਨ ਉਨ੍ਹਾਂ ਪਰਵਾਰਾਂ ਨੂੰ ਪਾਥ ਫਾਊਂਡੇਸ਼ਨ ਕੰਪਨੀ ਦੇ ਡਾਇਰੈਕਟਰ ਨਵਨੀਤ ਸ਼ਰਮਾ ਦੀਆਂ ਹਦਾਇਤਾਂ ਅਨੁਸਾਰ ਅੱਜ ਚੋਲਾਂਗ ਟੋਲ ਪਲਾਜ਼ਾ ਦੇ ਲਾਸਨਿੰਗ ਮੈਨੇਜਰ ਹਰਵਿੰਦਰ ਪਾਲ ਸਿੰਘ ਸੋਨੂੰ ਤੇ ਮੈਨੇਜਰ ਮੁਬਾਰਕ ਦੀ ਅਗਵਾਈ ਅਤੇ ਡਿਪਟੀ ਜਨਰਲ ਮੈਨੇਜਰ ਅਰੁਣ ਚੌਧਰੀ, ਸ਼ਿਆਮ ਕੇਵਤ, ਪ੍ਰਭਾਤ ਕੁਮਾਰ, ਗੌਰਵ ਮਿਸ਼ਰਾ ਦੀ ਦੇਖ-ਰੇਖ ਹੇਠ ਕੰਬਲ, ਮੱਛਰਦਾਨੀਆਂ, ਮੈਡੀਸਨ ਕਿੱਟਾਂ, ਪਾਣੀ ਦੀਆਂ ਪੇਟੀਆਂ, ਪਸ਼ੂਆਂ ਦਾ ਚਾਰਾ ਅਤੇ ਹੋਰ ਜ਼ਰੂਰਤ ਦੇ ਸਾਮਾਨ ਨਾਲ ਭਰੀਆਂ ਟਰਾਲੀਆਂ ਅਤੇ ਜੀਪਾਂ ਹੜ੍ਹ ਪੀੜਤ ਇਲਾਕਿਆਂ ਵਿੱਚ ਲੈ ਕੇ ਗਏ ਤਾਂ ਜੋ ਹੜ੍ਹ ਪ੍ਰਭਾਵਿਤ ਪਰਵਾਰਾਂ ਨੂੰ ਕੁਝ ਕੁ ਰਾਹਤ ਮੁਹੱਈਆ ਕਰਵਾਈ ਜਾ ਸਕੇ।ਇਸ ਮੌਕੇ ਹਰਵਿੰਦਰ ਪਾਲ ਸਿੰਘ ਨੇ ਕਿਹਾ ਕਿ ਹੜ੍ਹ ਆਉਣ ਕਾਰਨ ਕਈ ਪਰਵਾਰਾਂ ਦੀ ਹਾਲਤ ਤਰਸਯੋਗ ਬਣੀ ਹੋਈ ਹੈ ਅਤੇ ਲੋਕਾਂ ਦਾ ਕੀਮਤੀ ਸਮਾਨ ਤੇ ਕੱਪੜੇ ਆਦਿ ਸਭ ਖਰਾਬ ਹੋ ਗਏ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਹੜ੍ਹ ਦਾ ਗੰਦਾ ਪਾਣੀ ਆਉਣ ਕਾਰਨ ਮੱਛਰ ਦੀ ਭਰਮਾਰ ਹੋ ਗਈ ਹੈ ਜਿਸ ਕਾਰਨ ਕਈ ਪ੍ਰਕਾਰ ਦੀਆਂ ਬਿਮਾਰੀਆਂ ਫੈਲ ਰਹੀਆਂ ਹਨ। ਅਜਿਹੇ ਮੌਕੇ ਤੇ ਇਨ੍ਹਾਂ ਪਰਿਵਾਰਾਂ ਦੀ ਸਾਡੀ ਸੰਸਥਾ ਵੱਲੋਂ ਮੱਛਰਾਂ ਤੋਂ ਬਚਣ ਲਈ ਮੱਛਰਦਾਨੀਆਂ, ਦਵਾਈਆਂ ਅਤੇ ਠੰਡ ਤੋਂ ਬਚਾਵ ਲਈ ਕੰਬਲ ਆਦੀ ਸਹਾਇਤਾ ਵਜੋਂ ਦਿੱਤੇ ਜਾ ਰਹੇ ਹਨ।ਮੈਨੇਜਰ ਮੁਬਾਰਕ ਨੇ ਕਿਹਾ ਕਿ ਉਨ੍ਹਾਂ ਕਿਹਾ ਕਿ ਸਾਡੀ ਕੰਪਨੀ ਵੱਲੋਂ ਦਿੱਤੀ ਜਾ ਰਹੀ ਇਹ ਸਹਾਇਤਾ ਅਗਾਂਹ ਵੀ ਜਾਰੀ ਰਹੇਗੀ ।ਇਸ ਮੌਕੇ ਵਿਦਿਆ ਸਾਗਰ, ਗੋਪਾਲ ਸਿੰਘ, ਬਲਜਿੰਦਰ ਸਿੰਘ, ਗੌਰਵ, ਮਨਜੀਤ ਸਿੰਘ, ਸਤਨਾਮ ਸਿੰਘ, ਐਮੀ ਬਾਜਵਾ, ਅਮਨ ਸਿੰਘ, ਮਨਦੀਪ ਸਿੰਘ, ਬਲਜਿੰਦਰ ਸਿੰਘ ਅਤੇ ਸਮੂਹ ਟੋਲ ਪਲਾਜ਼ਾ ਸਟਾਫ ਹਾਜ਼ਰ ਸਨ।

# ਪਟਾਕਿਆਂ ਦੀਆਂ ਆਰਜ਼ੀ ਦੁਕਾਨਾਂ ਦੇ ਆਰਜ਼ੀ ਲਾਇਸੰਸਾਂ ਦੇ ਡਰਾਅ 9 ਅਕਤੂਬਰ ਨੂੰ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਜਾਰੀ ਕੀਤੇ ਆਦੇਸ਼ਾਂ ਅਤੇ ਡਾਇਰੈਕਟਰ, ਉਦਯੋਗ ਅਤੇ ਵਣਜ ਵਿਭਾਗ, ਪੰਜਾਬ, ਚੰਡੀਗੜ੍ਹ ਵੱਲੋਂ ਜਾਰੀ ਕੀਤੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਦੀਵਾਲੀ/ਗੁਰਪੁਰਬ ਦੇ ਮੌਕੇ ਤੇ ਪਟਾਖਿਆਂ ਦੀਆਂ ਆਰਜ਼ੀ ਦੁਕਾਨਾਂ ਲਗਾਉਣ ਲਈ, ਆਰਜ਼ੀ ਲਾਇਸੰਸ ਜਾਰੀ ਕਰਨ ਲਈ ਡਰਾਅ ਕੱਢਣ ਦੀ ਮਿਤੀ 9 ਅਕਤੂਬਰ ਨੂੰ ਦੁਪਹਿਰ 12 ਵਜੇ ਨਿਰਧਾਰਤ ਕੀਤੀ ਗਈ ਹੈ। ਜ਼ਿਲ੍ਹਾ ਮੈਜਿਸਟਰੇਟ ਸ਼੍ਰੀਮਤੀ ਕੋਮਲ ਮਿੱਤਲ ਨੇ ਦੱਸਿਆ ਕਿ ਕੇਵਲ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਚਾਹਵਾਨ ਵਿਅਕਤੀ ਪੰਜਾਬ ਸਰਕਾਰ ਦੀ ਵੈੱਬਸਾਈਟ https://punjab.gov.in/forms/ ਤੋਂ ਐਪਲੀਕੇਸ਼ਨ ਫਾਰਮ ਜੋ ਕਿ 'ਟੈਂਪਰੇਰੀ ਲਾਇਸੰਸ ਫਾਰ ਸੇਲ ਆਫ ਫਾਇਰਕਰੈਕਰਸ' ਤਹਿਤ ਅਪਲੋਡ ਹੈ, ਨੂੰ ਡਾਊਨਲੋਡ ਕਰਕੇ ਮਿਤੀ 23, 24 ਅਤੇ 25 ਸਤੰਬਰ 2025 ਤੱਕ, ਸ਼ਾਮ 5.00 ਵਜੇ ਤੋਂ ਪਹਿਲਾਂ-ਪਹਿਲਾਂ ਆਪਣੀਆਂ ਦਰਖਾਸਤਾਂ, ਰਿਹਾਇਸ਼ ਦੇ ਘੱਟੋ-ਘੱਟ ਦੋ ਸਬੂਤਾਂ ਸਮੇਤ, ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਵੱਖ-ਵੱਖ ਸੇਵਾ ਕੇਂਦਰਾਂ ਵਿਖੇ ਪੇਸ਼ ਕਰ ਸਕਦੇ ਹਨ। ਨਿਰਧਾਰਤ ਸਮੇਂ ਤੋਂ ਬਾਅਦ ਪ੍ਰਾਪਤ ਦਰਖਾਸਤਾਂ ਪ੍ਰਵਾਨ ਨਹੀਂ ਕੀਤੀਆਂ ਜਾਣਗੀਆਂ। ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਇੱਕ ਵਿਅਕਤੀ ਇੱਕ ਹੀ ਦਰਖਾਸਤ ਪੇਸ਼ ਕਰ ਸਕਦਾ ਹੈ। ਇੱਕ ਤੋਂ ਵੱਧ ਦਰਖਾਸਤ ਮੰਨਣ ਯੋਗ ਨਹੀਂ ਹੋਵਗੀ।

# ਲੜਕੀਆਂ ਦੇ ਕਬੱਡੀ ਟੂਰਨਾਮੈਂਟ ਹੋਏ ਸਮਾਪਤ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਮਾਣਯੋਗ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ੍ਰੀ ਪ੍ਰੇਮ ਕੁਮਾਰ ਮਿੱਤਲ ਦੇ ਹੁਕਮਾਂ ਅਨੁਸਾਰ ਅਤੇ ਜ਼ਿਲ੍ਹਾ ਕੋਆਰਡੀਨੇਟਰ ਸ਼ਰਨਜੀਤ ਕੌਰ ਦੀ ਯੋਗ ਅਗਵਾਈ ਨਾਲ ਸਰਕਾਰੀ ਹਾਈ ਸਕੂਲ ਅਗੰਮਪੁਰ ਵਿਖੇ ਲੜਕੀਆਂ ਦੇ ਜ਼ਿਲ੍ਹਾ ਪੱਧਰੀ ਸਰਕਲ ਸਟਾਈਲ ਕਬੱਡੀ ਟੂਰਨਾਮੈਂਟ ਸਮਾਪਤ ਹੋਏ। ਇਸ ਟੂਰਨਾਮੈਂਟ ਵਿੱਚ ਕਨਵੀਨਰ ਹੈੱਡ ਮਿਸਟ੍ਰੈੱਸ ਰੁਪਿੰਦਰਜੀਤ ਕੌਰ ਤੇ ਉਪ ਕਨਵੀਨਰ ਅਸ਼ੋਕ ਕੁਮਾਰ ਪੀ ਟੀ ਆਈ ਨੇ ਡਿਊਟੀ ਨਿਭਾਈ। ਜ਼ੋਨਲ ਪ੍ਰਧਾਨ ਮੈਡਮ ਸੁਖਪਾਲ ਕੌਰ ਨੇ ਵੀ ਪੂਰਾ ਸਹਿਯੋਗ ਦਿੱਤਾ।ਮੈਚ ਸ਼ੁਰੂ ਹੋਣ ਮੌਕੇ ਅਗੰਮਪੁਰ ਦੇ ਸਰਪੰਚ ਜੋਤੀ ਰਾਣਾ ਨੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ। ਪਿੰਡ ਅਗੰਮਪੁਰ ਦੇ ਨੌਜਵਾਨ ਆਗੂ ਉੱਘੇ ਸਮਾਜ ਸੇਵੀ ਨਿਤਿਨ ਨੰਦਾ ਨੇ ਖਿਡਾਰੀਆਂ ਨੂੰ ਅਸ਼ੀਰਵਾਦ ਦੇ ਨਾਲ ਨਾਲ 5100 ਰੁਪਏ ਦੀ ਨਕਦ ਰਾਸ਼ੀ ਦੇ ਕੇ ਸਨਮਾਨਤ ਕੀਤਾ।

18-Sep-PAGE-9.-Advt-18.qxd 9/17/2025 11:15 PM Page 1



# ਨਸ਼ਾ ਤੇ ਵਿਦਿਆਰਥੀ ਕਦੇ ਇੱਕ ਨਹੀਂ ਹੋ ਸਕਦੇ : ਚਮਨ ਸਿੰਘ

**ਬਲਾਚੌਰ (ਜਸਵਿੰਦਰ ਬੈਂਸ)**- ਰੈੱਡ ਕਰਾਸ ਨਸ਼ਾ ਪੀੜਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਸਕੂਲ ਆਫ ਐਮੀਨੈਂਸ (ਮਹਿੰਦੀਪੁਰ ) ਬਲਾਚੌਰ ਵਿਖੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਾ ਵਿਰੋਧੀ ਅਤੇ ਵਿਸ਼ਵ ਮੁੱਢਲੀ ਸਹਾਇਤਾ ਦਿਵਸ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ । ਇਸ ਕੈਂਪ ਦੀ ਪ੍ਰਧਾਨਗੀ ਜਗਮੋਹਨ ਸਿੰਘ (ਕਾਰਜਕਾਰੀ ਪ੍ਰਿੰਸੀਪਲ) ਨੇ ਕੀਤੀ। ਚਮਨ ਸਿੰਘ (ਪ੍ਰੋਜੈਕਟ ਡਾਇਰੈਕਟਰ) ਨੇ ਸਕੂਲ ਦੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਸਭ ਤੋਂ ਪਹਿਲਾਂ ਰੈੱਡ ਕਰਾਸ ਦੀ ਸਥਾਪਨਾ ਬਾਰੇ ਸੰਖੇਪ ਵਿੱਚ ਗੱਲਬਾਤ ਕੀਤੀ।ਉਨ੍ਹਾ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਨਸ਼ਾ ਬਹੁਤ ਹੀ ਵੱਡੀ ਸਮੱਸਿਆ ਬਣ ਚੁੱਕਾ ਹੈ। ਕਿਉਕਿ ਅੱਜ ਜ਼ਿਆਦਾ ਗਿਣਤੀ ਵਿੱਚ ਵਿਦਿਆਰਥੀ ਵੀ ਨਸ਼ੇ ਦੀ ਗ੍ਰਿਫ਼ਤ ਵਿੱਚ ਆ ਰਹੇ ਹਨ। ਉਹਨਾਂ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਬਹੁਤ ਹੀ ਸਮੱਸਿਆਵਾਂ ਆਉਂਦੀਆਂ ਹਨ, ਪਰ ਵਿਦਿਆਰਥੀ ਤੇ ਨਸ਼ਾ ਕਦੇ ਇੱਕ ਨਹੀ ਹੋ ਸਕਦੇ । ਇਸ ਦੌਰਾਨ ਉਨ੍ਹਾ ਨਸ਼ੇ ਦੀ ਵਰਤੋਂ ਨਾਲ ਹੋਣ ਵਾਲੀਆਂ ਬਿਮਾਰੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਦੱਸਿਆ ਕਿ ਜਿਹੜੇ ਲੋਕ ਨਸ਼ੇ ਦੇ ਆਦੀ ਹਨ, ਉਹ ਆਪ ਤਾਂ ਮਾਨਸਿਕ ਤੇ ਸਰੀਰਕ ਤੌਰ ਤੇ ਰੋਗੀ ਹੁੰਦੇ ਹਨ, ਇਸ ਨਾਲ ਉਨਾ ਦੇ ਪਰਿਵਾਰਕ ਮੈਂਬਰ ਵੀ ਮਾਨਸਿਕ ਰੋਗੀ ਹੁੰਦੇ ਹਨ। ਉਨਾ ਨੇ ਨਸ਼ੇ ਤੋਂ ਦੂਰ ਰਹਿਣ ਲਈ ਕਈ ਨੁਕਤੇ ਸਾਂਝੇ ਕੀਤੇ । ਇਸ ਮੌਕੇ ਜਸਵਿੰਦਰ ਕੌਰ (ਕਾਊਂਸਲਰ) ਨੇ ਸੈਂਟਰ ਵਿਖੇ ਮਰੀਜ਼ਾਂ ਦੇ ਇਲਾਜ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ । ਇਸ ਤੋਂ ਇਲਾਵਾ ਉਹਨਾਂ ਵਲੋਂ ਵਿਸ਼ਵ ਮੁੱਢਲੀ ਸਹਾਇਤਾ ਦਿਵਸ ਦੇ ਮੌਕੇ ਵਿਦਿਆਰਥੀਆਂ ਨੂੰ ਸੀ.ਪੀ.ਆਰ ਬਾਰੇ ਵੀ ਡੈਮੋ ਦਿੱਤਾ ਕਿ ਕਿਸ ਤਰ੍ਹਾਂ ਬਨਾਵਟੀ ਸਾਹਾਂ ਅਤੇ ਛਾਤੀ ਦੇ ਦਬਾਅ ਨਾਲ ਅਸੀ ਕਿਸੇ ਵਿਅਕਤੀ ਦੀ ਜਾਨ ਨੂੰ ਬਚਾ ਸਕਦੇ ਹਾਂ । ਉਹਨਾਂ ਬੇਹੋਸ਼ੀ, ਸੱਪ ਦੇ ਡੰਗ, ਡੁੱਬਣਾ, ਦਿਲ ਦਾ ਦੌਰਾ, ਨੱਕ ਵਿੱਚੋਂ ਖ਼ੂਨ ਦਾ ਵਗਣਾ ਆਦਿ ਦੀ ਮੁੱਢਲੀ ਸਹਾਇਤਾ ਬਾਰੇ ਵੀ ਪ੍ਰੈਕਟੀਕਲ ਰੂਪ ਵਿੱਚ ਜਾਣਕਾਰੀ ਦਿੱਤੀ ਤੇ ਕਿਹਾ ਕਿ ਸਾਨੂੰ ਰੈੱਡ ਕਰਾਸ ਨਾਲ ਜੁੜਨਾ ਚਾਹੀਦਾ ਹੈ ਤਾਂ ਜੋ ਅਸੀ ਮਾਨਵਤਾ ਦੀ ਸੇਵਾ ਦੇ ਭਾਗੀਦਾਰ ਬਣ ਸਕੀਏ । ਇਸ ਮੌਕੇ ਪਰਵੇਸ਼ ਕੁਮਾਰ (ਸਟਾਫ ਮੈਂਬਰ) ਵਲੋਂ ਵੀ ਰੈੱਡ ਕਰਾਸ ਦੀਆਂ ਗਤੀਵਿਧੀਆਂ ਬਾਰੇ ਗੱਲਬਾਤ ਕੀਤੀ ਗਈ । ਇਸ ਮੌਕੇ ਤੇ ਜਗਮੋਹਨ ਸਿੰਘ (ਕਾਰਜਕਾਰੀ ਪ੍ਰਿੰਸੀਪਲ) ਨੇ ਵਿਦਿਆਰਥੀ ਨੂੰ ਨਸ਼ੇ ਦੇ ਪ੍ਰਤੀ ਜਾਗਰੂਕ ਕੀਤਾ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਜਸਵਿੰਦਰ ਪਾਲ ਬੈਂਸ ਅਤੇ ਸਟਾਫ ਮੈਂਬਰ ਦਰਸ਼ਨ ਸਿੰਘ, ਬਲਵੰਤ ਸਿੰਘ, ਵਿਜੇ ਚੌਧਰੀ, ਰਵਿੰਦਰ ਸਿੰਘ, ਫਕੀਰ ਚੰਦ, ਲਖਵੀਰ ਰਾਮ, ਸੁਰਿੰਦਰ ਸਿੰਘ, ਨੀਨਾ ਕੁਮਾਰੀ, ਸੋਨੀਆ ਚੌਧਰੀ, ਸੌਨੀਆਂ ਦੁੱਗਲ, ਨੀਨਾ ਕੁਮਾਰੀ, ਵੰਦਨਾ ਮਿਨਹਾਸ, ਹਾਜਿਰ ਸਨ।



# ਝੋਨੇ ਦੀ ਫਸਲ ਦੀ ਖਰੀਦ ਲਈ ਮਾਰਕੀਟ ਕਮੇਟੀ ਵੱਲੋਂ ਤਿਆਰੀਆਂ ਸ਼ੁਰੂ : ਚੇਅਰਮੈਨ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਪੰਜਾਬ ਮੰਡੀ ਬੋਰਡ ਅਧੀਨ ਆਉਂਦੀ ਮਾਰਕੀਟ ਕਮੇਟੀ ਟਾਂਡਾ ਵਿੱਚ ਆਉਣ ਵਾਲੇ ਝੋਨੇ ਦੇ ਸੀਜਨ ਦੌਰਾਨ ਖਰੀਦ ਪ੍ਰਬੰਧਾਂ ਦੀਆਂ ਤਿਆਰੀਆਂ ਕਰਨ ਵਾਸਤੇ ਮਾਰਕੀਟ ਕਮੇਟੀ ਟਾਂਡਾ ਦੇ ਅਧਿਕਾਰੀਆਂ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ। ਚੇਅਰਮੈਨ ਮਾਰਕੀਟ ਕਮੇਟੀ ਟਾਂਡਾ ਚੌਧਰੀ ਰਾਜਵਿੰਦਰ ਸਿੰਘ ਰਾਜਾ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਦੌਰਾਨ ਮਾਰਕੀਟ ਕਮੇਟੀ ਟਾਂਡਾ ਦੇ ਸਮੁੱਚੇ ਸਟਾਫ ਮੈਂਬਰਾਂ ਨੇ ਭਾਗ ਲਿਆ। ਮੀਟਿੰਗ ਦੌਰਾਨ ਸੰਬੋਧਨ ਕਰਦੇ ਹੋਏ ਚੇਅਰਮੈਨ ਚੌਧਰੀ ਰਾਜਵਿੰਦਰ ਸਿੰਘ ਰਾਜਾ ਨੇ ਕਿਹਾ ਕਿ ਆਉਣ ਵਾਲੇ ਸਮੇਂ ਦੌਰਾਨ ਹਾੜੀ ਸਾਉਣੀ ਦੀ ਪ੍ਰਮੁੱਖ ਝੋਨੇ ਦੀ ਫਸਲ ਵਾਸਤੇ ਮਾਰਕੀਟ ਕਮੇਟੀ ਵੱਲੋਂ ਸਮੁੱਚੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਕਿ ਕਿਸਾਨਾਂ ਨੂੰ ਝੋਨੇ ਦੀ ਫਸਲ ਵੇਚਣ ਸਮੇਂ ਕਿਸੇ ਵੀ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ। ਉਹਨਾਂ ਕਿਹਾ ਕਿ ਮਾਰਕੀਟ ਕਮੇਟੀ ਵੱਲੋਂ ਇਸ ਵਾਸਤੇ ਹੁਣ ਤੋਂ ਹੀ ਤਿਆਰੀਆਂ ਦੀ ਆਰੰਭਤਾ ਕਰ ਦਿੱਤੀ ਗਈ ਹੈ ਅਤੇ ਅਨਾਜ ਮੰਡੀ ਟਾਂਡਾ ਦੀ ਸਫਾਈ ਕਰਵਾ ਕੇ ਹੋਰ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ। ਉਹਨਾਂ ਦੱਸਿਆ ਕਿ ਮਾਰਕੀਟ ਕਮੇਟੀ ਟਾਂਡਾ ਦੀ ਪ੍ਰਮੁੱਖ ਅਨਾਜ ਮੰਡੀ ਟਾਂਡਾ ਅਤੇ ਇਸ ਦੀਆਂ ਸਹਾਇਕ ਮੰਡੀਆਂ ਜਲਾਲਪੁਰ, ਨੱਥੂਪੁਰ, ਮਿਆਣੀ ਕੰਧਾਲਾ ਸ਼ੇਖਾਂ, ਕੰਧਾਲਾ ਜੱਟਾਂ, ਘੋੜੇਵਾਹਾ, ਖੋਖਰ ਮੰਡੀ ਵਿੱਚ ਫਸਲ ਦੀ ਹੋਣ ਵਾਲੀ ਆਮਦ ਨੂੰ ਦੇਖਦੇ ਹੋਏ ਅਧਿਕਾਰੀਆਂ ਵੱਲੋਂ ਸਮੁੱਚੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਮਾਰਕੀਟ ਕਮੇਟੀ ਟਾਂਡਾ ਦੇ ਸਕੱਤਰ ਹਰਪ੍ਰੀਤ ਸਿੰਘ ਜੌਹਲ, ਲੇਖਾਕਾਰ ਸਤਨਾਮ ਸਿੰਘ, ਮੰਡੀ ਸੁਪਰਵਾਈਜ਼ਰ ਅਮਰਜੀਤ ਸਿੰਘ, ਮੰਡੀ ਸੁਪਰਵਾਈਜ਼ਰ ਨਵਰੀਤ ਸਿੰਘ ਵੀ ਹਾਜ਼ਰ ਸਨ।

## ਪੰਜਾਬ ਰਾਜ ਖ਼ੁਰਾਕ ਕਮਿਸ਼ਨ ਵੱਲੋਂ ਸੋਸ਼ਲ ਆਡਿਟ, ਹੜ੍ਹਾਂ ਦੇ ਪ੍ਰਭਾਵ ਬਾਰੇ ਵਿਸਥਾਰਿਤ ਚਰਚਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸੂਬੇ ਵਿੱਚ ਪੋਸ਼ਣ ਯੋਜਨਾਵਾਂ ਦੀ ਪ੍ਰਭਾਵਸ਼ਾਲੀ ਢੰਗ ਨਾਲ ਨਿਗਰਾਨੀ ਅਤੇ ਲਾਗੂ ਕਰਨ ਦੇ ਉਦੇਸ਼ ਨਾਲ ਪੰਜਾਬ ਰਾਜ ਖ਼ੁਰਾਕ ਕਮਿਸ਼ਨ ਵੱਲੋਂ ਸੈਕਟਰ-26, ਚੰਡੀਗੜ੍ਹ ਸਥਿਤ ਆਪਣੇ ਮੁੱਖ ਦਫ਼ਤਰ ਵਿਖੇ ਸ਼੍ਰੀ ਬਾਲ ਮੁਕੰਦ ਸ਼ਰਮਾ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ। ਮੀਟਿੰਗ ਦੇ ਏਜੰਡੇ ਵਿੱਚ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੁਆਰਾ ਮਿਡ-ਡੇ ਮੀਲ (ਪ੍ਰਧਾਨ ਮੰਤਰੀ ਪੋਸ਼ਣ ਯੋਜਨਾ) ਦੇ ਸੋਸ਼ਲ ਆਡਿਟ 'ਤੇ ਵਿਸਤ੍ਰਿਤ ਚਰਚਾ ਸ਼ਾਮਿਲ ਸੀ। ਕਮਿਸ਼ਨ ਵੱਲੋਂ ਵਿੱਤੀ ਸਾਲ 2025-26 ਵਿੱਚ ਅਮਲ 'ਚ ਲਿਆਂਦੇ ਜਾਣ ਵਾਲੇ ਨਵੇਂ ਸਟੱਡੀ ਪ੍ਰੋਜੈਕਟਾਂ ਸਬੰਧੀ ਪ੍ਰਸਤਾਵਾਂ ਦੀ ਸਮੀਖਿਆ ਵੀ ਕੀਤੀ ਗਈ। ਮੀਟਿੰਗ ਵਿੱਚ 19 ਤੋਂ 21 ਅਗਸਤ, 2025 ਤੱਕ ਕੀਤੇ ਗਏ ਤੇਲੰਗਾਨਾ ਰਾਜ ਖ਼ੁਰਾਕ ਕਮਿਸ਼ਨ ਦੇ ਅਧਿਐਨ ਦੌਰੇ ਦੀ ਰਿਪੋਰਟ ਵੀ ਪੇਸ਼ ਕੀਤੀ ਗਈ। ਇਸ ਦੌਰਾਨ ਪੰਜਾਬ ਦੇ ਪੋਸ਼ਣ ਅਤੇ ਨਿਗਰਾਨ ਢਾਂਚੇ ਨੂੰ ਮਜ਼ਬੂਤ ਕਰਨ ਲਈ ਤੇਲੰਗਾਨਾ ਵਿੱਚ ਅਪਣਾਏ ਜਾ ਰਹੇ ਕੁਝ ਬਿਹਤਰੀ ਅਭਿਆਸਾਂ ਨੂੰ ਅਪਣਾਉਣ ਬਾਰੇ ਸੁਝਾਅ ਦਿੱਤੇ ਗਏ।



# ਬਲੱਡ ਬੈਂਕ ਫਗਵਾੜਾ ਵਿਖੇ ਲਗਾਇਆ ਦੰਦਾਂ ਤੇ ਜਬਾੜ੍ਹਿਆਂ ਦਾ 460ਵਾਂ ਫਰੀ ਕੈਂਪ



**ਫਗਵਾੜਾ (ਜਸਵਿੰਦਰ ਢੱਡਾ)**- ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਮਿੱਠੀ ਯਾਦ ਨੂੰ ਸਮਰਪਿਤ ਦੰਦਾਂ ਅਤੇ ਜਬਾੜਿਆਂ ਦਾ 460ਵਾਂ ਫਰੀ ਕੈਂਪ ਬਲੱਡ ਬੈਂਕ ਦੇ ਸਰਪ੍ਰਸਤ ਕੇ.ਕੇ. ਸਰਦਾਨਾ ਦੀ ਰਹਿਨੁਮਾਈ ਅਤੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਨਿਗਰਾਨੀ ਹੇਠ ਲਗਾਇਆ ਗਿਆ। ਜਿਸ ਦਾ ਉਦਘਾਟਨ ਮੁੱਖ ਮਹਿਮਾਨ ਡਾ. ਦਰਸ਼ਨ ਬੱਧਣ (ਐਮ.ਡੀ., ਮੈਡੀਸਨ) ਸਿਵਲ ਹਸਪਤਾਲ ਫਗਵਾੜਾ ਵਲੋਂ ਕੀਤਾ ਗਿਆ। ਉਹਨਾਂ 8 ਬਜ਼ੁਰਗਾਂ ਨੂੰ ਨਵੇਂ ਤਿਆਰ ਕੀਤੇ ਜਬਾੜੇ ਵੰਡੇ ਅਤੇ ਬਲੱਡ ਬੈਂਕ ਵਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ। ਕੈਂਪ ਦੌਰਾਨ ਸੀ.ਐਮ.ਸੀ. ਲੁਧਿਆਣਾ ਤੋਂ ਡਾ. ਤਮਨਪ੍ਰੀਤ ਸਿੰਘ ਦੀ ਅਗਵਾਈ ਹੇਠ ਪਹੁੰਚੀ ਮਾਹਰ ਡਾਕਟਰਾਂ ਦੀ 25 ਮੈਂਬਰੀ ਮੋਬਾਈਲ ਟੀਮ ਨੇ ਕਰੀਬ 100 ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ। ਲੋੜਵੰਦਾਂ ਦੇ ਦੰਦ ਸਾਫ਼ ਕੀਤੇ ਗਏ ਅਤੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ। ਲੋੜਵੰਦਾਂ ਦੇ 25 ਨਵੇਂ ਜਬਾੜੇ ਤਿਆਰ ਕਰਨ ਦੀ ਅਗਲੀ ਪ੍ਰਕ੍ਰਿਆ ਪੂਰੀ ਕੀਤੀ ਗਈ। ਇਸ ਤੋਂ ਇਲਾਵਾ ਮਰੀਜ਼ਾਂ ਦੇ ਟੁੱਟੇ ਦੰਦਾਂ ਦੀ ਫਿਲਿੰਗ ਵੀ ਕੀਤੀ ਗਈ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਅਗਲਾ ਕੈਂਪ 1 ਅਕਤੂਬਰ ਦਿਨ ਬੁੱਧਵਾਰ ਨੂੰ ਲਗਾਇਆ ਜਾਵੇਗਾ। ਇਸ ਮੌਕੇ ਕ੍ਰਿਸ਼ਨ ਕੁਮਾਰ, ਮੋਹਨ ਲਾਲ ਤਨੇਜਾ, ਤਾਰਾ ਚੰਦ ਚੁੰਬਰ, ਰਮਨ ਨਹਿਰਾ ਆਦਿ ਹਾਜਰ ਸਨ।

# ਹਰਜੋਤ ਬੈਂਸ ਨੇ ਤਾਰਾਪੁਰ ਦੀਆਂ ਸਮੱਸਿਆਵਾ ਹੱਲ ਕਰਨ ਦੇ ਦਿੱਤੇ ਨਿਰਦੇਸ਼



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਨੇ ਆਪਣੇ ਵਿਧਾਨ ਸਭਾ ਹਲਕੇ ਦੇ ਪਿੰਡ ਤਾਰਾਪੁਰ ਦਾ ਦੌਰਾ ਕਰਕੇ ਉਥੇ ਦੇ ਲੋਕਾਂ ਦੀਆਂ ਮੁਸ਼ਕਿਲਾ ਹੱਲ ਕਰਨ ਲਈ ਅਧਿਕਾਰੀਆਂ ਨੂੰ ਮੌਕੇ ਤੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਨੇ ਸ਼ਿਵਾਲਿਕ ਦੀਆਂ ਪਹਾੜੀਆਂ ਦੇ ਨਾਲ ਲੱਗਦੇ ਨੀਮ ਪਹਾੜੀ ਖੇਤਰ ਤੋ ਖੱਡ ਵਿਚ ਆ ਰਹੇ ਬਰਸਾਤ ਦੇ ਪਾਣੀ ਨਾਲ ਇਸ ਇਲਾਕੇ ਦੇ ਰਿਹਾਇਸ਼ੀ ਘਰਾਂ ਦਾ ਖਾਰ ਲੱਗਣ ਨਾਲ ਹੋਏ ਨੁਕਸਾਨ ਦਾ ਜਾਇਜਾ ਲਿਆ ਅਤੇ ਅਧਿਕਾਰੀਆਂ ਨੂੰ ਖੱਡ ਦੇ ਪਾਣੀ ਦਾ ਰਾਹ ਬਦਲਣ ਲਈ ਢੁਕਵੀ ਕਾਰਵਾਈ ਕਰਨ ਲਈ ਕਿਹਾ। ਸ.ਬੈਂਸ ਨੇ ਕਿਹਾ ਕਿ ਪਿੰਡ ਦੀ ਡਿਸਪੈਂਸਰੀ ਜੋ ਕਿ ਅਕੈਡਮੀ ਦੀ ਚਾਰਦੀਵਾਰੀ ਵਿਚ ਆ ਗਈ ਹੈ ਤੋਂ ਲੋਕਾਂ ਨੂੰ ਲੋੜੀਦੀਆਂ ਢੁਕਵੀਆਂ ਮੈਡੀਕਲ ਸਿਹਤ ਸਹੂਲਤਾਂ ਉਪਲੱਬਧ ਕਰਵਾਉਣ ਲਈ ਕਾਰਵਾਈ ਕਰਨ ਦੇ ਹੁਕਮ ਦਿੱਤੇ ਹਨ।ਸ.ਬੈਂਸ ਨੇ ਕਿਹਾ ਕਿ ਹੜ੍ਹਾਂ ਦੌਰਾਨ ਹੋਏ ਨੁਕਸਾਨ ਦੀ ਵਿਸੇਸ਼ ਗਿਰਦਾਵਰੀ ਚੱਲ ਰਹੀ ਹੈ, ਜਿਸ ਦੀ ਰਿਪੋਰਟ ਆਉਣ ਤੇ ਸੂਚਨਾ ਪੰਜਾਬ ਸਰਕਾਰ ਨੂੰ ਭੇਜੀ ਜਾਵੇਗੀ। ਇਸ ਮੌਕੇ ਜਸਪ੍ਰੀਤ ਸਿੰਘ ਐਸ.ਡੀ.ਐਮ, ਸੂਬੇਦਾਰ ਰਾਜਪਾਲ ਮੋਹੀਵਾਲ ਸਰਪੰਚ, ਰਸਵਿੰਦਰ ਸਿੰਘ ਡਾਇਰੈਕਟਰ, ਦਲੀਪ ਹੰਸ ਦਲਿਤ ਵਿਕਾਸ ਬੋਰਡ ਦਾ ਮੈਂਬਰ, ਸੁਦੇਸ਼ ਕੁਮਾਰੀ ਸਰਪੰਚ ਤਾਰਾਪੁਰ, ਜੁਗਿੰਦਰ ਸਿੰਘ, ਕੇਸਰ ਸਿੰਘ ਸਰਕਲ ਇੰਚਾਰਜ, ਸਮਸ਼ੇਰ ਹਲਕਾ ਕੋਆਰਡੀਨੇਟਰ, ਮਨਿੰਦਰ ਸਿੰਘ ਸਰਪੰਚ ਤੇ ਪਤਵੰਤੇ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਹੜ੍ਹ ਪੀੜਤ ਲੋਕਾਂ ਨੂੰ ਪੂਰਾ ਮੁਆਵਜ਼ਾ ਦਿੱਤਾ ਜਾਵੇ : ਕਰਨ ਸਿੰਘ ਰਾਣਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਦੀ ਤਹਿਸੀਲ ਨਵਾਂਸ਼ਹਿਰ ਇਕਾਈ ਦੀ ਮੀਟਿੰਗ ਸਾਥੀ ਸੁਰਜੀਤ ਸਿੰਘ ਮਲਪੁਰੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਾਥੀ ਕਰਨ ਸਿੰਘ ਰਾਣਾ ਸੂਬਾ ਜਨਰਲ ਸਕੱਤਰ ਨੇ ਕਿਹਾ ਕਿ ਪੰਜਾਬ ਦੇ ਲੋਕ ਪਿਛਲੇ ਇੱਕ ਮਹੀਨੇ ਤੋਂ ਭਾਰੀ ਹੜ੍ਹਾਂ ਦੀ ਮਾਰ ਝੱਲ ਰਹੇ ਹਨ ਜਿਸ ਵਿੱਚ ਲੋਕਾਂ ਦੀ ਜਾਨ ਅਤੇ ਮਾਲ ਦੀ ਭਾਰੀ ਤਬਾਹੀ ਹੋਈ ਹੈ। ਪਰ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਇੱਕ ਦੂਜੇ ਨੂੰ ਮੇਹਣੇ ਮਾਰਨ ਵਿੱਚ ਮਸਰੂਫ ਹਨ। ਜਦ ਕਿ ਪੀੜਤ ਲੋਕਾਂ ਨੂੰ ਅੱਜ ਤੀਕ ਕੋਈ ਵੀ ਰਾਹਤ ਨਹੀਂ ਮਿਲੀ। ਉਹਨਾਂ ਕਿਹਾ ਕਿ 2023 ਦੇ ਹੜ੍ਹਾਂ ਨਾਲ ਹੋਏ ਭਾਰੀ ਨੁਕਸਾਨ ਦਾ ਵੀ ਪੰਜਾਬੀਆਂ ਨੂੰ ਕੋਈ ਮੁਆਵਜ਼ਾ ਨਹੀਂ ਸੀ ਮਿਲਿਆ, ਇਸੇ ਤਰ੍ਹਾਂ ਮੌਜੂਦਾ ਭਾਰੀ ਤਬਾਹੀ ਦਾ ਵੀ ਬਹੁਤ ਨਿਗੂਣਾ ਮੁਆਵਜ਼ਾ ਮਿਲਣ ਦੀ ਸੰਭਾਵਨਾ ਹੈ। ਇਸੇ ਤਰ੍ਹਾਂ ਜਿਸ ਦਾ ਖੇਤ ਉਸ ਦੀ ਰੇਤ ਵੀ ਫਲਾਪ ਹੋਵੇਗੀ। ਸਰਕਾਰ ਖੁਦ ਰੇਤ ਵੇਚ ਕੇ ਪੀੜਤਾਂ ਦੀ ਮਦਦ ਕਰੇ। ਪੰਜਾਬ ਅਤੇ ਦੇਸ਼ ਦੇ ਲੋਕਾਂ ਨੇ ਹੀ ਪੀੜਿਤ ਧਿਰ ਦੀ ਬਾਂਹ ਫੜੀ ਹੈ। ਉਹਨਾਂ ਮੰਗ ਕੀਤੀ ਕਿ ਸਰਕਾਰ ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਪੂਰਾ ਮੁਆਵਜ਼ਾ ਦੇਵੇ ਨਹੀਂ ਤਾਂ ਲੋਕ ਤਿੱਖੇ ਸੰਘਰਸ਼ ਲਈ ਤਿਆਰ ਹੋ ਰਹੇ ਹਨ। ਇਸ ਮੌਕੇ ਬੀਬੀ ਚਰਨਜੀਤ ਕੌਰ ਨਵਾਂ ਸ਼ਹਿਰ ਜ਼ਿਲਾ ਜਨਰਲ ਜਨਰਲ ਸਕੱਤਰ ਨੇ ਕਿਹਾ ਕਿ ਜ਼ਿਲ੍ਹੇ ਅੰਦਰ ਮਨਰੇਗਾ ਦਾ ਕੰਮ ਪੰਜਾਬ ਸਰਕਾਰ ਦੀ ਲਾਪਰਵਾਹੀ ਕਾਰਨ ਲਗਭਗ ਬੰਦ ਹੋ ਚੁੱਕਾ ਹੈ। ਉਹਨਾਂ ਮਨਰੇਗਾ ਕਿਰਤੀਆਂ ਨੂੰ ਅਪੀਲ ਕੀਤੀ ਕਿ ਬਿਨਾਂ ਕਿਸੇ ਦੇਰੀ ਕੰਮ ਪ੍ਰਾਪਤੀ ਲਈ ਬਿਨੈ ਪੱਤਰ ਪੰਚਾਇਤ ਰਾਹੀਂ ਸਬੰਧਤ ਵੀਡੀਓਜ਼ ਨੂੰ ਭੇਜੇ ਜਾਣ ਤਾਂ ਕਿ ਛੇਤੀ ਤੋਂ ਛੇਤੀ ਕੰਮ ਸ਼ੁਰੂ ਕਰਵਾਇਆ ਜਾ ਸਕੇ। ਉਹਨਾਂ ਮੰਗ ਕੀਤੀ ਕਿ ਮਨਰੇਗਾ ਦਾ ਕੰਮ ਬਿਨਾਂ ਕਿਸੇ ਦੇਰੀ ਸ਼ੁਰੂ ਕੀਤਾ ਜਾਵੇ, ਸਾਲ ਵਿੱਚ 200 ਦਿਨ ਦਾ ਕੰਮ ਦਿੱਤਾ ਜਾਵੇ ਅਤੇ ਦਿਹਾੜੀ 700 ਰੁਪਿਆ ਦਿੱਤੀ ਜਾਵੇ। ਇਸ ਮੌਕੇ ਕੋਮਲ ਰਾਣੀ ਤਹਿਸੀਲ ਪ੍ਰਧਾਨ, ਕਿਸਾਨ ਆਗੂ ਕਰਨੈਲ ਸਿੰਘ ਭੱਲਾ, ਨਿਰਮਲ ਸਿੰਘ ਅਤੇ ਜ਼ਿਲ੍ਹਾ ਪ੍ਰਧਾਨ ਸੁਰਜੀਤ ਮੱਲਪੁਰੀ ਨੇ ਵੀ ਵਿਚਾਰ ਪੇਸ਼ ਕੀਤੇ।

# ਵਿਧਾਇਕ ਰਾਜਾ ਨੇ 60 ਲੱਖ ਦੀ ਲਾਗਤ ਨਾਲ ਬਣਨ ਵਾਲੀਆਂ ਸੜਕਾਂ ਦਾ ਨੀਂਹ ਪੱਥਰ ਰੱਖਿਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਵਿਕਾਸ ਪੱਖੋਂ ਸੰਪੂਰਨ ਕਰਨ ਲਈ ਹਰ ਖੇਤਰ ਵਿੱਚ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਨੇ ਪਿੰਡ ਰਲਣਾ ਵਿਖੇ ਹੋਏ ਇੱਕ ਸਮਾਗਮ ਦੌਰਾਨ ਕੀਤਾ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਕਰੀਬ 60 ਲੱਖ ਰੁਪਏ ਦੀ ਲਾਗਤ ਨਾਲ ਰਾਸ਼ਟਰੀ ਮਾਰਗ ਤੋਂ ਪਿੰਡ ਚਨੌਤਾ, ਰੱਲਣਾ ਤੇ ਰਾਵਾਂ ਤੱਕ ਬਣਨ ਵਾਲੀਆਂ ਸੰਪਰਕ ਸੜਕਾਂ ਦਾ ਦੇ ਕਾਰਜ ਦਾ ਨੀਹ ਪੱਥਰ ਰੱਖਿਆ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਸੂਬੇ ਦੇ ਹਰੇਕ ਖੇਤਰ ਵਿੱਚ ਇਤਿਹਾਸਿਕ ਵਿਕਾਸ ਕਾਰਜ ਹੋਏ ਹਨ ਜਿਸ ਕਾਰਨ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੇ ਕੰਮਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ। ਇਸ ਸਮੇਂ ਉਨ੍ਹਾਂ ਪਿੰਡ ਚੁਨੌਤਾ, ਰਾਂਵਾ ਅਤੇ ਇਕੱਤਰ ਹੋਈ ਪਿੰਡ ਰਲਣਾ ਦੀ ਪੰਚਾਇਤ ਦਾ ਧੰਨਵਾਦ ਕਰਦੇ ਹੋਏ ਪਿੰਡਾਂ ਵਿੱਚ ਵਿਕਾਸ ਕਾਰਜ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ,ਸਰਪੰਚ ਸਵਰਨ ਸਿੰਘ ਰੱਲਣਾ, ਸਰਪੰਚ ਸੁਖਜਿੰਦਰ ਸਿੰਘ ਰਾਵਾ, ਸਰਪੰਚ ਪ੍ਰਿਤਪਾਲ ਸਿੰਘ ਚਨੌਤਾ, ਸਤਵਿੰਦਰ ਸਿੰਘ ਰਿੰਪੀ ਰੱਲਣ, ਅਮਰਜੀਤ ਕਲਸੀਆ, ਗੁਰਪ੍ਰੀਤ ਸਿੰਘ, ਮਨਜੀਤ ਕੌਰ, ਦਵਿੰਦਰ ਕੌਰ, ਪਰਮਜੀਤ ਕੋਰ, ਪਰਮਿੰਦਰ ਸਿੰਘ ਵੀ ਹਾਜ਼ਰ ਸਨ।

# ਨਸ਼ੀਲੀਆਂ ਗੋਲੀਆਂ ਸਮੇਤ ਇੱਕ ਕਾਬੂ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਅਤੇ ਪੁਲਸ ਵਿਭਾਗ ਵੱਲੋਂ ਨਸ਼ਿਆਂ ਖਿਲਾਫ ਵਿੱਢੀ ਗਈ ਮੁਹਿੰਮ ਤਹਿਤ ਐਸ ਐਸ ਪੀ ਡਾਕਟਰ ਮਹਿਤਾਬ ਸਿੰਘ ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੀ ਐਸ ਪੀ ਸ਼ਾਮ ਸੁੰਦਰ ਸ਼ਰਮਾ ਬਲਾਚੌਰ ਦੀ ਅਗਵਾਈ ਹੇਠ ਥਾਣਾ ਸਦਰ ਬਲਾਚੌਰ ਦੀ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ। ਐਸ ਐਚ ਓ ਥਾਣਾ ਸਦਰ ਰਕੇਸ਼ਵਿੰਦਰ ਸਿੰਘ ਨੇ ਦੱਸਿਆ ਕਿ ਏ ਐਸ ਆਈ ਓਮ ਪ੍ਰਕਾਸ਼, ਏ ਐਸ ਆਈ ਮਨੋਹਰ ਲਾਲ ਆਦਿ ਸਮੇਤ ਪੁਲਸ ਪਾਰਟੀ ਪਿੰਡ ਗਹੂੰਣ ਤੋਂ ਰੱਕੜਾਂ ਬੇਟ ਸੜਕ 'ਤੇ ਗਸ਼ਤ ਕਰ ਰਹੇ ਸਨ ਕਿ ਅੱਗੇ ਤੋਂ ਇੱਕ ਪੈਦਲ ਤੁਰਿਆ ਆਉਂਦਾ ਮੋਨਾ ਵਿਅਕਤੀ ਪੁਲਸ ਦੀ ਗੱਡੀ ਨੂੰ ਦੇਖ ਕੇ ਪਿੱਛੇ ਮੁੜਨ ਲੱਗਾ ਤਾਂ ਉਸ ਨੇ ਆਪਣੀ ਕੈਪਰੀ ਵਿੱਚੋਂ ਇੱਕ ਕਾਲੇ ਰੰਗ ਦਾ ਲਿਫਾਫਾ ਹੇਠਾਂ ਸੁੱਟ ਦਿੱਤਾ। ਪੁਲਸ ਪਾਰਟੀ ਵੱਲੋਂ ਮੁਸਤੈਦੀ ਨਾਲ ਵਿਅਕਤੀ ਨੂੰ ਕਾਬੂ ਕੀਤਾ ਗਿਆ ਅਤੇ ਨਾਂਅ ਪਤਾ ਪੁੱਛਣ 'ਤੇ ਉਕਤ ਵਿਅਕਤੀ ਨੇ ਆਪਣਾ ਨਾਂਅ ਮਿਲਨ ਸਿੰਘ ਉਰਫ ਮੱਟਾ ਪੁੱਤਰ ਸਤਨਾਮ ਸਿੰਘ ਵਾਸੀ ਪਿੰਡ ਰੱਕੜਾਂ ਬੇਟ ਥਾਣਾ ਬਲਾਚੌਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੱਸਿਆ। ਜਦੋਂ ਉਕਤ ਵਿਅਕਤੀ ਦੁਆਰਾ ਸੁੱਟੀ ਵਸਤੂ ਦੀ ਸ਼ਨਾਖਤ ਕੀਤੀ ਗਈ ਤਾਂ ਉਸ ਵਿੱਚੋਂ ਦੋ ਪੱਤੇ ਨਸ਼ੀਲੀਆਂ ਗੋਲੀਆਂ ਦੇ ਮਿਲੇ ਜਿਨ੍ਹਾਂ ਵਿੱਚ 30 ਗੋਲੀਆਂ ਬਰਾਮਦ ਕੀਤੀਆਂ ਗਈਆਂ। ਕਥਿਤ ਦੋਸ਼ੀ ਵਿਰੁੱਧ ਥਾਣਾ ਸਦਰ ਬਲਾਚੌਰ ਵਿਖੇ ਐਫ ਆਈ ਆਰ ਦਰਜ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ।



# ਕਵੀ ਬਲਵਿੰਦਰ ਗੋਜਰਾ ਦੀ ਪਲੇਠੀ ਪੁਸਤਕ 'ਹਰ.ਫ ਸੁਨਹਿਰੀ' ਦੀ ਘੁੰਡ ਚੁਕਾਈ



**ਅੱਡਾ ਸਰਾਂ (ਜਸਵੀਰ ਕਾਜਲ)**- ਯੂਨਾਨ (ਗ੍ਰੀਸ) ਨਿਵਾਸੀ ਪੰਜਾਬੀ ਕਵੀ ਬਲਵਿੰਦਰ ਗੋਜਰਾ ਸੋਤਲਾ ਦੀ ਪਲੇਠੀ ਪੁਸਤਕ 'ਹਰਫ਼ ਸੁਨਹਿਰੀ' 'ਤੇ ਵਿਚਾਰ-ਚਰਚਾ ਕੀਤੀ ਗਈ ਤੇ ਮਾਝਾ ਪਬਲੀਕੇਸ਼ਨਜ਼ ਵੱਲੋਂ ਸਮਾਗਮ ਦੌਰਾਨ ਘੁੰਡ ਚੁਕਾਈ ਕੀਤੀ। ਬਲਵਿੰਦਰ ਗੋਜਰਾ ਦੀ ਪਲੇਠੀ ਪੁਸਤਕ 'ਹਰਫ਼ ਸੁਨਹਿਰੀ' ਤੇ ਵਿਚਾਰ ਚਰਚਾ ਤੋਂ ਬਾਅਦ ਪੁਸਤਕ ਦੇ ਲੇਖਕ ਬਲਵਿੰਦਰ ਗੋਜਰਾ ਨੇ ਵਿਚਾਰ ਗੋਸ਼ਟੀ ਵਿਚ ਸ਼ਾਮਲ ਸ਼ਖਸੀਅਤਾਂ ਦਾ ਧੰਨਵਾਦ ਕੀਤਾ । ਇਸ ਪ੍ਰੋਗਰਾਮ ਵਿੱਚ ਪਹੁੰਚੇ ਮਹਿਮਾਨਾਂ ਵਲੋ ਕਵੀ ਬਲਵਿੰਦਰ ਗੋਜਰਾ ਨੂੰ ਸਨਮਾਨਤ ਵੀ ਕੀਤਾ ਗਿਆ । ਅੰਤ ਵਿਚ ਸਟੇਜ ਸਕੱਤਰ ਅਮੋਲਕ ਹਲੇਰ ਵਲੋ ਪ੍ਰੋਗਰਾਮ ਵਿਚ ਪਹੁੰਚੇ ਮਹਿਮਾਨਾਂ, ਸ਼ਖਸੀਅਤਾਂ, ਵਿਦਵਾਨਾਂ, ਅਧਿਆਪਕ ਸਾਹਿਬਾਨਾਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਮਾਸਟਰ ਰਾਜ ਕੁਮਾਰ , ਪ੍ਰਿੰਸੀਪਲ ਪਰਮਜੀਤ ਸਿੰਘ , ਮਾਸਟਰ ਲਖਵੀਰ ਸਿੰਘ , ਅਸ਼ੋਕ ਕੁਮਾਰ , ਮਾਸਟਰ ਜਸਵੀਰ ਸਿੰਘ , ਮਾਸਟਰ ਰਾਮ ਸਿੰਘ , ਹਰਬੰਸ ਸਿੰਘ ਸੀਕਰੀ, ਨਰਿੰਦਰ ਪਾਲ, ਹੁਸ਼ਿਆਰਪੁਰ ਹਾਈਕਰ ਗਰੁੱਪ ਤੋਂ ਸੰਜੀਵ ਕੁਮਾਰ ਅਤੇ ਮਾਝਾ ਪਬਲੀਕੇਸ਼ਨਜ਼ ਤੋਂ ਸੱਚਦੀਪ ਸਿੰਘ ਤੋ ਇਲਾਵਾ ਇਲਾਕੇ ਦੀਆਂ ਉੱਘੀਆਂ ਸ਼ਖਸੀਅਤਾਂ ਤੇ ਪਤਵੰਤੇ ਸੱਜਣ ਹਾਜ਼ਰ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜੋਤੀ ਜੋਤ ਪੁਰਬ ਸ਼ਰਧਾ ਨਾਲ ਮਨਾਇਆ

**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**- ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਜੋਤੀ ਜੋਤ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ । ਜੋਤੀ ਜੋਤ ਪੁਰਬ ਦੇ ਸਬੰਧ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਧਾਰਮਿਕ ਸਮਾਗਮ ਵਿੱਚ ਭਾਈ ਜਸਵੰਤ ਸਿੰਘ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜੀਵਨ ਬ੍ਰਿਤਾਂਤ ਅਤੇ ਉਨ੍ਹਾਂ ਦੇ ਸੰਨ 1539 ਈ: ਵਿੱਚ ਜੋਤੀ ਜੋਤ ਸਮਾਉਣ ਦਾ ਪ੍ਰਸੰਗ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸਰਵਣ ਕਰਵਾਇਆ। ਸ਼੍ਰੋਮਣੀ ਪ੍ਰਚਾਰਕ ਭਾਈ ਸੁਖਵਿੰਦਰ ਸਿੰਘ ਦਮਦਮੀ ਟਕਸਾਲ ਵਾਲਿਆਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦੁਆਰਾ ਸਮੂਹ ਮਾਨਵਤਾ ਦੀ ਭਲਾਈ ਲਈ ਕੀਤੀਆਂ ਚਾਰੇ ਉਦਾਸੀਆਂ ਬਾਰੇ ਸੰਖੇਪ ਵਿੱਚ ਸੰਗਤਾਂ ਨੂੰ ਜਾਣੂੰ ਕਰਵਾਇਆ। ਸ਼੍ਰੋਮਣੀ ਪ੍ਰਚਾਰਕ ਭਾਈ ਜਰਨੈਲ ਸਿੰਘ ਜੀ ਲੁਧਿਆਣੇ ਵਾਲਿਆਂ ਆਪਣੇ ਪ੍ਰਵਚਨਾਂ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੁਆਰਾ ਉਚਾਰਨ ਧੁਰ ਕੀ ਬਾਣੀ ਜੋ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਬਿਰਾਜਮਾਨ ਹਨ ਉਨਾਂ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਦਸਿਆ। ਇਸ ਤੋਂ ਇਲਾਵਾ ਬਾਬਾ ਦੀਪ ਸਿੰਘ ਕਵੀਸ਼ਰੀ ਜੱਥਾ, ਮਿੱਤਰ ਪਿਆਰੇ ਨੂੰ ਕੀਰਤਨੀ ਜੱਥਾ, ਹਰਜੱਸ ਕੀਰਤਨੀ ਜੱਥਾ, ਭਗੜਾਨੇ ਵਾਲਿਆਂ ਦਾ ਕਵੀਸ਼ਰੀ ਜੱਥਾ, ਬੀਬੀ ਬਲਵਿੰਦਰ ਕੌਰ , ਭਾਈ ਸੰਤੋਖ ਸਿੰਘ , ਭਾਈ ਰਵਿੰਦਰ ਸਿੰਘ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਗੁਰਮੀਤ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਹਰਿਜਸ ਸੁਨਾ ਕੇ ਨਿਹਾਲ ਕੀਤਾ। ਮਾਹਿਰ ਡਾਕਟਰਾਂ ਵੱਲੋਂ ਮਰੀਜਾਂ ਦਾ ਮੁਆਈਨਾ ਕੀਤਾ ਗਿਆ ਅਤੇ ਦਵਾਈ ਗੁ: ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ। ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ) ਦੀਆਂ ਚੋਣਾਂ ਕਰਾਉਣ ਲਈ ਚੋਣ ਪ੍ਰੋਗਰਾਮ ਕੀਤਾ ਜਾਰੀ

ਜਲਾਲਾਬਾਦ, (ਜੀਤ ਕੁਮਾਰ) ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ) ਦੇ ਸੂਬਾ ਜਨਰਲ ਸਕੱਤਰ ਸੁਰਿੰਦਰ ਕੰਬੋਜ ਸਵਾਹਵਾਲਾ ਤੇ ਸੂਬਾ ਪ੍ਰੈੱਸ ਸਕੱਤਰ ਐਨ.ਡੀ.ਤਿਵਾੜੀ ਨੇ ਜਾਣਕਾਰੀ ਦਿੱਤੀ ਕਿ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ) ਸੂਬਾ ਕਮੇਟੀ ਦੀ ਮੀਟਿੰਗ ਸੂਬਾ ਪ੍ਰਧਾਨ ਨਵਪ੍ਰੀਤ ਬੱਲੀ ਦੀ ਪ੍ਰਧਾਨਗੀ ਹੇਈ ਸੂਬਾ ਕਮੇਟੀ ਦੀ ਮੀਟਿੰਗ ਵਿੱਚ ਈਟੀਟੀ ਤੋਂ ਮਾਸਟਰ ਕਾਡਰ, ਮਾਸਟਰ ਤੋਂ ਲੈਕਚਰਾਰ ਤੇ ਹੈਡਮਾਸਟਰ ਕਾਡਰ, ਲੈਕਚਰਾਰ ਤੋਂ ਪ੍ਰਿੰਸੀਪਲ ਤਰੱਕੀਆਂ ਦਾ ਮੁੱਦਾ ਪ੍ਰਮੁੱਖਤਾ ਨਾਲ ਵਿਚਾਰਿਆ ਗਿਆ। ਇਨ੍ਹਾਂ ਮੁੱਦਿਆਂ 'ਤੇ ਜਥੇਬੰਦੀ ਆਪਣੇ ਪੱਧਰ 'ਤੇ ਅਤੇ ਸਾਂਝੇ ਅਧਿਆਪਕ ਮੋਰਚੇ ਦੇ ਮੁਹਾਜ ਤੋਂ ਲਗਾਤਾਰ ਸਰਕਾਰ ਤੇ ਦਬਾਅ ਬਣਾ ਕੇ ਰੱਖਿਆ ਜਾਵੇਗਾ। ਮਾਸਟਰ ਕੇਡਰ ਤੋਂ 1200 ਲੈਕਚਰਾਰ ਜੋ ਪ੍ਰਮੋਟ ਕੀਤੇ ਹਨ, ਉਨ੍ਹਾਂ ਨੂੰ ਜਲਦ ਤੋਂ ਜਲਦ ਸਟੇਸ਼ਨ ਅਲਾਟ ਕੀਤੇ ਜਾਣ।

ਮੀਟਿੰਗ ਵਿੱਚ ਅਧਿਆਪਕਾਂ ਦੀਆਂ ਹੋਈਆਂ ਬਦਲੀਆਂ ਨੂੰ ਲਾਗੂ ਕਰਾਉਣ ਲਈ ਡਾਇਰੈਕਟਰ ਸਕੂਲ ਸਿੱਖਿਆ ਨਾਲ 50% ਦੀ ਸ਼ਰਤ ਨੂੰ ਖਤਮ ਕਰਾਉਣ ਅਤੇ ਸਿੰਗਲ ਅਧਿਆਪਕ ਦੀ ਹੋਈ ਬਦਲੀ ਲਾਜ਼ਮੀ ਲਾਗੂ ਕਰਾਉਣ ਲਈ ਜਲਦੀ ਮੀਟਿੰਗ ਕਰਨ ਦਾ ਫੈਸਲਾ ਕੀਤਾ ਗਿਆ ।

ਹੜ ਪ੍ਰਭਾਵਤ ਇਲਾਕਿਆਂ ਦੀ ਮਦਦ ਲਈ ਫੰਡ ਮੁਹਿੰਮ ਤੇਜ਼ ਕਰਨ ਦਾ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ। ਹੜ੍ਹ ਪ੍ਰਭਾਵਤ ਏਰੀਏ ਦੇ ਸਕੂਲ ਵਿਦਿਆਰਥੀਆਂ ਲਈ ਬੈਗ ਸਟੇਸ਼ਨਰੀ ਤੇ ਮੈਡੀਕਲ ਕਿੱਟਾਂ ਦਾ ਪਰਬੰਧ ਕੀਤਾ ਜਾਵੇਗਾ। ਐੱਸ.ਟੀ.ਐਫ. ਆਈ.ਆਈ. ਤੇ ਏ.ਆਈ.ਐੱਸ.ਜੀ.ਈ.ਐਫ ਵੱਲੋਂ ਕੌਮੀ ਤੇ ਪੰਜਾਬ ਦੇ ਮੁਲਾਜ਼ਮਾਂ ਦੇ 11 ਸੂਤਰੀ ਮੰਗ-ਪੱਤਰ ਵਿੱਚ ਦਰਜ ਮੰਗਾਂ ਨੂੰ ਲਾਗੂ ਕਰਾਉਣ ਲਈ ਜ਼ਿਲ੍ਹਾ ਪੱਧਰੀ ਧਰਨੇ ਦੇ ਕੇ ਮੰਗ ਪੱਤਰ ਦੇਣ ਦਾ ਫੈਸਲਾ ਕੀਤਾ ਗਿਆ। ਸਾਂਝੇ ਫਰੰਟ ਦੇ 15-17 ਸਤੰਬਰ ਦੇ ਮੰਗ ਪੱਤਰ ਤੇ 11 ਅਕਤੂਬਰ ਨੂੰ ਸੰਗਰੂਰ ਧਰਨੇ ਲਈ ਟੀਚਰਜ਼ ਯੂਨੀਅਨ (ਵਿਗਿਆਨਕ) ਵੱਲੋਂ ਹਰੇਕ ਜ਼ਿਲ੍ਹੇ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

ਮੀਟਿੰਗ ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ) ਦੀਆਂ ਚੋਣਾਂ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ ਤੇ ਚੋਣਾਂ ਸਬੰਧੀ ਪ੍ਰੋਗਰਾਮ ਜਾਰੀ ਕੀਤਾ ਗਿਆ। ਜ਼ਿਲ੍ਹਾ ਪ੍ਰਧਾਨਾਂ ਤੇ ਬਲਾਕ ਪ੍ਰਧਾਨਾਂ ਲਈ 5 ਅਕਤੂਬਰ ਨੂੰ ਨਾਮਜ਼ਦਗੀਆਂ ਜ਼ਿਲ੍ਹਾ ਪੱਧਰ ਤੇ ਕੀਤੀਆਂ ਜਾ ਸਕਦੀਆਂ ਹਨ। ਜ਼ਿਲ੍ਹਾ ਪ੍ਰਧਾਨ ਤੇ ਬਲਾਕ ਪ੍ਰਧਾਨ ਦੀਆਂ ਚੋਣਾਂ ਲਈ ਵੋਟਾਂ ਜ਼ਿਲ੍ਹਾ ਪੱਧਰ 'ਤੇ 12 ਅਕਤੂਬਰ ਨੂੰ ਪੈਣਗੀਆਂ। ਮੀਟਿੰਗ ਵਿੱਚ ਸੂਬਾ ਮੀਤ ਪ੍ਰਧਾਨ ਪਰਗਟ ਸਿੰਘ ਜੰਬਰ, ਵਿੱਤ ਸਕੱਤਰ ਸੋਮ ਸਿੰਘ, ਪ੍ਰੈੱਸ ਸਕੱਤਰ ਐਨ.ਡੀ.ਤਿਵਾੜੀ, ਜਥੇਬੰਦਕ ਸਕੱਤਰ ਕੰਵਲਜੀਤ ਸੰਗੋਵਾਲ, ਦਫ਼ਤਰ ਸਕੱਤਰ ਗੁਰਜੀਤ ਸਿੰਘ ਮੋਹਾਲੀ, ਜਗਤਾਰ ਸਿੰਘ ਖਮਾਣੋਂ, ਕਮਲ ਨੰਡਾ, ਮੇਜਰ ਸਿੰਘ ਫਾਜ਼ਿਲਕਾ, ਗੁਰਪ੍ਰੀਤ ਸਿੰਘ ਮੁਕਤਸਰ, ਰਸ਼ਮਿੰਦਰ ਪਾਲ ਸੋਨੂੰ, ਮਨਜੀਤ ਸਿੰਘ ਆਦਮਪੁਰ, ਰਜਨੀ ਪ੍ਰਕਾਸ਼ ਗੁਰਦਾਸਪੁਰ, ਅਸ਼ਵਨੀ ਕੁਮਾਰ, ਵਿਜੇ ਕੁਮਾਰ, ਸੁਮੇਸ਼ ਕੁਮਾਰ, ਤੇਜਬੀਰ ਸਿੰਘ ਤੇਜੀ ਮਾਲੋਵਾਲ, ਜਗਜੀਤ ਸਿੰਘ ਫਤਹਿਪੁਰ, ਆਤਮਦੇਵ ਸਿੰਘ, ਗੁਰਵਿੰਦਰ ਸਿੰਘ ਗੁਰਦਾਸਪੁਰ, ਸੁਖਪ੍ਰੀਤ ਸਿੰਘ ਮੋਹਾਲੀ, ਸਾਥੀ ਗੁਰਮੀਤ ਸਿੰਘ, ਗੁਰਸੇਵਕ ਸਿੰਘ, ਸੁਖਵਿੰਦਰ ਸਿੰਘ, ਇਕਬਾਲ ਸਿੰਘਹਰੀਸ਼ ਕੁਮਾਰ ਸ਼ਰਮਾਂ, ਸੰਦੀਪ ਕੰਬੋਜ, ਪੰਕਜ ਕੁਮਾਰ ਜਲੰਧਰ, ਵਿਜੇ ਕੁਮਾਰ, ਸੁਖਵਿੰਦਰ ਸਿੰਘ ਆਦਿ ਆਗੂ ਸ਼ਾਮਲ ਹੋਏ।




ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਕ) ਦੇ ਸੂਬਾਈ ਤੇ ਜ਼ਿਲ੍ਹਾ ਆਗੂ ਮੀਟਿੰਗ ਦੇ ਦੌਰਾਨ ਇਕੱਠੇ ਹੋਏ।

## ਪੰਜਾਬੀ ਯੂਨੀਵਰਸਿਟੀ ਤੋਂ ਚਾਰ ਲੜਕੀਆਂ ਦੀ ਅਮਰੀਕੀ ਕੰਪਨੀ ਸੇਫਇਉਨ 'ਚ ਲੱਗੀ ਨੌਕਰੀ

ਪਟਿਆਲਾ, (ਰਾਜਿੰਦਰ ਸਿੰਘ ਥਿੰਦ) ਪੰਜਾਬੀ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਤੇ ਇੰਜਨੀਅਰਿੰਗ ਵਿਭਾਗ ਤੋਂ ਚਾਰ ਵਿਦਿਆਰਥੀ ਲੜਕੀਆਂ ਦੀ ਅਮਰੀਕੀ ਕੰਪਨੀ ਸੇਫਇਉਨ ਵਿੱਚ ਨੌਕਰੀ ਲਈ ਚੋਣ ਹੋਈ ਹੈ।ਅਨੰਨਿਆ ਸੋਈ, ਗੀਤਿਕਾ, ਗੁਰਸੀਰਤ ਕੌਰ ਤੇ ਪੱਲਵੀ ਨਾਮਕ ਇਹ ਲੜਕੀਆਂ ਕੰਪਨੀ ਵਿੱਚ ਐੱਸ.ਓ.ਸੀ. ਐਨਾਲਿਸਟਜ਼ ਵਜੋਂ ਕਾਰਜ ਕਰਨਗੀਆਂ।

ਉਪ ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਵਿਦਿਆਰਥੀ ਲੜਕੀਆਂ, ਉਨ੍ਹਾਂ ਦੇ ਵਿਭਾਗ ਤੇ ਪਲੇਸਮੈਂਟ ਸੈੱਲ ਨੂੰ ਮੁਬਾਰਕ ਦਿੱਤੀ ਗਈ।

ਵਿਭਾਗ ਮੁਖੀ ਡਾ. ਜਸਵਿੰਦਰ ਸਿੰਘ, ਜੋ ਯੂਨੀਵਰਸਿਟੀ ਪਲੇਸਮੈਂਟ ਦੇ ਡਾਇਰੈਕਟਰ ਵੀ ਹਨ, ਨੇ ਦੱਸਿਆ ਕਿ ਸੇਫਇਉਨ ਆਈ.ਐਨ.ਸੀ. ਇੱਕ ਯੂ.ਐੱਸ. ਏ. ਅਧਾਰਤ ਨਾਮੀ ਕੰਪਨੀ ਹੈ, ਜੋ ਸਾਇਬਰ ਸੁਰੱਖਿਆ ਦੇ ਖੇਤਰ ਵਿੱਚ ਆਪਣੀਆਂ ਸੇਵਾਵਾਂ ਮੁਹੱਈਆ ਕਰਾਉਂਦੀ ਹੈ।ਕੰਪਨੀ ਦਾ ਟੈਕਨੀਕਲ ਦਫ਼ਤਰ ਯੂ.ਐੱਸ.ਏ. ਦੀ ਸਿਲੀਕੌਨ ਵੈਲੀ, ਕੈਨੇਡਾ ਦੀ ਸ਼ਾਰਲੇਟਾਊਨ ਤੇ ਯੂ.ਕੇ. ਦੇ ਬੈਡਫੋਰਡ ਤੋਂ ਇਲਾਵਾ ਪੰਜਾਬ ਦੇ ਮੋਹਾਲੀ 'ਚ ਵੀ ਹੈ।

# ਮਮਤਾ ਭੁਪੇਸ਼ ਨੇ ਕੀਤੀ ਵਰਕਰਾਂ ਨਾਲ ਸੰਗਠਨ ਸਿਰਜਨ ਅਭਿਆਨ ਤਹਿਤ ਮੀਟਿੰਗ

ਬਠਿੰਡਾ (ਪਰਵਿੰਦਰ ਜੀਤ ਸਿੰਘ) ਕਾਂਗਰਸ ਪਾਰਟੀ ਵੱਲੋਂ ਜ਼ਿਲ੍ਹਾ ਪ੍ਰਧਾਨ ਦੀ ਚੋਣ ਲਈ ਚਲਾਏ ਸੰਗਠਨ ਸਿਰਜਣ ਅਭਿਆਨ ਤਹਿਤ ਜ਼ਿਲ੍ਹਾ ਕਾਂਗਰਸ ਕਮੇਟੀ ਬਠਿੰਡਾ ਦਿਹਾਤੀ ਦੇ ਵਰਕਰਾਂ ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਖੁਸ਼ਬਾਜ ਸਿੰਘ ਜਟਾਣਾ ਦੀ ਅਗਵਾਈ ਵਿੱਚ ਹੋਈ, ਜਿਸ ਨੂੰ ਸੰਬੋਧਨ ਕਾਰਨ ਲਈ ਅਬਜਰਵਰ ਰਾਜਸਥਾਨ ਦੇ ਸਾਬਕਾ ਮੰਤਰੀ ਮਮਤਾ ਭੁਪੇਸ਼ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਉਨ੍ਹਾਂ ਨਾਲ ਸਹਾਇਕ ਅਬਜਰਵਰ ਗੁਰਪ੍ਰੀਤ ਸਿੰਘ ਵਿੱਕੀ ਮਾਨਸਾ ਤੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਤੇ ਸੱਤਪਾਲ ਵੀ ਹਾਜ਼ਰ ਹੋਏ।

ਇਸ ਮੌਕੇ ਜ਼ਿਲ੍ਹਾ ਬਠਿੰਡਾ ਦਿਹਾਤੀ ਦੀ ਸਮੁੱਚੀ ਕਾਂਗਰਸ ਲੀਡਰਸ਼ਿਪ ਤੇ ਵਰਕਰ ਤੇ ਵੱਖ ਵੱਖ ਪਿੰਡਾਂ ਦੇ ਅਹੁਦੇਦਾਰ ਹਾਜ਼ਰ ਸਨ।ਮਮਤਾ ਭਪੇਸ਼ ਨੇ ਕਿਹਾ ਕਿ ਜ਼ਿਲ੍ਹਾ ਬਠਿੰਡਾ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ 'ਚ ਜਾ ਕੇ ਵਰਕਰਾਂ ਦੀ ਰਾਏ ਲਈ ਜਾ ਰਹੀ ਹੈ, ਕਿਉਂਕਿ ਆਲ ਇੰਡੀਆ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਿਕਾ ਅਰਜੁਨ ਖੜਗੇ ਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਦੇ ਦਿਸ਼ਾ ਨਿਰਦੇਸ਼ ਤੇ ਵਰਕਰਾਂ ਦੀ ਰਾਏ ਨਾਲ ਜ਼ਿਲ੍ਹਾ ਪ੍ਰਧਾਨ ਦੀ ਚੋਣ ਹੋਣੀ ਹੈ, ਇਸੇ ਲੜੀ ਤਹਿਤ ਬਠਿੰਡਾ ਦਿਹਾਤੀ ਦੇ ਵਰਕਰਾਂ ਨਾਲ ਮੀਟਿੰਗ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਆਉਂਦੇ ਦਿਨਾਂ 'ਚ ਵਿਧਾਨ ਸਭਾ ਹਲਕਾ ਬਠਿੰਡਾ ਸ਼ਹਿਰੀ ਭੁੱਚੋ ਮੰਡੀ ਮੌੜ ਮੰਡੀ ਰਾਮਪੁਰਾ ਤੇ ਹੋਰ ਹਲਕਿਆਂ ਅਤੇ ਵੱਖ-ਵੱਖ ਵਿੰਗਾਂ ਦੇ ਮੈਂਬਰਾਂ ਨਾਲ ਵੀ ਮੀਟਿੰਗ ਕਰਕੇ ਜ਼ਿਲ੍ਹਾ ਪ੍ਰਧਾਨ ਦੀ ਚੋਣ ਲਈ ਰਾਏ ਲਈ ਜਾਵੇਗੀ।

ਉਨ੍ਹਾਂ ਪੰਜਾਬ ਦੇ ਮੌਜੂਦਾ ਹਾਲਾਤ 'ਤੇ ਚਿੰਤਾ ਜ਼ਾਹਰ ਕਰਦੇ ਦੋਸ਼ ਲਾਏ ਕੇ ਪੰਜਾਬ ਦੀ ਮਾਨ ਸਰਕਾਰ ਤੇ ਕੇਂਦਰ ਦੀ ਮੋਦੀ ਸਰਕਾਰ ਮਿਲੀ ਭੁਗਤ ਨਾਲ ਖੇਡਾਂ ਖੇਡ ਰਹੀ ਹੈ, ਜਦੋਂ ਕਿ ਨੁਕਸਾਨ ਆਮ ਲੋਕਾਂ ਦਾ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ 12 ਹਜ਼ਾਰ ਕਰੋੜ ਰੁਪਏ ਐਸਡੀਆਰਐਫ਼ ਦੇ ਤੇ 1600 ਕਰੋੜ ਰੁਪਏ ਪ੍ਰਧਾਨ ਮੰਤਰੀ ਦੇ ਰਾਹਤ ਪੈਕੇਜ ਵਾਲੇ ਕਿਸ ਨੂੰ ਮਿਲੇ, ਕਿੱਥੇ ਖਰਚ ਹੋਏ ਮਿਲੇ ਜਾਂ ਨਹੀਂ ਮਿਲੇ, ਦੋਨਾਂ ਸਰਕਾਰਾਂ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਲੋਕ ਹਿੱਤ ਲੀਡਰ ਹਨ ਤੇ ਪਿਛਲੇ ਦਿਨੀਂ ਉਨ੍ਹਾਂ ਵੱਲੋਂ ਹੜ ਪ੍ਰਭਾਵਤ ਇਲਾਕਿਆਂ ਦਾ ਦੌਰਾ ਕਰਕੇ ਮੁਸ਼ਕਲਾਂ ਵੀ ਸੁਣੀਆਂ।ਇਸ ਮੌਕੇ ਰਾਹੁਲ ਗਾਂਧੀ ਨੂੰ ਰਾਵੀ ਦਰਿਆ ਦੇ ਪਾਰ ਜਾਣ ਵੀ ਨਹੀਂ ਦਿੱਤਾ, ਜਿਸ ਤੋਂ ਸਰਕਾਰ ਦੀਆਂ ਮਾੜੀਆਂ ਨੀਤੀਆਂ ਸਾਹਮਣੇ ਆਉਂਦੀਆਂ ਹਨ।ਪੰਜਾਬ ਦੀ ਕਾਂਗਰਸ ਲੀਡਰਸ਼ਿਪ ਦੀ ਹਮਾਇਤ ਕਰਦਿਆਂ ਕਿਹਾ ਕਿ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਦੀ ਸਰਕਾਰ ਬਣਨੀ ਤੈਅ ਹੈ, ਕਿਉਂਕਿ ਲੋਕ ਕਾਂਗਰਸ ਨੂੰ ਬਦਲ ਵਜੋਂ ਦੇਖ ਰਹੇ ਹਨ ਅਤੇ 'ਆਪ', ਭਾਜਪਾ ਤੇ ਸ਼੍ਰੋਮਣੀ ਅਕਾਲੀ ਦਲ ਤੋਂ ਲੋਕ ਨਾਰਾਜ਼ ਹਨ।

# ਦਾਖਲੀ ਪੱਲਾ ਮੇਘਾ ਮਹੰਦੇ ਵਾਲੀ ਚੌਕੀ ਦੇ ਕਿਸਾਨਾਂ ਦੀ ਫੜੀ ਬਾਂਹ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਅੰਤਰਰਾਸ਼ਟਰੀ ਜੱਟ ਸਿੱਖ ਭਾਈਚਾਰਾ ਜਥੇਬੰਦੀ ਵੱਲੋਂ ਪੰਜਾਬੀ ਫਿਲਮ ਐਕਟਰ ਤੇ ਜਥੇਬੰਦੀ ਦੇ ਪੈਟਰਨ ਹੌਬੀ ਧਾਲੀਵਾਲ ਦੇ ਸਹਿਯੋਗ ਨਾਲ ਦਾਖਲੀ ਪੱਲਾ ਮੇਘਾ ਚੌਕੀ ਮਹੰਦੇ ਵਾਲੀ ਦੇ ਕਰੀਬ ਪੱਚੀ ਪਰਵਾਰਾਂ ਦੀ 200 ਏਕੜ ਜ਼ਮੀਨ ਨੂੰ ਠੀਕ ਕਰਕੇ ਦੇਣ ਦਾ ਸ੍ਰੀ ਅਕਾਲ ਤਖਤ ਸਾਹਿਬ ਤੇ ਹੋਈ ਇਕੱਤਰਤਾ ਵਿੱਚ ਵਾਅਦਾ ਕੀਤਾ ਗਿਆ ਹੈ। ਯਾਦ ਰਹੇ ਕਿ ਇਸ ਤੋਂ ਪਹਿਲਾਂ ਵੀ ਜਥੇਬੰਦੀ ਨੇ ਆਪਣੇ ਮੈਂਬਰਾਂ ਤੇ ਹੌਬੀ ਧਾਲੀਵਾਲ ਦੇ ਸਹਿਯੋਗ ਨਾਲ ਫੀਡ, ਚਾਰੇ ਤੇ ਰਾਸ਼ਨ ਦੀ ਸੇਵਾ ਕੀਤੀ ਹੈ।

ਜ਼ਿਲ੍ਹਾ ਫਿਰੋਜ਼ਪੁਰ ਦੀ ਕਮਾਂਡ ਸੰਭਾਲ ਰਹੇ ਜਥੇਬੰਦੀ ਦੇ ਸੂਬਾ ਆਗੂ ਸਿਮਰਜੀਤ ਸਿੰਘ ਸੰਧੂ ਨੇ ਦੱਸਿਆ ਕਿ ਦਾਖਲੀ ਪੱਲਾ ਮੇਘਾ ਮਹੰਦੇ ਵਾਲੀ ਚੌਕੀ ਵਿਖੇ ਜਿਨ੍ਹਾਂ ਪਰਵਾਰਾਂ ਦੀ ਜਥੇਬੰਦੀ ਤੇ ਹੌਬੀ ਧਾਲੀਵਾਲ ਨੇ ਬਾਂਹ ਫੜੀ ਹੈ, ਉਨ੍ਹਾਂ ਕੋਲ ਬਹੁਤ ਥੋੜ੍ਹੀਆਂ ਜ਼ਮੀਨਾਂ ਹਨ, ਜੋ ਪਾਣੀ ਦੀ ਮਾਰ ਵਿਚ ਆਈਆਂ ਹਨ ਤੇ ਜ਼ਿੰਮੀਂਦਾਰਾਂ ਪੱਲੇ ਕੱਖ ਵੀ ਨਹੀਂ ਬਚਿਆ ਹੈ। ਜਥੇਬੰਦੀ ਵੱਲੋਂ ਦੱਸਿਆ ਕਿ ਜਥੇਬੰਦੀ ਬੇਸ਼ੱਕ ਨਿਰੋਲ ਜੱਟ ਭਾਈਚਾਰੇ ਦੀਆਂ ਹੱਕੀ ਮੰਗਾਂ ਵਾਸਤੇ ਸੰਘਰਸ਼ ਕਰਦੀ ਹੈ, ਪਰ ਜਥੇਬੰਦੀ ਵੱਲੋਂ ਸੇਵਾ ਕਰਦੇ ਹੋਏ ਕਿਤੇ ਕੋਈ ਜਾਤੀ ਵਿਤਕਰਾ ਨਹੀਂ ਕੀਤਾ ਗਿਆ ਹੈ।

ਜਥੇਬੰਦੀ ਵੱਲੋਂ ਅਲੀ ਕੇ, ਹਬੀਬਕੇ, ਮੁੱਠਿਆਂਵਾਲਾ, ਬਣਾਂਵਾਲੀ ਸਭ ਥਾਵਾਂ ਤੇ ਸੇਵਾ ਭੇਜੀ ਗਈ ਹੈ। ਥੋੜ੍ਹੇ ਦਿਨਾਂ 'ਚ ਹੀ ਜਥੇਬੰਦੀ ਵੱਲੋਂ ਪ੍ਰਸ਼ਾਸਨ ਦੀ ਮੱਦਦ ਨਾਲ ਦਾਖਲੀ ਪੱਲਾ ਮੇਘਾ ਵਿਖੇ ਇਕ ਵੱਡਾ ਪ੍ਰੋਗਰਾਮ ਕੀਤਾ ਜਾਏਗਾ, ਜਿਸ 'ਚ ਹੌਬੀ ਧਾਲੀਵਾਲ, ਪੰਜਾਬੀ ਫਿਲਮ ਪ੍ਰੋਡਿਊਸਰ ਬਲਵਿੰਦਰ ਸਿੰਘ ਹੀਰ ਤੇ ਹੋਰ ਵੱਡੇ ਫਿਲਮ ਸਟਾਰ ਪਹੁੰਚਣਗੇ।

## ਸ੍ਰੀ ਅਖੰਡ ਪਾਠ ਸਾਹਿਬ ਕਰਾਏ

ਪਟਿਆਲਾ, (ਰਜਿੰਦਰ ਸਿੰਘ ਥਿੰਦ) ਪੰਜਾਬੀ ਯੂਨੀਵਰਸਿਟੀ ਕੈਂਪਸ 'ਚ ਸਥਿਤ ਗੁਰਦੁਆਰਾ ਸਾਹਿਬ ਦੇ ਸਥਾਪਨਾ ਦਿਵਸ ਨੂੰ ਸਮਰਪਤ ਕਰਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਮੇਂ ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਸ਼ਿਰਕਤ ਕੀਤੀ।ਉਨ੍ਹਾਂ ਇਸ ਮੌਕੇ ਭਾਈ ਸੱਜਣ ਸਿੰਘ ਰਾਗੀ ਜਥੇ ਵੱਲੋਂ ਕੀਤੇ ਸ਼ਬਦ ਕੀਰਤਨ ਨੂੰ ਸਰਵਣ ਕੀਤਾ।

ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾ. ਸੁਖਵਿੰਦਰ ਸਿੰਘ ਨੇ ਦੱਸਿਆ ਕਿ ਮਿਤੀ 13 ਅਪ੍ਰੈਲ 1979 ਨੂੰ ਉਸ ਸਮੇਂ ਦੇ ਉਪ-ਕੁਲਪਤੀ ਡਾ. ਅਮਰੀਕ ਸਿੰਘ ਦੀ ਅਗਵਾਈ ਹੇਠ ਗੁਰਦੁਆਰਾ ਸਾਹਿਬ ਦਾ ਨੀਂਹ ਪੱਥਰ ਰੱਖਿਆ ਗਿਆ ਸੀ।

ਦਰਬਾਰ ਸਾਹਿਬ ਦੀ ਇਮਾਰਤ 13 ਅਪ੍ਰੈਲ 1980 ਤੱਕ ਸੰਪੰਨ ਕੀਤੇ ਜਾਣ ਦਾ ਟੀਚਾ ਰੱਖਿਆ ਗਿਆ ਸੀ, ਪਰ 14 ਸਤੰਬਰ 1980 ਨੂੰ ਉਸ ਸਮੇਂ ਦੇ ਉਪ-ਕੁਲਪਤੀ ਡਾ. ਭਗਤ ਸਿੰਘ ਦੀ ਅਗਵਾਈ ਵਿੱਚ ਪਹਿਲੀ ਵਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਹੋਇਆ ਸੀ।ਉਨ੍ਹਾਂ ਦੱਸਿਆ ਕਿ ਗੁਰੂ ਗ੍ਰੰਥ ਸਾਹਿਬ ਵਿਭਾਗ ਦੇ ਮੁਖੀ ਡਾ. ਤਾਰਨ ਸਿੰਘ ਨੂੰ ਗੁਰਦੁਆਰਾ ਸਾਹਿਬ ਦਾ ਪਹਿਲਾ ਪ੍ਰਧਾਨ ਥਾਪਿਆ ਗਿਆ ਸੀ।

# ਅੰਤਰਰਾਸ਼ਟਰੀ ਜੱਟ ਸਿੱਖ ਭਾਈਚਾਰਾ ਜਥੇਬੰਦੀ ਦੇ ਆਗੂਆਂ ਵੱਲੋਂ ਜਥੇਦਾਰ ਅਕਾਲ ਤਖਤ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਅੰਤਰਰਾਸ਼ਟਰੀ ਜੱਟ ਸਿੱਖ ਭਾਈਚਾਰਾ ਜਥੇਬੰਦੀ ਦੇ ਮੈਂਬਰਾਂ ਵੱਲੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਤੇਜਾ ਸਿੰਘ ਸਮੁੰਦਰੀ ਹਾਲ ਅੰਮ੍ਰਿਤਸਰ ਵਿਖੇ ਬੁਲਾਈ ਗਈ ਇਕੱਤਰਤਾ ਵਿਚ ਹੜ੍ਹ ਪ੍ਰਭਾਵਤ ਲੋਕਾਂ ਦੀ ਮੱਦਦ ਕਰਨ ਲਈ ਕੀਤੇ ਗਏ ਹੁਕਮਾਂ ਤੇ ਦਿਸ਼ਾ-ਨਿਰਦੇਸ਼ਾਂ 'ਤੇ ਵਿਚਾਰ-ਵਟਾਂਦਰਾ ਕਰਨ ਲਈ ਇਕ ਮੀਟਿੰਗ ਵੀਡੀਓ ਕਾਨਫਰੰਸਿੰਗ ਰਾਹੀਂ ਕੀਤੀ ਗਈ।

ਮੀਟਿੰਗ 'ਚ ਜਥੇਬੰਦੀ ਦੇ ਸੇਵਾਦਾਰ ਜਸਬੀਰ ਸਿੰਘ ਸੰਧੂ, ਸਿਮਰਜੀਤ ਸਿੰਘ ਸੰਧੂ, ਜਸਪਾਲ ਸਿੰਘ ਸੰਧੂ, ਗੁਰਨਾਮ ਸਿੰਘ ਸੰਧੂ, ਸੁਰਜੀਤ ਸਿੰਘ ਪੱਡਾ, ਬਲਜੀਤ ਸਿੰਘ ਸੰਧੂ, ਬਲਰਾਜ ਸਿੰਘ ਚੰਨਣ ਖੇੜਾ, ਸਤਵੰਤ ਸਿੰਘ ਸੰਧੂ, ਮਲਕੀਤ ਸਿੰਘ ਗਰੇਵਾਲ, ਕਮਲ ਸੰਧੂ, ਸੁਖਵਿੰਦਰ ਸਿੰਘ ਸਰਪੰਚ, ਮਾਸਟਰ ਮੋਹਰ ਸਿੰਘ ਔਲਖ, ਜਸਬੀਰ ਸਿੰਘ ਪਿਆਰੇਆਣਾ, ਦਲਜੀਤ ਸਿੰਘ ਗੋਲਡੀ ਸੰਧੂ ਸ਼ਾਮਲ ਹੋਏ। ਜਸਬੀਰ ਸਿੰਘ ਸੰਧੂ ਵੱਲੋਂ ਦੱਸਿਆ ਗਿਆ ਕਿ ਜਥੇਦਾਰ ਸਾਹਿਬ ਵੱਲੋਂ ਬੁਲਾਈ ਗਈ ਇਕੱਤਰਤਾ ਵਿੱਚ ਹੜ੍ਹ ਪ੍ਰਭਾਵਤ ਇਲਾਕਿਆਂ ਵਿੱਚ ਇਸ ਵੇਲੇ ਸਰਗਰਮ ਭੂਮਿਕਾ ਨਿਭਾਅ ਰਹੀਆਂ ਪੰਜਾਬ ਤੇ ਪੰਜਾਬ ਤੋਂ ਬਾਹਰ ਦੀਆਂ ਕਰੀਬ 60 ਜਥੇਬੰਦੀਆਂ ਸ਼ਾਮਲ ਹੋਈਆਂ ਸਨ ਤੇ ਉਨ੍ਹਾਂ ਵੱਲੋਂ ਇਸ ਇਕੱਤਰਤਾ ਵਿੱਚ ਆਪਣੀ ਅੰਤਰਰਾਸ਼ਟਰੀ ਜੱਟ ਸਿੱਖ ਭਾਈਚਾਰਾ ਜਥੇਬੰਦੀ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ, ਖਾਲਸਾ ਏਡ, ਦਲ ਖਾਲਸਾ, ਚੀਫ਼ ਖ਼ਾਲਸਾ ਦੀਵਾਨ ਤੇ ਪੰਜਾਬ ਦੀਆਂ ਹੋਰ ਪ੍ਰਮੁੱਖ ਸਮਾਜ ਸੇਵੀ ਤੇ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦੇ ਸ਼ਾਮਲ ਹੋਏ ਸਨ ਤੇ ਉਨ੍ਹਾਂ ਵੱਲੋਂ ਆਪਣੀ ਜਥੇਬੰਦੀ ਦੇ ਮੰਤਵ, ਕਾਰਜ ਤੇ ਜਥੇਬੰਦੀ ਦੇ ਮੈਂਬਰਾਂ/ਵਲੰਟੀਅਰਾਂ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਬਾਰੇ ਸੰਖੇਪ ਜਾਣਕਾਰੀ ਦਿੱਤੀ ਗਈ ਸੀ।



ਜਥੇਦਾਰ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹਾਜ਼ਰ ਜਥੇਬੰਦੀਆਂ ਦੇ ਧਿਆਨ ਵਿਚ ਲਿਆਂਦਾ ਗਿਆ ਕਿ ਹੜ੍ਹ ਪ੍ਰਭਾਵਤ ਲੋਕਾਂ ਦੀ ਆਉਣ ਵਾਲੇ ਮੰਗਲਵਾਰ ਤੱਕ 'ਸਰਕਾਰੇ ਖਾਲਸਾ' ਨਾਂਅ ਦੀ ਇਕ ਵੈੱਬਸਾਈਟ ਬਣਾਈ ਜਾਵੇਗੀ, ਜਿਸ ਉੱਪਰ ਸਾਰੀਆਂ ਜਥੇਬੰਦੀਆਂ ਦੀ ਰਜਿਸਟਰੇਸ਼ਨ ਕੀਤੀ ਜਾਵੇਗੀ, ਹਰ ਜਥੇਬੰਦੀ ਦੇ ਦੋ ਵਲੰਟੀਅਰ ਉਸ ਵੈੱਬਸਾਈਟ ਉਪਰ ਰਜਿਸਟਰਡ ਕੀਤੇ ਜਾਣਗੇ, ਜੋ ਜਥੇਦਾਰ ਸਾਹਿਬ ਵੱਲੋਂ ਕੋਈ ਹੁਕਮ ਆਉਣ 'ਤੇ ਜ਼ਰੂਰਤ ਵਾਲੀ ਜਗ੍ਹਾ 'ਤੇ ਆਪਣੀਆਂ ਸੇਵਾਵਾਂ ਦੇਣ ਲਈ ਹਾਜ਼ਰ ਹੋਣਗੇ। ਜਥੇਦਾਰ ਸਾਹਿਬ ਵੱਲੋਂ ਇਕ ਪੋਰਟਲ ਬਣਵਾਇਆ ਜਾਵੇਗਾ, ਜਿਸ ਉੱਪਰ ਇਹ ਜਾਣਕਾਰੀ ਦਿੱਤੀ ਜਾਵੇਗੀ ਕਿ ਕਿਸ ਜਗ੍ਹਾ 'ਤੇ ਹੜ੍ਹਾਂ ਨਾਲ ਕਿੰਨਾ ਨੁਕਸਾਨ ਹੋਇਆ ਹੈ, ਕਿਹੜੀ ਜਥੇਬੰਦੀ ਉਸ ਜਗ੍ਹਾ 'ਤੇ ਆਪਣੀਆਂ ਸੇਵਾਵਾਂ ਦੇ ਰਹੀ ਹੈ ਜਾਂ ਦੇਵੇਗੀ ਤੇ ਕਿਹੜੀ ਜਥੇਬੰਦੀ ਉਥੇ ਸਹਿਯੋਗ ਦੇਵੇਗੀ। ਇਸ ਤੋਂ ਇਲਾਵਾ ਹੜ੍ਹ ਪ੍ਰਭਾਵਿਤ ਲੋਕਾਂ ਦੇ ਮੁੜ ਵਸੇਬੇ ਲਈ ਜਥੇਦਾਰ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸੇਵਾ ਕਰ ਰਹੇ ਲੋਕਾਂ ਤੇ ਜਥੇਬੰਦੀਆਂ ਦੇ ਵਿਚਕਾਰ ਇਕ ਪੁਲ਼ ਵਾਂਗ ਕੰਮ ਕਰਨ ਪ੍ਰਤੀਬੱਧਤਾ ਪ੍ਰਗਟ ਕੀਤੀ ਗਈ। ਜਥੇਬੰਦੀ ਦੀ ਮੀਟਿੰਗ 'ਚ ਸ਼ਾਮਲ ਮੈਂਬਰਾਂ ਵੱਲੋਂ ਜਥੇਦਾਰ ਦੇ ਇਨ੍ਹਾਂ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ ਤੇ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ ਹੜ੍ਹ ਪ੍ਰਭਾਵਤ ਲੋਕਾਂ ਦੀ ਮੱਦਦ ਲਈ ਜਥੇਦਾਰ ਸ੍ਰੀ ਅਕਾਲ ਤਖ਼ਤ ਦੀ ਟੀਮ ਨੂੰ ਤਨ, ਮਨ, ਧਨ ਨਾਲ ਸਹਿਯੋਗ ਦਿੱਤਾ ਜਾਵੇਗਾ।



## ਬਾਬਾ ਨਿਧਾਨ ਸਿੰਘ ਸੋਢੀ ਦੀ ਯਾਦ ਨੂੰ ਸਮਰਪਤ ਜੋੜ ਮੇਲਾ ਸੰਪੰਨ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)** ਪਿੰਡ ਨਿਧਾਨਾ ਵਿਖੇ ਬਾਬਾ ਨਿਧਾਨ ਸਿੰਘ ਸੋਢੀ ਦੀ ਯਾਦ ਨੂੰ ਸਮਰਪਤ ਜੋੜ ਮੇਲਾ ਅੱਸੂ ਮਹੀਨੇ ਦੀ ਸੰਗਰਾਂਦ ਨੂੰ ਮੇਲਾ ਕਮੇਟੀ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ, ਜਿਸ ਵਿੱਚ ਇਲਾਕੇ ਭਰ ਤੇ ਦੂਰੋਂ ਨੇੜਿਓਂ ਆਈਆਂ ਸੰਗਤਾਂ ਨੇ ਭਾਗ ਲੈ ਕੇ ਹਾਜ਼ਰੀਆਂ ਲਵਾਈਆਂ। ਸਭ ਤੋਂ ਪਹਿਲਾਂ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਗੁਰੂ ਘਰ ਦੇ ਕੀਰਤਨੀਏ ਤੇ ਢਾਡੀ ਜਥਿਆਂ ਵੱਲੋਂ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ ਗਿਆ।ਬੀਤੇ ਦਿਨੀਂ ਪੰਜਾਬ 'ਚ ਆਏ ਹੜ੍ਹਾਂ 'ਚ ਪਸ਼ੂ ਧਨ ਤੇ ਮਰਨ ਵਾਲੇ ਪੰਜਾਬੀਆਂ ਦੀ ਆਤਮਾ ਦੀ ਸ਼ਾਂਤੀ ਤੇ ਪੀੜ੍ਹਤ ਪਰਵਾਰਾਂ ਦੇ ਮੁੜ ਵਸੇਬੇ ਦੀ ਅਰਦਾਸ ਕੀਤੀ ਗਈ। ਮੇਲੇ ਦੌਰਾਨ ਮੱਲਾਂਵਾਲਾ ਤੇ ਖੰਜੂਰੀਆ ਦੀਆਂ ਟੀਮਾਂ ਦਰਮਿਆਨ ਕਬੱਡੀ ਦਾ ਸ਼ੋਅ ਮੈਚ ਕਰਾਇਆ ਗਿਆ।ਫਸਵੇਂ ਮੁਕਾਬਲੇ ਦੌਰਾਨ ਖਜੂਰੀਆ ਦੀ ਟੀਮ ਜੇਤੂ ਰਹੀ।ਜੇਤੂ ਟੀਮ ਟਰਾਫ਼ੀ ਤੇ ਨਕਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ।ਕਬੱਡੀ ਮੈਚ ਦੌਰਾਨ ਕੁਲਦੀਪ ਸਿੰਘ ਵੱਲੋਂ ਆਪਣੇ ਵਿਲੱਖਣ ਅੰਦਾਜ਼ ਵਿੱਚ ਕਮੈਂਟਰੀ ਕਰਕੇ ਮੈਚ ਦਾ ਆਨੰਦ ਲਿਆ ਦਿੱਤਾ। ਇਸ ਮੌਕੇ ਠੰਡਾ ਮਿੱਠਾ ਜਲ ਤੇ ਗੁਰੂ ਕਾ ਅਤੁੱਟ ਲੰਗਰ ਸਾਰਾ ਦਿਨ ਵਰਤਾਇਆ ਗਿਆ।ਇਹ ਮੇਲਾ ਮਿੱਠੀਆਂ ਯਾਦਾਂ ਛੱਡਦਿਆਂ ਤੇ ਅਗਲੇ ਸਾਲ ਫਿਰ ਆਉਣ ਦੇ ਵਾਅਦੇ ਨਾਲ ਸਮਾਪਤ ਹੋ ਗਿਆ।

## ਜ਼ਿਲ੍ਹਾ ਪੱਧਰੀ ਕਵਿਤਾ ਮੁਕਾਬਲੇ 'ਚ ਰਜਨੀ ਬਾਲਾ ਨੂੰ ਦੂਸਰਾ ਸਥਾਨ ਪ੍ਰਾਪਤ

**ਮੰਡੀ ਘੁਬਾਇਆ (ਬਲਵਿੰਦਰ ਸਿੰਘ)**- ਸੋਮਵਾਰ ਨੂੰ ਜ਼ਿਲਾ ਪੱਧਰੀ ਸ਼ਿਵ ਕੁਮਾਰ ਬਟਾਲਵੀ ਦੇ ਜਨਮ ਦਿਹਾੜੇ ਨੂੰ ਸਮਰਪਤ ਕਵਿਤਾ ਮੁਕਾਬਲੇ ਕਰਵਾਏ ਗਏ । ਇਸ ਵਿੱਚ ਜ਼ਿਲ੍ਹਾ ਫਾਜ਼ਿਲਕਾ ਦੇ ਵੱਖ ਵੱਖ ਬਲਾਕਾਂ ਵਿੱਚੋਂ ਪਹਿਲੇ





ਸਥਾਨ 'ਤੇ ਆਉਣ ਵਾਲੇ ਅੱਠ ਬਲਾਕ ਦੇ ਅੱਠ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਵਿੱਚ ਬਲਾਕ ਜਲਾਲਾਬਾਦ 1 ਦੀ ਵਿਦਿਆਰਥਣ ਰਜਨੀ ਬਾਲਾ ਨੇ ਜ਼ਿਲ੍ਹਾ ਪੱਧਰੀ ਕਵਿਤਾ ਮੁਕਾਬਲੇ ਵਿੱਚ ਦੂਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਬਲਾਕ ਜਲਾਲਾਬਾਦ-1 ਦੇ ਬੀ ਪੀ ਓ ਜਸਪਾਲ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸਕੂਲ ਦੇ ਮੁਖੀ ਸੀ ਐਚ ਟੀ ਸ੍ਰੀਮਤੀ ਰਜਨੀ ਬਾਲਾ ਅਤੇ ਇਸ ਬੱਚੇ ਨੂੰ ਤਿਆਰੀ ਕਰਵਾਉਣ ਵਾਲੇ ਉਸ ਦੇ ਗਾਈਡ ਅਧਿਆਪਕ ਪਰਮਿੰਦਰ ਕੌਰ, ਆਰਜੂ ਅਤੇ ਸਮੂਹ ਸਕੂਲ ਸਟਾਫ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਉਨ੍ਹਾਂ ਵੱਲੋਂ ਕਿਹਾ ਗਿਆ ਕਿ ਇਹ ਸਾਡੇ ਬਲਾਕ ਜਲਾਲਾਬਾਦ-1 ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਬੱਚੇ ਨੇ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ ਹੈ। ਇਸ ਤੋਂ ਇਲਾਵਾ ਸਕੂਲ ਮੁਖੀ ਰਜਨੀ ਬਾਲਾ ਵੱਲੋਂ ਅੱਜ ਸਕੂਲ ਪਹੁੰਚਣ 'ਤੇ ਜੇਤੂ ਵਿਦਿਆਰਥਣ ਅਤੇ ਉਸ ਦੇ ਗਾਈਡ ਅਧਿਆਪਕ ਦਾ ਮਾਣ ਸਨਮਾਨ ਕੀਤਾ ਗਿਆ ਅਤੇ ਸਾਰੇ ਬੱਚਿਆਂ ਨੂੰ ਅੱਗੇ ਤੋਂ ਇਸੇ ਤਰ੍ਹਾਂ ਹੋਰ ਮਿਹਨਤ ਕਰਨ ਲਈ ਕਿਹਾ ਗਿਆ।

## ਭਾਜਪਾ ਵੱਲੋਂ ਮੁਕਤਸਰ ਵਿਖੇ ਵੱਖ-ਵੱਖ ਥਾਵਾਂ 'ਤੇ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ ਪੂਜਾ)**- ਭਾਰਤੀ ਜਨਤਾ ਪਾਰਟੀ ਵੱਲੋਂ ਸ੍ਰੀ ਮੁਕਤਸਰ ਸਾਹਿਬ ਵਿਖੇ ਵੱਖ ਵੱਖ ਥਾਵਾਂ ਤੇ ਪੰਜਾਬ ਸਰਕਾਰ ਖਿਲਾਫ ਰੋਸ਼ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਭਾਜਪਾ ਆਗੂਆਂ ਵੱਲੋਂ ਪੰਜਾਬ ਸਰਕਾਰ ਤੋਂ ਹੜ੍ਹ ਪੀੜਤਾਂ ਲਈ ਆਏ ਕਰੋੜਾਂ ਰੁਪਿਆਂ ਦਾ ਹਿਸਾਬ ਮੰਗਿਆ ਗਿਆ।ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਰਾਜੇਸ਼ ਗੋਰਾ ਪਠੇਲਾ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਜੋ ਫੰਡ ਆਇਆ ਉਸ ਦਾ ਸਹੀ ਵਿਤਰਨ ਨਹੀਂ ਹੋ ਰਿਹਾ। ਉਸ ਦੇ ਵਿਰੋਧ ਵਿੱਚ ਅੱਜ ਪੂਰੇ ਪੰਜਾਬ ਦੇ ਵਿੱਚ ਬੀਜੇਪੀ ਵੱਲੋਂ ਪ੍ਰਦਰਸ਼ਨ ਕੀਤਾ ਗਿਆ। ਮੁਕਤਸਰ ਦੇ ਤਿੰਨੋਂ ਮੰਡਲ ਪ੍ਰਧਾਨ ਪੂਜਾ ਕੱਕੜ, ਹਰੀਸ਼ ਵਾਟਸ ਅਤੇ ਰਜਿੰਦਰ ਕੁਮਾਰ ਭੁਜੀਆ ਵਾਲੇ ਦੀ ਅਗਵਾਈ ਦੇ ਵਿੱਚ ਵੱਖ-ਵੱਖ ਥਾਵਾਂ ਤੇ ਭਾਜਪਾ ਵਰਕਰਾਂ ਵੱਲੋਂ ਰੋਸ ਮੁਜ਼ਾਹਰੇ ਕੀਤੇ ਗਏ ਅਤੇ ਪੰਜਾਬ ਸਰਕਾਰ ਖਿਲਾਸ ਨਾਅਰੇਬਾਜ਼ੀ ਕੀਤੀ। ਇਨਾਂ ਪ੍ਰਦਰਸ਼ਨਾਂ ਮੌਕੇ ਭਾਜਪਾ ਦੇ ਸਾਬਕਾ ਜਿਲਾ ਪ੍ਰਧਾਨ ਰਾਜੇਸ਼ ਗੋਰਾ ਪਠੇਲਾ, ਭਾਜਪਾ ਮੰਡਲ ਚੜ੍ਹਦੀ ਕਲਾ ਦੇ ਸਾਬਕਾ ਪ੍ਰਧਾਨ ਰਾਜਕੁਮਾਰ ਭਟੇਜਾ ਮੇਲੂ, ਬ੍ਰਿਜੇਸ਼ ਗੁਪਤਾ, ਭਾਈ ਰਾਹੁਲ ਸਿੱਧੂ, ਸਪੋਕਸਪਰਸਨ ਐਡਵੋਕੇਟ ਅਨੁਰਾਗ ਸ਼ਰਮਾ, ਮਿੰਕਲ ਬਜਾਜ, ਭੰਵਰ ਲਾਲ, ਰਵਿੰਦਰ ਕਟਾਰੀਆ, ਸ਼ਿਵਨੰਦਨ ਬਿੱਲੂ ਕਟਾਰੀਆ, ਵਿਕ੍ਰਾਂਤ ਤੇਰੀਆ, ਰਾਹੁਲ ਕਟਾਰੀਆ, ਮਨੀਸ਼ ਧਮੀਜਾ, ਨਵੀਨ ਕੁਮਾਰ ਨਵੀ ਮੋਰਵਾਲ ਸਮੇਤ ਵੱਡੀ ਗਿਣਤੀ 'ਚ ਭਾਜਪਾ ਵਰਕਰ ਵੀ ਮੌਜੂਦ ਸਨ।

## ਸਵਾਈਟ ਦੇ 15ਵੇਂ ਕਨਵੋਕੇਸ਼ਨ ਵਿੱਚ ਡਾ. ਗੁਰਪ੍ਰੀਤ ਕੌਰ ਮਾਨ ਹੋਣਗੇ ਮੁੱਖ ਮਹਿਮਾਨ

**ਜੈਤੋ (ਸਤੀਸ਼ ਕੁਮਾਰ ਭੀਰੀ)**- ਟੈਲੀਫੋਨ ਰਾਹੀਂ ਗੱਲਬਾਤ ਕਰਦਿਆਂ ਸਵਾਈਟ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਅਸ਼ਵਨੀ ਕੁਮਾਰ ਗਰਗ ਨੇ ਦੱਸਿਆ ਕਿ ਡਾ. ਗੁਰਪ੍ਰੀਤ ਕੌਰ ਮਾਨ



ਸਾਡੇ 15ਵੇਂ ਕਨਵੋਕੇਸ਼ਨ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ।ਉਨ੍ਹਾਂ ਦੀ ਮਾਣਯੋਗ ਮੌਜੂਦਗੀ ਇਸ ਸ਼ਾਨਦਾਰ ਮੌਕੇ ਵਿੱਚ ਬਹੁਤ ਮਹੱਤਵ ਵਧਾਏਗੀ ਜਿੱਥੇ ਅਸੀਂ ਆਪਣੇ ਗ੍ਰੈਜੂਏਟ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਸਮਰਪਣ ਅਤੇ ਪ੍ਰਾਪਤੀਆਂ ਦਾ ਜਸ਼ਨ ਮਨਾਉਂਦੇ ਹਾਂ। ਇਹ ਕਨਵੋਕੇਸ਼ਨ ਸਾਡੇ ਵਿਦਿਆਰਥੀਆਂ ਲਈ ਇੱਕ ਨਵੀਂ ਸ਼ੁਰੂਆਤ ਦੀ ਨਿਸ਼ਾਨਦੇਹੀ ਕਰਦਾ ਹੈ ।ਅਸ਼ਵਨੀ ਗਰਗ ਨੇ ਕਿਹਾ ਕਿ ਅਸੀਂ ਡਾ. ਗੁਰਪ੍ਰੀਤ ਕੌਰ ਮਾਨ ਦਾ ਨਿੱਘਾ ਸਵਾਗਤ ਕਰਦੇ ਹਾਂ ਅਤੇ ਉਨ੍ਹਾਂ ਦੇ ਪ੍ਰੇਰਨਾਦਾਇਕ ਸ਼ਬਦਾਂ ਦੀ ਉਡੀਕ ਕਰਦੇ ਹਾਂ ਜੋ ਸਾਡੇ ਵਿਦਿਆਰਥੀਆਂ ਨੂੰ ਇੱਕ ਉੱਜਵਲ ਭਵਿੱਖ ਵੱਲ ਪ੍ਰੇਰਿਤ ਅਤੇ ਮਾਰਗਦਰਸ਼ਨ ਕਰਨਗੇ।

## ਬਾਬਾ ਫਰੀਦ ਲਾਅ ਕਾਲਜ ਦੇ ਵਿਦਿਆਰਥੀਆਂ ਨੇ ਨੈਸ਼ਨਲ ਲੋਕ ਅਦਾਲਤ 'ਚ ਲਿਆ ਹਿੱਸਾ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**- ਬਾਬਾ ਫਰੀਦ ਲਾਅ ਕਾਲਜ ਫਰੀਦਕੋਟ ਵਿੱਚ ਚੇਅਰਮੈਨ ਸਵ. ਇੰਦਰਜੀਤ ਸਿੰਘ ਖਾਲਸਾ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਅਤੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਦੀ ਅਗਵਾਈ ਹੇਠ





ਕਾਲਜ ਦੇ ਵਿਦਿਆਰਥੀਆਂ ਮੁਸਕਾਨ ਸ਼ਰਮਾ, ਰੁਚੀ, ਗੌਤਮ ਖੁੰਗਰ, ਮਨਮੀਤ ਕੌਰ, ਬਰਜਿੰਦਰ ਸਿੰਘ, ਹਰਸਿਮਰਨ ਕੌਰ, ਤਿਸ਼ਾ ਅਰੋੜਾ, ਵਿਵੇਕ ਸ਼ਰਮਾ, ਰਮਨ, ਨਵਦੀਪ, ਸੰਦੀਪ ਕੌਰ ਅਤੇ ਤਰਨਪ੍ਰੀਤ ਕੌਰ ਨੇ ਜ਼ਿਲ੍ਹਾ ਕੋਰਟ ਫਰੀਦਕੋਟ ਵਿੱਚ ਲਗਾਈ ਗਈ ਨੈਸ਼ਨਲ ਲੋਕ ਅਦਾਲਤ ਵਿੱਚ ਹਿੱਸਾ ਲਿਆ। ਇਸ ਦੌਰਾਨ ਵਿਦਿਆਰਥੀਆਂ ਨੇ ਮਿਸ ਹਰਬੰਸ ਜੱਸੀ ਅਤੇ ਮਿਸ ਪਰਵਿੰਦਰ ਕੌਰ ਦੀ ਨਿਗਰਾਨੀ ਹੇਠ ਲੋਕ ਅਦਾਲਤ ਦੀ ਕਾਰਵਾਈ ਦੀ ਜਾਣਕਾਰੀ ਹਾਸਿਲ ਕੀਤੀ। ਇਸ ਮੌਕੇ ਮਾਨਯੋਗ ਜੱਜ ਸਾਹਿਬਾਨ ਗੁਰਪ੍ਰੀਤ ਕੌਰ (ਚੇਅਰਮੈਨ ਡਿਸਟ੍ਰਿਕਟ ਲੀਗਲ ਸਰਵਿਸ ਅਥਾਰਿਟੀ-ਕਮ-ਸੈਸ਼ਨ ਜੱਜ), ਮਿਸ ਪਰਵੀਨ ਬਾਲੀ (ਪ੍ਰਿੰਸੀਪਲ ਜੱਜ ਫੈਮਲੀ ਕੋਰਟ), ਮਿਸ ਸ਼ੈਪੀ ਚੌਧਰੀ (ਮਾਨਯੋਗ ਜੱਜ) ਅਤੇ ਲਵਦੀਪ ਹੁੰਦਲ (ਸਿਵਲ ਸੀਨੀਅਰ ਡਵੀਜ਼ਨ ਮੈਜਿਸਟ੍ਰੇਟ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਫਰੀਦਕੋਟ) ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਲੋਕ ਅਦਾਲਤ ਵਿੱਚ ਕਿਵੇਂ ਸਿਵਲ ਕੇਸਾਂ, ਫੈਮਿਲੀ ਕੇਸਾਂ ਅਤੇ ਚੈੱਕ ਡਿਸਆਨਰ ਕੇਸਾਂ, ਐਮ ਏ ਸੀ ਟੀ ਅਤੇ ਛੋਟੇ ਅਪਰਾਧਿਕ ਕੇਸਾਂ ਵਿੱਚ ਰਾਜ਼ੀਨਾਮਾ ਕਰਵਾ ਕੇ ਜਲਦੀ ਕੇਸਾਂ ਦਾ ਨਿਪਟਾਰਾ ਕੀਤਾ ਜਾਂਦਾ ਹੈ। ਵਿਦਿਆਰਥੀਆਂ ਦੇ ਕਾਲਜ ਵਿਖੇ ਪੁੱਜਣ 'ਤੇ ਕਾਲਜ ਦੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਨੇ ਜ਼ਿਲ੍ਹਾ ਮੁਫਤ ਕਾਨੂੰਨੀ ਸੇਵਾਵਾਂ ਅਥਾਰਿਟੀ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਅਦਾਲਤੀ ਸਿਸਟਮ ਬਾਰੇ ਜਾਣੂ ਕਰਵਾਇਆ।

## ਮਣੀ ਨਾਲ ਪ੍ਰਵਾਸੀ ਮਜ਼ਦੂਰਾਂ ਵੱਲੋਂ ਕੁੱਟਮਾਰ ਕਰਨਾ ਅਤਿ ਨਿੰਦਣਯੋਗ : ਜਸਵਿੰਦਰ ਵੱਟੂ

**ਮਲੋਟ, ਪੰਨੀ ਵਾਲਾ ਫੱਤਾ, ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ ਪੂਜਾ)**- ਮਨਰੇਗਾ ਵਰਕਰ ਯੂਨੀਅਨ ਪੰਜਾਬ ਦੇ ਪ੍ਰਧਾਨ ਜਸਵਿੰਦਰ ਸਿੰਘ ਵੱਟੂ ਨੇ ਦੱਸਿਆ ਕਿ ਕੋਟਕਪੂਰਾ ਸਿੱਖਾਂ ਵਾਲਾ ਰੋਡ ਗੁਰੂ ਨਾਨਕ ਨਗਰੀ ਦੇ ਰਹਿਣ ਵਾਲੇ ਮਨਿੰਦਰ ਸਿੰਘ ਮਣੀ ਦੀ ਆਪਣੇ ਹੀ ਗੁਆਂਢ ਵਿੱਚ ਰਹਿਣ ਵਾਲੇ ਪ੍ਰਵਾਸੀ ਮਜ਼ਦੂਰ ਰਾਹੁਲ ਕੁਮਾਰ ਅਤੇ ਰਾਕੇਸ਼ ਕੁਮਾਰ ਨਾਲ ਤੂੜੀ ਨੂੰ ਲੈ ਕੇ ਨਿੱਕਾ ਜਿਹਾ ਝਗੜਾ ਹੋਇਆ ਅਤੇ ਮਨਿੰਦਰ ਸਿੰਘ ਮਣੀ ਜੋ ਆਪਣੀ ਸ਼ਹਿਰ ਕੋਟਕਪੂਰਾ ਵਿੱਚ ਦੁਕਾਨ 'ਤੇ ਕੰਮ ਤੋਂ ਬਾਅਦ



ਆਪਣੇ ਘਰ ਵੱਲ ਜਾ ਰਿਹਾ ਸੀ ਤਾਂ ਜਦ ਉਹ ਨਾਨਕ ਨਗਰੀ ਵਿੱਚ ਪਹੁੰਚਿਆ ਤਾਂ ਇੱਕ ਮੋੜ 'ਤੇ 25 ਤੋਂ 30 ਜਣਿਆਂ ਪ੍ਰਵਾਸੀ ਮਜ਼ਦੂਰਾਂ ਨੇ ਮਨਿੰਦਰ ਸਿੰਘ ਮਣੀ ਉੱਪਰ ਹਮਲਾ ਕਰ ਦਿੱਤਾ ਅਤੇ ਉਸ ਨਾਲ ਕੁੱਟਮਾਰ ਕੀਤੀ ਜੋ ਕਿ ਬਹੁਤ ਹੀ ਨਿੰਦਣਯੋਗ ਘਟਨਾ ਹੈ। ਮੈਂ ਇਸ ਦੀ ਨਿਖੇਧੀ ਕਰਦਾ ਹਾਂ। ਇਸ ਮੌਕੇ ਮਨਰੇਗਾ ਵਰਕਰ ਯੂਨੀਅਨ ਪੰਜਾਬ ਦੇ ਪ੍ਰਧਾਨ ਜਸਵਿੰਦਰ ਸਿੰਘ ਵੱਟੂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਮਨਿੰਦਰ ਸਿੰਘ ਮਣੀ ਨੂੰ ਇਨਸਾਫ ਦਿਵਾਇਆ ਜਾਵੇ ਅਤੇ ਪ੍ਰਵਾਸੀਆਂ ਨੂੰ ਪੰਜਾਬ ਵਿੱਚੋਂ ਬਾਹਰ ਕੱਢਿਆ ਜਾਵੇ।

## ਗੁਰਮਤਿ ਪਾਠਕ ਕੇਂਦਰ ਦੇ ਸਹਿਯੋਗ ਨਾਲ ਦੋ ਰੋਜ਼ਾ ਪੁਸਤਕ ਪ੍ਰਦਰਸ਼ਨੀ ਲਗਾਈ

**ਦੋਰਾਹਾ (ਹਰਮਿੰਦਰ ਸੇਠ)**- ਮਾਤਾ ਗੰਗਾ ਖ਼ਾਲਸਾ ਕਾਲਜ, ਮੰਜੀ ਸਾਹਿਬ ਕੋਟਾਂ ( ਪ੍ਰਬੰਧ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ) ਵਿਖੇ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਦੀ ਅਗਵਾਈ ਹੇਠ ਮਨਦੀਪ ਕੌਰ ( ਲਾਇਬ੍ਰੇਰੀਅਨ) ਅਤੇ ਬਲਜੀਤ ਕੌਰ ( ਸਹਾਇਕ ਲਾਇਬ੍ਰੇਰੀਅਨ) ਵੱਲੋਂ ਗੁਰਮਤਿ ਪਾਠਕ ਕੇਂਦਰ ਲੁਧਿਆਣਾ ਦੇ ਸਹਿਯੋਗ ਸਦਕਾ ਦੋ ਰੋਜ਼ਾ ਪੁਸਤਕ ਪ੍ਰਦਰਸ਼ਨੀ ਲਗਾਈ ਗਈ । ਜਿਸ ਵਿੱਚ ਗਿਆਨ ਵਿੱਚ ਵਾਧਾ ਕਰਨ ਵਾਲੀਆਂ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਭਾਸ਼ਾਵਾਂ ਵਿੱਚ ਕਵਿਤਾਵਾਂ, ਕਹਾਣੀਆਂ, ਨਾਟਕ , ਗਲਪ ਅਤੇ ਗੈਰ- ਗਲਪ ਆਦਿ ਵਰਗੀਆਂ ਵੱਖ-ਵੱਖ ਵਿਸ਼ਿਆਂ ਤੇ ਸ਼੍ਰੇਣੀਆਂ ਨਾਲ ਸੰਬੰਧਤ ਪੁਸਤਕਾਂ ਪ੍ਰਦਰਸ਼ਿਤ ਕੀਤੀਆਂ ਗਈਆਂ । ਇਸ ਤੋਂ ਇਲਾਵਾ ਸਿਰਜਣਾਤਮਕ, ਰੌਚਕ ਤੱਥ ਜਾਣਕਾਰੀ ਭਰਪੂਰ ਪੁਸਤਕਾਂ ਵੀ ਸ਼ਾਮਿਲ ਸਨ । ਇਸ ਪ੍ਰਦਰਸ਼ਨੀ ਵਿੱਚ ਸਮੂਹ ਸਟਾਫ਼, ਵਿਦਿਆਰਥੀਆਂ ਦੁਆਰਾ ਦੌਰਾ



ਕੀਤਾ ਗਿਆ ਅਤੇ ਵੱਖ-ਵੱਖ ਜਾਣਕਾਰੀ ਭਰਪੂਰ ਪੁਸਤਕਾਂ ਦੀ ਖ਼ਰੀਦਦਾਰੀ ਕੀਤੀ ਗਈ । ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਲਾਇਬ੍ਰੇਰੀ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਕਿਤਾਬਾਂ ਨਾਲ ਜੁੜਨ ਅਤੇ ਆਪਣੇ ਵਿਹਲੇ ਸਮੇਂ ਨੂੰ ਅਜ਼ਾਈ ਗੁਆਉਣ ਦੀ ਬਜਾਏ ਕਿਤਾਬਾਂ ਪੜ੍ਹਨ ਅਤੇ ਵੱਧ ਤੋਂ ਵੱਧ ਗਿਆਨ ਹਾਸਲ ਕਰਨ ਲਈ ਪ੍ਰੇਰਿਤ ਕੀਤਾ ।

## ਸਰਕਾਰੀ ਹਾਈ ਸਕੂਲ ਗੁਰਨੇ ਕਲਾਂ ਵਿਖੇ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਪ੍ਰੋਗਰਾਮ

**ਬੁਢਲਾਡਾ (ਅਸ਼ੋਕ ਲਾਕੜਾ)**- ਪੰਜਾਬ ਸਰਕਾਰ ਦੀ ਮੁਹਿੰਮ ਤਹਿਤ ਯੁੱਧ ਨਸ਼ਿਆਂ ਵਿਰੁੱਧ ਦੀ ਕੜੀ ਨੂੰ ਅੱਗੇ ਵਧਾਉਂਦੇ ਹੋਏ ਸਰਕਾਰੀ ਹਾਈ ਸਕੂਲ ਗੁਰਨੇ ਕਲਾਂ ਜ਼ਿਲ੍ਹਾ ਮਾਨਸਾ ਵਿਖੇ ਸੰਜੀਵਨੀ ਵੈਲਫੇਅਰ ਸੋਸਾਇਟੀ ਬੁਢਲਾਡਾ ਦੀ ਸਹਾਇਤਾ ਨਾਲ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਹ ਸਮਾਗਮ ਸਕੂਲ ਦੇ ਹੈਡਮਾਸਟਰ ਮਨਦੀਪ ਕੁਮਾਰ ਦੀ ਦੇਖ-ਰੇਖ ਹੇਠ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਬਲਦੇਵ ਕੱਕੜ ਚੇਅਰਮੈਨ ਸੰਜੀਵਨੀ ਵੈਲਫੇਅਰ ਸੋਸਾਇਟੀ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਅਤੇ ਉਹਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਰਕਾਰੀ ਹਸਪਤਾਲ ਤੋਂ ਆਏ ਹਰਬੰਸ ਲਾਲ ਨੇ ਵੀ ਆਪਣੇ ਵਿਚਾਰ ਰੱਖਦੇ ਹੋਏ ਨੌਜਵਾਨਾਂ ਨੂੰ ਨਸ਼ਾ ਮੁਕਤ ਜੀਵਨ ਅਪਣਾਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਵਿਦਿਆਰਥੀਆਂ ਵਿਚ ਨਸ਼ਿਆਂ ਤੋਂ ਬਚਣ ਸਬੰਧੀ ਕੁਇਜ਼ ਪ੍ਰੋਗਰਾਮ ਅਤੇ ਪੋਸਟਰ ਮੁਕਾਬਲੇ ਵੀ ਕਰਵਾਏ ਗਏ ਜਿਸ ਵਿਚ ਸਹੀ ਜਵਾਬ ਦੇਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਰੋਹ ਦੌਰਾਨ ਸਕੂਲ ਨੇ ਨਸ਼ਾ ਮੁਕਤ ਮੁਹਿੰਮ ਵਿੱਚ ਆਪਣੇ ਯੋਗਦਾਨ ਦਾ ਭਰੋਸਾ ਦਿਵਾਇਆ।ਅੰਤ ਵਿੱਚ ਸੰਜੀਵਨੀ ਵੈਲਫੇਅਰ ਸੋਸਾਇਟੀ ਵੱਲੋਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਹੋਰਨਾਂ ਨੂੰ ਵੀ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ ਗਿਆ।



## ਮੇਅਰ ਨੇ ਪੁਲਸ ਕਮਿਸ਼ਨਰ ਨੂੰ ਸੜਕਾਂ ਦੇ ਕਿਨਾਰਿਆਂ ਤੋਂ ਜ਼ਬਤ ਕੀਤੇ ਵਾਹਨਾਂ ਨੂੰ ਹਟਾਉਣ ਲਈ ਲਿਖਿਆ ਪੱਤਰ

**ਲੁਧਿਆਣਾ (ਰਾਜ ਸਿੰਗਲਾ)**- ਸ਼ਹਿਰ ਭਰ ਵਿੱਚ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਇੱਕ ਹੋਰ ਪਹਿਲਕਦਮੀ ਕਰਦੇ ਹੋਏ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੂੰ ਪੱਤਰ ਲਿਖ ਕੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਸਥਿਤ ਸੜਕਾਂ ਦੇ ਕਿਨਾਰਿਆਂ ਜਾਂ ਨਗਰ ਨਿਗਮ ਦੀ ਜ਼ਮੀਨ ਤੋਂ ਜ਼ਬਤ ਕੀਤੇ ਵਾਹਨਾਂ ਨੂੰ ਹਟਾਉਣ ਦੀ ਮੰਗ ਕੀਤੀ ਹੈ।ਇਸ ਕਦਮ ਦਾ ਉਦੇਸ਼ ਆਵਾਜਾਈ ਨੂੰ ਸੁਚਾਰੂ ਬਣਾਉਣਾ ਅਤੇ ਵਸਨੀਕਾਂ ਨੂੰ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਉਣਾ ਹੈ ਕਿਉਂਕਿ ਇਨ੍ਹਾਂ ਥਾਵਾਂ 'ਤੇ ਪਾਣੀ ਇਕੱਠਾ ਹੋਣ ਨਾਲ ਮੱਛਰਾਂ ਦੀ ਪੈਦਾਵਾਰ ਹੋ ਸਕਦੀ ਹੈ।ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਸ਼ਹਿਰ ਵਿੱਚ ਕਈ ਥਾਵਾਂ ਹਨ ਜਿਨ੍ਹਾਂ ਵਿੱਚ ਬਸਤੀ ਜੋਧੇਵਾਲ ਪੁਲਸ ਸਟੇਸ਼ਨ, ਡਵੀਜ਼ਨ ਨੰਬਰ 5 ਪੁਲਸ ਸਟੇਸ਼ਨ ਆਦਿ ਦੇ ਬਾਹਰ ਦੀ ਜਗ੍ਹਾ ਸ਼ਾਮਲ ਹੈ, ਜਿੱਥੇ ਪੁਲਸ ਵਿਭਾਗ ਨੇ ਜ਼ਬਤ ਕੀਤੇ ਵਾਹਨਾਂ ਨੂੰ ਸੜਕਾਂ ਦੇ ਕਿਨਾਰਿਆਂ 'ਤੇ ਰੱਖਿਆ ਹੋਇਆ ਹੈ।ਸੜਕਾਂ ਦੇ ਕਿਨਾਰਿਆਂ 'ਤੇ ਜ਼ਬਤ ਕੀਤੇ ਵਾਹਨਾਂ ਨੂੰ ਰੱਖਣ ਨਾਲ ਸੁਚਾਰੂ ਆਵਾਜਾਈ ਵਿੱਚ ਰੁਕਾਵਟਾਂ ਪੈਦਾ ਹੋ ਰਹੀਆਂ ਹਨ। ਨਾਲ ਹੀ, ਇਨ੍ਹਾਂ ਵਾਹਨਾਂ ਨੂੰ ਹਟਾਉਣਾ ਜ਼ਰੂਰੀ ਹੈ ਕਿਉਂਕਿ ਇਨ੍ਹਾਂ ਥਾਵਾਂ 'ਤੇ ਪਾਣੀ ਇਕੱਠਾ ਹੋਣ ਨਾਲ ਮੱਛਰ ਪੈਦਾ ਹੋ ਸਕਦੇ ਹਨ।ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਕਿਹਾ ਕਿ ਸ਼ਹਿਰ ਦੀਆਂ ਸੜਕਾਂ ਤੇ ਭੀੜ-ਭੜੱਕੇ ਨੂੰ ਘਟਾਉਣ ਅਤੇ ਸੁਚਾਰੂ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਕਈ ਕਦਮ ਚੁੱਕੇ ਜਾ ਰਹੇ ਹਨ। ਪੁਲਸ ਵਿਭਾਗ ਨੂੰ ਸੜਕਾਂ ਦੇ ਕਿਨਾਰਿਆਂ ਤੋਂ ਇਨ੍ਹਾਂ ਜ਼ਬਤ ਕੀਤੇ ਵਾਹਨਾਂ ਨੂੰ ਜਲਦੀ ਤੋਂ ਜਲਦੀ ਹਟਾਉਣ ਲਈ ਕਿਹਾ ਗਿਆ ਹੈ।

## ਬਾਬਾ ਰੋਡੂ ਸ਼ਾਹ ਦੀ ਯਾਦ ਨੂੰ ਸਮਰਪਤ 73ਵਾਂ ਖੇਡ ਮੇਲਾ

**ਬਸੀ ਪਠਾਣਾ/ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਬਾਬਾ ਰੋਡੂ ਸ਼ਾਹ ਦੀ ਯਾਦ ਵਿੱਚ 73ਵਾਂ ਖੇਡ ਮੇਲਾ ਬਾਬਾ ਰੋਡੂ ਸ਼ਾਹ ਸਪੋਰਟਸ ਕਲੱਬ ਪਿੰਡ ਨੰਦਪੁਰ ਕਲੌੜ ਅਤੇ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ ਜਿਸ ਦੇ ਸਮਾਪਤੀ ਸਮਾਰੋਹ ਮੌਕੇ ਵਿਧਾਇਕ ਬਸੀ ਪਠਾਣਾ ਰੁਪਿੰਦਰ ਸਿੰਘ ਹੈਪੀ ਨੇ ਮੁੱਖ ਮਹਿਮਾਨ ਵਜੋਂ ਅਤੇ ਵਿਧਾਇਕ ਫ਼ਤਹਿਗੜ੍ਹ ਸਾਹਿਬ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਜੇਤੂ ਖਿਡਾਰੀਆਂ ਨੂੰ ਸਨਮਾਨਤ ਕੀਤਾ।ਇਸ ਮੌਕੇ ਖਿਡਾਰੀਆਂ ਤੇ ਪਿੰਡਾਂ ਦੇ



ਵਸਨੀਕਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਪ੍ਰਬੰਧਕਾਂ ਨੂੰ ਮੁਬਾਰਕਬਾਦ ਭੇਟ ਕੀਤੀ। ਉਨ੍ਹਾਂ ਕਿਹਾ ਕਿ ਇਹ ਇਲਾਕੇ ਲਈ ਮਾਣ ਵਾਲੀ ਗੱਲ ਹੈ ਕਿ ਪੰਜਾਬੀਆਂ ਦੀ ਮਾਂ ਖੇਡ ਕਬੱਡੀ ਦੇ ਨਾਲ ਨਾਲ ਹੋਰ ਖੇਡਾਂ ਨੂੰ ਪ੍ਰਫੁਲਿਤ ਕਰਨ ਦੀ ਦਿਸ਼ਾ ਵਿੱਚ ਏਨੇ ਵੱਡੇ ਪੱਧਰ 'ਤੇ ਹਰ ਸਾਲ ਇਸ ਖੇਡ ਮੇਲੇ ਦਾ ਆਯੋਜਨ ਕੀਤਾ ਜਾਂਦਾ ਹੈ ਜਿਸ ਵਿੱਚ ਨਾਮਵਰ ਕਬੱਡੀ ਟੀਮਾਂ ਆਪਣੇ ਹੁਨਰ ਦਾ ਸ਼ਾਨਦਾਰ ਪ੍ਰਗਟਾਵਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰ ਰਹੀ ਹੈ ਇਸ ਮੌਕੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਖਿਡਾਰੀਆਂ ਨੂੰ ਹੱਲਾਸ਼ੇਰੀ ਦਿੰਦਿਆਂ ਕਿਹਾ ਕਿ ਅਜਿਹੇ ਖੇਡ ਸਮਾਗਮਾਂ ਵਿੱਚ ਆਮ ਲੋਕਾਂ ਨੂੰ ਵੀ ਵਧ ਚੜ੍ਹ ਕੇ ਸ਼ਾਮਲ ਹੋਣਾ ਚਾਹੀਦਾ ਹੈ ਤਾਂ ਜੋ ਖਿਡਾਰੀਆਂ ਦੀ ਨਿਰੰਤਰ ਹੌਸਲਾ ਅਫਜਾਈ ਹੋ ਸਕੇ ।ਇਸ ਮੌਕੇ ਵਿਧਾਇਕਾਂ ਨੇ ਖਿਡਾਰੀਆਂ ਨਾਲ ਜਾਣ ਪਛਾਣ ਕੀਤੀ ਅਤੇ ਜੇਤੂਆਂ ਨੂੰ ਸਨਮਾਨਤ ਕਰਨ ਦੀ ਰਸਮ ਅਦਾ ਕੀਤੀ। ਇਸ ਮੌਕੇ ਸਰਪ੍ਰਸਤ ਸੁਖਵਿੰਦਰ ਸਿੰਘ ਸੋਨੀ, ਚੇਅਰਮੈਨ ਕੁਲਵਿੰਦਰ ਸਿੰਘ ਸੋਮਲ, ਪ੍ਰਧਾਨ ਦਵਿੰਦਰ ਸਿੰਘ ਸੋਮਲ, ਰਾਜ ਪੁਰੀ ਹਲਕਾ ਸੰਗਠਨ ਇੰਚਾਰਜ, ਇੰਦਰਜੀਤ ਸਿੰਘ ਮੈਂਬਰ ਮੰਡੀਕਰਨ ਬੋਰਡ ਪੰਜਾਬ, ਕਸ਼ਮੀਰ ਸਿੰਘ ਬਲਾਕ ਪ੍ਰਧਾਨ, ਜਗਮੋਹਨ ਸਿੰਘ, ਰਸ਼ਪਿੰਦਰ ਸਿੰਘ, ਮਨਪ੍ਰੀਤ ਸੋਮਲ, ਜਗਦੀਸ਼ ਚੇਅਰਮੈਨ ਘਮੰਡਗੜ੍ਹ ਵੀ ਮੌਜੂਦ ਸਨ।

## ਮਾਨ ਵੱਲੋਂ ਕਿਸਾਨਾਂ ਤੇ ਗਰੀਬ ਪਰਵਾਰਾਂ ਦੇ ਹੋਏ ਨੁਕਸਾਨ ਦਾ ਜਲਦ ਸਰਵੇਖਣ ਕਰ ਮੁਆਵਜ਼ਾ ਦੇਣ ਦੇ ਨਿਰਦੇਸ਼

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੈਪਸੂ ਰੋਡ ਟ੍ਰਾਂਸਪੋਰਟ ਕਾਰਪੋਰੇਸ਼ਨ ਦੇ ਚੇਅਰਮੈਨ ਅਤੇ ਸਟੇਟ ਸੈਕਟਰੀ ਪੰਜਾਬ ਡਾ. ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹੜ੍ਹ ਕਾਰਨ ਪ੍ਰਭਾਵਤ ਹੋਏ ਕਿਸਾਨਾਂ ਅਤੇ ਗਰੀਬ ਪਰਵਾਰਾਂ ਨੂੰ ਜਲਦ ਹੀ ਮੁਆਵਜ਼ਾ ਦੇਣ ਲਈ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਦੇ ਦੁੱਖ ਦਰਦ ਵਿਚ ਸਾਂਝੀ ਹੈ ਅਤੇ ਹਰ ਹਾਲਤ ਵਿੱਚ ਲੋੜਵੰਦਾਂ ਨੂੰ ਰਾਹਤ ਪਹੁੰਚਾਈ ਜਾਵੇਗੀ। ਇਹ ਪ੍ਰਗਟਾਵਾ ਚੇਅਰਮੈਨ ਹਡਾਣਾ ਨੇ ਹੜ੍ਹ ਪ੍ਰਭਾਵਤ ਇਲਾਕਿਆਂ ਦਾ ਦੌਰਾ ਕਰਦੇ ਕੀਤਾ। ਇਸ ਮੌਕੇ ਉਨ੍ਹਾਂ ਨਾਲ ਪ੍ਰਦੀਪ ਜੋਸਨ ਪ੍ਰਧਾਨ ਨਗਰ ਕੌਂਸਲ ਸਨੌਰ, ਸਰਪੰਚ ਰਾਜਾ ਧੰਜੂ, ਗੁਰਿੰਦਰਪਾਲ ਸਿੰਘ ਅਦਾਲਤੀਵਾਲਾ, ਲਾਲੀ ਰਹਿਲ ਪੀ ਏ ਅਤੇ ਪਿੰਡਾਂ ਦੇ ਹੋਰ ਨੁਮਾਂਇਦੇ ਮੌਜੂਦ ਰਹੇ। ਚੇਅਰਮੈਨ ਹਡਾਣਾ ਨੇ ਦੱਸਿਆ ਕਿ ਇਸ ਸਮੇਂ ਪੰਜਾਬ ਦੇ



2,303 ਹੜ੍ਹ ਪ੍ਰਭਾਵਤ ਪਿੰਡਾਂ ਵਿੱਚ ਵਿਸ਼ੇਸ਼ ਗਿਰਦਾਵਰੀ ਦਾ ਕੰਮ ਤੇਜ਼ੀ ਨਾਲ ਜਾਰੀ ਹੈ। ਇਸ ਮੁਹਿੰਮ ਲਈ 2,167 ਪਟਵਾਰੀ ਮੈਦਾਨ ਵਿੱਚ ਉਤਰੇ ਹੋਏ ਹਨ, ਜੋ ਘਰ-ਘਰ ਜਾ ਕੇ ਪ੍ਰਭਾਵਤ ਪਰਵਾਰਾਂ ਦੇ ਨੁਕਸਾਨ ਦੀ ਰਿਪੋਰਟ ਤਿਆਰ ਕਰ ਰਹੇ ਹਨ। ਇਹ ਰਿਪੋਰਟਾਂ ਜਲਦ ਹੀ ਸਰਕਾਰ ਨੂੰ ਸੌਂਪੀਆਂ ਜਾਣਗੀਆਂ ਤਾਂ ਜੋ ਮੁਆਵਜ਼ਾ ਜਾਰੀ ਕਰਨ ਦੀ ਕਾਰਵਾਈ ਇੱਕ ਹਫਤੇ ਵਿੱਚ ਪੂਰੀ ਹੋ ਸਕੇ। ਉਨ੍ਹਾਂ ਕਿਹਾ ਕਿ ਨਾ ਸਿਰਫ਼ ਕਿਸਾਨਾਂ ਦੀ ਲੱਖਾਂ ਏਕੜ ਫ਼ਸਲ ਦੇ ਨੁਕਸਾਨ ਦਾ ਮੁਆਵਜ਼ਾ ਮਿਲੇਗਾ, ਸਗੋਂ ਜਿਨ੍ਹਾਂ ਲੋਕਾਂ ਦੇ ਘਰਾਂ ਨੂੰ ਨੁਕਸਾਨ ਹੋਇਆ ਹੈ ਜਾਂ ਜਿਨ੍ਹਾਂ ਦਾ ਪਸ਼ੂ ਧਨ ਹੜ੍ਹ ਕਾਰਨ ਬਰਬਾਦ ਹੋਇਆ ਹੈ, ਉਹਨਾਂ ਨੂੰ ਵੀ ਪੂਰਾ ਹੱਕ ਦੇ ਅਧਾਰ 'ਤੇ ਮੁਆਵਜ਼ਾ ਪ੍ਰਦਾਨ ਕੀਤਾ ਜਾਵੇਗਾ।ਹਡਾਣਾ ਨੇ ਦੱਸਿਆ ਕਿ ਸਰਕਾਰੀ ਅਧਿਕਾਰੀਆਂ ਤੋਂ ਇਲਾਵਾ ਵੀ ਪਾਰਟੀ ਪੱਧਰ 'ਤੇ ਹਰ ਪਿੰਡ ਵਿੱਚ ਇੱਕ ਵਿਸ਼ੇਸ਼ ਟੀਮ ਬਣਾਈ ਗਈ ਹੈ, ਜਿਸ ਦਾ ਇੱਕ ਆਗੂ ਤੈਨਾਤ ਕੀਤਾ ਗਿਆ ਹੈ। ਇਹ ਟੀਮਾਂ ਪਿੰਡ ਪੱਧਰ 'ਤੇ ਸਹੀ ਅਤੇ ਜਲਦ ਸਰਵੇਖਣ ਕਰਕੇ ਰਿਪੋਰਟ ਤਿਆਰ ਕਰਨ ਵਿੱਚ ਜੁਟੀਆਂ ਹੋਈਆਂ ਹਨ। ਸਰਕਾਰ ਦੀ ਕੋਸ਼ਿਸ਼ ਹੈ ਕਿ ਜਿੰਨਾ ਜਲਦੀ ਹੋ ਸਕੇ ਮੁਆਵਜ਼ੇ ਦੀ ਰਕਮ ਹੜ੍ਹ ਪ੍ਰਭਾਵਿਤ ਲੋਕਾਂ ਦੇ ਖਾਤਿਆਂ ਵਿੱਚ ਪਹੁੰਚਾਈ ਜਾਵੇ।

## ਸਰਾਫ਼ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ 'ਚ ਸੈਮੀਨਾਰ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਸੀ.ਬੀ.ਐਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ ਵਿਖੇ ਇੱਕ ਉੱਦਮਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਇਸ ਦਾ ਉਦੇਸ਼ ਵਿਦਿਆਰਥੀਆਂ ਵਿੱਚ ਲੀਡਰਸ਼ਿਪ, ਨਵੀਨਤਾ ਤੇ ਵਪਾਰਕ ਸੋਚ ਨੂੰ ਉਤਸ਼ਾਹਤ ਕਰਨਾ ਸੀ। ਸਪੀਕਰ ਸ਼੍ਰੀ ਅਕਾਸ਼ਦੀਪ ਨੇ ਆਪਣੇ ਜੀਵਨ ਦੇ ਸੰਘਰਸ਼ਾਂ





ਤੇ ਸਫਲਤਾਵਾਂ ਬਾਰੇ ਗੱਲ ਕੀਤੀ ਅਤੇ ਸੰਦੇਸ਼ ਦਿੱਤਾ ਕਿ ਇੱਕ ਵਿਚਾਰ ਜੇਕਰ ਜਨੂੰਨ ਤੇ ਸਮਰਪਣ ਨਾਲ ਜੋੜਿਆ ਜਾਵੇ ਤਾਂ ਉਹ ਦੁਨੀਆ ਨੂੰ ਬਦਲ ਸਕਦਾ ਹੈ।ਸੈਮੀਨਾਰ ਨੇ ਵਿਦਿਆਰਥੀਆਂ ਨੂੰ 'ਸਟਾਰਟਅਪ ਆਈਡੀਆ ਪਿਚਿੰਗ', 'ਬਿਜ਼ਨੈੱਸ ਮਾਡਲ ਬਿਲਡਿੰਗ', 'ਡਿਜ਼ਾਇਨ ਥਿੰਕਿੰਗ' ਤੇ 'ਸਮੱਸਿਆ ਅਧਾਰਤ ਨਵੀਨਤਾ' ਵਰਗੀਆਂ ਗਤੀਵਿਧੀਆਂ ਰਾਹੀਂ ਹਿੱਸਾ ਲੈਣ ਦਾ ਮੌਕਾ ਦਿੱਤਾ। ਬੱਚਿਆਂ ਨੇ ਕਾਰੋਬਾਰੀ ਵਿਚਾਰ ਪੇਸ਼ ਕੀਤੇ, ਜਿਨ੍ਹਾਂ ਵਿੱਚੋਂ ਕੁਝ ਨੇ ਉਨ੍ਹਾਂ ਨੂੰ ਭਵਿੱਖ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਵਿਦਿਆਰਥੀਆਂ ਵਿੱਚ ਵਿਸ਼ਵਾਸ ਪੈਦਾ ਕੀਤਾ ਗਿਆ ਕਿ ਉਹ ਇੱਕ ਦਿਨ ਆਪਣਾ ਕਾਰੋਬਾਰ ਸ਼ੁਰੂ ਕਰ ਸਕਦੇ ਹਨ। ਸਕੂਲ ਦੇ ਵਾਈਸ ਚੇਅਰਮੈਨ ਅਮਿਤ ਸਰਾਫ, ਜੋ ਖੁਦ ਉੱਦਮੀ ਹਨ, ਨੇ ਕਿਹਾ ਕਿ ਉੱਦਮਤਾ ਪ੍ਰੋਗਰਾਮ ਬੱਚਿਆਂ ਵਿੱਚ ਰਚਨਾਤਮਕਤਾ, ਸਮੱਸਿਆ ਹੱਲ ਕਰਨ ਦੇ ਹੁਨਰ ਤੇ ਵਿੱਤੀ ਸਾਖਰਤਾ ਦਾ ਵਿਕਾਸ ਕਰਦੇ ਹਨ।

## ਜੀ ਟੀ ਬੀ ਕੈਂਬ੍ਰਿਜ ਵਰਲਡ ਸਕੂਲ 'ਚ ਮਹਿੰਦੀ ਮੁਕਾਬਲਾ ਕਰਵਾਇਆ





**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**- ਜੀ.ਟੀ.ਬੀ. ਕੈਂਬ੍ਰਿਜ ਵਰਲਡ ਸਕੂਲ ਵਿੱਚ ਸੰਸਕ੍ਰਿਤਿਕ ਮਹੀਨੇ ਦੀਆਂ ਗਤੀਵਿਧੀਆਂ ਤਹਿਤ ਰੰਗ-ਬਿਰੰਗਾ ਮਹਿੰਦੀ ਮੁਕਾਬਲਾ ਕਰਵਾਇਆ ਗਿਆ। ਜਿਸ ਦੇ ਪ੍ਰੈਜ਼ੀਡੈਂਟ ਕੋਮਲ ਸ਼ਰਮਾ ਤੇ ਪ੍ਰੋਜੈਕਟ ਇੰਚਾਰਜ ਪਵਨ ਕੁਮਾਰ ਦੇ ਨਾਲ ਵਿਪਨ ਲੋਟਾ, ਵਿੱਕੀ ਮਾਨਕਟਾਲਾ ਤੇ ਅਰਵਿੰਦਰ ਸਿੰਘ ਮਾਨਕਟਾਲਾ ਵੀ ਸ਼ਾਮਲ ਰਹੇ। ਵਿਦਿਆਰਥਣਾਂ ਨੇ ਆਪਣੀ ਕਲਾ ਤੇ ਰਚਨਾਤਮਕ ਸੋਚ ਨਾਲ ਸੁੰਦਰ ਤੇ ਆਕਰਸ਼ਕ ਡਿਜ਼ਾਈਨ ਬਣਾ ਕੇ ਸਭ ਦਾ ਮਨ ਮੋਹ ਲਿਆ। ਹਰ ਇਕ ਵਿਦਿਆਰਥਣ ਨੇ ਆਪਣੇ ਸੁੰਦਰ ਹੱਥਾਂ ਰਾਹੀਂ ਮਹਿੰਦੀ ਦੇ ਬਰੀਕ ਡਿਜ਼ਾਈਨਾਂ ਨੂੰ ਉਕੇਰਿਆ। ਮਹਿੰਦੀ ਦੀ ਖੁਸ਼ਬੂ ਨਾਲ ਸਜਿਆ ਇਹ ਸਮਾਰੋਹ ਪੂਰੇ ਪਰੀਸਰ ਨੂੰ ਸੱਭਿਆਚਾਰਕ ਰੰਗਾਂ ਨਾਲ ਰੰਗ ਗਿਆ। ਵਾਈਸ ਪ੍ਰਿੰਸੀਪਲ ਕ੍ਰਿਸ਼ਨਾ ਮੋਂਗਾ ਨੇ ਕਿਹਾ ਕਿ ਮਹਿੰਦੀ ਸਿਰਫ਼ ਇੱਕ ਕਲਾ ਨਹੀਂ, ਸਗੋਂ ਖੁਸ਼ੀ, ਸੁੰਦਰਤਾ ਅਤੇ ਸਾਂਝੇਪਣ ਦੀ ਪ੍ਰਤੀਕ ਹੈ। ਇਸ ਪ੍ਰੋਗਰਾਮ ਵਿੱਚ ਨੌਵੀਂ ਕਲਾਸ ਦੀ ਵਿਦਿਆਰਥਣ ਮਾਹੀ ਨੇ ਪਹਿਲਾ, ਕੈਕਸ਼ਾ ਨੇ ਦੂਜਾ ਅਤੇ ਅਨਮੋਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਪ੍ਰਿੰਸੀਪਲ ਪ੍ਰਤਾਪ ਸਿੰਘ ਨੇ ਵਿਦਿਆਰਥਣਾਂ ਦੀ ਕਲਾ ਦੀ ਖੂਬ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਨੂੰ ਅੱਗੇ ਵੀ ਇਨ੍ਹਾਂ ਕਲਾਤਮਕ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

## ਖਰਾਬੇ ਦਾ ਮੁਆਵਜ਼ਾ ਦਸ ਤੋਂ ਵੀਹ ਹਜ਼ਾਰ ਰੁਪਏ ਪ੍ਰਤੀ ਏਕੜ ਤਜਵੀਜ਼ ਕਰਨਾ ਕਿਸਾਨਾਂ ਨਾਲ ਬੇਇਨਸਾਫੀ : ਦਰਸ਼ਨ ਗਿੱਲ

**ਮੋਗਾ (ਇਕਬਾਲ ਸਿੰਘ ਖਹਿਰਾ)**- ਦੀ ਰਿਟਾਇਰਡ ਰੈਵੀਨਿਊ ਕਾਨੂੰਨਗੋ ਪਟਵਾਰੀ ਵੈਲਫੇਅਰ ਐਸੋਸੀਏਸ਼ਨ ਦੇ ਕੈਨੇਡਾ ਰਹਿੰਦੇ ਮੈਂਬਰਾਂ ਦੀ ਵਿਸ਼ੇਸ਼ ਮੀਟਿੰਗ ਵਿਨੀਪਿੰਗ ਦੇ ਕਨਡੋਲਨ ਪਾਰਕ ਵਿਖੇ ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਐਸੋਸੀਏਸ਼ਨ ਮੈਂਬਰ ਸ਼ਾਮਲ ਹੋਏ। ਮੀਟਿੰਗ ਦੌਰਾਨ ਪੰਜਾਬ ਵਿੱਚ ਆਏ ਹੜ੍ਹਾਂ ਨਾਲ ਹੋਏ ਨੁਕਸਾਨ 'ਤੇ ਚਿੰਤਾ ਪ੍ਰਗਟ ਕਰਦਿਆਂ ਪੀੜਤ ਪਰਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਗਈ। ਹੜ੍ਹਾਂ ਦੀ ਮਾਰ ਜਿੱਥੇ ਕੁਦਰਤੀ ਕਰੋਪੀ ਹੈ ਉੱਥੇ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਦੀ ਵੀ ਬਹੁਤ ਵੱਡੀ ਨਿਲਾਇਕੀ ਸਾਬਤ ਹੋਈ ਹੈ। ਸਰਕਾਰ ਨੇ ਸਮੇਂ ਸਿਰ ਡਰੇਨਾਂ ਦੀ ਸਾਫ ਸਫਾਈ ਨਹੀ ਕਰਵਾਈ। ਰਾਜਸਥਾਨ ਫੀਡਰ ਦਾ ਪਾਣੀ ਬੰਦ ਕਰਨ ਨਾਲ ਵੀ ਦਰਿਆਵਾਂ ਦਾ ਵਾਟਰ ਲੈਵਲ ਵਧ ਕੇ ਪੰਜਾਬ ਦੀਆਂ ਫਸਲਾਂ, ਮਕਾਨਾਂ ਤੇ ਮਾਲ ਡੰਗਰ ਦੀ ਤਬਾਹੀ ਹੋਈ ਹੈ। ਇਸ ਦੁਖ ਦੀ ਘੜੀ ਵਿੱਚ ਸਮਾਜ ਸੇਵੀ ਸੰਸਥਾਵਾਂ ਤੇ ਐਨ ਆਰ ਆਈ ਤੇ ਖੁਦ ਪੰਜਾਬ ਦੇ ਵਾਰਸ ਹੀ ਆਪਣਿਆਂ ਨਾਲ ਖੜ੍ਹੇ ਹਨ ।ਪੰਜਾਬ ਸਰਕਾਰ ਵੱਲੋ ਨੁਕਸਾਨ ਦਾ ਦਸ ਹਜ਼ਾਰ ਤੇ ਵੀਹ ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਤਜਵੀਜ਼ ਕਰਨਾ ਕਿਸਾਨਾਂ ਨਾਲ ਕੋਝਾ ਮਜ਼ਾਕ ਹੈ। ਘੱਟੋ-



ਘੱਟ ਪੰਜਾਹ ਸਠ ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਕਿਸਾਨਾਂ ਨੂੰ ਦੇਣਾ ਚਾਹੀਦਾ ਹੈ।ਐਸੋਸੀਏਸ਼ਨ ਮੈਂਬਰਾਂ ਨੂੰ ਇਸ ਕਾਰਜ ਵਿੱਚ ਲੱਗੀਆਂ ਸੰਸਥਾਵਾਂ ਦਾ ਹਰ ਪੱਖੋਂ ਸਹਿਯੋਗ ਕਰਨ ਲਈ ਕਿਹਾ ਗਿਆ।ਮੀਟਿੰਗ ਵਿੱਚ ਹਾਜ਼ਰ ਮੰਗਤ ਸਿੰਘ ਸਹੋਤਾ, ਤਾਰਾ ਸਿੰਘ, ਕੁਲਵੰਤ ਸਿੰਘ ਚੜਿੱਕ, ਪ੍ਰੀਤਮ ਸਿੰਘ ਘੋਲੀਆ, ਸੁਖਵਿੰਦਰ ਸਿੰਘ, ਨਰਿੰਦਰ ਪਾਲ ਸਿੰਘ ਮੌਜੂਦ ਸਨ।

## ਹੜ੍ਹ ਪ੍ਰਭਾਵਤ ਇਲਾਕੇ ਦੇ ਵਿਦਿਆਰਥੀਆਂ ਦੀ ਸਿੱਖਿਆ ਲਈ ਹਰ ਸੰਭਵ ਮਦਦ ਲਈ ਤਿਆਰ : ਸਾਈਆਂਵਾਲਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਪੰਜਾਬ ਵਿਚ ਭਾਰੀ ਬਾਰਿਸ਼ਾਂ ਅਤੇ ਦਰਿਆਵਾਂ ਦੇ ਪਾਣੀ ਨਾਲ ਬਹੁਤ ਤਬਾਹੀ ਹੋਈ ਹੈ। ਜਿਸ ਕਰਕੇ ਲੋਕਾਂ ਦੀਆਂ ਜ਼ਮੀਨਾਂ, ਫਸਲਾਂ, ਪਸ਼ੂਆਂ ਅਤੇ ਹੋਰ ਮਾਲੀ ਨੁਕਸਾਨ ਨੇ ਲੋਕਾਂ ਦਾ ਲੱਕ ਤੋੜ ਦਿੱਤਾ ਹੈ। ਫਿਰੋਜ਼ਪੁਰ ਦੇ ਦਰਿਆਈ ਇਲਾਕਿਆਂ ਦੇ ਲਾਗਲੇ ਪਿੰਡਾਂ ਵਿੱਚ ਅਤੇ ਬੰਨ੍ਹ 'ਤੇ ਜਾ ਕੇ ਸਾਈਆਂਵਾਲਾ ਪਰਵਾਰ ਨੇ ਲੋਕਾਂ ਦੀ ਰਾਹਤ ਸਮੱਗਰੀ ਨਾਲ ਸੇਵਾ ਕੀਤੀ। ਗੁਰੂ ਨਾਨਕ ਕਾਲਜ ਫਿਰੋਜ਼ਪੁਰ ਦੇ ਚੇਅਰਮੈਨ ਅਸੀਸਪ੍ਰੀਤ ਸਿੰਘ ਸਾਈਆਂਵਾਲਾ ਨੇ ਕਾਲਜ ਵਿੱਚ ਪੜ੍ਹ ਰਹੇ ਹੜ੍ਹ ਪੀੜਤ ਵਿਦਿਆਰਥੀਆਂ ਉਹਨਾਂ ਦੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਨਾਨਕ ਕਾਲਜ ਵਿੱਚ ਪੜ੍ਹ ਰਹੇ ਹੜ੍ਹ-ਪੀੜਤ ਵਿਦਿਆਰਥੀਆਂ ਦੀ ਪੜ੍ਹਾਈ ਲਈ ਉਹਨਾਂ ਦੀ ਹਰ ਸੰਭਵ ਮੱਦਦ ਕੀਤੀ ਜਾਵੇਗੀ। ਉਹਨਾਂ ਨੇ ਕਾਲਰ ਅਧਿਆਪਕਾਂ ਅਤੇ ਪ੍ਰਿੰਸੀਪਲ ਦੀ ਇੱਕ ਕਮੇਟੀ ਬਣਾ ਕੇ ਹੜ੍ਹ-ਪੀੜਤ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੇ ਆਦੇਸ਼ ਦਿੱਤੇ। ਇਸ ਸਮੇਂ ਕਾਲਜ ਦੇ ਪ੍ਰਧਾਨ ਗੁਰਦੀਪ ਸਿੰਘ ਸੰਘਾ, ਡਾਇਰੈਕਟਰ ਸਤੀਸ਼ ਕੁਮਾਰ ਗੁਪਤਾ, ਪ੍ਰਿੰਸੀਪਲ ਇੰਦਰਜੀਤ ਸਿੰਘ, ਪ੍ਰੋ: ਗੁਰਪਿੰਦਰ ਸਿੰਘ, ਪ੍ਰੋ: ਸੁਖਵਿੰਦਰ ਸਿੰਘ, ਪ੍ਰੋ: ਇੰਦੂ ਬਾਲਾ, ਪ੍ਰੋ: ਕੁਲਬੀਰ ਸਿੰਘ, ਪ੍ਰੋ: ਅਜੇਵਿੰਦਰ ਸਿੰਘ, ਵਿਕਰਮਪਾਲ ਸਿੰਘ, ਗੁਰਵਿੰਦਰ ਸਿੰਘ, ਜਤਿੰਦਰ ਸਿੰਘ, ਨਵਦੀਪ ਸਿੰਘ ਜੌਹਲ ਆਦਿ ਅਤੇ ਭਾਰੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ ।

## ਝੋਨੇ ਦੀ ਖਰੀਦ ਲਈ ਪ੍ਰਬੰਧ ਯਕੀਨੀ ਬਣਾਉਣ ਦੀ ਮੰਗ

**ਧੂਰੀ (ਮਨੋਹਰ ਸਿੰਘ ਸੱਗੂ)** ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਬਲਾਕ ਧੂਰੀ ਦੀ ਮੀਟਿੰਗ ਪ੍ਰਧਾਨ ਭੁਪਿੰਦਰ ਸਿੰਘ ਭੁੱਲਰਹੇੜੀ ਤੇ ਬਲਾਕ ਸ਼ੇਰਪੁਰ ਦੇ ਪ੍ਰਧਾਨ ਪ੍ਰੀਤਮ ਸਿੰਘ ਬਾਦਸ਼ਾਹਪੁਰ ਤੇ ਸੂਬਾ ਸਕੱਤਰ ਰਛਪਾਲ ਸਿੰਘ ਦੋਹਲਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਝੋਨੇ ਦੇ ਸ਼ੁਰੂ ਹੋ ਚੁੱਕੇ ਸੀਜ਼ਨ 'ਚ ਖਰੀਦ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ।ਬੁਲਾਰਿਆਂ ਨੇ ਮੰਗ ਕੀਤੀ ਕਿ ਝੋਨੇ



ਦੇ ਸੀਜ਼ਨ 'ਚ ਬਾਰਦਾਨੇ ਦਾ ਪ੍ਰਬੰਧ ਕੀਤਾ ਜਾਵੇ ਤੇ ਸ਼ੈਲਰ ਮਾਲਕ ਅਤੇ ਆੜ੍ਹਤੀਆ ਭਾਈਚਾਰਾ ਦੀਆਂ ਝੋਨੇ ਦੇ ਸੀਜ਼ਨ ਪ੍ਰਤੀ ਮੰਗਾਂ ਨੂੰ ਧਿਆਨ ਵਿੱਚ ਰੱਖ ਕੇ ਫ਼ੈਸਲਾ ਲਿਆ ਜਾਵੇ ਤਾਂ ਜੁ ਚੱਲਦੇ ਸੀਜ਼ਨ ਦੌਰਾਨ ਕੋਈ ਵੀ ਹੜਤਾਲ ਦੀ ਨੌਬਤ ਨਾ ਆਵੇ ਤਾਂ ਕਿ ਕਿਸੇ ਵੀ ਕਿਸਾਨ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਪੰਜਾਬ ਦੇ ਹੜ੍ਹ ਪੀੜਤਾਂ ਲਈ ਸਰਕਾਰ ਜਲਦੀ ਮੁਆਵਜ਼ਾ ਦੇਵੇ ਤੇ ਪ੍ਰਤੀ ਏਕੜ ਮੁਆਵਜ਼ੇ ਵਿੱਚ ਵਾਧਾ ਕੀਤਾ ਜਾਵੇ। ਡੀ.ਏ.ਪੀ. ਖਾਦ ਦੇ ਨਾਲ ਦਿੱਤਾ ਜਾਂਦਾ ਵਾਧੂ ਸਮਾਨ ਬੰਦ ਕਰਨ ਦੀ ਮੰਗ ਕਰਦਿਆਂ ਇਕੱਲੀ ਡੀ.ਏ.ਪੀ. ਹੀ ਦੇਣ ਦੀ ਮੰਗ ਕੀਤੀ ਗਈ।ਸਹਿਕਾਰੀ ਸਭਾਵਾਂ ਵਿੱਚ ਲੋੜ ਮੁਤਾਬਕ ਡੀ.ਏ.ਪੀ. ਦੀ ਮੰਗ ਕਰਦਿਆਂ ਫ਼ਾਲਤੂ ਸਮਾਨ ਦੇਣ ਤੋਂ ਗੁਰੇਜ਼ ਕਰਨ ਦੀ ਅਪੀਲ ਕੀਤੀ ਗਈ।

## ਐੱਸ ਕੇ ਐੱਮ ਗੈਰ-ਸਿਆਸੀ ਵੱਲੋਂ 70 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ੇ ਦੀ ਮੰਗ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**- ਹੜ੍ਹਾਂ ਕਾਰਨ ਪੰਜਾਬ ਦੇ ਜ਼ਿਆਦਾਤਰ ਹਿੱਸਿਆਂ ਨੂੰ ਨੁਕਸਾਨ ਪਹੁੰਚਿਆ ਹੈ, ਇਸ ਲਈ ਹੱਥਲਾ ਮੰਗ ਪੱਤਰ ਸੌਂਪ ਕੇ ਐਸ ਕੇ ਐਮ ਗੈਰ ਸਿਆਸੀ ਆਪ ਦਾ ਧਿਆਨ ਨਿਮਨ ਲਿਖਤ ਮੰਗਾਂ ਵੱਲ ਦਿਵਾਉਂਦੇ ਹੋਏ ਉਮੀਦ ਕਰਦਾ ਹੈ ਕਿ ਆਪ ਹੜ੍ਹ ਪੀੜਤਾਂ ਦੇ ਜੀਵਨ ਨੂੰ ਆਮ ਬਣਾਉਣ ਲਈ ਹਰ ਸੰਭਵ ਯਤਨ ਕਰੋਗੇ ।ਜਿਵੇਂ ਕਿ ਪੰਜਾਬ ਸਰਕਾਰ ਨੇ ਨੁਕਸਾਨੀਆਂ ਗਈਆਂ ਫਸਲਾਂ ਲਈ 20000 ਰੁਪਏ ਪ੍ਰਤੀ ਏਕੜ ਦਾ ਐਲਾਨ ਕੀਤਾ ਹੈ। 20 ਹਜ਼ਾਰ ਪ੍ਰਤੀ ਏਕੜ ਕਾਫ਼ੀ ਨਹੀਂ ਹਨ, ਇਸ ਲਈ, ਅਸੀਂ ਮੰਗ ਕਰਦੇ ਹਾਂ ਕਿ ਕਿਸਾਨਾਂ ਨੂੰ ਘੱਟੋ-ਘੱਟ 70 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ ਤਾਂ ਜੋ ਕਿਸਾਨ ਇਸ ਨਾਲ ਰੇਤ ਹਟਾਉਣ ਡੀਜ਼ਲ, ਬੀਜ, ਖਾਦਾਂ ਤੇ ਦਵਾਈਆਂ ਦਾ ਪ੍ਰਬੰਧ ਕਰ ਸਕੇ। ਅਸੀਂ ਮੰਗ ਕਰਦੇ ਹਾਂ ਕਿ ਖੇਤ ਮਜ਼ਦੂਰਾਂ ਨੂੰ ਵੀ ਬਣਦਾ ਮੁਆਵਜਾ ਦਿੱਤਾ ਜਾਵੇ ।ਉਨ੍ਹਾਂ ਕਿਸਾਨਾਂ ਨੂੰ ਮੁਆਵਜ਼ਾ ਦਿੱਤਾ ਜਾਣਾ ਚਾਹੀਦਾ ਹੈ ਜੋ ਅਸਲ ਵਿੱਚ ਜ਼ਮੀਨਾਂ 'ਤੇ ਖੇਤੀ ਕਰ ਰਹੇ ਹਨ ਭਾਵੇ ਠੇਕੇ ਤੇ ਜਾਂ ਅਲਾਟ, ਕੀਤੀਆਂ ਹਨ।ਪਸ਼ੂਆਂ, ਮਸ਼ੀਨਰੀ ਅਤੇ ਘਰਾਂ ਦੇ ਨੁਕਸਾਨ ਲਈ ਕੋਈ ਸਪੱਸ਼ਟ ਐਲਾਨ ਨਹੀਂ



ਕੀਤਾ ਗਿਆ। ਅਸੀਂ ਮੰਗ ਕਰਦੇ ਹਾਂ ਕਿ ਮਾਰਕੀਟ ਰੇਟ ਦੇ ਹਿਸਾਬ ਨਾਲ ਨੁਕਸਾਨ ਦੀ ਭਰਪਾਈ ਕਰਵਾਈ ਜਾਏ । ਭਾਰੀ ਹੜ੍ਹਾਂ ਤੋਂ ਪ੍ਰਭਾਵਿਤ ਕਿਸਾਨਾਂ ਅਤੇ ਮਜ਼ਦੂਰਾਂ ਦੇ ਸੰਪੂਰਨ ਕਰਜ਼ੇ ਮੁਆਫ਼ ਕਰਨ ਲਈ ਤੁਰੰਤ ਢੁਕਵੀਂ ਨੀਤੀ ਬਣਾਈ ਜਾਵੇ।ਜਿਨ੍ਹਾਂ ਕਿਸਾਨਾਂ ਨੇ ਆਪਣੀਆਂ ਜ਼ਮੀਨਾਂ ਦਰਿਆਵਾਂ ਵਿੱਚ ਗੁਆ ਦਿੱਤੀਆਂ ਹਨ, ਉਨ੍ਹਾਂ ਦੀਆਂ ਜ਼ਮੀਨਾਂ ਉਨ੍ਹਾਂ ਨੂੰ ਵਾਪਸ ਕਰਨ ਲਈ ਜ਼ਰੂਰੀ ਕਦਮ ਚੁੱਕੇ ਜਾਣ ਅਤੇ ਜਦੋਂ ਤੱਕ ਉਹ ਆਪਣੀਆਂ ਜ਼ਮੀਨਾਂ ਵਾਪਸ ਨਹੀਂ ਪ੍ਰਾਪਤ ਕਰ ਸਕਦੇ, ਉਨ੍ਹਾਂ ਨੂੰ ਉਨ੍ਹਾਂ ਦੀ ਰੋਜ਼ੀ-ਰੋਟੀ ਲਈ ਢੁਕਵਾਂ ਮੁਆਵਜ਼ਾ ਦਿੱਤਾ ਜਾਵੇ।ਜਿਨ੍ਹਾਂ ਲੋਕਾਂ ਨੇ ਆਪਣੀਆਂ ਫਸਲਾਂ, ਪਸ਼ੂਆਂ, ਦੁਕਾਨਾਂ ਅਤੇ ਹੋਰ ਛੋਟੇ ਕਾਰੋਬਾਰਾਂ ਨੂੰ ਗੁਆ ਦਿੱਤਾ ਹੈ, ਉਨ੍ਹਾਂ ਨੂੰ ਅੰਤਰਿਮ ਰਾਹਤ ਵਜੋਂ ਤੁਰੰਤ ਪ੍ਰਤੀ ਪਰਵਾਰ 100,000 ਰੁਪਏ ਦਿੱਤੇ ਜਾਣ। ਪੋਲਟਰੀ ਫਾਰਮ, ਫਿਸ਼ਰੀ ਫਾਰਮ, ਅਤੇ ਸਾਰੇ ਪੇਂਡੂ ਸਹਾਇਕ ਧੰਦੇ 100% ਨੁਕਸਾਨੇ ਗਏ ਹਨ ਇਹਨਾਂ ਸਾਰਿਆਂ ਦਾ ਮੁਆਵਜ਼ਾ ਦਿੱਤਾ ਜਾਵੇ। ਜਿਨ੍ਹਾਂ ਲੋਕਾਂ ਨੇ ਆਪਣੇ ਘਰ ਗੁਆ ਦਿੱਤੇ ਹਨ, ਉਨ੍ਹਾਂ ਨੂੰ ਉਨ੍ਹਾਂ ਦੁਆਰਾ ਘਰ ਦੀ ਉਸਾਰੀ ਤੇ ਕੀਤੇ ਗਏ ਅਸਲ ਖਰਚੇ ਦਾ ਭੁਗਤਾਨ ਕੀਤਾ ਜਾਵੇ ਜਾਂ ਸਰਕਾਰ ਉਨ੍ਹਾਂ ਦੇ ਘਰ 2-3 ਮਹੀਨਿਆਂ ਦੇ ਅੰਦਰ-ਅੰਦਰ ਬਣਾ ਕੇ ਉਨ੍ਹਾਂ ਨੂੰ ਸੌਂਪ ਦੇਵੇ।ਹੜ੍ਹਾਂ ਨਾਲ ਆਪਣੀ ਜਾਨ ਗਵਾਉਣ ਵਾਲੇ ਹਰ ਵਿਅਕਤੀ ਦੇ ਪਰਵਾਰ ਨੂੰ 10 ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇ। ਪੰਜਾਬ ਸਰਕਾਰ ਵੱਲੋਂ ਐਲਾਨੀ ਗਈ ਸਕੀਮ ਜਿਸ ਦਾ ਖੇਤ ਉਸ ਦੀ ਰੇਤ ਉੱਤੇ ਲੱਗੀ ਸਮੇਂ ਸੀਮਾ ਦੀ ਸ਼ਰਤ ਹਟਾਈ ਜਾਵੇ, ਹੜ੍ਹ ਦੀ ਮਾਰ ਹੇਠ ਆਏ ਕਿਸਾਨਾਂ ਨੂੰ ਅਣਮਿਥੇ ਸਮੇਂ ਲਈ ਖੇਤਾਂ ਚੋਂ ਰੇਤ ਚੁੱਕਣ ਦੀ ਖੁੱਲ੍ਹ ਦਿੱਤੀ ਜਾਵੇ ਡੈਮਾਂ ਤੋਂ ਪਾਣੀ ਛੱਡਣ ਦੇ ਮਾੜੇ ਪ੍ਰਬੰਧਨ ਦੇ ਤੱਥਾਂ ਦੀ ਜਾਂਚ ਲਈ ਮਾਹਿਰਾਂ ਜਾਂ ਹਾਈ ਕੋਰਟ ਦੇ ਮੌਜੂਦਾ ਜੱਜ ਦੁਆਰਾ ਇੱਕ ਉੱਚ ਪੱਧਰੀ ਜਾਂਚ ਦਾ ਆਦੇਸ਼ ਦਿੱਤਾ ਜਾਵੇ ਅਤੇ ਦੋਸ਼ੀਆਂ ਨੂੰ ਸਲਾਖਾਂ ਪਿੱਛੇ ਭੇਜਿਆ ਜਾਵੇ।ਕਿਸਾਨਾਂ ਨੂੰ ਰੱਬੀ ਸੀਜ਼ਨ ਦੀਆਂ ਫਸਲਾਂ (ਕਣਕ, ਜੌਂ, ਸਰ੍ਹੋਂ ਆਦਿ) ਦੀ ਬਿਜਾਈ ਲਈ ਬੀਜ ਅਤੇ ਖਾਦ ਮੁਫਤ ਦਿੱਤੀ ਜਾਵੇ।

## ਹੜ੍ਹ ਪੀੜਤਾਂ ਦੀ ਮਦਦ ਲਈ ਜ਼ਿਲ੍ਹਾ ਪੱਧਰ 'ਤੇ ਵੀ ਜਥੇਬੰਦੀਆਂ ਵੱਲੋਂ ਸਮਰਥਨ ਕਰਨ ਦਾ ਫੈਸਲਾ

**ਦੋਰਾਹਾ (ਹਰਮਿੰਦਰ ਸੇਠ)**- ਇੱਥੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਸਕੱਤਰ ਸੁਦਾਗਰ ਸਿੰਘ ਘੁਡਾਣੀ ਕਲਾਂ ਤੇ ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ ( ਰਜਿ) ਲੁਧਿਆਣਾ ਦੇ ਪ੍ਰਧਾਨ ਹਰਜਿੰਦਰ ਸਿੰਘ ਦੀ ਅਗਵਾਈ ਵਿੱਚ ਹੜ੍ਹ-ਪੀੜਤਾਂ ਦੀ ਮਦਦ ਕਰਨ ਸੰਬਧੀ ਦੋਰਾਹਾ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ, ਸਨਅਤੀ ਮਜ਼ਦੂਰ, ਬਿਜਲੀ ਮੁਲਾਜ਼ਮ, ਅਧਿਆਪਕ, ਪੈਨਸ਼ਨਰ, ਮੈਡੀਕਲ ਪ੍ਰੈਕਟੀਸ਼ਨਰ, ਰੰਗਕਰਮੀ ਜਨਤਕ ਜਥੇਬੰਦੀਆਂ ਦੇ ਆਗੂਆਂ ਦੀ ਸਾਂਝੀ ਮੀਟਿੰਗ ਕੀਤੀ ਗਈ ।ਮੀਟਿੰਗ ਵਿੱਚ 9 ਸਤੰਬਰ ਨੂੰ ਬਰਨਾਲਾ ਵਿਖੇ ਸੂਬਾਈ ਪੱਧਰ ਦੀਆਂ ਜਨਤਕ ਜਥੇਬੰਦੀਆਂ ਵਲੋਂ ਹੜ੍ਹ ਪੀੜਤਾਂ ਦੀ ਵਿਆਪਕ ਮਦਦ ਕਰਨ , ਉਹਨਾਂ ਦੇ ਮੁੜ-ਵਸੇਬੇ ਦੇ ਇੰਤਜ਼ਾਮ ਕਰਨ ਤੇ ਹੜ੍ਹਾਂ ਦੀ ਤਬਾਹੀ ਨਾਲ ਹੋਏ ਜਾਨੀ ਮਾਲੀ ਨੁਕਸਾਨ ਦੇ ਮੁਆਵਜ਼ੇ ਲਈ ਕੇਂਦਰ ਤੇ ਸੂਬਾ ਸਰਕਾਰਾਂ 'ਤੇ ਦਬਾਅ ਲਾਮਬੰਦ ਕਰਨ ਦਾ ਵਿਸ਼ਾਲ ਟੀਚਾ ਮਿੱਥ ਕੇ ਸਰਗਰਮੀ ਕਰਨ ਦੀ ਸ਼ੁਰੂ ਕੀਤੀ ਮੁਹਿੰਮ ਦੀ ਰਿਪੋਰਟ ਮਜ਼ਦੂਰ ਆਗੂ ਹਰਜਿੰਦਰ ਸਿੰਘ ਨੇ ਪੇਸ਼ ਕੀਤੀ ।ਕਿਸਾਨ ਆਗੂ ਸੁਦਾਗਰ ਸਿੰਘ ਨੇ ਬੀ ਕੇ ਯੂ ( ਏਕਤਾ ਉਗਰਾਹਾਂ) ਜ਼ਿਲ੍ਹਾ ਲੁਧਿਆਣਾ ਦੀ ਆਗੂ ਟੀਮ ਵਲੋਂ ਸਤਲੁਜ ਦਰਿਆ ਦੇ ਨਾਲ ਲੱਗਦੇ ਸਿੱਧਵਾਂ ਬੇਟ ਤੇ ਸਸਰਾਲੀ ਬੰਨ੍ਹ ਟੁੱਟਣ ਨਾਲ ਪ੍ਰਭਾਵਤ ਅਨੇਕਾਂ ਪਿੰਡਾਂ 'ਚ ਦੋ ਦਿਨਾਂ ਕੀਤੇ ਸਰਵੇ ਤੇ ਹੋਏ ਨੁਕਸਾਨ ਦੀ ਰਿਪੋਰਟ ਪੇਸ਼ ਕੀਤੀ ।ਉਹਨਾਂ ਦੱਸਿਆ ਕਿ ਪਿਛਲੇ ਦਿਨੀਂ ਕਿਸਾਨ ਜਥੇਬੰਦੀ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਕੀਤੇ ਸਰਵੇ ਦੇ ਅਧਾਰ ਤੇ ਇਹ ਗੱਲ ਸਪਸ਼ਟ ਹੋ ਗਈ ਹੈ ਕਿ ਸੂਬਾ ਅਤੇ ਕੇਂਦਰ ਸਰਕਾਰ ਨੇ ਮੌਸਮ ਵਿਗਿਆਨੀਆਂ ਦੀਆਂ ਗੰਭੀਰ ਚਿਤਾਵਨੀਆਂ ਦੇ ਬਾਵਜੂਦ ਵੀ ਹੜ੍ਹਾਂ ਦੀ ਰੋਕਥਾਮ ਲਈ ਅਗਾਊਂ ਪ੍ਰਬੰਧ ਨਹੀਂ ਕੀਤੇ ਅਤੇ ਨਾ ਹੀ ਬਾਅਦ ਵਿੱਚ ਸਰਕਾਰ ਨੇ ਲੋਕਾਂ ਦੀ ਬਾਂਹ ਫੜੀ। ਆਗੂਆਂ ਨੇ ਕੇਂਦਰ ਸਰਕਾਰ ਵਲੋਂ ਹੜ੍ਹ ਪੀੜਤਾਂ ਲਈ ਐਲਾਨੇ ਮੁਆਵਜ਼ੇ ਨੂੰ ਕੋਝਾ ਮਜ਼ਾਕ ਕਰਾਰ ਦਿੱਤਾ। ਕੇਂਦਰ ਤੇ



ਸੂਬਾ ਸਰਕਾਰਾਂ ਵਲੋਂ ਸਭ ਤੋਂ ਵੱਧ ਪ੍ਰਭਾਵਤ ਖੇਤ ਮਜ਼ਦੂਰਾਂ ਦੇ ਰੁਜ਼ਗਾਰ ਤੇ ਘਰਾਂ ਤੇ ਸਮਾਨ ਦੇ ਹੋਏ ਨੁਕਸਾਨ ਬਾਰੇ ਇੱਕ ਧੇਲਾ ਵੀ ਨਾ ਦੇਣਾ ਮਜ਼ਦੂਰ / ਲੋਕ ਦੁਸ਼ਮਣ ਖ਼ਸਲਤ ਨੂੰ ਹੀ ਨੰਗਾ ਕਰਦਾ ਹੈ। ਮੀਟਿੰਗ ਵਿੱਚ ਹਾਜ਼ਰ ਜਨਤਕ ਜਥੇਬੰਦੀਆਂ ਨੇ ਸੂਬਾ ਪੱਧਰੀ ਜਥੇਬੰਦੀਆਂ ਵਲੋਂ ਹੜ੍ਹ ਪੀੜਤ ਇੱਕ ਲੱਖ ਦੇ ਕਰੀਬ ਪਰਵਾਰਾਂ ਦੀ ਮੱਦਦ ਲਈ ਦੋ ਮਹੀਨੇ ਤੱਕ ਲੰਬੀ ਮੁਹਿੰਮ ਚਲਾਉਣ ਦੀ ਮੁਹਿੰਮ ਦੀ ਸ਼ਲਾਘਾ ਕਰਦੇ ਹੋਏ ਪੂਰਾ ਸਹਿਯੋਗ ਦੇਣ ਦਾ ਫੈਸਲਾ ਕੀਤਾ। ਜਿਸ ਵਿੱਚ ਪਹਿਲ ਦੇ ਅਧਾਰ 'ਤੇ ਮਜ਼ਦੂਰਾਂ ਅਤੇ ਬੇਜ਼ਮੀਨੇ ਤੇ ਥੁੜ ਜ਼ਮੀਨੇ ਕਿਸਾਨਾਂ ਦੇ ਪਰਿਵਾਰਾਂ ਨੂੰ ਪਹਿਲ ਦੇ ਤੌਰ 'ਤੇ ਚੁਣਿਆ ਜਾਵੇਗਾ। ਇਸ ਮੁਹਿੰਮ ਤਹਿਤ ਕਿਸਾਨਾਂ ਦੀਆਂ ਜ਼ਮੀਨਾਂ ਵਾਹੀਯੋਗ ਬਣਾਉਣ, ਫ਼ਸਲ ਦੀ ਬਿਜਾਈ, ਮਜ਼ਦੂਰਾਂ ਦੇ ਘਰਾਂ ਦੀ ਉਸਾਰੀ ਤੇ ਮੁਰੰਮਤ, ਖੇਤ ਮਜ਼ਦੂਰਾਂ ਅਤੇ ਬੇਜ਼ਮੀਨੇ ਤੇ ਥੁੜ ਜ਼ਮੀਨੇ ਕਿਸਾਨਾਂ ਦੇ ਘਰਾਂ ਲਈ 6 ਮਹੀਨਿਆਂ ਦਾ ਰਾਸ਼ਨ, ਦਵਾਈਆਂ, ਕੱਪੜੇ, ਵਿਦਿਆਰਥੀਆਂ ਲਈ ਕਿਤਾਬਾਂ ਅਤੇ ਸਟੇਸ਼ਨਰੀ ਮੁਹੱਈਆ ਕਰਾਉਣ ਤੋਂ ਇਲਾਵਾ ਪਸ਼ੂਆਂ ਲਈ ਅਚਾਰ,ਹਰੇ ਚਾਰੇ ਅਤੇ ਤੂੜੀ ਆਦਿ ਦਾ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਪਿੰਡਾਂ/ ਕਸਬਿਆਂ ਵਿੱਚ ਜ਼ੋਰਦਾਰ ਮੁਹਿੰਮ ਸ਼ੁਰੂ ਕੀਤੀ ਜਾਵੇਗੀ । ਮੀਟਿੰਗ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਲੁਧਿਆਣਾ ਦੇ ਕਾਰਜਕਾਰੀ ਪ੍ਰਧਾਨ ਮਨੋਹਰ ਸਿੰਘ ਕਲਾਹੜ, ਸਕੱਤਰ ਸੁਦਾਗਰ ਸਿੰਘ ਘੁਡਾਣੀ ਕਲਾਂ , ਮਾ : ਰਾਜਿੰਦਰ ਸਿੰਘ ਸਿਆੜ, ਬਲਵੰਤ ਸਿੰਘ ਘੁਡਾਣੀ ਕਲਾਂ , ਟੀ ਐਸ ਯੂ ( ਬਿਜਲੀ ਬੋਰਡ) ਸਰਕਲ ਖੰਨਾ ਬੁੱਧ ਸਿੰਘ, ਡੈਮੋਕ੍ਰੇਟਿਕ ਟੀਚਰ ਫ਼ਰੰਟ ਜਿਲ੍ਹਾ ਸਕੱਤਰ ਮਾ: ਦਲਜੀਤ ਸਿੰਘ, ਮਾ: ਜਸਕਰਨ ਸਿੰਘ, ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ (ਰਜਿ ਨੰ : 295) ਬਲਾਕ ਖੰਨਾ ਸਮਰਾਲਾ, ਗਿੱਲ ਰੋਡ ਲੁਧਿਆਣਾ ਦੇ ਕ੍ਰਮਵਾਰ ਆਗੂ ਡਾ: ਜਸਵਿੰਦਰ ਸਿੰਘ, ਡਾ: ਸੁਖਦੇਵ ਸਿੰਘ , ਡਾ: ਹਰਦੀਪ ਸਿੰਘ , ਮਜ਼ਦੂਰ ਯੂਨੀਅਨ ਇਲਾਕਾ ਖੰਨਾ ਮਲਕੀਤ ਸਿੰਘ, ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ ਹਰਜਿੰਦਰ ਸਿੰਘ , ਲੋਕ ਸੰਘਰਸ਼ ਕਮੇਟੀ ਸਮਰਾਲਾ ਕੋ-ਕਨਵੀਨਰ ਕੁਲਵੰਤ ਤਰਕ , ਪੰਜਾਬ ਰਾਜ ਮਹਾਂ ਸੰਘ ਪੈਨਸ਼ਨਰ ਸਮਰਾਲਾ ਗੁਰਬਖਸ਼ੀਸ਼ ਸਿੰਘ, ਅਵਾਮੀ ਰੰਗਮੰਚ ( ਪਲਸ ਮੰਚ) ਸਿਹੋੜਾ ਸ਼ੈਰੀ ਸਿਹੋੜਾ ਆਦਿ ਸ਼ਾਮਲ ਹੋਏ।

## ਸ਼ੈਰੀ ਕਲਸੀ ਵੱਲੋਂ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਲਈ ਰਾਹਤ ਸਮੱਗਰੀ ਦਾ ਟਰੱਕ ਰਵਾਨਾ

ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਮਹਾਂਦੇਵ ਸੇਵਾ ਸਮਿਤੀ ਜਲਾਲਪੁਰ-1, ਜ਼ਿਲ੍ਹਾ ਪਾਣੀਪਤ (ਹਰਿਆਣਾ) ਤੋਂ ਰਾਹਤ ਸਮੱਗਰੀ ਦਾ ਟਰੱਕ ਜਿਸ ਵਿੱਚ ਸੁੱਕਾ ਰਾਸ਼ਨ ਜਿਵੇਂ ਖੰਡ, ਤੇਲ, ਚਾਹ ਤੇ ਮਸਾਲੇ ਆਦਿ ਸ਼ਾਮਲ ਹਨ ਨੂੰ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਵੰਡਣ ਲਈ ਰਵਾਨਾ ਕੀਤਾ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਨੇ ਸਮਿਤੀ ਦੀ ਪੂਰੀ ਟੀਮ ਜਿਸ ਵਿੱਚ ਸਚਿਨ ਸਰਪੰਚ ਪਿੰਡ ਜਲਾਲਪੁਰ, ਸੁਸ਼ੀਲ ਸ਼ਰਮਾ, ਜਗਬੀਰ ਸਿੰਘ ਹਰਿਆਣਾ ਪੁਲਸ, ਮਾਸਟਰ ਕਰਮਪਾਲ, ਸੰਦੀਪ ਜੈਨ, ਮੁਕੇਸ਼ ਸ਼ਰਮਾ ਤੇ ਬਲਵਿੰਦਰ ਸਿੰਘ ਸ਼ਾਮਲ ਸਨ, ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਔਖੀ ਘੜੀ ਵਿੱਚ ਉਨ੍ਹਾਂ ਨੇ ਲੋੜਵੰਦ ਲੋਕਾਂ ਦੀ ਬਾਂਹ ਫੜੀ ਹੈ, ਜਿਸ ਲਈ ਉਹ ਉਨ੍ਹਾਂ ਦੇ ਧੰਨਵਾਦੀ ਹਨ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਲਗਾਤਾਰ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਰਾਹਤ ਕਾਰਜ ਜਾਰੀ ਹਨ ਅਤੇ ਇਸ ਸੰਕਟ ਦੇ ਸਮੇਂ ਵਿੱਚ ਪੰਜਾਬ ਸਰਕਾਰ ਆਪਣੇ ਲੋਕਾਂ ਨਾਲ ਪੂਰੀ ਮਜ਼ਬੂਤੀ ਨਾਲ ਖੜ੍ਹੀ ਹੈ।ਉਨ੍ਹਾਂ ਕਿਹਾ ਕਿ ਰਾਜ ਸਰਕਾਰ ਇਸ ਔਖੀ ਘੜੀ



ਵਿੱਚ ਪ੍ਰਭਾਵਿਤ ਲੋਕਾਂ ਤੱਕ ਸਮੇਂ ਸਿਰ ਰਾਹਤ, ਡਾਕਟਰੀ ਸਹਾਇਤਾ ਤੇ ਦਵਾਈਆਂ ਅਤੇ ਮੁਢਲੀਆਂ ਲੋੜਾਂ ਪਹੁੰਚਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡ ਰਹੀ।ਉਨ੍ਹਾਂ ਕਿਹਾ ਕਿ ਸਰਕਾਰ ਪ੍ਰਭਾਵਿਤ ਲੋਕਾਂ ਦੇ ਨਾਲ ਹੈ ਅਤੇ ਲੋਕਾਂ ਦੇ ਮੁੜ ਵਸੇਬੇ ਲਈ ਲਗਾਤਾਰ ਯਤਨਸ਼ੀਲ ਹੈ।ਇਸ ਮੌਕੇ ਮਹਾਂਦੇਵ ਸੇਵਾ ਸਮਿਤੀ ਜਲਾਲਪੁਰ-1 ਦੀ ਟੀਮ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਇਹ ਰਾਹਤ ਸਮੱਗਰੀ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਵੰਡੀ ਜਾਵੇਗੀ।ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਡੇਰਾ ਬਾਬਾ ਨਾਨਕ ਵਿਖੇ ਤਾਲਮੇਲ ਕਰ ਲਿਆ ਗਿਆ ਹੈ ਅਤੇ ਲੋੜਵੰਦ ਲੋਕਾਂ ਤੱਕ ਰਾਹਤ ਸਮੱਗਰੀ ਪੁੱਜਦਾ ਕੀਤੀ ਜਾਵੇਗੀ।

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਜਨਾਲਾ ਵਿਖੇ ਦੋ ਰੋਜ਼ਾ ਮੁਫ਼ਤ ਮੈਡੀਕਲ ਕੈਂਪ ਆਰੰਭ

ਚੇਤਨਪੁਰਾ (ਸੁਖਦੇਵ ਚੇਤਨਪੁਰੀ)- ਚੀਫ ਖਾਲਸਾ ਦੀਵਾਨ ਨਰਸਿੰਗ ਕਾਲਜ ਅੰਮ੍ਰਿਤਸਰ ਦੇ ਡਾਕਟਰਾਂ ਦੀ ਟੀਮ ਦੇ ਸਹਿਯੋਗ ਨਾਲ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਜਨਾਲਾ ਵਿਖੇ ਦੋ ਰੋਜ਼ਾ 17, 18 ਸਤੰਬਰ ਨੂੰ ਮੁਫ਼ਤ ਮੈਡੀਕਲ ਕੈਂਪ ਦਾ ਆਰੰਭ ਕੀਤਾ ਗਿਆ।ਕੈਂਪ ਦਾ ਉਦਘਾਟਨ ਚੀਫ ਖਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਕੀਤਾ।ਇਸ ਸਬੰਧੀ ਪੱਤਰਕਾਰਾਂ ਨਾਲ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਸਕੂਲ ਦੇ ਪ੍ਰਿੰਸੀਪਲ ਮੁਕਤਾ ਤਰੁਣ ਅਤੇ ਚੇਅਰਮੈਨ ਆਫ ਨਰਸਿੰਗ ਆਤਮਜੀਤ ਸਿੰਘ ਬਸਰਾ ਵੱਲੋਂ ਇਸ ਦੋ ਰੋਜ਼ਾ ਮੈਡੀਕਲ ਕੈਂਪ ਤੋਂ ਇਲਾਵਾ ਸਾਡੀਆਂ ਟੀਮਾਂ ਵੱਲੋਂ ਇਸ ਸਮੇਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਮੈਡੀਕਲ ਸਹੂਲਤ ਲਈ ਫਰੀ ਮੈਡੀਕਲ ਕੈਂਪ ਲਗਾਏ ਜਾਣਗੇ।ਕੈਂਪਾਂ ਵਿੱਚ ਹੜ੍ਹਾਂ ਦਾ ਸੰਤਾਪ ਭੋਗ ਰਹੇ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।ਸ੍ਰੀ ਨਿੱਜਰ ਨੇ ਦੱਸਿਆ ਕਿ ਜਦੋਂ ਤੋਂ ਹੜ੍ਹਾਂ ਦੀ ਕੁਦਰਤੀ ਆਫਤ ਆਈ ਹੈ ਉਸੇ ਦਿਨ ਤੋਂ ਹੀ ਚੀਫ ਖਾਲਸਾ ਦੀਵਾਨ ਦੇ ਸਹਿਯੋਗ ਨਾਲ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਜਨਾਲਾ ਦੀ ਮੈਨੇਜਮੈਂਟ ਪ੍ਰਿੰਸੀਪਲ ਸਾਹਿਬ ਅਤੇ ਸਟਾਫ ਦੀ ਬਣੀ ਹੋਈ ਟੀਮ ਵੱਲੋਂ ਦਿਨ ਰਾਤ ਇਸ ਮੁਸ਼ਕਿਲ ਦੀ ਘੜੀ ਵਿੱਚ ਲੋਕਾਂ ਨਾਲ ਨੂੰ ਰੈਸਕਿਊ ਕਰਵਾਉਣਾ, ਲੋੜਵੰਦਾਂ ਨੂੰ ਖਾਣਾ ਮੁਹੱਈਆ ਕਰਵਾਉਣਾ, ਸੁੱਕਾ ਰਾਸ਼ਨ ਪਹੁੰਚਾਉਣਾ, ਪਸ਼ੂਆਂ ਲਈ ਚਾਰੇ ਦਾ ਪ੍ਰਬੰਧ ਕਰਨਾ ਆਦਿ ਸ਼ਾਮਲ ਹੈ, ਹਾਲੇ ਵੀ ਇਹ ਪ੍ਰਬੰਧ ਕੀਤਾ ਜਾ ਰਿਹਾ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਅਗਾਂਹ ਵੀ ਅਸੀਂ ਇਸੇ ਤਰ੍ਹਾਂ ਸੇਵਾ ਵਿੱਚ ਯੋਗਦਾਨ ਪਾਉਂਦੇ ਰਹਾਂਗੇ।

ਇਸ ਮੌਕੇ ਐਡੀ. ਆਨ. ਸਕੱਤਰ ਸ: ਜਸਪਾਲ ਸਿੰਘ ਢਿੱਲੋਂ, ਐਡੀ.ਆਨ. ਸਕੱਤਰ (ਮੁੱਖ ਦਫਤਰ ਮੈਂਬਰ) ਸ: ਹਰਵਿੰਦਰ ਪਾਲ ਸਿੰਘ ਚੁੱਘ, ਪ੍ਰਿੰਸੀਪਲ ਆਫ ਨਰਸਿੰਗ ਕਾਲਜ ਡਾ: ਯਸ਼ਪ੍ਰੀਤ ਕੌਰ, ਵਾਈਸ ਪ੍ਰਿੰਸੀਪਲ ਆਫ ਨਰਸਿੰਗ ਕਾਲਜ ਡਾ. ਹਰਲੀਨ ਕੌਰ, ਹਰਜੋਤ ਹਸਪਤਾਲ ਤੋਂ ਡਾ.ਅਨਸੀ, ਡਾ. ਪ੍ਰੀਆ, ਸਕੂਲ ਮੈਂਬਰ ਇੰਚਾਰਜ ਸਰਦਾਰ ਦਰਸ਼ਨ ਸਿੰਘ ਨਿੱਝਰ, ਐਡਵੋਕੇਟ ਇੰਦਰਜੀਤ ਸਿੰਘ ਅੜੀ, ਸ. ਗੁਰਜੰਗ ਸਿੰਘ, ਭਗਪ੍ਰੀਤ ਸਿੰਘ ਅਤੇ ਸਕੂਲ ਸਟਾਫ ਸੁਪਰਵਾਈਜ਼ਰ ਜੁਗਰਾਜ ਸਿੰਘ ਰਿਆੜ, ਟ੍ਰਾਂਸਪੋਰਟ ਇੰਚਾਰਜ ਅਵਤਾਰ ਸਿੰਘ, ਅਕਾਊਂਟੈਂਟ ਸ਼ੇਰ ਬਹਾਦਰ ਪੰਜਾਬੀ ਅਧਿਆਪਕਾ ਅਤੇ ਧਾਰਮਿਕ ਇੰਚਾਰਜ ਮਨਦੀਪ ਕੌਰ ਰਿਆੜ, ਕਵਲਜੀਤ ਕੌਰ, ਹਰਿੰਦਰ ਕੌਰ ਅਤੇ ਮੈਡਮ ਪੂਜਾ ਹਾਜ਼ਰ ਸਨ। ਕੈਂਪ ਦੇ ਪਹਿਲੇ ਦਿਨ ਮੈਡੀਕਲ ਕੈਂਪ ਵਿੱਚ ਪਹੁੰਚੇ ਕਰੀਬ 150 ਤੋਂ 200 ਮਰੀਜ਼ਾਂ ਦਾ ਫਰੀ ਚੈਕਅਪ ਕਰਨ ਤੋਂ ਬਾਅਦ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ।

## ਅਜਨਾਲਾ ਦੇ ਹੜ੍ਹ ਪ੍ਰਭਾਵਿਤ 19 ਪਿੰਡਾਂ ਦੇ ਖੇਤਾਂ 'ਚੋਂ ਰੇਤ, ਗਾਰ ਤੇ ਦਰਿਆਈ ਪਦਾਰਥ ਕੱਢਣ ਦੀ ਪ੍ਰਵਾਨਗੀ ਜਾਰੀ : ਡੀ ਸੀ

ਅੰਮ੍ਰਿਤਸਰ, (ਨਰਿੰਦਰ ਜੀਤ ਸਿੰਘ)-ਪੰਜਾਬ ਸਰਕਾਰ ਡਿਪਾਰਟਮੈਂਟ ਅਤੇ ਜਿਓਲੋਜੀ ਵੱਲੋਂ ਗਠਿਤ ਕੀਤੀ ਗਈ ਕਮੇਟੀ ਵੱਲੋਂ ਹੁਣ ਤੱਕ ਕੀਤੀਆਂ ਗਈਆਂ ਸਰਵੇ ਰਿਪੋਰਟਾਂ ਅਨੁਸਾਰ ਅਜਨਾਲਾ ਹਲਕੇ ਦੇ ਹੜ੍ਹ ਪ੍ਰਭਾਵਿਤ 19 ਪਿੰਡਾਂ ਦੀ ਸ਼ਨਾਖਤ ਕੀਤੀ ਗਈ ਹੈ ਜਿਨ੍ਹਾਂ ਵਿੱਚ ਰੇਤ ਪਾਈ ਗਈ ਹੈ।ਕਮੇਟੀ ਵੱਲੋਂ ਪਾਣੀ ਉਤਰ ਜਾਣ ਤੋਂ ਬਾਅਦ ਹੋਰ ਪਿੰਡਾਂ ਦੀ ਸੂਚੀ ਵੀ ਜਾਰੀ ਕੀਤੀ ਜਾਵੇਗੀ ਅਤੇ ਉਸ ਬਾਰੇ ਪ੍ਰਕਾਸ਼ਨਾ ਬਾਅਦ ਵਿੱਚ ਕਾਨੂੰਨ ਅਨੁਸਾਰ ਕੀਤੀ ਜਾਵੇਗੀ।ਇਸ ਸਬੰਧੀ ਜਾਣਕਾਰੀ



ਦਿੰਦੇ ਹੋਏ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ 19 ਪਿੰਡਾਂ ਦੇ ਪ੍ਰਭਾਵਿਤ ਖੇਤਾਂ ਵਿਚੋਂ ਗਾਰ, ਰੇਤ ਅਤੇ ਹੋਰ ਦਰਿਆਈ ਪਦਾਰਥ ਨੂੰ ਲਿਫਟ ਕਰਨ ਅਤੇ ਹਟਾਉਣ ਦੀ ਪ੍ਰਵਾਨਗੀ ਪ੍ਰਭਾਵਿਤ ਕਿਸਾਨਾਂ/ਕਿਸਾਨ ਸਮੂਹ ਨੂੰ ਦਿੱਤੀ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਕਾਰਜਕਾਰੀ ਇੰਜਨੀਅਰ/ਅੰਮ੍ਰਿਤਸਰ ਜਲ ਨਿਕਾਸ ਮਾਈਨਿੰਗ ਅਤੇ ਜਿਓਲੋਜੀ ਮੰਡਲ ਅਤੇ ਸਬੰਧਤ ਉਪ ਮੰਡਲ ਮੈਜਿਸਟਰੇਟ ਯਕੀਨੀ ਬਣਾਉਣਗੇ ਕਿ ਗਾਰ, ਰੇਤ ਅਤੇ ਹੋਰ ਦਰਿਆਈ ਪਦਾਰਥ ਵਾਹੀਯੋਗ ਖੇਤਾਂ ਵਿੱਚ ਹਟਾਉਣ ਸਮੇਂ ਖੇਤ ਦੀ ਜ਼ਮੀਨ ਦੀ ਸਤਹ ਨੂੰ ਨਿਯਮਾਂ ਅਨੁਸਾਰ ਕੋਈ ਨੁਕਸਾਨ ਨਾ ਹੋਵੇ। ਉਨ੍ਹਾਂ ਦੱਸਿਆ ਕਿ ਉਕਤ ਵਿਭਾਗ ਇਹ ਯਕੀਨੀ ਬਣਾਉਣਗੇ ਕਿ ਜਦੋਂ ਵਾਹੀਯੋਗ ਖੇਤਾਂ ਵਿੱਚੋਂ ਗਾਰ, ਰੇਤ ਅਤੇ ਹੋਰ ਦਰਿਆਈ ਪਦਾਰਥ ਨੂੰ ਹਟਾਇਆ ਜਾਂਦਾ ਹੈ ਤਾਂ ਉਸ ਦੀ ਆੜ ਵਿੱਚ ਮੌਜੂਦਾ ਰਿਵਰ ਬੈੱਡ ਮਾਈਨ, ਕਮਰਸ਼ੀਅਲ ਮਾਈਨਿੰਗ ਸਾਈਟ ਜਾਂ ਪਬਲਿਕ ਮਾਈਨਿੰਗ ਸਾਈਟ ਵਿੱਚੋਂ ਕੋਈ ਉਕਤ ਪਦਾਰਥ ਨਾ ਹਟਾਇਆ ਜਾਵੇ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 19 ਪਿੰਡਾਂ ਵਿੱਚ ਮਲਕਪੁਰ, ਦਰਿਆ ਮੂਸਾ, ਘੋਨੇਵਾਲਾ, ਸਹਾਰਨ, ਕੱਸੋਵਾਹਲਾ, ਆਰਜੀ ਸਹਾਰਨ, ਮਹਿਮਦ ਮੰਦਰਾਂ ਵਾਲਾ, ਚਾਹੜਪੁਰ, ਕੋਟ ਰਜਾਦਾ, ਆਰਜੀ ਕੋਟ ਰਜਾਦਾ, ਪੰਜ ਗਰਾਈਵਾਲਾ, ਘੁਮਰਾਏ, ਮਾਛੀਵਾਲਾ, ਮੰਗੂਨਾਰ, ਸ਼ਹਿਜਾਦਾ, ਕਮਾਲਪੁਰ ਖੁਰਦ, ਨੰਗਲ ਸੋਹਲ, ਦੂਜੋਵਾਲ ਅਤੇ ਬੁੱਢਾ ਵਰਸਾਲ ਸ਼ਾਮਲ ਹਨ।ਉਨ੍ਹਾਂ ਦੱਸਿਆ ਕਿ ਜਿਹੜੇ ਕਿਸਾਨ ਘੱਟ ਰਕਬੇ ਦੇ ਮਾਲਕ ਜਾਂ ਕਾਸ਼ਤਕਾਰ ਹਨ ਅਤੇ ਉਨ੍ਹਾਂ ਕੋਲ ਆਪਣੀ ਕੋਈ ਮਸ਼ੀਨਰੀ ਨਹੀਂ ਹੈ ਤਾਂ ਉਹ ਪਾਲਿਸੀ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਦੇ ਹੈਲਪਲਾਈਨ ਨੰਬਰ 01858-221102 ਜਾਂ 01858-221037 ਤੇ ਰਾਬਤਾ ਕਾਇਮ ਕਰ ਸਕਦੇ ਹਨ ਤਾਂ ਜੋ ਲੋੜੀਂਦੀ ਮਸ਼ੀਨੀ ਉਨ੍ਹਾਂ ਨੂੰ ਮੁਹੱਈਆ ਕਰਵਾਈ ਜਾ ਸਕੇ। ਉਨ੍ਹਾਂ ਦੱਸਿਆ ਕਿ ਪ੍ਰਭਾਵਿਤ ਕਿਸਾਨ/ਕਿਸਾਨ ਸਮੂਹ ਉਪ ਮੰਡਲ ਮੈਜਿਸਟਰੇਟ, ਮਾਈਨਿੰਗ ਵਿਭਾਗ ਅਤੇ ਖੇਤੀਬਾੜੀ ਵਿਭਾਗ ਦਾ ਲੋੜੀਂਦਾ ਸਹਿਯੋਗ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਵਾਹੀਯੋਗ ਖੇਤਾਂ ਵਿੱਚੋਂ ਗਾਰ, ਰੇਤ ਅਤੇ ਹੋਰ ਦਰਿਆਈ ਪਦਾਰਥ ਅਗਲੀ ਬਿਜਾਈ ਤੋਂ ਪਹਿਲਾਂ ਮੁਕੰਮਲ ਹੋਣਗੇ।

## ਸਾਢੇ ਚੌਦਾਂ ਲੱਖ ਦੀ ਠੱਗੀ ਮਾਰਨ ਵਾਲੇ ਦੋ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਤਿੱਬੜ ਪੁਲਸ ਨੇ ਵਿਦੇਸ਼ ਭੇਜਣ ਦੇ ਨਾਮ 'ਤੇ ਠੱਗੀ ਮਾਰਨ ਵਾਲੇ ਦੋ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਕੀਤੀ ਜਾਂਚ ਪੜਤਾਲ ਵਿਚ ਪਾਇਆ ਕਿ ਸ਼ਿਕਾਇਤ ਕਰਤਾ ਸੰਤ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਤਿੱਬੜ ਦੇ ਲੜਕੇ ਬਲਵਿੰਦਰ ਸਿੰਘ ਨੂੰ ਵਿਦੇਸ਼ ਆਸਟਰੇਲੀਆ ਭੇਜਣ ਦੇ ਨਾਮ 'ਤੇ ਕਥਿਤ ਦੋਸ਼ੀ ਅਮਨਦੀਪ ਸਿੰਘ ਖਹਿਰਾ ਪੁੱਤਰ ਜਗਿੰਦਰ ਸਿੰਘ ਅਤੇ ਸੰਦੀਪ ਕੌਰ ਪਤਨੀ ਅਮਨਦੀਪ ਸਿੰਘ ਖਹਿਰਾ ਵਾਸੀ ਸੰਗਰੂਰ ਵੱਲੋਂ ਵਿਦੇਸ਼ ਭੇਜਣ ਦੇ ਨਾਮ 'ਤੇ 14 ਲੱਖ 50 ਹਜ਼ਾਰ ਰੁਪਏ ਠੱਗੀ ਮਾਰੀ ਹੈ। ਪੁਲਸ ਨੇ ਉਕਤ ਦੋਵਾਂ ਵਿਅਕਤੀਆਂ ਖ਼ਿਲਾਫ਼ ਜ਼ੇਰੇ ਧਾਰਾ 420 ਆਈਪੀਸੀ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਗੁਰਦਾਸਪੁਰ ਨੇ ਮੁੱਖ ਮੰਤਰੀ ਰਾਹਤ ਫੰਡ ਲਈ ਦਿੱਤੇ 65000 ਰੁਪਏ

ਗੁਰਦਾਸਪੁਰ (ਬਲਵਿੰਦਰ ਸਿੰਘ ਬਿੱਲਾ)-ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਗੁਰਦਾਸਪੁਰ ਦੀ ਵਿਸ਼ੇਸ਼ ਇੱਕਤਰਤਾ ਸ਼ਹੀਦ ਬਲਜੀਤ ਸਿੰਘ ਯਾਦਗਾਰੀ ਭਵਨ ਗੁਰਦਾਸਪੁਰ ਵਿਖੇ ਜ਼ਿਲ੍ਹਾ ਪ੍ਰਧਾਨ ਜਵੰਦ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਦੌਰਾਨ ਪੈਨਸ਼ਨਰਜ਼ ਦੇ ਅਹਿਮ ਮਸਲੇ ਵਿਚਾਰੇ ਗਏ। 1/1/16 ਤੋਂ ਪਿੱਛੋਂ ਸੇਵਾਮੁਕਤ ਹੋਏ ਪੈਨਸ਼ਨਰਾਂ ਦੇ ਪੇ-ਕਮਿਸ਼ਨ ਦੇ ਬਕਾਏ ਜਿਹੜੇ ਕਿ ਡੀਡੀਓ ਵੱਲੋਂ ਕਢਵਾਏ ਜਾਣੇ ਹਨ, ਦੀ ਪਹਿਲੀ ਕਿਸ਼ਤ ਅਪ੍ਰੈਲ 2025 ਵਿੱਚ ਕਢਵਾਈ ਜਾਣੀ ਸੀ ਅਤੇ ਹੁਣ ਦੂਸਰੀ ਕਿਸ਼ਤ ਅਕਤੂਬਰ ਮਹੀਨੇ ਵਿੱਚ ਕਢਵਾਉਣ ਯੋਗ ਹੈ ਪਰ ਅਜੇ ਤੱਕ ਬਹੁਤ ਸਾਰੇ ਅਧਿਕਾਰੀਆਂ ਵੱਲੋਂ ਪਹਿਲੀ ਕਿਸ਼ਤ ਵੀ ਨਹੀਂ ਕਢਵਾਈ ਗਈ।ਲੀਵ-ਇਨ-ਕੈਸ਼ਮੈਂਟ ਦੇ ਬਕਾਏ ਹੁਣ ਤਕ ਨਹੀਂ ਕਢਵਾਏ ਗਏ।ਮੈਡੀਕਲ ਕਲੇਮ ਬਿੱਲਾਂ ਦੀ ਅਦਾਇਗੀ ਐਜੂਕੇਸ਼ਨ ਦੇ ਪ੍ਰਾਇਮਰੀ ਵਿਭਾਗ ਵਿੱਚ ਪਿਛਲੇ ਲੰਮੇ ਸਮੇਂ ਤੋਂ ਪੈਂਡਿੰਗ ਪਈ ਹੈ। ਪੈਨਸ਼ਨਰਾਂ ਵੱਲੋਂ ਸਰਕਾਰ ਕੋਲੋਂ ਮੰਗ ਕੀਤੀ ਗਈ ਕਿ ਪੈਨਸ਼ਨਰਾਂ ਦੇ ਮਸਲੇ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾਣ। ਇਸ ਮੌਕੇ ਹੜ੍ਹ ਪੀੜਤਾਂ ਦੀ ਸਹਾਇਤਾ ਹਿਤ ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ



ਗੁਰਦਾਸਪੁਰ ਵੱਲੋਂ 65,000 ਰੁਪਏ ਦਾ ਡਰਾਫਟ ਮੁੱਖ ਮੰਤਰੀ ਰਾਹਤ ਫੰਡ ਵਾਸਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਸੁਪਰਡੈਂਟ ਵਿਜੇ ਕੁਮਾਰ ਨੂੰ ਸੌਂਪਿਆ ਗਿਆ।ਇਸ ਮੌਕੇ ਵਿਜੇ ਕੁਮਾਰ ਨੇ ਐਸੋਸੀਏਸ਼ਨ ਦੀ ਇਸ ਨੇਕ ਕੰਮ ਲਈ ਸ਼ਲਾਘਾ ਕੀਤੀ ਅਤੇ ਧੰਨਵਾਦ ਕੀਤਾ ।ਇਸ ਮੌਕੇ ਐਸੋਸੀਏਸ਼ਨ ਦੇ ਆਗੂ ਜਵੰਦ ਸਿੰਘ ਪ੍ਰਧਾਨ, ਸੁਰੇਸ਼ ਕੁਮਾਰ ਵਿੱਤ ਸਕੱਤਰ, ਸਵਿੰਦਰ ਸਿੰਘ ਔਲਖ, ਅਵਿਨਾਸ਼ ਸਿੰਘ, ਮੰਗਤ ਚੰਚਲ, ਬਸੰਤ ਸਿੰਘ ਫਤਿਹਗੜ੍ਹ ਚੂੜੀਆਂ, ਪ੍ਰਕਾਸ਼ ਚੰਦ, ਵਿਨੋਦ ਕੁਮਾਰ ਸ਼ਰਮਾ, ਪਿਆਰਾ ਸਿੰਘ, ਸੇਵਾ ਸਿੰਘ, ਗੁਰਮੀਤ ਸਿੰਘ, ਗੁਰਦੀਪ ਸਿੰਘ ਭੰਗੂ, ਸਾਧੂ ਰਾਮ ਅਤੇ ਜਗਜੀਤ ਸਿੰਘ ਹਾਜ਼ਰ ਸਨ।

## ਸਬਜ਼ੀ ਕਾਸ਼ਤਕਾਰ ਝੋਨਾ ਵੱਢਣ ਉਪਰੰਤ ਪਰਾਲੀ ਦੀਆਂ ਗੱਠਾਂ ਬੰਨ੍ਹਣ ਨੂੰ ਤਰਜੀਹ ਦੇਣ : ਮੁੱਖ ਖੇਤੀਬਾੜੀ ਅਫਸਰ

ਗੁਰਦਾਸਪੁਰ (ਦਿਨੇਸ਼ ਕੁਮਾਰ)-ਜ਼ਿਲ੍ਹਾ ਗੁਰਦਾਸਪੁਰ ਵਿੱਚ ਸਾਲ 2025 ਦੌਰਾਨ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਜ਼ੀਰੋ ਪੱਧਰ ਤੇ ਲਿਆਉਣ ਦੇ ਮਿੱਥੇ ਟੀਚੇ ਨੂੰ ਪੂਰਾ ਕਰਨ ਲਈ ਡਿਪਟੀ ਕਮਿਸ਼ਨਰ ਗੁਰਦਾਸਪੁਰ ਵਿਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚਲਾਈ ਜਾ ਰਹੀ ਮੁਹਿੰਮ ਤਹਿਤ ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਸਬਜ਼ੀ ਕਾਸ਼ਤਕਾਰਾਂ ਨੂੰ ਝੋਨੇ ਦੀ ਪਰਾਲੀ ਦੀ ਖੇਤ ਤੋਂ ਬਾਹਰ ਸੰਭਾਲ ਲਈ ਪ੍ਰੇਰਿਤ ਕਰਨ ਕੀਤੀ ਜਾਣ ਵਾਲੀ ਵਿਉਂਤਬੰਦੀ ਤੇ ਵਿਚਾਰ ਚਰਚਾ ਕਰਨ ਲਈ ਮੀਟਿੰਗ ਸਥਾਨਕ ਮੁੱਖ ਖ਼ੇਤੀਬਾੜੀ ਦਫਤਰ ਵਿਚ ਕੀਤੀ ਗਈ।ਮੀਟਿੰਗ ਦੀ ਪ੍ਰਧਾਨਗੀ ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਨੇ ਕੀਤੀ।ਇਸ ਮੌਕੇ ਡਾ. ਸੁਖਬੀਰ ਸਿੰਘ, ਡਾ. ਮਨਪ੍ਰੀਤ ਸਿੰਘ, ਡਾ. ਨਵਦੀਪ ਸਿੰਘ ਬਾਗਬਾਨੀ ਵਿਕਾਸ ਅਫ਼ਸਰ, ਡਾ. ਸ਼ਾਹਬਾਜ ਸਿੰਘ ਖੇਤੀਬਾੜੀ ਅਫਸਰ ਸਮੇਤ ਹੋਰ ਅਧਿਕਾਰੀ ਹਾਜ਼ਰ ਸਨ।ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿਚ ਬਲਾਕ ਬਟਾਲਾ, ਡੇਰਾ ਬਾਬਾ ਨਾਨਕ, ਕਲਾਨੌਰ ਅਤੇ ਗੁਰਦਾਸਪੁਰ ਦੇ ਕਰੀਬ 25 ਪਿੰਡਾਂ ਵਿਚ ਅਗੇਤੀ ਸਬਜ਼ੀ ਜਿਵੇਂ ਫੁੱਲ ਗੋਭੀ, ਆਲੂ ਅਤੇ ਮਟਰ ਦੀ ਕਾਸ਼ਤ ਕਰਦੇ ਹਨ।ਉਨ੍ਹਾਂ ਦੱਸਿਆ ਕਿ ਸਬਜ਼ੀ ਕਾਸ਼ਤਕਾਰਾਂ ਵੱਲੋਂ ਆਮ ਕਰਕੇ ਘੱਟ ਸਮੇਂ ਵਿੱਚ ਪੱਕਣ ਵਾਲਿਆਂ ਝੋਨੇ ਦੀਆਂ ਕਿਸਮਾਂ ਜਿਵੇਂ 1509,1692 ਜਾਂ ਪੀ ਆਰ 126 ਦੀ ਕਾਸ਼ਤ ਕੀਤੀ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਸਬਜ਼ੀ ਕਾਸ਼ਤਕਾਰਾਂ ਵੱਲੋਂ ਅਕਸਰ ਖੇਤ ਨੂੰ ਜਲਦੀ ਤਿਆਰ ਕਰਨ ਦੇ ਇਰਾਦੇ ਨਾਲ ਝੋਨੇ ਦੀ ਕਟਾਈ ਉਪਰੰਤ ਪਰਾਲੀ ਨੂੰ ਅੱਗ ਦਿੱਤੀ ਜਾਂਦੀ ਹੈ ਜਿਸ ਨਾਲ ਹਵਾ ਦਾ ਪ੍ਰਦੂਸ਼ਣ ਵਧਣ ਦੇ ਨਾਲ ਨਾਲ ਮਿੱਟੀ ਦੀ ਸਿਹਤ ਵੀ ਪ੍ਰਭਾਵਤ ਹੁੰਦੀ ਹੈ।ਉਨ੍ਹਾਂ ਦੱਸਿਆ ਕਿ ਸਬਜ਼ੀਆਂ ਦੀ ਸਫਲ ਕਾਸ਼ਤ ਲਈ ਜ਼ਰਖੇਜ਼ ਮਿੱਟੀ ਦੀ ਜ਼ਰੂਰਤ ਹੁੰਦੀ ਹੈ ਅਤੇ ਖੇਤਾਂ ਦੀ ਮਿੱਟੀ ਉਪਜਾਊ ਤਾਂ ਹੀ ਹੋ ਸਕਦੀ ਹੈ ਜੇਕਰ ਫ਼ਸਲੀ ਰਹਿੰਦ ਖੂੰਹਦ ਨੂੰ ਖੇਤਾਂ ਵਿਚ ਸੰਭਾਲ ਕੇ ਸਬਜ਼ੀ ਖਾਸ ਕਰਕੇ ਗੋਭੀ, ਮਟਰ ਅਤੇ ਆਲੂ ਦੀ ਕਾਸ਼ਤ ਕੀਤੀ ਜਾਵੇ ।ਉਨ੍ਹਾਂ ਦੱਸਿਆ ਕਿ ਅਜਿਹਾ ਕਰਨ ਨਾਲ ਜਿੱਥੇ



ਰਸਾਇਣਕ ਖਾਦਾਂ ਤੇ ਨਿਰਭਰਤਾ ਘਟਦੀ ਹੈ ਉੱਥੇ ਸਬਜ਼ੀਆਂ ਦੇ ਮਿਆਰ ਵਿਚ ਵੀ ਸੁਧਾਰ ਹੁੰਦਾ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਲ 2025-26 ਦੌਰਾਨ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਜ਼ੀਰੋ ਪੱਧਰ ਤੇ ਲਿਆਉਣ ਲਈ ਵਿਉਂਤਬੰਦੀ ਕੀਤੀ ਗਈ ਹੈ ਜਿਸ ਤਹਿਤ ਸਬਜ਼ੀ ਕਾਸ਼ਤਕਾਰਾਂ ਨੂੰ ਝੋਨੇ ਦੀ ਕਟਾਈ ਉਪਰੰਤ ਪਰਾਲੀ ਨੂੰ ਅੱਗ ਲਗਾ ਕੇ ਨਾ ਸਾੜਨ ਲਈ ਪ੍ਰੇਰਿਤ ਕਰਨਾ ਅਤੇ ਬੇਲਰਾਂ ਦਾ ਪ੍ਰਬੰਧ ਕਰਨਾ ਹੈ।ਉਨ੍ਹਾਂ ਦੱਸਿਆ ਕਿ ਜੋ ਵੀ ਸਬਜ਼ੀ ਕਾਸ਼ਤਕਾਰ ਝੋਨੇ ਦੀ ਪਰਾਲੀ ਨੂੰ ਅੱਗ ਲਗਾ ਕੇ ਸਬਜ਼ੀ ਦੀ ਕਾਸ਼ਤ ਕਰੇਗਾ, ਉਸ ਨੂੰ ਸਬਸਿਡੀ ਦੀ ਸਹੂਲਤ ਨਹੀਂ ਦਿੱਤੀ ਜਾਵੇਗੀ ਅਤੇ ਪਰਾਲੀ ਅੱਗ ਲਗਾਏ ਬਗੈਰ ਸਬਜ਼ੀਆਂ ਦੀ ਕਾਸ਼ਤ ਕਰੇਗਾ ਉਸ ਨੂੰ ਤਰਜੀਹੀ ਕਿਸਾਨ ਦੇ ਰੁਤਬੇ ਨਾਲ ਸਨਮਾਨਿਤ ਕੀਤਾ ਜਾਵੇਗਾ।

## ਖੇਤੀਬਾੜੀ ਵਿਭਾਗ ਕਾਦੀਆਂ ਨੇ ਧੰਦੋਈ 'ਚ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਕੀਤੀ ਅਪੀਲ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਖੇਤੀਬਾੜੀ ਦਫਤਰ ਕਾਦੀਆਂ ਸਰਕਲ ਕੰਡੀਲਾ ਦੇ ਖੇਤੀਬਾੜੀ ਵਿਸਥਾਰ ਅਫਸਰ ਹਰਪ੍ਰੀਤ ਸਿੰਘ ਬੋਪਾਰਾਏ ਅਤੇ ਇੰਸਪੈਕਟਰ ਨਵਜੋਤ ਕੌਰ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਜਾਗਰੂਕ ਕਰਨ ਸਬੰਧੀ ਕਿਸਾਨਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਪਿੰਡ ਧੰਦੋਈ 'ਚ ਕੀਤੀ ਗਈ। ਉਨ੍ਹਾਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ



ਵਾਤਾਵਰਨ/ਮਨੁੱਖੀ ਸ਼ਰੀਰ ਉਤੇ ਪੈਂਦੇ ਮਾੜੇ ਪ੍ਰਭਾਵਾਂ ਅਤੇ ਪਰਾਲੀ ਨੂੰ ਜ਼ਮੀਨ ਵਿੱਚ ਹੀ ਵਾਹੁਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਹੁੰਦੇ ਵਾਧੇ ਬਾਰੇ ਦੱਸਦਿਆਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ।ਉਨਾ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿੱਥੇ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ ਉਥੇ ਜ਼ਮੀਨ ਦੀ ਉਪਜਾਊ ਸ਼ਕਤੀ 'ਤੇ ਵੀ ਬਹੁਤ ਮਾੜਾ ਅਸਰ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜ਼ਹਿਰੀਲੀਆਂ ਗੈਸਾਂ ਜਿਵੇਂ ਕਾਰਬਨ ਡਾਈਆਕਸਾਈਡ, ਕਾਰਬਨ ਮੋਨੋਆਕਸਾਈਡ, ਮੀਥੇਨ, ਨਾਈਟਰਸ ਆਕਸਾਈਡ ਆਦਿ ਪੈਦਾ ਹੁੰਦੀਆਂ ਹਨ, ਜਿਸ ਕਾਰਨ ਮਨੁੱਖਾਂ ਵਿਚ ਸਾਹ, ਅੱਖਾਂ ਵਿਚ ਜਲਨ ਅਤੇ ਚਮੜੀ ਦੇ ਰੋਗ ਹੋਣ ਦਾ ਖ਼ਤਰਾ ਵੱਧ ਜਾਂਦਾ ਹੈ ਅਤੇ ਜ਼ਮੀਨ ਦੇ ਜੀਵ ਜੰਤੂ ਵੀ ਨਸ਼ਟ ਹੁੰਦੇ ਹਨ।ਉਨ੍ਹਾਂ ਕਿਹਾ ਕਿ 'ਗਰੀਨ ਟ੍ਰਿਬਿਊਨਲ' ਵੱਲੋਂ ਵੀ ਪਰਾਲੀ ਨੂੰ ਅੱਗ ਨਾ ਲਗਾਉਣ ਦਾ ਫ਼ੈਸਲਾ ਲਿਆ ਗਿਆ ਹੈ ਅਤੇ ਇਸ ਫ਼ੈਸਲੇ ਨੂੰ ਲਾਗੂ ਕਰਨ 'ਚ ਸਾਰੇ ਕਿਸਾਨ ਵੀ ਆਪਣਾ ਯੋਗਦਾਨ ਪਾਉਣ। ਉਨ੍ਹਾਂ ਦੱਸਿਆ ਕਿ ਪਰਾਲੀ ਨੂੰ ਬਿਨਾਂ ਅੱਗ ਲਗਾਏ ਖੇਤਾਂ 'ਚ ਵਾਹੁਣ ਬਾਰੇ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਪਿੰਡ-ਪਿੰਡ ਜਾ ਕੇ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਇਸ ਸਬੰਧੀ ਕਿਸਾਨ ਕਿਸੇ ਵੀ ਤਰਾਂ ਦੀ ਸਲਾਹ ਖੇਤੀ ਮਾਹਿਰਾਂ ਤੋਂ ਲੈ ਸਕਦੇ ਹਨ।ਇਸ ਮੌਕੇ ਕਿਸਾਨਾਂ ਨੇ ਖੁੱਲ੍ਹ ਕੇ ਵਿਚਾਰ ਚਰਚਾ ਵਿੱਚ ਭਾਗ ਲਿਆ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

## ਰਾਹਤ ਕਾਰਜਾਂ ਨੂੰ ਲੈ ਕੇ ਬਾਬਾ ਦੀਪ ਸਿੰਘ ਕੀਰਤਨ ਦਰਬਾਰ ਸੁਸਾਇਟੀ ਵੱਲੋਂ ਇੱਕਤਰਤਾ

ਪੱਟੀ (ਬਲਦੇਵ ਸਿੰਘ ਸੰਧੂ)-ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਕੀਰਤਨ ਦਰਬਾਰ ਸੁਸਾਇਟੀ ਜੋ ਕਿ ਪਿਛਲੇ 28 ਸਾਲਾਂ ਤੋਂ ਸ਼ਹਿਰ ਵਿੱਚ ਧਾਰਮਿਕ ਸਮਾਜਿਕ ਕਾਰਜ ਦੀਆਂ ਸੇਵਾਵਾਂ ਨਿਭਾ ਰਹੀ ਹੈ। ਹੜ੍ਹਾਂ ਦੌਰਾਨ ਸੋਸਾਇਟੀ ਦੇ ਵੀਰ ਲਗਭਗ 5 ਵਾਰੀ ਬੰਨ੍ਹ ਤੇ ਜਾ ਕੇ ਸੇਵਾ ਨਿਭਾ ਚੁੱਕੇ ਹਨ। ਹੜ੍ਹਾਂ ਦੇ ਸਬੰਧ ਦੇ ਵਿੱਚ ਬਾਬਾ ਦੀਪ ਸਿੰਘ ਕੀਰਤਨ ਦਰਬਾਰ ਸੁਸਾਇਟੀ ਦੀ ਸ਼ਹਿਰ ਦੇ ਪਤਵੰਤੇ ਸੱਜਣਾਂ ਨਾਲ ਇੱਕ ਜ਼ਰੂਰੀ ਮੀਟਿੰਗ ਗੁਰਦੁਆਰਾ ਬੀਬੀ



ਰਜਨੀ ਜੀ ਸਾਹਮਣੇ ਰੇਲਵੇ ਸਟੇਸ਼ਨ ਪੱਟੀ ਵਿਖੇ ਕੀਤੀ ਗਈ।ਇਹ ਫੈਸਲਾ ਕੀਤਾ ਗਿਆ ਕਿ ਸੁਸਾਇਟੀ ਸ਼ਹਿਰ ਦੇ ਸਹਿਯੋਗ ਨਾਲ ਪਾਣੀ ਉਤਰਨ ਤੋਂ ਬਾਅਦ ਪ੍ਰਭਾਵਿਤ ਹੋਏ ਘਰਾਂ ਦੀ ਜਾਣਕਾਰੀ ਇਕੱਤਰ ਕਰਕੇ ਲੋੜੀਂਦਾ ਸਾਮਾਨ ਉਨ੍ਹਾਂ ਘਰਾਂ ਵਿੱਚ ਦੇ ਕੇ ਆਵੇਗੀ।ਇਸ ਲਈ ਅਸੀਂ ਸ਼ਹਿਰ ਤੋਂ ਵੀ ਘਰੇਲੂ ਸਾਮਾਨ ਅਤੇ ਸਹਿਯੋਗ ਦੀ ਮੰਗ ਕਰਦੇ ਹਾਂ ਅਤੇ ਅਤੇ ਗੁਰਦੁਆਰਾ ਬੀਬੀ ਰਜਨੀ ਜੀ ਵਿਖੇ ਇਹ ਸਾਰਾ ਸਾਮਾਨ ਇਕੱਤਰ ਕੀਤਾ ਜਾਏਗਾ ਜਿਸ ਵਿੱਚ ਕੱਪੜੇ, ਬਿਸਤਰੇ, ਬੀਜ, ਕਣਕ, ਖਾਦਾਂ, ਡੀਜ਼ਲ ਅਤੇ ਮਾਇਆ ਇਕੱਤਰ ਕੀਤੀ ਜਾਏਗੀ। ਇਹ ਜਾਣਕਾਰੀ ਪ੍ਰਧਾਨ ਕੁਲਵਿੰਦਰ ਸਿੰਘ ਬੱਬੂ ਅਤੇ ਸਕੱਤਰ ਜੋਗਾ ਸਿੰਘ ਨੇ ਦਿੱਤੀ। ਇਸ ਮੌਕੇ ਨਿਰਮਲ ਸਿੰਘ, ਬਲਬੀਰ ਸਿੰਘ ਲੁਹਾਰੀਆਂ ਪ੍ਰਧਾਨ ਗੁਰਦੁਆਰਾ ਬੀਬੀ ਰਜਨੀ ਜੀ, ਇੰਸਪੈਕਟਰ ਦਰਸ਼ਨ ਸਿੰਘ, ਨਿਰਮਲ ਸਿੰਘ, ਮਾਸਟਰ ਅਮਨਦੀਪ ਸਿੰਘ, ਸੁਰਿੰਦਰ ਸਿੰਘ, ਸੁਰਜੀਤ ਸਿੰਘ, ਸ਼ਹੀਦ ਕਰਤਾਰ ਸਿੰਘ ਸਰਾਭਾ ਹੈਲਪਿੰਗ ਐਂਡ ਸੋਸਾਇਟੀ ਦੇ ਗੁਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਧੁੰਨਾ, ਪ੍ਰਿੰਸ ਵੀਰ, ਮਾਸਟਰ ਗੁਰਦੇਵ ਸਿੰਘ ਲੋਹਾਰੀਆਂ, ਰਜਵੰਤ ਸਿੰਘ ਜੇਈ, ਕੈਪਟਨ ਮਹਿਲ ਸਿੰਘ ਸਿੱਧੂ, ਸੁਰਿੰਦਰ ਸਿੰਘ ਪ੍ਰਧਾਨ, ਗੁਰਦਿਆਲ ਸਿੰਘ, ਅਮਿਤ ਸਿੰਘ, ਮਨਜੀਤ ਸਿੰਘ, ਕੁਲਵਿੰਦਰ ਸਿੰਘ ਕਾਕਾ, ਚਰਨ ਕਮਲ ਸਿੰਘ, ਜਗਪ੍ਰੀਤ ਸਿੰਘ, ਕਸ਼ਮੀਰ ਸਿੰਘ, ਇਸ਼ਮੀਤ ਸਿੰਘ, ਪ੍ਰਭਜੀਤ ਸਿੰਘ, ਰਣਜੀਤ ਸਿੰਘ ਸਿੰਘ ਆਦਿ ਹਾਜ਼ਰ ਸਨ।

## ਔਲਖ ਵਿਖੇ ਟੂਰਨਾਮੈਂਟ ਅਤੇ 21ਵਾਂ ਸਾਲਾਨਾ ਜੋੜ ਮੇਲਾ 20 ਤੇ 21 ਨੂੰ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪਿੰਡ ਔਲਖ ਵਿਖੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਾਵਨ ਚਰਨਛੋਹ ਪ੍ਰਾਪਤ ਗੁਰਦੁਆਰਾ ਬਾਬਾ ਨੰਦਾ ਜੀ ਵਿਖੇ ਸਰਬੱਤ ਦੇ ਭਲੇ ਲਈ 31ਵਾਂ ਸਾਲਾਨਾ ਜੋੜ ਮੇਲਾ ਇਲਾਕਾ ਨਿਵਾਸੀਆਂ ਦੇ ਭਰਵੇਂ ਸਹਿਯੋਗ ਨਾਲ ਸ਼ਰਧਾ ਭਾਵਨਾ ਅਤੇ ਭਾਰੀ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ



ਹੈ।ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੁੱਖ ਪ੍ਰਬੰਧਕ ਬਾਬਾ ਮਹਿੰਦਰ ਸਿੰਘ ਔਲਖ, ਮੁਖ ਸੇਵਾਦਾਰ ਬਾਬਾ ਜੋਗਾ ਸਿੰਘ ਔਲਖ, ਸੂਬੇਦਾਰ ਕਲਵੰਤ ਸਿੰਘ ਔਲਖ ਅਤੇ ਡਾ. ਲਖਵਿੰਦਰ ਸਿੰਘ ਸੰਧੂ ਔਲਖ ਨੇ ਸੇਵਾਦਾਰਾਂ ਸਮੇਤ ਦੱਸਿਆ ਕਿ 4 ਅਗਸਤ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 33 ਸ੍ਰੀ ਅਖੰਡ ਪਾਠਾਂ ਦੀ ਲੜੀ ਨੂੰ ਸੰਗਤਾਂ ਦੇ ਸਹਿਯੋਗ ਨਾਲ ਆਰੰਭ ਕੀਤਾ ਗਿਆ ਸੀ ਅਤੇ ਕੁੱਲ 792 ਸ੍ਰੀ ਅਖੰਡ ਪਾਠਾਂ ਦੇ ਭੋਗ 21 ਸਤੰਬਰ ਦਿਨ ਐਤਵਾਰ ਮੱਸਿਆ ਵਾਲੇ ਤਿੰਨ ਪੂਰੇ ਜਾਹੋ ਜਲਾਲ ਨਾਲ ਪਾਏ ਜਾਣਗੇ। ਇਸ ਮੌਕੇ ਭਾਰੀ ਦੀਵਾਨ ਸਜਾਏ ਜਾਣਗੇ। ਕਥਾਵਾਚਕ, ਢਾਡੀ ਰਾਗੀ ਅਤੇ ਕਵੀਸ਼ਰੀ ਜਥੇ ਗੁਰਮਤਿ ਵਿਚਾਰਾਂ, ਸ਼ਬਦ ਕੀਰਤਨ ਅਤੇ ਵਾਰਾਂ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। 20 ਸਤੰਬਰ ਦੁਪਹਿਰ 12 ਵਜੇ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ।20 ਅਤੇ 21 ਸਤੰਬਰ ਨੂੰ ਕਬੱਡੀ ਟੂਰਨਾਮੈਂਟ ਕਰਵਾਇਆ ਜਾ ਰਿਹਾ। ਟੂਰਨਾਮੈਂਟ ਦੀ ਆਰੰਭਤਾ ਜਥੇਦਾਰ ਬਾਬਾ ਜੋਗਾ ਸਿੰਘ ਮੁੱਖ ਸੇਵਾਦਾਰ ਤਰਨਾ ਦਲ ਬਾਬਾ ਬਕਾਲਾ ਅਤੇ ਸੰਤ ਬਾਬਾ ਗੁਰਦੇਵ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਸ਼ਹੀਦੀ ਬਾਗ ਅਨੰਦਪੁਰ ਸਾਹਿਬ ਵਾਲੇ ਕਰਨਗੇ। ਗੁਰੂ ਕਾ ਲੰਗਰ ਅਤੁਟ ਵਰਤਾਇਆ ਜਾਵੇਗਾ।

## ਮੰਡੀ ਬੋਰਡ ਦੇ ਉੱਚ ਅਧਿਕਾਰੀ ਵੱਲੋਂ ਰਹਿੰਦ-ਖੂੰਹਦ ਦੇ ਨਿਪਟਾਰੇ ਸੰਬੰਧੀ ਨਿਵੇਕਲੀ ਮਿਸਾਲ ਪੇਸ਼

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਗੁਰਦਾਸਪੁਰ ਅੰਦਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਸ਼ੁਰੂ ਕੀਤੀ ਵਿਸ਼ੇਸ਼ ਮੁਹਿੰਮ ਦੇ ਚਲਦਿਆਂ ਗੁਰਦਾਸਪੁਰ ਜ਼ਿਲ੍ਹੇ ਨਾਲ ਸੰਬੰਧਿਤ ਮੰਡੀ ਬੋਰਡ ਦੇ ਇੱਕ ਸੀਨੀਅਰ ਅਧਿਕਾਰੀ ਵੱਲੋਂ ਖੇਤਾਂ ਵਿੱਚ ਰਹਿੰਦ-ਖੂੰਹਦ ਨੂੰ ਅੱਗ ਲਗਾਏ ਬਗੈਰ ਨਿਪਟਾਉਣ ਦੇ ਮਾਮਲੇ ਵਿੱਚ ਇੱਕ ਨਿਵੇਕਲੀ ਮਿਸਾਲ ਪੇਸ਼ ਕੀਤੀ ਹੈ।ਉਕਤ ਅਧਿਕਾਰੀ ਬਲਦੇਵ ਸਿੰਘ ਪੁੱਤਰ ਸਵਰਨ ਸਿੰਘ ਮੰਡੀ ਬੋਰਡ ਵਿੱਚ ਗੁਰਦਾਸਪੁਰ ਵਿਖੇ ਐਕਸੀਅਨ ਵਜੋਂ ਤੈਨਾਤ ਹਨ, ਜਿਨ੍ਹਾਂ ਕੋਲੋਂ ਅੰਮ੍ਰਿਤਸਰ ਸਰਕਲ ਦੇ ਨਿਗਰਾਨ ਇੰਜੀਨੀਅਰ ਦਾ ਵੀ ਵਾਧੂ ਚਾਰਜ ਵੀ ਹੈ।ਇਸ ਅਧਿਕਾਰੀ ਵੱਲੋਂ ਖ਼ੁਦ ਕਈ ਤਰਾਂ ਦੇ ਸਰਕਾਰੀ ਅਤੇ ਸਮਾਜਿਕ ਰੁਝੇਵੇਂ ਹੋਣ ਦੇ ਬਾਵਜੂਦ ਆਪਣੇ ਖੇਤਾਂ ਵਿੱਚ ਰਹਿੰਦ-ਖੂੰਹਦ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਸਮੇਂ ਸਿਰ ਨਿਪਟਾ ਕੇ ਵੱਖ-ਵੱਖ ਫ਼ਸਲਾਂ ਦੀ ਬਿਜਾਈ ਕੀਤੀ ਜਾ ਰਹੀ ਹੈ। ਬਲਦੇਵ ਸਿੰਘ ਵੱਲੋਂ ਖ਼ੁਦ ਹੀ ਆਪਣੇ ਖੇਤਾਂ ਵਿੱਚ ਮਿਹਨਤ ਕੀਤੀ ਜਾਂਦੀ ਹੈ ਅਤੇ ਖ਼ੁਦ ਖੇਤੀ ਕਰਕੇ ਵੱਖ ਵੱਖ ਫ਼ਸਲਾਂ ਦੀ ਕਾਸ਼ਤ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ 2008 ਤੋਂ ਉਨ੍ਹਾਂ ਨੇ ਖੇਤੀ ਕਰਦਿਆਂ ਕਦੇ ਵੀ ਆਪਣੇ ਖੇਤਾਂ ਵਿੱਚ ਰਹਿੰਦ-ਖੂੰਹਦ ਨੂੰ ਅੱਗ ਨਹੀਂ ਲਗਾਈ ਅਤੇ ਆਪਣੇ ਤਕਰੀਬਨ ਸਾਢੇ 6 ਰਕਬੇ ਵਿੱਚ ਉਹ ਬਿਨਾਂ ਅੱਗ ਲਗਾਏ ਹੀ ਰਹਿੰਦ-ਖੂੰਹਦ ਦਾ ਨਿਪਟਾਰਾ ਕਰਦੇ ਹਨ।ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਕਦੀ ਬੇਲੋੜੀ ਮਸ਼ੀਨਰੀ ਵੀ ਨਹੀਂ ਖ਼ਰੀਦੀ




ਅਤੇ ਆਸਾਨੀ ਦੇ ਨਾਲ ਹੀ ਉਹ ਪਰਾਲੀ ਨੂੰ ਇਕੱਤਰ ਕਰਕੇ ਬਾਅਦ ਵਿੱਚ ਵਰਤ ਲੈਂਦੇ ਸਨ। ਉਨ੍ਹਾਂ ਕਿਹਾ ਕਿ ਸ਼ੁਰੂ ਵਿੱਚ ਉਹ ਕਟਰ ਕਮ ਸਪੈਡਰ ਫੇਰ ਕੇ ਹੈਪੀ ਸੀਡਰ ਨਾਲ ਕਣਕ ਦੀ ਬਿਜਾਈ ਕਰਦੇ ਸਨ ਜਿਸ ਦੇ ਰਿਜ਼ਲਟ ਬਹੁਤ ਹੀ ਵਧੀਆ ਰਹੇ।ਇਸ ਵਿਧੀ ਨਾਲ ਬੀਜੀ ਕਣਕ ਵਿੱਚ ਨਦੀਨ ਵੀ ਬਹੁਤ ਘੱਟ ਹੁੰਦੇ ਹਨ।ਬਲਦੇਵ ਸਿੰਘ ਵੱਲੋਂ ਵਾਤਾਵਰਨ ਨੂੰ ਬਚਾਉਣ ਲਈ ਪਾਏ ਜਾ ਰਹੇ ਇਸ ਯੋਗਦਾਨ ਦੀ ਬਦੌਲਤ ਜ਼ਿਲ੍ਹਾ ਗੁਰਦਾਸਪੁਰ ਦੇ ਖੇਤੀਬਾੜੀ ਵਿਭਾਗ ਵੱਲੋਂ ਕਰਵਾਏ ਗਏ ਇੱਕ ਸਨਮਾਨ ਸਮਾਗਮ ਵਿੱਚ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

## ਲੋਕ ਕਲਿਆਣ ਮੇਲਾ 17 ਸਤੰਬਰ ਤੋਂ 2 ਅਕਤੂਬਰ ਤੱਕ

ਬਟਾਲਾ, (ਡਾ. ਮਲਵਿੰਦਰ ਸਿੰਘ)-ਪੀ. ਐੱਮ. ਸਵੈਨਿਧੀ ਸਕੀਮ ਨੂੰ ਮੁੱਖ ਰੱਖਦੇ ਹੋਏ ਸਥਾਨਕ ਸਰਕਾਰ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਵਿਕਰਮਜੀਤ ਸਿੰਘ ਪਾਂਥੇ ਕਮਿਸ਼ਨਰ ਨਗਰ ਨਿਗਮ ਬਟਾਲਾ ਦੀ ਅਗਵਾਈ ਹੇਠ ਨਗਰ ਨਿਗਮ ਬਟਾਲਾ



ਵੱਲੋਂ ਲੋਕ ਕਲਿਆਣ ਮੇਲਾ 17 ਸਤੰਬਰ ਤੋਂ 02 ਅਕਤੂਬਰ ਤੱਕ ਦਫਤਰ ਨਗਰ ਨਿਗਮ ਬਟਾਲਾ ਵਿਖੇ ਲਗਾਇਆ ਜਾ ਰਿਹਾ ਹੈ ਜਿਸ ਵਿੱਚ ਸ਼ਹਿਰ ਅੰਦਰ ਪੈਂਦੇ ਰੇਹੜੀ ਫੜ੍ਹੀ ਵਾਲਿਆਂ ਨੂੰ ਸਬਸਿਡੀ ਸਹਿਤ ਪਹਿਲਾ ਕਰਜ਼ਾ 15000 ਰਪਏ, ਦੂਜਾ 25000 ਰੁਪਏ ਅਤੇ ਤੀਜਾ ਕਰਜ਼ਾ 50000 ਰੁਪਏ ਦਿੱਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਕਰਜ਼ੇ ਦੀਆਂ ਕਿਸ਼ਤਾਂ ਪੂਰੀਆਂ ਹੋਣ 'ਤੇ 30000 ਰੁਪਏ ਦੀ ਕ੍ਰੈਡਿਟ ਲਿਮਟ ਦਿੱਤੀ ਜਾਵੇਗੀ।ਇਸਦੇ ਨਾਲ ਨਾਲ ਰੇਹੜੀ ਫੜ੍ਹੀ ਵਾਲਿਆਂ ਦੇ ਪਰਿਵਾਰ ਨੂੰ ਇੰਸ਼ੋਰੈਂਸ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਜਨਨੀ ਸੁਰੱਕਸ਼ਾ ਯੋਜਨਾ, ਪੈਨਸ਼ਨ ਅਤੇ ਡਿਜੀਟਲ ਸੇਵਾਵਾਂ ਨਾਲ ਵੀ ਜੋੜਿਆ ਜਾਵੇਗਾ।ਸ਼ਹਿਰ ਦੇ ਰੇਹੜੀ ਫੜ੍ਹੀ ਵਾਲੇ ਸਰਕਾਰ ਦੀ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਉਣ।

## ਕੇਜੇ ਹਸਪਤਾਲ ਬਟਾਲਾ ਦੀ ਟੀਮ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਮੈਡੀਕਲ ਸੇਵਾਵਾਂ ਦੇਣ ਲਈ ਰਵਾਨਾ

ਬਟਾਲਾ, (ਡਾ.ਮਲਵਿੰਦਰ ਸਿੰਘ)-ਇੰਡੀਅਨ ਮੈਡੀਕਲ ਐਸ਼ੋਸ਼ੀਏਸ਼ਨ ਬਟਾਲਾ ਵੱਲੋਂ ਚਲਾਏ ਜਾ ਰਹੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਮੈਡੀਕਲ ਕੈਂਪ ਦੇ ਲਈ ਅੱਜ ਕਲਸੀ ਕੇਜੇ ਹਸਪਤਾਲ ਬਟਾਲਾ ਦੀ ਟੀਮ ਵੱਲੋਂ ਹੜ੍ਹ ਪ੍ਰਭਾਵਿਤ ਪਿੰਡ ਧਰਮਕੋਟ ਪੱਤਣ, ਡੇਰਾ ਬਾਬਾ ਨਾਨਕ ਵਿਖੇ ਕੈਂਪ ਲਗਾਇਆ ਗਿਆ।ਮੈਡੀਕਲ ਕੈਂਪ ਟੀਮ ਨੂੰ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਡਾਕਟਰ ਰਣਜੀਤ ਸਿੰਘ ਕਲਸੀ, ਡਾਕਟਰ ਲਖਬੀਰ ਸਿੰਘ ਭਗੋਵਾਲੀਆ, ਡਾਕਟਰ ਹਰਪਾਲ ਸਿੰਘ, ਡਾਕਟਰ ਪਰਮਜੀਤ ਸਿੰਘ ਅਤੇ ਡਾਕਟਰ ਕਮਲਜੀਤ ਸਿੰਘ ਕੇਜੇ ਮੌਜੂਦ ਸਨ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਲਗਾਤਾਰ ਰਾਹਤ ਕਾਰਜੀ ਜਾਰੀ ਹਨ ਅਤੇ ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਰੱਖਦਿਆਂ ਪਿੰਡਾਂ ਵਿੱਚ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ। ਉਨਾਂ ਕਲਸੀ ਕੇਜੇ ਹਸਪਤਾਲ ਬਟਾਲਾ ਦੀ ਟੀਮ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਨਾਂ ਨੇ ਹਮੇਸ਼ਾ ਸਮਾਜ ਭਲਾਈ ਕੰਮਾਂ ਲਈ ਮੋਹਰੀ ਹੋ ਕੇ ਰੋਲ ਨਿਭਾਇਆ ਹੈ ਅਤੇ ਹੁਣ ਸੰਕਟ ਦੀ ਇਸ ਘੜੀ ਵਿੱਚ ਇਸ ਟੀਮ ਵਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਅੰਦਰ ਮੈਡੀਕਲ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ, ਜੋ ਬਹੁਤ ਹੀ ਨੇਕ ਉਪਰਾਲਾ ਹੈ। ਡਾਕਟਰ ਕਮਲਜੀਤ ਸਿੰਘ ਕੇਜੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਧਰਮਕੋਟ ਪੱਤਣ ਰਾਵੀ ਦਰਿਆ ਦੇ ਬਿਲਕੁਲ ਨੇੜੇ ਧੁੱਸੀ ਬੰਨ ਪਾਰ ਕਰਕੇ ਵਸਿਆ ਹੋਇਆ




ਹੈ। ਪਿਛਲੇ ਦਿਨਾਂ ਵਿੱਚ ਆਏ ਹੜ੍ਹਾਂ ਕਾਰਨ ਇਸ ਪਿੰਡ ਵਿੱਚ ਹੜ੍ਹਾਂ ਦੇ ਪਾਣੀ ਕਰਕੇ ਕਾਫੀ ਨੁਕਸਾਨ ਹੋਇਆ ਹੈ ਜਿਸ ਦੇ ਮੱਦੇਨਜਰ ਅੱਜ ਧਰਮਕੋਟ ਪੱਤਣ ਵਿਖੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿਚ 90 ਦੇ ਕਰੀਬ ਲੋਕਾਂ ਨੂੰ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ ਅਤੇ ਟੈਸਟ ਕੀਤੇ ਗਏ। ਇਸ ਮੌਕੇ ਪਿੰਡ ਵਾਸੀਆਂ ਨੂੰ ਸਿਹਤ ਸੰਬੰਧੀ ਜਾਗਰੂਕ ਵੀ ਕੀਤਾ ਗਿਆ। ਮੈਡੀਕਲ ਕੈਂਪ ਵਿੱਚ ਡਾਕਟਰ ਰਵਿੰਦਰ ਸਿੰਘ, ਫਾਰਮਾਸਿਸਟ ਜਸਜੀਤ ਸਿੰਘ, ਰਾਜਨੂਰ ਕੌਰ, ਸ਼ਮਸ਼ੇਰ ਸਿੰਘ, ਸਟਾਫ ਨਰਸ ਪਰਨੀਤ ਕੌਰ ਪਲਵੀ, ਕੁਲਵੰਤ ਕੌਰ, ਡਰਾਈਵਰ ਰੋਹਿਤ, ਥੇਹ ਗੁਲਾਮ ਨਬੀ, ਬਲਕਾਰ ਸਿੰਘ ਅਤੇ ਪ੍ਰੇਮ ਮਸੀਹ ਸ਼ਾਮਲ ਸਨ।

## ਦਿੱਲੀ ਦੇ 'ਆਪ' ਵਿਧਾਇਕ ਅਮਾਨਤਉੱਲਾ ਖਾਨ ਹੜ੍ਹ ਪ੍ਰਭਾਵਿਤਾਂ ਲਈ ਮਦਦ ਲੈ ਕੇ ਪੰਜਾਬ ਪੁੱਜੇ

ਦੀਨਾਨਗਰ- (ਬਲਵਿੰਦਰ ਸਿੰਘ ਬਿੱਲਾ)- ਦਿੱਲੀ ਦੇ ਆਮ ਆਦਮੀ ਪਾਰਟੀ ਵਿਧਾਇਕ ਅਮਾਨਤਉਲਾ ਖਾਨ ਪੰਜਾਬ ਦੇ ਹੜ੍ਹ ਪ੍ਰਭਾਵਿਤਾਂ ਦੀ ਮਦਦ ਲਈ ਪੰਜਾਬ ਪੁੱਜੇ ਹਨ, ਜਿੱਥੇ ਉਨ੍ਹਾਂ ਨੇ ਦੀਨਾਨਗਰ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ਮਕੌੜਾ ਪੱਤਣ ਦੇ ਰਾਵੀ ਪਾਰਲੇ ਪਿੰਡਾਂ ਅੰਦਰ ਪਹੁੰਚ ਕੇ ਹੜ੍ਹ ਪ੍ਰਭਾਵਿਤਾਂ ਨੂੰ ਰਾਹਤ ਸਮੱਗਰੀ ਵੰਡੀ। ਵਿਧਾਨਸਭਾ ਹਲਕਾ ਦੀਨਾਨਗਰ ਦੇ ਰਾਵੀ ਪਾਰਲੇ ਪਿੰਡਾਂ ਤੂਰ, ਭਰਿਆਲ, ਲਸਿਆਣ, ਕਜ਼ਲੇ ਅਤੇ ਹੋਰਨਾਂ ਪਿੰਡਾਂ ਅੰਦਰ ਰਾਹਤ ਸਮੱਗਰੀ ਵੰਡਣ ਮੌਕੇ ਦਿੱਲੀ ਦੇ ਓਖਲਾ ਤੋਂ ਵਿਧਾਇਕ ਅਮਾਨਤਉਲਾ ਖਾਨ ਨੇ ਕਿਹਾ ਕਿ ਦੇਸ਼ ਉਪਰ ਕਿਸੇ ਵੀ ਸੰਕਟ ਦੀ ਘੜੀ ਵਿੱਚ ਪੰਜਾਬ ਦੇ ਲੋਕ ਹਮੇਸ਼ਾ ਦੇਸ਼ ਦੇ ਨਾਲ ਨਾ ਸਿਰਫ ਖੜੇ ਹੋਏ ਹਨ ਸਗੋਂ ਅੱਗੇ ਹੋ ਕੇ ਲੜੇ ਵੀ ਹਨ ਅਤੇ ਅੱਜ ਜੇਕਰ ਪੰਜਾਬ ਦੇ ਲੋਕ ਸੰਕਟ ਵਿੱਚ ਹਨ ਤਾਂ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਉਹ ਪੰਜਾਬ ਦੇ ਲੋਕਾਂ ਲਈ ਜੋ ਕਰ ਸਕਦੇ ਹਨ ਉਹ ਕਰਨ।ਉਹ ਅਪਣੀ ਟੀਮ ਸਮੇਤ ਇੱਥੇ ਪੁੱਜੇ ਹਨ ਤਾਂ ਜੋ ਪੰਜਾਬ ਦੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਸੇਵਾ ਕਰ ਸਕਣ। ਉਨ੍ਹਾਂ ਨੇ ਦੇਸ਼ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਸੰਕਟ ਦੀ ਘੜੀ ਵਿੱਚ ਪੰਜਾਬ ਦੇ ਲੋਕਾਂ ਦੀ ਵੱਧ ਤੋਂ ਵੱਧ ਮਦਦ



ਕਰਨ।ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਦੀਨਾਨਗਰ ਹਲਕੇ ਦੇ ਲੋਕਾਂ ਦੀ ਸਹਾਇਤਾ ਲਈ ਪੁੱਜੇ ਦਿੱਲੀ ਤੋਂ ਆਪ ਵਿਧਾਇਕ ਅਮਾਨਤਉੱਲਾ ਖਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਚੰਗੀ ਗੱਲ ਹੈ ਕਿ ਪੰਜਾਬ ਦੇ ਹੋਰਨਾਂ ਹਿੱਸਿਆਂ ਦੇ ਇਲਾਵਾ ਪੰਜਾਬ ਤੋਂ ਬਾਹਰਲੇ ਸਾਡੇ ਭਰਾ ਵੀ ਇਸ ਸੰਕਟ ਦੀ ਘੜੀ ਵਿੱਚ ਸਾਡੇ ਲੋਕਾਂ ਦੇ ਨਾਲ ਖੜੇ ਹੋ ਰਹੇ ਹਨ ਅਤੇ ਹੜ੍ਹਾਂ ਦੇ ਮਾਰ ਝੱਲ ਰਹੇ ਲੋਕਾਂ ਨੂੰ ਮਨੋਬਲ ਵਧਾ ਰਹੇ ਹਨ।ਇਸ ਮੌਕੇ ਮਹਿਲਾ ਵਿੰਗ ਦੀ ਹਲਕਾ ਕੋਆਡੀਨੇਟਰ ਰੁਪਿੰਦਰ ਕੌਰ, ਬਲਾਕ ਪ੍ਰਧਾਨ ਅਨੂਪ ਠਾਕੁਰ ਬਹਿਰਾਮਪੁਰ, ਅਰਜੁਨ ਸਿੰਘ ਝਬਕਰਾ ਅਤੇ ਪ੍ਰਿੰਸੀਪਲ ਸੰਸਾਰ ਸਿੰਘ ਵੀ ਮੌਜੂਦ ਸਨ।

## ਪੀਰ ਮੁਹੰਮਦ ਨੂੰ ਅਕਾਲੀ ਦਲ ਦਾ ਮੁੱਖ ਬੁਲਾਰਾ ਨਿਯੁਕਤ ਕਰਨ ਦਾ ਫੈਸਲਾ ਸ਼ਲਾਘਾਯੋਗ: ਭਾਈ ਰਿਆੜ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਅਕਾਲੀ ਦਲ ਦੇ ਪਾਰਟੀ ਪ੍ਰਧਾਨ ਗਿਆਨੀ



ਹਰਪ੍ਰੀਤ ਸਿੰਘ ਵੱਲੋਂ ਅਕਾਲੀ ਦਲ ਦੀ ਸੋਚ ਨੂੰ ਅਤੇ ਪਾਰਟੀ ਦੇ ਪੱਖ ਨੂੰ ਚੰਗੇ ਢੰਗ ਨਾਲ ਮੀਡੀਆ ਰਾਹੀਂ ਲੋਕਾਂ ਤੱਕ ਪਹੁੰਚਾਉਣ ਲਈ ਵੱਖ-ਵੱਖ ਖੇਤਰਾਂ ਲਈ ਬੁਲਾਰੇ ਨਿਯੁਕਤ ਗਏ ਹਨ ਜਿਨ੍ਹਾਂ ਵਿੱਚ ਮੁੱਖ ਬੁਲਾਰੇ ਸਿਆਸੀ ਖੇਤਰ ਲਈ ਅਤੇ ਮੁੱਖ ਬੁਲਾਰੇ ਧਾਰਮਿਕ ਖੇਤਰ ਲਈ ਨਿਯੁਕਤ ਕੀਤੇ ਗਏ ਹਨ।

ਜਥੇ: ਕਰਨੈਲ ਸਿੰਘ ਪੀਰਮੁਹੰਮਦ ਸਾਬਕਾ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੂੰ ਪਾਰਟੀ ਦਾ ਮੁੱਖ ਬੁਲਾਰਾ ਨਿਯੁਕਤ ਕਰਨ ਦਾ ਸਵਾਗਤ ਕਰਦੇ ਹੋਏ ਗੁਰਮੁੱਖ ਸਿੰਘ ਸੰਧੂ, ਡਾ. ਕਾਰਜ ਸਿੰਘ, ਗਗਨਦੀਪ ਸਿੰਘ ਰਿਆੜ, ਪ੍ਰਭਜੋਤ ਸਿੰਘ ਫਰੀਦਕੋਟ, ਹਰਭਿੰਦਰ ਸਿੰਘ ਸੰਧੂ, ਸੁਖਵਿੰਦਰ ਸਿੰਘ ਦੀਨਾਨਗਰ, ਸੁਖਚੈਨ ਸਿੰਘ ਸੰਤੂ ਵਾਲਾ, ਲਖਵਿੰਦਰ ਸਿੰਘ ਸੰਤੂ ਵਾਲਾ, ਕੰਵਲਜੀਤ ਸਿੰਘ ਬਿੱਟਾ, ਪਰਮਜੀਤ ਸਿੰਘ ਧਨੇਰ, ਹਰਪ੍ਰੀਤ ਸਿੰਘ ਬਟਾਲਾ, ਅਮਨਦੀਪ ਸਿੰਘ ਰਿਆੜ ਨੇ ਕਿਹਾ ਕਿ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਪਿਛਲੇ ਲੰਮੇ ਸਮੇਂ ਤੋਂ ਪੰਥਕ ਸਫਾਂ 'ਚ ਵਿਚਰਦੇ ਆ ਰਹੇ ਹਨ।ਔਰ ਪਾਰਟੀ ਦਾ ਪੱਖ ਬਹੁਤ ਹੀ ਮਜ਼ਬੂਤੀ ਨਾਲ ਪੇਸ਼ ਕਰਦੇ ਹਨ, ਉਨ੍ਹਾਂ ਦੀ ਨਿਯੁਕਤੀ ਨਾਲ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ।

## ਬਾਬਾ ਸ੍ਰੀ ਚੰਦ ਚੈਰੀਟੇਬਲ ਟਰੱਸਟ ਨੇ ਵੱਖ-ਵੱਖ ਸਰਕਾਰੀ ਸਕੂਲਾਂ ਨੂੰ 10000 ਕਾਪੀਆਂ ਵੰਡੀਆਂ

ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਕਸਬੇ ਦੇ ਦਸ ਡੋਗਰਾ ਮਾਰਗ ਸਥਿਤ ਬਾਬਾ ਸ੍ਰੀ ਚੰਦ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਦੇ ਚੇਅਰਮੈਨ ਤੇ ਐੱਨਆਰਆਈ ਬਾਬਾ ਰਜਿੰਦਰ ਸਿੰਘ ਬੇਦੀ ਅਤੇ ਉਨਾਂ ਦੀ ਧਰਮ ਪਤਨੀ ਬੀਬੀ ਆਤਮਜੀਤ ਕੌਰ ਬੇਦੀ ਵੱਲੋਂ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਕਰੀਬ 10000 ਦੇ ਕਰੀਬ ਕਾਪੀਆਂ ਵੰਡੀਆਂ ਗਈਆਂ।ਬਾਬਾ ਰਜਿੰਦਰ ਸਿੰਘ ਬੇਦੀ ਵੱਲੋਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਡੇਰਾ ਬਾਬਾ ਨਾਨਕ ਦੀਆ ਛੇਵੀਂ ਜਮਾਤ ਤੋਂ ਬਾਰ੍ਹਵੀਂ ਜਮਾਤ ਦੀਆਂ ਸਮੂਹ ਵਿਦਿਆਰਥਣਾਂ ਅਤੇ ਸ਼ਹੀਦ ਲਛਮਣ ਸਿੰਘ ਧਾਰੋਵਾਲੀ ਯੂਨੀਵਰਸਿਟੀ ਕਲਾਨੌਰ ਵਿਖੇ ਪੜ੍ਹਦੇ ਸਮੂਹ ਵਿਦਿਆਰਥੀਆਂ ਨੂੰ 4000 ਦੇ ਕਰੀਬ ਕਾਪੀਆਂ ਵੰਡੀਆਂ ਗਈਆਂ ਹਨ ਅਤੇ 6000 ਕਾਪੀਆਂ ਕੱਲ ਤੱਕ ਵਿਦਿਆਰਥੀਆਂ ਨੂੰ ਵੰਡ ਦਿੱਤੀਆਂ ਜਾਣਗੀਆਂ ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਬਾ ਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਡੇਰਾ ਬਾਬਾ ਨਾਨਕ ਇਲਾਕੇ ਵਿੱਚ ਹੜ੍ਹ ਦੇ ਪਾਣੀ ਨਾਲ ਵਿਦਿਆਰਥੀਆਂ ਦੀਆਂ ਕਿਤਾਬਾਂ ਕਾਪੀਆਂ ਦਾ ਕਾਫ਼ੀ ਨੁਕਸਾਨ ਹੋਇਆ ਹੈ, ਉਸ ਦੇ ਮੱਦੇਨਜ਼ਰ ਸਾਡੇ ਟਰੱਸਟ ਵੱਲੋਂ ਵਿਦਿਆਰਥੀਆਂ ਨੂੰ ਕਾਪੀਆਂ ਵੰਡੀਆਂ ਗਈਆਂ ਹਨ। ਟਰੱਸਟ ਵੱਲੋਂ ਸ਼ੁੱਕਰਵਾਰ ਨੂੰ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਕਰਦਿਆਂ ਡੇਰਾ ਬਾਬਾ ਨਾਨਕ ਦਸ ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਵਿਖੇ 300 ਦੇ ਕਰੀਬ ਹੜ੍ਹ ਪੀੜਤ ਲੋੜਵੰਦ ਪਰਿਵਾਰਾਂ ਨੂੰ ਡਬਲ ਬੈੱਡ ਦੇ ਕੰਬਲ ਵੰਡੇ ਜਾਣਗੇ ।ਏਥੇ ਇਹ ਵੀ ਦੱਸਣਯੋਗ ਹੈ ਕਿ ਬਾਬਾ ਰਜਿੰਦਰ ਸਿੰਘ ਬੇਦੀ ਵੱਲੋਂ ਅਨੇਕਾਂ ਹੀ ਲੋਕ ਭਲਾਈ ਦੇ ਕਾਰਜ ਆਰੰਭ ਕੀਤੇ ਹੋਏ ਹਨ ਅਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਯਤਨਸ਼ੀਲ ਰਹਿੰਦੇ ਹਨ ।ਇਸ ਮੌਕੇ ਯੂਨੀਵਰਸਿਟੀ ਕਲਾਨੌਰ ਦੇ ਸਮੂਹ ਸਟਾਫ ਵੱਲੋਂ ਬਾਬਾ ਰਜਿੰਦਰ ਸਿੰਘ ਬੇਦੀ ਅਤੇ ਉਨ੍ਹਾਂ ਦੀ ਧਰਮਪਤਨੀ



ਬੀਬੀ ਆਤਮਜੀਤ ਕੌਰ ਬੇਦੀ ਨੂੰ ਸ਼ਾਲ, ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਡੇਰਾ ਬਾਬਾ ਨਾਨਕ ਸਕੂਲ ਦੇ ਪ੍ਰਿੰ. ਮੈਡਮ ਰੁਪਿੰਦਰਜੀਤ ਧਾਲੀਵਾਲ ਨੇ ਚੇਅਰਮੈਨ ਬਾਬਾ ਰਜਿੰਦਰ ਸਿੰਘ ਬੇਦੀ ਅਤੇ ਬਾਬਾ ਸ਼੍ਰੀ ਚੰਦ ਚੈਰੀਟੈਬਲ ਟਰੱਸਟ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਮੌਕੇ ਸਾਬਕਾ ਚੇਅਰਮੈਨ ਨਿਰਮਲ ਸਿੰਘ ਹੁਰਵਾਲ, ਬਾਬਾ ਬੱਬੂ ਡਰਾਇਵਰ, ਮੈਡਮ ਦਵਿੰਦਰ ਕੌਰ, ਮੈਡਮ ਸੁਖਜਿੰਦਰ ਕੌਰ, ਮੈਡਮ ਗੁਰਮੀਤ ਕੌਰ, ਮੈਡਮ ਅਮਨ ਕੌਰ, ਲਵ ਕੁਮਾਰ, ਗੌਰਵ ਸ਼ਰਮਾ, ਜਸਵਿੰਦਰ ਕੌਰ, ਪਲਵੀ ਮਹਾਜਨ, ਸੁਖਜੀਤ ਕੌਰ, ਮਨਿੰਦਰ ਕੌਰ, ਮੈਨੇਜਰ ਹਰਪਾਲ, ਮੈਡਮ ਪੂਜਾ, ਮੈਡਮ ਨੀਤੂ ਆਦਿ ਤੋਂ ਇਲਾਵਾ ਸਕੂਲ ਦੇ ਅਧਿਆਪਕ ਹਾਜ਼ਰ ਸਨ ।

## ਨਸ਼ਾ ਤਸਕਰੀ ਨੈੱਟਵਰਕ ਦਾ ਪਰਦਾਫਾਸ਼; 7.1 ਕਿੱਲੋ ਹੈਰੋਇਨ ਸਮੇਤ ਮੁਲਜ਼ਮ ਕਾਬੂ

**ਅੰਮ੍ਰਿਤਸਰ, (ਨਰਿੰਦਰ ਜੀਤ ਸਿੰਘ)**-ਸਰਹੱਦ ਪਾਰ ਦੇ ਨਾਰਕੋ-ਅੱਤਵਾਦ ਨੈੱਟਵਰਕਾਂ ਵਿਰੁੱਧ ਵੱਡੀ ਸਫਲਤਾ ਦਰਜ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਮੋਗਾ ਸਥਿਤ ਜਗਪ੍ਰੀਤ ਸਿੰਘ ਉਰਫ ਜੱਗਾ ਵੱਲੋਂ ਚਲਾਏ ਜਾ ਰਹੇ ਨਸ਼ਾ ਤਸਕਰੀ ਸਿੰਡੀਕੇਟ ਦੇ ਮੁੱਖ ਕਾਰਕੁੰਨ ਨੂੰ 7.1 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਇਸ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ।ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਸ (ਡੀਜੀਪੀ) ਗੌਰਵ ਯਾਦਵ ਬੁੱਧਵਾਰ ਨੂੰ ਇੱਥੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਯਾਸੀਨ ਮੁਹੰਮਦ (22) ਵਜੋਂ ਹੋਈ ਹੈ, ਜੋ ਕਿ ਸੰਭਲ, ਉੱਤਰ ਪ੍ਰਦੇਸ਼ (ਯੂਪੀ) ਦੇ ਪਿੰਡ ਅਟਵਾ ਦਾ ਰਹਿਣ ਵਾਲਾ ਹੈ ਅਤੇ ਇਸ ਵੇਲੇ ਮੋਹਾਲੀ ਦੇ ਪਿੰਡ ਲਾਲੜੂ ਵਿੱਚ ਰਹਿ ਰਿਹਾ ਸੀ।ਮੁਲਜ਼ਮ ਦਾ ਅਪਰਾਧਿਕ ਪਿਛੋਕੜ ਹੈ ਅਤੇ ਉਸ ਵਿਰੁੱਧ ਅਸਲਾ ਐਕਟ, ਐੱਨਡੀਪੀਐੱਸ ਐਕਟ, ਚੋਰੀ ਅਤੇ ਸਨੈਚਿੰਗ ਦੇ ਮਾਮਲੇ ਦਰਜ ਹਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਜਗਪ੍ਰੀਤ ਸਿੰਘ ਉਰਫ਼ ਜੱਗਾ ਪਾਕਿਸਤਾਨ-ਅਧਾਰਤ ਤਸਕਰਾਂ ਦੇ ਸੰਪਰਕ ਵਿੱਚ ਸੀ ਅਤੇ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਯਾਸੀਨ ਮੁਹੰਮਦ ਨਾਲ ਮਿਲ ਕੇ ਨੈੱਟਵਰਕ ਚਲਾ ਰਿਹਾ ਸੀ।ਡੀਜੀਪੀ ਨੇ ਕਿਹਾ ਕਿ ਨੈੱਟਵਰਕ ਦੇ ਅਗਲੇਰੇ-ਪਿਛਲੇਰੇ ਸਬੰਧਾਂ ਦੀ ਬਾਰੀਕੀ ਨਾਲ ਪੜਤਾਲ ਕੀਤੀ ਜਾ ਰਹੀ ਹੈ ਤਾਂ ਜੋ ਪੂਰੇ ਗੱਠਜੋੜ ਦਾ ਪਰਦਾਫਾਸ਼ ਕੀਤਾ ਜਾ ਸਕੇ।

ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ ਪੁਲਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਯਾਸੀਨ ਮੁਹੰਮਦ ਨੂੰ ਛੇਹਰਟਾ ਦੇ ਵਡਾਲੀ ਤੋਂ ਉਦੋਂ ਗ੍ਰਿਫ਼ਤਾਰ ਕਰ ਲਿਆ, ਜਦੋਂ ਉਹ ਹੈਰੋਇਨ ਦੀ ਖੇਪ ਪ੍ਰਾਪਤ ਕਰਨ ਤੋਂ ਬਾਅਦ ਵਾਪਸ ਪਰਤ ਰਿਹਾ ਸੀ।ਇਸ ਸਬੰਧ ਵਿੱਚ ਅੰਮ੍ਰਿਤਸਰ ਕਮਿਸ਼ਨਰੇਟ ਦੇ ਥਾਣਾ ਛੇਹਰਟਾ ਵਿਖੇ ਐੱਨਡੀਪੀਐੱਸ ਐਕਟ ਦੀ ਧਾਰਾ 21ਸੀ ਅਤੇ 25 ਤਹਿਤ ਐੱਫਆਈਆਰ ਨੰਬਰ 186 ਮਿਤੀ 15.09.2025 ਨੂੰ ਕੇਸ ਦਰਜ ਕੀਤਾ ਗਿਆ ਹੈ।

## 3 ਪਿਸਤੌਲਾਂ, ਦੋ ਮੈਗਜ਼ੀਨ ਤੇ ਤੀਹ ਹਜ਼ਾਰ ਨਕਦੀ ਸਮੇਤ ਗ੍ਰਿਫ਼ਤਾਰ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਐੱਸਐੱਸਪੀ ਤਰਨ ਤਾਰਨ ਰਵਜੋਤ ਗਰੇਵਾਲ ਤੇ ਡੀਐੱਸਪੀ ਭਿੱਖੀਵਿੰਡ ਪ੍ਰੀਤ ਇੰਦਰ ਸਿੰਘ ਦੀ ਅਗਵਾਈ ਹੇਠ ਸਮਾਜ ਵਿੱਚ ਮੌਜੂਦ



ਭੈੜੇ ਅਨਸਰਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਵਲਟੋਹਾ ਪੁਲਸ ਵੱਲੋਂ ਇੱਕ ਜਣੇ ਨੂੰ ਦੋ ਆਸਟ੍ਰੀਆ ਮੇਡ ਪਿਸਤੌਲਾਂ, ਦੋ ਮੈਗਜ਼ੀਨ ਤੇ ਤੀਹ ਹਜ਼ਾਰ ਦੀ ਨਕਦੀ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਹੈ।ਮੁਲਜ਼ਮ ਦੀ ਪਛਾਣ ਅੰਮ੍ਰਿਤਪਾਲ ਸਿੰਘ ਵਾਸੀ ਮਾੜੀ ਕੰਬੋਕੇ ਵਜੋਂ ਹੋਈ ਹੈ।ਇਸ ਸੰਬੰਧੀ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਬ-ਡਵੀਜ਼ਨ ਭਿੱਖੀਵਿੰਡ ਤੋਂ ਡੀਐੱਸਪੀ ਪ੍ਰੀਤ ਇੰਦਰ ਸਿੰਘ ਨੇ ਦੱਸਿਆ ਕਿ ਥਾਣਾ ਮੁਖੀ ਵਲਟੋਹਾ ਇੰਸਪੈਕਟਰ ਗੁਰਮੁਖ ਸਿੰਘ ਵੱਲੋਂ ਆਪਣੀ ਟੀਮ ਦੀ ਸਹਾਇਤਾ ਨਾਲ ਅੰਮ੍ਰਿਤਪਾਲ ਸਿੰਘ ਨਾਮਕ ਮੁਲਜ਼ਮ ਨੂੰ ਨਾਕਾਬੰਦੀ ਦੌਰਾਨ ਪਿੰਡ ਆਸਲ ਉਤਾੜ ਦੀ ਡਰੇਨ ਨੇੜਿਓਂ 3 ਗਲੋਕ ਪਿਸਟਲਾਂ, ਇੱਕ ਮੈਗਜ਼ੀਨ ਅਤੇ 30 ਹਜ਼ਾਰ ਦੀ ਨਕਦੀ ਸਮੇਤ ਕਾਬੂ ਕੀਤਾ ਗਿਆ ਹੈ। ਡੀਐੱਸਪੀ ਦਾ ਕਹਿਣਾ ਸੀ ਕਿ ਉਕਤ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਨ ਮਗਰੋਂ ਦੋ ਦਿਨ ਦਾ ਰਿਮਾਂਡ ਹਾਸਲ ਕੀਤਾ ਗਿਆ ਹੈ, ਕਿਉਂਕਿ ਨੌਜਵਾਨ ਪਾਸੋਂ ਕਈ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।ਉਨ੍ਹਾਂ ਦੱਸਿਆ ਕਿ ਇਹ ਨੌਜਵਾਨ ਕਤਲ ਦੇ ਕੇਸ ਵਿੱਚ ਲੋੜੀਂਦਾ ਸੀ।

## ਹੜ੍ਹ ਪ੍ਰਭਾਵਿਤ ਖੇਤਰਾਂ 'ਚ ਪ੍ਰਸ਼ਾਸਨ ਵੱਲੋਂ ਨਿਭਾਈ ਜਾ ਰਹੀ ਅਹਿਮ ਭੂਮਿਕਾ: ਸਰਪੰਚ ਚੰਨਪ੍ਰੀਤ

ਮਜੀਠਾ (ਸੋਇਮ ਆਨੰਦ)-ਜ਼ਿਲ੍ਹਾ ਅੰਮ੍ਰਿਤਸਰ ਦੇ ਵੱਖ-ਵੱਖ ਖੇਤਰ ਹੜ੍ਹਾਂ ਦੀ ਮਾਰ ਹੇਠ ਆਏ ਹੋਏ ਹਨ ।ਇਸ ਕੁਦਰਤੀ ਆਫ਼ਤ ਕਾਰਨ ਲੋਕਾਂ ਦਾ ਕਰੋੜਾਂ ਰੁਪਏ ਨੁਕਸਾਨ ਹੋ ਚੁੱਕਾ ਹੈ ਤੇ ਲੋਕ ਘਰੋਂ ਬੇਘਰ ਹੋ ਚੁੱਕੇ ਹਨ ।ਇਸ ਔਖੀ ਘੜੀ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਅਤੇ ਐੱਸ ਐੱਸ ਪੀ ਮਨਿੰਦਰ ਸਿੰਘ ਦੀ ਅਗਵਾਈ ਹੇਠ ਪ੍ਰਸ਼ਾਸਨ ਵਲੋਂ ਲੋਕਾਂ ਨੂੰ ਹਰ ਤਰ੍ਹਾਂ ਦੀ ਰਾਹਤ ਸਮੱਗਰੀ ਸਮੱਗਰੀ, ਦਵਾਈਆਂ, ਪਸ਼ੂਆਂ ਲਈ ਚਾਰਾ ਤੱਕ ਪਹੁੰਚਾਇਆ ਜਾ ਰਿਹਾ ਹੈ।ਇਹ ਪ੍ਰਗਟਾਵਾ ਹਲਕਾ ਮਜੀਠਾ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਰਪੰਚ ਚੰਨਪ੍ਰੀਤ ਸਿੰਘ ਅਜਾਇਬਵਾਲੀ ਨੇ ਅੱਜ ਆਪਣੇ ਸਾਥੀਆਂ ਸਮੇਤ ਐਸ ਐਸ ਪੀ ਅੰਮ੍ਰਿਤਸਰ ਦਿਹਾਤੀ ਮਨਿੰਦਰ ਸਿੰਘ ਵੱਲੋਂ ਹੜ੍ਹ ਪੀੜ੍ਹਤਾਂ ਦੀ ਮਦਦ ਲਈ ਨਿਭਾਈ ਜਾ ਰਹੀ ਅਹਿਮ ਭੂਮਿਕਾ ਸੰਬੰਧ 'ਚ ਉਨ੍ਹਾਂ ਨੂੰ ਸਨਮਾਨਿਤ ਕਰਨ ਉਪਰੰਤ ਵਿਸ਼ੇਸ਼ ਤੌਰ ਤੇ ਗੱਲਬਾਤ ਕਰਦਿਆਂ ਕਰਦਿਆਂ ਕੀਤਾ ।ਜਿਸ ਦਿਨ ਤੋਂ ਅਜਨਾਲਾ ਤੇ ਰਮਦਾਸ ਦਾ ਇਲਾਕਾ ਹੜ੍ਹਾਂ ਦੀ ਮਾਰ ਹੇਠ ਆਇਆ ਹੈ, ਐੱਸ ਐੱਸ ਪੀ ਮਨਿੰਦਰ ਸਿੰਘ ਤੇ ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਵੱਲੋਂ ਦੂਰ ਦੁਰਾਡੇ ਡੇਰਿਆਂ ਤੱਕ ਪਾਣੀ 'ਚ ਫਸੇ ਲੋਕਾਂ ਨੂੰ ਖ਼ੁਦ ਜਾ ਕੇ ਰੈਸਕਿਊ ਕੀਤਾ ਗਿਆ ਤੇ ਲੋਕਾਂ



ਤੱਕ ਹਰ ਤਰ੍ਹਾਂ ਦੀ ਰਾਹਤ ਸਮੱਗਰੀ ਪਹੁੰਚਾਈ ਗਈ।ਜ਼ਿਲਾ ਪ੍ਰਸ਼ਾਸਨ ਵੱਲੋਂ ਹੜ੍ਹ ਪੀੜ੍ਹਤਾਂ ਲਈ ਨਿਭਾਈ ਜਾ ਰਹੀ ਭੂਮਿਕਾ ਦੀ ਲੋਕਾਂ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਵੱਖ-ਵੱਖ ਥਾਵਾਂ ਤੇ ਪ੍ਰਸ਼ਾਸਨ ਵੱਲੋਂ ਕੋਈ16 ਦੇ ਕਰੀਬ ਰਾਹਤ ਕੈਂਪ ਚਲਾਏ ਜਾ ਰਹੇ ਹਨ ।

18-Sep-PAGE-12.qxd 9/17/2025 11:21 PM Page 1



# 69ਵੀਆਂ ਅੰਡਰ-19 ਸਾਲ ਫੁੱਟਬਾਲ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਸ਼ੁਰੂ



**ਮਾਹਿਲਪੁਰ, (ਸਫ਼ਰੀ)**
69ਵੀਆਂ ਅੰਡਰ-19 ਸਾਲ (ਲੜਕੇ) ਫੁੱਟਬਾਲ ਜ਼ਿਲ੍ਹਾ ਸਕੂਲ ਖੇਡਾਂ ਡਾਇਰੈਕਟਰ ਸਕੂਲ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ. ਸਿੱ.) ਹੁਸ਼ਿਆਰਪੁਰ ਲਲਿਤਾ ਅਰੋੜਾ, ਉਪ ਜ਼ਿਲਾ ਸਿੱਖਿਆ ਅਫ਼ਸਰ ਅਮਨਦੀਪ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਪੰਜਾਬ ਸ.ਸ.ਸ.ਸ. (ਲੜਕੇ) ਮਾਹਿਲਪੁਰ ਅਤੇ ਖ਼ਾਲਸਾ ਕਾਲਜ ਮਾਹਿਲਪੁਰ ਦੇ ਖੇਡ ਮੈਦਾਨਾਂ 'ਚ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜਗਜੀਤ ਸਿੰਘ ਹੁਸ਼ਿਆਰਪੁਰ ਦੀ ਅਗਵਾਈ ਅਤੇ ਪ੍ਰਿੰ. ਧਰਮਿੰਦਰ ਸ਼ਰਮਾ ਦੀ ਦੇਖ ਰੇਖ ਹੇਠ ਸ਼ੁਰੂ ਹੋਈਆਂ। ਇਨ੍ਹਾਂ ਖੇਡਾਂ ਦਾ ਉਦਘਾਟਨ ਮੁੱਖ ਮਹਿਮਾਨ ਦਵਿੰਦਰ ਸਿੰਘ ਸੈਣੀ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ ਨੇ ਆਪਣੇ ਕਰ-ਕਮਲਾਂ ਨਾਲ ਕੀਤਾ ਤੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੰਦੇ ਹੋਏ ਅਨੁਸ਼ਾਸਨ ਵਿੱਚ ਰਹਿ ਕੇ ਖੇਡਣ ਲਈ ਪ੍ਰੇਰਤ ਕੀਤਾ। ਜਦਕਿ ਸਮਾਗਮ ਦੀ ਪ੍ਰਧਾਨਗੀ ਜ਼ਿਲ੍ਹਾ ਸਿੱਖਿਆ ਅਫ਼ਸਰ ਵਿਦੇਸ਼ ... (ਸੈ. ਸਿੱ.) ਹੁਸ਼ਿਆਰਪੁਰ ਲਲਿਤਾ ਅਰੋੜਾ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਅਮਨਦੀਪ ਸ਼ਰਮਾ, ਕੌਂਸਲਰ ਕੁਲਦੀਪ ਕੌਰ, ਕੌਂਸਲਰ ਰਾਜ ਕੁਮਾਰ, ਪ੍ਰਸ਼ੋਤਮ ਸਿੰਘ ਬੈਂਸ, ਕੌਂਸਲਰ ਸਤਵੀਰ ਸਿੰਘ ਬੈਂਸ, ਪ੍ਰਿੰ. ਧਰਮਿੰਦਰ ਸ਼ਰਮਾ, ਪ੍ਰਿੰ. ਸੁਖਵਿੰਦਰ ਸਿੰਘ ਥੰਡੀ, ਸਰਬਜੀਤ ਸਿੰਘ ਮੰਡ, ਅਜਜਸਬੀਰ ਬ੍ਰਿਜ ਲਾਲ, ਪ੍ਰਿੰ. ਸਤਿੰਦਰਦੀਪ ਕੌਰ ਢਿੱਲੋਂ, ਲੈਕ. ਰਾਜਾ ਪੱਟੀ, ਪ੍ਰਿੰ. ਹਰਵਿੰਦਰ ਕੌਰ ਨੰਗਲ ਖੁਰਦ, ਪ੍ਰਿੰ. ਸੀਮਾ ਰਾਣੀ, ਪ੍ਰਿੰ. ਕਿਰਪਾਲ ਸਿੰਘ, ਪ੍ਰਿੰ. ਸ਼ਿਵ ਕੁਮਾਰ ਪਾਲਦੀ, ਮਾ. ਰਾਜਾ ਸਿੰਘ ਰਾਜਪੁਰ ਭਾਈਆਂ, ਪ੍ਰਿੰ. ਜਤਿੰਦਰ ਸਿੰਘ ਨੇ ਕੀਤੀ।ਖੇਡੇ ਗਏ ਉਦਘਾਟਨੀ ਲੀਗ ਮੈਚ ਅਨੰਦਪੁਰ ਸਾਹਿਬ ਅਕੈਡਮੀ ਨੇ ਜ਼ਿਲ੍ਹਾ ਬਠਿੰਡਾ ਦੀ ਟੀਮ ਨੂੰ 4-0 ਨਾਲ ਹਰਾ ਕੇ ਜਿੱਤ ਪ੍ਰਾਪਤ ਕੀਤੀ। ਹੋਰ ਖੇਡੇ ਗਏ ਮੈਚਾਂ ਵਿਚ ਬੱਡੋਂ ਵਿੰਗ ਨੇ ਜ਼ਿਲ੍ਹਾ ਮਲੇਰਕੋਟਲਾ ਦੀ ਟੀਮ ਨੂੰ 4-0 ਨਾਲ, ਜ਼ਿਲਾ ਲੁਧਿਆਣਾ ਨੇ ਜ਼ਿਲਾ ਫਤਹਿਗੜ੍ਹ ਨੂੰ 9-0 ਨਾਲ ਹਰਾਇਆ। ਇਸ ਮੌਕੇ ਜਸਵੀਰ ਸਿੰਘ ਮੈਂਬਰ ਡੀ.ਸੀ.ਐਸ.ਸੀ., ਹੈਡਮਿਸਟ੍ਰੈਸ ਕਮਲੇਸ਼ ਕੌਰ, ਜਤਿੰਦਰ ਸਿੰਘ ਪੀ.ਟੀ.ਆਈ., ਰਾਜਵੀਰ ਸਿੰਘ ਡੀ.ਪੀ.ਈ., ਹੈਡਮਾਸਟਰ ਅਰਵਿੰਦਰ, ਸਿਮੀ, ਮਨਜੀਤ ਕੌਰ, ਹਰਮੀਤ ਕੌਰ ਡੀ.ਟੀ.ਸੀ., ਦੇਵ ਰਾਜ, ਹਰਦੀਪ ਸਿੰਘ, ਸਤਪਾਲ ਸਿੰਘ, ਪ੍ਰਿੰ. ਜਸਨੀਲ ਸਿੰਘ, ਪ੍ਰਿੰ. ਕ੍ਰਿਪਾਲ ਸਿੰਘ, ਕੁਲਵਿੰਦਰ ਸਿੰਘ, ਰਾਕੇਸ਼ ਫੁੱਲ, ਕੁਲਦੀਪ ਸਿੰਘ ਪੀ.ਟੀ.ਆਈ., ਸਿਕੰਦਰ ਸਿੰਘ, ਲੈਕ. ਪ੍ਰਦੀਪ ਸਿੰਘ, ਲੈਕ. ਨਰੇਸ਼ ਕੁਮਾਰ, ਆਦਿ ਖੇਡ ਪ੍ਰੇਮੀ ਹਾਜ਼ਰ ਸਨ।

# ਹਰਜੋਤ ਬੈਂਸ ਵੱਲੋਂ ਸਾਫ਼-ਸੁਥਰੇ ਮਾਹੌਲ ਲਈ ਸਫਾਈ ਮੁਹਿੰਮ ਦੀ ਸ਼ੁਰੂਆਤ

**ਭਲਾਣ (ਹਰਭਜਨ ਢਿੱਲੋਂ)**
ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਚੱਲ ਰਹੀ ਸਫਾਈ ਮੁਹਿੰਮ ਦੀ ਸਫਲਤਾ ਲਈ ਪੰਚ-ਸਰਪੰਚਾਂ, ਯੂਥ ਕਲੱਬਾਂ, ਨੌਜਵਾਨਾਂ ਅਤੇ ਆਮ ਆਦਮੀ ਪਾਰਟੀ ਦੇ ਵਰਕਰਾਂ ਨੂੰ ਯੋਗਦਾਨ ਪਾਉਣ ਲਈ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਹਰ ਨਾਗਰਿਕ ਨੂੰ ਸਾਫ-ਸੁਥਰਾ ਤੇ ਰੋਗਾਣੂ- ਮੁਕਤ ਮਾਹੌਲ ਦੇਣਾ ਸਾਡਾ ਨੈਤਿਕ ਫਰਜ਼ ਹੈ।ਇਸ ਲਈ 1 ਅਗ ਵੀ ਅਰ ਨੰਗਲ ਤੋਂ ਸੈਨੀਟਾਈਜੇਸ਼ਨ ਅਤੇ ਸਫਾਈ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ, ਜੋ ਹੜ੍ਹ ਪ੍ਰਭਾਵਿਤ ਸਾਰੇ ਪਿੰਡਾਂ ਵਿੱਚ ਜਾਰੀ ਰਹੇਗੀ।ਦਵਾਈਆਂ ਦੇ ਛਿੜਕਾਅ ਲਈ ਸਪਰੇਅ ਅਤੇ ਟੈਂਟ ਇਲਾਕੇ ਵਿੱਚ ਪਹੁੰਚ ਚੁੱਕੇ ਹਨ।ਪ੍ਰਭਾਵਿਤ ਪਿੰਡਾਂ ਵਿੱਚ ਪਸ਼ੂਆਂ ਲਈ ਮੈਡੀਕਲ ਸਹੂਲਤਾਂ ਅਤੇ ਟੀਕਾਕਰਨ ਵੀ ਮੁਹੱਈਆ ਕਰਵਾਇਆ ਜਾ ਰਿਹਾ ਹੈ।ਇਹ ਮੁਹਿੰਮ 2 ਆਰ ਵੀ ਅਰ ਨੰਗਲ ਤੋਂ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਅਤੇ ਉਨ੍ਹਾਂ ਦੀ ਟੀਮ ਦੀ ਦੇਖ-ਰੇਖ ਹੇਠ ਸ਼ੁਰੂ ਹੋਈ। ਸ੍ਰੀ ਬੈਂਸ ਨੇ ਹਰੇਕ ਪਿੰਡ ਦੇ ਪੰਚ-ਸਰਪੰਚ ਨੂੰ ਆਪਣੀ ਗ੍ਰਾਮ ਪੰਚਾਇਤ ਵਿੱਚ ਤੁਰੰਤ ਸਫਾਈ ਮੁਹਿੰਮ ਸ਼ੁਰੂ ਕਰਨ ਦੀ ਅਪੀਲ ਕੀਤੀ।ਸਫਾਈ ਮੁਹਿੰਮ ਦੇ ਉਦਘਾਟਨ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਖੁਦ ਸੈਨੀਟਾਈਜ਼ਿੰਗ ਵਾਹਨ ਵਿੱਚ ਬੈਠੇ ਅਤੇ ਨੰਗਲ ਸ਼ਹਿਰ ਅਤੇ ਨੇੜਲੇ ਇਲਾਕਿਆਂ ਵਿੱਚ ਮੁਹਿੰਮ ਆਰੰਭ ਕੀਤੀ।ਸ੍ਰੀ ਬੈਂਸ ਨੇ ਕਿਹਾ ਕਿ ਹੜ੍ਹ ਦੇ ਸਮੇਂ ਸੜਕਾਂ ਦੇ ਕਿਨਾਰਿਆਂ 'ਤੇ ਖੜ੍ਹਾ ਪਾਣੀ ਮਲੇਰੀਆ, ਡੇਂਗੂ ਅਤੇ ਚਿਕਨਗੁਨੀਆ ਵਰਗੀਆਂ ਬਿਮਾਰੀਆਂ ਵਧਾ ਰਿਹਾ ਹੈ। ਇਸ ਦਾ ਮੁਕਾਬਲਾ ਕਰਨ ਲਈ ਤਿੰਨ ਕਿਸਮਾਂ ਦੀਆਂ ਕੈਮੀਕਲ ਫਾਗਿੰਗ ਮਸ਼ੀਨਾਂ ਦੀ ਵਿਵਸਥਾ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਇਹ ਫਾਗਿੰਗ ਮੁਹਿੰਮ ਅਗਲੇ 15 ਦਿਨ ਤੱਕ ਜਾਰੀ ਰਹੇਗੀ। ਉਨ੍ਹਾਂ ਨੇ ਸਾਰੇ ਪ੍ਰਭਾਵਿਤ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਫਾਰਮ ਭਰਨ ਤਾਂ ਜੋ ਉਨ੍ਹਾਂ ਤੱਕ ਰਾਹਤ ਪਹੁੰਚਾਈ ਜਾ ਸਕੇ। ਉਨ੍ਹਾਂ ਯਕੀਨ ਦਵਾਇਆ ਕਿ ਰਾਜ ਸਰਕਾਰ ਦੇ ਅਧਿਕਾਰੀ ਮੈਦਾਨ ਵਿੱਚ ਦਿਨ-ਰਾਤ ਕੰਮ ਕਰ ਰਹੇ ਹਨ ਅਤੇ ਵਿਸਤ੍ਰਿਤ ਸਰਵੇਖਣ ਤੋਂ ਬਾਅਦ ਪੂਰੀ ਰਿਪੋਰਟ ਤਿਆਰ ਕੀਤੀ ਜਾਵੇਗੀ।

# ਮਾਲ ਅਧਿਕਾਰੀਆਂ ਵੱਲੋਂ ਮੁਕੰਮਲ ਕੀਤੀ ਜਾ ਰਹੀ ਗਿਰਦਾਵਰੀ ਦੀ ਐਸ ਡੀ ਐਮ ਨੇ ਕੀਤੀ ਪੜਤਾਲ

**ਨੰਗਲ (ਸੁਰਜੀਤ ਸਿੰਘ)**-ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਦੀ ਨਿਗਰਾਨੀ ਹੇਠ ਸਮੁੱਚੇ ਇਲਾਕੇ ਦੀ ਗਿਰਦਾਵਰੀ ਦਾ ਕੰਮ ਲਗਾਤਾਰ ਜਾਰੀ ਹੈ। ਮਾਲ ਅਧਿਕਾਰੀ ਗਿਰਦਾਵਰੀ ਕਰਨ ਸਮੇਂ ਪੂਰੀ ਜ਼ਿੰਮੇਵਾਰੀ ਨਾਲ ਕੰਮ ਕਰਨ ਇਸ ਦੇ ਅਧਾਰ ਤੇ ਹੀ ਸਮੁੱਚੇ ਵੇਰਵੇ ਇਕੱਠੇ ਕਰਕੇ ਸੂਚਨਾ ਸਰਕਾਰ ਤੱਕ ਪਹੁੰਚਦੀ ਹੈ। ਇਹ ਪ੍ਰਗਟਾਵਾ ਸਚਿਨ ਪਾਠਕ ਉਪ ਮੰਡਲ ਮੈਜਿਸਟ੍ਰੇਟ ਨੰਗਲ ਦੇ ਪਿੰਡਾਂ ਦੀ ਹੋ ਰਹੀ ਗਿਰਦਾਵਰੀ ਸਬੰਧੀ ਮੀਟਿੰਗ ਕਰਦੇ ਹੋਏ ਕੀਤਾ। ਐਸ ਡੀ ਐਮ ਨੇ ਕਿਹਾ ਕਿ ਝੋਨੇ ਤੇ ਮੱਕੀ ਦੀ ਫਸਲ ਦੇ ਹੋਏ ਨੁਕਸਾਨ ਸਬੰਧੀ ਮੌਕੇ ਤੇ ਪਿੰਡਾਂ ਵਿਚ ਜਾ ਕੇ ਪਟਵਾਰੀਆਂ ਵੱਲੋਂ ਗਿਰਦਾਵਰੀ ਦਾ ਜਾਇਜ਼ਾ ਲਿਆ ਜਾ ਰਿਹਾ ਹੈ। ਇਹ ਰਿਕਾਰਡ ਬਹੁਤ ਹੀ ਮਹੱਤਵਪੂਰਨ ਹੁੰਦਾ ਹੈ, ਮਾਲ ਵਿਭਾਗ ਦੇ ਅਧਿਕਾਰੀਆਂ, ਪਟਵਾਰੀ ਤੇ ਕਾਨੂੰਗੋ ਵੱਲੋਂ ਇਹ ਸਮੁੱਚਾ ਰਿਕਾਰਡ ਬਹੁਤ ਹੀ ਜ਼ਿੰਮੇਵਾਰੀ ਨਾਲ ਤਿਆਰ ਕੀਤਾ ਜਾਵੇ, ਕਿਉਂਕਿ ਇਸੇ ਅਧਾਰ ਤੇ ਸਰਕਾਰ ਲੋਕਹਿੱਤ ਦੇ ਫੈਸਲੇ ਕਰਦੀ ਹੈ।



## ਬਿਰਧ ਆਸ਼ਰਮ ਤਪਾ ਵਿਖੇ ਬਜ਼ੁਰਗਾਂ ਨੂੰ ਦਿੱਤੀਆਂ ਜਾ ਰਹੀਆਂ ਹਨ ਮੁਫ਼ਤ ਸਹੂਲਤਾਂ : ਡਿਪਟੀ ਕਮਿਸ਼ਨਰ

**ਹੁਸ਼ਿਆਰਪੁਰ ( ਓ ਪੀ ਰਾਣਾ )**-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਸਰਕਾਰ ਵੱਲੋਂ ਤਪਾ (ਜ਼ਿਲ੍ਹਾ ਬਰਨਾਲਾ) ਵਿਖੇ ਬਾਬਾ ਰੂਲ ਸਰਕਾਰੀ ਬਿਰਧ ਆਸ਼ਰਮ ਦੀ ਸਹੂਲਤ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਹ ਬਿਰਧ ਆਸ਼ਰਮ 72 ਬੈੱਡਾਂ ਦਾ ਹੈ, ਜਿਥੇ ਬਜ਼ੁਰਗ ਰਹਿ ਵੀ ਰਹੇ ਹਨ। ਉਨ੍ਹਾਂ ਕਿਹਾ ਕਿ ਜੋ ਵੀ ਲੋੜਵੰਦ ਬਜ਼ੁਰਗ ਬਿਰਧ ਆਸ਼ਰਮ ਵਿਚ ਰਹਿਣਾ ਚਾਹੁੰਦੇ ਹਨ, ਉਹ ਆਪਣਾ ਆਧਾਰ ਕਾਰਡ ਲੈ ਕੇ ਤਹਿਸੀਲ ਕੰਪਲੈਕਸ, ਨੇੜੇ ਸੇਵਾ ਕੇਂਦਰ, ਹੰਡਿਆਇਆ ਰੋਡ, ਦਫ਼ਤਰ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ, ਬਰਨਾਲਾ ਜਾਂ ਆਪਣੇ ਬਲਾਕ ਨਾਲ ਸਬੰਧਤ ਦਫ਼ਤਰ ਬਾਲ ਵਿਕਾਸ ਪ੍ਰੋਜੈਕਟ ਅਫ਼ਸਰ (ਸੀ. ਡੀ. ਪੀ. ਓ) ਵਿਖੇ ਜਾ ਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।ਡਿਪਟੀ ਕਮਿਸ਼ਨਰ ਵੱਲੋਂ ਇਹ ਵੀ ਦੱਸਿਆ ਗਿਆ ਕਿ ਜੋ ਬਜ਼ੁਰਗ ਬਿਰਧ ਆਸ਼ਰਮ ਵਿਚ ਰਹਿ ਰਹੇ ਹਨ, ਉਨ੍ਹਾਂ ਨੂੰ ਰਹਿਣ ਲਈ ਕਮਰੇ, ਸਿਹਤ ਅਤੇ ਮੈਡੀਕਲ ਸੇਵਾਵਾਂ, ਖਾਣਾ-ਪੀਣਾ, ਕੱਪੜੇ, ਸੁਰੱਖਿਆ ਅਤੇ ਮਨੋਰੰਜਨ, ਲਾਇਬ੍ਰੇਰੀ ਅਤੇ ਹੋਰ ਆਧੁਨਿਕ ਸਹੂਲਤਾਂ ਮੁਫ਼ਤ ਦਿੱਤੀਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਰਜਿਸਟ੍ਰੇਸ਼ਨ ਵਾਸਤੇ ਸਬੰਧਤ ਬਜ਼ੁਰਗ ਦਾ ਨਾਂਅ, ਪਿਤਾ ਦਾ ਨਾਂਅ, ਮੌਜੂਦਾ ਰਿਹਾਇਸ਼, ਮੋਬਾਇਲ ਨੰਬਰ, ਆਧਾਰ ਕਾਰਡ ਨੰਬਰ ਆਦਿ ਲੋੜੀਂਦਾ ਹੈ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ 01679-29110, 87280-45025 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਨੇ ਐੱਸ ਆਈ ਆਰ ਨੂੰ ਲਾਗੂ ਕਰਨ ਦੇ ਦਿੱਤੇ ਨਿਰਦੇਸ਼

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਸ੍ਰੀ ਏ ਸ੍ਰੀਨਿਵਾਸ ਨੇ ਦਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ 10 ਸਤੰਬਰ ਨੂੰ ਸਾਰੇ ਸੂਬਿਆਂ ਦੇ ਮੁੱਖ ਚੋਣ ਅਧਿਕਾਰੀਆਂ ਦੀ ਮੀਟਿੰਗ ਆਯੋਜਿਤ ਕੀਤੀ ਗਈ ਸੀ ਜਿਸ ਵਿੱਚ ਪੂਰੇ ਦੇਸ਼ ਵਿੱਚ ਵਿਸ਼ੇਸ਼ ਵਿਸਤਾਰ ਪੁਨਰ ਨਿਰੀਖਣ (ਐਸ ਆਈ ਆਰ) ਨੂੰ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਸਨ। ਇਸੀ ਦਿਸ਼ਾ ਵਿੱਚ ਹਰਿਆਣਾ ਸੀ ਈ ਓ ਨੇ ਸਾਰੇ ਡੀ ਈ ਓ ਦੇ ਮੀਟਿੰਗ ਆਯੋਜਿਤ ਕੀਤੀ। ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਸ੍ਰੀ ਏ ਸ੍ਰੀਨਿਵਾਸ ਨੇ ਵਿਸ਼ੇਸ਼ ਵਿਸਤਾਰ ਪੁਨਰ ਨਿਰੀਖਣ ਦੇ ਸਬੰਧ ਵਿੱਚ ਸਾਰੇ ਜ਼ਿਲ੍ਹਾ ਚੋਣ ਅਧਿਕਾਰੀਆਂ ਨੂੰ ਕਿਹਾ ਕਿ ਸੂਬੇ ਵਿੱਚ ਜਿੱਥੇ ਬੀ ਐਲ ਓ ਦੇ ਅਹੁਦੇ ਖਾਲੀ ਪਏ ਹਨ ਉੱਥੇ ਜਲਦੀ ਨਿਯੁਕਤੀ ਕਰ ਦਿਉ ਉਨ੍ਹਾਂ ਦੇ ਆਈਕਾਰਡ ਜਾਰੀ ਕੀਤੇ ਜਾਣ, ਤਾਂ ਜੋ ਨਵੇਂ ਸਿਰੇ ਤੋਂ ਬਣਨ ਵਾਲੀ ਵੋਟਰ ਲਿਸਟ ਦੇ ਕੰਮ ਵਿੱਚ ਕੋਈ ਰੁਕਾਵਟ ਉਤਪਨ ਨਾ ਹੋਵੇ। ਇਸ ਤੋਂ ਇਲਾਵਾ, ਐਸਆਈਆਰ ਨਾਲ ਸਬੰਧਿਤ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਿਖਲਾਈ ਦਿੱਤੀ ਜਾਵੇ। ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਸ੍ਰੀ ਏ ਸ਼੍ਰੀਨਿਵਾਸ ਨੇ ਇਹ ਨਿਰਦੇਸ਼ ਅੱਜ ਇੱਥੇ ਵਿਸ਼ੇਸ਼ ਵਿਸਤਾਰ ਪੁਨਰਨਿਰੀਖਣ ਦੇ ਸਬੰਧ ਵਿੱਚ ਜਿਲ੍ਹਾ ਚੋਣ ਅਧਿਕਾਰੀਆਂ ਤੇ ਚੋਣ ਰਜਿਸਟ੍ਰੇਸ਼ਨ ਅਧਿਕਾਰੀਆਂ ਨੂੰ ਵੀਡੀਓ ਕਾਨਫ੍ਰੈਂਸਿੰਗ ਰਾਹੀਂ ਦਿੱਤੇ।

# 3 ਨਸ਼ਾ ਤਸਕਰ ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਸਮੇਤ ਕਾਬੂ



**ਬੰਗਾ (ਅਵਤਾਰ ਕਲੇਰ)**
ਥਾਣਾ ਮੁਕੰਦਪੁਰ ਦੀ ਪੁਲਸ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਅਧੀਨ 20 ਗ੍ਰਾਮ ਹੈਰੋਇਨ ਅਤੇ 90 ਨਸ਼ੀਲੀਆਂ ਗੋਲੀਆਂ ਸਮੇਤ 1 ਵਿਅਕਤੀ ਅਤੇ 2 ਔਰਤਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ ਐਚ ਓ ਮਹਿੰਦਰ ਸਿੰਘ ਥਾਣਾ ਮੁਕੰਦਪੁਰ ਨੇ ਦੱਸਿਆ ਕਿ ਡਾ. ਮਹਿਤਾਬ ਸਿੰਘ ਐਸ ਐਸ ਪੀ ਦੀਆਂ ਹਦਾਇਤਾਂ ਅਨੁਸਾਰ ਅਤੇ ਡੀ ਐਸ ਪੀ ਸਬ ਡਿਵੀਜ਼ਨ ਬੰਗਾ ਹਰਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਪੁਲਿਸ ਵੱਲੋਂ ਨਸ਼ਾ ਤਸਕਰਾਂ ਖਿਲਾਫ਼ ਲਗਾਤਾਰ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਬ ਇੰਸਪੈਕਟਰ ਕੇਵਲ ਕ੍ਰਿਸ਼ਨ ਦੀ ਅਗਵਾਈ ਹੇਠ ਪੁਲਸ ਪਾਰਟੀ ਇਲਾਕੇ 'ਚ ਗਸ਼ਤ ਕਰ ਰਹੀ ਸੀ,ਜਦੋਂ ਵਾਈ ਪੁਆਇੰਟ ਅੱਪਰਾ ਰੋਡ ਮੁਕੰਦਪੁਰ ਤੇ ਤਿੰਨ ਲੋਕਾਂ ਨੂੰ ਰੋਕਿਆ ਗਿਆ। ਇਨ੍ਹਾਂ ਦੀ ਪਛਾਣ ਗੁਰਜੀਤ ਸਿੰਘ ਉਰਫ਼ ਜੀਤਾ ਪੁੱਤਰ ਪਰਮਜੀਤ ਸਿੰਘ ਵਾਸੀ ਜਗਤਪੁਰ ਥਾਣਾ ਮੁਕੰਦਪੁਰ, ਜਸਵਿੰਦਰ ਕੌਰ ਪਤਨੀ ਬਲਿਹਾਰ ਰਾਮ ਵਾਸੀ ਸਮਰਾੜੀ ਥਾਣਾ ਫਿਲੌਰ, ਜ਼ਿਲ੍ਹਾ ਜਲੰਧਰ ਅਤੇ ਸਰਬਜੀਤ ਕੌਰ ਉਰਫ਼ ਰੀਨਾ ਪਤਨੀ ਗੁਰਪ੍ਰੀਤ ਰਾਮ ਵਾਸੀ ਕਰਹਾਂ ਮੁਹੱਲਾ ਮਹਿੰਦੀਪੁਰ ਥਾਣਾ ਸਿਟੀ ਨਵਾਂ ਸ਼ਹਿਰ ਵਜੋਂ ਹੋਈ।ਇਨ੍ਹਾਂ ਕੋਲੋਂ 20 ਗ੍ਰਾਮ ਹੈਰੋਇਨ ਅਤੇ 90 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ ਹਨ। ਉਨ੍ਹਾਂ ਖਿਲਾਫ਼ ਥਾਣਾ ਮੁਕੰਦਪੁਰ ਵਿੱਚ ਮੁਕੱਦਮਾ ਦਰਜ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ ਹੈ। ਐਸ ਐਚ ਓ ਮਹਿੰਦਰ ਸਿੰਘ ਨੇ ਕਿਹਾ ਕਿ ਇਲਾਕੇ ਵਿੱਚ ਨਸ਼ੇ ਦੇ ਸੌਦਾਗਰਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

# 20 ਪਰਵਾਰ 'ਆਪ' 'ਚ ਸ਼ਾਮਲ



**ਕਾਲਾ ਸੰਘਿਆਂ (ਮਨਜੀਤ ਮਾਨ)**
ਜ਼ਿਲ੍ਹਾ ਕਪੂਰਥਲਾ ਦੇ ਇਤਿਹਾਸਕ ਕਸਬਾ ਕਾਲਾ ਸੰਘਿਆਂ ਵਿਖੇ ਆਮ ਆਦਮੀ ਪਾਰਟੀ ਦਾ ਰਾਣੀ ਵਿਕੱਠ ਨਰਿੰਦਰ ਸਿੰਘ ਸੰਘਾ ਪ੍ਰਧਾਨ ਕਿਸਾਨ ਵਿੰਗ ਕਪੂਰਥਲਾ, ਜਗਰੂਪ ਸਿੰਘ ਦੀ ਅਗਵਾਈ ਹੇਠ ਅਗਵਾਈ ਹੇਠ ਕੀਤਾ ਗਿਆ ਜਿਸ 'ਚ ਹਲਕਾ ਇੰਚਾਰਜ ਐਡਵੋਕੇਟ ਕਰਮਵੀਰ ਸਿੰਘ ਚੰਦੀ, ਪਰਮਿੰਦਰ ਸਿੰਘ ਢੋਟ ਸੰਗਠਨ ਇੰਚਾਰਜ ਕਪੂਰਥਲਾ, ਐਡਵੋਕੇਟ ਹਰਪ੍ਰੀਤ ਕੌਰ ਕਪੂਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ 20 ਪਰਵਾਰ ਆਪ ਵਿੱਚ ਸ਼ਾਮਲ ਹੋਏ ਜਿਨ੍ਹਾਂ ਦਾ ਐਡਵੋਕੇਟ ਕਰਮਵੀਰ ਸਿੰਘ ਚੰਦੀ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਹਲਕਾ ਇੰਚਾਰਜ ਐਡਵੋਕੇਟ ਕਰਮਵੀਰ ਸਿੰਘ ਚੰਦੀ ਨੇ ਕਿਹਾ ਕਿ ਜ਼ਿਲ੍ਹਾ ਕਪੂਰਥਲਾ ਵਿੱਚ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਪਾਰਟੀ ਬਾਜ਼ੀਆਂ ਤੋਂ ਉੱਪਰ ਉੱਠ ਕੇ ਮੁਕੰਮਲ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਹੜ੍ਹਾਂ ਦੀ ਮਾਰ ਹੇਠ ਆਏ ਪਿੰਡਾਂ ਦੇ ਲੋਕਾਂ ਦੀਆਂ ਸਿਹਤ ਸਹੂਲਤਾਂ ਦਾ ਖਿਆਲ ਰੱਖਿਆ ਜਾ ਰਿਹਾ ਹੈ ਤੇ ਹੜ੍ਹਾਂ ਵਾਲੇ ਪ੍ਰਭਾਵਿਤ ਪਿੰਡਾਂ ਵਿੱਚ ਹੋਏ ਨੁਕਸਾਨ ਦੀਆਂ ਗ੍ਰਾਂਟਾਂ ਪੀੜ੍ਹਤ ਪਰਵਾਰਾਂ ਨੂੰ ਜਲਦੀ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਮੌਕੇ ਲੋਕਾਂ ਦੀ ਮੰਗ ਤੇ ਐਡ. ਚੰਦੀ ਨੇ ਕਿਹਾ ਕਸਬਾ ਕਾਲਾ ਸੰਘਿਆਂ ਦੇ ਸਿਵਲ ਹਸਪਤਾਲ ਵਿੱਚ ਡਾਕਟਰਾਂ ਦੀ ਟੀਮ ਨੂੰ ਡਿਊਟੀ 'ਤੇ 24 ਘੰਟੇ ਤਾਇਨਾਤ ਕੀਤੇ ਜਾਣਗੇ। ਇਸ ਹਰਵਿੰਦਰ ਸਿੰਘ ਸੰਘਾ, ਵਿਜੇ ਅਰੋੜਾ, ਡਾਕਟਰ ਬਲਕਾਰ ਸਿੰਘ ਲਾਲਕਾ, ਡਾਕਟਰ ਬਲਰਾਮ ਸ਼ਰਮਾ, ਸੁਲੱਖਣ ਸਿੰਘ ਉਰਫ਼ ਬਿੱਲੂ ਸ਼ਹਿਰੀਆਂ, ਮੈਡਮ ਸੋਨੀਆ, ਪਰਮਪ੍ਰੀਤ ਸਿੰਘ ਸੰਘਾ ਵਾਈਸ ਪ੍ਰਧਾਨ ਯੂਥ ਵਿੰਗ,ਤੀਰਥ ਕੁਮਾਰ, ਹਰਪਾਲ ਸਿੰਘ ਪਾਲਾ, ਨਿਰਮਲਾ ਰਾਣੀ, ਮੈਡਮ ਸੋਨੀਆ, ਦਲਵੀਰ ਸਿੰਘ ਰਾਣਾ ਸੁੰਨੜਵਾਲ, ਬਲਾਕ ਪ੍ਰਧਾਨ, ਦਵਿੰਦਰ ਸਿੰਘ, ਮੋਹਨ ਸਿੰਘ ਅਹੀਆ, ਮਨਦੀਪ ਸਿੰਘ ਸੁਨੜਵਾਲ, ਜਸਵਿੰਦਰ ਸਿੰਘ, ਪ੍ਰੇਮਪਾਲ ਸਰਪੰਚ ਚੱਕ ਦੋਨਾਂ, ਸੁਰਜੀਤ ਲਾਲ, ਗੁਰਦਾਵਰ ਸਿੰਘ ਖਾਲਸਾ ਜੱਲੋਵਾਲ, ਸਰਬਨ ਸਿੰਘ ਸੰਘਾ, ਕੁਲਵੰਤ ਸਿੰਘ ਕਾਂਤਾ, ਸੋਨੀ ਨਵਾਂ ਪਿੰਡ, ਸ਼ਰਨਜੀਤ ਸਿੰਘ ਨਵਾਂ ਪਿੰਡ ਤੋਂ ਇਲਾਵਾ ਹੋਰ ਆਗੂ ਹਾਜ਼ਰ ਸਨ।

## ਸੁਪਨਿਆਂ ਨੂੰ ਸਾਕਾਰ ਕਰਨ ਲਈ ਸਖ਼ਤ ਮਿਹਨਤ ਤੇ ਆਤਮ-ਵਿਸ਼ਵਾਸ ਜ਼ਰੂਰੀ : ਹਾਰਦਿਕ ਸਿੰਘ



**ਜਲੰਧਰ, (ਸ਼ੈਲੀ ਐਲਬਰਟ)**-ਓਲੰਪਿਕ ਹਾਕੀ ਮੈਡਲਿਸਟ ਹਾਰਦਿਕ ਸਿੰਘ ਨੇ ਮਸ਼ਹੂਰ ਸੁਰਜੀਤ ਹਾਕੀ ਅਕੈਡਮੀ ਦਾ ਦੌਰਾ ਕੀਤਾ ਤੇ ਉੱਭਰਦੇ ਖਿਡਾਰੀਆਂ ਨਾਲ ਆਪਣੇ ਅਨੁਭਵ ਸਾਂਝੇ ਕੀਤੇ। ਅਕੈਡਮੀ ਦੇ ਸੀ ਈ ਓ ਇਕਬਾਲ ਸਿੰਘ ਸੰਧੂ ਨੇ ਓਲੰਪੀਅਨ ਹਾਰਦਿਕ ਸਿੰਘ ਦੀ ਕਲੱਬ ਦੇ ਖਿਡਾਰੀਆਂ ਨਾਲ ਜਾਣ-ਪਛਾਣ ਕਰਵਾਈ ਤੇ ਉਨ੍ਹਾਂ ਦਾ ਸਵਾਗਤ ਕੀਤਾ। ਓਲੰਪੀਅਨ ਹਾਰਦਿਕ ਸਿੰਘ ਨੇ ਖਿਡਾਰੀਆਂ ਨੂੰ ਹਾਕੀ ਦੀਆਂ ਵੱਖ-ਵੱਖ ਤਕਨੀਕਾਂ, ਜਿਵੇਂ ਕਿ ਸਹੀ ਪਾਸਿੰਗ, ਗੋਲ ਸਕੋਰਿੰਗ ਦੀਆਂ ਰਣਨੀਤੀਆਂ ਅਤੇ ਰੱਖਿਆਤਮਕ ਹੁਨਰ ਬਾਰੇ ਵਿਸਥਾਰ ਨਾਲ ਦੱਸਿਆ।ਉਨ੍ਹਾਂ ਨੇ ਆਪਣੇ ਪ੍ਰੇਰਣਾਦਾਇਕ ਭਾਸ਼ਣ ਵਿੱਚ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਆਤਮ-ਵਿਸ਼ਵਾਸ ਦੀ ਮਹੱਤਤਾ 'ਤੇ ਰੋਸ਼ਨੀ ਪਾਇਆ, ਜੋ ਖਿਡਾਰੀਆਂ ਨੂੰ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਜ਼ਰੂਰੀ ਹਨ।ਉਨ੍ਹਾਂ ਨੇ ਇਸ ਮੌਕੇ 'ਤੇ ਹਾਰਦਿਕ ਸਿੰਘ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ ਅਕੈਡਮੀ ਦੇ ਖਿਡਾਰੀਆਂ ਨੂੰ ਉਨ੍ਹਾਂ ਦੇ ਮਾਰਗ ਦਰਸ਼ਨ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਉਤਸ਼ਾਹਿਤ ਕੀਤਾ।

## ਪੱਤਰਕਾਰ ਮਨਜੀਤ ਸਿੰਘ ਜੱਬੋਵਾਲ ਨੂੰ ਸਦਮਾ, ਪਿਤਾ ਦਾ ਦੇਹਾਂਤ



**ਬੰਗਾ (ਅਵਤਾਰ ਕਲੇਰ)**-ਸੀਨੀਅਰ ਪੱਤਰਕਾਰ ਮਨਜੀਤ ਸਿੰਘ ਜੱਬੋਵਾਲ ਦੇ ਪਿਤਾ ਹਰਬੰਸ ਸਿੰਘ ਜੱਬੋਵਾਲ ਸਾਬਕਾ ਇੰਸਪੈਕਟਰ ਪੰਜਾਬ ਪੁਲਸ ਤੇ ਜ਼ਿਲ੍ਹਾ ਪ੍ਰਧਾਨ ਪੰਜਾਬ ਪੁਲਿਸ ਪੈਨਸ਼ਨਰ ਐਸੋਸੀਏਸ਼ਨ ਸ਼ਹੀਦ ਭਗਤ ਸਿੰਘ ਨਗਰ ਸੰਖੇਪ ਬਿਮਾਰੀ ਉਪਰੰਤ ਅਕਾਲ ਚਲਾਣਾ ਕਰ ਗਏ। ਹਰਬੰਸ ਸਿੰਘ ਜੱਬੋਵਾਲ ਨੇ ਪਿਛਲੇ 35 ਸਾਲ ਤੋਂ ਪੰਜਾਬ ਪੁਲਸ 'ਚ ਇਮਾਨਦਾਰੀ ਅਤੇ ਲਗਨ ਨਾਲ ਸੇਵਾਵਾਂ ਨਿਭਾਈਆਂ ਅਤੇ ਹੁਣ ਉਹ ਪੈਨਸ਼ਨਰ ਐਸੋਸੀਏਸ਼ਨ ਦੇ ਅਹੁਦੇ 'ਤੇ ਹੁੰਦਿਆਂ ਸੇਵਾਵਾਂ ਨਿਭਾ ਰਹੇ ਸਨ। ਪਿਛਲੇ ਕੁੱਝ ਦਿਨਾਂ ਤੋਂ ਉਹ ਬਿਮਾਰ ਚੱਲ ਰਹੇ ਸਨ ਤੇ ਅਚਨਚੇਤ ਅਕਾਲ ਚਲਾਣਾ ਕਰ ਗਏ। ਉਨ੍ਹਾਂ ਦਾ ਅੰਤਿਮ ਸੰਸਕਾਰ 18 ਸਤੰਬਰ ਦਿਨ ਵੀਰਵਾਰ ਨੂੰ 11 ਵਜੇ ਪਿੰਡ ਜੱਬੋਵਾਲ (ਨਵਾਂ ਸ਼ਹਿਰ)ਵਿਖੇ ਕੀਤਾ ਜਾਵੇਗਾ। ਉਹਨਾਂ ਦੀ ਅਚਨਚੇਤ ਮੌਤ ਤੇ ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ, ਧਾਰਮਿਕ ਸਖਸ਼ੀਅਤਾਂ ਅਤੇ ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# ਪੰਜਾਬ 'ਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਲੋਕ ਉਤਾਵਲੇ : ਭਜਨ ਲਾਲ ਜਾਟਵ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)**
ਹੁਣ ਪੰਜਾਬ ਵਿਚ 2027 ਦੀਆਂ ਆ ਰਹੀਆਂ ਵਿਧਾਨ ਸਭਾ ਦੌਰਾਨ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਲੋਕ ਉਤਾਵਲੇ ਹਨ।ਇਹ ਵਿਚਾਰ ਸੰਸਦ ਮੈਂਬਰ ਤੇ ਕਾਂਗਰਸ ਪਾਰਟੀ ਦੇ ਜਿਲ੍ਹਾ ਕਪੂਰਥਲਾ ਦੇ ਅਬਜਰਵਰ ਭਜਨ ਲਾਲ ਜਾਟਵ ਨੇ ਕਾਂਗਰਸ ਪਾਰਟੀ ਦੇ ਹਲਕਾ ਸੁਲਤਾਨਪੁਰ ਲੋਧੀ ਦੇ ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਦੀ ਅਗਵਾਈ ਹੇਠ ਹਲਕਾ ਸੁਲਤਾਨਪੁਰ ਲੋਧੀ ਦੇ ਪਾਰਟੀ ਵਰਕਰਾਂ ਨਾਲ ਮੀਟਿੰਗ ਨੂੰ ਸੰਬੋਧਨ ਕਰਦੇ ਪ੍ਰਗਟਾਏ।ਉਨ੍ਹਾਂ ਕਿਹਾ ਕਿ ਆਲ ਇੰਡੀਆ ਕਾਂਗਰਸ ਕਮੇਟੀ ਦੀਆਂ ਹਿਦਾਇਤਾਂ ਤੇ ਸੰਗਠਨ ਸਿਰਜਣ ਮਹਿਮ ਤਹਿਤ ਪਾਰਟੀ ਨੂੰ ਜਿਲ੍ਹਾ ਪੱਧਰ 'ਤੇ ਮਜ਼ਬੂਤ ਕਰਕੇ ਵਧੇਰੇ ਸ਼ਕਤੀਆਂ ਦਿੱਤੀਆਂ ਜਾਣਗੀਆਂ।ਉਹਨਾਂ ਦੱਸਿਆ ਕਿ ਇਸ ਦੇ ਲਈ ਆਮ ਜਨਤਾ, ਪਾਰਟੀ ਨੇਤਾਵਾਂ, ਡੈਲੀਗੇਟਾਂ ਅਤੇ ਅਹੁਦੇਦਾਰਾਂ ਨਾਲ ਗੱਲਬਾਤ ਕਰਕੇ ਕਿ ਜਿਲ੍ਹੇ ਅੰਦਰ ਪਾਰਟੀ ਨੂੰ ਕਿਸ ਤਰ੍ਹਾਂ ਮਜ਼ਬੂਤ ਕੀਤਾ ਜਾ ਸਕਦਾ ਹੈ, ਉਪਰੰਤ ਫੈਸਲਾ ਲਿਆ ਜਾਵੇਗਾ। ਉਹਨਾਂ ਪਾਰਟੀ ਵਰਕਰਾਂ ਦੀਆਂ ਮੁਸ਼ਕਲਾਂ ਸੁਣਨ ਉਪਰੰਤ ਉਨ੍ਹਾਂ ਨੂੰ ਭਰੋਸਾ ਦਵਾਇਆ ਕਿ ਕਾਂਗਰਸ ਪਾਰਟੀ ਵਿੱਚ ਉਹਨਾਂ ਨੂੰ ਮਾਨ ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਵੱਲੋਂ ਸੰਸਦ ਮੈਂਬਰ ਭਜਨ ਲਾਲ ਜਾਟਵ, ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਬਲਵਿੰਦਰ ਸਿੰਘ ਧਾਰੀਵਾਲ ਵਿਧਾਇਕ ਫਗਵਾੜਾ, ਬਾਵਾ ਹੈਨਰੀ ਵਿਧਾਇਕ ਜਲੰਧਰ ਆਦਿ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਨੇ ਸੰਸਦ ਮੈਂਬਰ ਭਜਨ ਲਾਲ ਜਾਟਵ ਅਤੇ ਸਮੂਹ ਮਹਿਮਾਨਾਂ ਨੂੰ ਜੀ ਆਇਆਂ ਆਖਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਫੌਜੀ ਕਲੋਨੀ ਸੀਨੀਅਰ ਕਾਂਗਰਸੀ ਆਗੂ, ਬਲਾਕ ਪ੍ਰਧਾਨ ਮੁਖਤਾਰ ਸਿੰਘ ਭਗਤਪੁਰ ਤੇ ਗੁਰਿੰਦਰ ਪਾਲ ਸਿੰਘ ਭੁੱਲਰ, ਨਰਿੰਦਰ ਸਿੰਘ ਪੰਨੂ ਸ਼ਹਿਰੀ ਪ੍ਰਧਾਨ, ਨਗਰ ਕੌਂਸਲ ਦੇ ਸਾਬਕਾ ਮੀਤ ਪ੍ਰਧਾਨ ਜਗਪਾਲ ਸਿੰਘ ਚੀਮਾ, ਨਰਿੰਦਰ ਸਿੰਘ ਜੈਨਪੁਰ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਡਾਕਟਰ ਨਰਿੰਦਰ ਸਿੰਘ ਗਿੱਲ ਸਾਬਕਾ ਸਰਪੰਚ, ਯੂਥ ਆਗੂ ਮੋਨੂੰ ਭੰਡਾਰੀ, ਯੂਥ ਆਗੂ ਜਸਕਰਨ ਸਿੰਘ ਚੀਮਾ, ਸੀਨੀਅਰ ਆਗੂ ਕੁਲਬੀਰ ਸਿੰਘ ਮੀਰੇ, ਸਾਬਕਾ ਜਿਲ੍ਹਾ ਪ੍ਰਧਾਨ ਰਮੇਸ਼ ਡਡਵਿੰਡੀ, ਦਲਬੀਰ ਸਿੰਘ ਚੀਮਾ, ਤਰਲੋਕ ਸਿੰਘ ਬੂਹ, ਬਲਜਿੰਦਰ ਸਿੰਘ ਪੀਏ, ਐਡਵੋਕੇਟ ਜਰਨੈਲ ਸਿੰਘ ਸੰਧਾ ਪ੍ਰਧਾਨ ਬਾਰ ਐਸੋਸੀਏਸ਼ਨ, ਨਵ ਸੇਖੋਂ ਯੂਥ ਕੋਆਰਡੀਨੇਟਰ ਦੁਆਬਾ ਜੋਨ, ਕਿਸਾਨ ਆਗੂ ਅਮਰ ਸਿੰਘ ਮੰਡ ਆਦਿ ਵੀ ਹਾਜ਼ਰ ਸਨ।

# ਦਰਿਆ ਦੇ ਬੰਨ੍ਹ ਨੂੰ ਮਜ਼ਬੂਤ ਬਣਾਉਣ ਲਈ 4 ਦਿਨਾਂ ਤੋਂ ਲਗਾਤਾਰ ਚੱਲ ਰਿਹਾ ਕੰਮ : ਡੀ ਐੱਸ ਪੀ ਬਰਾੜ



**ਕਾਲਾ ਸੰਘਿਆਂ, (ਮਨਜੀਤ ਮਾਨ)**
ਸਤਲੁਜ ਦਰਿਆ 'ਤੇ ਸਬ ਡਵੀਜ਼ਨ ਸ਼ਾਹਕੋਟ ਦੇ ਪੈਂਦੇ ਪਿੰਡ ਮੰਡਾਲਾ ਛੰਨਾ ਵਿਖੇ ਪਾਣੀ ਦੇ ਤੇਜ਼ ਬਹਾਅ ਦੇ ਕਾਰਨ ਪਿਛਲੇ 4 ਦਿਨਾਂ ਤੋਂ ਦਰਿਆ ਦੇ ਬੰਨ ਨੂੰ ਵੱਡੀ ਢਾਹ ਲੱਗ ਰਹੀ ਸੀ, ਜਿਸ ਨੂੰ ਵੇਖਦਿਆਂ ਜਿਲਾ ਪ੍ਰਸ਼ਾਸਨ ਨੇ ਫੌਰੀ ਐਕਸ਼ਨ ਲੈ ਕੇ ਇਸ ਬੰਨ ਨੂੰ ਮਜ਼ਬੂਤ ਕਰਨ ਲਈ ਜਿੱਥੇ ਦਿਨ-ਰਾਤ ਇੱਕ ਕੀਤਾ ਹੋਇਆ ਹੈ, ਉੱਥੇ ਹੀ ਸਮਾਜ ਸੇਵੀ ਸੰਸਥਾਵਾਂ ਵੱਲੋਂ ਵੀ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਇਸ ਗੱਲ ਦੀ ਜਾਣਕਾਰੀ ਸ਼ਾਹਕੋਟ ਸਬ- ਡਵੀਜ਼ਨ ਦੇ ਡੀ.ਐਸ.ਪੀ. ਓਂਕਾਰ ਸਿੰਘ ਬਰਾੜ ਨੇ 'ਨਵਾਂ ਜ਼ਮਾਨਾ' ਨਾਲ ਗੱਲਬਾਤ ਕਰਦਿਆਂ ਦਿੱਤੀ। ਸ. ਬਰਾੜ ਨੇ ਦੱਸਿਆ ਕਿ ਬੰਨ ਵਾਲਾ ਝੁਕਾਅ ਪਿੰਡ ਵੱਲ ਨੂੰ ਹੋਣ ਦਾ ਜਿਉਂ ਹੀ ਪੰਜਾਬ ਸਰਕਾਰ ਦੇ ਧਿਆਨ ਵਿੱਚ ਮਾਮਲਾ ਆਇਆ ਤਾਂ ਉਸੇ ਵਕਤ ਡਿਪਟੀ ਕਮਿਸ਼ਨਰ ਜਲੰਧਰ ਦੀਆਂ ਹਦਾਇਤਾਂ 'ਤੇ ਤੇਜ਼ੀ ਦੇ ਨਾਲ ਸਾਰੇ ਵਿਭਾਗ ਹਰਕਤ ਵਿੱਚ ਆ ਗਏ ਤੇ ਉਸ ਵਕਤ ਤੋਂ ਹੀ ਹਰ ਤਰ੍ਹਾਂ ਦੇ ਉਪਰਾਲੇ ਕਰਕੇ ਬੰਨ ਨੂੰ ਮਜ਼ਬੂਤ ਕਰਨ ਦੇ ਯਤਨ ਕੀਤੇ ਜਾ ਰਹੇ ਹਨ, ਜਿਸ ਕਾਰਜ ਲਈ ਸੀ ਆਰ ਪੀ ਐਫ, ਬੀ ਐਸ ਐਫ ਤੇ ਪੰਜਾਬ ਪੁਲਸ ਦੀਆਂ ਜਿੱਥੇ ਟੀਮਾਂ ਲੱਗੀਆਂ ਹੋਈਆਂ ਹਨ, ਉੱਥੇ ਹੀ ਸਮਾਜ ਸੇਵੀ ਸੰਸਥਾਵਾਂ, ਪਿੰਡਾਂ ਦੀਆਂ ਪੰਚਾਇਤਾਂ, ਬਜ਼ੁਰਗ, ਨੌਜਵਾਨ, ਬੀਬੀਆਂ ਤੇ ਬੱਚੇ ਵੀ ਦਿਨ-ਰਾਤ ਇਸ ਬੰਨ ਦੀ ਮਜ਼ਬੂਤੀ ਲਈ ਲੱਗੇ ਹੋਏ ਹਨ ਤਾਂ ਜੋ ਇਸ ਬੰਨ ਦੇ ਵਿੱਚ ਪਾੜ ਪੈਣ ਤੋਂ ਬਚਾਇਆ ਜਾ ਸਕੇ ਤੇ ਅਗਲੇ ਪਿੰਡਾਂ ਨੂੰ ਤੇ ਜ਼ਮੀਨਾਂ ਫਸਲਾਂ ਨੂੰ ਬਚਾਇਆ ਜਾ ਸਕੇ। ਉਹਨਾਂ ਦੱਸਿਆ ਕਿ ਬੇਸ਼ੱਕ ਦਰਿਆ ਦੇ ਵਿੱਚ ਪਿਛਲੇ ਕੁਝ ਦਿਨਾਂ ਤੋਂ ਪਾਣੀ ਦਾ ਪੱਧਰ ਘੱਟ ਹੋਇਆ ਹੈ, ਪਰ ਜੋ ਪਾਣੀ ਵਹਿ ਰਿਹਾ ਹੈ ਉਸ ਦੀ ਸਪੀਡ ਬਹੁਤ ਤੇਜ਼ ਹੈ ਜਿਸ ਕਾਰਨ ਇਸ ਜਗਾ ਉੱਤੇ ਬੰਨ ਨੂੰ ਢਾਹ ਲੱਗਣ ਦਾ ਵੱਡਾ ਖਤਰਾ ਬਣ ਗਿਆ ਸੀ ਤੇ ਸੰਤ ਮਹਾਂਪੁਰਸ਼ਾਂ ਖਾਸ ਕਰਕੇ ਬਾਲਯੋਗੀ ਬਾਬਾ ਪ੍ਰਗਟ ਨਾਥ ਰਹੀਮਪੁਰ ਤੇ ਹੋਰ ਮਹਾਂਪੁਰਸ਼ਾਂ ਵੱਲੋਂ ਵੀ ਇਸ ਬੰਨ ਦੀ ਮਜ਼ਬੂਤੀ ਲਈ ਵੱਡਾ ਸਹਿਯੋਗ ਕੀਤਾ ਜਾ ਰਿਹਾ ਹੈ। ਇਸ ਮੌਕੇ 'ਤੇ ਉਹਨਾਂ ਦੇ ਨਾਲ ਬਾਲਯੋਗੀ ਬਾਬਾ ਪ੍ਰਗਟ ਨਾਥ ਰਹੀਮਪੁਰ ,ਸੁਰੇਸ਼ ਦਿੱਲੀ, ਸ਼ੈਰੀ ਫਿਰੋਜ਼ਪੁਰ, ਅਮਰਜੀਤ ਸਿੰਘ ਨਿੱਝਰ ਪ੍ਰਧਾਨ ਸਮਾਜ ਸੇਵੀ ਸੰਸਥਾ ਅਕਾਦਮੀ ਆਫ਼ ਪੰਜਾਬੀ ਪੀਪਲਜ਼ , ਹਰਜੋਤ ਸਿੰਘ ਤੇ ਹੋਰ ਪਤਵੰਤੇ ਹਾਜ਼ਰ ਸਨ।

## ਪ੍ਰਧਾਨ ਮੰਤਰੀ ਦੇ ਜਨਮ ਦਿਨ 'ਤੇ ਬੂਟੇ ਲਗਾਏ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 75ਵੇਂ ਜਨਮਦਿਨ ਮੌਕੇ ਸ਼੍ਰੀ ਕ੍ਰਿਸ਼ਨਾ ਯੂਥ ਕਲੱਬ ਨਵਾਂਸ਼ਹਿਰ ਟੀਮ ਦੇ ਸਹਿਯੋਗ ਨਾਲ 'ਵਿਕਾਸ ਦਿਵਸ' ਮਨਾਉਂਦੇ ਹੋਏ,ਬਾਰਾਦਰੀ ਗਾਰਡਨ ਨਵਾਂਸ਼ਹਿਰ ਵਿਖੇ ਫੁੱਲਦਾਰ ਬੂਟੇ ਲਗਾਏ ਗਏ। ਭਾਰਤੀ ਜਨਤਾ ਪਾਰਟੀ ਨਵਾਂਸ਼ਹਿਰ ਜਨਰਲ ਸਕੱਤਰ ਐਡਵੋਕੇਟ ਵਿਸ਼ਾਲ ਸ਼ਰਮਾ ਮੁੱਖ ਮਹਿਮਾਨ ਖਾਸ ਤੌਰ 'ਤੇ ਪਹੁੰਚੇ ਤੇ ਉਹਨਾਂ ਨੇ ਪ੍ਰਧਾਨ ਮੰਤਰੀ ਨੂੰ ਜਨਮਦਿਨ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਉਹਨਾਂ ਕਿਹਾ ਪ੍ਰਧਾਨ ਮੰਤਰੀ ਦਾ ਇਹ ਸਕੰਲਪ ਹੈ ਕਿ ਸਾਡੀ ਮਿੱਟੀ ਸਾਡਾ ਦੇਸ਼ ਹਰ ਹਾਲ ਵਿੱਚ ਸੁਚੱਜਾ ਹੋਵੇ,ਤੇ ਖੁਸ਼ਬੂਆਂ ਵੰਡੇ,ਸਾਨੂੰ ਅਪਣੇ ਵਾਤਾਵਰਨ ਦਾ ਖਿਆਲ ਵੀ ਅਪਣੇ ਘਰ ਪਰਿਵਾਰ ਦੀ ਤਰ੍ਹਾਂ ਹੀ ਰੱਖਣਾਂ ਚਾਹੀਦਾ ਹੈ। ਇਸ ਮੌਕੇ ਸ੍ਰੀ ਕ੍ਰਿਸ਼ਨਾ ਯੂਥ ਕਲੱਬ ਦੇ ਅਕੁੰਸ਼ ਨਿਝਾਵਨ, ਭਾਰਤੀ ਜਨਤਾ ਪਾਰਟੀ ਨਵਾਂਸ਼ਹਿਰ ਬਹਾਦੁਰ ਚੰਦ ਅਰੋੜਾ, ਮਨੀਸ਼ ਅਗਨੀਹੋਤਰੀ, ਡਾ.ਕੁਲਵਿੰਦਰ ਸਿੰਘ, ਅਮੁਲ ਸੋਨੀ ਤੇ ਸਹਿਯੋਗੀ ਹਾਜ਼ਿਰ ਸਨ।

## ਸੇਵਾ ਤੇ ਇਨਸਾਨੀਅਤ ਦੀ ਨਵੀਂ ਮਿਸਾਲ ਕੀਤੀ ਪੇਸ਼



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਪਿਛਲੇ ਦਿਨੀ ਪਿੰਡ ਭਾਣੋਕੀ, ਫਗਵਾੜਾ ਦੇ ਵਸਨੀਕ ਹਰਵੀਰ ਸਿੰਘ ਦੀ ਦਰਦਨਾਕ ਮੌਤ 'ਤੇ ਪਰਵਾਰ ਨਾਲ ਦੁੱਖ ਸਾਂਝਾ ਕਰਨ ਪਹੁੰਚੇ ਮੈਂਬਰ ਪਾਰਲੀਮੈਂਟ ਰਾਜ ਕੁਮਾਰ ਚੱਬੇਵਾਲ ਅਤੇ ਜੋਗਿੰਦਰ ਸਿੰਘ ਮਾਨ ਸਾਬਕਾ ਮੰਤਰੀ ਪੰਜਾਬ, ਪਰਵਾਰ ਦੇ ਵਿੱਤੀ ਹਾਲਾਤਾਂ ਨੂੰ ਦੇਖਦੇ ਪਰਵਾਰ ਦੀ ਮਾਲੀ ਸਹਾਇਤਾ ਲਈ ਰਾਜ ਕੁਮਾਰ ਚੱਬੇਵਾਲ ਨੇ ਆਪਣੀ ਤਨਖਾਹ ਵਿੱਚੋਂ ਦੋ ਲੱਖ ਰੁਪਏ ਦਾ ਚੈੱਕ ਭੇਟ ਕੀਤਾ।

# ਸ਼੍ਰੋ ਗੁ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਕਰਵਾਉਣ ਲਈ 'ਜਮਹੂਰੀਅਤ ਬਹਾਲ ਕਰੋ' : ਸਿੰਗੜੀਵਾਲਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**
ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਅੰਮ੍ਰਿਤਸਰ ਵਿਖੇ 15 ਸਤੰਬਰ ਨੂੰ ਭਾਈ ਗੁਰਦਾਸ ਹਾਲ ਤੋਂ ਸ੍ਰੀ ਅਕਾਲ ਤਖਤ ਸਾਹਿਬ ਤੱਕ ਸਿੱਖ ਕੌਮ ਦੀ ਪਾਰਲੀਮੈਂਟ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਤੁਰੰਤ ਚੋਣਾਂ ਕਰਵਾਉਣ ਲਈ ਅੰਤਰਰਾਸ਼ਟਰੀ ਪੱਧਰ 'ਤੇ ਮਨਾਏ ਜਾਂਦੇ ਜਮਹੂਰੀਅਤ ਦਿਵਸ 'ਤੇ 'ਜਮਹੂਰੀਅਤ ਬਹਾਲ ਕਰੋ' ਮਾਰਚ ਕੱਢਿਆ ਗਿਆ। ਇਸ ਵਿੱਚ ਸੰਗਤਾਂ ਨੇ ਵੱਡੀ ਪੱਧਰ 'ਤੇ ਸ਼ਮੂਲੀਅਤ ਕੀਤੀ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪ੍ਰੈਸ ਨੋਟ ਰਾਹੀਂ ਕੀਤਾ।ਇਸ ਸਮੇਂ ਸਿੰਗੜੀਵਾਲਾ ਨੇ ਕਿਹਾ ਕਿ ਪਿਛਲੇ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ 2011 ਵਿੱਚ ਹੋਈਆਂ ਸਨ ਅਤੇ 2015 ਵਿੱਚ ਚੁਣੇ ਹੋਏ ਮੈਂਬਰਾਂ ਦੀ ਮਿਆਦ ਖਤਮ ਹੋ ਗਈ ਸੀ।ਉਸ ਤੋਂ ਬਾਅਦ ਹੁਣ ਤੱਕ ਬਾਦਲ ਅਕਾਲੀ ਦਲ ਕੇਂਦਰ ਦੀਆਂ ਹਿੰਦੂਤਵੀ ਸ਼ਕਤੀਆਂ ਨਾਲ ਮਿਲ ਕੇ ਸਿੱਖ ਦੀਆਂ ਭਾਵਨਾਵਾਂ ਨੂੰ ਕੁਚਲ ਕੇ ਜਬਰੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ 'ਤੇ ਕਾਬਜ ਹਨ। ਜਿਸ ਨੂੰ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ ਅਤੇ ਇਸ ਦਾ ਸਖਤੀ ਨਾਲ ਵਿਰੋਧ ਕਰੇਗੀ। ਇਸ ਸਮੇਂ ਜਤਿੰਦਰ ਸਿੰਘ ਥਿੰਦ ਸੀਨੀਅਰ ਮੀਤ ਪ੍ਰਧਾਨ ਯੂਥ ਵਿੰਗ ਪੰਜਾਬ, ਜਗਜੀਤ ਸਿੰਘ ਸ਼ੁਸ਼ਕ ਤਾਲਮੇਲ ਸਕੱਤਰ ਯੂਥ ਵਿੰਗ ਪੰਜਾਬ, ਸੰਦੀਪ ਸਿੰਘ ਖਾਲਸਾ ਟਾਂਡਾ, ਮਨਜਿੰਦਰ ਸਿੰਘ ਜੌਹਲ, ਬੀਬੀ ਰਾਜਵਿੰਦਰ ਕੌਰ ਬੁੱਲੋਵਾਲ, ਹਰਮੀਤ ਸਿੰਘ ਸੋਢੀ ਮੀਤ ਪ੍ਰਧਾਨ ਯੂਥ ਵਿੰਗ ਪੰਜਾਬ, ਜਸਵੀਰ ਸਿੰਘ, ਗੁਰਮੀਤ ਕੌਰ ਆਦਿ ਹਾਜ਼ਰ ਸਨ।

# ਕਿਸਾਨ ਮੰਡੀ 'ਚ ਝੋਨੇ ਨੂੰ ਸੁਕਾ ਕੇ ਲਿਆਉਣ : ਪਰਲੀਨ ਕੌਰ ਬਰਾੜ

**ਗੁਰਾਇਆ (ਬਿੰਦਰ ਸੁਮਨ)**- ਤਹਿਸੀਲ ਫਿਲੌਰ ਵਿੱਚ ਝੋਨੇ ਦੀ ਵਾਢੀ ਸ਼ੁਰੂ ਹੋਣ ਵਾਲੀ ਹੈ ਇਸ ਨੂੰ ਲੈ ਕੇ ਪੰਜਾਬ ਸਰਕਾਰ ਵੱਲੋਂ ਮਾਣਯੋਗ ਉਪਮੰਡਲ ਮੈਜਿਸਟ੍ਰੇਟ ਫਿਲੌਰ ਪਰਲੀਨ ਕੌਰ ਬਰਾੜ ਦੀ ਅਗਵਾਈ ਵਿੱਚ ਮੀਟਿੰਗ ਕੀਤੀ ਗਈ।ਉਹਨਾਂ ਵਲੋਂ ਜਾਣਕਾਰੀ ਦਿੰਦੇ ਦੱਸਿਆ ਗਿਆ ਕਿ ਆਉਣ ਵਾਲੇ ਸਮੇ ਵਿੱਚ ਝੋਨੇ ਦੀ ਵਾਢੀ ਨੂੰ ਲੈ ਕੇ ਕਿਸਾਨ ਕਾਹਲੀ ਨਾ ਕਰਨ ਅਤੇ ਸੁੱਕਾ ਝੋਨਾ ਹੀ ਮੰਡੀ ਵਿੱਚ ਲੈ ਕੇ ਆਉਣ ਤਾਂ ਕਿ ਕਿਸਾਨਾਂ ਨੂੰ ਮੰਡੀ ਵਿੱਚ ਪ੍ਰੇਸ਼ਾਨੀ ਨਾ ਹੋਵੇ।ਉਹਨਾਂ ਵੱਲੋਂ ਕੰਬਾਈਨ ਚਾਲਕਾ ਨੂੰ ਵੀ ਸਖ਼ਤ ਹਦਾਇਤ ਕੀਤੀ ਗਈ ਉਹ ਬਿਨਾ ਐੱਸ ਐਮ ਐੱਸ ( ਸਟ੍ਰਾਅ ਮੈਨੇਜਮੈਂਟ ਸਿਸਟਮ) ਦੇ ਕੰਬਾਈਨ ਨਾ ਚਲਾਉਣ।ਜੇ ਕਰ ਕੋਈ ਕੰਬਾਈਨ ਬਿਨਾ ਐੱਸ ਐਮ ਐੱਸ ਦੇ ਚੱਲਦੀ ਪਾਈ ਜਾਂਦੀ ਹੈ ਤਾਂ ਉਸ ਉੱਤੇ ਜੁਰਮਾਨਾ ਕੀਤਾ ਜਾਵੇਗਾ।ਜ਼ਿਕਰਯੋਗ ਹੈ ਕਿ ਐੱਸ ਐਮ ਐੱਸ ਪਰਾਲੀ ਨੂੰ ਖੇਤ ਵਿੱਚ ਇਕਸਾਰ ਖਿਲਾਰ ਦਾ ਹੈ। ਬਿਨਾ ਐੱਸ ਐਮ ਐੱਸ ਦੀ ਕੰਬਾਈਨ ਦੇ ਕਈ ਕਿਸਾਨਾਂ ਨੂੰ ਫ਼ਸਲ ਬੀਜਣ ਵਿੱਚ ਦਿੱਕਤ ਆਉਂਦੀ ਹੈ ਕਿਓ ਕਿ ਪਰਾਲੀ ਦੇ ਫੂਸ ਦਾ ਸਹੀ ਨਿਪਟਾਰਾ ਨਾ ਹੋਣ ਕਰ ਕੇ ਕਣਕ ਦੀ ਉੱਗਣ ਸਮਰੱਥਾ ਉੱਪਰ ਪ੍ਰਭਾਵ ਪੈਂਦਾ ਹੈ।ਕਿਸਾਨਾਂ ਨੂੰ ਸਰਕਾਰ ਦਾ ਸਾਥ ਦੇਣ ਦੀ ਅਪੀਲ ਵੀ ਕੀਤੀ ਗਈ।ਮੀਟੰਗ ਵਿੱਚ ਮਜੂਦ ਡਾ. ਰਮਨਦੀਪ ਖੇਤੀਬਾੜੀ ਵਿਕਾਸ ਅਫ਼ਸਰ, ਰੁੜਕਾ ਕਲਾਂ ਵੱਲੋਂ ਦੱਸਿਆ ਗਿਆ ਕਿ ਖੇਤੀਬਾੜੀ ਵਿਭਾਗ ਪਿੰਡ ਪਿੰਡ ਜਾ ਕੇ ਕਿਸਾਨਾਂ ਨੂੰ ਪਰਾਲੀ ਦੇ ਮਾੜੇ ਪ੍ਰਭਾਵਾ ਬਾਰੇ ਦੱਸ ਰਿਹਾ ਹੈ।

# ਬਸੀ ਜਲਾਲ ਦੀ ਗ੍ਰਾਮ ਪੰਚਾਇਤ ਵੱਲੋਂ ਅਹਿਮ ਮਤੇ ਪਾਸ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**
ਹੁਸ਼ਿਆਰਪੁਰ ਵਿੱਚ ਪ੍ਰਵਾਸੀ ਵੱਲੋਂ ਬੱਚੇ ਹਰਵੀਰ ਦਾ ਦਰਿੰਦਗੀ ਨਾਲ ਕੀਤੇ ਕਤਲ ਦੇ ਰੋਸ ਵਜੋਂ ਪਿੰਡ ਬਸੀ ਜਲਾਲ ਬਲਾਕ ਟਾਂਡਾ ਜਿਲ੍ਹਾ ਹੁਸ਼ਿਆਰਪੁਰ ਦੇ ਸਰਪੰਚ ਜਸਵਿੰਦਰ ਸਿੰਘ ਦੀ ਦੇਖ ਰੇਖ ਹੇਠ ਅਤੇ ਸਮੂਹ ਪੰਚਾਇਤ ਪੰਚ, ਮੈਂਬਰਾਂ , ਪਿੰਡ ਵਾਸੀਆਂ ਦਾ ਸਾਂਝਾ, ਜਨਤਕ ਇਕੱਠ ਕੀਤਾ ਗਿਆ। ਇਸ ਮੌਕੇ ਸਰਪੰਚ ਜਸਵਿੰਦਰ ਸਿੰਘ ਤੇ ਹੋਰਨਾਂ ਪੰਚਾਇਤ ਮੈਂਬਰਾਂ ਨੇ ਦੱਸਿਆ ਕਿ ਸਮੁੱਚੇ ਪਿੰਡ ਵਾਸੀਆਂ ਦੀ ਸਹਿਮਤੀ ਨਾਲ ਗ੍ਰਾਮ ਪੰਚਾਇਤ ਵੱਲੋਂ ਕੁਝ ਮਤੇ ਪਾਸ ਕੀਤੇ ਗਏ ਕਿ ਕਿਸੇ ਵੀ ਪ੍ਰਵਾਸੀ ਦਾ ਆਧਾਰ ਕਾਰਡ ਜਾਂ ਵੋਟਰ ਕਾਰਡ ਜਾਂ ਹੋਰ ਕਿਸੇ ਵੀ ਤਰ੍ਹਾਂ ਦਾ ਪੇਪਰ ਨਹੀਂ ਬਣਾ ਕੇ ਦਿੱਤਾ ਜਾਵੇਗਾ। ਪੰਚਾਇਤ ਦਾ ਕੋਈ ਵੀ ਮੈਂਬਰ ਜਾਂ ਨੰਬੜਦਾਰ ਪ੍ਰਵਾਸੀਆਂ ਦੇ ਕਿਸੇ ਵੀ ਤਰ੍ਹਾਂ ਦੇ ਪੇਪਰ ਤੇ ਮੋਹਰ ਜਾਂ ਦਸਤਕ ਨਹੀਂ ਕਰੇਗਾ।ਜੇ ਕੋਈ ਪਰਵਾਸੀ ਪਿੰਡ ਵਿੱਚ ਪੱਕੇ ਤੌਰ ਤੇ ਕੰਮ ਕਰਦਾ ਹੈ ਤਾਂ ਉਸ ਦੀ ਜਾਂਚ ਪੜਤਾਲ ਮਕਾਨ ਮਾਲਕ ਥਾਣਾ ਟਾਂਡਾ ਵਿਖੇ ਜ਼ਰੂਰ ਕਰਵਾਏਗਾ। ਪ੍ਰਵਾਸੀਆਂ ਨੂੰ ਪਿੰਡ ਦੀ ਸ਼ਾਮਲਾਟ ਜਮੀਨ 'ਚ ਨਹੀਂ ਬੈਠਣ ਦਿੱਤਾ ਜਾਵੇਗਾ। ਕੋਈ ਵੀ ਮੈਂਬਰ, ਲੰਬੜਦਾਰ ਜਾ ਹੋਰ ਵਿਅਕਤੀ ਪ੍ਰਵਾਸੀਆਂ ਦੀ ਆਪਸੀ ਲੜਾਈ ਵਿੱਚ ਥਾਣੇ ਨਹੀਂ ਜਾਵੇਗਾ। ਜਨਤਕ ਇਕੱਠ ਵਿੱਚ ਪ੍ਰਵਾਸੀਆਂ ਵੱਲੋਂ ਕਿਸੇ ਵੀ ਤਰ੍ਹਾਂ ਦਾ ਨਸ਼ਾ ਕਰਨ ਦੀ ਇਜਾਜ਼ਤ ਨਹੀਂ ਹੋਵੇਗੀ, ਅਜਿਹੀ ਸੂਰਤ ਵਿੱਚ ਫੜੇ ਜਾਣ ਤੇ ਉਹਨਾਂ ਖਿਲਾਫ ਕਾਰਵਾਈ ਕਰਨ ਦੇ ਨਾਲ ਨਾਲ 10 ਹਜ਼ਾਰ ਰੁਪਏ ਜੁਰਮਾਨਾ ਕੀਤਾ ਜਾਵੇਗਾ। ਜਸਵਿੰਦਰ ਸਿੰਘ, ਸੁਖਵਿੰਦਰ ਪਾਲ ਰਾਜਾ, ਅਜੀਤ ਪਾਲ ਲਵਲੀ, ਲਵਦੀਪ ਸਿੰਘ, ਤਰਵਿੰਦਰ ਸਿੰਘ, ਦਲਜੀਤ ਕੌਰ, ਚੰਚਲ ਦੇਵੀ ,ਗੁਰਦੀਪ ਕੌਰ ,ਕੁਲਦੀਪ ਸਿੰਘ ,ਮਨਦੀਪ ਸਿੰਘ, ਮਹਿੰਦਰਪਾਲ ਸਿੰਘ, ਹਰਮੇਲ ਸਿੰਘ ਆਦਿ ਹਾਜ਼ਰ ਸਨ।

## ਗੁਰਦੁਆਰਾ ਸ਼ਹੀਦ ਬਾਬਾ ਮਤੀ ਵਿਖੇ ਸੰਗਰਾਂਦ ਦਾ ਦਿਹਾੜਾ ਮਨਾਇਆ



**ਆਦਮਪੁਰ, (ਪਰਮਜੀਤ ਸਿੰਘ)**-ਗੁਰਦੁਆਰਾ ਸ਼ਹੀਦ ਬਾਬਾ ਮਤੀ ਸਾਹਿਬ ਜੀ ਪਿੰਡ ਡਰੋਲੀ ਕਲਾਂ ਵਿਖੇ ਸੰਗਰਾਂਦ ਦਾ ਦਿਹਾੜਾ ਸਮੂਹ ਨਗਰ ਨਿਵਾਸੀ, ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜੱਥੇਦਾਰ ਮਨੋਹਰ ਸਿੰਘ ਦੀ ਦੇਖ-ਰੇਖ ਹੇਠ ਸ਼ਰਧਾ ਪੂਰਵਕ ਮਨਾਇਆ ਗਿਆ।ਪ੍ਰਧਾਨ ਜਥੇਦਾਰ ਮਨੋਹਰ ਸਿੰਘ ਨੇ ਦੱਸਿਆ ਕਿ ਸੰਗਰਾਂਦ ਦੇ ਪਾਵਨ ਦਿਹਾੜੇ ਮੌਕੇ ਹਜ਼ੂਰੀ ਰਾਗੀ ਭਾਈ ਗੁਰਜੀਤ ਸਿੰਘ ਗੁਰਦੁਆਰਾ ਸ਼ਹੀਦ ਬਾਬਾ ਮਤੀ ਸਾਹਿਬ ਜੀ ਡਰੋਲੀ ਕਲਾਂ, ਹਜ਼ੂਰੀ ਰਾਗੀ ਭਾਈ ਰਣਜੀਤ ਸਿੰਘ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ, ਕਥਾ ਵਾਚਕ ਗਿਆਨੀ ਜੈਦੀਪ ਸਿੰਘ ਫਗਵਾੜਾ ਵਾਲੇ, ਢਾਡੀ ਜੱਥਾ ਭਾਈ ਭਾਈ ਹਰਜਿੰਦਰ ਸਿੰਘ ਵਲਟੋਹਾ ਦੇ ਜਥਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ।ਉਨ੍ਹਾਂ ਦੇ ਸਿਆ ਕਿ ਸੰਗਰਾਂਦੀ ਦੇ ਦਿਹਾੜੇ ਮੌਕੇ ਸੰਗਤਾਂ ਹਜ਼ਾਰਾਂ ਦੀ ਗਿਣਤੀ ਵਿੱਚ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਪਹੁੰਚੀਆਂ ਅਤੇ ਗੁਰਬਾਣੀ ਦਾ ਭਰਪੂਰ ਆਨੰਦ ਮਾਣਿਆ।ਸੰਗਤ ਦੀ ਸਹੂਲਤ ਵਾਸਤੇ ਗੁਰਦੁਆਰਾ ਸਾਹਿਬ ਵਿਖੇ ਪਿਮਸ ਹਸਪਤਾਲ ਦੇ ਸਹਿਯੋਗ ਨਾਲ ਫਰੀ ਮੈਡੀਕਲ ਕੈਂਪ ਵੀ ਲਗਾਇਆ ਗਿਆ ਅਤੇ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਅਖੀਰ ਵਿੱਚ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਨੇ ਸਰਬੱਤ ਸੰਗਤਾਂ ਦਾ ਧੰਨਵਾਦ ਕੀਤਾ। ਸਟੇਜ ਦੀ ਭੂਮਿਕਾ ਮਾਸਟਰ ਸੁਰਜੀਤ ਸਿੰਘ ਨੇ ਬਾਖੂਬੀ ਨਿਭਾਈ ਇਸ ਮੌਕੇ ਆਈਆਂ ਹੋਈਆਂ ਸੰਗਤਾਂ ਲਈ ਚਾਹ ਪਕੌੜੇ ਤੇ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ। ਇਸ ਮੌਕੇ ਸਮੂਹ ਪ੍ਰਬੰਧਕ ਕਮੇਟੀ ਤੋਂ ਇਲਾਵਾ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।

# ਮੇਹਰ ਚੰਦ ਪੌਲੀਟੈਕਨਿਕ ਕਾਲਜ 'ਚ ਮਨਾਇਆ ਇੰਜੀਨੀਅਰਜ਼ ਡੇ



**ਜਲੰਧਰ (ਸ਼ੈਲੀਐਲਬਰਟ)**
ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਦੇ ਸਿਵਲ ਇੰਜੀਨੀਅਰਿੰਗ ਵਿਭਾਗ ਵੱਲੋਂ ਪ੍ਰਿੰਸਿਪਲ ਡਾ. ਜਗਰੂਪ ਸਿੰਘ ਅਤੇ ਵਿਭਾਗ ਮੁਖੀ ਡਾ. ਰਾਜੀਵ ਭਾਟੀਆ ਦੀ ਰਹਿਨੁਮਾਈ ਹੇਠ ਇੰਜੀਨੀਅਰਜ਼ ਡੇ ਬੜੀ ਉਤਸ਼ਾਹ ਨਾਲ ਮਨਾਇਆ ਗਿਆ।ਇਸ ਸਮਾਗਮ ਦੌਰਾਨ ਪੋਸਟਰ ਮੇਕਿੰਗ ਅਤੇ ਪੇਪਰ ਪ੍ਰੇਜ਼ੈਂਟੇਸ਼ਨ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ। ਪੇਪਰ ਪ੍ਰੇਜ਼ੈਂਟੇਸ਼ਨ ਮੁਕਾਬਲੇ ਵਿੱਚ ਯਸ਼ਿਕਾ ਗਾਰਗ (ਦੂਜਾ ਸਾਲ, ਸਿਵਲ) ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਰਣਵੀਰ ਚਾਢਾ (ਫਾਈਨਲ ਸਾਲ, ਸਿਵਲ) ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਪੋਸਟਰ ਮੇਕਿੰਗ ਮੁਕਾਬਲੇ ਵਿੱਚ ਕੁਲਦੀਪ ਪਹਿਲੇ ਸਥਾਨ 'ਤੇ ਰਿਹਾ, ਜਦਕਿ ਰਾਜੀਵ ਕੁਮਾਰ (ਫਾਈਨਲ ਸਾਲ, ਸਿਵਲ) ਨੇ ਦੂਜਾ ਸਥਾਨ ਹਾਸਲ ਕੀਤਾ।ਇਨ੍ਹਾਂ ਮੁਕਾਬਲਿਆਂ ਦੀ ਨਿਰਣਾਇਕ ਮੰਡਲੀ ਵਿੱਚ ਇੰਜੀ. ਵਿਕਰਮ ਸਿੰਘ (ਇੰਚਾਰਜ, ਇਲੈਕਟ੍ਰਿਕਲ ਵਿਭਾਗ), ਇੰਜੀ. ਰਾਜੇਸ਼ ਕੁਮਾਰ (ਚਾਰਟਡ ਇੰਜੀਨੀਅਰ) ਅਤੇ ਇੰਜੀ. ਪ੍ਰਭੁਦਿਆਲ (ਲੈਕਚਰਾਰ, ਮਕੈਨੀਕਲ ਇੰਜੀਨੀਅਰਿੰਗ ਵਿਭਾਗ) ਸ਼ਾਮਲ ਸਨ। ਜੇਤੂਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਸਰਟੀਫਿਕੇਟ ਵੰਡੇ ਗਏ।ਪ੍ਰਿੰਸਿਪਲ ਡਾ. ਜਗਰੂਪ ਸਿੰਘ ਨੇ ਸਿਵਲ ਇੰਜੀਨੀਅਰਿੰਗ ਵਿਭਾਗ ਦੇ ਸਟਾਫ ਮੈਂਬਰਾਂ ਨੂੰ ਸਮਾਗਮ ਦੀ ਸੁਚੱਜੀ ਰੂਪ-ਰੇਖਾ ਬਣਾਉਣ ਅਤੇ ਇੰਜੀਨੀਅਰਜ਼ ਡੇ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਲਈ ਵਧਾਈ ਦਿੱਤੀ।

# ਜਿੰਪਾ ਵੱਲੋਂ ਸ਼ਿਮਲਾ ਪਹਾੜੀ ਤੋਂ ਸ਼ਹੀਦ ਭਗਤ ਸਿੰਘ ਚੌਕ ਤੱਕ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ



**ਹੁਸ਼ਿਆਰਪੁਰ, (ਓ ਪੀ ਰਾਣਾ)** ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸਥਾਨਕ ਸ਼ਿਮਲਾ ਪਹਾੜੀ ਤੋਂ ਸ਼ਹੀਦ ਭਗਤ ਸਿੰਘ ਚੌਕ ਤੱਕ ਸੜਕ ਨਿਰਮਾਣ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ।ਉਨ੍ਹਾਂ ਕਿਹਾ ਕਿ ਇਸ ਕੰਮ 'ਤੇ ਲੱਗਭਗ 1 ਕਰੋੜ ਰੁਪਏ ਦੀ ਲਾਗਤ ਆਵੇਗੀ ਅਤੇ ਇਹ ਨਿਰਧਾਰਤ ਸਮੇਂ ਦੇ ਅੰਦਰ ਗੁਣਵੱਤਾਪੂਰਨ ਢੰਗ ਨਾਲ ਪੂਰਾ ਕੀਤਾ ਜਾਵੇਗਾ।ਵਿਧਾਇਕ ਜਿੰਪਾ ਨੇ ਕਿਹਾ ਕਿ ਸ਼ਹਿਰ ਦੇ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਸਾਰੀਆਂ ਪ੍ਰਮੁੱਖ ਸੜਕਾਂ ਦੀ ਉਸਾਰੀ ਅਤੇ ਮੁਰੰਮਤ ਜਲਦੀ ਹੀ ਪੂਰੀ ਹੋ ਜਾਵੇਗੀ।ਵਿਧਾਇਕ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਅਤੇ ਨਗਰ ਨਿਗਮ ਦੀ ਸਰਗਰਮੀ ਨਾਲ ਹੁਸ਼ਿਆਰਪੁਰ ਸ਼ਹਿਰ ਨੂੰ ਬੁਨਿਆਦੀ ਸਹੂਲਤਾਂ ਨਾਲ ਲੈਸ ਇਕ ਆਧੁਨਿਕ ਸ਼ਹਿਰ ਵਜੋਂ ਵਿਕਸਤ ਕੀਤਾ ਜਾਵੇਗਾ।

# ਸੁਆਮੀ ਰਤਨ ਦਾਸ ਮਹਾਰਾਜ ਤੇ ਸੁਆਮੀ ਹਰਚਰਨ ਦਾਸ ਮਹਾਰਾਜ ਦੀ ਯਾਦ 'ਚ ਧਾਰਮਿਕ ਸਮਾਗਮ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**
ਡੇਰਾ ਰਤਨਪੁਰੀ ਪਿੰਡ ਪੈਸਰਾਂ ਨਜ਼ਦੀਕ ਸੈਲਾ ਖੁਰਦ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਸੰਤ ਬੀਬੀ ਮੀਨਾ ਦੇਵੀ ਸਟੇਜ ਸਕੱਤਰ ਸ਼੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾ ਸੁਸਾਇਟੀ ਰਜਿ.ਪੰਜਾਬ ਅਤੇ ਸੰਤ ਅਮਨਦੀਪ ਦੀ ਯੋਗ ਅਗਵਾਈ ਹੇਠ ਗ੍ਰਾਮ ਪੰਚਾਇਤ ਪਿੰਡ ਪੈਂਸਰਾ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਧੰਨ- ਧੰਨ ਸੁਆਮੀ ਰਤਨ ਦਾਸ ਮਹਾਰਾਜ ਅਤੇ ਧੰਨ-ਧੰਨ ਸੁਆਮੀ ਹਰਚਰਨ ਦਾਸ ਮਹਾਰਾਜ ਦੀ ਯਾਦ ਵਿੱਚ10ਵੇਂ ਸਰਾਧ ਮੌਕੇ ਸਲਾਨਾ ਸਮਾਗਮ ਬੜੀ ਸ਼ਰਧਾ ਨਾਲ ਕਰਵਾਇਆ ਗਿਆ।ਇਸ ਮੌਕੇ ਸਭ ਤੋਂ ਪਹਿਲਾਂ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਸ ਤੋਂ ਬਾਅਦ ਸੰਤ ਦਿਨੇਸ਼ ਗਿਰੀ ਜੀ ਹੁਸ਼ਿਆਰਪੁਰ, ਠੇਕੇਦਾਰ ਜਸਵਿੰਦਰ ਸਿੰਘ ਮੋਰਾਂਵਾਲੀ, ਬੂਟਾ ਮੁਹੰਮਦ ਅਤੇ ਹੋਰ ਰਾਗੀ ਢਾਡੀ ਜਥਿਆਂ ਨੇ ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਉਸ ਸਰਬ ਸ਼ਕਤੀਮਾਨ ਪਰਮਾਤਮਾ ਨਾਲ ਜੋੜਿਆ, ਜੋ ਇਸ ਬ੍ਰਹਿਮੰਡ ਦੇ ਕਣ ਕਣ ਵਿੱਚ ਮੌਜੂਦ ਹੋ ਕੇ ਸਭਨਾ ਜੀਵਾਂ ਦੀ ਪ੍ਰਿਤਪਾਲਣਾ ਕਰ ਰਿਹਾ ਹੈ। ਇਸ ਮੌਕੇ ਸੰਤ ਬੀਬੀ ਮੀਨਾ ਦੇਵੀ ਨੇ ਆਪਣੀ ਰਸ ਭਿੰਨੀ ਆਵਾਜ਼ ਵਿੱਚ 'ਸਤਿਗੁਰਾਂ ਦੇ ਬਚਨਾਂ 'ਤੇ ਚੱਲਣਾ ਤੂੰ ਸਿੱਖ ਪਿਆਰੇ' ਸੁਣਾ ਕੇ ਸੰਗਤਾਂ ਨੂੰ ਰੋਜ਼ਾਨਾ ਨਾਮ ਸਿਮਰਨ ਅਤੇ ਪਰਉਪਕਾਰੀ ਜ਼ਿੰਦਗੀ ਜਿਉਣ ਦਾ ਸੁਨੇਹਾ ਦਿੱਤਾ।ਇਸ ਮੌਕੇ ਉਹਨਾਂ ਧੰਨ ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ, ਧੰਨ ਧੰਨ ਸੁਆਮੀ ਰਤਨ ਦਾਸ ਮਹਾਰਾਜ ਜੀ ਅਤੇ ਧੰਨ ਧੰਨ ਸੁਆਮੀ ਹਰਚਰਨ ਦਾਸ ਮਹਾਰਾਜ ਵੱਲੋਂ ਦਰਸਾਏ ਸਚਿਆਈ ਦੇ ਮਾਰਗ 'ਤੇ ਚੱਲ ਕੇ ਸੰਗਤਾਂ ਨੂੰ ਆਪਣਾ ਜੀਵਨ ਜਿਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਸੰਤ ਬੀਬੀ ਮੀਨਾ ਦੇਵੀ ਨੇ ਸੰਗਤਾਂ ਨੂੰ ਸੰਗਰਾਂਦ ਦੇ ਪਵਿੱਤਰ ਦਿਹਾੜੇ ਦਾ ਸੰਦੇਸ਼ ਵੀ ਦਿੱਤਾ ਅਤੇ ਧੰਨ- ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਜੋਤੀ ਜੋਤ ਸਮਾਗਮ ਨੂੰ ਮੁੱਖ ਰੱਖਦੇ ਹੋਏ ਉਨਾਂ ਦੇ ਸੰਦੇਸ਼ ਨੂੰ ਵੀ ਨਮਨ ਕੀਤਾ।ਇਸ ਮੌਕੇ ਸੰਦੀਪ ਚੰਦੇਲੀ, ਰਕੇਸ਼ ਚੰਦੇਲੀ,ਨਿੰਦਰ, ਗੁਰਮੇਲ ਸਿੰਘ, ਰਸ਼ਪਾਲ ਕੌਰ, ਗੁਰਮੇਲ ਸਿੰਘ ਪੱਦੀ ਸੂਰਾ ਸਿੰਘ, ਅੰਜਲੀ ਸ਼ਰਮਾ, ਗੋਪਾਲ ਸ਼ਰਮਾ ਸਮੇਤ ਪਿੰਡ ਪੈਸਰਾ ਅਤੇ ਲਾਗਲੇ ਪਿੰਡਾਂ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

18-Sep-PAGE-13.qxd 9/17/2025 11:20 PM Page 1



# ਝੂਠਾ ਪਰਚਾ ਰੱਦ ਕਰਵਾਉਣ ਲਈ ਕਿਸਾਨ ਜਥੇਬੰਦੀ ਨੇ ਡੀਐੱਸਪੀ ਨੂੰ ਦਿੱਤਾ ਮੰਗ ਪੱਤਰ

**ਪੱਟੀ (ਬਲਦੇਵ ਸਿੰਘ ਸੰਧੂ)**

ਬੀਤੇ ਦਿਨੀਂ ਵਿਧਾਨ ਸਭਾ ਹਲਕਾ ਪੱਟੀ ਦੇ ਪਿੰਡ ਰਸੂਲਪੁਰ ਦੇ ਕਿਸਾਨਾਂ ਤੇ ਵਿਧਾਇਕ ਤੇ ਕੈਬਨਿਟ ਮੰਤਰੀ ਲਾਲਜੀਤ



ਭੁੱਲਰ ਤੇ ਉਸਦੇ ਪੀਏ ਦਿਲਬਾਗ ਸਿੰਘ ਵੱਲੋਂ ਝੂਠਾ ਪਰਚਾ ਦਰਜ ਕੀਤਾ ਗਿਆ।ਇਸ ਪਰਚੇ ਖਿਲਾਫ਼ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਪੰਜਾਬ ਵੱਲੋਂ ਸਖਤ ਵਿਰੋਧ ਕਰਦਿਆਂ ਸਰਕਾਰ ਤੇ ਪੁਲਸ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਸੀ ਕਿ ਜੇਕਰ ਪਰਚਾ ਰੱਦ ਨਾ ਕੀਤਾ ਗਿਆ ਤਾਂ ਵੱਡਾ ਸੰਘਰਸ਼ ਵਿੱਢਿਆ ਜਾਵੇਗਾ ਜਿਸ ਤੋਂ ਡੀਐੱਸਪੀ ਦੇ ਭਰੋਸੇ ਤੋਂ ਬਾਅਦ ਇਸ ਪਰਚੇ ਦੀ ਇਨਕੁਆਰੀ ਕਰਕੇ ਰੱਦ ਕਰਵਾਉਣ ਲਈ ਕਿਸਾਨਾਂ ਦੇ ਵਫ਼ਦ ਵੱਲੋਂ ਡੀਐੱਸਪੀ ਲਵਕੇਸ਼ ਨੂੰ ਮੰਗ ਪੱਤਰ ਦਿੱਤਾ ਗਿਆ।ਡੀਐੱਸਪੀ ਨੇ ਭਰੋਸਾ ਦਿਵਾਇਆ ਕਿ ਐੱਸਐੱਸਪੀ ਤਰਨਤਾਰਨ ਦੇ ਨਿਰਦੇਸ਼ਾਂ ਤੋਂ ਬਾਅਦ ਜਲਦੀ ਹੀ ਇਨਕੁਆਰੀ ਕਰਵਾ ਪਰਚਾ ਰੱਦ ਕੀਤਾ ਜਾਵੇਗਾ।ਕਿਸਾਨ ਆਗੂ ਸੁੱਚਾ ਸਿੰਘ ਲੱਧੂ, ਸੂਬਾ ਆਗੂ ਸੁਖਵੰਤ ਸਿੰਘ ਦੁੱਬਲੀ, ਸਾਹਿਬ ਸਿੰਘ ਸਭਰਾਂ, ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਪਰਿੰਗੜੀ ਨੇ ਕਿਹਾ ਕਿ ਪੁਲਸ ਵੱਲੋਂ ਕੋਈ ਇਨਸਾਫ ਨਾ ਦਿੱਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਇੱਕ ਵੱਡਾ ਸੰਘਰਸ਼ ਵਿੱਢੇਗੀ ਜਿਸ ਲਈ ਜ਼ਿੰਮੇਵਾਰ ਥਾਣਾ ਸਦਰ ਪੱਟੀ ਪੁਲਸ ਅਤੇ ਮੌਕੇ ਦਾ ਵਿਧਾਇਕ ਹੋਵੇਗਾ।

# ਇੰਪਲਾਈਜ਼ ਫੈਡਰੇਸ਼ਨ ਚਾਹਲ ਦੇ ਕਾਫਲੇ 'ਚ ਵਾਧਾ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਬਿਜਲੀ ਬੋਰਡ ਇੰਪਲਾਈਜ਼ ਚਾਹਲ ਫੈਡਰੇਸ਼ਨ ਦੇ ਯੂਨੀਅਨ ਵਿੱਚ ਉਸ ਵਕਤ ਵਾਧਾ ਹੋਇਆ ਜਦੋਂ ਸਕੱਤਰ ਪ੍ਰਭਜੋਤ ਸਿੰਘ ਦੀ ਪ੍ਰੇਰਨਾ ਸਦਕਾ ਅਤੇ ਪ੍ਰਧਾਨ ਰਣਜੀਤ ਸਿੰਘ ਦੀ ਮਿਹਨਤ ਸਦਕਾ ਜਸਤਰਵਾਲ ਦਫਤਰੀ ਕਲਰਕ ਤਸਵੀਰ ਸਿੰਘ, ਕਲਰਕ ਗੁਰਨਾਮ ਸਿੰਘ, ਕਲਰਕ ਕੰਵਲਜੀਤ ਮਸੀਹ, ਰਵੀ ਏਐੱਲਐੱਮ ਮੰਡਲ ਪ੍ਰਧਾਨ ਵੱਲੋਂ ਇੰਪਲਾਈਜ਼ ਫੈਡਰੇਸ਼ਨ ਚਾਹਲ ਯੂਨੀਅਨ ਨਾਲ ਜੁੜਨ ਦਾ ਪ੍ਰਣ ਕੀਤਾ। ਇਸ ਮੌਕੇ ਯੂਨੀਅਨ ਦੇ ਪ੍ਰਧਾਨ ਰਣਜੀਤ ਸਿੰਘ ਭੱਖਾ ਨੇ ਸਾਰਿਆਂ ਨੂੰ ਜੀ ਆਇਆਂ ਕਿਹਾ। ਉਨ੍ਹਾਂ ਕਿਹਾ ਕਿ ਇੰਪਲਾਈਜ਼ ਫੈਡਰੇਸ਼ਨ ਚਾਹਲ ਯੂਨੀਅਨ ਹਰ ਇੱਕ ਦੇ ਸੁੱਖ ਦੁੱਖ ਅਤੇ ਹਰ ਤਰ੍ਹਾਂ ਦੀ ਔਖੀ ਬਣਨ 'ਤੇ ਉਨ੍ਹਾਂ ਦੀ ਭਾਈਵਾਲ ਹੋਵੇਗੀ ਅਤੇ ਸਾਰੇ ਨਵੇਂ ਅਹੁਦੇਦਾਰਾਂ ਨੂੰ ਨਾਲ ਲੈ ਕੇ ਚੱਲੇਗੀ। ਇੰਪਲਾਈਜ਼ ਫੈਡਰੇਸ਼ਨ ਆਪਣੀਆਂ ਹੱਕਾਂ ਮੰਗ ਲਈ ਸਰਕਾਰ ਨਾਲ ਲੜਦੀ ਰਹੇਗੀ। ਜਦੋਂ ਤੱਕ ਸਾਡੀ ਯੂਨੀਅਨ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਅਸੀਂ ਸਾਰੇ ਰਲ ਕੇ ਪੰਜਾਬ ਸਰਕਾਰ ਵਿਰੁੱਧ ਮੁਜ਼ਾਹਰੇ ਕਰਦੇ ਰਹਾਂਗੇ



# ਟੈਂਕਰ ਤੇ ਮੋਟਰਸਾਈਕਲ ਦੀ ਟੱਕਰ 'ਚ ਪਤੀ-ਪਤਨੀ ਦੀ ਮੌਤ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਜੀ ਟੀ ਰੋਡ ਐੱਨਐੱਚਵਨ ਉਤੇ ਸਥਿਤ ਕਸਬਾ ਟਾਂਗਰਾ ਵਿਖੇ ਨਵੇਂ ਬਣੇ ਪੁਲ ਤੋਂ ਅੰਮ੍ਰਿਤਸਰ ਤੋਂ ਖਿਲਚੀਆਂ ਵਾਲੀ ਸਾਈਡ ਤੇ ਪੁਲ ਉਤਰਦੇ ਸਾਰ ਹੀ ਸੜਕ ਉਪਰ ਖੜੀ ਕਰੇਨ ਜੋ ਕਿ ਸੜਕ ਦੇ ਬਿਲਕੁਲ ਵਿਚਕਾਰ ਖੜੀ ਹੈ, ਦੀ ਵਜ੍ਹਾ ਕਾਰਨ ਟੈਂਕਰ ਅਤੇ ਮੋਟਰਸਾਈਕਲ ਦੇ ਹੋਏ ਹਾਦਸੇ ਕਾਰਨ ਪਤਨੀ-ਪਤਨੀ ਦੀ



ਮੌਕੇ 'ਤੇ ਹੀ ਮੌਤ ਹੋ ਗਈ ਜੋ ਕਿ ਨਜ਼ਦੀਕ ਹੀ ਪਿੰਡ ਰਾਣਾਕਾਲਾ ਦੇ ਵਸਨੀਕ ਸਨ।ਇਸ ਮੌਕੇ ਮ੍ਰਿਤਕਾਂ ਦੇ ਬੇਟੇ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੇਰੇ ਮਾਤਾ ਪਿਤਾ ਜੋ ਕਿ 60 ਸਾਲ ਦੀ ਉਮਰ ਦੇ ਸਨ, ਮੋਟਰਸਾਈਕਲ 'ਤੇ ਬਾਬਾ ਬਕਾਲਾ ਸਾਹਿਬ ਵਿਖੇ ਜਾ ਰਹੇ ਸਨ ਕਿ ਟਾਂਗਰਾ ਫਲਾਈ ਓਵਰ ਦੇ ਨੇੜੇ ਹਾਦਸਾ ਵਾਪਰ ਗਿਆ। ਇਥੇ ਪਿੱਛੋਂ ਆ ਰਹੇ ਟੈਂਕਰ ਨੇ ਮੋਟਰਸਾਈਕਲ 'ਤੇ ਸਵਾਰ ਮੇਰੇ ਮਾਤਾ ਪਿਤਾ ਨੂੰ ਸਾਈਡ ਮਾਰੀ ਅਤੇ ਉਹ ਥੱਲੇ ਡਿੱਗ ਗਏ ਅਤੇ ਟੈਂਕਰ ਉਪਰੋਂ ਦੀ ਲੰਘ ਗਿਆ ਜਿਸ ਨਾਲ ਉਨ੍ਹਾਂ ਦੋਵਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ।ਉਸ ਨੇ ਦੱਸਿਆ ਕਿ ਮੇਰੇ ਮਾਤਾ ਪਿਤਾ ਦੀ ਮੌਤ ਦਾ ਕਾਰਨ ਰਸਤੇ ਵਿਚ ਖੜ੍ਹੀ ਕਰੇਨ ਹੀ ਹੈ। ਇਨ੍ਹਾਂ ਦੋ ਕੀਮਤੀ ਜਾਨਾਂ ਦੇ ਪਿੱਛੇ ਦੋਸ਼ੀ ਟੈਂਕਰ ਵਾਲਾ ਹੈ। ਇਸ ਮੌਕੇ ਟਾਂਗਰਾ ਚੌਂਕੀ ਇੰਚਾਰਜ ਸਬ ਇੰਸਪੈਕਟਰ ਸਿਕੰਦਰ ਲਾਲ ਨਾਲ ਗੱਲ ਕੀਤੀ ਗਈ ਤੇ ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਪੜਤਾਲ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਜ਼ੋਨ ਪੱਧਰੀ ਕਲਾ ਉਤਸਵ ਮੁਕਾਬਲੇ 'ਚ ਗੁਰਪ੍ਰੀਤ ਸਿੰਘ ਵੱਲੋਂ ਅੱਵਲ ਸਥਾਨ ਪ੍ਰਾਪਤ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਭਾਰਤ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਤੇ ਸਕੂਲ ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਹਰ ਸਾਲ ਦੀ ਤਰਾਂ ਇਸ ਸਾਲ ਵੀ ਜ਼ੋਨ ਪੱਧਰੀ ਕਲਾ ਉਤਸਵ ਮੁਕਾਬਲੇ 15 ਸਤੰਬਰ ਨੂੰ ਖ਼ਾਲਸਾ ਕਾਲਜ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਅੰਮ੍ਰਿਤਸਰ ਵਿਖੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਗੁਰਦਾਸਪੁਰ, ਪਠਾਨਕੋਟ, ਅੰਮ੍ਰਿਤਸਰ, ਤਰਨ ਤਾਰਨ, ਕਪੂਰਥਲਾ ਜ਼ਿਲੇ ਦੇ ਵੱਖ-ਵੱਖ ਸਰਕਾਰੀ, ਸਹਾਇਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ ਨੇ ਭਾਗ ਲਿਆ ਗਿਆ ਜਿਸ ਤਹਿਤ ਵਿਜ਼ੂਅਲ ਆਰਟ 3 ਡੀ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪੀ. ਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਗੁਰਪ੍ਰੀਤ ਸਿੰਘ ਨੇ ਜ਼ੋਨ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ।ਸਕੂਲ ਪਹੁੰਚਣ 'ਤੇ ਗੁਰਪ੍ਰੀਤ



ਸਿੰਘ ਦਾ ਸਕੂਲ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਅਤੇ ਸਮੂਹ ਸਟਾਫ਼ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਗੁਰਪ੍ਰੀਤ ਦੇ ਗਾਇਡ ਅਧਿਆਪਕ ਗੁਰਟੇਕ ਸਿੰਘ ਦੀ ਵੀ ਪ੍ਰਿੰਸੀਪਲ ਨੇ ਤਾਰੀਫ਼ ਕੀਤੀ।ਇਸ ਮੌਕੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

# ਹੜ੍ਹ ਪ੍ਰਭਾਵਿਤ ਪਿੰਡਾਂ 'ਚ ਵਿਸ਼ੇਸ਼ ਸਿਹਤ ਮੁਹਿੰਮ ਸ਼ੁਰੂ : ਰੰਧਾਵਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਨਾਗਰਿਕਾਂ ਦੀ ਸਿਹਤ ਦੀ ਸੁਰੱਖਿਆ ਲਈ ਪੰਜਾਬ ਸਰਕਾਰ ਵੱਲੋਂ ਮੁਫ਼ਤ ਮੈਡੀਕਲ ਕੈਂਪ ਲਗਾ ਕੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।ਡੇਰਾ ਬਾਬਾ ਨਾਨਕ ਦੇ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਸਿਹਤ ਵਿਭਾਗ ਨੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦੀ ਮੁਹਿੰਮ ਨੂੰ ਤਿੰਨ ਮੁੱਖ ਹਿੱਸਿਆਂ 'ਚ ਵੰਡਿਆ ਹੈ, ਜਿਸ ਵਿੱਚ ਪਹਿਲਾ ਅਭਿਆਸ ਸਿਹਤ ਅਤੇ ਮੈਡੀਕਲ ਕੈਂਪ ਹੈ ਜਿਸ ਤਹਿਤ ਸਾਰੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਰੋਜ਼ਾਨਾ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ।ਆਮ ਆਦਮੀ ਕਲੀਨਿਕਾਂ



ਵਰਗੀਆਂ ਮੌਜੂਦਾ ਸਿਹਤ ਸਹੂਲਤਾਂ ਵਾਲੇ ਪਿੰਡਾਂ ਵਿੱਚ ਇਹ ਕੈਂਪ ਰੋਜ਼ਾਨਾ ਇਨ੍ਹਾਂ ਕੇਂਦਰਾਂ ਵਿੱਚ ਲਗਾਏ ਜਾਣਗੇ।ਬਾਕੀ ਪਿੰਡਾਂ ਵਿੱਚ ਸਕੂਲਾਂ ਅਤੇ ਕਮਿਊਨਿਟੀ ਸੈਂਟਰਾਂ ਵਰਗੀਆਂ ਜਨਤਕ ਥਾਵਾਂ 'ਤੇ ਘੱਟੋ-ਘੱਟ ਤਿੰਨ ਦਿਨਾਂ ਲਈ ਇਹ ਕੈਂਪ ਲਗਾਏ ਜਾਣਗੇ, ਜਿਨ੍ਹਾਂ ਨੂੰ ਲੋੜ ਅਨੁਸਾਰ ਵਧਾਇਆ ਜਾ ਸਕਦਾ ਹੈ।ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ ਦੂਜਾ ਅਭਿਆਸ ਆਸ਼ਾ ਵਰਕਰਾਂ ਵੱਲੋਂ ਘਰ-ਘਰ ਦਾ ਦੌਰਾ ਹੈ, ਜਿਸ ਤਹਿਤ ਆਸਾ ਵਰਕਰਾਂ ਵੱਲੋਂ ਇਨ੍ਹਾਂ ਪਿੰਡਾਂ ਵਿੱਚ ਹਫ਼ਤਾਵਾਰੀ ਆਧਾਰ 'ਤੇ ਘਰ-ਘਰ ਜਾ ਕੇ ਮੱਛਰ ਤੋਂ ਬਚਾਅ ਵਾਲੀ ਦਵਾਈ, ਓਆਰਐਸ, ਪੈਰਾਸੀਟਾਮੋਲ, ਕਲੋਰੀਨ ਦੀਆਂ ਗੋਲੀਆਂ, ਸਾਬਣ ਅਤੇ ਹੋਰ ਜ਼ਰੂਰੀ ਵਸਤਾਂ ਵਾਲੀਆਂ ਸਿਹਤ ਕਿੱਟਾਂ ਵੰਡਣਗੀਆਂ।ਉਨ੍ਹਾਂ ਦੱਸਿਆ ਕਿ ਤੀਜੇ ਅਭਿਆਸ ਵਿੱਚ ਸਾਰੇ ਪ੍ਰਭਾਵਿਤ ਪਿੰਡਾਂ 'ਚ ਅਗਲੇ 21 ਦਿਨਾਂ ਲਈ ਰੋਜ਼ਾਨਾ ਆਧਾਰ 'ਤੇ ਫਿਊਮੀਗੇਸ਼ਨ ਅਤੇ ਵੈਕਟਰ-ਕੰਟਰੋਲ ਮੁਹਿੰਮ ਚਲਾਈ ਜਾਵੇਗੀ, ਜਿਸ ਵਿੱਚ ਟੀਮਾਂ ਵੱਲੋਂ ਡੇਂਗੂ ਅਤੇ ਮਲੇਰੀਆ ਦੇ ਫੈਲਾਅ ਨੂੰ ਰੋਕਣ ਲਈ ਘਰਾਂ, ਸਕੂਲਾਂ, ਬਾਜ਼ਾਰਾਂ ਅਤੇ ਹੋਰ ਜਨਤਕ ਥਾਵਾਂ 'ਤੇ ਅੰਦਰ ਅਤੇ ਬਾਹਰ ਫੌਗਿੰਗ, ਲਾਰਵੀਸਾਈਡਲ ਸਪਰੇਅ ਅਤੇ ਪ੍ਰਜਨਨ ਜਾਂਚ ਵਰਗੀਆਂ ਗਤੀਵਿਧੀਆਂ ਕੀਤੀਆਂ ਜਾਣਗੀਆਂ।ਇਸ ਮੁਹਿੰਮ ਤਹਿਤ ਸਿਹਤ ਸੇਵਾਵਾਂ ਦੀ ਮਜ਼ਬੂਤੀ ਅਤੇ ਮਰੀਜ਼ਾਂ ਦੀ ਪਹੁੰਚ ਲਈ ਸਿਹਤ ਵਿਭਾਗ ਵੱਲੋਂ ਐਂਬੂਲੈਂਸਾਂ ਤਾਇਨਾਤ ਕੀਤੀਆਂ ਗਈਆਂ ਹਨ।

# ਦੁਧਾਲਾ ਦੀ ਬਾਹਰ ਵਾਲੀ ਸੜਕ ਦੇ ਰੁਕੇ ਕੰਮ ਨੂੰ ਚਾਲੂ ਕੀਤਾ ਜਾਵੇ : ਦੁਧਾਲਾ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਸੀਪੀਆਈ ਮਜੀਠਾ ਦੇ ਸਕੱਤਰ ਕਾਮਰੇਡ ਬਲਕਾਰ ਸਿੰਘ ਦੁਧਾਲਾ ਨੇ ਪ੍ਰੈੱਸ ਦੇ ਨਾਮ ਪੱਤਰ ਜਾਰੀ ਕਰਦਿਆਂ ਦੱਸਿਆ ਕਿ ਪਿੰਡ ਦੁਧਾਲਾ ਦੀ ਬਾਹਰ



ਵਾਲੀ ਸੜਕ ਜੋ ਮੰਡੀ ਬੋਰਡ ਪਿਛਲੇ ਛੇ ਮਹੀਨੇ ਤੋਂ ਬਣਾ ਰਿਹਾ ਹੈ, ਪਰ ਦੋ ਮਹੀਨੇ ਤੋਂ ਕੰਮ ਬੰਦ ਕੀਤਾ ਹੋਇਆ ਹੈ। ਉਨ੍ਹਾਂ ਦੱਸਿਆ ਕਿ ਸੜਕ ਅਧੂਰੀ ਹੋਣ ਕਾਰਨ ਆਉਣ ਜਾਣ ਵਾਲੇ ਲੋਕਾਂ ਨੂੰ ਕਾਫੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਵਹੀਕਲਾਂ ਦੀ ਟੁੱਟ ਭੱਜ ਦੇ ਨਾਲ ਨਾਲ ਕਈ ਤਰ੍ਹਾਂ ਦੇ ਹਾਦਸੇ ਵਾਪਰ ਰਹੇ ਹਨ।ਉਨ੍ਹਾਂ ਕਿਹਾ ਕਿ ਪਿਛਲੇ ਦੋ ਮਹੀਨਿਆਂ ਵਿੱਚ ਮੰਡੀਕਰਨ ਬੋਰਡ ਦੇ ਐੱਸਡੀਓ ਰਾਵਲ ਸਿੰਘ ਨਾਲ ਗੱਲ ਵੀ ਕੀਤੀ, ਪਰ ਉਨ੍ਹਾਂ ਨੂੰ ਜਦੋਂ ਵੀ ਫੋਨ ਕਰਦੇ ਹਾਂ ਇਹੀ ਜਵਾਬ ਹੁੰਦਾ ਹੈ ਕਿ ਬਹੁਤ ਛੇਤੀ ਬਣ ਜਾਵੇਗੀ ਪਰ ਪਰਨਾਲਾ ਉਥੇ ਦਾ ਉਥੇ ਰਹਿੰਦਾ ਹੈ।ਇਲਾਕੇ ਦੇ ਲੋਕਾਂ ਵਿੱਚ ਇਸ ਪ੍ਰਤੀ ਰੋਸ ਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਉਚ ਅਧਿਕਾਰੀਆਂ ਤੋਂ ਮੰਗ ਹੈ ਕਿ ਅਧੂਰੀ ਪਈ ਸੜਕ ਨੂੰ ਛੇਤੀ ਤੋਂ ਛੇਤੀ ਪੂਰਾ ਕੀਤਾ ਜਾਵੇ ਨਹੀਂ ਤਾਂ ਪਿੰਡ ਵਾਸੀ ਐਕਸੀਅਨ ਮੰਡੀਕਰਨ ਬੋਰਡ ਦੇ ਦਫਤਰ ਦੇ ਅੱਗੇ ਮੁਜ਼ਾਹਰਾ ਕਰਨ ਵਾਸਤੇ ਮਜਬੂਰ ਹੋਣਗੇ।

# ਏਡੀਸੀ (ਵਿਕਾਸ) ਨੇ ਝਬਾਲ ਖਾਮ ਦਾ ਦੌਰਾ ਕਰਕੇ ਲੋਕ ਸਮੱਸਿਆਵਾਂ ਬਾਬਤ ਜਾਣਿਆ



**ਸਰਾਏ ਅਮਾਨਤ ਖਾਂ/ਝਬਾਲ (ਮੱਖਣ ਮਨੋਜ, ਹਰਜਿੰਦਰ ਸਿੰਘ ਸੋਨੀ)**-ਸਾਬਕਾ ਸੰਸਦੀ ਸਕੱਤਰ ਹਰਮੀਤ ਸਿੰਘ ਸੰਧੂ ਦਾ ਆਮ ਆਦਮੀ ਪਾਰਟੀ ਵਲੋਂ ਹਲਕਾ ਤਰਨਤਾਰਨ ਦਾ ਇੰਚਾਰਜ ਨਿਯੁਕਤ ਹੋਣ ਤੋਂ ਬਾਅਦ ਹਲਕਾ ਤਰਨਤਾਰਨ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੀ ਸ਼ੁਰੂਆਤ ਹੋ ਚੁੱਕੀ ਹੈ ਤੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਆਵੇਗੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪਿੰਡ ਝਬਾਲ ਖਾਮ ਦੇ ਸੀਨੀਅਰ ਆਗੂ ਵਿਕਰਮ ਸਿੰਘ ਢਿੱਲੋਂ ਨੇ ਦੱਸਿਆ ਕਿ ਹਲਕਾ ਇੰਚਾਰਜ ਹਰਮੀਤ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਤੇ ਏ ਡੀ ਸੀ ਵਿਕਾਸ ਸੰਜੀਵ ਕੁਮਾਰ, ਐੱਸਡੀਓ ਪੰਚਾਇਤੀ ਰਾਜ ਅਰਵਿੰਦਰ ਸਿੰਘ ਢਿੱਲੋਂ, ਪੰਚਾਇਤ ਸੈਕਟਰੀ ਮੰਗਲ ਸਿੰਘ ਨੇ ਪਿੰਡ ਝਬਾਲ ਖਾਮ ਵਿਖੇ ਪੁਹੰਚ ਕੇ ਪਿੰਡ ਦਾ ਦੌਰਾ ਕੀਤਾ ਤੇ ਪਿੰਡ ਦੇ ਵਿਕਾਸ ਲਈ ਹੋਣ ਵਾਲੇ ਕੰਮਾਂ ਬਾਰੇ ਜਾਇਜ਼ਾ ਲਿਆ। ਇਸ ਮੌਕੇ ਵਿਕਰਮ ਸਿੰਘ ਢਿੱਲੋਂ ਨੇ ਪਿੰਡ ਦੀਆਂ ਮੁਸ਼ਕਲਾਂ ਬਾਰੇ ਜਾਣੂ ਕਰਵਾਇਆ ਤੇ ਜਲਦੀ ਤੋਂ ਜਲਦੀ ਤੋਂ ਵਿਕਾਸ ਦੇ ਕੰਮ ਸ਼ੁਰੂ ਦੀ ਬੇਨਤੀ ਕੀਤੀ ਤੇ ਏ ਡੀ ਸੀ ਨੇ ਵਿਸ਼ਵਾਸ ਦਿਵਾਇਆ ਕਿ ਪਿੰਡ ਦੇ ਕੰਮ ਪਹਿਲ ਦੇ ਆਧਾਰ ਕੀਤੇ ਜਾਣਗੇ।

# ਪਾਕਿਸਤਾਨ ਜਾਣ ਵਾਲੇ ਜਥੇ 'ਤੇ ਪਾਬੰਦੀ ਲਾਉਣਾ ਮੰਦਭਾਗਾ ਫੈਸਲਾ : ਇੰਜ. ਜੇ ਪੀ ਸਿੰਘ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਪੰਜਾਬ ਪ੍ਰਧਾਨ ਮਨੁੱਖੀ ਅਧਿਕਾਰ ਸੁਰੱਖਿਆ ਸੁਸਾਇਟੀ ਅਤੇ ਪ੍ਰੈੱਸ ਸਕੱਤਰ ਨਾਨਕਸ਼ਾਹੀ ਸਿੱਖ ਸੇਵਾ ਸੋਸਾਇਟੀ ਇੰਜ. ਜੇ. ਪੀ. ਸਿੰਘ ਧਾਰੀਵਾਲ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਉਤੇ ਪਾਕਿਸਤਾਨ ਜਾਣ ਵਾਲੇ ਜੱਥੇ ਉੱਤੇ ਭਾਰਤ ਸਰਕਾਰ ਵੱਲੋਂ ਰੋਕ ਲਾਉਣਾ ਮੰਦਭਾਗਾ ਫੈਸਲਾ ਹੈ, ਇਸ ਨਾਲ ਸਿੱਖਾਂ ਦੀ ਭਾਵਨਾ ਨੂੰ ਬਹੁਤ ਠੇਸ ਪਹੁੰਚੀ ਹੈ।ਉਨ੍ਹਾਂ ਕਿਹਾ ਪਹਿਲਾਂ ਦਲਜੀਤ ਦੁਸਾਂਝ ਦੀ ਪੰਜਾਬੀ ਫਿਲਮ ਉਤੇ ਰੋਕ ਲਾਉਣਾ, ਏਸ਼ੀਆ ਕੱਪ ਵਿੱਚ ਹੋ ਰਹੇ ਭਾਰਤ ਅਤੇ ਪਾਕਿਸਤਾਨ ਦਾ ਮੈਚ ਕਰਾਉਣਾ, ਹੁਣ ਇਹ ਫੈਸਲੇ ਲੈ ਕੇ ਭਾਰਤ ਸਰਕਾਰ ਪੰਜਾਬ ਅਤੇ ਸਿੱਖਾਂ ਨਾਲ ਵਿਤਕਰਾ ਕਰ ਰਹੀ ਹੈ।ਗੁਰਦੁਆਰਾ



ਸਾਹਿਬ ਵਿੱਚ ਹਰ ਰੋਜ਼ ਅਰਦਾਸ ਕੀਤੀ ਜਾਂਦੀ ਹੈ ਕਿ ਵਿਛੜੇ ਹੋਏ ਗੁਰਦੁਆਰਿਆਂ ਅਤੇ ਗੁਰੂਧਾਮ ਦੇ ਖੁੱਲ੍ਹੇ ਦਰਸ਼ਨ ਦੀਦਾਰ ਗੁਰੂ ਮਹਾਰਾਜ ਬਖਸ਼ਣ, ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਗੁਰਧਾਮਾਂ ਲਈ ਹਰ ਸਾਲ ਜਥਾ ਪਾਕਿਸਤਾਨ ਜਾਂਦਾ, ਪਰ ਇਸ ਵਾਰ ਭਾਰਤ ਸਰਕਾਰ ਨੇ ਉਸ ਤੇ ਰੋਕ ਲਗਾ ਦਿੱਤੀ ਹੈ।ਉਨ੍ਹਾਂ ਨੇ ਭਾਰਤ ਸਰਕਾਰ ਤੋਂ ਮੰਗ ਕੀਤੀ ਹੈ ਕਿ ਆਪਣੇ ਇਸ ਫੈਸਲੇ 'ਤੇ ਮੁੜ ਵਿਚਾਰ ਕਰਕੇ ਇਸ ਫੈਸਲੇ ਨੂੰ ਵਾਪਸ ਲਿਆ ਜਾਵੇ, ਸਿੱਖ ਸ਼ਰਧਾਲੂਆਂ ਦਾ ਜਥੇ ਨੂੰ ਪਾਕਿਸਤਾਨ ਜਾਣ ਦੀ ਇਜਾਜ਼ਤ ਦਿੱਤੀ ਜਾਵੇ।

# ਅੰਮ੍ਰਿਤਸਰ ਏਅਰਪੋਰਟ 'ਤੇ ਹੁਣ ਫਾਸਟ ਟ੍ਰੈਕ ਇਮੀਗ੍ਰੇਸ਼ਨ ਈ-ਗੇਟ ਸੇਵਾ ਉਪਲਬਧ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ, ਅੰਮ੍ਰਿਤਸਰ ਤੋਂ ਅੰਤਰਰਾਸ਼ਟਰੀ ਯਾਤਰੀ ਹੁਣ ਇਮੀਗ੍ਰੇਸ਼ਨ ਲਈ ਲੰਬੀਆਂ ਲਾਈਨਾਂ ਤੋਂ ਬਚ ਸਕਣਗੇ।ਹਵਾਈ ਅੱਡੇ 'ਤੇ ਫਾਸਟ ਟ੍ਰੈਕ



ਇਮੀਗ੍ਰੇਸ਼ਨ/ਟਰੱਸਟਡ ਟ੍ਰੈਵਲਰ ਪ੍ਰੋਗਰਾਮ ਦੀ ਸ਼ੁਰੂਆਤ ਹੋ ਚੁੱਕੀ ਹੈ।ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਨੇ ਇਸ ਵਿਸ਼ਵ-ਪੱਧਰੀ ਸਹੂਲਤ ਦੀ ਸ਼ੁਰੂਆਤ ਦਾ ਸਵਾਗਤ ਕੀਤਾ ਹੈ, ਜਿਸ ਦੇ ਤਹਿਤ ਹਵਾਈ ਅੱਡੇ 'ਤੇ ਹੁਣ ਅੱਠ ਆਟੋਮੈਟਿਡ ਈ-ਗੇਟ, ਚਾਰ ਆਗਮਨ ਲਈ ਅਤੇ ਚਾਰ ਰਵਾਨਗੀ ਲਈ ਲਗਾਏ ਗਏ ਹਨ, ਜਿਨ੍ਹਾਂ ਰਾਹੀਂ ਯਾਤਰੀ ਸਿਰਫ ਕੁਝ ਸਕਿੰਟਾਂ 'ਚ ਬਾਇਓਮੈਟਰਿਕ ਤਸਦੀਕ ਨਾਲ ਇਮੀਗ੍ਰੇਸ਼ਨ ਕਲੀਅਰ ਕਰ ਸਕਣਗੇ।ਇਹ ਸਹੂਲਤ ਭਾਰਤੀ ਪਾਸਪੋਰਟ ਧਾਰਕਾਂ ਅਤੇ ਓਸੀਆਈ ਕਾਰਡ ਧਾਰਕਾਂ ਲਈ ਮੁਫ਼ਤ ਉਪਲਬਧ ਹੈ।ਇਸ ਨਵੀਂ ਸਹੂਲਤ ਦਾ ਸਵਾਗਤ ਕਰਦੇ ਹੋਏ ਫਲਾਈਅੰਮ੍ਰਿਤਸਰ ਇਨੀਸ਼ੀਏਟਿਵ ਦੇ ਕਨਵੀਨਰ ਯੋਗੇਸ਼ ਕਾਮਰਾ ਨੇ ਕਿਹਾ ਕਿ ਅੰਮ੍ਰਿਤਸਰ ਲਈ ਇਹ ਇਕ ਇਤਿਹਾਸਕ ਕਦਮ ਹੈ।ਇਸ ਨਾਲ ਅੰਤਰਰਾਸ਼ਟਰੀ ਯਾਤਰੀਆਂ ਲਈ ਇਮੀਗ੍ਰੇਸ਼ਨ ਪ੍ਰਕਿਰਿਆ ਹੋਰ ਤੇਜ਼, ਸੁਚਾਰੂ, ਆਸਾਨ ਅਤੇ ਬਿਨਾਂ ਤਣਾਅ ਵਾਲੀ ਹੋਵੇਗੀ।ਦੋਹਾ, ਦੁਬਈ, ਸ਼ਾਰਜਾਹ, ਮਿਲਾਨ, ਕੁਆਲਾਲੰਪੁਰ, ਸਿੰਗਾਪੁਰ, ਬੈਂਕਾਕ, ਲੰਡਨ ਅਤੇ ਬਰਮਿੰਘਮ ਵਰਗੇ ਸਥਾਨਾਂ ਲਈ ਉਡਾਣ ਭਰਨ ਵਾਲੇ ਅੰਤਰਰਾਸ਼ਟਰੀ ਯਾਤਰੀ ਸਿੱਧੇ ਤੌਰ 'ਤੇ ਇਸਦਾ ਲਾਭ ਲੈਣਗੇ।ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਦੇ ਗਲੋਬਲ ਕਨਵੀਨਰ ਅਤੇ ਅਮਰੀਕਾ ਨਿਵਾਸੀ ਸਮੀਪ ਸਿੰਘ ਗੁਮਟਾਲਾ ਨੇ ਅੱਗੇ ਕਿਹਾ ਕਿ ਐੱਨਆਰਆਈਜ਼ ਜਿਨ੍ਹਾਂ ਵਿੱਚ ਓਸੀਆਈ ਕਾਰਡ ਧਾਰਕ ਅਤੇ ਗ੍ਰੀਨ ਕਾਰਡ ਵਾਲੇ ਭਾਰਤੀ ਪਾਸਪੋਰਟ ਧਾਰਕ ਜੋ ਅਮਰੀਕਾ, ਕੈਨੇਡਾ ਜਾਂ ਹੋਰਨਾਂ ਦੇਸ਼ਾਂ ਦੇ ਪਰਮਾਨੈਂਟ ਰੈਜ਼ੀਡੈਂਟ (ਪੀਆਰ) ਦਾ ਦਰਜਾ ਰੱਖਦੇ ਹਨ, ਲਈ ਇਹ ਵੱਡੀ ਰਾਹਤ ਹੈ।

# ਸੀਨੀਅਰ ਸੈਕੰਡਰੀ ਸਕੂਲ (ਫਤਿਹਪੁਰ ਖੁਰਦ) ਦੇ ਸਾਹਮਣੇ ਬਿਸਤ ਦੁਆਬ ਨਹਿਰ 'ਤੇ ਬਣੇ ਪੁਲ ਦੀ ਖਸਤਾ ਹਾਲਤ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਸੀਨੀਅਰ ਸੈਕੰਡਰੀ ਸਕੂਲ ਫਤਿਹਪੁਰ ਖੁਰਦ ਦੇ ਮੇਨ ਗੇਟ ਦੇ ਸਾਹਮਣੇ ਲੰਘਦੀ ਬਿਸਤ ਦੁਆਬ ਨਹਿਰ 'ਤੇ ਬਣੇ ਪੁਲ ਦੀ ਖਸਤਾ ਹਾਲਤ ਅਤੇ ਉਸ ਉਤੇ ਲੱਗੇ ਸੇਫਟੀ ਗਾਰਡਾਂ ਦੀ ਹਾਲਤ ਖਸਤਾ ਵੱਲ ਨਹਿਰੀ ਵਿਭਾਗ ਅਤੇ ਸਰਕਾਰ ਵੱਲੋਂ ਨਾ ਧਿਆਨ ਦੇਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਕਦੇ ਬੱਚਿਆਂ ਨਾਲ ਅਣਹੋਣੀ ਘਟਨਾ ਵਾਪਰ ਸਕਦੀ ਹੈ।ਇਸ ਪੁਲ ਉਤੋਂ ਹਰ ਰੋਜ਼ ਪਿੰਡਾਂ ਤੇ ਆਮ ਲੋਕ ਤੇ ਬੱਚੇ ਲੰਘਦੇ ਹਨ।ਇਸ ਦੇ ਨਾਲ ਬਣੀ ਸੜਕ ਵੀ ਪੁਲ ਨਾਲੋਂ ਕਾਫੀ ਉੱਚੀ ਹੋ ਚੁੱਕੀ ਹੈ।ਇਹ ਵੀ ਹੈ ਕਿ ਉਸ ਪੁਲ ਦੇ ਆਲੇ ਦੁਆਲੇ ਕੋਈ ਵੀ ਨਾ ਤਾਂ ਵਾਰਨਿੰਗ ਚਿੰਨ੍ਹ ਲੱਗੇ ਹਨ ਤੇ ਨਾ ਹੀ ਕੋਈ ਟ੍ਰੈਫਿਕ ਸਿਗਨਲ ਲੱਗੇ ਹਨ ਤਾਂ ਕਿ ਬੱਚੇ ਉਨ੍ਹਾਂ ਨੂੰ ਵੇਖ ਕੇ ਅਲਰਟ ਹੋ ਸਕਣ।ਉਨ੍ਹਾਂ ਕਿਹਾ ਕਿ ਸਕੂਲੀ ਬੱਚੇ ਕਦੇ ਕਿਸੇ ਹਾਦਸੇ ਦਾ ਸ਼ਿਕਾਰ ਹੋ ਸਕਦੇ ਹਨ।ਨਹਿਰੀ ਵਿਭਾਗ ਦੇ ਅਧਿਕਾਰੀ ਸਭ ਕੁਝ ਜਾਣਦੇ ਹੋਏ ਵੀ ਚੁੱਪੀ ਸਾਧ ਕੇ ਬੈਠੇ ਹੋਏ ਹਨ ਤੇ ਕਿਸੇ ਘਟਨਾ ਘਟਣ ਦਾ ਇੰਤਜਾਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਗਰ ਇੱਕ ਹਫਤੇ ਦੇ ਅੰਦਰ ਕੋਈ ਕਾਰਵਾਈ ਨਾ ਕੀਤੀ ਤਾਂ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਅਤੇ ਰਾਸ਼ਟਰੀ ਕਮਿਸ਼ਨ ਫਾਰ ਪ੍ਰੋਟੈਕਸ਼ਨ ਆਫ ਚਾਇਲਡ ਰਾਇਟਸ ਨੂੰ ਪੱਤਰ ਲਿਖਿਆ ਜਾਵੇਗਾ।

# ਬਾਬਾ ਬੰਦਾ ਸਿੰਘ ਬਹਾਦਰ ਸਕੂਲ ਨੇ ਕਿੱਕ ਬਾਕਸਿੰਗ 'ਚ ਜਿੱਤੇ ਸੋਨੇ ਦੇ ਤਮਗੇ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਵੱਲੋਂ 76ਵੀਆਂ ਜ਼ਿਲ੍ਹਾ ਪੱਧਰੀ ਕਿੱਕ ਬਾਕਸਿੰਗ ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਵਧੀਆ ਪ੍ਰਦਰਸ਼ਨ ਕਰਕੇ ਸੋਨੇ ਦੇ ਤਮਗ਼ੇ ਪ੍ਰਾਪਤ ਕੀਤੇ। ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਨੇ ਦੱਸਿਆ ਕਿ ਬਾਬਾ ਅਜੈ ਸਿੰਘ ਕਾਲਜ ਵਿਖੇ ਵਿਦਿਆਰਥੀਆਂ ਦੇ 76ਵੀਆਂ ਜ਼ਿਲ੍ਹਾ ਪੱਧਰੀ ਕਿੱਕ ਬਾਕਸਿੰਗ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਸਕੂਲ ਦੀ ਵਿਦਿਆਰਥਣ ਦਮਨਪ੍ਰੀਤ ਕੌਰ ਸਪੁੱਤਰੀ ਜਸਵਿੰਦਰ ਸਿੰਘ, ਸੀਰਜਦੀਪ ਸਿੰਘ ਸਪੁੱਤਰ ਅਮਰੀਕ ਸਿੰਘ, ਏਕਮਜੋਤ ਸਿੰਘ ਸਪੁੱਤਰ ਮੇਜਰ ਸਿੰਘ ਜੋਹਨ ਮਸੀਹ ਸਪੁੱਤਰ ਹੈਪੀ ਮਸੀਹ, ਰਿਸ਼ਵ ਸਪੁੱਤਰ ਸੁਦਾਮਾ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਹਾਸਲ ਕਰਕੇ ਸੋਨ ਤਮਗੇ ਅਤੇ ਵੰਸ਼ਦੀਪ ਸਿੰਘ ਸਪੁੱਤਰ ਲਖਵਿੰਦਰ ਸਿੰਘ ਨੇ ਦੂਜਾ ਸਥਾਨ ਹਾਸਲ ਕਰਕੇ ਚਾਂਦੀ ਦੇ ਤਗ਼ਮੇ ਪ੍ਰਾਪਤ ਕਰਕੇ ਆਪਣੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ ।ਸਕੂਲ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਕਿਰਨ ਕੇਸਰ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ ਪਿਤਾ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ।ਇਸੇ ਤਰ੍ਹਾਂ ਜੀਵਨ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

# ਸ੍ਰੀ ਗੁਰੂ ਅਰਜਨ ਦੇਵ ਇੰਸਟੀਚਿਊਟ 'ਚ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ

**ਛੇਹਰਟਾ, (ਮਨੋਜ ਕੁਮਾਰ)** - ਸ੍ਰੀ ਗੁਰੂ ਅਰਜਨ ਦੇਵ ਇੰਸਟੀਚਿਊਟ, ਝਬਾਲ ਰੋਡ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੋਤੀ ਜੋਤ ਦਿਵਸ ਨੂੰ ਸਮਰਪਿਤ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਬੜੀ ਸ਼ਰਧਾ-ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਭਾਜਪਾ



ਅੰਮ੍ਰਿਤਸਰ ਦੇ ਮੀਤ ਪ੍ਰਧਾਨ ਸਰਬਜੀਤ ਸਿੰਘ ਸ਼ੈਂਟੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਸੰਸਥਾ ਦੇ ਵਿਦਿਆਰਥੀਆਂ, ਅਧਿਆਪਕਾਂ ਤੇ ਪ੍ਰਬੰਧਕੀ ਮੈਂਬਰਾਂ ਨੇ ਸੰਗਤ ਨਾਲ ਮਿਲ ਕੇ ਪਾਠ ਵਿਚ ਹਿੱਸਾ ਲਿਆ। ਇਸ ਮੌਕੇ ਪੰਜਾਬ ਵਿਚ ਆਏ ਭਿਆਨਕ ਹੜ੍ਹਾਂ ਤੋਂ ਪ੍ਰਭਾਵਿਤ ਪਰਿਵਾਰਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਸਰਬਜੀਤ ਸਿੰਘ ਸ਼ੈਂਟੀ ਨੇ ਕਿਹਾ ਕਿ ਧਰਤੀ 'ਤੇ ਪ੍ਰਕਾਸ਼ ਧਾਰਨ ਕਰਕੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਮਨੁੱਖਤਾ ਨੂੰ ਅਸਲੀ ਰਸਤਾ ਦਿਖਾਇਆ। ਉਨ੍ਹਾਂ ਸਮਾਜ ਨੂੰ ਰੂੜੀਵਾਦੀ ਪ੍ਰੰਪਰਾਵਾਂ ਤੇ ਅੰਧਵਿਸ਼ਵਾਸਾਂ ਤੋਂ ਉੱਪਰ ਉੱਠ ਕੇ 'ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ' ਦਾ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅੱਜ ਵੀ ਮਨੁੱਖਤਾ ਦਾ ਮਾਰਗਦਰਸ਼ਨ ਕਰ ਰਹੀਆਂ ਹਨ।

# ਸਹਾਇਕ ਮਲੇਰੀਆ ਅਫਸਰ ਵਜੋਂ ਪ੍ਰਿਤਪਾਲ ਸਿੰਘ ਬਾਜਵਾ ਨੇ ਅਹੁਦਾ ਸੰਭਾਲਿਆ



**ਵੇਰਕਾ (ਰਾਣਾ)**-ਸਿਵਲ ਸਰਜਨ ਦਫਤਰ ਅੰਮ੍ਰਿਤਸਰ ਵਿਖੇ ਸਹਾਇਕ ਮਲੇਰੀਆ ਅਫਸਰ ਵਜੋਂ ਪ੍ਰਿਤਪਾਲ ਸਿੰਘ ਬਾਜਵਾ ਨੇ ਆਪਣਾ ਅਹੁਦਾ ਸੰਭਾਲਿਆ।ਇਸ ਮੌਕੇ ਬਹੁਮੰਤਵੀ ਸਿਹਤ ਕਰਮਚਾਰੀ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਅਹੁਦੇਦਾਰਾਂ ਵੱਲੋਂ ਉਨ੍ਹਾਂ ਦਾ ਭਰਪੂਰ ਸਵਾਗਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਲਟੀਪਰਪਜ਼ ਜੁਆਇੰਟ ਐਕਸ਼ਨ ਕਮੇਟੀ ਪੰਜਾਬ ਦੇ ਸੂਬਾ ਕਨਵੀਨਰ ਪ੍ਰਭਜੀਤ ਸਿੰਘ ਉਪਲ, ਮੁੱਖ ਸਲਾਹਕਾਰ ਅਤੇ ਬਲਾਕ ਪ੍ਰਧਾਨ ਸੰਦੀਪ ਸਿੰਘ, ਅਜਮੇਰ ਸਿੰਘ ਸੋਹੀ ਐੱਸ ਐੱਮ ਆਈ ਤਰਸਿੱਕਾ, ਸੂਬਾ ਆਗੂ ਬਿਕਰਮਜੀਤ ਸਿੰਘ ਹੈਲਥ ਇੰਸਪੈਕਟਰ ਸਿਵਲ ਸਰਜਨ ਅੰਮ੍ਰਿਤਸਰ ਆਦਿ ਵੀ ਹਾਜ਼ਰ ਸਨ।

# ਨੌਸ਼ਹਿਰਾ ਦੀ ਪੰਚਾਇਤ ਵੱਲੋਂ ਪ੍ਰਵਾਸੀ ਮਜ਼ਦੂਰਾਂ ਸੰਬੰਧੀ ਮਤਾ ਪਾਸ

**ਗੁਰਦਾਸਪੁਰ, (ਜਨਕ ਮਹਾਜਨ)**-ਪਿਛਲੇ ਦਿਨੀਂ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਪ੍ਰਵਾਸੀ ਮਜ਼ਦੂਰ ਵੱਲੋਂ ਇਕ ਪੰਜ ਸਾਲ ਦੇ ਮਸੂਮ ਬੱਚੇ ਦਾ ਅਨੋਖੀ ਹਰਕਤ ਕਰਨ ਉਪਰੰਤ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਜਿਸ ਦੇ ਨਤੀਜੇ ਵਜੋਂ ਪੰਜਾਬ ਦੇ ਕਈ ਸ਼ਹਿਰਾਂ ਅਤੇ ਪਿੰਡਾਂ ਤੋਂ ਇਲਾਵਾ ਕਸਬਿਆਂ ਵਿਚ ਪ੍ਰਵਾਸੀਆਂ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ ਅਤੇ ਮੰਗ ਕੀਤੀ ਜਾ ਰਹੀ ਹੈ ਕਿ ਇਨ੍ਹਾਂ ਪ੍ਰਵਾਸੀਆਂ ਦੇ ਖਿਲਾਫ ਉਚਿਤ ਕਦਮ ਚੁੱਕੇ ਜਾਣ। ਇਸੇ ਕੜੀ ਤਹਿਤ ਪਿੰਡ ਨੌਸ਼ਹਿਰਾ ਵਿਧਾਨ ਸਭਾ ਹਲਕਾ ਦੀਨਾਨਗਰ ਦੀ ਪੰਚਾਇਤ ਵਲੋਂ ਇੱਕ ਮਤਾ ਪਾਸ ਕੀਤਾ ਗਿਆ ਜਿਸ ਵਿਚ ਕਿਹਾ ਗਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਜੇਕਰ ਕਿਸੇ ਵਿਅਕਤੀ ਦੇ ਘਰ ਪ੍ਰਵਾਸੀ ਮਜ਼ਦੂਰ ਰਹਿੰਦਾ ਜਾਂ ਕਿਸੇ ਦੁਕਾਨ 'ਤੇ ਕੰਮ ਕਰਦਾ ਹੋਵੇ ਤਾਂ ਉਸ ਦਾ ਆਧਾਰ ਕਾਰਡ ਅਤੇ ਪਹਿਚਾਣ ਪੱਤਰ ਪੰਚਾਇਤ ਕੋਲ ਦਿੱਤਾ ਜਾਵੇ। ਪ੍ਰਵਾਸੀ ਬਾਰੇ ਜਾਣਕਾਰੀ ਮਿਤੀ 14 ਸਤੰਬਰ ਤੋਂ 23 ਸਤੰਬਰ ਤੱਕ ਸਰਪੰਚ ਪੰਚਾਇਤ ਤੱਕ ਪੁਜਦੀ ਕੀਤੀ ਜਾਵੇ। ਉਨ੍ਹਾਂ ਕਿਹਾ ਜੋ ਵਿਅਕਤੀ ਇਸ ਦੀ ਉਲੰਘਣਾ ਕਰੇਗਾ ਉਸ ਦਾ ਜ਼ਿੰਮੇਵਾਰ ਉਹ ਖੁਦ ਹੋਵੇਗਾ। ਪੰਚਾਇਤ ਨੇ ਇਹ ਵੀ ਸਪਸ਼ਟ ਕੀਤਾ ਕਿ ਜੇਕਰ ਕਿਸੇ ਪਿੰਡ ਵਾਸੀ ਦੇ ਘਰ ਪੰਜਾਬੀ ਵੀ ਕਿਰਾਏਦਾਰ ਦੇ ਤੌਰ 'ਤੇ ਰਹਿੰਦਾ ਹੈ ਉਸ ਪਾਸੋਂ ਵੀ ਪਿਛਲੇ ਪਿੰਡ ਦੇ ਸਰਪੰਚ ਤੋਂ ਲਿਖਵਾ ਕੇ ਲਵੋ ਕਿ ਉਹ ਵਿਅਕਤੀ ਪਿੰਡ ਵਿੱਚੋਂ ਕਿਉਂ ਗਿਆ ਹੈ ਅਤੇ ਇਸ ਦੇ ਖਿਲਾਫ ਕੋਈ ਕੇਸ ਤਾਂ ਨਹੀਂ। ਇਸ ਮੌਕੇ ਮਤਾ ਪਾਉਣ ਵਾਲਿਆਂ ਵਿਚ ਸਰਪੰਚ ਹਰਜਿੰਦਰ ਸਿੰਘ ਉਰਫ਼ ਜਿੰਦੀ ਨੌਸ਼ਹਿਰਾ, ਜਸਵਿੰਦਰ ਸਿੰਘ ਕਾਂਗਰਸੀ ਆਗੂ, ਮੀਰਾ ਰਾਣੀ, ਮਨਪ੍ਰੀਤ ਸਿੰਘ, ਮਨਦੀਪ ਕੌਰਰ, ਜਰਨੈਲ ਸਿੰਘ, ਮਲਕੀਅਤ ਸਿੰਘ, ਭਜਨ ਸਿੰਘ, ਬਲਕਾਰ ਸਿੰਘ, ਬਰਿੰਦਰ ਸਿੰਘ ਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

# ਵਿਧਾਇਕ ਰੰਧਾਵਾ ਨੇ ਸਰਕਾਰੀ ਸਕੂਲ ਪੱਖੋਕੇ ਟਾਹਲੀ ਸਾਹਿਬ ਵਿਖੇ ਸਫ਼ਾਈ ਅਭਿਆਨ ਚਲਾਇਆ



**ਗੁਰਦਾਸਪੁਰ, (ਜਨਕ ਮਹਾਜਨ)**

ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਆਪਣੇ ਸਾਥੀਆਂ ਦੇ ਨਾਲ ਹੜ੍ਹ ਪ੍ਰਭਾਵਿਤ ਸਰਕਾਰੀ ਐਲੀਮੈਂਟਰੀ ਸਕੂਲ ਪੱਖੋਕੇ ਟਾਹਲੀ ਸਾਹਿਬ ਦੀ ਸਫ਼ਾਈ ਕੀਤੀ ਗਈ ਤਾਂ ਜੋ ਇਸ ਸਕੂਲ ਵਿਚ ਮੁੜ ਕਲਾਸਾਂ ਸ਼ੁਰੂ ਕੀਤੀਆਂ ਜਾ ਸਕਣ। ਸ. ਰੰਧਾਵਾ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਹੜ੍ਹਾਂ ਨਾਲ ਫ਼ਸਲਾਂ ਤੇ ਘਰਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਹੜ੍ਹ ਪ੍ਰਭਾਵਿਤ ਲੋਕਾਂ ਨਾਲ ਗੱਲ ਕਰਦਿਆਂ ਸ. ਰੰਧਾਵਾ ਨੇ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਪੰਜਾਬ ਸਰਕਾਰ ਹੜ੍ਹ ਪੀੜਤਾਂ ਦੇ ਨਾਲ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਹੁਕਮਾਂ ਤਹਿਤ ਫ਼ਸਲਾਂ ਦੇ ਨੁਕਸਾਨ ਦਾ ਪਤਾ ਲਾਉਣ ਲਈ ਵਿਸ਼ੇਸ਼ ਗਿਰਦਾਵਰੀ ਚੱਲ ਰਹੀ ਹੈ ਜੋ ਜਲਦੀ ਹੀ ਪੂਰੀ ਕਰ ਲਈ ਜਾਵੇਗੀ। ਉਨ੍ਹਾਂ ਕਿਹਾ ਕਿ ਜਿਨ੍ਹਾਂ ਪਿੰਡਾਂ ਵਿੱਚ ਫ਼ਸਲ 100 ਫ਼ੀਸਦੀ ਬਰਬਾਦ ਹੋ ਗਈ ਹੈ, ਉੱਥੇ ਇਹ ਪ੍ਰਕਿਰਿਆ ਸਿਰਫ਼ ਇਕ ਮਹੀਨੇ ਵਿੱਚ ਪੂਰੀ ਕਰ ਲਈ ਜਾਵੇਗੀ ਅਤੇ ਤੁਰੰਤ ਬਾਅਦ ਚੈੱਕ ਸੌਂਪਣੇ ਸ਼ੁਰੂ ਕਰ ਦਿੱਤੇ ਜਾਣਗੇ। ਜਿਨ੍ਹਾਂ ਘਰਾਂ ਨੂੰ ਨੁਕਸਾਨ ਪਹੁੰਚਿਆ ਹੈ, ਉਨ੍ਹਾਂ ਨੂੰ ਵੀ ਸਰਕਾਰ ਵੱਲੋਂ ਮੁਆਵਜ਼ਾ ਦਿੱਤਾ ਜਾਵੇਗਾ। ਜਿਨ੍ਹਾਂ ਲੋਕਾਂ ਦਾ ਪੂਰਾ ਘਰ ਢਹਿ ਗਿਆ ਹੈ, ਉਨ੍ਹਾਂ ਨੂੰ ਵੀ ਮੁਆਵਜ਼ਾ ਦਿੱਤਾ ਜਾਵੇਗਾ। ਇਸੇ ਤਰ੍ਹਾਂ ਜਿਨ੍ਹਾਂ ਲੋਕਾਂ ਦੇ ਪਸ਼ੂ ਹੜ੍ਹਾਂ ਵਿਚ ਵਹਿ ਗਏ ਸਨ ਜਾਂ ਮਰ ਗਏ ਸਨ, ਉਨ੍ਹਾਂ ਦੇ ਨੁਕਸਾਨ ਦੀ ਭਰਪਾਈ ਵੀ ਸਰਕਾਰ ਵੱਲੋਂ ਕੀਤੀ ਜਾਵੇਗੀ।

# ਵਿਰਸਾ ਵਿਹਾਰ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਲਈ ਰਾਹਤ ਸਮੱਗਰੀ ਭੇਜੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਫੋਕਲੋਰ ਰਿਸਰਚ ਅਕੈਡਮੀ (ਰਜਿ:) ਅੰਮ੍ਰਿਤਸਰ ਵਲੋਂ ਹੜ੍ਹਾਂ ਤੋਂ ਪ੍ਰਭਾਵਿਤ ਪਿੰਡਾਂ 'ਚ ਪਸ਼ੂ ਧਨ ਨੂੰ ਸੰਭਾਵੀ ਬਿਮਾਰੀਆਂ ਤੋਂ ਬਚਾਓ ਹਿੱਤ ਟੀਕਾਕਰਣ ਦੀ ਪਸ਼ੂ ਪਾਲਕਾਂ/ਕਿਸਾਨਾਂ ਤੱਕ ਮੁਫ਼ਤ ਸਹੂਲਤ ਮੁਹੱਈਆ ਪੁੱਜਦੀ ਕਰਨ ਲਈ ਅੱਜ ਵਿਰਸਾ ਵਿਹਾਰ ਅੰਮ੍ਰਿਤਸਰ ਤੋਂ ਟੀਕਿਆਂ (ਇੰਜੈਕਸ਼ਨ) ਟੇਫਰੋਸੈਫ 1ਗ੍ਰਾਮ, ਮੇਲੋਕਸੀਵੇਟ 100 ਐੱਮ.ਐੱਲ., ਮੋਰਿਲ 30 ਐੱਮ. ਐੱਲ. ਬੇਲਾਮੀ 100 ਐੱਮ. ਐੱਲ., ਜੈਂਟਾਮਾਈਸਿਨ 100 ਐੱਮ. ਐੱਲ. ਤੋਂ ਇਲਾਵਾ ਮੱਛਰਦਾਨੀਆਂ, ਓਡੋਮੌਸ ਸਮੇਤ ਹੋਰ ਸਮੱਗਰੀ ਭੇਜਣ ਲਈ ਵਫਦ ਨੂੰ ਅਜਨਾਲਾ ਖੇਤਰ ਵੱਲ ਰਵਾਨਾ ਕੀਤਾ ਗਿਆ।ਇਸ ਰਾਹਤ ਸਮੱਗਰੀ ਦੇ ਪ੍ਰਬੰਧਾਂ 'ਚ ਵਿਰਸਾ ਵਿਹਾਰ ਸੋਸਾਇਟੀ ਤੇ ਪ੍ਰਗਤੀਸ਼ੀਲ ਲੇਖਕ ਸੰਘ ਦਾ ਵੀ ਸਹਿਯੋਗ ਹਾਸਲ ਹੈ।ਵਫਦ ਦੀ ਰਵਾਨਗੀ ਨੂੰ ਭੇਜਣ ਮੌਕੇ ਫੋਕਲੋਰ ਰਿਸਰਚ ਅਕੈਡਮੀ ਅੰਮ੍ਰਿਤਸਰ ਦੇ ਪ੍ਰਧਾਨ ਰਮੇਸ਼ ਯਾਦਵ, ਸੀਨੀਅਰ ਪੱਤਰਕਾਰ ਤੇ ਲੇਖਕ ਐੱਸ. ਪ੍ਰਸ਼ੋਤਮ, ਕਮਲ ਗਿੱਲ, ਹਰੀਸ਼ ਸਾਬਰੀ, ਦਿਲਬਾਗ ਸਿੰਘ ਸਰਕਾਰੀਆ, ਹਰਜੀਤ ਸਿੰਘ ਲਾਡੀ ਸਰਕਾਰੀਆ, ਕਰਮਜੀਤ ਕੌਰ ਜੱਸਲ, ਵਿਰਸਾ ਵਿਹਾਰ ਸੋਸਾਇਟੀ, ਪ੍ਰਗਤੀਸ਼ੀਲ ਲੇਖਕ ਸੰਘ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਭੁਪਿੰਦਰ ਸਿੰਘ ਸੰਧੂ, ਜਨਰਲ ਸਕੱਤਰ ਧਰਵਿੰਦਰ ਸਿੰਘ ਔਲਖ, ਪੰਕਜ ਸਿੰਘ ਆਦਿ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

# ਖਾਲਸਾ ਕਾਲਜ ਅੰਮ੍ਰਿਤਸਰ ਵਿਖੇ ਹਿੰਦੀ ਹਫ਼ਤਾ ਮਨਾਇਆ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਖਾਲਸਾ ਕਾਲਜ ਅੰਮ੍ਰਿਤਸਰ ਦੇ ਹਿੰਦੀ ਵਿਭਾਗ ਨੇ ਪ੍ਰਿੰਸੀਪਲ ਡਾ. ਆਤਮ ਸਿੰਘ ਦੀ ਸਰਪ੍ਰਸਤੀ ਹੇਠ ਅਤੇ ਵਿਭਾਗ ਮੁਖੀ ਡਾ. ਸੁਰਜੀਤ ਕੌਰ ਦੀ ਅਗਵਾਈ ਹੇਠ ਹਿੰਦੀ ਦਿਵਸ ਦੇ ਮੌਕੇ 'ਤੇ ਹਿੰਦੀ ਹਫ਼ਤਾ ਮਨਾਇਆ ਗਿਆ।ਯੁੱਧ ਦੇ ਬਦਲਦੇ ਪਹਿਲੂਆਂ ਦੀ ਹਕੀਕਤ ਵਿਸ਼ੇ 'ਤੇ ਵੱਖ-ਵੱਖ ਅੰਤਰ-ਵਿਭਾਗੀ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਡਾ. ਪੂਨਮ ਮਹਾਜਨ, ਡਾ. ਸੋਨੀਆ ਪਾਠਕ ਅਤੇ ਸਾਕਸ਼ੀ ਵੋਹਰਾ ਨੇ ਜੱਜਾਂ ਦੀ ਭੂਮਿਕਾ ਨਿਭਾਈ।ਵੱਖ-ਵੱਖ ਮੁਕਾਬਲਿਆਂ ਵਿੱਚ ਗੁਰਪ੍ਰੀਤ ਕੌਰ ਨੇ ਲੇਖ ਲਿਖਣ ਵਿੱਚ, ਹਰਜੀਤ ਕੌਰ ਨੇ ਕਵਿਤਾ ਪਾਠ ਵਿੱਚ ਅਤੇ ਤਰਨ ਕੌਰ ਨੇ ਰੰਗੋਲੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਪ੍ਰਿੰਸੀਪਲ ਡਾ. ਆਤਮ ਸਿੰਘ ਨੇ ਸਾਰੇ ਇਨਾਮ ਜੇਤੂਆਂ ਨੂੰ ਵਧਾਈ ਦਿੱਤੀ।ਇਨ੍ਹਾਂ ਸਾਰੇ ਮੁਕਾਬਲਿਆਂ ਵਿੱਚ 42 ਭਾਗੀਦਾਰਾਂ ਨੇ ਹਿੱਸਾ ਲਿਆ।

# ਬਿਆਸ ਦਰਿਆ ਨੇੜਲੇ ਪਿੰਡਾਂ 'ਚ ਮੱਛਰਾਂ ਦੀ ਰੋਕਥਾਮ ਲਈ ਫੌਗਿੰਗ ਕਰਵਾਈ



**ਬਟਾਲਾ, (ਡਾ. ਮਲਵਿੰਦਰ ਸਿੰਘ)**

ਭਗਵੰਤ ਸਿੰਘ ਮਾਨ ਮੁੱਖ ਮੰਤਰੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਹੜ੍ਹ ਪ੍ਰਭਾਵਿਤ ਪਿੰਡਾਂ ਅੰਦਰ ਮਹਾਂ ਸਫ਼ਾਈ ਮੁਹਿੰਮ ਚੱਲ ਰਹੀ ਹੈ ਜਿਸ ਤਹਿਤ ਬਿਆਸ ਦਰਿਆ ਨੇੜਲੇ ਪਿੰਡਾਂ ਅੰਦਰ ਸਫ਼ਾਈ ਕਰਨ ਦੇ ਨਾਲ ਮੱਛਰਾਂ ਦਾ ਪਸਾਰ ਰੋਕਣ ਲਈ ਫੋਗਿੰਗ ਵੀ ਕਰਵਾਈ ਜਾ ਰਹੀ ਹੈ।ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਨੇ ਦੱਸਿਆ ਕਿ ਹੜ੍ਹ ਪ੍ਰਭਾਵਿਤ ਪਿੰਡਾਂ ਅੰਦਰ ਰਾਹਤ ਕਾਰਜਾਂ ਦੇ ਨਾਲ ਪਿੰਡਾਂ ਅੰਦਰ ਸਫ਼ਾਈ ਮੁਹਿੰਮ ਵਿੱਢੀ ਗਈ ਹੈ ਅਤੇ ਪਿੰਡ ਭੇਟ ਪੱਤਣ ਅੰਦਰ ਮੱਛਰਾਂ ਦਾ ਪਸਾਰ ਰੋਕਣ ਲਈ ਫੋਗਿੰਗ ਕੀਤੀ ਜਾ ਰਹੀ ਹੈ।ਉਨ੍ਹਾਂ ਨੇ ਕਿਹਾ ਕਿ ਹੜ੍ਹਾਂ ਤੋਂ ਬਾਅਦ ਬਿਮਾਰੀਆਂ ਫੈਲਣ ਦਾ ਡਰ ਹੁੰਦਾ ਹੈ ਅਤੇ ਖੜ੍ਹੇ ਪਾਣੀ ਵਿੱਚ ਮੱਛਰ ਪੈਦਾ ਹੋ ਸਕਦਾ ਹੈ।ਇਸ ਲਈ ਅਗੇਤੇ ਪ੍ਰਬੰਧਾਂ ਦੇ ਤਹਿਤ ਫੋਗਿੰਗ ਕਰਵਾਈ ਜਾ ਰਹੀ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਪਿੰਡਾਂ ਵਿਚ ਰਸਤਿਆਂ ਨੂੰ ਠੀਕ ਕੀਤਾ ਜਾ ਰਿਹਾ ਹੈ ਅਤੇ ਪਿੰਡਾਂ ਵਿਚ ਆਮ ਸਫਾਈ ਨੂੰ ਵੀ ਯਕੀਨੀ ਬਣਾਉਣ ਸਬੰਧੀ ਪੰਚਾਇਤ ਵਿਭਾਗ ਸਰਗਰਮੀ ਨਾਲ ਕੰਮ ਕਰ ਰਿਹਾ ਹੈ।ਇਸ ਮੌਕੇ ਸੰਗਠਨ ਇੰਚਾਰਜ ਅਤੇ ਮੈਂਬਰ ਜ਼ਿਲ੍ਹਾ ਪਲਾਨਿੰਗ ਬੋਰਡ ਗੁਰਪ੍ਰੀਤ ਸਿੰਘ ਸੈਣੀ, ਪਰਮਬੀਰ ਰਾਣਾ ਜ਼ਿਲ੍ਹਾ ਮੀਡੀਆ ਇੰਚਾਰਜ ਅਤੇ ਸਲਾਹਕਾਰ, ਪੀ. ਏ. ਸੁਖਦੇਵ ਸਿੰਘ ਰੋਮੀ, ਪੀ. ਏ. ਰਾਜੂ ਭਿੰਡਰ ਵੀ ਮੌਜੂਦ ਸਨ।

# ਪਹਿਲੇ ਪਾਤਸ਼ਾਹ ਦੇ ਜੋਤੀ-ਜੋਤਿ ਪੁਰਬ ਮੌਕੇ ਗੁਰਮਤਿ ਸਮਾਗਮ

## ਐਡਵੋਕੇਟ ਧਾਮੀ, ਜਥੇ. ਗੜਗੱਜ ਅਤੇ ਜਥੇ. ਲੰਗਾਹ ਸਮੇਤ ਪ੍ਰਮੁੱਖ ਸ਼ਖਸੀਅਤਾਂ ਨੇ ਭਰੀ ਹਾਜ਼ਰੀ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜੋਤੀ-ਜੋਤਿ ਪੁਰਬ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਸਮੇਤ ਪ੍ਰਮੁੱਖ ਸ਼ਖਸੀਅਤਾਂ ਨੇ ਸ਼ਮੂਲੀਅਤ ਕੀਤੀ।ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਜੇ ਦੀਵਾਨ ਵਿੱਚ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਉਦਾਸੀਆਂ ਮਗਰੋਂ ਕਰਤਾਰਪੁਰ ਸਾਹਿਬ ਦੀ ਪਾਵਨ ਧਰਤੀ ਤੇ ਨਿਵਾਸ ਕਰਦਿਆਂ ਖੇਤੀ ਕਰਕੇ ਮਨੁੱਖਤਾ ਨੂੰ ਕਿਰਤ ਕਰਨ ਦਾ ਉਪਦੇਸ਼ ਦਿੱਤਾ।ਉਨ੍ਹਾਂ ਕਿਹਾ ਕਿ ਗੁਰੂ ਘਰ ਦਾ ਸਿਧਾਂਤ ਹੀ ਨਾਮ ਜਪਣ ਕਿਰਤ ਕਰਨ ਤੇ ਵੰਡ ਛਕਣ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਸਿੱਖ ਸ਼ਰਧਾਲੂਆਂ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਬਿਨਾਂ ਦੇਰੀ ਜਥਾ ਪਾਕਿ ਭੇਜਣ ਦਾ ਐਲਾਨ ਕੀਤਾ ਜਾਵੇ ਅਤੇ ਸ੍ਰੀ ਕਰਤਾਰਪੁਰ ਸਾਹਿਬ ਦੇ ਲਾਂਘੇ ਨੂੰ ਵੀ ਪਹਿਲਾਂ ਦੀ ਤਰ੍ਹਾਂ ਚਾਲੂ ਕੀਤਾ ਜਾਵੇ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ



ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਜਾਬ ਵਿੱਚ ਜੋ ਪਿਛਲੇ ਦਿਨੀਂ ਹੜ੍ਹ ਆਏ ਉਸ ਵਿੱਚ ਲੋਕਾਂ ਨੇ ਆਪਸੀ ਮਦਦ ਕਰਕੇ ਇੱਕ ਦੂਜੇ ਦੀ ਮਦਦ ਕੀਤੀ ਜੋ ਕਿ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ ।ਇਸ ਮੌਕੇ ਜਥੇਦਾਰ ਗੜਗੱਜ ਵੱਲੋਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਦੇ ਮੈਂਬਰ ਤੇ ਜ਼ਿਲ੍ਹਾ ਪ੍ਰਧਾਨ ਜਥੇਦਾਰ ਸੁੱਚਾ ਸਿੰਘ ਲੰਗਾਹ ਨੇ ਵੀ ਸੰਬੋਧਨ ਕਰਦਿਆਂ ਆਈਆਂ ਪ੍ਰਮੁੱਖ ਸਖਸ਼ੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਡੇਰਾ ਬਾਬਾ ਨਾਨਕ ਦੀ ਧੁੱਸੀ ਦਾ ਬੰਨ੍ਹ ਸ਼੍ਰੋਮਣੀ ਅਕਾਲੀ ਦਲ ਹੀ ਬੰਨ੍ਹੇਗਾ ।ਇਸੇ ਦੌਰਾਨ ਸਾਰਾ ਦਿਨ ਚਲੇ ਧਾਰਮਿਕ ਦੀਵਾਨ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਸਮੇਤ ਕਥਾਵਾਚਕਾਂ ਤੇ ਢਾਡੀ ਕਵੀਸ਼ਰ ਜਥਿਆਂ ਨੇ ਗੁਰਬਾਣੀ ਕੀਰਤਨ ਅਤੇ ਗੁਰ ਇਤਿਹਾਸ ਰਾਹੀਂ ਹਾਜ਼ਰੀ ਭਰੀ।ਇਸ ਮੌਕੇ ਸਾਬਕਾ ਵਿਧਾਇਕ ਸ. ਲਖਬੀਰ ਸਿੰਘ ਲੋਧੀਨੰਗਲ, ਸ਼੍ਰੋਮਣੀ ਕਮੇਟੀ ਮੈਂਬਰ ਅਮਰੀਕ ਸਿੰਘ ਸ਼ਾਹਪੁਰ, ਗੁਰਦੁਆਰਾ ਯਾਦਗਾਰ ਸ਼ਹੀਦਾਂ ਦੇ ਮੁੱਖ ਸੇਵਾਦਾਰ ਭਾਈ ਸੁਖਵਿੰਦਰ ਸਿੰਘ, ਸੀਨੀਅਰ ਅਕਾਲੀ ਆਗੂ ਰਾਜਨਬੀਰ ਸਿੰਘ, ਸੁਖਜਿੰਦਰ ਸਿੰਘ ਲੰਗਾਹ, ਨਰਿੰਦਰ ਸਿੰਘ ਵਾੜਾ, ਰਮਨਦੀਪ ਸਿੰਘ ਸੰਧੂ, ਸੁਖਬੀਰ ਸਿੰਘ ਵਾਹਲਾ, ਪਰਮਵੀਰ ਸਿੰਘ ਲਾਡੀ, ਜਗਰੂਪ ਸਿੰਘ, ਰਾਜਿੰਦਰ ਸਿੰਘ ਵੈਰੋਕੇ, ਮੈਨੇਜਰ ਸਤਨਾਮ ਸਿੰਘ ਗੋਸਲ, ਰਣਜੀਤ ਸਿੰਘ ਕਲਿਆਣਪੁਰ, ਜਥੇਦਾਰ ਰਜਿੰਦਰ ਸਿੰਘ ਵੇਰੋਕੇ, ਹਰਸਿਮਰਤ ਸਿੰਘ ਬਾਜਵਾ, ਸਤਨਾਮ ਸਿੰਘ ਪਟਵਾਰੀ, ਗੁਰਪ੍ਰੀਤ ਸਿੰਘ ਬਾਦਲ, ਸਰਬਜੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਪੰਜਾਬ ਦੀ ਚੜ੍ਹਦੀ ਕਲਾ ਲਈ ਅਰਦਾਸ ਦਿਵਸ ਅਤੇ ਧਾਰਮਿਕ ਸਮਾਗਮ ਕਰਵਾਇਆ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਖਾਲਸਾ ਕਾਲਜ ਦੇ ਕੈਂਪਸ ਸਥਿਤ ਗੁਰਦੁਆਰਾ ਵਿਖੇ ਹੜ੍ਹ ਪੀੜਤਾਂ ਦੀ ਸੁੱਖ-ਸ਼ਾਂਤੀ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਕਾਲਜ ਕੈਂਪਸ ਸਥਿਤ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਸਮਾਗਮ ਅਰਦਾਸ ਦਿਵਸ ਕਰਵਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਸਹਿਯੋਗ ਨਾਲ ਯੁਵਕ ਭਲਾਈ ਅਤੇ ਸੱਭਿਆਚਾਰਕ ਵਿਭਾਗ ਵੱਲੋਂ ਕਰਵਾਏ ਗਏ ਉਕਤ ਪ੍ਰੋਗਰਾਮ ਮੌਕੇ ਗੁਰਮਤਿ ਸਟੱਡੀ ਸੈਂਟਰ ਦੇ ਵਿਦਿਆਰਥੀਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਗੁਰ ਜੱਸ ਗਾਇਨ ਕਰਕੇ ਹਾਜ਼ਰ ਸੰਗਤ ਨੂੰ ਗੁਰ ਚਰਨਾਂ ਨਾਲ ਜੋੜਿਆ ਗਿਆ।ਇਸ ਦੌਰਾਨ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ ਸੱਤਿਆਜੀਤ ਸਿੰਘ ਮਜੀਠੀਆ ਅਤੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਵੱਲੋਂ ਜ਼ਿਲ੍ਹੇ ਨਾਲ ਲੱਗਦੇ ਰਮਦਾਸ, ਅਜਨਾਲਾ, ਡੇਰਾ ਬਾਬਾ ਨਾਨਕ, ਗੋਗੋਮਾਹਲ, ਘੋਨੇਵਾਲ, ਮਾਛੀਵਾਹਲਾ ਆਦਿ ਹੋਰ ਪਿੰਡਾਂ 'ਚ ਵਾਪਰੀ ਕੁਦਰਤੀ ਕਰੋਪੀ ਕਾਰਨ ਹੋਏ ਲੋਕਾਂ ਦੇ ਹੋਏ ਨੁਕਸਾਨ ਸਬੰਧੀ ਰਾਹਤ ਸਮੱਗਰੀ ਦੇ ਨਾਲ-ਨਾਲ ਆਰਥਿਕ ਸਹਾਇਤਾ ਪ੍ਰਦਾਨ ਕਰਨ ਲਈ ਕੌਂਸਲ ਅਧੀਨ ਆਉਂਦੀਆਂ ਸਮੂੰਹ ਸੰਸਥਾਵਾਂ ਅਹਿਮ ਯੋਗਦਾਨ ਪਾਇਆ ਜਾ ਰਿਹਾ ਹੈ। ਕੌਂਸਲ ਦੀ ਹਮੇਸ਼ਾ ਇਹੋ ਕੋਸ਼ਿਸ਼ ਰਹੀ ਹੈ ਕਿ ਜਦ ਕਦੇ ਵੀ ਸੂਬੇ 'ਚ ਕਿਧਰੇ ਕੋਈ ਸੰਕਟ, ਬਿਪਤਾ ਆਈ ਹੈ ਤਾਂ ਉਹ ਸੂਬਾ ਵਾਸੀਆਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੋਈ ਹੈ। ਉਨ੍ਹਾਂ ਅਰਜੋਈ ਕੀਤੀ ਪਰਮਾਤਮਾ ਪੰਜਾਬ ਅਤੇ ਪੰਜਾਬ ਵਾਸੀਆਂ ਨੂੰ ਹਮੇਸ਼ਾ ਚੜ੍ਹਦੀ ਕਲਾ 'ਚ ਰੱਖੇ। ਇਸ ਮੌਕੇ ਡਾ. ਦਵਿੰਦਰ ਸਿੰਘ, ਡਾ. ਦੀਪਕ ਦੇਵਗਨ, ਡਾ. ਹਰਦੇਵ ਸਿੰਘ, ਡਾ. ਦਲਜੀਤ ਸਿੰਘ ਸਮੇਤ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਨੇ ਪੰਜਾਬ ਸਰਕਾਰ ਨੂੰ ਭੇਜਿਆ ਮੰਗ-ਪੱਤਰ



ਹੁਸ਼ਿਆਰਪੁਰ, (ਬਲਵੀਰ ਸੈਣੀ, ਓ.ਪੀ.ਰਾਣਾ)

ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੂਬਾਈ ਫੈਸਲੇ ਮੁਤਾਬਕ ਸਾਥੀ ਕੁਲਵਰਨ ਸਿੰਘ, ਓਂਕਾਰ ਸਿੰਘ, ਇੰਦਰਜੀਤ ਵਿਰਦੀ, ਕੁਲਵੰਤ ਸਿੰਘ ਸੈਣੀ, ਭੁਪਿੰਦਰ ਸਿੰਘ, ਮੁਕੇਸ਼ ਗੁਜਰਾਤੀ, ਬਹਾਦਰ ਸਿੰਘ ਦੀ ਅਗਵਾਈ ਹੇਠ ਪੰਜਾਬ ਵਿੱਚ ਆਏ ਭਿਆਨਕ ਹੜ੍ਹਾਂ ਵਿੱਚ ਹੋਏ ਜਾਨੀ ਤੇ ਮਾਲੀ ਨੁਕਸਾਨ ਦਾ ਢੁਕਵਾਂ ਮੁਆਵਜ਼ਾ ਦੇਣ ਅਤੇ ਅੱਗੇ ਤੋਂ ਹੜ੍ਹਾਂ ਬਾਰੇ ਇੱਕ ਠੋਸ ਨੀਤੀ ਤਿਆਰ ਕਰਨ ਸਬੰਧੀ ਇੱਕ ਮੰਗ ਪੱਤਰ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਦਫਤਰ ਵਿਖੇ ਸਹਾਇਕ ਕਮਿਸ਼ਨਰ ਮੈਡਮ ਓਇਸ਼ੀ ਮੰਡਲ ਆਈ ਏ ਐਸ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਭੇਜਿਆ ਗਿਆ। ਆਗੂਆਂ ਨੇ ਦੱਸਿਆ ਕਿਹਾ ਇਸ ਮੰਗ ਪੱਤਰ ਰਾਹੀਂ ਮੰਗ ਕੀਤੀ ਗਈ ਕਿ ਹੜ੍ਹਾਂ ਵਿੱਚ ਜਾਨ ਗੁਆਉਣ ਵਾਲਿਆਂ ਦੇ ਪਰਿਵਾਰਾਂ ਨੂੰ 20 ਲੱਖ ਰੁਪਏ ਦਾ ਮੁਆਵਜ਼ਾ ਦਿੱਤਾ ਜਾਵੇ, ਨੁਕਸਾਨੀਆਂ ਫਸਲਾਂ ਲਈ ਪ੍ਰਤੀ ਏਕੜ 50,000 ਰੁਪਏ ਅਤੇ ਪ੍ਰਭਾਵਿਤ ਜ਼ਮੀਨ ਲਈ ਪ੍ਰਤੀ ਏਕੜ 10,000 ਰੁਪਏ ਮੁਹੱਈਆ ਕਰਵਾਏ ਜਾਣ, ਗ਼ੈਰ-ਜ਼ਮੀਨ ਮਾਲਕਾਂ ਨੂੰ ਪ੍ਰਤੀ ਪਰਿਵਾਰ 50,000 ਰੁਪਏ ਦਿੱਤੇ ਜਾਣ, 1 ਲੱਖ ਰੁਪਏ ਪ੍ਰਤੀ ਪੀ ਐੱਸਯੂ (ਪਬਲਿਕ ਸੈਕਟਰ ਯੂਨਿਟ) ਅਤੇ ਹੋਰ ਪੀ ਐੱਸ ਯੂ ਲਈ 20,000 ਤੋਂ 50,000 ਰੁਪਏ ਪਸ਼ੂ ਧਨ ਦੇ ਨੁਕਸਾਨ ਲਈ ਮੁਹੱਈਆ ਕਰਵਾਏ ਜਾਣ, ਹੜ੍ਹਾਂ ਵਿੱਚ ਨੁਕਸਾਨੇ ਗਏ ਘਰਾਂ ਲਈ ਪ੍ਰਤੀ ਘਰ 5 ਲੱਖ ਰੁਪਏ ਦਿੱਤੇ ਜਾਣ, ਹੜ੍ਹਾਂ ਨਾਲ ਪ੍ਰਭਾਵਿਤ ਕਿਸਾਨਾਂ, ਮਜ਼ਦੂਰਾਂ ਅਤੇ ਛੋਟੇ ਦੁਕਾਨਦਾਰ ਨੂੰ ਹੋਏ ਨੁਕਸਾਨ ਲਈ ਮੁਆਵਜ਼ਾ ਦਿੱਤਾ ਜਾਵੇ, ਵਿਦਿਅਕ ਸੰਸਥਾਵਾਂ ਵਿੱਚ ਪ੍ਰਭਾਵਿਤ ਵਿਦਿਆਰਥੀਆਂ ਲਈ ਫੀਸ ਦੀ ਅਦਾਇਗੀ ਅਤੇ ਬੁੱਕ ਮੁਆਵਜ਼ਾ ਪ੍ਰਦਾਨ ਕੀਤਾ ਜਾਵੇ, ਹੜ੍ਹਾਂ ਤੋਂ ਪ੍ਰਭਾਵਿਤ ਸਕੂਲਾਂ ਅਤੇ ਹਸਪਤਾਲਾਂ ਦੇ ਰੱਖ-ਰਖਾਅ ਅਤੇ ਇਲਾਜ ਲਈ ਵਿਸ਼ੇਸ਼ ਗ੍ਰਾਂਟ ਮੁਹੱਈਆ ਕਰਵਾਈ ਜਾਵੇ, ਭਵਿੱਖ ਵਿੱਚ ਆਉਣ ਵਾਲੇ ਹੜ੍ਹਾਂ ਨੂੰ ਰੋਕਣ ਲਈ ਮਾਨਸੂਨ ਦੇ ਮੌਸਮ ਤੋਂ ਪਹਿਲਾਂ ਨਾਲੀਆਂ, ਨਹਿਰਾਂ ਅਤੇ ਨਦੀਆਂ ਦੀ ਨਿਕਾਸੀ ਅਤੇ ਮੁਰੰਮਤ ਕੀਤੀ ਜਾਵੇ, ਹਰ ਘਰ ਅਤੇ ਕਿਸਾਨ ਨੂੰ ਸਵੱਛ ਪਾਣੀ ਮੁਹੱਈਆ ਕਰਵਾਇਆ ਜਾਵੇ, ਮਿੱਟੀ ਦੀ ਕਟਾਈ ਅਤੇ ਹੜ੍ਹਾਂ ਨੂੰ ਰੋਕਣ ਲਈ ਸੜਕਾਂ, ਨਹਿਰਾਂ ਅਤੇ ਨਦੀਆਂ ਦੇ ਨਾਲ-ਨਾਲ ਰੁੱਖ ਲਗਾਉਣ ਦੀ ਮੁਹਿੰਮ ਚਲਾਈ ਜਾਵੇ। ਮੰਗ ਪੱਤਰ ਦੇਣ ਉਪਰੰਤ ਆਗੂਆਂ ਵਲੋਂ ਮਿਊਂਸੀਪਲ ਕਮੇਟੀਆਂ ਦੇ ਮੁਲਾਜ਼ਮਾਂ ਵਲੋਂ ਕੀਤੀ ਜਾ ਰਹੀ ਹੜਤਾਲ ਦਾ ਸਮਰਥਨ ਕਰਨ ਦਾ ਮਤਾ ਪਾਸ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵੀਰ ਸਿੰਘ ਸੈਣੀ, ਹਰਮੇਸ਼ ਪਾਲ, ਅਮਰੀਕ ਸਿੰਘ, ਗੁਰਚਰਨ ਸਿੰਘ, ਹਰਭਜਨ ਸਿੰਘ ਅਜਨੋਹਾ, ਹਰਵਿੰਦਰ ਸਿੰਘ, ਸੰਜੀਵ ਕਲਸੀ, ਮਦਨ ਲਾਲ ਸੈਣੀ ਆਦਿ ਆਗੂ ਵੀ ਹਾਜ਼ਰ ਸਨ।

# ਹਰ ਖੇਤਰ 'ਚ ਧੀਆਂ ਰੁਸ਼ਨਾਉਂਦੀਆ ਨੇ ਮਾਪਿਆਂ ਦਾ ਨਾਂਅ : ਡਾ. ਮਨਪ੍ਰੀਤ ਕੌਰ



ਬੁੱਲ੍ਹੋਵਾਲ, (ਵਿਰਦੀ)-ਸਿਵਲ ਸਰਜਨ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਕੌਰ ਦੀ ਅਗਵਾਈ ਵਿੱਚ ਪੀ ਐਚ ਸੀ ਚੱਕੋਵਾਲ ਵਿਖੇ ਬਾਲੜੀ ਰੱਖਿਆ ਯੋਜਨਾ ਅਧੀਨ ਇੱਕ ਸਮਾਗਮ ਕਰਵਾਇਆ ਗਿਆ। ਇਸ ਮੌਕੇ 4 ਪਰਵਾਰਾਂ ਦੀਆਂ 5 ਧੀਆਂ ਨੂੰ ਬਾਲੜੀ ਰੱਖਿਆ ਯੋਜਨਾ ਤਹਿਤ ਚੈੱਕ ਵੰਡੇ ਗਏ।ਇਸ ਮੌਕੇ ਐੱਸ ਐੱਮ ਓ ਡਾ. ਮਨਪ੍ਰੀਤ ਕੌਰ ਨੇ ਦੱਸਿਆ ਕਿ ਧੀਆਂ ਸਾਡੇ ਸਮਾਜ ਦਾ ਅਨਿੱਖੜਵਾਂ ਅੰਗ ਹਨ ਤੇ ਇਹਨਾਂ ਨੂੰ ਜਨਮ ਲੈਣ ਤੇ ਵਿੱਦਿਆ ਪ੍ਰਾਪਤ ਕਰਨ ਦਾ ਪੂਰਾ ਹੱਕ ਦੇਣਾ ਚਾਹੀਦਾ ਹੈ। ਧੀਆਂ ਨੂੰ ਜੇਕਰ ਅੱਗੇ ਵਧਣ ਦਾ ਮੌਕਾ ਦਿੱਤਾ ਜਾਵੇ ਤਾਂ ਉਹ ਹਰ ਖੇਤਰ ਵਿੱਚ ਆਪਣਾ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰਦੀਆਂ ਹਨ।ਇਸ ਮੌਕੇ ਉਨ੍ਹਾਂ ਨਾਲ ਮੈਡੀਕਲ ਅਫ਼ਸਰ ਡਾ. ਪੁਨੀਤ ਗਿੱਲ ਵੀ ਖਾਸ ਤੌਰ 'ਤੇ ਮੌਜੂਦ ਸਨ।

# ਸੀ ਟੀ ਇੰਸਟੀਚਿਊਟ ਵਿਖੇ ਇੰਟਰ-ਕਾਲਜ ਹਾਸਪਿਟੈਲਿਟੀ ਫੈਸਟੀਵਲ ਨੈਵੇਦਿਅਮ 4.0 ਆਯੋਜਿਤ

ਜਲੰਧਰ (ਸ਼ੈਲੀ ਐਲਬਰਟ)

ਸੀ ਟੀ ਇੰਸਟੀਚਿਊਟ ਆਫ਼ ਹਾਸਪਿਟੈਲਿਟੀ ਮੈਨੇਜਮੈਂਟ ਵੱਲੋਂ ਆਪਣੇ ਇੰਟਰ-ਕਾਲਜ ਹਾਸਪਿਟੈਲਿਟੀ ਫੈਸਟ -'ਨੈਵੇਦਿਅਮ 4.0' ਦਾ ਚੌਥਾ ਸੰਸਕਰਣ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਸ ਮੌਕੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਉਤਰਾਖੰਡ ਦੇ ਪ੍ਰਮੁੱਖ ਹੋਟਲ ਪ੍ਰਬੰਧਨ ਸੰਸਥਾਵਾਂ ਦੀਆਂ 16 ਟੀਮਾਂ ਨੇ ਆਪਣੀ ਪਕਵਾਨ ਕਲਾ, ਨਵੀਨਤਾ ਅਤੇ ਪ੍ਰਬੰਧਨ ਕੁਸ਼ਲਤਾ ਦਾ ਪ੍ਰਦਰਸ਼ਨ ਕੀਤਾ। ਫੈਸਟ ਵਿੱਚ ਕਈ ਗਤੀਵਿਧੀਆਂ ਜਿਵੇਂ ਕਿ ਸਪਿਲਿੰਗ ਬੈਰਲਜ਼, ਦਿ ਥਿੰਕ ਟੈਂਕ, ਟਵਿਗਸ ਐਂਡ ਟਾਉਲਜ਼, ਲਜ਼ਤ-ਏ-ਖਾਸ, ਗੋਲਡਨ ਗ੍ਰੇਨ ਬੇਕ-ਓਫ, ਡਾਇਟ-ਓ-ਮੇਨੀਆ ਅਤੇ ਈਕੋ ਵੋਏਜ ਸ਼ਾਮਲ ਸਨ, ਜਿੱਥੇ ਵਿਦਿਆਰਥੀਆਂ ਨੇ ਉਤਸ਼ਾਹ ਅਤੇ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ ਭੋਜਨ ਤਿਆਰੀ, ਪੇਸ਼ਕਾਰੀ, ਮਿਕਸੋਲੋਜੀ, ਟਿਕਾਊ ਵਿਚਾਰਾਂ ਅਤੇ ਹਾਸਪਿਟੈਲਿਟੀ ਪ੍ਰਬੰਧਨ ਚੁਣੌਤੀਆਂ ਵਿੱਚ ਸ਼ਾਨਦਾਰ ਹੁਨਰ ਦਿਖਾਏ।ਆਈ ਐਚ ਐਮ ਯਮੁਨਾਨਗਰ ਨੇ ਸਮੁੱਚੇ ਵਿਜੇਤਾ ਟ੍ਰਾਫੀ ਅਤੇ 11,000 ਰੁਪਏ ਦਾ ਨਕਦ ਇਨਾਮ ਜਿੱਤਿਆ, ਜਦਕਿ ਰਨਰ-ਅਪ ਟ੍ਰਾਫੀ (5,100 ਰੁਪਏ) ਕੇ ਐਮ ਵੀ ਜਲੰਧਰ ਅਤੇ ਦੋਆਬਾ ਕਾਲਜ ਜਲੰਧਰ ਨੇ ਸਾਂਝੇ ਤੌਰ 'ਤੇ ਹਾਸਲ ਕੀਤੀ।ਨਿਰਣਾਇਕ ਮੰਡਲ, ਜਿਸ ਵਿੱਚ ਸ਼ੈੱਫ ਸੰਜੀਵ ਵਰਮਾ, ਪੀਯੂਸ਼ ਭਾਰਦਵਾਜ, ਅਰਵਿੰਦ ਤ੍ਰਿਪਾਠੀ, ਵੇਦ ਪ੍ਰਕਾਸ਼, ਸ਼ੈੱਫ ਵਿਸ਼ਵਦੀਪ ਬਾਲੀ, ਸ਼ੈੱਫ ਸੰਦੀਪ ਰਾਜ ਅਤੇ ਕਿਸ਼ੋਰ ਕੋਠਾਰੀ ਸ਼ਾਮਲ ਸਨ, ਨੇ ਵਿਦਿਆਰਥੀਆਂ ਦੀ ਸ਼ਾਨਦਾਰ ਪਕਵਾਨ ਕਲਾ, ਪੇਸ਼ਕਾਰੀ ਅਤੇ ਰਚਨਾਤਮਕਤਾ ਦੀ ਭਰਪੂਰ ਪ੍ਰਸ਼ੰਸਾ ਕੀਤੀ।ਕਾਰਜਕ੍ਰਮ ਦੀ ਰੌਣਕ ਵਧਾਉਂਦੇ ਹੋਏ, ਸਤਿਕਾਰਯੋਗ ਚੇਅਰਮੈਨ ਸਰਦਾਰ ਚਰਨਜੀਤ ਸਿੰਘ ਚੰਨੀ, ਕੋ-ਚੇਅਰਪਰਸਨ ਪਰਮਿੰਦਰ ਕੌਰ, ਮੈਨੇਜਿੰਗ ਡਾਇਰੈਕਟਰ ਡਾਕਟਰ ਮਨਬੀਰ ਸਿੰਘ ਅਤੇ ਵਾਈਸ-ਚੇਅਰਮੈਨ ਹਰਪ੍ਰੀਤ ਸਿੰਘ ਨੇ ਵੱਖ-ਵੱਖ ਮੁਕਾਬਲਿਆਂ ਦਾ ਦੌਰਾ ਕੀਤਾ, ਹਿੱਸਾ ਲੈਣ ਵਾਲਿਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਯਤਨਾਂ ਦੀ ਸਰਾਹਨਾ ਕੀਤੀ।



# ਸਵੱਛਤਾ, ਨਸ਼ਾ ਮੁਕਤੀ ਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਬਣਾਵੋ ਜਨ ਅੰਦੋਲਨ : ਮੁੱਖ ਮੰਤਰੀ

ਚੰਡੀਗੜ੍ਹ, (ਕ੍ਰਿਸ਼ਨ ਗਰਗ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਵੱਛਤਾ,ਨਸ਼ਾ ਮੁਕਤੀ ਅਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਹੁਣ ਜਨ ਅੰਦੋਲਨ ਬਨਾਉਣਾ ਚਾਹੀਦਾ ਹੈ। ਇਸ ਸੰਕਲਪ ਨੂੰ ਲੈ ਕੇ ਜਨਭਾਗੀਦਾਰੀ ਨਾਲ ਅਸੀਂ ਇੱਕ ਮਜ਼ਬੂਤ ਰਾਸ਼ਟਰ ਦਾ ਨਿਰਮਾਣ ਕਰ ਸਕਣਗੇ।ਉਨ੍ਹਾਂ ਨੇ ਇਹ ਗੱਲ ਰੋਹਤੱਕ ਵਿੱਚ ਮਾਨਸਰੋਵਰ ਪਾਰਕ ਨੇੜੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮ ਦਿਨ ਦੇ ਸੰਬੰਧ ਵਿੱਚ ਡ੍ਰੱਗ ਫ੍ਰੀ ਹਰਿਆਣਾ ਥੀਮ ਨੂੰ ਲੈ ਕੇ ਆਯੋਜਿਤ ਨਮੋ ਮੈਰਾਥਨ ਵਿੱਚ ਪਹੁੰਚੇ ਯੁਵਾਵਾਂ ਨੂੰ ਸੰਬੋਧਿਤ ਕਰਦੇ ਹੋਏ ਕਹੀ। ਮੁੱਖ ਮੰਤਰੀ ਨੇ ਰੋਹਤੱਕ ਵਿੱਚ ਆਪ ਸ਼੍ਰਮਦਾਨ ਕਰ ਸਵੱਛਤਾ ਮੁਹਿੰਮ ਦੀ ਸ਼ੁਰੂਆਤ ਕੀਤੀ। ਨਮੋ ਮੈਰਾਥਨ ਤੋਂ ਪਹਿਲਾਂ ਉਨ੍ਹਾਂ ਨੇ ਮਾਨਸਰੋਵਰ ਪਾਰਕ ਵਿੱਚ ਬੂਟੇ ਲਗਾ ਕੇ ਵਾਤਾਵਰਣ ਸਰੰਕਸ਼ਣ ਦਾ ਸੁਨੇਹਾ ਦਿੱਤਾ।

# ਪੰਜਾਬ ਹਾਕੀ ਲੀਗ 2025 : ਰਾਊਂਡ ਗਲਾਸ, ਨੇਵਲ ਟਾਟਾ ਜਮਸ਼ੇਦਪੁਰ, ਸਾਈ ਸੋਨੀਪਤ ਤੇ ਨਾਮਧਾਰੀ ਅਕੈਡਮੀ ਵੱਲੋਂ ਜਿੱਤਾਂ ਦਰਜ



ਜਲੰਧਰ (ਸ਼ੈਲੀ ਐਲਬਰਟ)

ਹਾਕੀ ਪੰਜਾਬ ਅਤੇ ਰਾਊਂਡ ਗਲਾਸ ਸਪੋਰਟਸ ਵਲੋਂ ਸਾਂਝੇ ਤੌਰ ਤੇ ਕਰਵਾਈ ਜਾ ਰਹੀ ਰਹੀ ਜੂਨੀਅਰ ਵਰਗ ਦੀ ਸਭ ਤੋਨ ਵੱਡੀ ਇਨਾਮੀ ਰਾਸ਼ੀ ਵਾਲੀ ਪੰਜਾਬ ਹਾਕੀ ਲੀਗ 2025 ਵਿੱਚ ਲੀਗ ਦੇ ਦੂਜੇ ਪੜਾਅ ਵਿੱਚ ਰਾਊਂਡ ਗਲਾਸ, ਨੇਵਲ ਟਾਟਾ ਜਮਸ਼ੇਦਪੁਰ, ਸਾਈ ਸੋਨੀਪਤ ਅਤੇ ਨਾਮਧਾਰੀ ਅਕੈਡਮੀ ਵਲੋਂ ਜਿੱਤਾਂ ਦਰਜ ਕੀਤੀਆਂ ਗਈਆਂ ਹਨ। ਸਥਾਨਕ ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਚਲ ਰਹੇ ਮੈਚਾਂ ਦੌਰਾਨ ਪਹਿਲੇ ਮੈਚ ਵਿੱਚ ਸਾਈ ਸੋਨੀਪਤ ਨੇ ਐਸ ਡੀ ਏ ਟੀ ਤਾਮਿਲਨਾਡੂ ਨੂੰ 3-0 ਨਾਲ ਹਰਾਇਆ। ਜੇਤੂ ਟੀਮ ਵਲੋਂ ਹੈਪੀ, ਨਵਰਾਜ ਸਿੰਘ ਤੇ ਮਿਥਲੇਸ਼ ਯਾਦਵ ਨੇ ਗੋਲ ਕੀਤੇ। ਸੋਨੀਪਤ ਦੇਸੁਨੀਲ ਨੂੰ ਮੈਚ ਦਾ ਬੇਹਤਰੀਨ ਖਿਡਾਰੀ ਐਲਾਨਿਆ ਗਿਆ। ਦੂਜੇ ਮੈਚ ਵਿੱਚ ਨਾਮਧਾਰੀ ਅਕੈਡਮੀ ਨੇ ਗੁਮਹੇਰਾ ਹਾਕੀ ਅਕੈਡਮੀ ਨੂੰ 2-0 ਦੇ ਫਰਕ ਨਾਲ ਹਰਾਇਆ। ਜੇਤੂ ਟੀਮ ਵਲੋਂ ਦੋਵੇਂ ਗੋਲ ਯੁਵਰਾਜ ਸਿੰਘ ਨੇ ਕੀਤੇ। ਨਾਮਧਾਰੀ ਦੇ ਮਨਦੀਪ ਸਿੰਘ ਨੂੰ ਮੈਚ ਦਾ ਬੇਹਤਰੀਨ ਖਿਡਾਰੀ ਐਲਾਨਿਆ ਗਿਆ। ਤੀਜੇ ਮੈਚ ਵਿੱਚ ਨੇਵਲ ਟਾਟਾ ਅਕੈਡਮੀ ਜਮਸ਼ੇਦਪੁਰ ਨੇ ਸਖਤ ਮੁਕਾਬਲੇ ਮਗਰੋਂ ਸੁਰਜੀਤ ਹਾਕੀ ਅਕੈਡਮੀ ਜਲੰਧਰ ਨੂੰ 4-3 ਨਾਲ ਹਰਾਇਆ। ਜੇਤੂ ਟੀਮ ਵਲੋਂ ਸਾਬੀਅਨ ਕੀਰੋ ਨੇ ਦੋ,ਆਸ਼ੀਸ ਤਨੀ ਪੂਰਤੀ ਅਤੇ ਅਫਰੀਦੀ ਨੇ ਇਕ ਇਕ ਗੋਲ ਕੀਤਾ। ਜਦਕਿ ਸੁਰਜੀਤ ਅਕੈਡਮੀ ਵਲੋਂ ਮਨਮੀਤ ਸਿੰਘ ਰਾਏ,ਚਰਨਜੀਤ ਸਿੰਘ ਅਤੇ ਅਭਿਸ਼ੇਕ ਗੋਰਖੀ ਨੇ ਗੋਲ ਕੀਤੇ। ਨੇਵਲ ਟਾਟਾ ਦੇ ਅਫਰੀਦੀ ਨੂੰ ਮੈਚ ਦਾ ਬੇਹਤਰੀਨ ਖਿਡਾਰੀ ਐਲਾਨਿਆ ਗਿਆ। ਚੌਥੇ ਮੈਚ ਵਿੱਚ ਰਾਊਂਗ ਗਲਾਸ ਹਾਕੀ ਅਕੈਡਮੀ ਨੇ ਐਸ ਜੀ ਪੀ ਸੀ ਅਕੈਡਮੀ ਅੰਮ੍ਰਿਤਸਰ ਨੂੰ 4-3 ਨਾਲ ਹਰਾਇਆ। ਜੇਤੂ ਟੀਮ ਵਲੋਂ ਗੁਰਵਿੰਦਰ ਸਿੰਘ, ਗੁਰਸੇਵਕ ਸਿੰਘ, ਸਨੀ ਅਤੇ ਜਪਨੀਤ ਸਿੰਘ ਨੇ ਗੋਲ ਕੀਤੇ ਜਦਕਿ ਐਸ ਜੀ ਪੀ ਸੀ ਵਲੋਂ ਹਰਵਿੰਦਰ ਸਿੰਘ ਨੇ ਦੋ ਅਤੇ ਮਹਿਕਦੀਪ ਸਿੰਘ ਨੇ ਇਕ ਗੋਲ ਕੀਤਾ। ਮੈਚਾਂ ਦੇ ਮੁੱਖ ਮਹਿਮਾਨ ਉਲੰਪੀਅਨ ਮਨਪ੍ਰੀਤ ਸਿੰਘ ਸਾਬਕਾ ਕਪਤਾਨ ਭਾਰਤੀ ਹਾਕੀ ਟੀਮ, ਉਲੰਪੀਅਨ ਦਿਲਪ੍ਰੀਤ ਸਿੰਘ, ਉਲੰਪੀਅਨ ਸ਼ਮਸ਼ੇਰ ਸਿੰਘ, ਉਲੰਪੀਅਨ ਹਾਰਦਿਕ ਸਿੰਘ ਨੇ ਟੀਮਾਂ ਨਾਲ ਜਾਣ ਪਛਾਣ ਕੀਤੀ।

# 'ਸਰਦਾਰ ਸੁਰਜੀਤ ਸਿੰਘ ਢਿੱਲੋਂ ਪੁਰਸਕਾਰ-2025' ਨਾਲ ਸਨਮਾਨਤ ਕੀਤੇ ਜਾਣਗੇ ਸੰਜੀਵ ਕੁਮਾਰ ਕਹੋਲ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਹੁਸ਼ਿਆਰਪੁਰ ਦੇ ਪਿੰਡ ਮਹਿਲਾਂਵਾਲੀ ਦੇ ਵਸਨੀਕ ਕਿਸਾਨ ਸੰਜੀਵ ਕੁਮਾਰ ਕਹੋਲ ਨੂੰ ਕਿਸਾਨਾਂ ਦੇ ਹਿੱਤ ਵਿੱਚ ਪਾਏ ਸ਼ਾਨਦਾਰ ਯੋਗਦਾਨ ਲਈ ਇਸ ਸਾਲ ਦੇ 'ਸਰਦਾਰ ਸੁਰਜੀਤ ਸਿੰਘ ਢਿੱਲੋਂ ਪੁਰਸਕਾਰ-2025' ਲਈ ਚੁਣਿਆ ਗਿਆ ਹੈ। ਪੁਰਸਕਾਰ ਵੰਡ ਸਮਾਰੋਹ 26 ਸਤੰਬਰ 2025 ਨੂੰ ਸਵੇਰੇ 11 ਵਜੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ ਏ ਯੂ), ਲੁਧਿਆਣਾ ਦੇ ਕਿਸਾਨ ਮੇਲਾ ਗਰਾਊਂਡ ਦੇ ਮੁੱਖ ਪੰਡਾਲ ਵਿੱਚ ਹੋਵੇਗਾ। ਇਸ ਮੌਕੇ ਮੁੱਖ ਮਹਿਮਾਨ ਵੱਲੋਂ ਕਹੋਲ ਦਾ ਸਨਮਾਨ ਕੀਤਾ ਜਾਵੇਗਾ। ਸਮਾਰੋਹ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ ਮੌਜੂਦ ਰਹਿਣਗੇ। ਪ੍ਰਬੰਧਕ ਕਮੇਟੀ ਦੇ ਅਨੁਸਾਰ ਸੰਜੀਵ ਕੁਮਾਰ ਕਹੋਲ ਨੇ ਸਾਲਾਂ ਤੋਂ ਕਿਸਾਨ ਭਾਈਚਾਰੇ ਦੀ ਬਿਹਤਰੀ ਲਈ ਅਣਥੱਕ ਮਿਹਨਤ ਕੀਤੀ ਹੈ। ਉਨ੍ਹਾਂ ਦੀਆਂ ਨਿਰਸਵਾਰਥ ਸੇਵਾਵਾਂ ਅਤੇ ਲੀਡਰਸ਼ਿਪ ਹੁਨਰਾਂ ਨੇ ਨਾ ਸਿਰਫ਼ ਸਥਾਨਕ ਪੱਧਰ 'ਤੇ ਸਗੋਂ ਰਾਜ ਦੇ ਕਿਸਾਨਾਂ ਨੂੰ ਵੀ ਨਵੀਂ ਦਿਸ਼ਾ ਅਤੇ ਪ੍ਰੇਰਨਾ ਦਿੱਤੀ ਹੈ। ਇਨ੍ਹਾਂ ਸੇਵਾਵਾਂ ਨੂੰ ਦੇਖਦੇ ਹੋਏ ਕਮੇਟੀ ਨੇ ਉਨ੍ਹਾਂ ਨੂੰ ਸਾਲ 2025 ਲਈ ਇਸ ਪੁਰਸਕਾਰ ਲਈ ਚੁਣਿਆ ਹੈ।

# ਪ੍ਰਵਾਸੀ ਗੈਰ-ਪੰਜਾਬੀਆਂ ਨੂੰ ਪੰਜਾਬ ਛੱਡ ਕੇ ਜਾਣ ਦੀਆਂ ਧਮਕੀਆਂ ਦੇਣਾ ਗੈਰ-ਜਮਹੂਰੀ ਵਰਤਾਰਾ : ਜਮਹੂਰੀ ਅਧਿਕਾਰ ਸਭਾ ਪੰਜਾਬ

ਜਲੰਧਰ (ਕੇਸਰ)-ਜਮਹੂਰੀ ਅਧਿਕਾਰ ਸਭਾ ਪੰਜਾਬ ਨੇ ਹੁਸ਼ਿਆਰਪੁਰ ਜ਼ਿਲ੍ਹੇ ਅੰਦਰ ਇਕ ਪ੍ਰਵਾਸੀ ਵੱਲੋਂ ਪੰਜ ਸਾਲ ਦੇ ਬੱਚੇ ਦਾ ਵਹਿਸ਼ੀਆਨਾ ਕਤਲ ਦੀ ਨਿੰਦਾ ਕਰਦਿਆਂ ਉਸ ਨੂੰ ਕਾਨੂੰਨ ਅਨੁਸਾਰ ਸਜ਼ਾ ਦੇਣ ਦੀ ਮੰਗ ਕਰਦਿਆਂ ਪ੍ਰਵਾਸੀ ਗੈਰ ਪੰਜਾਬੀਆਂ ਨੂੰ ਪੰਜਾਬ ਛੱਡ ਕੇ ਜਾਣ ਦੀਆਂ ਧਮਕੀਆਂ, ਪੰਚਾਇਤੀ ਮਤਿਆਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ। ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਸਭਾ ਦੇ ਪ੍ਰਧਾਨ ਪ੍ਰੋਫੈਸਰ ਜਗਮੋਹਣ ਸਿੰਘ ਜਰਨਲ ਸਕੱਤਰ ਪ੍ਰਿਤਪਾਲ ਸਿੰਘ ਪ੍ਰੈੱਸ ਸਕੱਤਰ ਅਮਰਜੀਤ ਸ਼ਾਸਤਰੀ ਨੇ ਕਿਹਾ ਕਿ ਅਜਿਹਾ ਵਰਤਾਰਾ ਕੌਮਾਂਤਰੀ ਪੱਧਰ ਉੱਤੇ ਸਾਮਰਾਜੀ ਸਰਕਾਰਾਂ ਅਮਰੀਕਾ, ਕੈਨੇਡਾ, ਆਸਟਰੇਲੀਆ, ਇੰਗਲੈਂਡ ਅਤੇ ਯੂਰਪ ਵਿੱਚ ਪਰੋਸ ਰਹੀਆਂ ਹਨ ਜਿਥੇ ਲੱਖਾਂ ਦੀ ਤਾਦਾਦ ਵਿੱਚ ਪ੍ਰਵਾਸੀਆਂ ਨੂੰ ਕੱਢਣ ਲਈ ਰੋਸ ਪ੍ਰਦਰਸ਼ਨ ਹੋ ਰਹੇ ਹਨ।ਇਸ ਵਿਚ ਪੰਜਾਬੀ ਭਾਈਚਾਰੇ ਨੂੰ ਭਜਾਉਣ ਦਾ ਖ਼ਤਰਾ ਬਰਕਰਾਰ ਹੈ। ਉਨ੍ਹਾਂ ਆਪਣੀਆਂ ਸਮੁੱਚੀਆਂ ਇਕਾਈਆਂ ਨੂੰ ਅਪੀਲ ਕੀਤੀ ਕਿ ਉਹ ਇਸ ਵਰਤਾਰੇ ਖਿਲਾਫ਼ ਜਮਹੂਰੀ ਅਤੇ ਜਨਤਕ ਜਥੇਬੰਦੀਆਂ ਨਾਲ ਮਿਲ ਕੇ ਲੋਕਾਂ ਨੂੰ ਲੋਕ ਵਿਰੋਧੀ ਤਾਕਤਾਂ ਦੇ ਮਨਸੂਬਿਆਂ ਦੀ ਪਹਿਚਾਣ ਕਰਦੇ ਹੋਏ ਭਾਈਚਾਰਕ ਸਾਂਝ ਚੇਤੰਨ ਦੀ ਰਾਖੀ ਲਈ ਅੱਗੇ ਆਉਣ।

# ਗੁਰੂ ਨਾਨਕ ਖਾਲਸਾ ਕਾਲਜ 'ਚ ਪ੍ਰਤਿਭਾ ਖੋਜ ਮੁਕਾਬਲੇ



ਸੁਲਤਾਨਪੁਰ ਲੋਧੀ (ਹਨੀ)

ਗੁਰੂ ਨਾਨਕ ਖਾਲਸਾ ਕਾਲਜ ਵਿਖੇ ਪ੍ਰਤਿਭਾ ਖੋਜ ਪ੍ਰਤੀਯੋਗਤਾ ਦਾ ਆਯੋਜਨ ਬੜੀ ਧੂਮਧਾਮ ਨਾਲ ਕੀਤਾ ਗਿਆ। ਸਮਾਗਮ ਵਿਚ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਵੱਡੀ ਗਿਣਤੀ ਵਿਚ ਹਿੱਸਾ ਲਿਆ।ਕਵਿਤਾ ਉਚਾਰਨ ਮੁਕਾਬਲੇ 'ਚ ਸਿਮਰਨਜੀਤ ਕੌਰ ਪਹਿਲੇ, ਰਾਮਵੀਰ ਸਿੰਘ ਦੂਜੇ, ਧਰਮਪ੍ਰੀਤ ਸਿੰਘ ਤੇ ਗੁਲਸ਼ਨਪ੍ਰੀਤ ਕੌਰ ਤੀਜੇ ਸਥਾਨ 'ਤੇ ਰਹੇ, ਜਦਕਿ ਰੁਪਿੰਦਰ ਕੌਰ ਨੇ ਹੌਸਲਾ ਅਫ਼ਜਾਈ ਇਨਾਮ ਹਾਸਲ ਕੀਤਾ । ਗਾਇਨ ਮੁਕਾਬਲੇ 'ਚ ਸੁਖਜੀਵਨ ਸਿੰਘ ਪਹਿਲੇ, ਮਨਮੀਤ ਕੌਰ ਦੂਜੇ, ਗੁਲਸ਼ਨਪ੍ਰੀਤ ਕੌਰ ਤੀਜੇ, ਜਦਕਿ ਰਵਨੂਰ ਸਿੰਘ ਹੌਸਲਾ ਅਫਜਾਈ ਇਨਾਮ ਹਾਸਲ ਕਰਨ ਵਿਚ ਸਫਲ ਰਿਹਾ । ਸੋਲੋ ਡਾਂਸ ਧਰਮਪ੍ਰੀਤ ਸਿੰਘ ਪਹਿਲੇ, ਮਹਿਕਪ੍ਰੀਤ ਕੌਰ ਦੂਜੇ, ਪ੍ਰਭਲੀਨ ਕੌਰ ਤੇ ਕੋਮਲਪ੍ਰੀਤ ਕੌਰ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਹੀਆਂ । ਗਰੁੱਪ ਡਾਂਸ ਮਹਿਕਪ੍ਰੀਤ ਕੌਰ, ਜਸਲੀਨ ਕੌਰ, ਨਵਜੋਤ ਕੌਰ ਅਤੇ ਕੋਮਲਪ੍ਰੀਤ ਕੌਰ ਦੀ ਟੀਮ ਪਹਿਲੇ, ਰਾਜਨਦੀਪ ਕੌਰ ਅਤੇ ਸ਼ਰਨਪ੍ਰੀਤ ਕੌਰ ਦੀ ਟੀਮ ਦੂਜੇ, ਸੁਮਨਪ੍ਰੀਤ ਕੌਰ ਅਤੇ ਲਵਲੀਨ ਕੌਰ ਦੀ ਟੀਮ ਤੀਜੇ ਸਥਾਨ ਤੇ ਰਹੀ, ਜਦਕਿ ਹਰਜੋਤ ਕੌਰ ਅਤੇ ਪੂਨਮਪ੍ਰੀਤ ਕੌਰ ਦੀ ਟੀਮ ਹੌਸਲਾ ਅਫਜਾਈ ਇਨਾਮ ਹਾਸਲ ਕਰਨ ਵਿੱਚ ਸਫਲ ਰਹੀ ।ਮੰਚ ਸੰਚਾਲਨ ਪ੍ਰੋਫੈਸਰ ਰਿਸ਼ੂ ਬਾਲਾ ਅਤੇ ਪ੍ਰੋਫੈਸਰ ਅਰਸ਼ਪ੍ਰੀਤ ਕੌਰ ਵੱਲੋਂ ਕੀਤਾ ਗਿਆ। ਜੱਜਾਂ ਦੀ ਭੂਮਿਕਾ ਪ੍ਰੋਫੈਸਰ ਰਾਜਦੀਪ ਕੌਰ ਜੋਸਨ, ਪ੍ਰੋਫੈਸਰ ਗੁਰਪ੍ਰੀਤ ਕੌਰ ਅਤੇ ਪ੍ਰੋਫੈਸਰ ਜੁਗਰਾਜ ਸਿੰਘ ਵੱਲੋਂ ਨਿਭਾਈ ਗਈ। ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਨੇ ਵਿਦਿਆਰਥੀਆਂ ਵੱਲੋਂ ਦਿਖਾਈ ਪ੍ਰਤਿਭਾ ਦੀ ਭਰਪੂਰ ਪ੍ਰਸ਼ੰਸਾ ਕੀਤੀ । ਸਮਾਗਮ ਦੇ ਅੰਤ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ । ਇਸ ਮੌਕੇ ਪ੍ਰੋ. ਸੁਖਪਾਲ ਸਿੰਘ ਲੜਕੀਆਂ ਵਿੰਗ, ਡਾ. ਮਨੀ ਛਾਬੜਾ, ਪ੍ਰੋ. ਰਾਜਦੀਪ ਕੌਰ ਜੋਸਨ, ਪ੍ਰੋ. ਰਾਜਪ੍ਰੀਤ ਕੌਰ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਜੁਗਰਾਜ ਸਿੰਘ, ਪ੍ਰੋ.ਸਰਬਜੀਤ ਕੌਰ, ਪ੍ਰੋ. ਰਿਸ਼ੂ ਬਾਲਾ, ਪ੍ਰੋ. ਕੋਮਲਪ੍ਰੀਤ ਕੌਰ, ਪ੍ਰੋ.ਇਸ਼ਿਤਾ ਸ਼ਰਮਾ, ਪ੍ਰੋ. ਨਿਵਿਆ ਸ਼ਰਮਾ, ਪ੍ਰੋ. ਦਿਕਸ਼ਾ ਡੋਗਰਾ, ਪ੍ਰੋ. ਜਸਪ੍ਰੀਤ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

# ਡਾ. ਜਸਵਿੰਦਰ ਸਿੰਘ ਨੇ ਮੁੱਖ ਖੇਤੀਬਾੜੀ ਅ.ਫ਼ਸਰ ਵਜੋਂ ਅਹੁਦਾ ਸੰਭਾਲਿਆ



ਜਲੰਧਰ (ਸ਼ੈਲੀ ਐਲਬਰਟ)-ਡਾ. ਜਸਵਿੰਦਰ ਸਿੰਘ ਨੇ ਮੁੱਖ ਖੇਤੀਬਾੜੀ ਅਫ਼ਸਰ ਜਲੰਧਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਵਿਭਾਗ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਸਟਾਫ਼ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ।ਅਹੁਦਾ ਸੰਭਾਲਣ ਉਪਰੰਤ ਡਾ. ਜਸਵਿੰਦਰ ਸਿੰਘ ਨੇ ਕਿਹਾ ਕਿ ਕਿਸਾਨਾਂ ਦੀਆਂ ਮੁਸ਼ਕਿਲਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਖੇਤੀ ਨਾਲ ਸਬੰਧਤ ਕਿਸੇ ਵੀ ਸਮੱਸਿਆ ਸਬੰਧੀ ਉਹ ਦਫ਼ਤਰੀ ਸਮੇਂ ਦੌਰਾਨ ਉਨ੍ਹਾਂ ਨੂੰ ਦਫ਼ਤਰ ਆ ਕੇ ਮਿਲ ਸਕਦੇ ਹਨ।ਇਸ ਮੌਕੇ ਡਿਪਟੀ ਡਾਇਰੈਕਟਰ ਬਾਗਬਾਨੀ ਡਾ.ਨਰਿੰਦਰ ਕਲਸੀ ਅਤੇ ਸੇਵਾ ਮੁਕਤ ਮੁੱਖ ਖੇਤੀਬਾੜੀ ਅਫਸਰ ਡਾ. ਜਸਵੰਤ ਰਾਏ ਵੀ ਮੌਜੂਦ ਸਨ।

# ਸਾਹਿਲ ਹੀਰ ਨੂੰ ਨਵੋਦਿਆ ਵਿਦਿਆਲਿਆ 'ਚ ਦਾਖਲਾ ਮਿਲਣ 'ਤੇ ਕੀਤਾ ਸਨਮਾਨਤ

ਮਾਹਿਲਪੁਰ (ਸਫਰੀ)-ਸਰਕਾਰੀ ਐਲੀਮੈਂਟਰੀ ਸਕੂਲ ਭੂਨੋਂ ਬਲਾਕ ਮਾਹਿਲਪੁਰ 2 ਵਿਖੇ ਸਕੂਲ ਇੰਚਾਰਜ ਕਰਮਜੀਤ ਕੌਰ ਈ ਟੀ ਟੀ ਅਧਿਆਪਕਾ ਦੀ ਅਗਵਾਈ ਵਿੱਚ ਇੱਕ ਸਮਾਗਮ ਕਰਵਾਇਆ ਗਿਆ ਜਿਸ ਵਿਚ ਪਿੰਡ ਦੇ ਮੁਹਤਬਰ ਵਿਅਕਤੀਆਂ ਨੇ ਭਾਗ ਲਿਆ। ਸਕੂਲ ਦੇ ਵਿਦਿਆਰਥੀ ਸਾਹਿਲ ਹੀਰ ਨੂੰ ਨਵੋਦਿਆ ਵਿਦਿਆਲਿਆ ਵਿਚ ਦਾਖਲਾ ਮਿਲਣ ਤੇ ਸਨਮਾਨਤ ਕੀਤਾ।ਕਰਮਜੀਤ ਕੌਰ ਸਹੋਤਾ ਨੇ ਦੱਸਿਆ ਕਿ ਸਾਹਿਲ ਹੀਰ ਨੇ ਸਰਕਾਰੀ ਐਲੀਮੈਂਟਰੀ ਸਕੂਲ ਭੂੰਨੋ ਤੋਂ ਸ਼ੈਸ਼ਨ 2022 -23 ਵਿਚ ਨਵੋਦਿਆ ਵਿਦਿਆਲਿਆ ਲਈ ਇਮਤਿਹਾਨ ਦਿੱਤਾ ਸੀ ਅਤੇ ਉਸ ਦਾ ਨਾਮ ਵੈਟਿੰਗ ਲਿਸਟ ਵਿਚ ਸੀ।ਹੁਣ ਉਸਨੂੰ ਅੱਠਵੀਂ ਕਲਾਸ ਵਿੱਚ ਨਵੋਦਿਆ ਵਿਦਿਆਲਿਆ ਵਿਚ ਦਾਖਲਾ ਮਿਲ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾ ਵਿਦਆਰਥੀ ਸ਼ਿਵਮ ਦਦਰਾਲ ਉਸ ਤੋਂ ਬਾਅਦ ਖੁਸ਼ੀ ਤੇ ਹੁਣ ਤੀਜੇ ਵਿਦਿਆਰਥੀ ਸਾਹਿਲ ਹੀਰ ਦੇ ਨਵੋਦਿਆ ਵਿਦਿਆਲਿਆ ਵਿਚ ਚੁਣੇ ਜਾਣ ਤੇ ਸਕੂਲ ਦਾ ਨਾਂਅ ਰੌਸ਼ਨ ਹੋਇਆ ਹੈ।ਸਾਬਕਾ ਸਰਪੰਚ ਦਰਸ਼ਨ ਸਿੰਘ, ਕੈਪਟਨ ਰੇਸ਼ਮ ਚੰਦ, ਨੰਬਰਦਾਰ ਕਰਨੈਲ ਸਿੰਘ, ਰਵਿੰਦਰ ਸਿੰਘ, ਬਲਵੀਰ ਸਿੰਘ, ਗੁਰਜੰਟ ਸਿੰਘ, ਹਰਪ੍ਰੀਤ ਸਿੰਘ,ਸ਼ਿਵਾਨੀ, ਪ੍ਰਿਯੰਕਾ ਆਦਿ ਸਮੇਤ ਬੱਚਿਆਂ ਦੇ ਮਾਤਾ ਪਿਤਾ ਮੌਜੂਦ ਸਨ।



# ਡੇਰਾ ਸੰਤ ਬਾਬਾ ਹੀਰਾ ਦਾਸ ਡਾਂਡੀਆਂ ਵਿਖੇ ਸਾਲਾਨਾ ਬਰਸੀ ਸਮਾਗਮ

ਬੰਗਾ, (ਅਵਤਾਰ ਕਲੇਰ)

ਡੇਰਾ ਸਤਿਗੁਰੂ 108 ਸੰਤ ਬਾਬਾ ਹੀਰਾ ਦਾਸ ਜੀ ਮਹਾਰਾਜ ਉਦਾਸੀਨ, ਨਾਗਿਆਂ ਦਾ ਡੇਰਾ ਸੱਚਖੰਡ ਡਾਂਡੀਆਂ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਜੋਤੀ ਜੋਤ ਅਤੇ ਸੰਤ ਬਾਬਾ ਹੀਰਾ ਦਾਸ ਦੀ ਸਾਲਾਨਾ ਬਰਸੀ ਸਮਾਗਮ ਡੇਰੇ ਦੇ ਗੱਦੀ ਨਸ਼ੀਨ ਸੰਤ ਜਸਵਿੰਦਰ ਸਿੰਘ ਡਾਂਡੀਆਂ ਖਜਾਨਚੀ ਸ੍ਰੀ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਪੰਜਾਬ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਵੱਖ ਵੱਖ ਦਰਬਾਰਾਂ ਤੋਂ ਸੰਤ ਹਰਵਿੰਦਰ ਦਾਸ ਈਸਪੁਰ, ਸੰਤ ਹਰਭਜਨ ਦਾਸ, ਸੰਤ ਸ਼ਾਮ ਦਾਸ, ਸੰਤ ਜਸਵੀਰ ਸਿੰਘ ਪਿੱਪਲ ਮਜ਼ਾਰਾ, ਸੰਤ ਧਰਮਿੰਦਰ ਸਿੰਘ, ਬਾਬਾ ਲਖਵਿੰਦਰ ਸਿੰਘ, ਸੰਤ ਬੇਲਾ ਦਾਸ, ਸੰਤ ਸੁਮਿੱਤਰ ਸਿੰਘ, ਸੰਤ ਸੀਤਲ ਦਾਸ, ਸੰਤ ਮੇਜਰ ਦਾਸ, ਬਾਬਾ ਜਿੰਦਰ ਭਰੋਮਜਾਰਾ, ਸੰਤ ਹਾਕਮ ਦਾਸ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਸੰਤ ਮਹਾਂਪੁਰਸ਼ਾਂ ਨੇ ਕੀਰਤਨ ਅਤੇ ਪ੍ਰਵਚਨਾਂ ਨਾਲ ਤੇ ਪੰਜਾਬੀ ਕਲਾਕਾਰਾਂ ਨੇ ਧਾਰਮਿਕ ਸ਼ਬਦਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਗੱਦੀ ਨਸ਼ੀਨ ਸੰਤ ਜਸਵਿੰਦਰ ਸਿੰਘ ਵਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ ਗਿਆ ਅਤੇ ਸਾਰਿਆਂ ਦਾ ਧੰਨਵਾਦ ਕੀਤਾ । ਇਸ ਮੌਕੇ ਬਾਬਾ ਮੋਹਣ ਸਿੰਘ, ਵੈਦ ਪ੍ਰਦੀਪ ਦਾਸ, ਬੀਬੀ ਰਾਜ ਰਾਣੀ, ਦਰਸ਼ਨ ਲਾਲ, ਸਰਪੰਚ ਖੇਮ ਸਿੰਘ, ਪਰਮਜੀਤ, ਜੋਗਿੰਦਰ ਸਿੰਘ, ਰਜਿੰਦਰ ਸਿੰਘ, ਪਰਗਣ ਰਾਮ, ਮਾਸਟਰ ਜਨਕ ਰਾਜ ਆਦਿ ਹਾਜ਼ਰ ਸਨ।



# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਗੜ੍ਹਸ਼ੰਕਰ 'ਚ 'ਆਪ' ਵੱਲੋਂ ਲਗਾਏ ਬਲਾਕ ਕੋਆਰਡੀਨੇਟਰ

ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆ ਖ਼ਿਲਾਫ਼ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਆਮ ਆਦਮੀ ਪਾਰਟੀ ਵੱਲੋਂ ਬਲਾਕ ਗੜ੍ਹਸ਼ੰਕਰ ਤੋਂ ਪੰਜ ਕੋਆਰਡੀਨੇਟਰ ਲਗਾਏ ਗਏ।ਜਿਨ੍ਹਾਂ ਦਾ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਸਨਮਾਨ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਡਿਪਟੀ ਸਪੀਕਰ ਨੇ ਕਿਹਾ ਕਿ ਹੁਣ ਸਾਡਾ ਟੀਚਾ ਹੈ ਕਿ ਨਸ਼ਿਆਂ ਵਿਰੁੱਧ ਇਹ ਮੁਹਿੰਮ ਹਰ ਘਰ ਤੱਕ ਪਹੁੰਚੇ।ਉਨ੍ਹਾਂ ਪਿਛਲੀਆਂ ਸਰਕਾਰਾਂ 'ਤੇ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਵੱਲ ਧੱਕਣ ਦਾ ਦੋਸ਼ ਲਾਉਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਸਰਕਾਰ ਇਸ ਦਾਗ ਨੂੰ ਮਿਟਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੇ ਭਲੇ ਲਈ ਸਰਕਾਰ ਵੱਲੋਂ ਕੋਈ ਕਸਰ ਨਹੀਂ ਛੱਡੀ ਜਾ ਰਹੀ।ਇਸ ਮੌਕੇ ਬਲਵਿੰਦਰ ਕੁਮਾਰ ਢਿੱਲੋਂ, ਵਰਿੰਦਰ ਕੁਮਾਰ ਨੈਨਵਾਂ, ਅਮਰਿੰਦਰ ਕੁਮਾਰ, ਗੁਰਚਰਨ, ਹਰਜੋਤ, ਪਿੰਦਰ, ਸਰਪੰਚ ਸੰਜੀਵ ਸਿੰਘ ਭਵਾਨੀਪੁਰ, ਸਰਪੰਚ ਰਜਿੰਦਰ ਕੌਰ ਸਰਦੁੱਲਾਪੁਰ, ਹਰਜੋਤ ਹੈਬੋਵਾਲ, ਸੁਰਿੰਦਰ ਕੁਮਾਰ, ਡਾ. ਗੁਰਨਾਮ ਰਾਮ, ਸਰਪੰਚ ਕਮਲਜੀਤ ਬੱਡੋਆਣ, ਗੁਰਨਾਮ ਸਿੰਘ ਬੱਡੋਆਣ, ਤਰੁਣ ਅਰੋੜਾ, ਸਾਬਕਾ ਸਰਪੰਚ ਵਿਜੇ ਕੁਮਾਰ ਬੱਡੋਆਣ, ਸੱਬਾ ਲੱਲੀਆ, ਸਾਬਕਾ ਸਰਪੰਚ ਧਰਮਿੰਦਰ ਸਿੰਘ ਭਰੋਵਾਲ, ਸਾਬਕਾ ਸਰਪੰਚ ਮਲਕੀਤ ਸਿੰਘ ਭਰੋਵਾਲ, ਸਰਪੰਚ ਰਵਿੰਦਰ ਕੁਮਾਰ ਆਦਰਸ਼ ਨਗਰ ਅਤੇ ਸਮੂਹ ਪਾਰਟੀ ਵਰਕਰ ਹਾਜ਼ਰ ਸਨ।



# ਸ੍ਰੀ ਹਨੂਮਤ ਇੰਸਟੀਚਿਊਟ 'ਚ ਮਨਾਇਆ ਖੇਡ ਦਿਵਸ



ਗੁਰਾਇਆ (ਬਿੰਦਰ ਸੁਮਨ)-ਸ੍ਰੀ ਹਨੂਮਤ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ (ਸ਼ਿਮਟ) ਵਿਖੇ ਸਪੋਰਟਸ ਦਿਵਸ ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਦੀ ਦੇਖ-ਰੇਖ ਹੇਠ ਬੜੇ ਉਤਸ਼ਾਹ ਦੇ ਨਾਲ ਮਨਾਇਆ ਗਿਆ।ਇਸ ਦੌਰਾਨ ਕਾਲਜ ਦੇ ਸਾਰੇ ਵਿਭਾਗਾਂ ਦੇ ਵਿਦਿਆਰਥੀਆਂ ਨੇ ਆਪਣੇ ਬਚਪਨ ਦੀਆਂ ਮਨਪਸੰਦ ਖੇਡਾਂ ਜਿਵੇਂ ਕਿ ਖੋ-ਖੋ, ਟੱਗ ਆਫ਼ ਵਾਰ, ਹੌਪਸਕੌਚ ਅਤੇ ਬੈਡਮਿੰਟਨ ਆਦਿ ਦਾ ਖੂਬ ਆਨੰਦ ਮਾਣਿਆ। ਵਿਦਿਆਰਥੀਆਂ ਨੇ ਆਪਣੀਆਂ ਬਚਪਨ ਦੀਆਂ ਯਾਦਾਂ ਨੂੰ ਤਾਜ਼ਾ ਕੀਤਾ ਅਤੇ ਕਾਲਜ ਪ੍ਰਬੰਧਨ ਦੇ ਇਸ ਯਤਨ ਦੀ ਭਰਪੂਰ ਸ਼ਲਾਘਾ ਕੀਤੀ।ਡਾ. ਸ਼ੈਲੀ ਰੇਖੀ ਸ਼ਰਮਾ ਨੇ ਦੱਸਿਆ ਕਿ ਸ੍ਰੀ ਹਨੂਮਤ ਇੰਸਟੀਚਿਊਟ ਵਿੱਚ ਹਰ ਸਾਲ ਇਸੇ ਤਰ੍ਹਾਂ ਖੇਡ ਦਿਵਸ ਦਾ ਆਯੋਜਨ ਕੀਤਾ ਜਾਂਦਾ ਹੈ।ਜਿਸਦਾ ਉਦੇਸ਼ ਵਿਦਿਆਰਥੀਆਂ 'ਚ ਮੈਦਾਨੀ ਖੇਡਾਂ ਵਿੱਚ ਦਿਲਚਸਪੀ ਪੈਦਾ ਕਰਨਾ ਹੈ।ਉਨ੍ਹਾਂ ਕਿਹਾ ਕਿ ਅੱਜ ਕੱਲ੍ਹ ਮੋਬਾਈਲ ਅਤੇ ਇੰਟਰਨੈੱਟ ਦੇ ਵੱਧਦੇ ਰੁਝਾਨ ਕਾਰਨ ਬੱਚੇ ਮੈਦਾਨੀ ਖੇਡਾਂ ਵਿੱਚ ਦਿਲਚਸਪੀ ਗੁਆ ਰਹੇ ਹਨ।ਜਦਕਿ ਇਹ ਖੇਡਾਂ ਸਿਹਤ ਲਈ ਬਹੁਤ ਜਰੂਰੀ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਹਰ ਰੋਜ਼ ਖੇਡ ਦੇ ਮੈਦਾਨ ਵਿੱਚ ਕੁਝ ਸਮਾਂ ਬਿਤਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਇੰਸਟੀਚਿਊਟ ਦੇ ਸਮੂਹ ਸਟਾਫ ਮੈਂਬਰ ਵੀ ਹਾਜ਼ਰ ਸਨ।


